ਸ਼ੁੱਕਰਵਾਰ, 3 ਅਪ੍ਰੈਲ, 2026
21 ਚੇਤ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 302

# ਰੋਜ਼ਾਨਾ ਨਵਾਂ ਜ਼ਮਾਨਾ

DAILY NAWAN ZAMANA • FRIDAY, 3 APRIL, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਟਰੰਪ ਦੀ ਈਰਾਨ ਨੂੰ ਪੱਥਰ ਯੁੱਗ 'ਚ ਪਹੁੰਚਾ ਦੇਣ ਦੀ ਧਮਕੀ

## ਈਰਾਨ ਨੇ ਉਡਾਈ ਖਿੱਲੀ : ਢਾਈ ਸੌ ਸਾਲ ਦਾ ਅਮਰੀਕਾ ਛੇ ਹਜ਼ਾਰ ਸਾਲ ਪੁਰਾਣੀ ਸੱਭਿਅਤਾ ਨੂੰ ਧਮਕਾ ਰਿਹੈ



**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਚਿਤਾਵਨੀ ਦਿੱਤੀ ਹੈ ਕਿ ਜੇ ਅਗਲੇ ਤਿੰਨ ਹਫਤਿਆਂ ਵਿੱਚ ਸ਼ਾਂਤੀ ਸਮਝੌਤਾ ਨਾ ਹੋਇਆ, ਤਾਂ ਈਰਾਨ ਵਿਰੁੱਧ ਅਪ੍ਰੇਸ਼ਨ 'ਐਪਿਕ ਫਿਊਰੀ' ਤਹਿਤ ਭਿਆਨਕ ਹਮਲੇ ਕੀਤੇ ਜਾਣਗੇ। ਜੰਗ ਸ਼ੁਰੂ ਹੋਣ ਤੋਂ ਬਾਅਦ ਪਹਿਲੀ ਵਾਰ ਕੌਮ ਨੂੰ ਸੰਬੋਧਨ ਕਰਦਿਆਂ ਟਰੰਪ ਕਿਹਾ ਕਿ ਅਮਰੀਕਾ ਈਰਾਨ ਨੂੰ 'ਪੱਥਰ ਯੁੱਗ' ਵਿੱਚ ਪਹੁੰਚਾ ਦੇਵੇਗਾ ਅਤੇ ਉਸ ਦੇ ਸਾਰੇ ਬਿਜਲੀ ਪਲਾਂਟਾਂ ਨੂੰ ਨਿਸ਼ਾਨਾ ਬਣਾਏਗਾ। ਹਾਰਮੁਜ਼ ਜਲਡਮਰੂ ਦੀ ਨਾਕਾਬੰਦੀ 'ਤੇ ਟਰੰਪ ਨੇ ਤੇਲ ਦੀ ਲੋੜ ਵਾਲੇ ਦੇਸ਼ਾਂ ਨੂੰ ਕਿਹਾ ਕਿ ਉਹ ਖੁਦ ਜਾ ਕੇ ਇਸ ਰਸਤੇ ਨੂੰ ਖੋਲ੍ਹਣ, ਕਿਉਂਕਿ ਅਮਰੀਕਾ ਲਈ ਇਸ ਨੂੰ ਖੋਲ੍ਹਣਾ ਫਿਲਹਾਲ ਮੁੱਖ ਫੌਜੀ ਉਦੇਸ਼ ਨਹੀਂ ਹੈ। ਉਨ੍ਹਾ ਅਮਰੀਕਾ ਕੋਲ ਵਾਧੂ ਤੇਲ ਹੋਣ ਦਾ ਦਾਅਵਾ ਕਰਦਿਆਂ ਦੂਜੇ ਦੇਸ਼ਾਂ ਨੂੰ ਉਸ ਕੋਲੋਂ ਤੇਲ ਖਰੀਦਣ ਦੀ ਸਲਾਹ ਦਿੱਤੀ। ਟਰੰਪ ਨੇ ਦਾਅਵਾ ਕੀਤਾ ਕਿ ਈਰਾਨੀ ਲੀਡਰਸ਼ਿਪ ਅਤੇ ਰੈਵੋਲਿਊਸ਼ਨਰੀ ਗਾਰਡ ਦਾ ਕੰਟਰੋਲ ਲਗਭਗ ਖਤਮ ਹੋ ਚੁੱਕਾ ਹੈ। ਉਨ੍ਹਾ ਦੋਸ਼ ਲਾਇਆ ਕਿ ਈਰਾਨ ਲਗਾਤਾਰ ਪ੍ਰਮਾਣੂ ਹਥਿਆਰਾਂ ਅਤੇ ਲੰਮੀ ਦੂਰੀ ਦੀਆਂ ਮਿਜ਼ਾਈਲਾਂ ਬਣਾਉਣ ਦੀ ਕੋਸ਼ਿਸ਼ ਕਰ ਰਿਹਾ ਸੀ, ਜਿਸ ਕਾਰਨ ਇਹ ਫੌਜੀ ਕਾਰਵਾਈ ਜ਼ਰੂਰੀ ਹੋ ਗਈ ਹੈ। ਗੈਸ ਦੀਆਂ ਵਧਦੀਆਂ ਕੀਮਤਾਂ ਲਈ ਉਨ੍ਹਾ ਈਰਾਨ ਵੱਲੋਂ ਤੇਲ ਟੈਂਕਰਾਂ 'ਤੇ ਕੀਤੇ ਹਮਲਿਆਂ ਨੂੰ ਜ਼ਿੰਮੇਵਾਰ ਠਹਿਰਾਇਆ। ਹਾਲਾਂਕਿ ਉਨ੍ਹਾ ਸਪੱਸ਼ਟ ਕੀਤਾ ਕਿ ਅਮਰੀਕਾ ਨੇ ਅਜੇ ਤੱਕ ਈਰਾਨ ਦੇ ਤੇਲ ਖੇਤਰਾਂ ਨੂੰ ਨਿਸ਼ਾਨਾ ਨਹੀਂ ਬਣਾਇਆ, ਤਾਂ ਜੋ ਉਨ੍ਹਾਂ ਨੂੰ ਮੁੜ ਉਭਰਨ ਦਾ ਇੱਕ ਮੌਕਾ ਮਿਲ ਸਕੇ।

ਕੌਮ ਨੂੰ ਸੰਬੋਧਨ ਕਰਨ ਤੋਂ ਪਹਿਲਾਂ ਟਰੰਪ ਨੇ ਕਿਹਾ ਹੈ ਕਿ ਉਹ ਨਿਸਚਿਤ ਨਹੀਂ ਹਨ ਕਿ ਅਮਰੀਕਾ ਦੇ ਲੋਕਾਂ ਕੋਲ ਈਰਾਨ ਜੰਗ ਨੂੰ ਜਾਰੀ ਰੱਖਣ ਲਈ ਸਬਰ ਹੈ। ਵ੍ਹਾਈਟ ਹਾਊਸ ਵਿੱਚ ਈਸਟਰ ਦੇ ਦੁਪਹਿਰ ਦੇ ਖਾਣੇ ਦੌਰਾਨ ਉਨ੍ਹਾ ਦੀਆਂ ਨਿੱਜੀ ਟਿੱਪਣੀਆਂ ਉਸ ਘਰੇਲੂ ਦਬਾਅ ਨੂੰ ਦਰਸਾਉਂਦੀਆਂ ਜਾਪਦੀਆਂ ਹਨ, ਜੋ ਰਾਸ਼ਟਰਪਤੀ ਜੰਗ ਨੂੰ ਖਤਮ ਕਰਨ ਲਈ ਮਹਿਸੂਸ ਕਰ ਰਹੇ ਹਨ। ਉਨ੍ਹਾ ਕਿਹਾ ਕਿ ਅਮਰੀਕਾ ਬਹੁਤ ਆਸਾਨੀ ਨਾਲ ਈਰਾਨ ਦਾ ਤੇਲ ਖੋਹ ਸਕਦਾ ਹੈ, ਪਰ ਉਨ੍ਹਾ ਕਿਹਾ ਕਿ ਇਹ ਬਦਕਿਸਮਤੀ ਹੈ ਕਿ ਅਜਿਹੀ ਕੋਸ਼ਿਸ਼ ਲਈ ਅਮਰੀਕੀ ਲੋਕਾਂ ਵਿੱਚ ਸਬਰ ਨਹੀਂ ਜਾਪਦਾ। ਉਨ੍ਹਾ ਕਿਹਾ, 'ਲੋਕ ਇਸ ਜੰਗ ਨੂੰ ਖਤਮ ਹੁੰਦਾ ਦੇਖਣਾ ਚਾਹੁੰਦੇ ਹਨ। ਮੈਂ ਈਰਾਨ ਦਾ ਤੇਲ ਲੈਣਾ ਪਸੰਦ ਕਰਾਂਗਾ, ਪਰ ਦੇਸ਼ ਦੇ ਲੋਕ ਕੁਝ ਇਸ ਤਰ੍ਹਾਂ ਕਹਿੰਦੇ ਹਨ, ਬਸ ਜਿੱਤੋ। ਤੁਸੀਂ ਬਹੁਤ ਵੱਡੀ ਜਿੱਤ ਪ੍ਰਾਪਤ ਕਰ ਰਹੇ ਹੋ। ਬਸ ਜਿੱਤੋ ਅਤੇ ਘਰ ਆ ਜਾਓ। ਮੈਂ ਇਸ ਨਾਲ ਵੀ ਸਹਿਮਤ ਹਾਂ।'

ਉਧਰ, ਈਰਾਨ ਨੇ ਟਰੰਪ ਦੀ ਪੱਥਰ ਯੁੱਗ ਵਿੱਚ ਪਹੁੰਚਾਉਣ ਦੀ ਧਮਕੀ ਦੇ ਜਵਾਬ ਵਿੱਚ ਕਿਹਾ ਕਿ ਅਮਰੀਕਾ ਨੇ ਹੀ ਪੱਥਰ ਯੁੱਗ ਦੇ ਅਪਰਾਧ ਆਧੁਨਿਕ ਯੁਗ ਵਿੱਚ ਲਿਆਂਦੇ ਹਨ। ਭਾਰਤ ਵਿੱਚ ਈਰਾਨੀ ਦੂਤਘਰ ਨੇ ਕਿਹਾ ਕਿ ਅਮਰੀਕਾ ਤੇ ਇਜ਼ਰਾਈਲ ਦੀ ਬੰਬਾਰੀ ਨਾਲ ਈਰਾਨ ਪੱਥਰ ਯੁੱਗ ਵਿੱਚ ਨਹੀਂ ਜਾਵੇਗਾ। ਉਸ ਨੇ ਕਿਹਾ ਕਿ ਈਰਾਨ ਸੱਤ ਹਜ਼ਾਰ ਸਾਲ ਪੁਰਾਣੀ ਸਭਿਅਤਾ ਵਾਲਾ ਦੇਸ਼ ਹੈ। ਇਤਿਹਾਸ ਈਰਾਨ ਨੂੰ ਚੰਗੀ ਤਰ੍ਹਾਂ ਜਾਣਦਾ ਹੈ। ਇਹ ਅਮਰੀਕਾ ਹੀ ਹੈ, ਜਿਸ ਨੇ ਬੱਚੇ ਮਾਰ ਕੇ ਤੇ ਮਨੁੱਖਤਾ ਖਿਲਾਫ ਅਪਰਾਧ ਕਰਕੇ ਪੱਥਰ ਯੁੱਗ ਨੂੰ ਆਧੁਨਿਕ ਯੁੱਗ ਵਿੱਚ ਲਿਆਂਦਾ ਹੈ।

ਈਰਾਨੀ ਰੈਵੋਲਿਊਸ਼ਨਰੀ ਗਾਰਡ ਕੋਰਪਸ (ਆਈ ਆਰ ਜੀ ਸੀ) ਦੇ ਕਮਾਂਡਰ ਬ੍ਰਿਗੇਡੀਅਰ ਜਨਰਲ ਸਈਅਦ ਮਜੀਦ ਮੂਸਾਵੀ ਨੇ ਕਿਹਾ ਕਿ ਟਰੰਪ ਆਪਣੇ ਫੌਜੀਆਂ ਨੂੰ ਕਬਰਾਂ ਵੱਲ ਧੱਕ ਕੇ ਪੱਥਰ ਯੁੱਗ ਵੱਲ ਜਾ ਰਿਹਾ ਹੈ।

ਹਾਲੀਵੁੱਡ ਦੀਆਂ ਫਿਲਮਾਂ ਨੇ ਟਰੰਪ ਦੇ ਦਿਮਾਗ ਵਿੱਚ ਏਨਾ ਜ਼ਹਿਰ ਭਰ ਦਿੱਤਾ ਹੈ ਕਿ ਢਾਈ ਸੌ ਸਾਲ ਦੇ ਇਤਿਹਾਸ ਵਾਲੇ ਦੇਸ਼ ਦੇ ਮੁਖੀ ਵਜੋਂ ਛੇ ਹਜ਼ਾਰ ਸਾਲ ਪੁਰਾਣੀ ਸੱਭਿਅਤਾ ਨੂੰ ਧਮਕਾ ਰਿਹਾ ਹੈ।

## ਗਾਂਦਰਬਲ ਮੁਕਾਬਲੇ ਦੀ ਜਾਂਚ ਹੋਵੇ : ਉਮਰ ਅਬਦੁੱਲਾ

ਸ੍ਰੀਨਗਰ : ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਕਿਹਾ ਹੈ ਕਿ ਗਾਂਦਰਬਲ ਮੁਕਾਬਲੇ ਦੀ ਪਾਰਦਰਸ਼ੀ ਅਤੇ ਸਮੇਂ ਸਿਰ ਜਾਂਚ ਦੀ ਲੋੜ ਹੈ ਅਤੇ ਤੱਥ ਜਨਤਕ ਕੀਤੇ ਜਾਣੇ ਚਾਹੀਦੇ ਹਨ। ਉਮਰ ਦਾ ਇਹ ਬਿਆਨ ਘਾਟੀ ਦੇ ਇੱਕ ਪਰਵਾਰ ਵੱਲੋਂ ਕੀਤੇ ਗਏ ਦਾਅਵੇ ਤੋਂ ਬਾਅਦ ਆਇਆ ਹੈ, ਜਿਸ ਵਿੱਚ ਉਨ੍ਹਾ ਕਿਹਾ ਕਿ ਗਾਂਦਰਬਲ ਮੁਕਾਬਲੇ ਵਿੱਚ ਮਾਰਿਆ ਗਿਆ ਵਿਅਕਤੀ ਉਨ੍ਹਾਂ ਦਾ ਰਿਸ਼ਤੇਦਾਰ ਸੀ ਅਤੇ ਉਸ ਦਾ ਅੱਤਵਾਦ ਨਾਲ ਕੋਈ ਸੰਬੰਧ ਨਹੀਂ ਸੀ।

ਇਸ ਤੋਂ ਪਹਿਲਾਂ ਫੌਜ ਨੇ ਕਿਹਾ ਸੀ ਕਿ ਮੱਧ ਕਸ਼ਮੀਰ ਦੇ ਗਾਂਦਰਬਲ ਵਿੱਚ ਇੱਕ ਮੁਕਾਬਲੇ ਦੌਰਾਨ ਇੱਕ ਅੱਤਵਾਦੀ ਮਾਰਿਆ ਗਿਆ ਹੈ। ਉਮਰ ਅਬਦੁੱਲਾ ਨੇ ਕਿਹਾ ਕਿ ਉਨ੍ਹਾ ਦਾ ਮੰਨਣਾ ਹੈ ਕਿ ਪਰਵਾਰ ਦੇ ਦਾਅਵੇ ਨੂੰ ਬਿਨਾਂ ਜਾਂਚ ਕੀਤੇ ਖਾਰਜ ਨਹੀਂ ਕੀਤਾ ਜਾਣਾ ਚਾਹੀਦਾ। ਘੱਟੋ-ਘੱਟ ਇਸ ਮੁਕਾਬਲੇ ਦੀ ਪਾਰਦਰਸ਼ੀ ਅਤੇ ਸਮੇਂ ਸਿਰ ਜਾਂਚ ਦੀ ਲੋੜ ਹੈ ਅਤੇ ਤੱਥ ਜਨਤਕ ਕੀਤੇ ਜਾਣੇ ਚਾਹੀਦੇ ਹਨ। ਜਾਂਚ ਦੇ ਐਲਾਨ ਵਿੱਚ ਦੇਰੀ ਜਾਂ ਇਸ ਨੂੰ ਉਲਝਾਉਣ ਦੀ ਕੋਈ ਵੀ ਕੋਸ਼ਿਸ਼ ਸਿਰਫ ਭਰੋਸੇਯੋਗਤਾ ਨੂੰ ਨੁਕਸਾਨ ਪਹੁੰਚਾਏਗੀ ਅਤੇ ਇਹ ਕਿਸੇ ਦੇ ਹਿੱਤ ਵਿੱਚ ਨਹੀਂ ਹੈ। ਗਾਂਦਰਬਲ ਦੇ ਚੌਂਤਵਾਲੀਵਾਰ ਇਲਾਕੇ ਦੇ ਰਹਿਣ ਵਾਲੇ ਰਸ਼ੀਦ ਅਹਿਮਦ ਮੁਗਲ ਦੇ ਭਰਾ ਐਜਾਜ਼ ਅਹਿਮਦ ਨੇ ਦੱਸਿਆ ਕਿ ਉਸ ਦਾ ਭਰਾ ਮੰਗਲਵਾਰ ਸਵੇਰੇ ਘਰੋਂ ਨਿਕਲਿਆ ਸੀ, ਪਰ ਵਾਪਸ ਨਹੀਂ ਆਇਆ। ਐਜਾਜ਼ ਨੇ ਕਿਹਾ ਕਿ ਉਸ ਦੇ ਭਰਾ ਦਾ ਅੱਤਵਾਦ ਨਾਲ ਕੋਈ ਸੰਬੰਧ ਨਹੀਂ ਸੀ। ਉਸ ਨੇ ਕਿਹਾ, 'ਅਸੀਂ ਇਹ ਸੁਣ ਕੇ ਹੈਰਾਨ ਹਾਂ। ਉਹ ਪੂਰੀ ਤਰ੍ਹਾਂ ਬੇਕਸੂਰ ਸੀ ਅਤੇ ਉਸ ਨੂੰ ਮਾਰ ਦਿੱਤਾ ਗਿਆ ਹੈ।' ਉਸ ਨੇ ਇਹ ਵੀ ਜੋੜਿਆ ਕਿ ਜਿਹੜੇ ਕੱਪੜੇ ਉਸ ਦਾ ਭਰਾ ਘਰੋਂ ਨਿਕਲਣ ਵੇਲੇ ਪਾ ਕੇ ਗਿਆ ਸੀ, ਉਹ ਉਹ ਨਹੀਂ ਸਨ ਜੋ ਉਸ ਨੇ ਬੁੱਧਵਾਰ ਨੂੰ ਦੇਖੇ ਸਨ।

# ਵਿਰੋਧੀ ਪਾਰਟੀਆਂ ਹਵਾਈ ਕਿਲ੍ਹੇ ਬਣਾ ਰਹੀਆਂ : ਮਾਨ



**ਫਾਜ਼ਿਲਕਾ (ਨਿਸ਼ਾ ਸ਼ਰਮਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਕਿਹਾ ਕਿ ਸੂਬੇ ਦੇ ਲੋਕਾਂ ਨੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ, ਭਾਜਪਾ ਅਤੇ ਅਕਾਲੀ ਦਲ ਦਾ ਮੁਕੰਮਲ ਸਫਾਇਆ ਕਰਨ ਦਾ ਸੰਕਲਪ ਲਿਆ ਹੈ। ਉਨ੍ਹਾ ਕਿਹਾ ਕਿ ਸੂਬੇ ਦੇ ਲੋਕਾਂ ਵੱਲੋਂ ਦਹਾਕਿਆਂ ਦੀ 'ਲੁੱਟ, ਝੂਠ ਅਤੇ ਵਿਸ਼ਵਾਸਘਾਤ' ਨੂੰ ਨਿਰਣਾਇਕ ਤੌਰ 'ਤੇ ਦਰਕਿਨਾਰ ਕੀਤਾ ਜਾਵੇਗਾ, ਕਿਉਂਕਿ ਸੂਬਾ ਹੁਣ ਪੂਰੀ ਤਰ੍ਹਾਂ ਆਮ ਆਦਮੀ ਪਾਰਟੀ ਦੇ ਇਮਾਨਦਾਰ ਸ਼ਾਸਨ ਅਤੇ ਲੋਕ-ਪੱਖੀ ਵਿਕਾਸ ਵੱਲ ਮਜ਼ਬੂਤੀ ਨਾਲ ਵਧ ਰਿਹਾ ਹੈ।ਇੱਥੇ 283.99 ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦੇ ਨੀਂਹ ਪੱਥਰ ਅਤੇ ਉਦਘਾਟਨ ਉਪਰੰਤ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਉਨ੍ਹਾਂ ਰਵਾਇਤੀ ਪਾਰਟੀਆਂ ਦਾ ਪੰਜਾਬ ਵਿੱਚ ਕੋਈ ਭਵਿੱਖ ਨਹੀਂ ਹੈ, ਜਿਨ੍ਹਾਂ ਵਾਰ-ਵਾਰ 'ਪੰਜਾਬ ਨਾਲ ਵਿਸ਼ਵਾਸਘਾਤ ਕੀਤਾ' ਹੈ। ਉਨ੍ਹਾ ਕਿਹਾ ਕਿ 'ਆਪ' ਸਰਕਾਰ ਵੱਲੋਂ ਸਿੱਖਿਆ, ਸਿਹਤ ਸੰਭਾਲ, ਨੌਕਰੀਆਂ ਅਤੇ ਬੁਨਿਆਦੀ ਢਾਂਚੇ ਨਾਲ ਸੰਬੰਧਤ ਵਿਆਪਕ ਕਦਮ ਚੱਕੇ ਜਾ ਰਹੇ ਹਨ ਅਤੇ ਸੂਬਾ ਸਰਕਾਰ ਵੱਲੋਂ ਇਹ ਯਕੀਨੀ ਬਣਾਇਆ ਗਿਆ ਹੈ ਕਿ ਲੋਕਾਂ ਦਾ ਇੱਕ-ਇੱਕ ਪੈਸਾ ਸਿਆਸੀ ਪਰਵਾਰਾਂ ਦੇ ਨਿੱਜੀ ਹਿੱਤਾਂ ਦੀ ਬਜਾਇ ਲੋਕਾਂ ਦੀ ਭਲਾਈ 'ਤੇ ਹੀ ਖਰਚ ਕੀਤਾ ਜਾਵੇ।ਇਕੱਠ ਨੂੰ ਸੰਬੋਧਨ ਕਰਦਿਆਂ ਮਾਨ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਖੋਖਲੇ ਵਾਅਦਿਆਂ ਨਾਲ ਲੋਕਾਂ ਨੂੰ ਗੁੰਮਰਾਹ ਕਰਦੀਆਂ ਰਹਿੰਦੀਆਂ ਹਨ, ਪਰ ਪੰਜਾਬੀ ਹੁਣ ਉਨ੍ਹਾਂ ਦੇ 'ਸ਼ੱਕੀ ਕਿਰਦਾਰ' ਤੋਂ ਪੂਰੀ ਤਰ੍ਹਾਂ ਜਾਣੂ ਹਨ ਅਤੇ ਇੱਕ ਵਾਰ ਫਿਰ ਉਨ੍ਹਾਂ ਨੂੰ ਸੱਤਾ ਤੋਂ ਬਾਹਰ ਦਾ ਰਸਤਾ ਦਿਖਾਉਣਗੇ। ਉਨ੍ਹਾ ਕਿਹਾ— ਪੰਜਾਬ ਦੇ ਲੋਕ 2027 ਵਿੱਚ ਕਾਂਗਰਸ, ਭਾਜਪਾ ਅਤੇ ਅਕਾਲੀਆਂ ਨੂੰ ਸਿਆਸਤ ਤੋਂ ਪੂਰੀ ਤਰ੍ਹਾਂ ਬਾਹਰ ਸੁੱਟ ਦੇਣਗੇ। ਇਹ ਪਾਰਟੀਆਂ ਲੋਕਾਂ ਨੂੰ ਗੁੰਮਰਾਹ ਕਰਨ ਲਈ ਹਵਾ ਵਿੱਚ ਕਿਲ੍ਹੇ ਬਣਾ ਰਹੀਆਂ ਹਨ, ਪਰ ਪੰਜਾਬੀ ਹੁਣ ਉਨ੍ਹਾਂ ਦੇ ਝਾਂਸੇ ਵਿੱਚ ਨਹੀਂ ਆਉਣਗੇ, ਕਿਉਂਕਿ ਉਹ ਉਨ੍ਹਾਂ ਦੀਆਂ ਚਾਲਾਂ ਤੋਂ ਪੂਰੀ ਤਰ੍ਹਾਂ ਜਾਣੂ ਹਨ। ਉਨ੍ਹਾ ਕਿਹਾ, 'ਇਹ ਪਾਰਟੀਆਂ ਸੂਬੇ ਨੂੰ ਲੁੱਟਣ ਲਈ ਆਪਣੀ ਵਾਰੀ ਦੀ ਉਡੀਕ ਕਰਦੀਆਂ ਸਨ। ਸੁਖਬੀਰ ਬਾਦਲ ਜਨਤਾ ਵਿੱਚ ਆਪਣਾ ਅਧਾਰ ਗੁਆ ਚੁੱਕਾ ਹੈ ਅਤੇ ਭਾੜੇ ਦੇ ਵਰਕਰਾਂ ਨਾਲ ਰੈਲੀਆਂ ਵਿੱਚ ਭੀੜ ਦਿਖਾ ਰਹੇ ਹਨ। ਹਰ ਰੈਲੀ ਵਿੱਚ ਉਹੀ ਲੋਕ ਦਿਖਾਈ ਦੇ ਰਹੇ ਹਨ। ਉਹ ਸਰਕਾਰ ਦੇ ਬੇਮਿਸਾਲ ਕੰਮਾਂ ਕਾਰਨ ਆਪਣਾ ਮਾਨਸਿਕ ਸੰਤੁਲਨ ਗੁਆ ਚੁੱਕੇ ਹਨ, ਜਿਸ ਕਾਰਨ ਉਹ ਡਾਇਨਾਸੋਰਾਂ ਦੀ ਵਾਪਸੀ ਵਰਗੇ ਤਰਕਹੀਣ ਬਿਆਨ ਦੇ ਰਹੇ ਹਨ।'

ਉਨ੍ਹਾ ਕਿਹਾ, 'ਫਾਜ਼ਿਲਕਾ ਵਿੱਚ ਬੁਨਿਆਦੀ ਢਾਂਚੇ, ਸਿੰਚਾਈ, ਸੰਪਰਕ ਅਤੇ ਜਨਤਕ ਸੇਵਾਵਾਂ ਨੂੰ ਹੁਲਾਰਾ ਦੇਣ ਲਈ 283.99 ਕਰੋੜ ਰੁਪਏ ਦੇ ਪ੍ਰੋਜੈਕਟ ਸ਼ੁਰੂ ਕੀਤੇ ਗਏ ਹਨ। ਇਨ੍ਹਾਂ ਵਿੱਚ ਪੇਂਡੂ ਲਿੰਕ ਸੜਕਾਂ, ਸੜਕਾਂ ਨੂੰ ਚੌੜਾ ਅਤੇ ਅੱਪਗ੍ਰੇਡ ਕਰਨਾ, ਪੁਲਾਂ ਦਾ ਨਵੀਨੀਕਰਨ ਅਤੇ ਅਨਾਜ ਮੰਡੀਆਂ ਦਾ ਵਿਕਾਸ ਸ਼ਾਮਲ ਹੈ। ਇਸ ਸਰਹੱਦੀ ਜ਼ਿਲ੍ਹੇ ਦੇ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਜਲਦ ਹੀ ਇੱਕ ਨਵਾਂ ਮੈਡੀਕਲ ਕਾਲਜ ਵੀ ਖੋਲ੍ਹਿਆ ਜਾ ਰਿਹਾ ਹੈ।'

# 'ਭਾਜਪਾ ਦਫ਼ਤਰ ਦੇ ਬਾਹਰ ਹਮਲੇ ਲਈ ਕੇਂਦਰ ਜ਼ਿੰਮੇਵਾਰ'



**ਸੰਗਰੂਰ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚੰਡੀਗੜ੍ਹ ਵਿੱਚ ਭਾਜਪਾ ਦਫ਼ਤਰ ਦੇ ਬਾਹਰ ਹੋਏ ਹਮਲੇ ਲਈ ਕੇਂਦਰ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਉਂਦਿਆਂ ਕਿਹਾ ਕਿ ਕੇਂਦਰ ਦੇ ਕੰਟਰੋਲ ਅਧੀਨ ਆਉਂਦੇ ਕੇਂਦਰ ਸ਼ਾਸਤ ਪ੍ਰਦੇਸ਼ ਨੂੰ ਸਿਆਸੀ ਦੁਸ਼ਣਬਾਜ਼ੀ ਦਾ ਆਧਾਰ ਬਣਾ ਕੇ ਵਰਤਣਾ ਪੂਰੀ ਤਰ੍ਹਾਂ ਗਲਤ ਹੈ। ਇਹ ਸਪੱਸ਼ਟ ਕਰਦਿਆਂ ਕਿ ਇਸ ਘਟਨਾ ਦੀ ਜ਼ਿੰਮੇਵਾਰੀ ਪੂਰੀ ਤਰ੍ਹਾਂ ਕੇਂਦਰ ਸਰਕਾਰ ਦੀ ਹੈ, ਉਨ੍ਹਾ ਕਿਹਾ ਕਿ ਜੇ ਇਸ ਘਟਨਾ ਨੂੰ ਉਨ੍ਹਾ 'ਤੇ ਥੋਪਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਤਾਂ ਕੇਂਦਰ ਨੂੰ ਆਪਣੀ ਡਿਊਟੀ ਤੋਂ ਭੱਜਣ ਦੀ ਬਜਾਏ ਚੰਡੀਗੜ੍ਹ ਨੂੰ ਪੰਜਾਬ ਸਰਕਾਰ ਦੇ ਹਵਾਲੇ ਕਰ ਦੇਣਾ ਚਾਹੀਦਾ ਹੈ।ਇਸ ਦੇ ਨਾਲ ਹੀ ਮਾਨ ਨੇ ਸ਼ਾਸਨ ਮਾਡਲਾਂ ਦਰਮਿਆਨ ਵੱਡੇ ਅੰਤਰ ਦਾ ਹਵਾਲਾ ਦਿੰਦਿਆਂ ਕਿਹਾ ਕਿ ਜਿੱਥੇ 'ਆਪ' ਸਰਕਾਰ ਲੋਕਾਂ ਤੋਂ ਵਿੱਤੀ ਬੋਝ ਘਟਾ ਰਹੀ ਹੈ, ਉਥੇ ਹਿਮਾਚਲ ਪ੍ਰਦੇਸ਼ ਵਿੱਚ ਕਾਂਗਰਸ ਦੀ ਅਗਵਾਈ ਵਾਲੀ ਸਰਕਾਰ ਆਮ ਜਨਤਾ 'ਤੇ ਗੈਰ-ਵਾਜਬ ਢੰਗ ਨਾਲ ਐਂਟਰੀ ਟੈਕਸ ਦਾ ਬੋਝ ਵਧਾ ਰਹੀ ਹੈ। ਉਨ੍ਹਾ ਇਸ ਕਦਮ ਨੂੰ ਲੋਕ ਵਿਰੋਧੀ ਦੱਸਦਿਆਂ ਇਸ ਦੇ ਹਰ ਪੱਧਰ 'ਤੇ ਸਖ਼ਤ ਵਿਰੋਧ ਦਾ ਭਰੋਸਾ ਦਿੱਤਾ।

ਕਿਸਾਨਾਂ ਪ੍ਰਤੀ ਆਪਣੀ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਕਰਦਿਆਂ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਆੜ੍ਹਤੀਆਂ ਦੀਆਂ ਮੰਗਾਂ ਨੂੰ ਕੇਂਦਰ ਸਰਕਾਰ ਕੋਲ ਲਗਾਤਾਰ ਉਠਾਉਂਦੀ ਰਹੇਗੀ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਕਿਸਾਨ ਭਾਈਚਾਰੇ ਦੇ ਮੋਢੇ ਨਾ ਮੋਢਾ ਲਾ ਕੇ ਹਮੇਸ਼ਾ ਖੜ੍ਹੀ ਹੈ ਅਤੇ ਪਹਿਲਾਂ ਦੇ ਸਫ਼ਲ ਸੀਜ਼ਨਾਂ ਦੀ ਤਰ੍ਹਾਂ ਫ਼ਸਲ ਦੀ ਨਿਰਵਿਘਨ ਖਰੀਦ ਯਕੀਨੀ ਬਣਾਏਗੀ। ਪਿੰਡ ਚੀਮਾ ਵਿਖੇ ਕਮਿਊਨਿਟੀ ਹੈੱਲਥ ਸੈਂਟਰ ਲੋਕ ਅਰਪਣ ਕਰਨ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਮਾਨ ਨੇ ਕਿਹਾ ਕਿ ਇਸ ਗੱਲ ਤੋਂ ਹਰ ਕੋਈ ਵਾਕਫ਼ ਹੈ ਕਿ ਚੰਡੀਗੜ੍ਹ ਦਾ ਪ੍ਰਬੰਧ ਪੰਜਾਬ ਦੇ ਰਾਜਪਾਲ ਦੁਆਰਾ ਚਲਾਇਆ ਜਾਂਦਾ ਹੈ, ਪਰ ਫਿਰ ਵੀ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਕਿਸਾਨ ਅੰਦੋਲਨ, ਪੰਜਾਬ ਯੂਨੀਵਰਸਿਟੀ (ਪੀ ਯੂ) ਵਿੱਚ ਅੰਦੋਲਨ ਜਾਂ ਹੋਰ ਅਜਿਹਾ ਕੋਈ ਵੀ ਮੁੱਦਾ ਹੋਵੇ, ਭਾਜਪਾ ਸਾਰਾ ਦੋਸ਼ ਮੇਰੇ 'ਤੇ ਥੋਪਣ ਨੂੰ ਹਮੇਸ਼ਾ ਤਿਆਰ ਰਹਿੰਦੀ ਹੈ। ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਭਾਜਪਾ ਨੂੰ ਇਸ ਮੁੱਦੇ 'ਤੇ ਬੇਬੁਨਿਆਦ ਅਤੇ ਬੇਤੁਕੀ ਬਿਆਨਬਾਜ਼ੀ ਤੋਂ ਗੁਰੇਜ਼ ਕਰਨਾ • ਬਾਕੀ ਸਫਾ 2 'ਤੇ

## 'ਆਪ' ਨੇ ਚੱਢਾ ਨੂੰ ਡਿਪਟੀ ਲੀਡਰੀ ਤੋਂ ਹਟਾਇਆ

**ਨਵੀਂ ਦਿੱਲੀ** : ਆਮ ਆਦਮੀ ਪਾਰਟੀ ਨੇ ਰਾਜ ਸਭਾ ਸਕੱਤਰੇਤ ਨੂੰ ਪੱਤਰ ਲਿਖ ਕੇ ਰਾਘਵ ਚੱਢਾ ਨੂੰ ਸਦਨ ਵਿੱਚ ਪਾਰਟੀ ਦੇ ਡਿਪਟੀ ਲੀਡਰ ਦੇ ਅਹੁਦੇ ਤੋਂ ਹਟਾਉਣ ਦੀ ਮੰਗ ਕੀਤੀ ਹੈ। ਸੂਤਰਾਂ ਨੇ ਵੀਰਵਾਰ ਨੂੰ ਇਹ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਪੰਜਾਬ ਤੋਂ ਰਾਜ ਸਭਾ ਮੈਂਬਰ ਅਸ਼ੋਕ ਮਿੱਤਲ ਨੂੰ ਨਵਾਂ ਡਿਪਟੀ ਲੀਡਰ ਨਿਯੁਕਤ ਕੀਤੇ ਜਾਣ ਦੀ ਸੰਭਾਵਨਾ ਹੈ। ਸੂਤਰਾਂ ਅਨੁਸਾਰ ਪੱਤਰ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਚੱਢਾ, ਜੋ ਪੰਜਾਬ ਤੋਂ ਰਾਜ ਸਭਾ ਮੈਂਬਰ ਹਨ, ਨੂੰ 'ਆਪ' ਦੇ ਕੋਟੇ ਵਿੱਚੋਂ ਸਦਨ ਵਿੱਚ ਬੋਲਣ ਲਈ ਸਮਾਂ ਨਾ ਦਿੱਤਾ ਜਾਵੇ। ਮੌਜੂਦਾ ਸਮੇਂ ਵਿੱਚ ਰਾਜ ਸਭਾ ਵਿੱਚ 'ਆਪ' ਦੇ 10 ਮੈਂਬਰ ਹਨ, ਜਿਨ੍ਹਾਂ ਵਿੱਚ ਸੱਤ ਪੰਜਾਬ ਤੋਂ ਅਤੇ ਤਿੰਨ ਦਿੱਲੀ ਤੋਂ ਹਨ।

## 3-4 ਤੇ 7-9 ਅਪ੍ਰੈਲ ਨੂੰ ਮੌਸਮ ਵਿਗੜਨ ਦਾ ਡਰ

**ਚੰਡੀਗੜ੍ਹ** : ਮੌਸਮ ਵਿਭਾਗ ਦੀ ਭਵਿੱਖਬਾਣੀ ਅਨੁਸਾਰ ਪੱਛਮੀ ਗੜਬੜੀ ਵੱਲੋਂ 3-4 ਅਪਰੈਲ ਨੂੰ ਖੇਤਰ ਨੂੰ ਪ੍ਰਭਾਵਤ ਕਰਨ ਦੀ ਸੰਭਾਵਨਾ ਹੈ, ਜਿਸ ਤੋਂ ਬਾਅਦ 7-9 ਅਪਰੈਲ ਤੱਕ ਦੂਜਾ ਦੌਰ ਆਵੇਗਾ। ਜਲਵਾਯੂ ਤਬਦੀਲੀ ਅਤੇ ਖੇਤੀਬਾੜੀ ਮੌਸਮ ਵਿਗਿਆਨ ਵਿਭਾਗ ਦੀ ਮੁਖੀ ਪਵਨੀਤ ਕੌਰ ਕਿੰਗਰਾ ਨੇ ਮੌਜੂਦਾ ਹਾਲਾਤ ਨੂੰ ਦੇਖਦੇ ਹੋਏ ਕਿਸਾਨਾਂ ਨੂੰ ਸਿੰਜਾਈ ਨਾ ਕਰਨ ਦੀ ਸਲਾਹ ਦਿੱਤੀ ਹੈ।

## ਹਨੀ ਤੇ ਬਾਦਸ਼ਾਹ ਦਾ ਗਾਣਾ ਤੁਰੰਤ ਹਟਾਉਣ ਦਾ ਹੁਕਮ

**ਨਵੀਂ ਦਿੱਲੀ** : ਦਿੱਲੀ ਹਾਈ ਕੋਰਟ ਨੇ ਵੀਰਵਾਰ ਰੈਪਰ ਹਨੀ ਸਿੰਘ ਅਤੇ ਬਾਦਸ਼ਾਹ ਨਾਲ ਜੁੜੇ ਵਿਵਾਦਤ ਗੀਤ 'ਵਾਲਿਊਮ 1' ਨੂੰ ਤੁਰੰਤ ਹਟਾਉਣ ਦਾ ਹੁਕਮ ਦਿੱਤਾ। ਜਸਟਿਸ ਪੁਰਸ਼ੈਨਦਰ ਕੁਮਾਰ ਕੌਰਵ ਨੇ ਕਿਹਾ ਕਿ ਇਸ ਗੀਤ ਦੇ ਬੋਲ ਬਹੁਤ ਜ਼ਿਆਦਾ ਅਸ਼ਲੀਲ ਅਤੇ ਔਰਤਾਂ ਦਾ ਅਪਮਾਨ ਕਰਨ ਵਾਲੇ ਹਨ, ਜਿਨ੍ਹਾਂ ਨੂੰ ਕਿਸੇ ਵੀ ਡਿਜੀਟਲ ਪਲੇਟਫਾਰਮ 'ਤੇ ਚੱਲਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਇਹ ਗੀਤ ਸੱਭਿਅਕ ਸਮਾਜ ਦੇ ਮਿਆਰਾਂ ਦੇ ਖਿਲਾਫ ਹੈ ਅਤੇ ਕਲਾਤਮਕ ਆਜ਼ਾਦੀ ਜਾਂ ਬੋਲਣ ਦੀ ਆਜ਼ਾਦੀ ਦੇ ਨਾਂਅ 'ਤੇ ਅਜਿਹੀ ਸਮੱਗਰੀ ਨੂੰ ਸਹੀ ਨਹੀਂ ਠਹਿਰਾਇਆ ਜਾ ਸਕਦਾ। ਅਦਾਲਤ ਅਨੁਸਾਰ ਇਹ ਸਮੱਗਰੀ ਏਨੀ ਇਤਰਾਜ਼ਯੋਗ ਹੈ ਕਿ ਇਸ ਦਾ ਸਿਰਲੇਖ ਵੀ ਅਦਾਲਤੀ ਹੁਕਮਾਂ ਵਿੱਚ ਲਿਖਣ ਦੇ ਯੋਗ ਨਹੀਂ ਹੈ।

# ਕੈਨੇਡਾ ਪੁਲਸ ਨੇ ਬਾਹਰਲੇ ਦੇਸ਼ਾਂ ਦੇ ਦਖਲ ਦੀ ਚਰਚਾ ਫਿਰ ਛੇੜੀ

**ਓਟਵਾ** : ਕੈਨੇਡਾ ਦੀ ਰਾਇਲ ਕੈਨੇਡੀਅਨ ਮਾਊਂਟਿਡ ਪੁਲਸ (ਆਰ ਸੀ ਐੱਮ ਪੀ) ਨੇ ਪਹਿਲਾਂ ਕਿਹਾ ਸੀ ਕਿ ਦੇਸ਼ ਵਿੱਚ ਵਿਦੇਸ਼ੀ ਦਖਲਅੰਦਾਜ਼ੀ ਦੇ ਕੋਈ ਪੁਖਤਾ ਸਬੂਤ ਨਹੀਂ ਹਨ, ਪਰ ਹੁਣ ਉਸ ਨੇ ਮੰਨ ਲਿਆ ਹੈ ਕਿ ਵਾਕਈ ਲੋਕਾਂ ਨੂੰ ਡਰਾਉਣ ਅਤੇ ਧਮਕਾਉਣ ਵਰਗੀਆਂ ਸਰਗਰਮੀਆਂ ਵਿੱਚ ਬਾਹਰਲੇ ਦੇਸ਼ ਸ਼ਾਮਲ ਹਨ। ਆਰ ਸੀ ਐੱਮ ਪੀ ਨੇ ਇਸ ਬਾਰੇ ਪਹਿਲੀ ਅਪਰੈਲ ਨੂੰ ਇੱਕ ਸਪੱਸ਼ਟੀਕਰਨ ਜਾਰੀ ਕੀਤਾ ਹੈ। ਇਹ ਸਪੱਸ਼ਟੀਕਰਨ ਕਮਿਸ਼ਨਰ ਮਾਈਕ ਡੁਹੇਮ ਦੇ ਉਸ ਐਲਾਨ ਤੋਂ ਕੁਝ ਦਿਨਾਂ ਬਾਅਦ ਆਇਆ ਹੈ, ਜਿਸ ਵਿੱਚ ਉਨ੍ਹਾ ਕਿਹਾ ਸੀ ਕਿ ਜਾਂਚ ਅਧਿਕਾਰੀਆਂ ਨੂੰ ਕੈਨੇਡਾ ਵਿੱਚ ਲੋਕਾਂ ਨੂੰ ਧਮਕਾਉਣ ਦੀਆਂ ਘਟਨਾਵਾਂ ਅਤੇ ਕਿਸੇ ਵਿਦੇਸ਼ੀ ਸਰਕਾਰ ਦਰਮਿਆਨ ਕੋਈ ਸਿੱਧਾ ਸੰਬੰਧ ਨਹੀਂ ਮਿਲਿਆ। ਸਪੱਸ਼ਟੀਕਰਨ ਵਿੱਚ ਕਿਹਾ ਗਿਆ ਹੈ, 'ਆਰ ਸੀ ਐੱਮ ਪੀ ਕੈਨੇਡਾ ਦੇ ਕੁਝ ਖਾਸ ਭਾਈਚਾਰਿਆਂ ਨੂੰ ਡਰਾਉਣ ਅਤੇ ਧਮਕਾਉਣ ਦੀਆਂ ਸ਼ਿਕਾਇਤਾਂ ਬਾਰੇ ਜਾਣੂੰ ਹੈ। ਆਰ ਸੀ ਐੱਮ ਪੀ ਅਤੇ ਕੈਨੇਡਾ ਸਰਕਾਰ ਨੂੰ ਇਹ ਵੀ ਪਤਾ ਹੈ ਕਿ ਬਾਹਰਲੇ ਦੇਸ਼ ਕੈਨੇਡਾ ਵਿੱਚ ਅਜਿਹੀਆਂ ਸਰਗਰਮੀਆਂ ਚਲਾ ਰਹੇ ਹਨ।' ਹਾਲਾਂਕਿ, ਆਰ ਸੀ ਐੱਮ ਪੀ ਨੇ ਸਾਫ ਕੀਤਾ ਹੈ ਕਿ ਇਨ੍ਹਾਂ ਸਰਗਰਮੀਆਂ ਦਾ ਕਿਸੇ ਵਿਦੇਸ਼ੀ ਸੰਸਥਾ ਨਾਲ ਅਜਿਹਾ ਸਿੱਧਾ ਸੰਬੰਧ ਜੋੜਨਾ, ਜਿਸ ਨੂੰ ਅਦਾਲਤੀ ਕਾਰਵਾਈ ਵਿੱਚ ਸਬੂਤ ਵਜੋਂ ਪੇਸ਼ ਕੀਤਾ ਜਾ ਸਕੇ, ਇੱਕ ਬਹੁਤ ਹੀ ਗੁੰਝਲਦਾਰ ਪ੍ਰਕਿਰਿਆ ਹੈ।

ਕਮਿਸ਼ਨਰ ਡੁਹੇਮ ਦੇ 19 ਮਾਰਚ ਨੂੰ ਸੀ ਟੀ ਵੀ ਨਿਊਜ਼ ਨੂੰ ਦਿੱਤੇ ਇੰਟਰਵਿਊ ਵਿੱਚ ਕਿਹਾ ਸੀ ਕਿ ਵਿਦੇਸ਼ੀ ਦਖਲਅੰਦਾਜ਼ੀ ਦੇ ਮਾਮਲਿਆਂ ਵਿੱਚ ਕਿਸੇ ਵਿਦੇਸ਼ੀ ਸੰਸਥਾ ਨਾਲ ਕੋਈ ਸੰਬੰਧ ਨਜ਼ਰ ਨਹੀਂ ਆ ਰਿਹਾ। ਉਨ੍ਹਾ ਜ਼ੋਰ ਦਿੱਤਾ ਸੀ ਕਿ ਭਾਵੇਂ ਅਜਿਹੀਆਂ ਘਟਨਾਵਾਂ ਵਾਪਰ ਰਹੀਆਂ ਹਨ, ਪਰ ਜਾਂਚ ਅਧਿਕਾਰੀ ਹਾਲੇ ਤੱਕ ਇਨ੍ਹਾਂ ਨੂੰ ਸਿੱਧੇ ਤੌਰ 'ਤੇ ਕਿਸੇ ਵਿਦੇਸ਼ੀ ਸੰਸਥਾ ਨਾਲ ਜੋੜਨ ਵਿੱਚ ਕਾਮਯਾਬ ਨਹੀਂ ਹੋ ਸਕੇ। ਉਦੋਂ ਕੈਨੇਡੀਅਨ ਰੁਖ਼ ਨੂੰ ਭਾਰਤ ਵਿੱਚ ਸਕਾਰਾਤਮਕ ਨਜ਼ਰੀਏ ਨਾਲ ਦੇਖਿਆ ਗਿਆ ਸੀ। ਇਹ ਸਮਝਿਆ ਗਿਆ ਸੀ ਕਿ ਦੋਵੇਂ ਦੇਸ਼ ਆਪਣੇ ਵਿਗੜੇ ਹੋਏ ਸੰਬੰਧਾਂ ਨੂੰ ਮੁੜ ਪਟੜੀ 'ਤੇ ਲਿਆਉਣ ਅਤੇ ਸੁਧਾਰਨ ਲਈ ਕੋਸ਼ਿਸ਼ਾਂ ਕਰ ਰਹੇ ਹਨ।

ਕੈਨੇਡਾ ਪਿਛਲੇ ਸਮੇਂ ਵਿੱਚ ਭਾਰਤੀ ਏਜੰਸੀਆਂ 'ਤੇ ਦੇਸ਼ ਵਿੱਚ ਕਤਲਾਂ ਦੀਆਂ ਵਾਰਦਾਤਾਂ ਲਈ ਲਾਰੈਂਸ ਬਿਸ਼ਨੋਈ ਦੇ ਨੈੱਟਵਰਕ ਦੀ ਵਰਤੋਂ ਕਰਨ ਦੇ ਦੋਸ਼ ਲਗਾ ਚੁੱਕਿਆ ਹੈ। 2023 ਵਿੱਚ ਬ੍ਰਿਟਿਸ਼ ਕੋਲੰਬੀਆ ਵਿੱਚ ਖਾਲਿਸਤਾਨ ਪੱਖੀ ਕਾਰਕੁਨ ਹਰਦੀਪ ਸਿੰਘ ਨਿੱਝਰ ਦੇ ਕਤਲ ਤੋਂ ਬਾਅਦ ਭਾਰਤ-ਕੈਨੇਡਾ ਸੰਬੰਧਾਂ ਵਿੱਚ ਤਣਾਅ ਆ ਗਿਆ ਸੀ। ਆਰ ਸੀ ਐੱਮ ਪੀ ਸਮੇਤ ਕੈਨੇਡੀਅਨ ਅਧਿਕਾਰੀਆਂ ਨੇ ਕੈਨੇਡਾ ਵਿੱਚ ਸਿੱਖ ਵੱਖਵਾਦੀਆਂ ਨੂੰ ਨਿਸ਼ਾਨਾ ਬਣਾਉਣ ਵਾਲੀ ਹਿੰਸਾ ਅਤੇ ਜਬਰਨ ਉਗਰਾਹੀ ਵਿੱਚ ਭਾਰਤੀ ਏਜੰਟਾਂ ਦੀ ਸ਼ਮੂਲੀਅਤ ਦਾ ਦੋਸ਼ ਲਗਾਇਆ ਸੀ। ਕੈਨੇਡਾ ਦੇ ਦਾਅਵਿਆਂ ਦਾ ਇੱਕ ਮੁੱਖ ਹਿੱਸਾ ਭਾਰਤ ਸਥਿਤ ਲਾਰੈਂਸ ਬਿਸ਼ਨੋਈ ਗੈਂਗ 'ਤੇ ਕੇਂਦਰਤ ਸੀ, ਜਿਸ 'ਤੇ ਕੈਨੇਡਾ ਨੇ ਭਾਰਤੀ ਹਿੱਤਾਂ ਲਈ ਕੰਮ ਕਰਨ ਦਾ ਦੋਸ਼ ਲਗਾਇਆ ਸੀ ਅਤੇ ਸਤੰਬਰ 2025 ਵਿੱਚ ਇਸ ਨੂੰ • ਬਾਕੀ ਸਫਾ 2 'ਤੇ

## ਸੁਪਰੀਮ ਕੋਰਟ ਬੰਗਾਲ ਸਰਕਾਰ ਤੋਂ ਸਖਤ ਨਾਰਾਜ਼

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੱਤ ਨਿਆਂਇਕ ਅਧਿਕਾਰੀਆਂ, ਜਿਨ੍ਹਾਂ ਵਿੱਚ ਤਿੰਨ ਮਹਿਲਾਵਾਂ ਵੀ ਸ਼ਾਮਲ ਹਨ, ਨੂੰ ਨਜਾਇਜ਼ ਤੌਰ 'ਤੇ ਹਿਰਾਸਤ ਵਿੱਚ ਰੱਖਣ ਦੇ ਮਾਮਲੇ ਦੀ ਸੀ ਬੀ ਆਈ/ ਐੱਨ ਆਈ ਏ ਜਾਂਚ ਦੇ ਹੁਕਮ ਦਿੱਤੇ ਹਨ। ਬੁੱਧਵਾਰ ਨੂੰ ਇਹ ਅਧਿਕਾਰੀ ਪੱਛਮੀ ਬੰਗਾਲ ਵਿੱਚ ਐੱਸ ਆਈ ਆਰ ਅਭਿਆਸ ਵਿੱਚ ਸ਼ਾਮਲ ਸਨ ਅਤੇ ਮਾਲਦਾ ਜ਼ਿਲ੍ਹੇ ਦੇ ਕਾਲੀਆ ਚੱਕ ਇਲਾਕੇ ਵਿੱਚ ਬੀ ਡੀ ਪੀ ਓ ਦਫਤਰ ਦੇ ਅੰਦਰ ਇੱਕ ਬੇਲਗਾਮ ਭੀੜ ਵੱਲੋਂ ਕਈ ਘੰਟਿਆਂ ਤੱਕ ਬੰਦੀ ਬਣਾ ਕੇ ਰੱਖੇ ਗਏ। ਤਿੰਨ ਜੱਜਾਂ ਦੀ ਬੈਂਚ ਦੀ ਅਗਵਾਈ ਕਰ ਰਹੇ ਚੀਫ ਜਸਟਿਸ ਸੂਰੀਆ ਕਾਂਤ ਨੇ ਕਿਹਾ, 'ਇਹ ਘਟਨਾ ਨਾ ਸਿਰਫ ਨਿਆਂਇਕ ਅਧਿਕਾਰੀਆਂ ਨੂੰ ਡਰਾਉਣ-ਧਮਕਾਉਣ ਦੀ ਇੱਕ ਬੇਪਰਵਾਹ ਕੋਸ਼ਿਸ਼ ਹੈ, ਬਲਕਿ ਇਸ ਅਦਾਲਤ ਦੀ ਅਥਾਰਟੀ ਨੂੰ ਵੀ ਚੁਣੌਤੀ ਦਿੰਦੀ ਹੈ। ਇਹ ਕੋਈ ਮਾਮੂਲੀ ਘਟਨਾ ਨਹੀਂ ਸੀ, ਬਲਕਿ ਨਿਆਂਇਕ ਅਧਿਕਾਰੀਆਂ ਦਾ ਮਨੋਬਲ ਡੇਗਣ ਅਤੇ ਬਾਕੀ ਬਚੇ ਕੇਸਾਂ ਵਿੱਚ ਇਤਰਾਜ਼ਾਂ ਦੇ ਨਿਪਟਾਰੇ ਦੀ ਚੱਲ ਰਹੀ ਪ੍ਰਕਿਰਿਆ ਨੂੰ ਰੋਕਣ ਲਈ ਇੱਕ ਸੋਚੀ-ਸਮਝੀ ਅਤੇ ਪ੍ਰੇਰਿਤ ਚਾਲ ਜਾਪਦੀ ਹੈ।' ਸੂਬਾ ਸਰਕਾਰ ਦੇ ਅਧਿਕਾਰੀਆਂ ਦੇ ਵਤੀਰੇ 'ਤੇ ਸਖਤ ਇਤਰਾਜ਼ ਜਤਾਉਂਦੇ ਹੋਏ ਚੀਫ ਜਸਟਿਸ ਨੇ ਕਿਹਾ, 'ਅਸੀਂ ਕਿਸੇ ਨੂੰ ਵੀ ਕਾਨੂੰਨ ਆਪਣੇ ਹੱਥ ਵਿੱਚ ਲੈ ਕੇ ਨਿਆਂਇਕ ਅਧਿਕਾਰੀਆਂ ਵਿਰੁੱਧ ਮਨੋਵਿਗਿਆਨਿਕ ਤੇ ਅਪਰਾਧਕ ਮਾਣਹਾਨੀ ਕਰਨ ਦੀ ਇਜਾਜ਼ਤ ਨਹੀਂ • ਬਾਕੀ ਸਫਾ 2 'ਤੇ

## 116 ਕਰੋੜ ਦੇ ਘਪਲੇ 'ਚ ਅਫਸਰ ਬੀਬੀ ਗ੍ਰਿਫ਼ਤਾਰ

**ਚੰਡੀਗੜ੍ਹ** : ਸਥਾਨਕ ਪੁਲਸ ਨੇ ਸਮਾਰਟ ਸਿਟੀ ਪ੍ਰੋਜੈਕਟ ਦੀ ਚੀਫ ਫਾਈਨਾਂਸ਼ੀਅਲ ਅਫਸਰ (ਸੀ ਐੱਫ ਓ) ਨਲਿਨੀ ਮਲਿਕ ਨੂੰ 116 ਕਰੋੜ ਰੁਪਏ ਦੇ ਆਈ ਡੀ ਐੱਫ ਸੀ ਫਸਟ ਬੈਂਕ ਘਪਲੇ ਵਿੱਚ ਗ੍ਰਿਫ਼ਤਾਰ ਕਰ ਲਿਆ ਹੈ। ਇਹ ਗ੍ਰਿਫ਼ਤਾਰੀ ਆਰਥਿਕ ਅਪਰਾਧ ਸ਼ਾਖਾ (ਈ ਓ ਡਬਲਿਊ) ਵੱਲੋਂ ਨਗਰ ਨਿਗਮ ਦੀ ਸ਼ਿਕਾਇਤ 'ਤੇ ਦਰਜ ਕੀਤੇ ਗਏ ਫਰਜ਼ੀ ਫਿਕਸਡ ਡਿਪਾਜ਼ਿਟ ਮਾਮਲੇ ਵਿੱਚ ਕੀਤੀ ਗਈ ਹੈ। ਪੁਲਸ ਅਨੁਸਾਰ ਨਲਿਨੀ ਮਲਿਕ ਨੇ ਬੈਂਕ ਮੈਨੇਜਰ ਰਿਭਵ ਰਿਸ਼ੀ ਅਤੇ ਹੋਰ ਅਧਿਕਾਰੀਆਂ ਨਾਲ ਮਿਲ ਕੇ ਫਰਜ਼ੀ ਕੰਪਨੀਆਂ (ਸ਼ੈੱਲ ਫਰਮਾਂ) ਬਣਾਈਆਂ ਅਤੇ ਜਨਤਕ ਪੈਸੇ ਦਾ ਗਬਨ ਕੀਤਾ। ਪੁਲਸ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਬੈਂਕ ਮੈਨੇਜਰ ਰਿਭਵ ਰਿਸ਼ੀ ਨੇ ਨਲਿਨੀ ਮਲਿਕ ਅਤੇ 'ਕਰੈਸਟ' ਦੇ ਪ੍ਰੋਜੈਕਟ ਡਾਇਰੈਕਟਰ ਸੁਖਵਿੰਦਰ ਸਿੰਘ ਦੀ ਮਿਲੀਭੁਗਤ ਨਾਲ ਨਗਰ ਨਿਗਮ ਦੇ ਖਾਤੇ ਖੋਲ੍ਹੇ ਅਤੇ 116 ਕਰੋੜ ਰੁਪਏ ਦੀਆਂ ਫਰਜ਼ੀ ਐੱਫ ਡੀ ਆਰ ਤਿਆਰ ਕੀਤੀਆਂ। ਇਹ ਰਕਮ ਬਾਅਦ ਵਿੱਚ ਰੀਅਲ ਅਸਟੇਟ ਕਾਰੋਬਾਰ ਵਿੱਚ ਨਿਵੇਸ਼ ਕੀਤੀ ਗਈ ਅਤੇ ਅਧਿਕਾਰੀਆਂ ਨੂੰ ਕਰੋੜਾਂ ਰੁਪਏ ਦੀ ਰਿਸ਼ਵਤ ਨਕਦ ਅਤੇ ਬੈਂਕ ਖਾਤਿਆਂ ਰਾਹੀਂ ਪਹੁੰਚਾਈ ਗਈ। ਇਹ ਘਪਲਾ ਉਦੋਂ ਉਜਾਗਰ ਹੋਇਆ, ਜਦੋਂ ਨਗਰ ਨਿਗਮ ਦੇ ਅਧਿਕਾਰੀਆਂ ਨੇ ਸਮਾਰਟ ਸਿਟੀ ਲਿਮਟਿਡ ਦੇ ਬੰਦ ਹੋਣ ਸਮੇਂ ਆਪਣੀਆਂ ਐੱਫ ਡੀ ਆਰ ਤੁੜਵਾਉਣ ਲਈ ਬੈਂਕ ਨਾਲ ਸੰਪਰਕ ਕੀਤਾ, ਪਰ ਬੈਂਕ ਰਿਕਾਰਡ ਵਿੱਚ ਉਹ ਪੈਸਾ ਮੌਜੂਦ ਹੀ ਨਹੀਂ ਸੀ। ਇਸ ਮਾਮਲੇ ਵਿੱਚ ਪੁਲਸ ਪਹਿਲਾਂ ਹੀ ਸੁਖਵਿੰਦਰ ਸਿੰਘ ਅਤੇ ਅਕਾਊਂਟੈਂਟ ਸਾਹਿਲ ਕੁੱਕੜ ਨੂੰ ਗ੍ਰਿਫ਼ਤਾਰ ਕਰ ਚੁੱਕੀ ਹੈ।

## ਪੀ ਆਰ ਟੀ ਸੀ ਕਾਮੇ 9 ਨੂੰ ਪਟਿਆਲਾ 'ਚ ਵਿਸ਼ਾਲ ਧਰਨਾ ਦੇਣਗੇ : ਧਾਲੀਵਾਲ

**ਪਟਿਆਲਾ** : ਵੀਰਵਾਰ ਇੱਥੇ ਪੀ ਆਰ ਟੀ ਸੀ ਵਿੱਚ ਕੰਮ ਕਰਦੀਆਂ ਛੇ ਜਥੇਬੰਦੀਆਂ ਦੀ ਸਾਂਝੀ ਐਕਸ਼ਨ ਕਮੇਟੀ ਦੀ ਮੀਟਿੰਗ ਨਿਰਮਲ ਸਿੰਘ ਧਾਲੀਵਾਲ ਦੀ ਕਨਵੀਨਰਸ਼ਿਪ ਹੇਠ ਹੋਈ, ਜਿਸ ਵਿੱਚ ਚਰਚਾ ਕੀਤੀ ਗਈ ਕਿ ਕਿਵੇਂ ਪੀ ਆਰ ਟੀ ਸੀ ਦੇ ਵਰਕਰਾਂ ਦੀਆਂ ਅਹਿਮ ਅਤੇ ਕਾਨੂੰਨੀ ਤੌਰ 'ਤੇ ਵਾਜਬ ਮੰਗਾਂ ਨੂੰ ਮੈਨੇਜਮੈਂਟ ਵੱਲੋਂ ਲੰਮੇ ਸਮੇਂ ਤੋਂ ਨਜ਼ਰਅੰਦਾਜ਼ ਕਰਕੇ ਵਰਕਰਾਂ ਦਾ ਭਾਰੀ ਨੁਕਸਾਨ ਕੀਤਾ ਜਾ ਰਿਹਾ ਹੈ ਅਤੇ ਉਪਰੋਂ ਪੰਜਾਬ ਸਰਕਾਰ ਵੱਲੋਂ ਪੀ ਆਰ ਟੀ ਸੀ ਦੀਆਂ ਬੱਸਾਂ ਮੁਫ਼ਤ ਸਫਰ ਸਹੂਲਤਾਂ, ਸਰਕਾਰੀ ਰੈਲੀਆਂ ਅਤੇ ਸਰਕਾਰੀ ਧਾਰਮਿਕ ਯਾਤਰਾਵਾਂ 'ਤੇ ਵੱਡੇ ਪੈਮਾਨੇ 'ਤੇ ਲਗਭਗ ਹਰ ਰੋਜ਼ ਸੈਂਕੜਿਆਂ ਦੀ ਗਿਣਤੀ ਵਿੱਚ ਇਨ੍ਹਾਂ ਕੰਮਾਂ ਲਈ ਵਰਤ ਕੇ ਤਨਖਾਹਾਂ/ਪੈਨਸ਼ਨਾਂ, ਮੈਡੀਕਲ ਬਿੱਲਾਂ ਅਤੇ ਹੋਰ ਕਾਨੂੰਨੀ ਬਕਾਇਆ ਦੀਆਂ ਅਦਾਇਗੀਆਂ ਦਾ ਸੰਕਟ ਖੜਾ ਕਰ ਦਿੱਤਾ ਗਿਆ ਹੈ।ਐਕਸ਼ਨ ਕਮੇਟੀ ਵੱਲੋਂ ਮੁੱਖ ਦਫਤਰ ਸਾਹਮਣੇ ਵਰਕਰਾਂ ਦੇ ਗੰਭੀਰ ਬਣ ਚੁੱਕੇ ਮਸਲਿਆਂ ਦੇ ਰੋਸ ਵਜੋਂ 9 ਅਪ੍ਰੈਲ ਨੂੰ ਪਟਿਆਲਾ ਵਿਖੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ।ਵਰਕਰਾਂ ਦੀਆਂ ਮੰਗਾਂ ਅਤੇ ਮੁਸ਼ਕਲਾਂ ਸੰਬੰਧੀ ਵਿਸਥਾਰ ਵਿੱਚ ਜ਼ਿਕਰ ਕਰਦਿਆਂ ਐਕਸ਼ਨ ਕਮੇਟੀ ਦੇ ਕਨਵੀਨਰ ਨਿਰਮਲ ਸਿੰਘ ਧਾਲੀਵਾਲ ਅਤੇ ਮੈਂਬਰਾਨ ਬਲਦੇਵ ਰਾਜ ਬੱਤਾ, ਹਰਪ੍ਰੀਤ ਸਿੰਘ ਖਟੜਾ, ਨਸੀਬ ਚੰਦ, ਤਰਸੇਮ ਸਿੰਘ ਅਤੇ ਉਤਮ ਸਿੰਘ ਬਾਗੜੀ ਨੇ ਦੱਸਿਆ ਕਿ ਪੀ ਆਰ ਟੀ ਸੀ ਦੇ ਵਰਕਰਾਂ ਅਤੇ ਪੈਨਸ਼ਨਰਜ਼ ਨੂੰ ਹਰ ਮਹੀਨੇ ਤਨਖਾਹ ਅਤੇ ਪੈਨਸ਼ਨ ਮਹੀਨੇ ਦੇ ਦੂਜੇ ਜਾਂ ਤੀਜੇ ਹਫਤੇ ਤੋਂ ਪਹਿਲਾ ਨਹੀਂ ਮਿਲਦੀ, ਕਿਉਂਕਿ ਪੰਜਾਬ ਸਰਕਾਰ ਮੁਫ਼ਤ ਸਫਰ ਸਹੂਲਤਾਂ ਬਦਲੇ ਪੀ ਆਰ ਟੀ ਸੀ ਨੂੰ ਬਣਦੀ ਅਦਾਇਗੀ ਨਹੀਂ ਕਰਦੀ, ਜਦ ਕਿ 600 ਕਰੋੜ ਤੋਂ ਵੱਧ ਦੀ ਰਕਮ ਸਰਕਾਰ ਵੱਲ ਖੜੀ ਹੈ, ਜਿਸ ਵਿੱਚ ਹਰ ਮਹੀਨੇ 40 ਕਰੋੜ ਦੇ ਲਗਭਗ ਮੁਫ਼ਤ ਸਫਰ ਦਾ ਹੋਰ ਜੁੜ ਜਾਂਦਾ ਹੈ। ਸਰਕਾਰ ਵੱਲੋਂ ਬਜਟ ਵਿੱਚ ਅੱਧੀ ਰਕਮ ਵੀ ਨਹੀਂ ਰੱਖੀ ਗਈ। ਇਸ ਤੋਂ ਇਲਾਵਾ ਹਰ ਦੂਜੇ, ਤੀਜੇ ਦਿਨ ਸੈਂਕੜੇ ਬੱਸਾਂ ਨੂੰ ਸਰਕਾਰੀ ਫੰਕਸ਼ਨਾਂ ਤੇ ਕੀਤੀਆਂ ਜਾਂਦੀਆਂ ਰੈਲੀਆਂ ਵਿੱਚ ਭੇਜ ਦਿੱਤਾ ਜਾਂਦਾ ਹੈ, ਜਿਸ ਦਾ ਵੀ ਵੱਡਾ ਨੁਕਸਾਨ ਪੀ ਆਰ ਟੀ ਸੀ ਨੂੰ ਝੱਲਣਾ ਪੈ ਰਿਹਾ ਹੈ ਅਤੇ ਇਸ ਦਾ ਖਮਿਆਜ਼ਾ ਕਰਮਚਾਰੀ ਅਤੇ ਪੈਨਸ਼ਨਰ ਭੁਗਤ ਰਹੇ ਹਨ।ਇਸ ਦਾ ਫਾਇਦਾ ਪ੍ਰਾਈਵੇਟ ਬੱਸ ਮਾਫੀਏ ਨੂੰ ਪੁੱਜ ਰਿਹਾ ਹੈ।ਵਰਕਰਾਂ ਦੇ ਕਈ ਤਰ੍ਹਾਂ ਦੇ ਵਿੱਤੀ ਬਕਾਏ ਲਗਭਗ 125 ਕਰੋੜ ਰੁਪਏ ਦੇ ਨਹੀਂ ਦਿੱਤੇ ਜਾ ਰਹੇ।ਕੋਰਟ ਰਾਹੀਂ ਰੈਗੂਲਰ ਕੀਤੇ ਗਏ ਕੰਟਰੈਕਟ ਵਰਕਰਾਂ ਦੇ ਫੈਸਲੇ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ, ਸੁਪਰਵਾਈਜ਼ਰੀ ਅਤੇ ਅਪਰੇਸ਼ਨ ਸਟਾਫ ਦੇ ਟੀ ਏ/ ਡੀ ਏ ਰੇਟਾਂ ਵਿੱਚ ਸਰਕਾਰ ਵੱਲੋਂ ਕੀਤੇ ਵਾਅਦੇ ਵਾਲੇ ਹੁਕਮਾਂ ਨੂੰ ਲਾਗੂ ਨਹੀਂ ਕੀਤਾ ਜਾ • ਬਾਕੀ ਸਫਾ 2 'ਤੇ

## ਅੱਜ-ਨਾਮਾ

ਚੰਡੀਗੜ੍ਹ ਵਿੱਚ ਹੋਇਆ ਜੇ ਬੈਂਕ ਘਪਲਾ,
ਹਫਤੇ ਅੰਦਰ ਸੀ ਨਿਕਲਿਆ ਹੋਰ ਮੀਆਂ।
ਦਿਨਾਂ ਤਿੰਨਾਂ ਨੂੰ ਪਿਆ ਜਦ ਨਿਕਲ ਤੀਜਾ,
ਚੌਥਾ ਨਿਕਲ ਪਿਆ ਏਦੂੰ ਵੀ ਘੋਰ ਮੀਆਂ।
ਇੱਕੋ ਈ ਬੈਂਕ ਦੇ ਲੱਭੇ ਆ ਤਿੰਨ ਘਪਲੇ,
ਭਰਤੀ ਹੋਏ ਜਿਉਂ ਕਈ ਹਨ ਚੋਰ ਮੀਆਂ।
ਜਿਹੜੇ ਲੋਕਾਂ ਦੀ ਬੈਂਕਾਂ ਵਿੱਚ ਜਮ੍ਹਾਂ ਪੂੰਜੀ,
ਹੱਥੀਂ ਕੁਦਰਤ ਦੇ ਉਹਨਾਂ ਦੀ ਡੋਰ ਮੀਆਂ।
ਸਾਂਝੀ ਪੰਜਾਬ-ਹਰਿਆਣੇ ਲਈ ਰਾਜਧਾਨੀ,
ਘਪਲੇ ਕਰਤਿਆਂ ਦੀ ਬਣੀ ਠਾਹਰ ਮੀਆਂ।
ਬਾਹਲੇ ਮਾਰ ਕੇ ਦਾਅ ਫਿਰ ਨਿਕਲ ਜਾਂਦੇ,
ਦਸਵਾਂ ਹਿੱਸਾ ਵੀ ਹੁੰਦੇ ਨਾ ਜ਼ਾਹਰ ਮੀਆਂ।

-ਤੀਸ ਮਾਰ ਖਾਂ

# ਮੋਦੀ ਨੇ ਅਮਰੀਕਾ ਦੀ ਕਠਪੁਤਲੀ ਬਣ ਕੇ ਦੇਸ਼ ਦੀ ਵਿਦੇਸ਼ ਨੀਤੀ ਨੂੰ ਮਿੱਟੀ 'ਚ ਰੋਲਿਆ : ਅਰਸ਼ੀ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**

ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਅਰਸ਼ੀ ਨੇ ਕੇਂਦਰ ਦੀ ਮੋਦੀ ਸਰਕਾਰ 'ਤੇ ਤਿੱਖੇ ਹਮਲੇ ਕਰਦਿਆਂ ਕਿਹਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਮਰੀਕੀ ਰਾਸ਼ਟਰਪਤੀ ਦੀ ਕਠਪੁਤਲੀ ਬਣ ਕੇ ਭਾਰਤ ਦੀ ਪ੍ਰਵਾਣਿਤ ਅਤੇ ਸੁਤੰਤਰ ਵਿਦੇਸ਼ ਨੀਤੀ ਨੂੰ ਤਹਿਸ-ਨਹਿਸ ਕਰ ਦਿੱਤਾ ਹੈ।

ਸਥਾਨਕ ਸ਼ਹੀਦ ਕਾਮਰੇਡ ਅਮੋਲਕ ਸਿੰਘ ਭਵਨ ਵਿਖੇ ਪਾਵਰਕੌਮ ਪੈਨਸ਼ਨਰ ਆਗੂ ਹਰਪਾਲ ਸਿੰਘ ਮਚਾਕੀ ਦੀ ਪ੍ਰਧਾਨਗੀ ਹੇਠ ਹੋਈ ਜ਼ਿਲ੍ਹਾ ਕਾਰਜਕਾਰਨੀ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਮਰੇਡ ਅਰਸ਼ੀ ਨੇ ਕਿਹਾ ਕਿ ਅਮਰੀਕੀ ਸਾਮਰਾਜਵਾਦ ਤੇਲ ਸਰੋਤਾਂ ਤੇ ਕਬਜ਼ਾ ਕਰਨ ਲਈ ਦੁਨੀਆ ਭਰ ਵਿੱਚ ਅਰਾਜਕਤਾ ਫੈਲਾ ਰਿਹਾ ਹੈ।

ਕਾਮਰੇਡ ਅਰਸ਼ੀ ਨੇ ਦੋਸ਼ ਲਾਇਆ ਕਿ ਟਰੰਪ ਪ੍ਰਸ਼ਾਸਨ ਨੇ ਪਹਿਲਾਂ ਵੈਨੇਜ਼ੁਏਲਾ ਦੇ ਚੁਣੇ ਹੋਏ ਰਾਸ਼ਟਰਪਤੀ ਨੂੰ ਨਿਸ਼ਾਨਾ ਬਣਾਇਆ ਅਤੇ ਹੁਣ ਈਰਾਨ ਦੇ ਤੇਲ ਭੰਡਾਰਾਂ 'ਤੇ ਮਾੜੀ ਨੀਅਤ ਰੱਖਦਿਆਂ ਉੱਥੋਂ ਦੇ ਨਿਰਦੋਸ਼ ਲੋਕਾਂ 'ਤੇ ਭਿਆਨਕ ਬੰਬਾਰੀ ਕੀਤੀ ਜਾ ਰਹੀ ਹੈ।ਉਨ੍ਹਾ ਕਿਹਾ ਕਿ ਅਮਰੀਕਾ ਅੱਗੇ ਗੋਡੇ ਟੇਕਣ ਕਾਰਨ ਭਾਰਤ ਨੂੰ ਆਪਣੇ ਰਵਾਇਤੀ ਦੋਸਤਾਂ ਰੂਸ ਅਤੇ ਈਰਾਨ ਤੋਂ ਤੇਲ ਮਿਲਣਾ ਲੱਗਭੱਗ ਬੰਦ ਹੋ ਗਿਆ ਹੈ।ਇਹ ਦੇਸ਼ ਦੇ ਹਿੱਤਾਂ ਨਾਲ ਸਿੱਧੀ ਗ਼ੱਦਾਰੀ ਹੈ।ਇਸ ਜੰਗ ਕਾਰਨ ਤੇਲ ਅਤੇ ਰਸੋਈ ਗੈਸ ਦੀਆਂ ਕੀਮਤਾਂ ਵਧ ਰਹੀਆਂ ਹਨ, ਜਿਸ ਦਾ ਖ਼ਮਿਆਜ਼ਾ ਆਮ ਜਨਤਾ ਭੁਗਤ ਰਹੀ ਹੈ।ਮੀਟਿੰਗ ਦੌਰਾਨ ਇੱਕ ਮਤਾ ਪਾਸ ਕਰਕੇ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਈਰਾਨ 'ਤੇ ਥੋਪੀ ਗਈ ਜੰਗ ਦੀ ਨਿਖੇਧੀ ਕੀਤੀ ਗਈ ਅਤੇ ਮੰਗ ਕੀਤੀ ਗਈ ਕਿ ਭਾਰਤ ਆਪਣੀ ਪੁਰਾਣੀ 'ਗੁੱਟ ਨਿਰਪੱਖ ਨੀਤੀ' 'ਤੇ ਪਹਿਰਾ ਦਿੰਦੇ ਹੋਏ ਈਰਾਨ ਦੇ ਹੱਕ ਵਿੱਚ ਖੜ੍ਹੇ। ਸੂਬੇ ਦੇ ਹਾਲਾਤ 'ਤੇ ਚਿੰਤਾ ਪ੍ਰਗਟ ਕਰਦਿਆਂ ਉਨ੍ਹਾ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਪੰਜਾਬ ਪੁਲਸ ਨੂੰ 'ਖੁੱਲ੍ਹੀ ਛੁੱਟੀ' ਦੇ ਕੇ ਸੂਬੇ ਨੂੰ ਪੁਲਸ ਰਾਜ ਵਿੱਚ ਬਦਲ ਦਿੱਤਾ ਹੈ, ਜਿਸ ਨਾਲ ਅਮਨ-ਕਾਨੂੰਨ ਦੀ ਸਥਿਤੀ ਲਗਾਤਾਰ ਨਿੱਘਰ ਰਹੀ ਹੈ।

ਉਨ੍ਹਾ ਐਲਾਨ ਕੀਤਾ ਕਿ 7 ਅਤੇ 8 ਅਪ੍ਰੈਲ ਨੂੰ ਅਜੇ ਭਵਨ, ਚੰਡੀਗੜ੍ਹ ਵਿਖੇ ਸੀ.ਪੀ.ਆਈ. ਦੀ ਸੂਬਾ ਕੌਂਸਲ ਦੀ ਅਹਿਮ ਮੀਟਿੰਗ ਹੋਵੇਗੀ, ਜਿਸ ਵਿੱਚ ਪਾਰਟੀ ਦੇ ਅਗਲੇ ਸੰਘਰਸ਼ਾਂ ਦੀ ਰੂਪ-ਰੇਖਾ ਉਲੀਕੀ ਜਾਵੇਗੀ।ਮੀਟਿੰਗ ਵਿੱਚ ਕਾਮਰੇਡ ਗੁਰਨਾਮ ਸਿੰਘ ਮਾਨੀ ਸਿੰਘ ਵਾਲਾ (ਖੇਤ ਮਜ਼ਦੂਰ ਸਭਾ), ਪ੍ਰੇਮ ਚਾਵਲਾ (ਕਾਰਜਕਾਰੀ ਜ਼ਿਲ੍ਹਾ ਸਕੱਤਰ), ਸੁਖਜਿੰਦਰ ਸਿੰਘ ਤੂੰਬੜਭੰਨ (ਕਿਸਾਨ ਸਭਾ), ਵੀਰ ਸਿੰਘ ਕੰਮੇਆਣਾ, ਗੋਰਾ ਪਿਪਲੀ (ਨਰੇਗਾ ਯੂਨੀਅਨ), ਗੁਰਚਰਨ ਸਿੰਘ ਮਾਨ, ਇੰਦਰਜੀਤ ਸਿੰਘ ਗਿੱਲ, ਪ੍ਰਦੀਪ ਸਿੰਘ ਬਰਾੜ, ਪ੍ਰਿੰਸੀਪਲ ਗੁਰਦੀਪ ਕੌਰ ਬਰਾੜ, ਗੁਰਦੀਪ ਸਿੰਘ ਦੀਪ ਸਿੰਘ ਵਾਲਾ ਅਤੇ ਬਲਕਾਰ ਸਿੰਘ ਸਹੋਤਾ ਸਮੇਤ ਹੋਰਨਾਂ ਆਗੂਆਂ ਨੇ ਵੀ ਵਿਚਾਰ ਰੱਖੇ।

## ਗੁਜਰਾਤ ਸਰਕਾਰ ਦੀ 10 ਹਜ਼ਾਰ 'ਆਪ' ਵਰਕਰ ਗ੍ਰਿਫ਼ਤਾਰ ਕਰਨ ਦੀ ਯੋਜਨਾ : ਕੇਜਰੀਵਾਲ

### ਗੁਜਰਾਤ ਦੇ ਸੀ ਐੱਮ ਨੂੰ ਚਿੱਠੀ ਲਿਖ ਕੇ ਮਿਲਣ ਦਾ ਮੰਗਿਆ ਸਮਾਂ

**ਨਵੀਂ ਦਿੱਲੀ** : ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਗੁਜਰਾਤ ਵਿੱਚ ਪਾਰਟੀ ਦੇ ਆਗੂਆਂ ਅਤੇ ਵਰਕਰਾਂ 'ਤੇ ਹੋ ਰਹੇ ਅੱਤਿਆਚਾਰਾਂ ਨੂੰ ਲੈ ਕੇ ਮੁੱਖ ਮੱਤਰੀ ਭੁਪਿੰਦਰ ਪਟੇਲ ਨੂੰ ਪੱਤਰ ਲਿਖ ਕੇ ਮਿਲਣ ਦਾ ਸਮਾਂ ਮੰਗਿਆ ਹੈ। ਉਨ੍ਹਾ ਕਿਹਾ ਕਿ ਗੁਜਰਾਤ ਵਿੱਚ ਪੰਚਾਇਤ ਅਤੇ ਨਗਰ ਪਾਲਿਕਾ ਚੋਣਾਂ ਤੋਂ ਪਹਿਲਾਂ ਸਾਡੇ ਵਰਕਰਾਂ ਨੂੰ ਬਹੁਤ ਵੱਡੇ ਪੱਧਰ ਤੇ ਨਾਜਾਇਜ਼ ਤੌਰ 'ਤੇ ਗ੍ਰਿਫ਼ਤਾਰ ਕੀਤਾ ਜਾ ਰਿਹਾ ਹੈ। 160 ਤੋਂ ਵੱਧ ਵਰਕਰ ਗ੍ਰਿਫ਼ਤਾਰ ਕੀਤੇ ਜਾ ਚੁੱਕੇ ਹਨ ਅਤੇ ਗੁਜਰਾਤ ਸਰਕਾਰ ਦੀ ਯੋਜਨਾ ਅਜੇ 10 ਹਜ਼ਾਰ ਤੋਂ ਵੱਧ ਲੋਕਾਂ ਨੂੰ ਗ੍ਰਿਫ਼ਤਾਰ ਕਰਨ ਦੀ ਹੈ। ਉਨ੍ਹਾਂ ਕਿਹਾ ਕਿ 'ਆਪ' ਦੀ ਵਧਦੀ ਲੋਕਪ੍ਰਿਯਤਾ ਕਾਰਨ ਭਾਜਪਾ ਬੁਰੀ ਤਰ੍ਹਾਂ ਬੁਖਲਾ ਗਈ ਹੈ, ਪਰ ਗੁਜਰਾਤ ਦੇ ਲੋਕ ਅਜਿਹੀਆਂ ਗ੍ਰਿਫ਼ਤਾਰੀਆਂ ਅਤੇ ਗੁੰਡਾਗਰਦੀ ਨੂੰ ਪਸੰਦ ਨਹੀਂ ਕਰਦੇ। ਲੋਕ ਇਸ ਦਾ ਜਵਾਬ ਜ਼ਰੂਰ ਦੇਣਗੇ।ਉਨ੍ਹਾ ਕਿਹਾ ਕਿ ਪਿਛਲੇ 48 ਘੰਟਿਆਂ ਵਿੱਚ ਗੁਜਰਾਤ ਪੁਲਸ ਵੱਲੋਂ ਆਮ ਆਦਮੀ ਪਾਰਟੀ ਦੇ ਵਰਕਰਾਂ ਦੀ ਗ੍ਰਿਫ਼ਤਾਰੀ ਦੇ ਪਿੱਛੇ ਇੱਕ ਖਾਸ ਪੈਟਰਨ ਸਾਫ਼ ਦਿਖਾਈ ਦੇ ਰਿਹਾ ਹੈ, ਜਿਸ ਤਹਿਤ ਆਮ ਆਦਮੀ ਪਾਰਟੀ ਦੇ ਵਰਕਰਾਂ ਨੂੰ ਸੜਕ 'ਤੇ ਸਕੂਟਰ ਜਾਂ ਮੋਟਰਸਾਈਕਲ 'ਤੇ ਪਿੱਛੇ ਤੋਂ ਆਏ ਕੁਝ ਗੁੰਡੇ ਰੋਕਦੇ ਹਨ, ਉਨ੍ਹਾਂ ਨਾਲ ਕੁੱਟਮਾਰ ਅਤੇ ਗਾਲੀ-ਗਲੋਚ ਕਰਦੇ ਹਨ। ਉਹ ਗੁੰਡੇ ਕ੍ਰਾਈਮ ਬ੍ਰਾਂਚ ਨੂੰ ਫੋਨ ਕਰਦੇ ਹਨ, ਕ੍ਰਾਈਮ ਬ੍ਰਾਂਚ ਵਾਲੇ ਦੋ ਮਿੰਟਾਂ ਵਿੱਚ ਮੌਕੇ 'ਤੇ ਪਹੁੰਚ ਜਾਂਦੇ ਹਨ ਅਤੇ ਸਾਡੇ ਵਰਕਰਾਂ ਨੂੰ ਗ੍ਰਿਫ਼ਤਾਰ ਕਰ ਲੈਂਦੇ ਹਨ। ਇੰਝ ਲੱਗਦਾ ਹੈ ਜਿਵੇਂ ਕ੍ਰਾਈਮ ਬ੍ਰਾਂਚ ਵਾਲੇ ਆਸ-ਪਾਸ ਉਨ੍ਹਾਂ • ਬਾਕੀ ਸਫਾ 2 'ਤੇ

## ਹਠੂਰ ਵਿਖੇ ਬੈਲ ਗੱਡੀਆਂ ਦੀਆਂ ਦੌੜਾਂ ਕਰਵਾਈਆਂ



**ਬੱਧਨੀ ਕਲਾਂ (ਲਵਲੀ ਮਾਛੀਕੇ)**-ਸਿੱਖ ਕੌਮ ਦੇ ਮਹਾਨ ਜਰਨੈਲ ਸ: ਹਰੀ ਸਿੰਘ ਨਲੂਆ ਦੀ ਮਿੱਠੀ ਯਾਦ ਨੂੰ ਸਮਰਪਤ ਯੂ ਐੱਸ ਏ ਗਰੁੱਪ, ਐੱਨ ਆਰ ਆਈ ਵੀਰਾਂ, ਗ੍ਰਾਮ ਪੰਚਾਇਤ ਹਠੂਰ ਤੇ ਸਮੂਹ ਪਿੰਡ ਵਾਸੀਆ ਦੇ ਸਹਿਯੋਗ ਨਾਲ ਸਾਲਾਨਾ ਬੈਲ ਗੱਡੀਆਂ ਦੀਆਂ ਦੌੜਾਂ ਹਠੂਰ ਵਿਖੇ ਕਰਵਾਈਆਂ ਗਈਆਂ।ਇਨ੍ਹਾਂ ਦੌੜਾਂ ਦਾ ਉਦਘਾਟਨ ਸਮੂਹ ਪ੍ਰਬੰਧਕੀ ਕਮੇਟੀ ਨੇ ਸਾਂਝੇ ਤੌਰ 'ਤੇ ਰੀਬਨ ਕੱਟ ਕੇ ਕੀਤਾ। ਇਨ੍ਹਾਂ ਦੌੜਾਂ ਵਿੱਚ ਪੰਜਾਬ ਦੇ ਨਾਮੀ 71 ਬੈਲ ਗੱਡੀਆਂ ਵਾਲਿਆਂ ਨੇ ਭਾਗ ਲਿਆ।ਜਿਨ੍ਹਾਂ ਵਿੱਚੋਂ ਪਹਿਲਾ ਸਥਾਨ ਸਨੀ ਮਾਜਰੀ ਤੇ ਗੁਰਵਿੰਦਰ ਸਿੰਘ, ਦੂਜਾ ਇਨਾਮ ਰਾਜਾ ਮੋਹੀ ਤੇ ਗੱਗੀ ਅੱਬੂਵਾਲ, ਤੀਜਾ ਸਥਾਨ ਬਿੰਦਰ ਬੀਰਮੀ ਤੇ ਸ਼ੇਰ ਸਿੰਘ ਦੀ ਗੱਡੀ ਨੇ ਪ੍ਰਾਪਤ ਕੀਤਾ।ਜੇਤੂਆਂ ਨੂੰ ਇਨਾਮ ਤਕਸੀਮ ਕਰਦਿਆਂ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ ਕਿਹਾ ਕਿ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਇਹ ਖੇਡਾਂ ਪਿਛਲੇ 30 ਸਾਲਾਂ ਤੋਂ ਨਿਰਵਿਘਨ ਚੱਲ ਰਹੀਆਂ ਹਨ।ਇਸ ਮੌਕੇ ਲਬੀ ਡੱਲਾ ਨੂੰ ਸਾਈਕਲ ਤੇ ਭੱਠਲ ਝੋਰੜਾ ਨੂੰ ਮੋਟਰਸਾਈਕਲ ਨਾਲ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।ਇਸ ਮੌਕੇ ਉਨ੍ਹਾ ਨਾਲ ਸਰਪੰਚ ਨਿੱਪਾ ਹਠੂਰ, ਜਗਜੀਤ ਸਿੰਘ ਧਾਲੀਵਾਲ, ਦਰਸ਼ਨ ਸਿੰਘ ਧਾਲੀਵਾਲ, ਫੌਜੀ ਯੂ ਐੱਸ ਏ, ਗੁਰਪ੍ਰੀਤ ਸਿੰਘ, ਦੀਪ ਹਠੂਰ, ਹਰਸ਼ ਉੱਪਲ, ਪ੍ਰਧਾਨ ਲਾਡੀ ਸਿੰਘ, ਲਾਡੀ ਧਾਲੀਵਾਲ, ਬੱਬੀ ਗਰੇਵਾਲ, ਬੱਬੂ ਗਰੇਵਾਲ, ਮਨੀ ਬੇਦੀ, ਕਿਸਾਨ ਆਗੂ ਕਮਲਜੀਤ ਸਿੰਘ, ਗੁਰਪ੍ਰੀਤ ਸਿੰਘ, ਪੰਚ ਅਮਨਦੀਪ ਸਿੰਘ ਅੰਮੂ, ਸਾਬਕਾ ਪੰਚ ਅਮਨਪ੍ਰੀਤ ਸਿੰਘ ਫਰਵਾਹਾ, ਪੰਚ ਰਣਜੋਧ ਸਿੰਘ ਜੋਧਾ, ਨਰਿੰਦਰ ਸਿੰਘ, ਨੰਬੜਦਾਰ ਮੇਹਰਦੀਪ ਸਿੰਘ, ਗ੍ਰਾਮ ਪੰਚਾਇਤ ਹਠੂਰ ਆਦਿ ਹਾਜ਼ਰ ਸਨ।

# ਸਰਕਾਰ ਦੀ ਵਾਅਦਾ-ਖਿਲਾਫੀ ਸੰਬੰਧੀ ਫਰਦ ਕੇਂਦਰ ਮੁਲਾਜ਼ਮਾਂ ਵੱਲੋਂ ਮੀਟਿੰਗ

### ਮੰਗਾਂ ਦੇ ਹੱਲ ਲਈ 4 ਤੋਂ 7 ਅਪ੍ਰੈਲ ਤੱਕ ਹੜਤਾਲ ਕਰਕੇ ਕੰਮ ਬੰਦ ਰੱਖਣ ਦਾ ਐਲਾਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**



ਫਰਦ ਕੇਂਦਰ ਮੁਲਾਜ਼ਮਾਂ ਵੱਲੋਂ ਸਰਕਾਰ ਦੀ ਵਾਅਦਾ ਖਿਲਾਫੀ ਦੇ ਸਬੰਧ ਵਿੱਚ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਫਰਦ ਕੇਂਦਰ ਮੁਲਾਜ਼ਮਾਂ ਨੇ ਦੱਸਿਆ ਕਿ ਫਰਦ ਕੇਂਦਰ ਦੇ ਭਵਿੱਖ ਨੂੰ ਲੈ ਕੇ ਸਰਕਾਰ ਦੇ ਦਰਬਾਰ ਵਿੱਚ ਕਈ ਵਾਰ ਮੀਟਿੰਗਾਂ ਹੋ ਚੁੱਕੀਆਂ ਹਨ, ਜਿਨ੍ਹਾਂ ਵਿੱਚ ਸਾਡੇ ਬਰਖਾਸਤ ਕੀਤੇ ਸਾਥੀਆਂ ਨੂੰ ਮੁੜ ਬਹਾਲ ਕਰਨ ਸਬੰਧੀ ਸਹਿਮਤੀ ਬਣੀ ਸੀ, ਪਰ ਕਈ ਮਹੀਨੇ ਬੀਤ ਜਾਣ ਦੇ ਬਾਵਜੂਦ ਉੱਚ ਅਧਿਕਾਰੀਆਂ ਵੱਲੋਂ ਟਾਲ-ਮਟੋਲ ਦਾ ਰਵੱਈਆ ਅਪਣਾਇਆ ਜਾ ਰਿਹਾ ਹੈ। ਇਸ ਦੇ ਨਾਲ ਫਰਦ ਕੇਂਦਰ ਕੰਪਿਊਟਰ ਆਪ੍ਰੇਟਰ ਐਸੋਸੀਏਸ਼ਨ ਦੀ ਹੋਰ ਮੰਗ ਮਾਰਚ ਮਹੀਨੇ ਵਿੱਚ ਵਧੀ ਹੋਈ ਤਨਖਾਹ ਬਾਰੇ ਸੀ, ਉਸ ਸਬੰਧ ਵਿੱਚ ਵੀ ਕੋਈ ਪੱਤਰ ਅਜੇ ਤੱਕ ਜਾਰੀ ਨਹੀਂ ਕੀਤਾ ਗਿਆ ਹੈ। ਐਸੋਸੀਏਸ਼ਨ ਦੇ ਆਗੂਆਂ ਨੇ ਦੱਸਿਆ ਕਿ ਮੌਜੂਦਾ ਸੀਐੱਮਐੱਸ ਕੰਪਨੀ ਦਾ ਟੈਂਡਰ 31 ਮਾਰਚ ਨੂੰ ਖਤਮ ਹੋ ਰਿਹਾ ਹੈ, ਜਿਸ ਦੀ ਜਾਣਕਾਰੀ ਆਪਰੇਟਰਾਂ ਨੂੰ ਕੰਪਨੀ ਵੱਲੋਂ ਦਿੱਤੀ ਗਈ ਸੀ। ਹੁਣ 1 ਅਪ੍ਰੈਲ ਤੋਂ ਫਰਦ ਕੇਂਦਰ ਦੇ ਮੁਲਾਜ਼ਮ ਕਿਸ ਹੈਸੀਅਤ ਨਾਲ ਤੇ ਕਿਸ ਵਿਭਾਗ ਦੇ ਅਧੀਨ ਕੰਮ ਕਰਨਗੇ, ਇਸ ਬਾਰੇ ਸਰਕਾਰ ਵੱਲੋਂ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ ਹੈ। ਮਾਲੂਮ ਹੋਇਆ ਹੈ ਕਿ ਕੁਝ ਅਨਅਧਿਕਾਰਤ ਸੂਤਰਾਂ ਤੋਂ ਪਤਾ ਲੱਗਾ ਹੈ ਕਿ ਕੰਪਨੀ ਦਾ ਜ਼ੁਬਾਨੀ ਤੌਰ 'ਤੇ ਮਈ 2026 ਤੱਕ ਕਾਰਜਕਾਲ ਵਧਾ ਦਿੱਤਾ ਗਿਆ ਹੈ, ਉਹ ਵੀ ਬਿਨਾਂ ਕਿਸੇ ਟੈਂਡਰ ਦੇ, ਜਿਸ ਦਾ ਸਿੱਧਾ ਮਤਲਬ ਹੈ ਕਿ ਸਰਕਾਰੀ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਇੰਨੇ ਵੱਡੇ ਪੱਧਰ 'ਤੇ ਘੁਟਾਲਾ ਹੋਣ ਜਾ ਰਿਹਾ ਹੈ। ਉਕਤ ਘੁਟਾਲੇ ਦੇ ਸਬੰਧ ਵਿੱਚ ਕਾਨੂੰਨੀ ਮਾਹਿਰਾਂ ਤੋਂ ਵੀ ਸਲਾਹ ਲਈ ਜਾ ਰਹੀ ਹੈ ਤੇ ਵਿਰੋਧ ਕਰਦੇ ਹੋਏ ਫਰਦ ਕੇਂਦਰ ਯੂਨੀਅਨ 4 ਤੋਂ 7 ਅਪ੍ਰੈਲ 2026 ਤੱਕ ਹੜਤਾਲ 'ਤੇ ਜਾ ਰਹੀ ਹੈ। ਇਸ ਦੌਰਾਨ ਫਰਦ ਕੇਂਦਰ ਦਾ ਕੰਮ ਪੂਰੀ ਤਰ੍ਹਾਂ ਬੰਦ ਰਹੇਗਾ। ਐਸੋਸੀਏਸ਼ਨ ਆਗੂਆਂ ਅਨੁਸਾਰ ਆਉਣ ਵਾਲੇ ਸਮੇਂ ਵਿੱਚ ਉਹ ਆਪਣਾ ਸੰਘਰਸ਼ ਹੋਰ ਵੀ ਤੇਜ਼ ਕਰਨਗੇ, ਜਦੋਂ ਤੱਕ ਉਨ੍ਹਾਂ ਦੀਆਂ ਜਾਇਜ਼ ਤੇ ਹੱਕੀ ਮੰਗਾਂ ਦਾ ਹੱਲ ਨਹੀਂ ਨਿਕਲਦਾ।

## ਨਸ਼ੇ ਦੀਆਂ ਗੋਲੀਆਂ ਦੇ ਧੰਦੇ ਖ਼ਿਲਾਫ਼ ਦੁਕਾਨਦਾਰਾਂ ਵੱਲੋਂ ਹਸਪਤਾਲ ਅੱਗੇ ਧਰਨਾ



**ਬੁਢਲਾਡਾ (ਅਸ਼ੋਕ ਲਾਕੜਾ)**-ਸਰਕਾਰੀ ਹਸਪਤਾਲ ਅੱਗੇ ਦੁਕਾਨਦਾਰਾਂ ਵੱਲੋਂ ਨਸ਼ੇ ਦੀਆਂ ਗੋਲੀਆਂ ਦੇ ਗੈਰਕਾਨੂੰਨੀ ਧੰਦੇ ਖ਼ਿਲਾਫ਼ ਧਰਨਾ ਲਗਾ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਕਈ ਵਾਰ ਥਾਣਾ ਸਿਟੀ ਤੇ ਡੀਐੱਸਪੀ ਨੂੰ ਦਰਖ਼ਾਸਤਾਂ ਦੇਣ ਦੇ ਬਾਵਜੂਦ ਪੁਲਸ ਵੱਲੋਂ ਕੋਈ ਢੁੱਕਵੀਂ ਕਾਰਵਾਈ ਨਹੀਂ ਕੀਤੀ ਗਈ, ਜਿਸ ਕਾਰਨ ਉਨ੍ਹਾਂ ਵਿੱਚ ਭਾਰੀ ਨਾਰਾਜ਼ਗੀ ਹੈ।ਮੌਕੇ 'ਤੇ ਐੱਸ ਐੱਚ ਓ ਸਿਟੀ ਬੁਢਲਾਡਾ ਪਹੁੰਚੇ ਤੇ ਨਸ਼ੇੜੀਆਂ ਨੂੰ ਉਥੋਂ ਖਦੇੜਿਆ ਤੇ ਦੁਕਾਨਦਾਰਾਂ ਨੂੰ ਭਰੋਸਾ ਦਿਵਾਇਆ ਕਿ ਅੱਗੇ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।ਦੁਕਾਨਦਾਰਾਂ ਨੇ ਚੇਤਾਵਨੀ ਦਿੱਤੀ ਕਿ ਜੇ ਮਸਲਾ ਹੱਲ ਨਾ ਹੋਇਆ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

## ਅਮਨਦੀਪ ਹਸਪਤਾਲ ਨੇ ਉਜਾਲਾ ਸਿਗਨਸ ਨਾਲ ਸਾਂਝ ਕਰਕੇ ਸਿਹਤ ਸੇਵਾਵਾਂ ਵਧਾਈਆਂ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਅਮਨਦੀਪ ਹਸਪਤਾਲ ਨੇ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ ਉਜਾਲਾ ਸਿਗਨਸ ਨਾਲ ਸਾਂਝ ਕਰਕੇ ਆਪਣੇ ਇੰਪੈਨਲਮੈਂਟ ਦਾ ਵਿਸਥਾਰ ਕੀਤਾ ਹੈ। ਇਸ ਪਹਿਲ ਦੇ ਤਹਿਤ ਹੁਣ ਵੱਧ ਤੋਂ ਵੱਧ ਮਰੀਜ਼ਾਂ ਨੂੰ ਕੈਸ਼ਲੈਸ ਤੇ ਰੀਅੰਬਰਸਮੈਂਟ ਸੁਵਿਧਾਵਾਂ ਰਾਹੀਂ ਬਿਹਤਰ ਤੇ ਆਸਾਨ ਇਲਾਜ ਮਿਲੇਗਾ। ਜਾਣਕਾਰੀ ਦਿੰਦਿਆਂ ਹਸਪਤਾਲ ਦੇ ਫੈਸਿਲਿਟੀ ਡਾਇਰੈਕਟਰ ਡਾ. ਅਭਿਸ਼ੇਕ ਅਰੋੜਾ ਨੇ ਦੱਸਿਆ ਕਿ ਇਸ ਨਵੇਂ ਇੰਪੈਨਲਮੈਂਟ ਨਾਲ ਖੇਤਰ ਦੇ ਮਰੀਜ਼ਾਂ ਨੂੰ ਵੱਡੀ ਰਾਹਤ ਮਿਲੇਗੀ ਤੇ ਉਨ੍ਹਾਂ ਨੂੰ ਵੱਖ-ਵੱਖ ਬੀਮਾ ਯੋਜਨਾਵਾਂ ਹੇਠ ਇਲਾਜ ਲੈਣ ਵਿੱਚ ਆਸਾਨੀ ਹੋਵੇਗੀ। ਉਨ੍ਹਾਂ ਕਿਹਾ ਕਿ ਹਸਪਤਾਲ ਦਾ ਮੁੱਖ ਉਦੇਸ਼ ਹਰ ਵਰਗ ਤੱਕ ਉੱਚ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਪਹੁੰਚਾਉਣਾ ਹੈ ਤੇ ਇਸੇ ਦਿਸ਼ਾ ਵਿੱਚ ਇਹ ਕਦਮ ਚੁੱਕਿਆ ਗਿਆ ਹੈ। ਹਸਪਤਾਲ ਹੁਣ ਕਈ ਪ੍ਰਮੁੱਖ ਨਿੱਜੀ ਬੀਮਾ ਕੰਪਨੀਆਂ ਦੇ ਪੈਨਲ ਵਿੱਚ ਸ਼ਾਮਲ ਹੋ ਗਿਆ ਹੈ, ਜਿਨ੍ਹਾਂ ਵਿੱਚ ਆਦਿੱਤਿਆ ਬਿਰਲਾ ਹੈਲਥ ਇੰਸ਼ੋਰੈਂਸ, ਕੇਅਰ ਹੈਲਥ ਇੰਸ਼ੋਰੈਂਸ, ਪਾਰਕ ਮੈਡੀਕਲੇਮ ਇੰਸ਼ੋਰੈਂਸ ਟੀਪੀਏ ਲਿਮਿਟਡ, ਆਈਸੀਆਈਸੀਆਈ ਲੋਂਬਾਰਡ ਜਨਰਲ ਇੰਸ਼ੋਰੈਂਸ, ਐੱਚਡੀਐੱਫਸੀ ਈਆਰਜੀਓ ਤੇ ਰਿਲਾਇੰਸ ਜਨਰਲ ਇੰਸ਼ੋਰੈਂਸ ਸ਼ਾਮਲ ਹਨ। ਇਸ ਤੋਂ ਇਲਾਵਾ, ਹਸਪਤਾਲ ਉੱਤਰ ਰੇਲਵੇ ਤੇ ਸਤਕਾਰ ਹੈਲਥ ਸਕੀਮ ਵਰਗੀਆਂ ਸਰਕਾਰੀ ਯੋਜਨਾਵਾਂ ਨਾਲ ਵੀ ਜੁੜਿਆ ਹੋਇਆ ਹੈ, ਜਿਸ ਨਾਲ ਆਮ ਲੋਕਾਂ ਨੂੰ ਇਲਾਜ ਵਿੱਚ ਹੋਰ ਵੀ ਸੁਵਿਧਾ ਮਿਲੇਗੀ। ਹਸਪਤਾਲ ਦੀ ਡਾਇਰੈਕਟਰ ਡਾ. ਅਮਨਦੀਪ ਕੌਰ ਨੇ ਕਿਹਾ ਕਿ ਉਨ੍ਹਾਂ ਦਾ ਲਕਸ਼ ਹਰ ਵਿਅਕਤੀ ਤੱਕ ਸਸਤੀ ਤੇ ਬਿਹਤਰ ਸਿਹਤ ਸੇਵਾਵਾਂ ਪਹੁੰਚਾਉਣਾ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਇਸ ਵਿਸਥਾਰ ਨਾਲ ਸਮਾਜ ਦੇ ਵੱਡੇ ਹਿੱਸੇ ਨੂੰ ਲਾਭ ਮਿਲੇਗਾ ਅਤੇ ਮਰੀਜ਼ਾਂ ਨੂੰ ਹੋਰ ਚੰਗੀਆਂ ਮੈਡੀਕਲ ਸੁਵਿਧਾਵਾਂ ਪ੍ਰਾਪਤ ਹੋਣਗੀਆਂ। ਇਸ ਨਵੀਂ ਪਹਿਲ ਨਾਲ ਅਮਨਦੀਪ ਹਸਪਤਾਲ ਨੇ ਇਕ ਵਾਰ ਫਿਰ ਸਾਬਿਤ ਕੀਤਾ ਹੈ ਕਿ ਉਹ ਖੇਤਰ ਵਿੱਚ ਸਸਤੀ, ਸੁਗਮ ਤੇ ਉੱਚ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਦੇਣ ਲਈ ਵਚਨਬੱਧ ਹੈ।

## ਸੰਧਵਾਂ ਨੇ ਡਾ. ਅੰਬੇਡਕਰ ਦੇ ਬੁੱਤ ਦੀ ਉਸਾਰੀ ਲਈ ਦੋ ਲੱਖ ਦਾ ਚੈੱਕ ਭੇਜਿਆ

### ਵਿਧਾਇਕ ਕੋਹਲੀ ਤੇ ਮੇਅਰ ਗੋਗੀਆ ਨੇ ਸੁਸਾਇਟੀ ਨੂੰ ਸੌਂਪਿਆ ਚੈੱਕ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਵੱਲੋਂ ਪਟਿਆਲਾ ਦੇ ਪੁਰਾਣੇ ਬੱਸ ਅੱਡੇ ਨੇੜੇ ਸੰਵਿਧਾਨ ਨਿਰਮਾਤਾ ਭਾਰਤ ਰਤਨ ਡਾ. ਬੀ. ਆਰ. ਅੰਬੇਡਕਰ ਦੇ ਬੁੱਤ ਦੀ ਉਸਾਰੀ ਲਈ ਦੋ ਲੱਖ ਰੁਪਏ ਦੀ ਗਰਾਂਟ ਭੇਜੀ ਗਈ ਹੈ।ਇਸ ਗਰਾਂਟ ਰਾਸ਼ੀ ਦਾ ਚੈੱਕ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਤੇ ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ ਨੇ ਡਾ. ਭੀਮ ਰਾਓ ਅੰਬੇਡਕਰ ਵੈੱਲਫੇਅਰ ਸੁਸਾਇਟੀ ਪਟਿਆਲਾ ਦੇ ਪ੍ਰਧਾਨ ਤੇ ਹੋਰ ਅਹੁਦੇਦਾਰਾਂ ਨੂੰ ਸੌਂਪਿਆ।ਇਸ ਮੌਕੇ ਵਿਧਾਇਕ ਕੋਹਲੀ ਨੇ ਕਿਹਾ ਕਿ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਇਹ ਵਿਸ਼ੇਸ਼ ਗਰਾਂਟ ਆਪਣੇ ਅਖ਼ਤਿਆਰੀ ਕੋਟੇ ਵਿੱਚੋਂ ਜਾਰੀ ਕੀਤੀ ਹੈ ਤਾਂ ਕਿ ਡਾ. ਬੀ. ਆਰ. ਅੰਬੇਡਕਰ ਦੇ ਇਸ ਵਿਸ਼ਾਲ ਬੁੱਤ ਦੀ ਉਸਾਰੀ ਜਲਦ ਮੁਕੰਮਲ ਕਰਵਾਈ ਜਾ ਸਕੇ।ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਹੁਸ਼ਿਆਰਪੁਰ ਦੇ ਨੂਰਪੁਰ ਜੱਟਾਂ 'ਚ ਸੰਵਿਧਾਨ ਨਿਰਮਾਤਾ ਦੇ ਬੁੱਤ ਦੀ ਬੇਅਦਬੀ ਨੂੰ ਕਿਸੇ ਵੀ ਹਾਲਤ 'ਚ ਸਹਿਣ ਨਹੀਂ ਕੀਤਾ ਜਾ ਸਕਦਾ ਤੇ ਅਜਿਹੇ ਦੋਸ਼ੀਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਇਸ ਮੌਕੇ ਕੌਂਸਲਰ ਨੇਹਾ ਸਿੱਧੂ, ਸਾਗਰ ਧਾਲੀਵਾਲ ਤੇ ਜਗਮੋਹਨ ਚੌਹਾਨ ਸਮੇਤ ਸੰਜੀਵ ਕੁਮਾਰ, ਗੋਬਿੰਦ ਬਡੂੰਗਰ, ਰਜੇਸ਼ ਕਾਰੂ, ਸੋਨੂ ਸੰਗਰ, ਪ੍ਰਿੰਸ ਪ੍ਰਧਾਨ, ਨਰੇਸ਼ ਬੌਂਵੀ ਤੇ ਵਿਨੇ ਪਰੋਚਾ ਸਮੇਤ ਹੋਰ ਮੌਜੂਦ ਸਨ।

## ਜਸਵਿੰਦਰ ਕੌਰ ਦਿਓਲ ਨੂੰ ਸੇਵਾ ਮੁਕਤੀ 'ਤੇ ਸ਼ਾਨਦਾਰ ਵਿਦਾਇਗੀ

**ਚੌਂਕੀਮਾਨ (ਇੰਜ. ਬਲਬੀਰ ਸਿੰਘ ਮਾਨ)**-ਹਲਕਾ ਸਹਾਇਕ ਸ੍ਰੀਮਤੀ ਜਸਵਿੰਦਰ ਕੌਰ ਦਿਓਲ ਸੰਚਾਲਨ ਮੰਡਲ ਅੱਡਾ ਦਾਖਾ ਤੋਂ 58 ਸਾਲ ਦੀ ਉਮਰ ਪੂਰੀ ਕਰਨ ਉਪਰੰਤ ਬਤੌਰ ਹਲਕਾ ਸਹਾਇਕ ਦੀਆਂ ਸੇਵਾਵਾਂ ਤੋਂ ਸੇਵਾ ਮੁਕਤ ਹੋਏ।ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਸਬੰਧਤ ਏਟਕ ਦੇ ਮੰਡਲ ਸਕੱਤਰ ਤੇ ਸਰਕਲ ਵਿੱਤ ਸਕੱਤਰ ਦਰਸ਼ਨ ਸਿੰਘ ਦਾਖਾ ਨੇ ਸਨਮਾਨ ਪੱਤਰ ਪੜ੍ਹਦਿਆਂ ਦੱਸਿਆ ਕਿ ਆਪ ਜੀ ਨੇ ਮਿਤੀ 18.5.87 ਨੂੰ ਪੰਜਾਬ ਰਾਜ ਬਿਜਲੀ ਬੋਰਡ ਹੁਣ ਪਾਵਰਕਾਮ ਵਿੱਚ ਬਤੌਰ ਹੇਠਲੀ ਸ਼੍ਰੇਣੀ ਕਲਰਕ ਭਰਤੀ ਹੋ ਕੇ ਆਪਣੀਆਂ ਸੇਵਾਵਾਂ ਸ਼ੁਰੂ ਕੀਤੀਆਂ।ਆਪ ਸਰਵਿਸ ਦੌਰਾਨ ਮਿਤੀ 16-07-2019 ਨੂੰ ਉੱਚ ਸ਼੍ਰੇਣੀ ਕਲਰਕ ਪਦ ਉੱਨਤ ਹੋਣ ਤੇ ਆਪ ਨੇ ਸਬ ਅਰਬਨ ਸਬ ਡਵੀਜ਼ਨ ਅੱਡਾ ਦਾਖਾ ਤੋਂ ਵੰਡ ਮੰਡਲ ਅੱਡਾ ਦਾਖਾ ਵਿੱਚ ਜੁਆਇੰਨ ਕੀਤਾ।ਆਪ 21.10.2025 ਨੂੰ ਉੱਚ ਸ਼੍ਰੇਣੀ ਕਲਰਕ ਤੋਂ ਹਲਕਾ ਸਹਾਇਕ ਪਦ ਉੱਨਤ ਹੋਏ।ਇਸ ਸਮੇਂ ਦੌਰਾਨ ਆਪ ਦੀਆਂ ਸੇਵਾਵਾਂ ਬੇਦਾਗ ਰਹੀਆਂ।ਉਪ੍ਰੋਕਤ ਨਿਭਾਈਆਂ ਸੇਵਾਵਾਂ ਤੇ ਜਥੇਬੰਦੀ ਦੁਆਰਾ ਕੀਤੇ ਸੰਘਰਸ਼ਾਂ ਵਿੱਚ ਪਾਏ ਯੋਗਦਾਨ ਨੂੰ ਜਥੇਬੰਦੀ ਹਮੇਸ਼ਾ ਯਾਦ ਰੱਖੇਗੀ। ਇਸ ਉਪਰੰਤ ਪ੍ਰਧਾਨ ਹਰਦਿਆਲ ਸਿੰਘ ਘੁਮਾਣ, ਸਕੱਤਰ ਦਰਸ਼ਨ ਸਿੰਘ ਦਾਖਾ, ਬਲਵਿੰਦਰ ਸਿੰਘ ਇਯਾਲੀ, ਹੰਸ ਰਾਜ ਜੰਮੂ, ਮਨਜੀਤ ਸਿੰਘ ਬੁਰਜ ਲਿੱਟਾਂ, ਮਿਲਖਾ ਸਿੰਘ ਹਸਨਪੁਰ, ਬਲਬੀਰ ਸਿੰਘ, ਭਰਪੂਰ ਸਿੰਘ ਸਿੱਧਵਾਂ ਖੁਰਦ, ਕੁਲਵਿੰਦਰ ਕੌਰ, ਕੁਲਵੰਤ ਕੌਰ, ਪਰਮਜੀਤ ਕੌਰ ਰਕਬਾ, ਗੁਰਦੀਪ ਸਿੰਘ ਮਾਨ, ਰਾਜ ਕੁਮਾਰ, ਅਮਰੀਕ ਸਿੰਘ ਤਲਵੰਡੀ, ਸੁਖਦੇਵ ਸਿੰਘ ਅੱਬੂਵਾਲ, ਚਰਨਜੀਤ ਸਿੰਘ ਘਮਨੇਵਾਲ, ਰਾਜਿੰਦਰ ਸਿੰਘ, ਜਸਮੇਲ ਸਿੰਘ,ਜੰਗ ਬਹਾਦਰ ਸਿੰਘ ਮੋਹੀ, ਹਰਨੇਕ ਸਿੰਘ ਮੋਰਕਰੀਮਾਂ, ਰਾਜਿੰਦਰ ਸਿੰਘ ਐੱਸ ਐੱਸ ਓ ਦਾਖਾ, ਗੁਰਮਿੰਦਰ ਸਿੰਘ ਹਿੱਸੋਵਾਲ, ਜੀਤੀ ਸਿੰਘ, ਹਰੀ ਭਗਵਾਨ, ਅਮਰੀਕ ਸਿੰਘ ਤਲਵੰਡੀ, ਕੇਹਰ ਸਿੰਘ ਸਵੱਦੀ, ਦਵਿੰਦਰ ਸਿੰਘ ਜੇ ਈ, ਦਲਜੀਤ ਸਿੰਘ ਕੁਲਾਰ, ਜਸਪਿੰਦਰ ਸਿੰਘ, ਅਰਵਿੰਦਰ ਸਿੰਘ, ਗੁਰਮਿੰਦਰ ਸਿੰਘ ਮੀਤ ਪ੍ਰਧਾਨ ਏਟਕ, ਆਦਿ ਨੇ ਮੁਬਾਰਕ ਬਾਦ ਦਿੰਦਿਆਂ ਉਨ੍ਹਾਂ ਨੂੰ 38 ਸਾਲ ਦੀਆਂ ਬੇਦਾਗ ਸੇਵਾਵਾਂ ਕਰਕੇ ਵਿਦਾਇਗੀ ਪਾਰਟੀ ਸਮੇਂ ਸੂਬਾ ਪ੍ਰੈੱਸ ਸਕੱਤਰ ਬਲਬੀਰ ਸਿੰਘ ਮਾਨ ਦੀ ਅਗਵਾਈ ਵਿੱਚ 01 ਅਪ੍ਰੈਲ ਨੂੰ ਸਨਮਾਨ ਨਿਸ਼ਾਨੀਆਂ ਦੇ ਕੇ ਸਨਮਾਨਤ ਕੀਤਾ ਗਿਆ।ਆਏ ਸਮੂਹ, ਸਾਥੀਆਂ, ਰਿਸ਼ਤੇਦਾਰਾਂ, ਦੋਸਤਾਂ, ਮਿੱਤਰਾਂ ਦਾ ਪ੍ਰਧਾਨ ਹਰਦਿਆਲ ਸਿੰਘ ਘੁਮਾਣ ਨੇ ਤਹਿ ਦਿਲੋਂ ਧੰਨਵਾਦ ਕੀਤਾ।

## ਫਿਰਕੂ ਤਾਕਤਾਂ ਪੰਜਾਬ 'ਚ ਭਾਈਚਾਰਕ ਸਾਂਝ ਨੂੰ ਤੋੜਨ ਦੀ ਫ਼ਿਰਾਕ 'ਚ : ਭਾਜਪਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਹੁਸ਼ਿਆਰਪੁਰ ਵਿੱਚ ਸੰਵਿਧਾਨ ਨਿਰਮਾਤਾ ਡਾ. ਭੀਮਰਾਓ ਅੰਬੇਡਕਰ ਜੀ ਦੇ ਬੁੱਤ ਨੂੰ ਖੰਡਿਤ ਕਰਨ ਦੇ ਮਾਮਲੇ ਤੇ ਭਾਰਤੀ ਜਨਤਾ ਪਾਰਟੀ ਦੇ ਪ੍ਰਦੇਸ਼ ਜਨਰਲ ਸਕੱਤਰ ਅਨਿਲ ਸਰੀਨ ਨੇ ਪੰਜਾਬ ਸਰਕਾਰ 'ਤੇ ਤਿੱਖਾ ਹਮਲਾ ਕੀਤਾ ਹੈ। ਉਨ੍ਹਾਂ ਇਸ ਘਟਨਾ ਨੂੰ ਕਾਨੂੰਨ-ਵਿਵਸਥਾ ਦੀ ਪੂਰੀ ਤਰ੍ਹਾਂ ਨਾਕਾਮੀ ਕਰਾਰ ਦਿੰਦਿਆਂ ਕਿਹਾ ਕਿ ਪੰਜਾਬ ਵਿੱਚ ਫਿਰਕੂ ਤਾਕਤਾਂ ਪੰਜਾਬ ਦੀ ਭਾਈਚਾਰਕ ਸਾਂਝ ਨੂੰ ਖੇਰੂੰ ਖੇਰੂੰ ਕਰਨ ਦੀ ਫਿਰਾਕ ਵਿੱਚ ਹਨ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ, ਸਾਬਕਾ ਐੱਮ. ਪੀ. ਕੇਵਲ ਸਿੰਘ, ਸਾਬਕਾ ਜ਼ਿਲ੍ਹਾ ਪ੍ਰਧਾਨ ਵਿਜੈ ਸ਼ਰਮਾ ਵੀ ਮੌਜੂਦ ਸਨ। ਅਨਿਲ ਸਰੀਨ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਹਰ ਮੋਰਚੇ 'ਤੇ ਅਸਫਲ ਸਾਬਤ ਹੋ ਰਹੀ ਹੈ।ਉਨ੍ਹਾਂ ਦੋਸ਼ ਲਗਾਇਆ ਕਿ ਪੰਜਾਬ ਵਿੱਚ ਗੈਂਗਸਟਰ, ਨਸ਼ਾ ਤਸਕਰ ਤੇ ਗੁੰਡਾ ਅਨਸਰ ਬੇਖੌਫ ਹੋ ਕੇ ਘਟਨਾਵਾਂ ਨੂੰ ਅੰਜਾਮ ਦੇ ਰਹੇ ਹਨ, ਜਦਕਿ ਸਰਕਾਰ ਸਿਰਫ ਬਿਆਨਬਾਜ਼ੀ ਤੱਕ ਸੀਮਿਤ ਹੈ।ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਪ੍ਰਤਿਮਾ ਨੂੰ ਨੁਕਸਾਨ ਪਹੁੰਚਾਉਣਾ ਸਿਰਫ ਇੱਕ ਵਿਅਕਤੀ ਜਾਂ ਸਮੁਦਾਇ ਦਾ ਅਪਮਾਨ ਨਹੀਂ, ਬਲਕਿ ਦੇਸ਼ ਦੇ ਸੰਵਿਧਾਨ ਤੇ ਉਸ ਦੀ ਮੂਲ ਭਾਵਨਾ ਤੇ ਹਮਲਾ ਹੈ।ਇਸ ਦੇ ਬਾਵਜੂਦ ਸਰਕਾਰ ਵੱਲੋਂ ਸੁਰੱਖਿਆ ਪ੍ਰਬੰਧਾਂ ਵਿੱਚ ਲਾਪ੍ਰਵਾਹੀ ਬਹੁਤ ਚਿੰਤਾਜਨਕ ਹੈ। ਭਾਜਪਾ ਨੇਤਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵਾਰ-ਵਾਰ ਸੰਵਿਧਾਨ ਤੇ ਲੋਕਤੰਤਰ ਦੀ ਗੱਲ ਕਰਦੇ ਹਨ, ਪਰ ਜ਼ਮੀਨੀ ਹਕੀਕਤ ਇਸ ਦੇ ਉਲਟ ਹੈ।ਅਨਿਲ ਸਰੀਨ ਨੇ ਕਿਹਾ ਕਿ ਪ੍ਰਦੇਸ਼ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਲਗਾਤਾਰ ਖਰਾਬ ਹੋ ਰਹੀ ਹੈ।ਹਰ ਰੋਜ਼ ਕਤਲ, ਲੁੱਟ, ਫਿਰੌਤੀ ਤੇ ਧਾਰਮਿਕ ਸਥਾਨਾਂ ਜਾਂ ਮਹਾਨ ਵਿਅਕਤੀਆਂ ਦੀਆਂ ਪ੍ਰਤਿਮਾਵਾਂ ਨਾਲ ਛੇੜਛਾੜ ਵਰਗੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ, ਜਿਸ ਨਾਲ ਆਮ ਲੋਕਾਂ ਵਿੱਚ ਡਰ ਦਾ ਮਾਹੌਲ ਬਣਿਆ ਹੋਇਆ ਹੈ।ਉਨ੍ਹਾਂ ਇਹ ਵੀ ਕਿਹਾ ਕਿ ਜੇ ਸਰਕਾਰ ਸਮੇਂ ਰਹਿੰਦਿਆਂ ਸਖ਼ਤ ਕਦਮ ਨਹੀਂ ਚੁੱਕਦੀ, ਤਾਂ ਅਜਿਹੀਆਂ ਘਟਨਾਵਾਂ ਸਮਾਜਿਕ ਸਾਂਝ ਨੂੰ ਗੰਭੀਰ ਨੁਕਸਾਨ ਪਹੁੰਚਾ ਸਕਦੀਆਂ ਹਨ।ਭਾਜਪਾ ਨੇ ਇਸ ਘਟਨਾ ਦੀ ਕੜੇ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਦੋਸ਼ੀਆਂ ਦੀ ਜਲਦ ਗ੍ਰਿਫਤਾਰੀ ਤੇ ਉਨ੍ਹਾਂ ਨੂੰ ਕੜੀ ਸਜ਼ਾ ਦੇਣ ਦੀ ਮੰਗ ਕੀਤੀ ਹੈ।

## ਚੇਅਰਮੈਨ ਜੁਨੇਜਾ ਨੇ ਹਰਪਾਲ ਚੀਮਾ ਨੂੰ ਟਰਾਂਸਪੋਰਟ ਮੰਤਰੀ ਬਣਨ 'ਤੇ ਦਿੱਤੀ ਵਧਾਈ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੀ.ਆਰ.ਟੀ.ਸੀ. ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਵਿੱਤ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾ ਵੱਲੋਂ ਟਰਾਂਸਪੋਰਟ ਵਿਭਾਗ ਦਾ ਚਾਰਜ ਸੰਭਾਲਣ 'ਤੇ ਉਨ੍ਹਾਂ ਨੂੰ ਵਧਾਈ ਦਿੱਤੀ ਹੈ।ਇਸ ਮੌਕੇ ਐਡਵੋਕੇਟ ਜੁਨੇਜਾ ਨੇ ਨਵੇਂ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਵਾਰੀਆਂ ਨੂੰ ਬਿਹਤਰ ਬੱਸ ਸੇਵਾ ਮੁਹੱਈਆ ਕਰਵਾਉਣ ਤੇ ਬੰਦ ਪਏ ਰੂਟਾਂ ਨੂੰ ਸਵਾਰੀਆਂ ਲਈ ਚਲਾਉਣ ਲਈ ਪੀ.ਆਰ.ਟੀ.ਸੀ. ਦੇ ਬੇੜੇ ਵਿੱਚ ਜਲਦ ਹੀ 663 ਨਵੀਆਂ ਬੱਸਾਂ ਸ਼ਾਮਲ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿੱਚੋਂ 250 ਬੱਸਾਂ ਜਲਦ ਹੀ ਸ਼ਾਮਲ ਕਰਕੇ ਸਵਾਰੀਆਂ ਨੂੰ ਬੱਸ ਸਰਵਿਸ ਮੁਹੱਈਆ ਕਰ ਦਿੱਤੀ ਜਾਵੇਗੀ ਤੇ ਬਾਕੀ ਰਹਿੰਦੀਆਂ ਬੱਸਾਂ ਵੀ ਜਲਦ ਹੀ ਪੀ.ਆਰ.ਟੀ.ਸੀ. ਦੇ ਬੇੜੇ ਵਿੱਚ ਸ਼ਾਮਲ ਕੀਤੀਆਂ ਜਾਣਗੀਆਂ। ਚੇਅਰਮੈਨ ਹਰਪਾਲ ਜੁਨੇਜਾ ਨੇ ਵਿੱਤ ਤੇ ਟਰਾਂਸਪੋਰਟ ਮੰਤਰੀ ਨੂੰ ਬੇਨਤੀ ਕੀਤੀ ਕਿ ਪੀ.ਆਰ.ਟੀ.ਸੀ. ਵੱਲੋਂ ਮਹਿਲਾਵਾਂ ਨੂੰ ਨਿਰੰਤਰ ਦਿੱਤੀ ਜਾ ਰਹੀ ਮੁਫ਼ਤ ਸਫ਼ਰ ਸਹੂਲਤ ਦੇ ਬਦਲੇ ਬਣਦੇ ਕਲੇਮ ਦੀ ਬਕਾਇਆ ਰਾਸ਼ੀ ਸਮੇਂ ਸਿਰ ਪੀ.ਆਰ.ਟੀ.ਸੀ. ਨੂੰ ਜਾਰੀ ਕੀਤੀ ਜਾਵੇ ਤਾਂ ਜੋ ਪੀ.ਆਰ.ਟੀ.ਸੀ. ਦੀਆਂ ਦੇਣਦਾਰੀਆਂ ਜਿਵੇਂ ਕਿ ਵਰਕਰਾਂ ਦੀ ਮਹੀਨਾਵਾਰ ਤਨਖਾਹ, ਗਰੈਚੁਟੀ, ਜੀ.ਪੀ.ਐੱਫ., ਲੀਵ ਇਨਕੈਸ਼ਮੈਂਟ, ਰਿਵਾਈਜ਼ਡ ਲੀਵ ਇਨਕੈਸ਼ਮੈਂਟ, ਰਿਵਾਈਜ਼ਡ ਤਨਖਾਹ ਏਰੀਅਰ/ਪੈਨਸ਼ਨ ਏਰੀਅਰ (6ਵੇਂ ਤਨਖਾਹ ਪੇ/ਕਮਿਸ਼ਨ ਅਨੁਸਾਰ) ਤੇ ਹੋਰ ਭੁਗਤਾਨ ਸਮੇਂ ਸਿਰ ਕੀਤਾ ਜਾ ਸਕੇ।ਇਸ ਮੀਟਿੰਗ ਵਿੱਚ ਟਰਾਂਸਪੋਰਟ ਵਿਭਾਗ ਦੇ ਸਕੱਤਰ ਵਰੁਣ ਰੂਜਮ, ਡਾਇਰੈਕਟਰ ਸਟੇਟ ਟਰਾਂਸਪੋਰਟ ਰਾਜੀਵ ਗੁਪਤਾ, ਮੈਨੇਜਿੰਗ ਡਾਇਰੈਕਟਰ ਪੀ.ਆਰ.ਟੀ.ਸੀ. ਬਿਕਰਮਜੀਤ ਸਿੰਘ ਸ਼ੇਰਗਿੱਲ, ਏ ਐੱਮ ਡੀ ਨਵਦੀਪ ਕੁਮਾਰ ਤੇ ਪੀ.ਆਰ.ਟੀ.ਸੀ. ਦੇ ਹੋਰ ਅਧਿਕਾਰੀ ਹਾਜ਼ਰ ਸਨ।

## ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੂੰ ਨਸ਼ਾ ਮੁਕਤ ਭਾਰਤ ਅਭਿਆਨ 'ਚ ਮਹੱਤਵਪੂਰਨ ਯੋਗਦਾਨ ਲਈ ਪ੍ਰਸੰਸਾ ਪੱਤਰ ਨਾਲ ਕੀਤਾ ਸਨਮਾਨਤ




**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਨੂੰ ਇਹ ਐਲਾਨ ਕਰਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੂੰ ਨਵੀਂ ਦਿੱਲੀ ਵਿੱਚ ਭਾਰਤ ਸਰਕਾਰ ਦੇ ਸਮਾਜਿਕ ਨਿਆਂ ਤੇ ਸਸ਼ਕਤੀਕਰਨ (ਐਮਪਾਵਰਮੈਂਟ) ਮੰਤਰਾਲੇ ਵੱਲੋਂ ਨਸ਼ਾ ਮੁਕਤ ਭਾਰਤ ਅਭਿਆਨ (ਐੱਨਐੱਮਬੀਏ) ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਲਈ ਪ੍ਰਸੰਸਾ ਪੱਤਰ ਨਾਲ ਸਨਮਾਨਤ ਕੀਤਾ ਗਿਆ ਹੈ।ਇਹ ਸਨਮਾਨ ਰਾਸ਼ਟਰੀ ਸਮਾਜਿਕ ਰੱਖਿਆ ਸੰਸਥਾਨ (ਐੱਨਆਈਐੱਸਡੀ) ਦੇ ਮੈਂਬਰ ਤੇ ਵਿਸ਼ੇਸ਼ ਨਿਯੋਤਾ (ਐੱਨਸੀਸੀਡੀਆਰ) ਸੁਖਵਿੰਦਰ ਸਿੰਘ ਬਿੰਦਰਾ ਵੱਲੋਂ ਪ੍ਰਦਾਨ ਕੀਤਾ ਗਿਆ, ਜੋ ਯੁਵਾ ਕਾਊਂਸਲਿੰਗ, ਜਾਗਰੂਕਤਾ ਮੁਹਿੰਮਾਂ ਤੇ ਸਮੁਦਾਇ-ਅਧਾਰਤ ਭਾਗੀਦਾਰੀ ਮਾਡਲਾਂ ਨੂੰ ਅੱਗੇ ਵਧਾਉਣ ਵਿੱਚ ਉਨ੍ਹਾਂ ਦੇ ਪ੍ਰਭਾਵਸ਼ਾਲੀ ਯਤਨਾਂ ਦੀ ਪ੍ਰਸੰਸਾ ਹੈ।ਡਾ. ਤਜਿੰਦਰ ਕੌਰ ਨੇ ਨਸ਼ੀਲੇ ਪਦਾਰਥਾਂ ਦੇ ਦੁਰਪਯੋਗ ਨਾਲ ਨਜਿੱਠਣ ਲਈ ਇੱਕ ਸੰਵੇਦਨਸ਼ੀਲ ਤੇ ਲੋਕ-ਕੇਂਦਰਿਤ ਦ੍ਰਿਸ਼ਟੀਕੋਣ ਨੂੰ ਉਤਸ਼ਾਹਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ।ਉਨ੍ਹਾਂ ਦੀ ਅਗਵਾਈ ਹੇਠ ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਕਈ ਮਹੱਤਵਪੂਰਨ ਪਹਿਲਕਦਮੀਆਂ ਕੀਤੀਆਂ ਗਈਆਂ ਹਨ। ਇਸ ਮੌਕੇ ਆਪਣਾ ਧੰਨਵਾਦ ਪ੍ਰਗਟ ਕਰਦੇ ਹੋਏ ਡਾ. ਤਜਿੰਦਰ ਕੌਰ ਨੇ ਕਿਹਾ ਕਿ ਮੈਨੂੰ ਸਮਾਜਿਕ ਨਿਆਂ ਮੰਤਰਾਲੇ, ਭਾਰਤ ਸਰਕਾਰ ਵੱਲੋਂ ਇਹ ਸਨਮਾਨ ਪ੍ਰਾਪਤ ਕਰਕੇ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ।ਨਸ਼ੇ ਦੀ ਸਮੱਸਿਆ ਦਾ ਹੱਲ ਸਿਰਫ਼ ਜਾਗਰੂਕਤਾ ਨਾਲ ਨਹੀਂ, ਸਗੋਂ ਸੰਵੇਦਨਸ਼ੀਲਤਾ, ਮਾਰਗਦਰਸ਼ਨ ਤੇ ਸਾਂਝੀ ਜ਼ਿੰਮੇਵਾਰੀ ਨਾਲ ਸੰਭਵ ਹੈ।ਮੈਂ ਇਸ ਸਨਮਾਨ ਲਈ ਭਾਰਤ ਸਰਕਾਰ ਦੇ ਸਮਾਜਿਕ ਨਿਆਂ ਤੇ ਸਸ਼ਕਤੀਕਰਨ (ਐਮਪਾਵਰਮੈਂਟ) ਮੰਤਰਾਲੇ ਤੇ ਸੁਖਵਿੰਦਰ ਸਿੰਘ ਬਿੰਦਰਾ ਦਾ ਦਿਲੋਂ ਧੰਨਵਾਦ ਕਰਦੀ ਹਾਂ।

## ਸਫਾ 1 ਦੇ ਬਾਕੀ...

### 'ਭਾਜਪਾ ਦਫ਼ਤਰ ਦੇ ਬਾਹਰ...

ਚਾਹੀਦਾ ਹੈ, ਕਿਉਂਕਿ ਇਹ ਜਗ੍ਹਾ ਕੇਂਦਰ ਸ਼ਾਸਤ ਪ੍ਰਦੇਸ਼ ਦੇ ਪ੍ਰਸ਼ਾਸਕ ਦੇ ਅਧਿਕਾਰ ਖੇਤਰ ਅਧੀਨ ਆਉਂਦੀ ਹੈ। ਉਨ੍ਹਾ ਕਿਹਾ ਕਿ ਜਦੋਂ ਪੰਜਾਬ ਚੰਡੀਗੜ੍ਹ ਦੀ ਮੰਗ ਕਰਦਾ ਹੈ ਤਾਂ ਇਸ ਨੂੰ ਵੱਖਵਾਦੀ ਵਿਚਾਰਧਾਰਾ ਦੱਸਿਆ ਜਾਂਦਾ ਹੈ, ਪਰ ਦੂਜੇ ਪਾਸੇ ਕੇਂਦਰ ਸਰਕਾਰ ਯੂ ਟੀ ਚੰਡੀਗੜ੍ਹ ਵਿੱਚ ਕਾਨੂੰਨ ਵਿਵਸਥਾ ਕਾਇਮ ਰੱਖਣ ਦੇ ਆਪਣੇ ਫ਼ਰਜ਼ ਤੋਂ ਹਮੇਸ਼ਾ ਭੱਜਦੀ ਆਈ ਹੈ।

ਕਾਂਗਰਸ ਦੀ ਅਗਵਾਈ ਵਾਲੀ ਹਿਮਾਚਲ ਸਰਕਾਰ ਦੇ ਐਂਟਰੀ ਟੈਕਸ ਲਗਾਉਣ ਦੇ ਫੈਸਲੇ ਦਾ ਵਿਰੋਧ ਕਰਦਿਆਂ ਉਨ੍ਹਾ ਕਿਹਾ ਕਿ ਇੱਕ ਪਾਸੇ 'ਆਪ' ਸਰਕਾਰ ਟੋਲ ਟੈਕਸ ਖਤਮ ਕਰਕੇ ਆਮ ਆਦਮੀ ਨੂੰ ਰਾਹਤ ਦੇ ਰਹੀ ਹੈ, ਜਦੋਂ ਕਿ ਦੂਜੇ ਪਾਸੇ ਇਹ ਲੋਕ ਆਮ ਜਨਤਾ 'ਤੇ ਬੇਲੋੜਾ ਟੈਕਸ ਲਾ ਰਹੇ ਹਨ।

ਉਨ੍ਹਾਂ ਕਿਹਾ ਕਿ ਇਹ ਕਦਮ ਪੂਰੀ ਤਰ੍ਹਾਂ ਗੈਰ-ਵਾਜਬ ਹੈ ਅਤੇ ਇਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਇਸ ਦਾ ਹਰੇਕ ਪੱਧਰ 'ਤੇ ਜ਼ੋਰਦਾਰ ਵਿਰੋਧ ਕੀਤਾ ਜਾਵੇਗਾ।ਕਿਸਾਨਾਂ ਦੀਆਂ ਚਿੰਤਾਵਾਂ 'ਤੇ ਮੁੱਖ ਮੰਤਰੀ ਨੇ ਕਿਹਾ ਕਿ ਮੈਂ ਆੜ੍ਹਤੀਆਂ ਦੀਆਂ ਜਾਇਜ਼ ਮੰਗਾਂ ਨੂੰ ਕੇਂਦਰ ਸਰਕਾਰ ਕੋਲ ਉਠਾਵਾਂਗਾ, ਕਿਉਂਕਿ ਉਨ੍ਹਾਂ ਦੀਆਂ ਸਾਰੀਆਂ ਮੰਗਾਂ ਭਾਰਤ ਸਰਕਾਰ ਨਾਲ ਸੰਬੰਧਤ ਹਨ। ਪੰਜਾਬ ਸਰਕਾਰ ਵੱਲੋਂ ਇਹ ਮੁੱਦੇ ਪਹਿਲਾਂ ਵੀ ਵਾਰ-ਵਾਰ ਕੇਂਦਰ ਕੋਲ ਉਠਾਏ ਗਏ ਹਨ ਅਤੇ ਸੂਬਾ ਸਰਕਾਰ ਲਗਾਤਾਰ ਅਜਿਹਾ ਕਰਦੀ ਰਹੇਗੀ। ਉਨ੍ਹਾ ਕਿਹਾ ਕਿ 'ਆਪ' ਸਰਕਾਰ ਕਿਸਾਨਾਂ ਨੂੰ ਲਾਭ ਪਹੁੰਚਾਉਣ ਵਾਸਤੇ ਸੁਚਾਰੂ ਅਤੇ ਮੁਸ਼ਕਲ ਰਹਿਤ ਖਰੀਦ ਯਕੀਨੀ ਬਣਾਉਣ ਲਈ ਦ੍ਰਿੜ੍ਹ ਹੈ।

ਮਾਨ ਨੇ ਪਿੰਡ ਚੀਮਾ ਵਿਖੇ ਸੰਤ ਅਤਰ ਸਿੰਘ ਮਹਾਰਾਜ ਹਸਪਤਾਲ ਦਾ ਉਦਘਾਟਨ ਕੀਤਾ।11.70 ਕਰੋੜ ਦੀ ਲਾਗਤ ਨਾਲ ਬਣਿਆ ਅਤੇ 30 ਬਿਸਤਰਿਆਂ ਵਾਲਾ ਇਹ ਅਤਿ-ਆਧੁਨਿਕ ਹਸਪਤਾਲ ਸਿਹਤ ਸੰਭਾਲ ਬੁਨਿਆਦੀ ਢਾਂਚੇ ਦੇ ਵਿਸਥਾਰ ਦੇ ਨਾਲ-ਨਾਲ ਪੂਰੇ ਖੇਤਰ ਵਿੱਚ ਹਜ਼ਾਰਾਂ ਲੋਕਾਂ ਨੂੰ ਮਿਆਰੀ ਡਾਕਟਰੀ ਸਹੂਲਤਾਂ ਪ੍ਰਦਾਨ ਕਰਨ ਲਈ ਸ਼ੁਰੂ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਨੇ ਜ਼ੋਰ ਦਿੰਦਿਆਂ ਕਿਹਾ ਕਿ ਇਹ ਹਸਪਤਾਲ ਨਾ ਸਿਰਫ਼ 15 ਪਿੰਡਾਂ ਦੇ ਲਗਪਗ 50 ਹਜ਼ਾਰ ਵਾਸੀਆਂ ਨੂੰ ਲਾਭ ਪਹੁੰਚਾਏਗਾ, ਸਗੋਂ ਨੇੜਲੇ ਖੇਤਰਾਂ ਦੀ ਲਗਭਗ 35 ਤੋਂ 40 ਹਜ਼ਾਰ ਆਬਾਦੀ ਲਈ ਕਿਫਾਇਤੀ ਅਤੇ ਮਿਆਰੀ ਇਲਾਜ ਵੀ ਮੁਹੱਈਆ ਕਰਵਾਏਗਾ।ਇਸ ਦੌਰਾਨ ਮਾਨ ਨੇ ਕਿਹਾ ਕਿ ਸੰਤ ਬਾਬਾ ਅਤਰ ਸਿੰਘ ਦੇ ਨਾਂਅ 'ਤੇ ਮੈਡੀਕਲ ਕਾਲਜ ਦਾ ਕੰਮ ਵੀ ਜਲਦੀ ਸ਼ੁਰੂ ਕੀਤਾ ਜਾਵੇਗਾ ਅਤੇ ਸੂਬਾ ਸਰਕਾਰ ਨੇ ਇਸ ਸੰਬੰਧੀ ਪ੍ਰਬੰਧਾਂ ਨੂੰ ਅੰਤਮ ਰੂਪ ਦੇ ਦਿੱਤਾ ਹੈ।ਇਸ ਮੌਕੇ ਕੈਬਨਿਟ ਮੰਤਰੀ ਤੇ ਸਥਾਨਕ ਵਿਧਾਇਕ ਅਮਨ ਅਰੋੜਾ ਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੀ ਮੌਜੂਦ ਸਨ।

### ਕੈਨੇਡਾ ਪੁਲਸ ਨੇ ...

ਅੱਤਵਾਦੀ ਜਥੇਬੰਦੀ ਐਲਾਨ ਦਿੱਤਾ ਗਿਆ ਸੀ। ਭਾਰਤ ਸਰਕਾਰ ਨੇ ਇਨ੍ਹਾਂ ਦੋਸ਼ਾਂ ਨੂੰ ਬੇਬੁਨਿਆਦ ਅਤੇ ਰਾਜਨੀਤੀ ਤੋਂ ਪ੍ਰੇਰਿਤ ਦੱਸ ਕੇ ਸਖਤੀ ਨਾਲ ਰੱਦ ਕਰ ਦਿੱਤਾ ਸੀ। ਭਾਰਤ ਨੇ ਵਾਰ-ਵਾਰ ਕੈਨੇਡਾ ਨੂੰ ਆਪਣੀ ਧਰਤੀ 'ਤੇ ਖਾਲਿਸਤਾਨੀ ਕੱਟੜਪੰਥੀਆਂ ਵਿਰੁੱਧ ਕਾਰਵਾਈ ਕਰਨ ਅਤੇ ਬਿਸ਼ਨੋਈ ਨੈੱਟਵਰਕ ਨਾਲ ਜੁੜੀਆਂ ਹਵਾਲਗੀ ਬੇਨਤੀਆਂ 'ਤੇ ਕਾਰਵਾਈ ਕਰਨ ਦੀ ਅਪੀਲ ਕੀਤੀ ਸੀ। ਦੂਜੇ ਪਾਸੇ ਉਸ ਇੰਟਰਵਿਊ ਵਿੱਚ ਕਮਿਸ਼ਨਰ ਡੁਹੇਮ ਨੇ ਇਹ ਵੀ ਸਪੱਸ਼ਟ ਕੀਤਾ ਸੀ ਕਿ ਜਬਰਨ ਵਸੂਲੀ ਦੀਆਂ ਕੁਝ ਧਮਕੀਆਂ ਦੇਣ ਵਾਲੇ ਅਜਿਹੇ ਲੋਕ ਸਨ, ਜਿਨ੍ਹਾਂ ਦਾ ਲਾਰੈਂਸ ਬਿਸ਼ਨੋਈ ਨਾਲ ਸੰਬੰਧ ਨਹੀਂ ਸੀ, ਪਰ ਉਹ ਕੇਵਲ ਡਰ ਪੈਦਾ ਕਰਨ ਲਈ ਇਸ ਸੰਗਠਨ ਦੇ ਨਾਂਅ ਦੀ ਵਰਤੋਂ ਕਰ ਰਹੇ ਸਨ। ਪੁਰਾਣੇ ਤਣਾਅ ਦੇ ਬਾਵਜੂਦ ਦੋਵੇਂ ਦੇਸ਼ ਲਗਾਤਾਰ ਸੰਬੰਧਾਂ ਨੂੰ ਮੁੜ ਲੀਹ ਉੱਤੇ ਲਿਆ ਰਹੇ ਹਨ। ਸਤੰਬਰ 2025 ਵਿੱਚ ਹਾਈ ਕਮਿਸ਼ਨਰਾਂ ਨੂੰ ਮੁੜ ਬਹਾਲ ਕੀਤਾ ਗਿਆ ਸੀ, ਜਿਸ ਤੋਂ ਬਾਅਦ ਰਾਸ਼ਟਰੀ ਸੁਰੱਖਿਆ ਸਲਾਹਕਾਰਾਂ ਅਤੇ ਵਿਦੇਸ਼ ਮੰਤਰੀਆਂ ਵਿਚਕਾਰ ਉੱਚ ਪੱਧਰੀ ਗੱਲਬਾਤ ਹੋਈ ਸੀ।

### ਸੁਪਰੀਮ ਕੋਰਟ ਬੰਗਾਲ...

ਦੇਵਾਂਗੇ। ਇਹ ਪੱਛਮੀ ਬੰਗਾਲ ਸਰਕਾਰ ਵੱਲੋਂ ਡਿਊਟੀ ਦੀ ਅਣਦੇਖੀ ਵੀ ਹੈ ਅਤੇ ਅਧਿਕਾਰੀਆਂ ਨੂੰ ਇਹ ਕਾਰਨ ਦੱਸਣ ਦੀ ਲੋੜ ਹੈ ਕਿ ਸੂਚਨਾ ਮਿਲਣ ਦੇ ਬਾਵਜੂਦ ਉਨ੍ਹਾਂ ਨੇ ਅਧਿਕਾਰੀਆਂ ਨੂੰ ਸੁਰੱਖਿਅਤ ਬਾਹਰ ਕੱਢਿਆ ਜਾਣਾ ਯਕੀਨੀ ਕਿਉਂ ਨਹੀਂ ਬਣਾਇਆ।'

ਸੁਪਰੀਮ ਕੋਰਟ ਨੇ ਮੁੱਖ ਸਕੱਤਰ, ਡੀ ਜੀ ਪੀ ਅਤੇ ਮਾਲਦਾ ਦੇ ਜ਼ਿਲ੍ਹਾ ਮੈਜਿਸਟ੍ਰੇਟ ਤੇ ਐੱਸ ਐੱਸ ਪੀ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਹੈ ਅਤੇ ਇਨ੍ਹਾਂ ਸਾਰੇ ਅਧਿਕਾਰੀਆਂ ਨੂੰ 6 ਅਪਰੈਲ ਸ਼ਾਮ 4 ਵਜੇ ਆਨਲਾਈਨ ਹਾਜ਼ਰ ਰਹਿਣ ਦੇ ਨਿਰਦੇਸ਼ ਦਿੱਤੇ ਹਨ। ਸੁਪਰੀਮ ਕੋਰਟ ਨੇ ਚੋਣ ਕਮਿਸ਼ਨ ਨੂੰ ਨਿਆਂਇਕ ਅਧਿਕਾਰੀਆਂ ਦੇ ਸੁਰੱਖਿਅਤ ਕੰਮਕਾਜ ਲਈ ਕੇਂਦਰੀ ਬਲ ਤਾਇਨਾਤ ਕਰਨ ਦੇ ਹੁਕਮ ਦਿੱਤੇ ਹਨ।

ਪੱਛਮੀ ਬੰਗਾਲ ਦੇ ਮਾਲਦਾ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਵਿੱਚੋਂ ਨਾਂਅ ਕੱਟੇ ਜਾਣ ਦੇ ਵਿਰੋਧ ਵਿੱਚ ਪ੍ਰਦਰਸ਼ਨਕਾਰੀਆਂ ਵੱਲੋਂ 7 ਨਿਆਂਇਕ ਅਧਿਕਾਰੀਆਂ ਦਾ ਬੀ ਡੀ ਪੀ ਓ ਦਫਤਰ ਵਿੱਚ ਕਈ ਘੰਟਿਆਂ ਤੱਕ ਘਿਰਾਓ ਕੀਤਾ ਗਿਆ ਸੀ, ਜਿਨ੍ਹਾਂ ਨੂੰ ਬਾਅਦ ਵਿੱਚ ਲੰਮੀ ਮੁਸ਼ੱਕਤ ਤੋਂ ਬਾਅਦ ਬਾਹਰ ਕੱਢਿਆ ਗਿਆ। ਸੁਰੱਖਿਆ ਬਲਾਂ ਨੇ ਬੁੱਧਵਾਰ ਦੇਰ ਰਾਤ ਭੀੜ ਨੂੰ ਖਦੇੜਨ ਲਈ ਲਾਠੀਚਾਰਜ ਕੀਤਾ ਅਤੇ ਤਿੰਨ ਮਹਿਲਾਵਾਂ ਸਮੇਤ ਸਾਰੇ ਨਿਆਂਇਕ ਅਧਿਕਾਰੀਆਂ ਨੂੰ ਬਚਾਇਆ। ਐੱਸ ਆਈ ਆਰ ਪ੍ਰਕਿਰਿਆ ਵਿੱਚ ਵੱਡੇ ਪੱਧਰ 'ਤੇ ਵੋਟਰਾਂ ਦੇ ਨਾਂਅ ਹਟਾਉਣ ਦਾ ਦੋਸ਼ ਲਾਉਂਦਿਆਂ ਪ੍ਰਦਰਸ਼ਨਕਾਰੀਆਂ ਨੇ ਬੁੱਧਵਾਰ ਨੈਸ਼ਨਲ ਹਾਈਵੇ 12 (ਕੋਲਕਾਤਾ-ਸਿਲੀਗੁੜੀ) ਨੂੰ ਵੀ ਜਾਮ ਕਰ ਦਿੱਤਾ ਸੀ।

ਸੁਪਰੀਮ ਕੋਰਟ ਦੇ ਨਿਰਦੇਸ਼ਾਂ ਅਨੁਸਾਰ ਨਿਆਂਇਕ ਅਧਿਕਾਰੀ ਇਸ ਸਮੇਂ ਉਨ੍ਹਾਂ ਵੋਟਰਾਂ ਦੇ ਕੇਸਾਂ ਦੀ ਜਾਂਚ ਕਰ ਰਹੇ ਹਨ, ਜਿਨ੍ਹਾਂ ਦੇ ਨਾਂਅ 28 ਫਰਵਰੀ ਨੂੰ ਪ੍ਰਕਾਸ਼ਤ ਵੋਟਰ ਸੂਚੀਆਂ ਵਿੱਚ 'ਵਿਚਾਰ ਅਧੀਨ' ਵਜੋਂ ਦਰਸਾਏ ਗਏ ਸਨ, ਤਾਂ ਜੋ ਇਹ ਤੈਅ ਕੀਤਾ ਜਾ ਸਕੇ ਕਿ ਉਨ੍ਹਾਂ ਨੂੰ ਰੱਖਿਆ ਜਾਣਾ ਚਾਹੀਦਾ ਹੈ ਜਾਂ ਹਟਾਇਆ ਜਾਣਾ ਚਾਹੀਦਾ ਹੈ।

### ਪੀ ਆਰ ਟੀ ਸੀ ਕਾਮੇ 9...

ਰਿਹਾ। ਪੁਰਾਣੀ ਪੈਨਸ਼ਨ ਦੇ ਲਾਭ ਦੇ ਹੱਕਦਾਰ ਕੁਝ ਕਰਮਚਾਰੀਆਂ ਨੂੰ ਅਜੇ ਤੱਕ ਪੈਨਸ਼ਨ ਸਕੀਮ 1992 ਦਾ ਮੈਂਬਰ ਨਹੀਂ ਬਣਾਇਆ ਗਿਆ। ਵਰਕਰਾਂ ਦੀਆਂ ਤਰੱਕੀਆਂ ਨੂੰ ਲੰਮੇ ਸਮੇਂ ਤੋਂ ਨਜ਼ਰਅੰਦਾਜ਼ ਕੀਤਾ ਹੋਇਆ ਹੈ। ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਲਈ ਮਿਲਦਾ 6.5 ਕਰੋੜ ਰੁਪਏ ਦੀ ਰਾਸ਼ੀ ਬੰਦ ਕੀਤੀ ਜਾ ਰਹੀ ਹੈ। ਐਕਸ਼ਨ ਕਮੇਟੀ ਵੱਲੋਂ ਟਰਾਂਸਪੋਰਟ ਮੰਤਰੀ, ਜਿਹੜੇ ਕਿ ਖਜ਼ਾਨਾ ਮੰਤਰੀ ਵੀ ਹਨ, ਨੂੰ ਇੱਕ ਮੈਮੋਰੰਡਮ ਭੇਜਿਆ ਗਿਆ ਹੈ ਅਤੇ ਮੀਟਿੰਗ ਲਈ ਸਮੇਂ ਦੀ ਮੰਗ ਕੀਤੀ ਗਈ ਹੈ, ਤਾਂ ਕਿ ਗੱਲਬਾਤ ਰਾਹੀਂ ਸਮੱਸਿਆਵਾਂ ਦਾ ਹੱਲ ਕੱਢਿਆ ਜਾ ਸਕੇ।

### ਗੁਜਰਾਤ ਸਰਕਾਰ ਦੀ 10...

ਗੁੰਡਿਆਂ ਦੇ ਫੋਨ ਦੀ ਹੀ ਉਡੀਕ ਕਰ ਰਹੇ ਹੋਣ। ਕ੍ਰਾਈਮ ਬ੍ਰਾਂਚ ਵਾਲੇ ਬਿਨਾਂ ਕਿਸੇ ਪੁੱਛਗਿੱਛ ਦੇ ਇੱਕਤਰਫਾ ਕਾਰਵਾਈ ਕਰਦੇ ਹੋਏ ਹਮਲਾ ਕਰਨ ਵਾਲੇ ਗੁੰਡਿਆਂ ਨੂੰ ਛੱਡ ਦਿੰਦੇ ਹਨ ਅਤੇ ਆਮ ਆਦਮੀ ਪਾਰਟੀ ਦੇ ਵਰਕਰਾਂ ਨੂੰ ਗੁਜਰਾਤ ਪੁਲਸ ਦੇ ਹਵਾਲੇ ਕਰ ਦਿੰਦੇ ਹਨ, ਜੋ ਫਿਰ ਧਾਰਾ 307 (ਕਤਲ ਦੀ ਕੋਸ਼ਿਸ਼) ਲਗਾ ਕੇ ਉਨ੍ਹਾਂ ਨੂੰ ਜੇਲ੍ਹ ਭੇਜ ਦਿੰਦੀ ਹੈ। ਪਿਛਲੇ 48 ਘੰਟਿਆਂ ਵਿੱਚ ਵਾਪਰੇ ਅਜਿਹੇ ਤਿੰਨ ਮਾਮਲਿਆਂ ਤੋਂ ਸਾਫ਼ ਜਾਪਦਾ ਹੈ ਕਿ ਇਹ ਸਭ ਕੁਝ ਇੱਕ ਮਿਥੀ ਹੋਈ ਸਾਜ਼ਿਸ਼ ਤਹਿਤ ਕੀਤਾ ਜਾ ਰਿਹਾ ਹੈ।ਕੇਜਰੀਵਾਲ ਨੇ ਕਿਹਾ ਕਿ ਸਭ ਤੋਂ ਹੈਰਾਨੀ ਵਾਲੀ ਗੱਲ ਇਹ ਹੈ ਕਿ ਇਹ ਸਕੂਟਰ ਸਵਾਰ ਅਖੀਰ ਕੌਣ ਹਨ? ਇਨ੍ਹਾਂ ਨੂੰ ਹਰ ਜਗ੍ਹਾ 'ਆਪ' ਵਰਕਰਾਂ ਨਾਲ ਟੱਕਰ ਮਾਰਨ ਲਈ ਕੌਣ ਭੇਜ ਰਿਹਾ ਹੈ? ਅਤੇ ਹਰ ਜਗ੍ਹਾ ਅਜਿਹਾ ਲੱਗਦਾ ਹੈ ਕਿ ਪੁਲਸ ਉਨ੍ਹਾਂ ਦੀ ਸ਼ਿਕਾਇਤ 'ਤੇ ਇਕੋ ਜਿਹੀ ਐੱਫ ਆਈ ਆਰ ਦਰਜ ਕਰਨ ਲਈ ਤਿਆਰ ਬੈਠੀ ਹੈ। ਇਸ ਤੋਂ ਸਾਫ਼ ਜ਼ਾਹਿਰ ਹੁੰਦਾ ਹੈ ਕਿ ਇਹ ਸਭ ਕੁਝ ਇੱਕ ਯੋਜਨਾਬੱਧ ਸਾਜ਼ਿਸ਼ ਤਹਿਤ ਹੋ ਰਿਹਾ ਹੈ।

ਕੇਜਰੀਵਾਲ ਨੇ ਕਿਹਾ ਕਿ ਗੁਜਰਾਤ ਵਿੱਚ ਆਮ ਆਦਮੀ ਪਾਰਟੀ ਨੂੰ ਖ਼ਤਮ ਕਰਨ ਦੀ ਇਹ ਸਾਜ਼ਿਸ਼ ਉੱਚ ਪੱਧਰ 'ਤੇ ਰਚੀ ਗਈ ਹੈ। ਸੁਣਨ ਵਿੱਚ ਇਹ ਵੀ ਆ ਰਿਹਾ ਹੈ ਕਿ ਆਉਣ ਵਾਲੇ ਕੁਝ ਦਿਨਾਂ ਵਿੱਚ ਦਸ ਹਜ਼ਾਰ ਵਰਕਰਾਂ ਨੂੰ ਗ੍ਰਿਫ਼ਤਾਰ ਕਰਨ ਦੀ ਯੋਜਨਾ ਹੈ, ਤਾਂ ਜੋ ਆਮ ਆਦਮੀ ਪਾਰਟੀ ਸਥਾਨਕ ਨਿਗਮ ਚੋਣਾਂ ਵਿੱਚ ਉਮੀਦਵਾਰ ਹੀ ਨਾ ਉਤਾਰ ਸਕੇ ਅਤੇ ਭਾਜਪਾ ਇੱਕਤਰਫਾ ਚੋਣਾਂ ਜਿੱਤ ਜਾਵੇ। ਕੀ ਭਾਜਪਾ ਗੁਜਰਾਤ ਵਿੱਚ ਇਸ ਤਰ੍ਹਾਂ ਚੋਣਾਂ ਜਿੱਤਣਾ ਚਾਹੁੰਦੀ ਹੈ? ਇਹ ਲੋਕਤੰਤਰ ਦਾ ਮਜ਼ਾਕ ਹੈ। ਜੇਕਰ ਵਿਰੋਧੀ ਧਿਰ ਦੇ ਆਗੂਆਂ ਅਤੇ ਵਰਕਰਾਂ ਨੂੰ ਜੇਲ੍ਹ ਵਿੱਚ ਸੁੱਟ ਕੇ ਹੀ ਚੋਣਾਂ ਜਿੱਤਣੀਆਂ ਹਨ ਤਾਂ ਚੋਣਾਂ ਕਰਵਾਉਣ ਦੀ ਲੋੜ ਹੀ ਕੀ ਹੈ?

ਉਹਨਾ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੈ। ਜੇਕਰ ਅਸੀਂ ਚਾਹੀਏ ਤਾਂ ਅਸੀਂ ਵੀ ਪੰਜਾਬ ਵਿੱਚ ਭਾਜਪਾ ਆਗੂਆਂ ਅਤੇ ਵਰਕਰਾਂ ਖ਼ਿਲਾਫ਼ ਇਸੇ ਤਰ੍ਹਾਂ ਦੇ ਝੂਠੇ ਕੇਸ ਦਰਜ ਕਰਕੇ ਉਨ੍ਹਾਂ ਨੂੰ ਜੇਲ੍ਹ ਭੇਜ ਸਕਦੇ ਹਾਂ, ਪਰ ਅਸੀਂ ਅਜਿਹਾ ਨਹੀਂ ਕਰਾਂਗੇ, ਕਿਉਂਕਿ ਅਸੀਂ ਚੰਗੇ ਅਤੇ ਸ਼ਰੀਫ ਲੋਕ ਹਾਂ। ਸੰਵਿਧਾਨ ਵਿੱਚ ਵਿਸ਼ਵਾਸ ਰੱਖਦੇ ਹਾਂ। ਅਸੀਂ ਗੁੰਡਾਗਰਦੀ ਨਹੀਂ ਕਰਦੇ ਅਤੇ ਫਿਰ ਸਾਨੂੰ ਅਜਿਹਾ ਕਰਨ ਦੀ ਲੋੜ ਵੀ ਨਹੀਂ, ਕਿਉਂਕਿ ਅਸੀਂ ਪੰਜਾਬ ਵਿੱਚ ਬਹੁਤ ਚੰਗੇ ਕੰਮ ਕੀਤੇ ਹਨ। ਆਪਣੇ ਕੰਮਾਂ ਰਾਹੀਂ ਅਸੀਂ ਲੋਕਾਂ ਦੇ ਦਿਲ ਜਿੱਤੇ ਹਨ। ਅਸੀਂ ਆਪਣੇ ਕੰਮ ਦੇ ਦਮ 'ਤੇ ਚੋਣਾਂ ਲੜਦੇ ਹਾਂ। ਅਸੀਂ ਆਪਣੇ ਚੰਗੇ ਕੰਮਾਂ ਦੇ ਨਾਂਅ 'ਤੇ ਵੋਟਾਂ ਮੰਗਾਂਗੇ। ਤੁਹਾਨੂੰ ਗੁਜਰਾਤ ਵਿੱਚ ਇਹ ਦਮਨ ਇਸ ਲਈ ਕਰਨਾ ਪੈ ਰਿਹਾ ਹੈ, ਕਿਉਂਕਿ ਤੁਸੀਂ ਸਾਰੇ ਗਲਤ ਕੰਮ ਕੀਤੇ ਹਨ, ਗੁੰਡਾਗਰਦੀ ਕੀਤੀ ਹੈ, ਚੋਰੀ ਕੀਤੀ ਹੈ, ਅੱਤਿਆਚਾਰ ਅਤੇ ਦਮਨ ਕੀਤਾ ਹੈ। ਤੁਸੀਂ ਕੋਈ ਚੰਗਾ ਕੰਮ ਨਹੀਂ ਕੀਤਾ। ਗੁਜਰਾਤ ਦੀ ਜਨਤਾ ਨੂੰ ਦਿਖਾਉਣ ਲਈ ਤੁਹਾਡੇ ਕੋਲ ਕੋਈ ਚੰਗਾ ਕੰਮ ਨਹੀਂ। ਇਸ ਲਈ ਚੋਣਾਂ ਜਿੱਤਣ ਲਈ ਤੁਹਾਨੂੰ ਇਹ ਦਮਨ ਅਤੇ ਅੱਤਿਆਚਾਰ ਕਰਨਾ ਪੈ ਰਿਹਾ ਹੈ।

ਪੱਤਰ ਦੇ ਅੰਤ ਵਿੱਚ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਗੁਜਰਾਤ ਦੀ ਜਨਤਾ ਸਭ ਕੁਝ ਦੇਖ ਰਹੀ ਹੈ, ਉਹ ਭਾਜਪਾ ਦੀ ਤਾਨਾਸ਼ਾਹੀ ਤੋਂ ਨਾ ਤਾਂ ਡਰੇਗੀ ਅਤੇ ਨਾ ਹੀ ਦਬੇਗੀ। ਤੁਸੀਂ ਕਿੰਨੇ ਲੋਕਾਂ ਨੂੰ ਜੇਲ੍ਹ ਵਿੱਚ ਸੁੱਟੋਗੇ? ਕੀ ਤੁਸੀਂ ਗੁਜਰਾਤ ਦੀ ਪੂਰੀ 6 ਕਰੋੜ ਜਨਤਾ ਨੂੰ ਜੇਲ੍ਹ ਵਿੱਚ ਪਾ ਸਕਦੇ ਹੋ? ਅੱਜ ਆਮ ਆਦਮੀ ਪਾਰਟੀ ਦੀ ਸੋਚ ਗੁਜਰਾਤ ਦੇ ਹਰ ਘਰ ਤੱਕ ਪਹੁੰਚ ਚੁੱਕੀ ਹੈ। ਭਾਜਪਾ ਇਸ ਨੂੰ ਜਿੰਨਾ ਦਬਾਉਣ ਦੀ ਕੋਸ਼ਿਸ਼ ਕਰੇਗੀ, 'ਆਪ' ਦੀ ਸੋਚ ਓਨੀ ਹੀ ਫੈਲੇਗੀ। ਮੈਂ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਾਡੇ ਗੁਜਰਾਤ ਦੇ ਆਗੂਆਂ ਨਾਲ ਮਿਲ ਕੇ ਤੁਹਾਨੂੰ ਮਿਲਣਾ ਚਾਹੁੰਦੇ ਹਾਂ। ਉਮੀਦ ਹੈ ਕਿ ਤੁਸੀਂ ਜਲਦੀ ਤੋਂ ਜਲਦੀ ਮਿਲਣ ਦਾ ਸਮਾਂ ਦਿਓਗੇ।

## ਫਤਿਹਪੁਰ ਵਿਖੇ ਅੱਖਾਂ ਦਾ ਮੁਫਤ ਜਾਂਚ ਤੇ ਅਪ੍ਰੇਸ਼ਨ ਕੈਂਪ



**ਮਾਨਸਾ (ਆਤਮਾ ਸਿੰਘ ਪਮਾਰ)**-ਸਰਬਸਾਂਝੀ ਲੋਕ ਸੇਵਾ ਸੋਸਾਇਟੀ ਫਤਿਹਪੁਰ (ਮਾਨਸਾ) ਵੱਲੋਂ ਪਰਿਆਸ ਵੈੱਲਫੇਅਰ ਚੈਰੀਟੇਬਲ ਟਰੱਸਟ ਸਰਦੂਲਗੜ੍ਹ (ਮਾਨਸਾ) ਤੇ ਗ੍ਰਾਮ ਪੰਚਾਇਤ ਨਗਰ ਫਤਿਹਪੁਰ ਦੇ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਜਾਂਚ ਤੇ ਆਪ੍ਰੇਸ਼ਨ ਕੈਂਪ ਸਰਕਾਰੀ ਪ੍ਰਾਇਮਰੀ ਸਕੂਲ ਫਤਿਹਪੁਰ ਵਿਖੇ ਲਗਾਇਆ ਗਿਆ।ਪਰਿਆਸ ਵੈੱਲਫੇਅਰ ਚੈਰੀਟੇਬਲ ਟਰੱਸਟ ਬ੍ਰਾਂਚ ਝੁਨੀਰ ਵੱਲੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਸਮਾਜਸੇਵੀ ਸੰਜੀਵ ਕੁਮਾਰ (ਵਿੱਕੀ) ਤੇ ਨਰਿੰਦਰ ਕੁਮਾਰ ਕਾਲਾ ਦਾ ਫਤਿਹਪੁਰ ਲੋਕ ਸੇਵਾ ਸੋਸਾਇਟੀ ਵੱਲੋਂ ਨਿੱਘਾ ਸੁਆਗਤ ਕਰਨ ਉਪਰੰਤ ਸਨਮਾਨ ਕੀਤਾ ਗਿਆ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਬਾਬੂ ਸਿੰਘ ਫਤਿਹਪੁਰ ਨੇ ਦੱਸਿਆ ਕਿ ਇਸ ਕੈਂਪ 'ਚ ਸਾਬਕਾ ਵਿਧਾਇਕ ਤੇ ਉੱਘੇ ਕਾਂਗਰਸੀ ਆਗੂ ਅਜੀਤ ਇੰਦਰ ਸਿੰਘ ਮੋਫ਼ਰ ਦਾ ਪਹੁੰਚਣ 'ਤੇ ਸੋਸਾਇਟੀ ਨੇ ਨਿੱਘਾ ਸਵਾਗਤ ਕੀਤਾ।ਇਸ ਅੱਖਾਂ ਦੀ ਜਾਂਚ ਤੇ ਫ੍ਰੀ ਆਪ੍ਰੇਸ਼ਨ ਲਈ 255 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ।ਮਰੀਜ਼ਾਂ ਦੀ ਚੈੱਕਅਪ ਲਈ ਸੰਕਰਾਚਾਰੀਆ ਹੌਸਪੀਟਲ ਦੀ ਟੀਮ ਪਹੁੰਚੀ।ਟੀਮ ਵੱਲੋਂ ਚੈੱਕਅੱਪ ਦੌਰਾਨ 24 ਮਰੀਜ਼ ਮੋਤੀਆਬਿਨ ਦੇ ਆਪ੍ਰੇਸ਼ਨ ਲਈ ਪਾਏ ਗਏ।ਕੈਂਪ ਵਿੱਚ ਪਹੁੰਚੇ ਬਜ਼ੁਰਗ ਮਾਤਾਵਾਂ ਤੇ ਭੈਣਾਂ, ਵੀਰਾਂ ਦਾ ਸੋਸਾਇਟੀ ਵੱਲੋਂ ਧੰਨਵਾਦ ਕੀਤਾ ਗਿਆ।ਇਸ ਸਮੇਂ ਮਰੀਜ਼ਾਂ ਤੇ ਸਮੂਹ ਹਾਜ਼ਰੀਨ ਲਈ ਚਾਹ, ਪਾਣੀ ਤੇ ਲੰਗਰ ਦਾ ਪ੍ਰਬੰਧ ਵੀ ਕੀਤਾ ਗਿਆ।

## ਕਿਸਾਨ ਆਗੂ ਤੇ ਸਮਾਜ ਸੇਵੀ ਜਸਦੇਵ ਬਹਿਣੀਵਾਲ ਨੂੰ ਸ਼ਰਧਾਂਜਲੀਆਂ



**ਸਨੌਰ (ਰਾਜਿੰਦਰ ਸਿੰਘ ਥਿੰਦ)**-56 ਸਾਲਾ ਕਿਸਾਨ ਆਗੂ ਤੇ ਸਮਾਜ ਸੇਵੀ ਜਸਦੇਵ ਸਿੰਘ ਬਹਿਣੀਵਾਲ (ਨੂਗੀ) ਨਮਿੱਤ ਉਨ੍ਹਾਂ ਦੇ ਸਨੌਰ ਤੇ ਘਨੌਰ ਨੇੜਲੇ ਪਿੰਡ ਜਰੀਕਪੁਰ ਵਿੱਚ ਸ਼ਰਧਾਂਜਲੀ ਸਮਾਰੋਹ ਕੀਤਾ ਗਿਆ, ਜਿਸ ਦੌਰਾਨ ਉਨ੍ਹਾਂ ਦੀਆਂ ਸਮਾਜ ਪ੍ਰਤੀ ਸੇਵਾਵਾਂ ਨੂੰ ਯਾਦ ਕਰਦਿਆਂ ਨੂਗੀ ਨੂੰ ਦਰਵੇਸ਼ ਇਨਸਾਨ ਕਰਾਰ ਦਿੱਤਾ ਗਿਆ।ਉਹ ਜਿੱਥੇ ਆਮ ਤੌਰ 'ਤੇ ਹੋਰ ਸਮਾਜ ਸੇਵੀ ਕਾਰਜਾਂ 'ਚ ਸ਼ਿਰਕਤ ਕਰਦੇ ਰਹਿੰਦੇ ਸਨ, ਉਥੇ ਹੀ ਗੁਰਦਵਾਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਲੰਗਰ, ਜੋੜੇ ਘਰ ਤੇ ਸਾਈਕਲ ਸਟੈਂਡ 'ਤੇ ਡੇਢ ਦਹਾਕੇ ਤੋਂ ਰੋਜ਼ਾਨਾ 8 ਤੋਂ 10 ਘੰਟੇ ਸੇਵਾ ਨਿਭਾਉਂਦੇ ਸਨ।ਸ਼ਰਧਾਂਜਲੀ ਸਮਾਰੋਹ 'ਚ ਪੁੱਜੀਆਂ ਸ਼ਖ਼ਸ਼ੀਅਤਾਂ ਨੂਗੀ ਦੇ ਇਕਲੌਤੇ ਸਪੁੱਤਰ ਤੇ ਐੱਨ ਆਰ ਆਈ ਲਵਪ੍ਰੀਤ ਸਿੰਘ ਬਹਿਣੀਵਾਲ ਨਾਲ ਦੁੱਖ ਸਾਂਝਾ ਕੀਤਾ।ਉਨ੍ਹਾਂ ਨੂੰ ਸ਼ਰਧਾਂਜਲੀਆਂ ਭੇਟ ਕਰਨ ਲਈ ਪੁੱਜੀਆਂ ਸ਼ਖ਼ਸੀਅਤਾਂ 'ਚ ਸਾਬਕਾ ਸੰਸਦ ਮੈਂਬਰ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਸ਼ਰਨਜੀਤ ਸਿੰਘ ਜੋਗੀਪੁਰ, ਯੂਥ ਅਕਾਲੀ ਦਲ ਦੇ ਕੌਮੀ ਪ੍ਰਧਾਨ ਸਰਬਜੀਤ ਸਿੰਘ ਝਿੰਜਰ, ਸ਼੍ਰੋਮਣੀ ਕਮੇਟੀ ਮੈਂਬਰ ਜਸਮੇਰ ਸਿੰਘ ਲਾਛੜੂ, ਜੋਗਾ ਸਿੰਘ ਚਪੜ, ਘਨੌਰ ਦੇ ਸਾਬਕਾ ਕਾਂਗਰਸੀ ਵਿਧਾਇਕ ਮਦਨ ਲਾਲ ਜਲਾਲਪੁਰ, ਸਨੌਰ ਤੋਂ ਕਾਂਗਰਸ ਦੇ ਹਲਕਾ ਇੰਚਾਰਜ ਹੈਰੀ ਮਾਨ, ਸੀਨੀਅਰ ਕਾਂਗਰਸ ਆਗੂ ਬਲਿਹਾਰ ਸ਼ਮਸ਼ਪੁਰ, ਸਨੌਰ ਤੋਂ ਭਾਜਪਾ ਦੇ ਹਲਕਾ ਇੰਚਾਰਜ ਹਰਵਿੰਦਰ ਹਰਪਾਲਪੁਰ, ਕਾਂਗਰਸ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਗੁਰਦੀਪ ਊਟਸਰ, ਸਰਪੰਚ ਡਿੰਪਲ ਚਪੜ, ਬਲਾਕ ਪ੍ਰਧਾਨ ਜਗਰੂਪ ਸੇਹਰਾ, ਬਲਜਿੰਦਰ ਬੱਖੂ, ਕਿਸਾਨ ਆਗੂ ਸੱਤਪਾਲ ਮਹਿਮਦਪੁਰ ਤੇ ਹਰਦੀਪ ਸੇਹਰਾ, ਮੁਲਾਜ਼ਮ ਆਗੂ ਗੁਰਚਰਨ ਕੌਲੀ, ਡਾ. ਬਲਬੀਰ ਭੱਟਮਾਜਰਾ, ਗੁਰਜੰਟ ਬੱਤੀ, ਰਾਣਾ ਨਿਰਮਾਣ ਸਮੇਤ ਪੰਜ ਪੁਲਸ ਇੰਸਪੈਕਟਰ ਹਰਜਿੰਦਰ ਢਿੱਲੋਂ, ਸੁਖਵਿੰਦਰ ਗਿੱਲ, ਪਰਦੀਪ ਬਾਜਵਾ, ਹੈਰੀ ਬੋਪਾਰਾਏ ਤੇ ਰਣਜੀਤ ਸੁਨਾਮ ਆਦਿ ਸ਼ਾਮਲ ਰਹੇ।ਨੂਗੀ ਦੇ ਨਜ਼ਦੀਕੀ ਮਿੱਤਰ ਪੱਤਰਕਾਰ ਸਰਬਜੀਤ ਸਿੰਘ ਭੰਗੂ ਨੇ ਪਰਿਵਾਰ ਦੀ ਤਰਫ਼ੋਂ ਸਾਰਿਆਂ ਦਾ ਧੰਨਵਾਦ ਕੀਤਾ।

## ਸਾਬਕਾ ਸਰਪੰਚ ਨਿਰੰਜਣ ਕੁਤਬਾ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮਾਸਟਰ ਹਰਮਨਜੀਤ ਸਿੰਘ ਕੁਤਬਾ ਦੇ ਪੂਜਨੀਕ ਦਾਦਾ ਨਿਰੰਜਣ ਸਿੰਘ ਰਾਏ ਅਕਾਲ ਚਲਾਣਾ ਕਰ ਗਏ, ਜਿਨ੍ਹਾਂ ਦਾ ਅੰਤਿਮ ਸੰਸਕਾਰ ਪਿੰਡ ਕੁਤਬਾ ਵਿਖੇ ਸ਼ਰਧਾ ਸਤਿਕਾਰ ਨਾਲ ਕੀਤਾ ਗਿਆ।ਇਸ ਦੁਖਦਾਈ ਮੌਕੇ ਇਲਾਕੇ ਭਰ ਤੋਂ ਪਹੁੰਚੇ ਸਰਪੰਚਾਂ, ਪੰਚਾਂ ਤੇ ਸਥਾਨਕ ਨਿਵਾਸੀਆਂ ਨੇ ਨਮ ਅੱਖਾਂ ਨਾਲ ਉਨ੍ਹਾਂ ਨੂੰ ਅੰਤਿਮ ਵਿਦਾਇਗੀ ਦਿੱਤੀ।ਉਨ੍ਹਾਂ ਦੀ ਚਿਖਾ ਨੂੰ ਅਗਨੀ ਪੋਤਰੇ ਮਾਸਟਰ ਹਰਮਨਜੀਤ ਸਿੰਘ ਤੇ ਹਰਸਿਮਰਨਜੀਤ ਸਿੰਘ ਵੱਲੋਂ ਦਿਖਾਈ ਗਈ।ਸਵਰਗੀ ਨਿਰੰਜਣ ਸਿੰਘ ਰਾਏ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਦੱਸਿਆ ਕਿ 1931 ਵਿੱਚ ਜਨਮੇ ਨਿਰੰਜਣ ਸਿੰਘ ਆਜ਼ਾਦੀ ਤੋਂ ਬਾਅਦ ਪਿੰਡ ਕੁਤਬਾ ਦੇ ਦੂਜੇ ਸਰਪੰਚ ਬਣੇ ਸਨ।ਉਹ ਆਪਣੇ ਸਮੇਂ ਦੇ ਇੱਕ ਕੱਦਾਵਰ ਤੇ ਦੂਰਅੰਦੇਸ਼ੀ ਆਗੂ ਸਨ, ਜਿਨ੍ਹਾਂ ਨੇ ਪਿੰਡ ਦੇ ਵਿਕਾਸ ਤੇ ਸਮਾਜ ਸੇਵਾ ਦੇ ਕਾਰਜਾਂ ਵਿੱਚ ਹਮੇਸ਼ਾ ਮੋਹਰੀ ਭੂਮਿਕਾ ਨਿਭਾਈ। ਉਨ੍ਹਾਂ ਦੇ ਚਲੇ ਜਾਣ ਨਾਲ ਇਲਾਕੇ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਇਸ ਮੌਕੇ ਚੇਅਰਮੈਨ ਰਾਜਵਿੰਦਰ ਸਿੰਘ ਸ਼ੇਰਪੁਰ, ਚੇਅਰਮੈਨ ਕਰਮਜੀਤ ਸਿੰਘ ਨਾਈਵਾਲਾ, ਟਰੇਡ ਕਮਿਸ਼ਨ ਦੇ ਸੂਬਾ ਮੈਂਬਰ ਗੁਰੀ ਔਲਖ, ਮਨਜੀਤ ਸਿੰਘ ਸਹਿਜੜਾ, ਸਰਪੰਚ ਨਛੱਤਰ ਸਿੰਘ ਖੇੜੀ ਚਹਿਲਾਂ, ਦਵਿੰਦਰ ਸਿੰਘ ਧਨੌਆ, ਸਰਪੰਚ ਧਿਆਨ ਸਿੰਘ ਟਿੱਬਾ, ਸਰਪੰਚ ਚੇਤਨ ਰਿਸ਼ੀ ਭਗਵਾਨਪੁਰਾ, ਸਰਪੰਚ ਰਣਧੀਰ ਸਿੰਘ ਦੀਵਾਨਾ, ਨਿਰਭੈ ਸਿੰਘ ਛੀਨੀਵਾਲ, ਪੁਨੀਤ ਮਾਨ, ਗੁਰਦੀਪ ਸਿੰਘ ਛੀਨੀਵਾਲ, ਹਰਤੇਜ ਸਿੰਘ ਠੁੱਲੀਵਾਲ, ਬਲਰਾਮ ਸਿੰਘ ਰਾਏ, ਸਰਪੰਚ ਹਰਪਾਲ ਸਿੰਘ ਮਹਿਲ ਖ਼ੁਰਦ, ਸਾਬਕਾ ਸਰਪੰਚ ਜਤਿੰਦਰ ਸਿੰਘ ਨਾਈਵਾਲਾ ਸਮੇਤ ਵੱਡੀ ਗਿਣਤੀ 'ਚ ਸ਼ਖ਼ਸੀਅਤਾਂ ਹਾਜ਼ਰ ਸਨ।

## ਬੀ ਐੱਫ ਸੀ ਈ ਟੀ ਦੇ ਐੱਨ ਐੱਸ ਐੱਸ ਯੂਨਿਟ ਨੇ ਕਨਵੈਨਸ਼ਨ 'ਚ ਕਰਵਾਈ ਬੱਲੇ-ਬੱਲੇ




**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਾਬਾ ਫ਼ਰੀਦ ਕਾਲਜ ਆਫ਼ ਇੰਜਨੀਅਰਿੰਗ ਐਂਡ ਟੈਕਨਾਲੋਜੀ (ਬੀ.ਐੱਫ.ਸੀ.ਈ.ਟੀ.), ਬਠਿੰਡਾ ਦੇ ਸਕੂਲ ਆਫ਼ ਕੰਪਿਊਟਰ ਐਪਲੀਕੇਸ਼ਨਜ਼ ਤੇ ਐੱਨ.ਐੱਸ.ਐੱਸ. ਯੂਨਿਟ ਨੇ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਦੋ ਦਿਨਾ ਸਟੇਟ ਐੱਨ.ਐੱਸ.ਐੱਸ. ਕਨਵੈਨਸ਼ਨ ਪੰਜਾਬ ਤੇ ਯੂ.ਟੀ.-2026 ਵਿੱਚ ਆਪਣੀ ਸਰਗਰਮ ਤੇ ਪ੍ਰਭਾਵਸ਼ਾਲੀ ਭਾਗੀਦਾਰੀ ਨਾਲ ਸੰਸਥਾ ਦਾ ਨਾਮ ਰੋਸ਼ਨ ਕੀਤਾ ਹੈ। ਇਹ ਮਹੱਤਵਪੂਰਨ ਕਨਵੈਨਸ਼ਨ ਯੂਥ ਅਫੇਅਰਜ਼ ਐਂਡ ਸਪੋਰਟਸ ਮੰਤਰਾਲੇ ਵੱਲੋਂ ਰੀਜਨਲ ਡਾਇਰੈਕਟੋਰੇਟ ਆਫ਼ ਐੱਨ.ਐੱਸ.ਐੱਸ ਚੰਡੀਗੜ੍ਹ ਦੀ ਅਗਵਾਈ ਹੇਠ ਕਰਵਾਈ ਗਈ, ਜਿਸ ਵਿੱਚ ਪੰਜਾਬ ਤੇ ਯੂ.ਟੀ. ਦੀਆਂ ਵੱਖ-ਵੱਖ ਐੱਨ.ਐੱਸ.ਐੱਸ. ਯੂਨਿਟਾਂ ਨੇ ਭਾਗ ਲੈਂਦਿਆਂ ਸਮਾਜ ਸੇਵਾ ਨਾਲ ਜੁੜੀਆਂ ਆਪਣੀਆਂ ਸ਼ਾਨਦਾਰ ਗਤੀਵਿਧੀਆਂ ਦਾ ਪ੍ਰਦਰਸ਼ਨ ਕੀਤਾ।ਕਨਵੈਨਸ਼ਨ ਦਾ ਮੁੱਖ ਆਕਰਸ਼ਨ ਬੀਐੱਫਸੀਈਟੀ ਦੇ ਐੱਨ.ਐੱਸ.ਐੱਸ. ਯੂਨਿਟ ਵੱਲੋਂ ਕੀਤੀ ਗਈ ਅਨਾਥ ਆਸ਼ਰਮ ਦੇ ਦੌਰੇ ਵਾਲੀ ਗਤੀਵਿਧੀ ਰਹੀ, ਜਿਸ ਨੂੰ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਨਾਲ ਸੰਬੰਧਤ ਸਾਰੀਆਂ ਐੱਨ.ਐੱਸ.ਐੱਸ. ਯੂਨਿਟਾਂ ਵਿੱਚੋਂ ਸਭ ਤੋਂ ਵਧੀਆ ਗਤੀਵਿਧੀਆਂ ਵਿੱਚ ਸ਼ੁਮਾਰ ਕੀਤਾ ਗਿਆ।ਪੰਜਾਬ ਦੀ ਸਟੇਟ ਐੱਨ.ਐੱਸ.ਐੱਸ. ਅਫ਼ਸਰ ਰੁਪਿੰਦਰ ਕੌਰ ਨੇ ਇਸ ਪਹਿਲ ਦੀ ਖੁਦ ਪ੍ਰਸ਼ੰਸਾ ਕਰਦਿਆਂ ਟੀਮ ਦੇ ਯਤਨਾਂ ਦੀ ਸਰਾਹਣਾ ਕੀਤੀ।ਪ੍ਰੋਗਰਾਮ ਅਫ਼ਸਰ ਸੁਖਜਿੰਦਰ ਕੌਰ ਨੇ ਵੀ ਕਨਵੈਨਸ਼ਨ ਵਿੱਚ ਜੋਸ਼ ਨਾਲ ਭਾਗ ਲੈਂਦਿਆਂ ਇਸ ਪ੍ਰਾਪਤੀ 'ਤੇ ਮਾਣ ਪ੍ਰਗਟਾਇਆ ਤੇ ਟੀਮ ਦੀ ਸਮਾਜਿਕ ਭਲਾਈ ਅਤੇ ਕਮਿਊਨਿਟੀ ਵਿਕਾਸ ਪ੍ਰਤੀ ਮਜ਼ਬੂਤ ਵਚਨਬੱਧਤਾ ਨੂੰ ਉਜਾਗਰ ਕੀਤਾ।ਬੀਐੱਫਜੀਆਈ ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ, ਕੈਂਪਸ ਡਾਇਰੈਕਟਰ ਪ੍ਰੋ. ਡਾ. ਐੱਮ. ਪੀ. ਪੂਨੀਆ ਤੇ ਬਾਬਾ ਫ਼ਰੀਦ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਦੀ ਪ੍ਰਿੰਸੀਪਲ ਡਾ. ਜਯੋਤੀ ਬਾਂਸਲ ਨੇ ਐੱਨ.ਐੱਸ.ਐੱਸ. ਯੂਨਿਟ ਦੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ।

## ਸਮੇਲ ਸਿੰਘ ਨੇ ਸੰਤ ਨਿਰੰਜਣ ਦਾਸ ਤੋਂ ਲਿਆ ਅਸ਼ੀਰਵਾਦ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੀਨੀਅਰ ਕਾਂਗਰਸੀ ਆਗੂ ਜਸਮੇਲ ਸਿੰਘ ਡੇਅਰੀ ਵਾਲੇ ਤੇ ਬੀਬੀ ਰਾਣੀ ਕੌਰ ਐੱਮ ਸੀ ਆਪਣੇ ਪਰਵਾਰ ਸਮੇਤ ਡੇਰਾ ਸੱਚਖੰਡ ਬੱਲਾਂ (ਜਲੰਧਰ) ਵਿਖੇ ਨਤਮਸਤਕ ਹੋਏ, ਜਿੱਥੇ ਉਨ੍ਹਾਂ ਸੰਤ ਨਰੰਜਣ ਦਾਸ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਦੌਰਾਨ ਉਨ੍ਹਾਂ ਨੇ ਸਰਬੱਤ ਦੇ ਭਲੇ, ਆਪਣੇ ਪਰਵਾਰ ਤੇ ਹਲਕਾ ਮਹਿਲ ਕਲਾਂ ਦੀ ਚੜ੍ਹਦੀ ਕਲਾ ਅਤੇ ਖੁਸ਼ਹਾਲੀ ਲਈ ਅਰਦਾਸ ਬੇਨਤੀ ਕੀਤੀ।ਚੇਅਰਮੈਨ ਡੇਅਰੀ ਵਾਲਾ ਨੇ ਕਿਹਾ ਕਿ ਉਹ ਸ਼ਰਧਾਭਾਵਨਾ ਨਾਲ ਦਰਸ਼ਨ ਦੀਦਾਰੇ ਕਰਨ ਆਏ ਹਨ।ਡੇਰਾ ਸੱਚਖੰਡ ਬੱਲਾਂ ਅਜਿਹਾ ਅਸਥਾਨ ਹੈ, ਜਿੱਥੇ ਮਨ ਨੂੰ ਸਕੂਨ ਮਿਲਦਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸੇਵਾ ਤੇ ਹਲਕੇ ਦੇ ਵਿਕਾਸ ਲਈ ਉਹ ਹਮੇਸ਼ਾ ਵਚਨਬੱਧ ਹਨ।ਆਉਣ ਵਾਲੇ ਸਮੇਂ 'ਚ ਲੋਕਾਂ ਦੇ ਭਰੋਸੇ 'ਤੇ ਖਰਾ ਉਤਰਣ ਲਈ ਪੂਰੀ ਮਿਹਨਤ ਨਾਲ ਕੰਮ ਕਰਨਗੇ।ਇਸ ਮੌਕੇ ਐੱਮ ਸੀ ਰਾਣੀ ਕੌਰ ਬਰਨਾਲਾ, ਜਗਜੀਤ ਸਿੰਘ ਸੇਖਾ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ :** 0181-5097300, **ਸਮਾਚਾਰ ਵਿਭਾਗ :** 0181-5097310, **ਈ-ਮੇਲ : nawanzamana@gmail.com * Web : www.nawanzamana.in**

# ਆਪ ਦੀ ਮਹਿਲਾ ਪ੍ਰਧਾਨ ਨੇ ਲੁਟੇਰਿਆਂ ਨੂੰ ਚਾੜ੍ਹਿਆ ਕੁਟਾਪਾ ਤੇ ਖੋਹ ਲਿਆ ਪਿਸਤੌਲ

**ਜੈਂਤੀਪੁਰ (ਸੋਇਮ ਆਨੰਦ/ਸੁਖਬੀਰ ਸਿੱਧੂ)**- ਫਤਿਹਗੜ੍ਹ ਚੂੜੀਆਂ ਤੋਂ ਮਹਿਜ਼ ਇੱਕ ਕਿਲੋਮੀਟਰ ਦੀ ਦੂਰੀ 'ਤੇ ਆਮ ਆਦਮੀ ਪਾਰਟੀ ਦੀ ਮਹਿਲਾ ਬਲਾਕ ਪ੍ਰਧਾਨ ਕੰਵਲਜੀਤ ਕੌਰ ਪਤਨੀ ਗੁਰਨਾਮ ਸਿੰਘ ਵਾਸੀ ਪਿੰਡ ਥਰੀਏਵਾਲ ਨਜ਼ਦੀਕ ਮਜੀਠਾ ਆਪਣੇ ਪਤੀ ਅਤੇ ਛੋਟੀ ਬੱਚੀ ਨਾਲ ਮੋਟਰਸਾਈਕਲ ਉਪਰ ਰਮਦਾਸ ਨਿਵੋਦਿਆ ਸਕੂਲ 'ਚ ਆਪਣੀ ਬੇਟੀ ਦਾ ਰਿਜ਼ਲਟ ਦੇਖਣ ਜਾ ਰਹੇ ਸਨ ਕਿ ਬੱਦੋਵਾਲ ਨਜ਼ਦੀਕ ਰੇਲਵੇ ਕਰਾਸਿੰਗ ਪੁਲ ਉਪਰ 2 ਮੋਟਰਸਾਈਕਲ ਸਵਾਰ ਨਕਾਬਪੋਸ਼ ਲੁਟੇਰਿਆਂ ਨੇ ਉਨ੍ਹਾਂ ਨੂੰ ਘੇਰ ਲਿਆ ਅਤੇ ਪਿਸਤੌਲ ਦਿਖਾ ਕੇ ਉਨਾਂ ਕੋਲੋਂ 20 ਹਜ਼ਾਰ ਰੁਪਏ ਅਤੇ ਇੱਕ ਸੋਨੇ ਦੀ ਮੁੰਦਰੀ ਖੋਹ ਕੇ ਭੱਜਣ ਲੱਗੇ ਤਾਂ ਅਗੋਂ ਮਹਿਲਾ ਪ੍ਰਧਾਨ ਕੰਵਲਜੀਤ ਕੌਰ ਅਤੇ ਉਸ ਦੇ ਪਤੀ ਨੂੰ ਸ਼ੱਕ ਹੋਇਆ ਕਿ ਪਿਸਤੌਲ ਨਕਲੀ ਹੈ ਤਾਂ ਪਤੀ ਪਤਨੀ ਦੋਵਾਂ ਨੇ ਲੁਟੇਰਿਆਂ ਉਪਰ ਜਵਾਬੀ ਹਮਲਾ ਕਰ ਦਿੱਤਾ ਅਤੇ ਉਨਾਂ ਕੋਲੋਂ ਪਿਸਤੌਲ ਖੋਹ ਲਿਆ ਅਤੇ ਉਨਾਂ 'ਚੋਂ ਇੱਕ ਦੇ ਕੱਪੜੇ ਵੀ ਫਾੜ ਦਿੱਤੇ ਅਤੇ ਚੰਗਾ ਕੁਟਾਪਾ ਚਾੜ੍ਹਿਆ। ਇਸ ਗੁਥਮਗੁੱਥੀ 'ਚ ਲੁਟੇਰਾ ਅੱਗੇ ਮੋਟਰਸਾਈਕਲ 'ਤੇ ਖੜ੍ਹੇ ਦੂਸਰੇ ਲੁਟੇਰੇ ਮਗਰ ਬੈਠ ਕੇ ਫਤਿਹਗੜ੍ਹ ਚੂੜੀਆਂ ਵਾਲੇ ਪਾਸੇ ਫਰਾਰ ਹੋ ਗਏ। ਇਸ ਲੜਾਈ ਵਿਚ ਮਹਿਲਾ ਪ੍ਰਧਾਨ ਦੇ ਪਤੀ ਗੁਰਨਾਮ ਸਿੰਘ ਦੇ ਸਿਰ 'ਚ ਲੁਟੇਰਿਆਂ ਨੇ ਨਕਲੀ ਪਿਸਤੌਲ ਦੇ ਬੱਟ ਮਾਰੇ ਜਿਸ ਨਾਲ ਉਹ ਜ਼ਖਮੀ ਹੋ ਗਿਆ।ਮਹਿਲਾ ਪ੍ਰਧਾਨ ਕੰਵਲਜੀਤ ਕੌਰ ਅਤੇ ਉਸ ਦੇ ਪਤੀ ਵੱਲੋਂ ਨਕਲੀ ਪਿਸਤੌਲ ਪੁਲਸ ਹਵਾਲੇ ਕਰ ਦਿੱਤਾ ਅਤੇ ਥਾਣੇ ਪਹੁੰਚ ਕੇ ਦੋਸ਼ੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ।



# ਸਰਕਾਰ ਲੇਬਰ ਕੋਡ ਲਾਗੂ ਕਰੇਗੀ ਤਾਂ ਕਿਰਤੀਆਂ ਦਾ ਹੋਵੇਗਾ ਮਾਨਸਿਕ ਤੇ ਸਰੀਰਕ ਸ਼ੋਸ਼ਣ : ਆਗੂ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਟਰੇਡ ਜਥੇਬੰਦੀਆਂ ਦੇ ਸੱਦੇ 'ਤੇ ਕਾਲਾ ਦਿਵਸ ਮਨਾਉਣ ਦਾ ਸੱਦਾ ਦਿੱਤਾ ਗਿਆ ਜਿਸ 'ਤੇ ਪੰਜਾਬ ਰੋਡਵੇਜ਼ ਪਨਬੱਸ ਤਰਨ ਤਾਰਨ ਡਿਪੂ ਦੇ ਗੇਟ 'ਤੇ ਪੰਜਾਬ ਰੋਡਵੇਜ਼ /ਪਨਬਸ ਜਥੇਬੰਦੀ ਦੇ ਨੁਮਾਇੰਦਿਆਂ ਵੱਲੋਂ ਕੇਂਦਰ ਅਤੇ ਸੂਬਾ ਸਰਕਾਰ ਵਿਰੁੱਧ ਰੋਸ ਜ਼ਾਹਰ ਕਰਦਿਆਂ ਸਰਕਾਰ ਦੀਆਂ ਮਾਰੂ ਨੀਤੀਆਂ ਦਾ ਵਿਰੋਧ ਕਰਦਿਆਂ ਵਰਕਰਾਂ ਨੂੰ ਜਾਗਰੂਕ ਕੀਤਾ ਅਤੇ ਦੱਸਿਆ ਕਿ ਹਾਲ ਹੀ ਵਿੱਚ 12 ਫਰਵਰੀ ਨੂੰ ਦੇਸ਼ ਪੱਧਰੀ ਸਫਲ ਹੜਤਾਲ ਕਰਕੇ ਚਾਰ ਲੇਬਰ ਕੋਡਾਂ ਦਾ ਵਿਰੋਧ ਕਰ ਚੁੱਕੇ ਹਾਂ ਪ੍ਰੰਤੂ ਮੋਦੀ ਸਰਕਾਰ ਲਗਾਤਾਰ ਤਾਨਾਸ਼ਾਹੀ ਫਰਮਾਨ ਨਾਲ ਮੁਲਾਜ਼ਮ, ਮਜ਼ਦੂਰ ਮਾਰੂ ਨੀਤੀਆਂ ਲਾਗੂ ਕਰ ਰਹੀ ਹੈ। ਸਰਕਾਰੀ ਅਦਾਰਿਆਂ ਵਿੱਚ ਠੇਕੇਦਾਰੀ ਪ੍ਰਥਾ ਰਾਹੀਂ ਘੱਟ ਤਨਖਾਹਾਂ 'ਤੇ ਸ਼ੋਸ਼ਣ ਕੀਤਾ ਜਾ ਰਿਹਾ ਹੈ ਅਤੇ ਭਵਿੱਖ ਲਈ ਰੈਗੂਲਰ ਭਰਤੀਆਂ 'ਤੇ ਰੋਕ ਲਗਾ ਕੇ ਸਰਕਾਰੀ ਅਦਾਰਿਆਂ ਨੂੰ ਖਤਮ ਕਰਨ ਦੀ ਮਨਸ਼ਾ ਨਾਲ ਸਰਮਾਏਦਾਰਾਂ ਨਾਲ ਸਾਂਝਾਂ ਗੂੜ੍ਹੀਆਂ ਕੀਤੀਆਂ ਜਾ ਰਹੀਆਂ ਹਨ ਜੋ ਕਿ ਸਿੱਧੇ ਤੌਰ 'ਤੇ ਟਰਾਂਸਪੋਰਟ ਦਾ ਕਿਲੋਮੀਟਰ ਸਕੀਮ ਪ੍ਰਾਈਵੇਟ ਬੱਸਾਂ ਰਾਹੀਂ ਵਿਭਾਗਾਂ ਦਾ ਨਿੱਜੀਕਰਨ ਕਰਕੇ ਰੋਜ਼ਗਾਰ ਖਤਮ ਕੀਤੇ ਜਾ ਰਹੇ ਅਤੇ ਕੁਰੱਪਸ਼ਨ ਦੀਆਂ ਚੋਰ ਮੋਰੀਆਂ ਨੂੰ ਬੜ੍ਹਾਵਾ ਦਿੱਤਾ ਜਾ ਰਿਹਾ ਹੈ ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਮਜ਼ਦੂਰ, ਮੁਲਾਜ਼ਮਾਂ ਦੀ ਅਵਾਜ਼ ਨੂੰ ਦਬਾ ਕੇ ਚਾਰ ਮਾਰੂ ਲੇਬਰ ਕੋਡ ਵੀ ਲਾਗੂ ਕਰ ਸਕਦੀ ਹੈ ਜਿਸ ਦਾ ਅੱਜ ਕਾਲਾ ਦਿਵਸ ਮਨਾ ਕੇ ਸਖਤ ਵਿਰੋਧ ਜ਼ਾਹਰ ਕੀਤਾ। ਜਥੇਬੰਦੀ ਆਗੂਆਂ ਵੱਲੋਂ ਗੇਟ 'ਤੇ ਬੋਲਦਿਆਂ ਸਰਕਾਰ ਨੂੰ ਚਿਤਾਵਨੀ ਦਿੱਤੀ ਗਈ ਕਿ ਜੇਕਰ ਮਜ਼ਦੂਰ, ਮੁਲਾਜ਼ਮ ਮਾਰੂ ਫਰਮਾਨ ਰੱਦ ਨਾ ਕੀਤੇ ਜਾਂ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਤਾਂ ਟਰੇਡ ਜਥੇਬੰਦੀਆਂ ਦੇ ਸੱਦੇ 'ਤੇ ਵੱਡੇ ਸੰਘਰਸ਼ ਕਰਨ ਲਈ ਮਜਬੂਰ ਹੋਵਾਂਗੇ। ਇਸ ਮੌਕੇ ਨਵਦੀਪ ਜੁਆਇੰਟ ਜਨਰਲ ਸਕੱਤਰ ਅਤੇ ਸਤਨਾਮ ਸਿੰਘ ਪ੍ਰਧਾਨ ਕੁਲਵਿੰਦਰ ਸਿੰਘ ਪੰਜਾਬ ਰੋਡਵੇਜ਼ /ਪਨਬਸ ਕੰਟਰੈਕਟ ਵਰਕਰਜ਼ ਯੂਨੀਅਨ ਦੇ ਸੂਬਾ ਆਗੂ ਦਿਲਵਿੰਦਰ ਸਿੰਘ, ਪ੍ਰਧਾਨ ਰਣਜੀਤ ਸਿੰਘ, ਅਵਤਾਰ ਸਿੰਘ, ਬਲਜੀਤ ਸਿੰਘ, ਸੈਕਟਰੀ ਬਚਿੱਤਰ ਸਿੰਘ ਟਰਾਂਸਪੋਰਟ ਵਰਕਰਜ਼ ਯੂਨੀਅਨ ਏਟਕ, ਇਸ ਤੋਂ ਇਲਾਵਾ ਸਵਰਨ ਸਿੰਘ ਸੈਕਟਰੀ ਅਜਮੇਰ ਸਿੰਘ ਗੁਰਵਿੰਦਰਪਾਲ ਸਿੰਘ ਲਖਵਿੰਦਰ ਸਿੰਘ ਹਰਸਰਨ ਸਿੰਘ ਗੁਰਜਿੰਦਰ ਸਿੰਘ ਸਮੇਤ ਆਦਿ ਆਗੂਆਂ ਨੇ ਹਾਜ਼ਰ ਹੋ ਕੇ ਸਰਕਾਰ ਦੀਆਂ ਨੀਤੀਆਂ ਦਾ ਵਿਰੋਧ ਕੀਤਾ ਅਤੇ ਸੰਘਰਸ਼ ਦਾ ਬਿਗਲ ਵਜਾਇਆ।



# ਸਿਆਸਕਾ 'ਚ ਰਸ਼ਪਾਲ ਸਿੰਘ ਦੇ ਘਰ ਚੱਲੀਆਂ ਤਾਬੜਤੋੜ ਗੋਲੀਆਂ



**ਜੈਂਤੀਪੁਰ (ਸੁਖਬੀਰ ਸਿੱਧੂ)** ਵਿਧਾਨ ਸਭਾ ਹਲਕਾ ਮਜੀਠਾ ਦੇ ਪਿੰਡ ਸਿਆਲਕਾ ਵਿੱਚ ਰਸ਼ਪਾਲ ਸਿੰਘ ਦੇ ਘਰ ਰਾਤੀਂ ਕਰੀਬ 11 ਵਜੇ ਅਣਪਛਾਤੇ ਵਿਅਕਤੀ ਵੱਲੋਂ ਤਾਬੜਤੋੜ ਗੋਲੀਆਂ ਚਲਾਈਆਂ ਗਈਆਂ ਭਾਵੇਂ ਇਸ ਨਾਲ ਕੋਈ ਜਾਨੀ ਤੇ ਮਾਲੀ ਨੁਕਸਾਨ ਨਹੀਂ ਹੋਇਆ ਪਰ ਪਿੰਡ ਤੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ। ਇਸ ਘਟਨਾ ਉਪਰੰਤ ਹਲਕਾ ਮਜੀਠਾ ਦੇ ਕਾਂਗਰਸ ਦੇ ਹਲਕਾ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਸਾਥੀਆਂ ਸਮੇਤ ਸਿਆਲਕਾ ਪਹੁੰਚੇ ਤੇ ਸਾਰੀ ਜਾਣਕਾਰੀ ਹਾਸਲ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਪੰਜਾਬ ਸਰਕਾਰ ਦੇ ਆਗੂ ਮੰਤਰੀ ਵਿਧਾਇਕ ਤੇ ਹਲਕਾ ਇੰਚਾਰਜ ਵੱਡੇ ਲਾਮ ਲਸ਼ਕਰ ਗੰਨਮੈਨਾਂ ਦੇ ਨਾਲ ਵਿਚਰ ਰਹੇ ਹਨ ਪਰ ਲੋਕਾਂ ਦੀ ਹਿਫ਼ਾਜ਼ਤ ਲਈ ਇਸ ਸਰਕਾਰ ਨੂੰ ਕਿਸੇ ਕਿਸਮ ਦੀ ਚਿੰਤਾ ਨਹੀਂ, ਹਰ ਫਰੰਟ ਤੇ ਫੇਲ੍ਹ ਸਾਬਿਤ ਹੋ ਰਹੀ ਹੈ। ਇਸ ਮੌਕੇ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਭੀਲੋਵਾਲ, ਮਨਜੀਤ ਸਿੰਘ ਸਿਆਲਕਾ, ਗੁਰਭੇਜ ਸਿੰਘ ਸਿਆਸਕਾ, ਲਖਵਿੰਦਰ ਸਿੰਘ, ਸਰਪੰਚ ਸ਼ਮਸ਼ੇਰ ਸਿੰਘ ਬਾਬੋਵਾਲ , ਸੰਦੀਪ ਸਿੰਘ ਕਾਜ਼ੀਕੋਟ, ਸ਼ਬਨਮ ਸਿੰਘ, ਵਿਨੋਦ ਕੁਮਾਰ ਰੂਪੋਵਾਲੀ, ਸਾਬਕਾ ਸਰਪੰਚ ਕੁਲਵਿੰਦਰ ਸਿੰਘ ਸਿਧਵਾਂ, ਸਾਬਕਾ ਸਰਪੰਚ ਪ੍ਰਗਟ ਸਿੰਘ ਚੰਨਣਕੇ, ਪਰਮਜੀਤ ਸਿੰਘ ਭੋਏਵਾਲ, ਸਾਬਕਾ ਸਰਪੰਚ ਗੁਰਿੰਦਰ ਸਿੰਘ ਫੱਤੂਭੀਲਾ, ਡਾ. ਸੁਖਵਿੰਦਰ ਸਿੰਘ ਰੰਧਾਵਾ, ਸੁਲੱਖਣ ਸਿੰਘ ਕੱਥੂਨੰਗਲ ਤੇ ਹੋਰ ਵੀ ਆਗੂ ਹਾਜ਼ਰ ਸਨ ।

# ਭੁੱਲਰ ਨੂੰ 14 ਦਿਨ ਦੀ ਨਿਆਂਇਕ ਹਿਰਾਸਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਵੇਅਰ ਹਾਊਸ ਕਾਰਪੋਰੇਸ਼ਨ ਦੇ ਮਰਹੂਮ ਡੀ ਐਮ ਖੁਦਕੁਸ਼ੀ ਮਾਮਲੇ ਵਿਚ ਗ੍ਰਿਫਤਾਰ ਕੀਤੇ ਪੰਜਾਬ ਦੇ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਮੁੜ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਜਿਥੇ ਅਦਾਲਤ ਵਲੋਂ ਉਨ੍ਹਾਂ ਨੂੰ ਉਸੇ ਜੇਲ੍ਹ ਵਿੱਚ ਹੀ 14 ਦਿਨ ਲਈ ਜੇਲ੍ਹ ਭੇਜ ਦਿੱਤਾ ਗਿਆ ਜਿਥੇ ਉਹ ਕਿਸੇ ਵੇਲੇ ਮੰਤਰੀ ਬਣ ਕੇ ਸੈਲੂਟਾਂ ਦੀ ਛਾਂ ਹੇਠ ਆਇਆ ਕਰਦੇ ਤੇ ਅੱਜ ਉਸੇ ਜੇਲ੍ਹ ਵਿੱਚ ਮੁਜਰਮ ਬਣ ਕੇ ਦਾਖਲ ਹੋਏ।ਇੱਕ ਟੈਂਡਰ ਮਾਮਲੇ ਨੂੰ ਲੈ ਕੇ ਡੀ ਐੱਮ ਗਗਨਦੀਪ ਸਿੰਘ ਰੰਧਾਵਾ ਦੀ ਕਥਿਤ ਤੌਰ 'ਤੇ ਖੁਦਕੁਸ਼ੀ ਦੇ ਮਾਮਲੇ ਵਿਚ ਕਾਰਵਾਈ ਕਰਦਿਆਂ ਪੁਲਸ ਨੇ ਤਿੰਨ ਵਿਅਕਤੀਆਂ ਦੇ ਖਿਲਾਫ ਮਾਮਲਾ ਦਰਜ ਕੀਤਾ ਸੀ ਜਿਹਨਾਂ ਵਿੱਚ ਸਾਬਕਾ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ, ਉਹਨਾਂ ਦੇ ਪਿਤਾ ਸੁਖਦੇਵ ਸਿੰਘ ਭੁੱਲਰ ਤੇ ਪੀ ਏ ਦਿਲਬਾਗ ਸਿੰਘ ਸ਼ਾਮਲ ਹਨ। ਸਾਬਕਾ ਮੰਤਰੀ ਨੂੰ ਤਾਂ ਗ੍ਰਿਫਤਾਰ ਕਰ ਲਿਆ ਗਿਆ ਸੀ ਪਰ ਬਾਕੀ ਦੋ ਹਾਲੇ ਭਗੌੜੇ ਹਨ ਜਿਹਨਾਂ ਨੂੰ ਗ੍ਰਿਫਤਾਰ ਕਰਨ ਲਈ ਪੁਲਸ ਛਾਪਾਮਾਰੀ ਕਰਨ ਦੇ ਦਾਅਵੇ ਕਰ ਰਹੀ ਹੈ। ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਖੁਦਕਸ਼ੀ ਮਾਮਲੇ ਨੂੰ ਲੈ ਕੇ ਉਹ 4 ਅਪ੍ਰੈਲ ਨੂੰ ਅੰਮ੍ਰਿਤਸਰ ਵਿੱਚ ਇੱਕ ਵੱਡਾ ਧਰਨਾ ਦੇਣ ਜਾ ਰਹੇ ਹਨ।

# ਖਾਲਸਾ ਸਾਜਨਾ ਦਿਵਸ ਨੂੰ ਸਮਰਪਤ ਨਗਰ ਕੀਰਤਨ 5 ਨੂੰ

**ਧਾਰੀਵਾਲ (ਮਨਦੀਪ ਵਿੱਕੀ)**- ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਤੋਂ ਖਾਲਸਾ ਸਾਜਨਾ ਦਿਵਸ ਨੂੰ ਸਮਰਪਤ ਵਿਸ਼ਾਲ ਨਗਰ ਕੀਰਤਨ 5 ਅਪ੍ਰੈਲ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਜਾਵੇਗਾ।ਨਗਰ ਕੀਰਤਨ ਦੀਆਂ ਤਿਆਰੀਆਂ ਸਬੰਧੀ ਰਾਗੀ ਢਾਡੀ, ਕਵੀਸ਼ਰ, ਪ੍ਰਚਾਰਕਾਂ ਅਤੇ ਧਾਰਮਿਕ ਸ਼ਖ਼ਸੀਅਤਾਂ ਦੀ ਮੀਟਿੰਗ ਗੁਰਦੁਆਰਾ ਬੁਰਜ ਧਾਰੀਵਾਲ ਵਿਖੇ ਮੈਨੇਜਰ ਰਣਜੀਤ ਸਿੰਘ ਕਲਿਆਣਪੁਰ ਦੀ ਅਗਵਾਈ ਹੇਠ ਹੋਈ। ਨਗਰ ਕੀਰਤਨ ਸਬੰਧੀ ਸੇਵਾਦਾਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਇਸ ਮੌਕੇ ਮੈਨੇਜਰ ਰਣਜੀਤ ਸਿੰਘ ਕਲਿਆਣਪੁਰ ਨੇ ਦੱਸਿਆ ਕਿ ਇਹ ਨਗਰ ਕੀਰਤਨ ਗੁਰਦੁਆਰਾ ਬੁਰਜ ਸਾਹਿਬ ਤੋਂ ਸਵੇਰੇ 9 ਵਜੇ ਆਰੰਭ ਹੋ ਕੇ ਬੇਦੀ ਕਲੋਨੀ ਧਾਰੀਵਾਲ, ਖੁੰਡਾ, ਖੁੰਡੀ, ਭੁੰਬਲੀ, ਅਲਾਵਲਪੁਰ, ਸਿੱਧਵਾਂ, ਮਾਨ ਚੋਪੜਾ, ਨਵੀਂ ਅਬਾਦੀ, ਕੋਟਲੀ ਸੈਣੀਆਂ, ਗੁਰਦੁਆਰਾ ਛੋਟਾ ਘੱਲੂਘਾਰਾ ਸਾਹਿਬ ਛੰਭ ਕਾਹਨੂੰਵਾਨ ਤੋਂ ਹੋ ਕੇ ਲਮੀਨੀ ਕਰਾਲਾ, ਚਾਵਾਂ ਨਵਾਂ ਸ਼ਾਲਾ, ਗੁੰਝੀਆਂ, ਤਿੱਬੜੀ, ਤਿੱਬੜ, ਬਾਹੀਆਂ, ਤਲਵੰਡੀ, ਬੱਬਰੀ, ਨੰਗਲ, ਪੀਰ ਦੀ ਸੈਨ, ਪੁਰਾਣਾ ਧਾਰੀਵਾਲ ਤੋਂ ਵਾਪਸ ਸ਼ਾਮ ਨੂੰ ਗੁਰਦੁਆਰਾ ਬੁਰਜ ਸਾਹਿਬ ਵਿਖੇ ਸੰਪੂਰਨਤਾ ਅਰਦਾਸ ਕਰਕੇ ਸਮਾਪਤ ਹੋਵੇਗਾ। ਇਸ ਮੌਕੇ ਮੀਟਿੰਗ ਵਿੱਚ ਮੈਨੇਜਰ ਰਣਜੀਤ ਸਿੰਘ ਕਲਿਆਣਪੁਰ, ਹਰਮਨਦੀਪ ਸਿੰਘ ਅਕਾਊਂਟੈਂਟ, ਹਰਪ੍ਰੀਤ ਸਿੰਘ ਸਟੋਰ ਕੀਪਰ, ਸਵਰਨਜੀਤ ਸਿੰਘ ਡਰਾਈਵਰ, ਰਿਕਾਰਡ ਕੀਪਰ ਸੰਦੀਪ ਸਿੰਘ ਜਫਰਵਾਲ, ਸਤਨਾਮ ਸਿੰਘ, ਗੁਰਦਿਆਲ ਸਿੰਘ, ਹਰਦੇਵ ਸਿੰਘ, ਕਥਾਵਾਚਕ ਭਾਈ ਜਸਵਿੰਦਰ ਸਿੰਘ ਕਲੇਰ, ਹੈੱਡ ਗ੍ਰੰਥੀ ਬਾਬਾ ਗੁਰਦੇਵ ਸਿੰਘ ਕਲਿਆਣਪੁਰ, ਪ੍ਰਚਾਰਕ ਜਗਰੂਪ ਸਿੰਘ ਕਲਿਆਣਪੁਰ, ਲਖਬੀਰ ਸਿੰਘ ਖੁੰਡਾ ਆਦਿ ਸਮੇਤ ਹੋਰ ਵੀ ਧਾਰਮਿਕ ਸ਼ਖ਼ਸੀਅਤਾਂ ਹਾਜ਼ਰ ਸਨ।



# ਬਣਜਾਰੇ ਦੇ ਚਰਚਿਤ ਗੀਤ 'ਬੈਰਣ' ਲਈ ਰੂਹਾਨੀ ਵਰਸ ਕੀਤਾ ਜਾਰੀ

**ਲੁਧਿਆਣਾ** : ਬਣਜਾਰੇ ਦੇ ਗੀਤ ਬੈਰਣ ਦੀ ਲੋਕਪ੍ਰਿਯਤਾ ਲਗਾਤਾਰ ਵਧਦੀ ਜਾ ਰਹੀ ਹੈ, ਕਿਉਂਕਿ ਪੰਜਾਬੀ ਗਾਇਕ-ਗੀਤਕਾਰ ਸਿਮਰਨ ਕੌਰ ਢਾਡਲੀ ਨੇ ਇੱਕ ਪ੍ਰਭਾਵਸ਼ਾਲੀ ਵਰਸ ਨਾਲ ਇਸ ਸੰਗੀਤਕ ਗੱਲਬਾਤ ਵਿੱਚ ਸ਼ਾਮਲ ਹੋ ਕੇ ਗੀਤ ਨੂੰ ਨਵਾਂ ਜਜ਼ਬਾਤੀ ਪੱਖ ਦਿੱਤਾ ਹੈ। ਨਵੇਂ ਜਾਰੀ ਕੀਤੇ ਇਸ ਵਰਸ ਨੇ ਗੀਤ ਦੀ ਕਹਾਣੀ ਨੂੰ ਹੋਰ ਵੀ ਵਿਸਥਾਰ ਦਿੱਤਾ ਹੈ, ਜਿਸ ਨਾਲ ਬੈਰਣ ਇੱਕ ਅਜਿਹੀ ਸੰਗੀਤਕ ਗੱਲਬਾਤ ਬਣ ਗਿਆ ਹੈ ਜੋ ਭਾਸ਼ਾਈ ਹੱਦਾਂ ਤੋਂ ਪਰੇ ਵੀ ਦਰਸ਼ਕਾਂ ਦੇ ਦਿਲਾਂ ਨਾਲ ਜੁੜਦੀ ਹੈ। ਬਣਜਾਰੇ ਦਾ ਗੀਤ ਬੈਰਣ ਚਾਰਟਾਂ ਵਿੱਚ ਸਿਰੇ 'ਤੇ ਹੈ, ਜਿਸ ਨਾਲ ਗੀਤ ਦੀ ਲੋਕਪ੍ਰਿਯਤਾ ਨੂੰ ਹੋਰ ਵਾਧਾ ਮਿਲਿਆ ਹੈ ਅਤੇ ਇਸ ਨੇ ਆਪਣੇ ਆਪ ਨੂੰ ਇੱਕ ਵਿਸ਼ਵ ਪੱਧਰੀ ਹਿੱਟ ਵਜੋਂ ਮਜ਼ਬੂਤ ਕੀਤਾ ਹੈ। ਇਸ ਸਹਿਯੋਗ ਬਾਰੇ ਗੱਲ ਕਰਦੇ ਹੋਏ ਸਿਮਰਨ ਕੌਰ ਢਾਡਲੀ ਨੇ ਕਿਹਾ, ਬੈਰਣ ਵਿੱਚ ਇੱਕ ਖਰੀ ਸਚਾਈ ਸੀ ਜੋ ਤੁਰੰਤ ਮੇਰੇ ਨਾਲ ਜੁੜ ਗਈ। ਮੈਨੂੰ ਲੱਗਿਆ ਕਿ ਕਹਾਣੀ ਦਾ ਇੱਕ ਹੋਰ ਜਜ਼ਬਾਤੀ ਪੱਖ ਵੀ ਹੈ ਜਿਸ ਨੂੰ ਆਵਾਜ਼ ਮਿਲਣੀ ਚਾਹੀਦੀ ਸੀ, ਅਤੇ ਇਹ ਜਵਾਬੀ ਵਰਸ ਆਪਣੇ ਆਪ ਹੀ ਉਸ ਅਹਿਸਾਸ ਤੋਂ ਉਭਰ ਆਇਆ।

# ਮਾਰਕੀਟ ਕਮੇਟੀ ਸਕੱਤਰ ਦਾ ਸਬਜ਼ੀ ਮੰਡੀ ਵੱਲਾ ਅੰਦਰ 10 ਨੂੰ ਫੂਕਿਆ ਜਾਵੇਗਾ ਪੁਤਲਾ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਕੁੱਲ ਹਿੰਦ ਕਿਸਾਨ ਸਭਾ ਅਤੇ ਸਬਜ਼ੀ ਉਤਪਾਦਕ ਕਿਸਾਨ ਜਥੇਬੰਦੀ ਜ਼ਿਲ੍ਹਾ ਅੰਮ੍ਰਿਤਸਰ ਦੀ ਮੀਟਿੰਗ ਪ੍ਰਧਾਨ ਭੁਪਿੰਦਰ ਸਿੰਘ ਤੀਰਥਪੁਰ ਦੀ ਪ੍ਰਧਾਨਗੀ ਹੇਠ ਨਵਾਂ ਪਿੰਡ ਵਿਖੇ ਹੋਈ। ਜਿਸ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਲਖਬੀਰ ਸਿੰਘ ਨਿਜ਼ਾਮਪੁਰ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ ਪੰਜਾਬ ਦੀਆਂ ਮੰਗਾਂ ਦਰਿਆਈ ਪਾਣੀਆਂ ਦੀ ਰਿਪੇਰੀਅਨ ਸਿਧਾਂਤ ਅਨੁਸਾਰ ਵੰਡ, ਐਮ ਐਸ ਪੀ, ਖਰੀਦ ਗਰੰਟੀ ਕਾਨੂੰਨ ਬਣਾਉਣ, ਖੇਤੀ ਨੀਤੀ ਲਾਗੂ ਕਰਨ ਅਤੇ ਮਜ਼ਦੂਰਾਂ ਕਿਸਾਨਾਂ ਦੇ ਕਰਜ਼ੇ ਮੁਆਫ ਕਰਨ ਲਈ 6 ਅਪ੍ਰੈਲ ਨੂੰ ਡਿਪਟੀ ਕਮਿਸ਼ਨਰ ਦਫਤਰ ਸਾਹਮਣੇ ਧਰਨਾ ਅਤੇ ਮੰਗ ਪੱਤਰ ਦਿੱਤਾ ਜਾਵੇਗਾ। ਇਸ ਧਰਨੇ ਅੰਦਰ ਜਥੇਬੰਦੀ ਦੇ ਸੈਕੜੇ ਕਿਸਾਨ ਮਜ਼ਦੂਰ ਹਿੱਸਾ ਲੈਣਗੇ।ਇਸ ਤੋਂ ਇਲਾਵਾ ਮੀਟਿੰਗ ਅੰਦਰ ਸਬਜੀ ਮੰਡੀ ਅੰਮ੍ਰਿਤਸਰ ਵੱਲਾ ਦੇ ਮਾਰਕੀਟ ਕਮੇਟੀ ਦੇ ਸਕੱਤਰ ਅਮਨਦੀਪ ਸਿੰਘ ਸੰਧੂ ਦੇ ਵਤੀਰੇ ਦੀ ਜ਼ੋਰਦਾਰ ਨਿਖੇਧੀ ਕਰਦਿਆਂ ਮੰਗ ਕੀਤੀ ਕਿ ਇਸ ਅਧਿਕਾਰੀ ਖਿਲਾਫ ਤੁਰੰਤ ਕਾਰਵਾਈ ਕੀਤੀ ਜਾਵੇ। ਕਿਉਂਕਿ ਇਸ ਦੀ ਸ਼ਹਿ ਉੱਪਰ ਹੀ ਸਬਜ਼ੀ ਮੰਡੀ ਅੰਦਰ ਸੜਕਾਂ 'ਤੇ ਨਜਾਇਜ਼ ਕਬਜ਼ੇ ਕਰਵਾਏ ਗਏ ਹਨ। ਇਹ ਅਧਿਕਾਰੀ ਕਿਸੇ ਵੀ ਵਿਅਕਤੀ ਦਾ ਨਾ ਫੋਨ ਸੁਣਦਾ ਹੈ ਅਤੇ ਨਾ ਹੀ ਜਵਾਬ ਦਿੰਦਾ ਹੈ।ਮੰਡੀ ਅੰਦਰ ਠੇਕੇਦਾਰ ਵੱਲੋਂ ਮਾਰਕੀਟ ਕਮੇਟੀ ਦੇ ਅਧਿਕਾਰੀਆਂ ਦੀ ਮਿਹਰਬਾਨੀ ਨਾਲ ਕੀਤੀ ਜਾ ਰਹੀ ਧੱਕੇਸ਼ਾਹੀ ਦਾ ਮੂੰਹਤੋੜ ਜਵਾਬ ਦੇਣ ਲਈ ਮਾਰਕੀਟ ਕਮੇਟੀ ਦੇ ਸਕੱਤਰ ਦਾ 10 ਅਪ੍ਰੈਲ ਨੂੰ ਸਬਜ਼ੀ ਮੰਡੀ ਵੱਲਾ ਅੰਦਰ ਪੁਤਲਾ ਫੂਕਿਆ ਜਾਵੇਗਾ। ਮੀਟਿੰਗ ਅੰਦਰ ਤਰਸੇਮ ਸਿੰਘ ਨੰਗਲ, ਕਰਨੈਲ ਸਿੰਘ, ਜਰਨੈਲ ਸਿੰਘ, ਬਲਵਿੰਦਰ ਸਿੰਘ, ਨਿਰਮਲ ਸਿੰਘ ਨਵਾਂ ਪਿੰਡ, ਬਲਵੰਤ ਸਿੰਘ, ਸੁੱਖਵਿੰਦਰ ਸਿੰਘ ਤੀਰਥਪੁਰ, ਭੁਪਿੰਦਰ ਸਿੰਘ ਵਡਾਲਾ ਜੌਹਲ, ਗੁਰਮੇਜ ਸਿੰਘ, ਮਲਕੀਅਤ ਸਿੰਘ ਮੱਖਣਵਿੰਡੀ, ਰਾਜਬੀਰ ਸਿੰਘ, ਤਲਵਿੰਦਰ ਸਿੰਘ, ਮੇਵਾ ਸਿੰਘ ਫਤਿਹਪੁਰ ਰਾਜਪੂਤਾਂ, ਪ੍ਰਤਾਪ ਸਿੰਘ, ਮਹਿਲ ਸਿੰਘ ਛਾਪਾ, ਧਰਮਿੰਦਰ ਸਿੰਘ ਕਿਲਾ, ਜਸਵਿੰਦਰ ਸਿੰਘ, ਜਸਪਾਲ ਸਿੰਘ ਨਬੀਪੁਰ, ਅਮਰਜੀਤ ਸਿੰਘ, ਹਰਜੀਤ ਸਿੰਘ ਨਿਜ਼ਾਮਪੁਰ ਆਦਿ ਹਾਜ਼ਰ ਸਨ।



# ਸੜਕ ਦੀ ਮੁਰੰਮਤ ਦਾ ਕੰਮ ਸ਼ੁਰੂ ਨਾ ਹੋਣ ਕਰਕੇ ਲੋਕਾਂ 'ਚ ਰੋਸ

**ਗੁਰਦਾਸਪੁਰ (ਜਨਕ ਮਹਾਜਨ)**- ਵਿਧਾਨ ਸਭਾ ਹਲਕਾ ਦੀਨਾਨਗਰ ਅੰਦਰ ਪੈਂਦੇ ਕਸਬਾ ਪੁਰਾਣਾ ਸ਼ਾਲਾ ਤੋਂ ਪੰਡੋਰੀ ਮਹੰਤਾਂ ਦੀ ਸੜਕ ਦੇ ਨਵੀਨੀਕਰਨ ਦਾ ਕੰਮ ਸ਼ੁਰੂ ਨਾ ਹੋਣ ਕਰਕੇ ਲੋਕਾਂ ਵਿੱਚ ਪੰਜਾਬ ਸਰਕਾਰ ਅਤੇ ਹਲਕਾ ਇੰਚਾਰਜ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਹਲਕਾ ਦੀਨਾਨਗਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਇੰਚਾਰਜ ਕਮਲਜੀਤ ਚਾਵਲਾ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਸੜਕਾਂ ਦੀ ਮਰੰਮਤ ਨਹੀਂ ਹੋ ਸਕੀ। ਉਨ੍ਹਾਂ ਦੱਸਿਆ ਕਿ ਉਕਤ ਸੜਕ ਨੂੰ ਟੁੱਟਿਆਂ ਚਾਰ ਸਾਲ ਤੋਂ ਵੱਧ ਸਮਾਂ ਹੋ ਗਿਆ ਜਿਸ ਕਰਕੇ ਲੋਕਾਂ ਦਾ ਲੰਘਣਾ ਇੱਥੋਂ ਬੇਹੱਦ ਮੁਸ਼ਕਿਲ ਹੋਇਆ ਪਿਆ ਹੈ। ਉਨ੍ਹਾਂ ਕਿਹਾ ਕਿ ਪੰਡੋਰੀ ਧਾਮ ਜਿੱਥੇ ਪ੍ਰਸਿੱਧ ਧਾਰਮਿਕ ਵਿਸਾਖੀ ਮੇਲਾ ਹਰ ਸਾਲ ਲੱਗਦਾ ਹੈ ਅਤੇ ਵੱਡੀ ਗਿਣਤੀ ਵਿੱਚ ਲੋਕ ਵਿਸਾਖੀ ਦੇ ਦਿਹਾੜੇ 'ਤੇ ਪੰਡੋਰੀ ਧਾਮ ਵਿਖੇ ਨਤਮਸਤਕ ਹੁੰਦੇ ਹਨ। ਉਨ੍ਹਾਂ ਕਿਹਾ ਇਸ ਖਸਤਾ ਹਾਲਤ ਸੜਕ ਤੋਂ ਵਿਸਾਖੀ ਮੇਲੇ 'ਤੇ ਜਾਣ ਵਾਲੇ ਸ਼ਰਧਾਲੂਆਂ ਨੂੰ ਗੁਜ਼ਰਨ ਸਮੇਂ ਬੇਹੱਦ ਮੁਸ਼ਕਿਲਾਂ ਪੇਸ਼ ਆਉਣਗੀਆਂ। ਉਨ੍ਹਾਂ ਦੱਸਿਆ ਕਿ ਇਲਾਕੇ ਦੀ ਇਹ ਮੁੱਖ ਸੜਕ ਹੈ ਅਤੇ ਇਹ ਕਈਆਂ ਪਿੰਡਾਂ ਨੂੰ ਗੁਰਦਾਸਪੁਰ ਅਤੇ ਦੀਨਾਨਗਰ ਦੇ ਨਾਲ ਮਿਲਾਉਂਦੀ ਹੈ। ਉਨ੍ਹਾਂ ਕਿਹਾ ਹੁਣ ਥੋੜ੍ਹੇ ਸਮੇਂ ਬਾਅਦ ਹੀ ਕਣਕ ਦਾ ਸੀਜ਼ਨ ਸ਼ੁਰੂ ਹੋਣ ਵਾਲਾ ਹੈ ਅਤੇ ਕਿਸਾਨ ਵੱਡੀ ਗਿਣਤੀ ਵਿੱਚ ਆਪਣੀਆਂ ਟਰੈਕਟਰ ਟਰਾਲੀਆਂ ਇਸ ਸੜਕ ਰਾਹੀਂ ਮੰਡੀ ਵਿੱਚ ਲੈ ਕੇ ਜਾਣਗੇ ਜਿਨ੍ਹਾਂ ਨੂੰ ਕਾਫੀ ਔਕੜਾਂ ਪੇਸ਼ ਆਉਣਗੀਆਂ। ਉਨ੍ਹਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਨੂੰ ਹਦਾਇਤਾਂ ਜਾਰੀ ਕਰਕੇ ਇਹ ਸੜਕ ਪਹਿਲ ਦੇ ਅਧਾਰ 'ਤੇ ਬਣਾਈ ਜਾਵੇ ਤਾਂ ਜੋ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਤੋਂ ਰਾਹਤ ਮਿਲ ਸਕੇ।





# ਕੇਂਦਰ ਵੱਲੋਂ ਲੇਬਰ ਕੋਡ ਲਾਗੂ ਕਰਨ ਵਿਰੁੱਧ ਬਿਜਲੀ ਘਰ ਹਰਸ਼ਾ ਛੀਨਾ ਵਿਖੇ ਗੇਟ ਰੈਲੀ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)** ਟੈਕਨੀਕਲ ਸਰਵਿਸਜ਼ ਯੂਨੀਅਨ ਸੂਬਾ ਕਮੇਟੀ ਦੇ ਸੱਦੇ 'ਤੇ ਕੇਂਦਰ ਸਰਕਾਰ ਵੱਲੋਂ ਚਾਰ ਲੇਬਰ ਕੋਡ ਲਾਗੂ ਕਰਨ ਵਿਰੁੱਧ ਬਿਜਲੀ ਘਰ ਹਰਸ਼ਾ ਛੀਨਾ ਵਿਖੇ ਕਾਲੇ ਝੰਡੇ ਲਹਿਰਾ ਕੇ ਕਾਲਾ ਦਿਨ ਮਨਾਉਂਦਿਆਂ ਗੇਟ ਰੈਲੀ ਕੀਤੀ ਗਈ । ਰੈਲੀ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਵੱਖ-ਵੱਖ ਬੁਲਾਰਿਆਂ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਕਿਰਤ ਕਾਨੂੰਨਾਂ ਵਿੱਚ ਵੱਡੀ ਪੱਧਰ 'ਤੇ ਸੋਧ ਕਰਕੇ, ਮੁਲਾਜ਼ਮ ਮਜ਼ਦੂਰ ਪੱਖੀ ਲਗਭਗ 44 ਕਿਰਤ ਕਾਨੂੰਨ ਰੱਦ ਕਰ ਦਿੱਤੇ ਹਨ ਅਤੇ ਕਾਰਪੋਰੇਟ ਘਰਾਣਿਆਂ ਨੂੰ ਰਾਸ ਬੈਠਦੇ ਚਾਰ ਲੇਬਰ ਕੋਡ ਲਾਗੂ ਕਰ ਦਿੱਤੇ ਗਏ ਹਨ। ਉਹਨਾਂ ਕਿਹਾ ਕਿ ਪਹਿਲੇ ਕਿਰਤ ਕਾਨੂੰਨ 1948 ਕੁਝ ਹੱਦ ਤੱਕ ਮੁਲਾਜ਼ਮ ਮਜ਼ਦੂਰਾਂ ਨੂੰ ਰਾਹਤ ਦਿੰਦੇ ਸਨ। ਪਹਿਲੇ ਕਾਨੂੰਨਾਂ ਅਨੁਸਾਰ ਜਥੇਬੰਦ ਹੋਣ ਦਾ ਅਧਿਕਾਰ ਹਾਸਲ ਸੀ, ਮੈਨੇਜਮੈਂਟਾਂ ਵੱਲੋਂ ਮੰਗਾਂ ਮਸਲਿਆਂ ਦਾ ਹੱਲ ਨਾ ਕਰਨ ਦੀ ਸੂਰਤ ਵਿੱਚ ਸੰਘਰਸ਼ ਕਰਨ ਦਾ ਅਧਿਕਾਰ ਸੀ ਅਤੇ ਜੇਕਰ ਫਿਰ ਵੀ ਮੈਨੇਜਮੈਂਟਾਂ ਟੱਸ ਤੋਂ ਮੱਸ ਨਹੀਂ ਹੁੰਦੀਆਂ ਤਾਂ ਹੜਤਾਲ ਕਰਨ ਦਾ ਅਧਿਕਾਰ ਹਾਸਲ ਸੀ। ਕੇਂਦਰ ਸਰਕਾਰ ਨੇ ਕਾਰਪੋਰੇਟ ਘਰਾਣਿਆਂ ਪੱਖੀ ਫੈਸਲਾ ਲੈਂਦਿਆਂ ਪਹਿਲੇ ਕਿਰਤ ਕਾਨੂੰਨ ਰੱਦ ਕਰਕੇ ਚਾਰ ਲੇਬਰ ਕੋਡ ਪਾਸ ਕਰ ਦਿੱਤੇ ਹਨ। ਮੁਲਾਜ਼ਮਾਂ ਮਜ਼ਦੂਰਾਂ ਕੋਲੋਂ ਜਥੇਬੰਦ ਹੋਣ ਦਾ ਅਧਿਕਾਰ ਖੋਹ ਲਿਆ ਗਿਆ ਹੈ, ਲੜਨ ਵਾਲੇ ਲੋਕਾਂ ਕੋਲੋਂ ਅੰਦੋਲਨ ਕਰਨ ਅਤੇ ਹੜਤਾਲ ਕਰਨ ਦਾ ਅਧਿਕਾਰ ਵੀ ਖੋ ਲਿਆ ਗਿਆ ਹੈ। ਆਗੂਆਂ ਨੇ ਕਿਹਾ ਕਿ ਜੇਕਰ ਇਹ ਲੇਬਰ ਕੋਡ ਲਾਗੂ ਹੋ ਜਾਂਦੇ ਹਨ ਤਾਂ ਕਿਰਤੀ ਲੋਕਾਂ ਨੂੰ 12 ਘੰਟੇ ਕੰਮ ਦਿਹਾੜੀ ਦਾ ਕਾਨੂੰਨੀ ਤੌਰ 'ਤੇ ਕਰਨੀ ਪਵੇਗੀ। ਉਹਨਾਂ ਕਿਹਾ ਕਿ ਮਈ ਦਿਵਸ ਦੇ ਸ਼ਹੀਦਾਂ ਨੇ ਜੋ ਆਪਣੀਆਂ ਸ਼ਹੀਦੀਆਂ ਦੇ ਕੇ ਅੱਠ ਘੰਟੇ ਕੰਮ ਦਿਹਾੜੀ ਦਾ ਅਧਿਕਾਰ ਹਾਸਲ ਕੀਤਾ ਸੀ ਉਹ ਵੀ ਖੁੱਸ ਜਾਵੇਗਾ। ਕਾਰਪੋਰੇਟ ਘਰਾਣਿਆਂ ਦੀ ਅੰਨ੍ਹੀ ਲੁੱਟ ਅਤੇ ਅਥਾਹ ਮੁਨਾਫੇ ਕਮਾਉਣ ਲਈ ਰਾਹ ਪੱਧਰਾ ਹੋ ਜਾਵੇਗਾ। ਬੁਲਾਰਿਆਂ ਨੇ ਮੰਗ ਕੀਤੀ ਕਿ ਕਾਰਪੋਰੇਟ ਪੱਖੀ ਚਾਰ ਲੇਬਰ ਕੋਡ ਰੱਦ ਕਰਕੇ ਪਹਿਲੇ 44 ਕਿਰਤ ਕਾਨੂੰਨ ਬਹਾਲ ਰੱਖੇ ਜਾਣ। ਗੇਟ ਰੈਲੀ ਨੂੰ ਸਰਕਲ ਪ੍ਰਧਾਨ ਮਲਕੀਅਤ ਸਿੰਘ ਸੈਂਸਰਾ, ਸਬ ਡਵੀਜ਼ਨ ਪ੍ਰਧਾਨ ਜੁਗਰਾਜ ਸਿੰਘ ਛੀਨਾ, ਪਰਮਿੰਦਰ ਸਿੰਘ ਅਦਲੀਵਾਲ, ਜਰਨੈਲ ਸਿੰਘ ਸੈਂਸਰਾ, ਰਾਜਬੀਰ ਸਿੰਘ, ਜਤਿੰਦਰ ਸਿੰਘ ਛੀਨਾ, ਜਸਪਾਲ ਸਿੰਘ, ਨਰਿੰਦਰ ਕੁਮਾਰ ਨੇ ਸੰਬੋਧਨ ਕੀਤਾ।



# ਅੰਮ੍ਰਿਤਪਾਲ ਸਿੰਘ ਦੀ ਪੈਰੋਲ ਰੋਕਣਾ ਚਿੰਤਾਜਨਕ : ਬਿੱਟਾ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਜੰਡਿਆਲਾ ਗੁਰੂ ਹਲਕੇ ਨਾਲ ਸਬੰਧਤ ਅਕਾਲੀ ਦਲ ਵਾਰਿਸ ਪੰਜਾਬ ਦੇ ਸਿਰਕੱਢ ਸੀਨੀਅਰ ਆਗੂ ਭਾਈ ਅਮਰੀਕ ਸਿੰਘ ਬਿੱਟਾ ਨੇ ਕਿਹਾ ਕਿ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਆਪਣੇ ਸੰਵਿਧਾਨਕ ਅਧਿਕਾਰਾਂ ਅਧੀਨ ਹਾਈਕੋਰਟ ਵਿੱਚ ਐਨ ਐਸ ਏ ਰੱਦ ਕਰਨ ਤੇ ਸਦਨ ਇਜਲਾਸ 'ਚ ਸ਼ਾਮਲ ਹੋਣ ਲਈ ਵਾਰ ਵਾਰ ਪੈਰੋਲ ਰੱਦ ਕਰਨਾ ਬੇਹੱਦ ਗੰਭੀਰ ਚਿੰਤਾਜਨਕ ਮਸਲਾ ਬਣ ਗਿਆ ਹੈ।ਹਲਕੇ ਵਿੱਚ ਬਤੌਰ ਸੇਵਾਦਾਰ ਵਜੋਂ ਆਪਣੀਆਂ ਸੇਵਾਵਾਂ ਨਿਭਾ ਰਹੇ ਬਿੱਟਾ ਨੇ ਕਿਹਾ ਕੇ ਖਡੂਰ ਸਾਹਿਬ ਹਲਕੇ ਤੋਂ ਸਾਰੇ ਪੰਜਾਬ ਵਿੱਚੋਂ ਸਭ ਤੋਂ ਵੱਧ ਲੱਖਾਂ ਵੋਟਾਂ ਨਾਲ ਭਾਈ ਖਾਲਸਾ ਨੂੰ ਵੋਟਰਾਂ ਨੇ ਵੱਡੀ ਉਮੀਦ ਨਾਲ ਆਪਣਾ ਐਮ ਪੀ ਚੁਣਿਆ, ਤਾਂ ਜੋ ਉਹਨਾਂ ਦੀ ਅਵਾਜ਼ ਬਣ ਕੇ ਸਰਹੱਦੀ ਖੇਤਰ ਦੀਆਂ ਵੱਡੀਆਂ ਸਮੱਸਿਆਵਾਂ ਪਾਰਲੀਮੈਂਟ ਵਿੱਚ ਉਠਾਉਣਗੇ। ਪਰ ਕਰੀਬ ਤਿੰਨ ਸਾਲ ਦਾ ਸਮਾਂ ਬੀਤ ਜਾਣ 'ਤੇ ਇਲਾਕੇ ਦੇ ਵਿਕਾਸ ਦੇ ਕੰਮ ਅਤੇ ਗੰਭੀਰ ਮਸਲੇ ਜਿਉਂ ਦੇ ਤਿਉਂ ਖੜ੍ਹੇ ਹਨ। ਬਿੱਟਾ ਨੇ ਹੋਰ ਕਿਹਾ ਕਿ ਪੰਜਾਬ ਸਰਕਾਰ ਵਲੋਂ ਸਿਆਸੀ ਬਦਲਾਖੋਰੀ ਤਹਿਤ ਹਰ ਵਾਰ ਨਿਆਂ ਪ੍ਰਣਾਲੀ ਕੋਲ ਗਲਤ ਤੱਥ ਪੇਸ਼ ਕਰਕੇ ਉਹਨਾਂ ਦੀ ਰਿਹਾਈ ਅਤੇ ਪੈਰੋਲ ਰੋਕੀ ਜਾ ਰਹੀ ਹੈ। ਜਿਸ ਨਾਲ ਨਿਆਂ ਪ੍ਰਣਾਲੀ ਤੋਂ ਵੀ ਆਮ ਲੋਕਾਂ ਦਾ ਵਿਸ਼ਵਾਸ ਉਠਦਾ ਜਾ ਰਿਹਾ ਹੈ। ਚੁਣੇ ਹੋਏ ਨੁਮਾਇੰਦੇ ਨੂੰ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਤੋਂ ਰੋਕਣਾ ਬਿਲਕੁਲ ਗੈਰ ਸੰਵਿਧਾਨਕ ਗੱਲ ਹੈ। ਇਸ ਲਈ ਭਾਈ ਅੰਮ੍ਰਿਤਪਾਲ ਸਿੰਘ ਨੂੰ ਨਿਆਇਕ ਮੌਕਾ ਜ਼ਰੂਰ ਮਿਲਣਾ ਚਾਹੀਦਾ ਹੈ।

# ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ 'ਚ ਭਲਕੇ ਲੱਗੇਗਾ ਰੋਜ਼ਗਾਰ ਮੇਲਾ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਸਿਮਰਨ ਸਿੰਘ ਢਿੱਲੋਂ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ ਦੀ ਅਗਵਾਈ ਹੇਠ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਲੋਂ ਜ਼ਿਲ੍ਹੇ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਹਿੱਤ ਰੋਜ਼ਗਾਰ ਮੇਲੇ ਲਗਾਏ ਜਾ ਰਹੇ ਹਨ। ਇਸ ਸਬੰਧੀ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪਰਸ਼ੋਤਮ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਲੋਂ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੀਨਾਨਗਰ ਦੇ ਸਹਿਯੋਗ ਨਾਲ 4 ਅਪ੍ਰੈਲ ਨੂੰ ਇਕ ਮੈਗਾ ਰੋਜ਼ਗਾਰ ਮੇਲਾ ਲਗਾਇਆ ਜਾ ਰਿਹਾ ਹੈ ਜਿਸ ਵਿਚ ਵੱਖ-ਵੱਖ ਕੰਪਨੀਜ਼ ਜਿਵੇਂ ਕੋਕਾ ਕੋਲਾ ਦੀਨਾਨਗਰ (ਵੇਵ ਬੀਵਰੇਜ਼ਸ), ਆਈ.ਸੀ.ਆਈ ਬੈਂਕ, ਐਕਸਿਸ ਬੈਂਕ, ਐਸ.ਬੀ.ਆਈ ਲਾਇਫ, ਯੈੱਸ ਬੈਂਕ, ਐਸ.ਆਈ.ਐਸ ਸਕਿਉਰਿਟੀ ਕੰਪਨੀ, ਮੈਕਸਿਕਸ ਅੰਮ੍ਰਿਤਸਰ ਆਈ.ਟੀ ਕੰਪਨੀ, ਟੈਕ ਮਾਇੰਡ ਜ਼ੀਰਕਪੁਰ, ਕਰਤਾਰ ਵਾਲਵਸ, ਮਾਰੂਤੀ ਸੁਜ਼ੂਕੀ, ਐਮ/ਐਸ ਸਾਕਰ ਇੰਟਨੈਸ਼ਨਲ ਪ੍ਰਾਈਵੇਟ ਲਿਮਟਿਡ, ਫੂਡ ਕੋਸਟ, ਵਰੁਣ ਬੀਵਰੇਜ਼ਸ, ਐਚ.ਆਰ ਇੰਡਸਟਰੀਜ਼, ਟੈਕ ਮਾਇੰਡ ਟੈਲੀਪਰਫਾਰਮੈਂਸ, ਆਈ.ਟੀ.ਐੱਮ ਮੋਹਾਲੀ ਅਤੇ ਹੋਰ ਵੀ ਕਾਫ਼ੀ ਨਾਮੀ ਕੰਪਨੀਆਂ ਵਲੋਂ ਹਿੱਸਾ ਲਿਆ ਜਾਵੇਗਾ। ਪਰਸ਼ੋਤਮ ਸਿੰਘ ਨੇ ਦੱਸਿਆ ਕਿ ਇਸ ਰੋਜ਼ਗਾਰ ਮੇਲੇ ਵਿਚ ਮੇਲ ਅਤੇ ਫ਼ੀਮੇਲ ਉਮੀਦਵਾਰ ਦੋਵੇਂ ਹਿੱਸਾ ਲੈ ਸਕਦੇ ਹਨ। ਇਸ ਮੇਲੇ ਵਿਚ ਭਾਗ ਲੈਣ ਲਈ ਘੱਟੋ-ਘੱਟ ਵਿਦਿਅਕ ਯੋਗਤਾ ਬਾਰ੍ਹਵੀਂ ਹੋਵੇਗੀ ਅਤੇ ਇੰਟਰਵਿਊ ਦੇਣ ਦੇ ਚਾਹਵਾਨ ਪ੍ਰਾਰਥੀ ਆਪਣੇ ਵਿਦਿਅਕ ਯੋਗਤਾ ਦੇ ਦਸਤਾਵੇਜ਼ ਲੈ ਕੇ 4 ਅਪ੍ਰੈਲ ਨੂੰ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੀਨਾਨਗਰ ਵਿਖੇ ਪਹੁੰਚਣ ।

# ਨਰੋਈ ਸਿਹਤ ਪ੍ਰਤੀ ਜਾਗਰੂਕਤਾ ਲੈਕਚਰ ਕਰਵਾਇਆ

**ਧਾਰੀਵਾਲ (ਮਨਦੀਪ ਵਿੱਕੀ)**- ਸਥਾਨਕ ਹਿੰਦੂ ਕੰਨਿਆ ਮਹਾਂ ਵਿਦਿਆਲਿਆ, ਧਾਰੀਵਾਲ ਵਿਖੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਨ .ਡੀ ਅਨੰਦ, ਸਕੱਤਰ ਰਮੇਸ਼ ਕੋਹਲੀ, ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਦੀ ਅਗਵਾਈ ਹੇਠ ਐਨ ਐਸ ਐਸ ਵਿਭਾਗ ਵੱਲੋਂ ਕਾਲਜ ਵਿਖੇ ਨਰੋਈ ਸਿਹਤ ਪ੍ਰਤੀ ਜਾਗਰੂਕਤਾ ਲੈਕਚਰ ਕਰਵਾਇਆ ਗਿਆ। ਜਿਸ ਵਿੱਚ ਡਾ. ਤਮੰਨਾ ਬੀ ਏ ਐਮ ਐਸ, ਪੀ ਜੀ ਡੀ ਏ ਐਨ, ਜੱਚਾ ਅਤੇ ਬੱਚਾ ਸਿਹਤ ਪੋਸ਼ਣ ਮਾਹਿਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਹਨਾਂ ਨੇ ਆਪਣੇ ਲੈਕਚਰ ਦੌਰਾਨ ਵਿਦਿਆਰਥਣਾਂ ਨੂੰ ਹਾਈ ਬਲੱਡ ਪ੍ਰੈਸ਼ਰ ਅਤੇ ਡਾਇਬਿਟੀਜ਼ ਜਹੀਆਂ ਬਿਮਾਰੀਆਂ ਦੇ ਹੋਣ ਦੇ ਕਾਰਨਾ ਅਤੇ ਇਹਨਾਂ ਬਿਮਾਰੀਆਂ ਤੋਂ ਬਚਣ ਦੀਆਂ ਸਾਵਧਾਨੀਆਂ ਪ੍ਰਤੀ ਜਾਗਰੂਕ ਕੀਤਾ ਅਤੇ ਨਾਲ ਹੀ ਆਪਣੇ ਖਾਣ ਪੀਣ ਵਿੱਚ ਸਵਸਥ ਪੋਸ਼ਟਿਕ ਆਹਾਰ ਦਾ ਪ੍ਰਯੋਗ ਕਰਨ ਦੀ ਸਲਾਹ ਦਿੱਤੀ। ਉਹਨਾਂ ਦੱਸਿਆ ਕਿ ਸਾਨੂੰ ਆਪਣੇ ਪੋਸ਼ਟਿਕ ਆਹਾਰ ਵਿੱਚ ਵੱਧ ਤੋਂ ਵੱਧ ਦਾਲਾਂ ਸਬਜੀਆਂ ਦੀ ਵਰਤੋਂ ਕਰਨੀ ਚਾਹੀਦੀ ਹੈ ਜੋ ਕਿ ਸਾਨੂੰ ਵਿਟਾਮਿਨਸ ਅਤੇ ਪ੍ਰੋਟੀਨ ਪ੍ਰਦਾਨ ਕਰਦੀਆਂ ਹਨ। ਉਹਨਾਂ ਨੇ ਫਾਸਟ ਫੂਡ ਦੇ ਸਿਹਤ ਉੱਤੇ ਪੈਂਦੇ ਦੁਸ਼ ਪ੍ਰਭਾਵਾ ਤੋਂ ਵੀ ਜਾਣੂ ਕਰਵਾਇਆ ਅਤੇ ਘਰ ਦਾ ਪੋਸ਼ਟਿਕ ਆਹਾਰ ਖਾਣ ਦੇ ਫਾਇਦੇ ਵੀ ਦੱਸੇ। ਉਨਾਂ ਨੇ ਸਵੇਰ, ਦੁਪਹਿਰ ਅਤੇ ਰਾਤ ਦੇ ਆਹਾਰ ਸੰਬੰਧੀ ਵੀ ਜਾਣਕਾਰੀ ਸਾਂਝੀ ਕੀਤੀ ਅਤੇ ਨਾਲ ਹੀ ਵਿਦਿਆਰਥਣਾਂ ਨੂੰ ਬਦਲਦੀ ਉਮਰ ਦੇ ਦੌਰਾਨ ਬਦਲਦੇ ਹਾਰਮੋਨਸ ਬਾਰੇ ਅਤੇ ਇਸ ਦੇ ਨਾਲ ਹੀ ,ਪਲਾਸਟਿਕ ਦੇ ਬਰਤਨ ਬੋਤਲਾਂ, ਟਿਫਨ ਆਦਿ ਦੀ ਵਰਤੋਂ ਨਾ ਕਰਨ ਸੰਬੰਧੀ ਜਾਣਕਾਰੀ ਸਾਂਝੀ ਕੀਤੀ।ਅੰਤ ਵਿੱਚ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਜੀ ਨੇ ਡਾ.ਤਮੰਨਾ ਦਾ ਸਿਹਤ ਸਬੰਧੀ ਇਨਾਂ ਲਾਭਕਾਰੀ ਲੈਕਚਰ ਦੇਣ ਲਈ ਧੰਨਵਾਦ ਕੀਤਾ ਅਤੇ ਉਹਨਾਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ। ਇਸ ਦੌਰਾਨ ਕਾਲਜ ਦਾ ਸਮੂਹ ਸਟਾਫ ਹਾਜ਼ਰ ਸੀ।



# ਵਿਨੈ ਚੌਧਰੀ ਵੱਲੋਂ ਭਾਜਪਾ ਦਫਤਰ 'ਤੇ ਹੋਏ ਹਮਲੇ ਦੀ ਸਖ਼ਤ ਨਿਖੇਧੀ

**ਦੀਨਾਨਗਰ ( ਬਲਵਿੰਦਰ ਸਿੰਘ ਬਿੱਲਾ)** ਦੀਨਾਨਗਰ ਤੋਂ ਭਾਜਪਾ ਦੇ ਸੀਨੀਅਰ ਨੇਤਾ ਵਿਨੈ ਚੌਧਰੀ ਨੇ ਕਿਹਾ ਕਿ ਚੰਡੀਗੜ੍ਹ ਵਿੱਚ ਭਾਰਤੀ ਜਨਤਾ ਪਾਰਟੀ ਦੇ ਦਫ਼ਤਰ ਬਾਹਰ ਬਲਾਸਟ ਹੋਣਾ ਬਹੁਤ ਹੀ ਮੰਦਭਾਗੀ ਖਬਰ ਹੈ। ਉਨ੍ਹਾਂ ਕਿਹਾ ਕਿ ਪਹਿਲਾ ਹੀ ਪੰਜਾਬ ਵਿੱਚ ਗੈਂਗਸਟਰ ਅਤੇ ਨਸ਼ੇੜੀਆਂ ਨੇ ਪੰਜਾਬ ਦਾ ਮਾਹੌਲ ਖਰਾਬ ਕੀਤਾ ਹੋਇਆ ਹੈ।ਹੁਣ ਭਾਜਪਾ ਦਫ਼ਤਰ ਦੇ ਬਾਹਰ ਬਲਾਸਟ ਹੋਣ ਨਾਲ ਪੰਜਾਬ ਸਰਕਾਰ ਦੀਆਂ ਨਾਕਾਮੀਆਂ ਸਾਹਮਣੇ ਆ ਰਹੀਆਂ ਹਨ।ਚੌਧਰੀ ਨੇ ਕਿਹਾ ਕਿ ਭਾਜਪਾ ਉਹ ਸੰਗਠਨ ਹੈ ਜਿਹੜਾ ਕਦੇ ਡਰਦਾ ਨਹੀਂ, ਝੁਕਦਾ ਨਹੀਂ ਅਤੇ ਅਜਿਹੀਆਂ ਗੱਲਾਂ ਤੋਂ ਪ੍ਰਭਾਵਿਤ ਨਹੀਂ ਹੁੰਦਾ।ਉਨ੍ਹਾਂ ਇਸ ਘਟਨਾ ਤੋਂ ਬਾਅਦ ਪੰਜਾਬ ਸਰਕਾਰ 'ਤੇ ਸਵਾਲ ਖੜੇ ਕਰਦੇ ਹੋਏ ਕਿਹਾ, ਪੰਜਾਬ ਦੇ ਥਾਣਿਆਂ 'ਤੇ ਧਮਾਕੇ, ਇੰਟਲੀਜੈਂਸ ਦਫ਼ਤਰ 'ਤੇ ਰਾਕੇਟ ਲਾਂਚ, ਇਹ ਸਭ ਪੰਜਾਬ ਦੀ ਵਿਗੜੀ ਕਾਨੂੰਨ ਦੀ ਸਥਿਤੀ ਬਿਆਨ ਕਰਦੇ ਹਨ, ਜੋ ਪੰਜਾਬ ਸਰਕਾਰ ਦਾ ਵੱਡਾ ਫੇਲੀਅਰ ਹੈ।



# ਪੰਜਾਬ ਨੈਸ਼ਨਲ ਬੈਂਕ ਨੇ ਕਰਵਾਇਆ 14 ਦਿਨਾ ਟ੍ਰੇਨਿੰਗ ਪ੍ਰੋਗਰਾਮ

**ਗੁਰਦਾਸਪੁਰ (ਜਨਕ ਮਹਾਜਨ)**- ਭਾਰਤ ਸਰਕਾਰ ਅਤੇ ਪੇਂਡੂ ਵਿਕਾਸ ਮੰਤਰਾਲੇ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੰਜਾਬ ਨੈਸ਼ਨਲ ਬੈਂਕ ਦੀ ਪੇਂਡੂ ਸਵੈ ਰੁਜ਼ਗਾਰ ਸਿਖਲਾਈ ਸੰਸਥਾ ਵੱਲੋਂ ਚਲਾਈ ਜਾ ਰਹੀ ਸਕੀਮ ਤਹਿਤ ਪੰਜਾਬ ਨੈਸ਼ਨਲ ਬੈਂਕ ਸਰਕਲ ਹੈਡ ਪਠਾਨਕੋਟ ਸੰਜੀਤ ਕੁਮਾਰ ਦੀ ਅਗਵਾਈ ਅਤੇ ਜ਼ਿਲ੍ਹਾ ਚੀਫ ਲੀਡ ਬੈਂਕ ਮੈਨੇਜਰ ਰਾਜਨ ਮਲਹੋਤਰਾ ਤੇ ਆਰਸੈਟੀ ਡਾਇਰੈਕਟਰ ਬਲਬੀਰ ਰਾਜ ਦੀ ਦੇਖ-ਰੇਖ ਹੇਠ ਪੀ.ਐਨ.ਬੀ ਆਰਸੈਟੀ ਗੁਰਦਾਸਪੁਰ ਵਿੱਚ 14 ਦਿਨਾਂ ਦਾ ਸੋਫਟ ਟੋਏ ਮੇਕਿੰਗ ਐਂਡ ਸੈਲਿੰਗ ਪ੍ਰੋਗਰਾਮ ਕਰਵਾਇਆ ਗਿਆ। ਇਸ ਟ੍ਰੇਨਿੰਗ ਪ੍ਰੋਗਰਾਮ ਵਿੱਚ 35 ਵਿਦਿਆਰਥੀਆਂ ਨੇ ਹਿੱਸਾ ਲਿਆ ਜਿਸ ਵਿੱਚ ਵੱਖ-ਵੱਖ ਤਰ੍ਹਾਂ ਦੇ ਸੋਫਟ ਟੋਏ ਅਤੇ ਡੈਕੋਰੇਟਿਵ ਚੀਜ਼ਾਂ ਬਣਾਉਣ ਬਾਰੇ ਜਾਣਕਾਰੀ ਦਿੱਤੀ ਗਈ। ਇਸ ਸਬੰਧੀ ਸੰਸਥਾ ਦੇ ਡਾਇਰੈਕਟਰ ਬਲਬੀਰ ਰਾਜ ਨੇ ਦੱਸਿਆ ਕਿ ਸੰਸਥਾ ਵੱਲੋਂ ਇਸ ਵਿੱਤੀ ਸਾਲ ਵਿੱਚ ਹੁਣ ਤੱਕ 30 ਵੱਖ-ਵੱਖ ਟ੍ਰੇਨਿੰਗ ਪ੍ਰੋਗਰਾਮ ਕਰਵਾਏ ਗਏ ਹਨ। ਜਿਵੇਂ ਕਿ ਬਿਊਟੀ ਪਾਰਲਰ, ਫਾਸਟ ਫੂਡ, ਸਿਲਾਈ, ਜੂਟ ਪ੍ਰੋਡਕਟਸ, ਜਨਰਲ ਈਡੀਪੀ, ਜਨਰਲ ਈਡੀਬੀ ਫਾਰ ਪੀਐਮ ਈਜੀਪੀ ਤਹਿਤ 81 ਵਿਦਿਆਰਥੀਆਂ ਨੂੰ ਟ੍ਰੇਨਿੰਗ ਦਿੱਤੀ ਗਈ। ਉਨ੍ਹਾਂ ਕਿਹਾ ਕਿ ਸੰਸਥਾ ਵੱਲੋਂ ਕਰਵਾਏ ਜਾਣ ਵਾਲੇ ਟਰੇਨਿੰਗ ਪ੍ਰੋਗਰਾਮ ਬਿਲਕੁਲ ਮੁਫਤ ਕਰਵਾਏ ਜਾਂਦੇ ਹਨ। ਇਸ ਦੇ ਨਾਲ ਵਿਦਿਆਰਥੀਆਂ ਨੂੰ ਸਵੇਰੇ ਸ਼ਾਮ ਦੀ ਚਾਹ, ਖਾਣਾ, ਸਟੇਸ਼ਨਰੀ, ਯੂਨੀਫਾਰਮ ਵੀ ਮੁਫਤ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਹਰੇਕ ਟ੍ਰੇਨਿੰਗ ਦੇ ਖਤਮ ਹੋਣ ਉਪਰੰਤ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੀ ਦਿੱਤੇ ਜਾਂਦੇ ਹਨ ਅਤੇ ਆਪਣਾ ਕਾਰੋਬਾਰ ਸਥਾਪਿਤ ਕਰਨ ਲਈ ਬੈਂਕ ਵੱਲੋਂ ਕਰਜ਼ੇ ਦੀ ਸੁਵਿਧਾ ਵੀ ਮੁਹੱਈਆ ਕਰਵਾਈ ਜਾਂਦੀ ਹੈ।



# ਮਾਨ ਸਰਕਾਰ ਵੱਲੋਂ ਸ਼ੁਰੂ ਕੀਤੀ ਜਨ-ਸੰਪਰਕ ਮੁਹਿੰਮਾਂ ਤਹਿਤ ਪਿੰਡਾਂ 'ਚ ਪਹੁੰਚ ਕੇ ਲੋਕਾਂ ਦੇ ਵਿਚਾਰ ਸੁਣੇ

**ਅਟਾਰੀ (ਸਤਬੀਰ ਸਿੰਘ)** - ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਮੌਕੇ ਆਮ ਆਦਮੀ ਪਾਰਟੀ ਦੀ ਅਟਾਰੀ ਦੀ ਚੇਅਰਪਰਸਨ ਸੀਮਾ ਸੋਢੀ ਨੇ ਅਟਾਰੀ ਹਲਕੇ ਦੇ ਪਿੰਡ ਮਾਲੂਵਾਲ ਵਿੱਚ ਸਰਪੰਚ ਅਵਤਾਰ ਸਿੰਘ ਦੀ ਅਗਵਾਈ ਹੇਠ ਕੀਤੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਾਨ ਸਰਕਾਰ ਦੇ ਇਨ੍ਹਾਂ ਚਾਰ ਸਾਲਾਂ ਦੌਰਾਨ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਨਿਭਾਉਂਦਿਆਂ ਹਰ ਖੇਤਰ ਵਿੱਚ ਵੱਡੇ ਬਦਲਾਅ ਲਿਆਏ ਹਨ।ਮਾਨ ਸਰਕਾਰ ਵੱਲੋਂ ਵੱਡੀਆਂ ਜਨ-ਸੰਪਰਕ ਮੁਹਿੰਮਾਂ ਸ਼ੁਰੂ ਕੀਤੀਆਂ ਹਨ ਅਤੇ 4 ਸਾਲਾਂ ਵਿੱਚ ਕੀਤੇ ਕੰਮਾਂ ਦੇ ਆਧਾਰ ਤੇ ਘਰ-ਘਰ ਪਹੁੰਚ ਕੀਤੀ ਜਾ ਰਹੀ ਹੈ।ਸੀਮਾ ਸੋਢੀ ਨੇ ਦੱਸਿਆ ਕਿ ਸਿਹਤ ਖੇਤਰ ਵਿੱਚ ਸਰਕਾਰ ਵੱਲੋਂ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਗਈ ਹੈ।ਆਮ ਆਦਮੀ ਕਲੀਨਿਕਾਂ ਵਿੱਚ ਮੁਫ਼ਤ ਦਵਾਈਆਂ ਅਤੇ ਟੈਸਟ ਦੀ ਸਹੂਲਤ ਦਿੱਤੀ ਜਾ ਰਹੀ ਹੈ ਅਤੇ ਹੁਣ ਤੱਕ 2,661 ਡਾਕਟਰ, ਪੈਰਾਮੈਡੀਕਲ ਅਤੇ ਕਲੀਨਿਕਲ ਸਟਾਫ ਦੀ ਭਰਤੀ ਕੀਤੀ ਗਈ ਹੈ। ਇਸ ਤੋਂ ਇਲਾਵਾ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਦਿੱਤਾ ਜਾ ਰਿਹਾ ਹੈ।ਸਿੱਖਿਆ ਖੇਤਰ ਵਿੱਚ ਪੰਜਾਬ ਨੇ ਦੇਸ਼ ਵਿੱਚ ਮਿਸਾਲ ਕਾਇਮ ਕੀਤੀ ਹੈ। ਨੈਸ਼ਨਲ ਅਚੀਵਮੈਂਟ ਸਰਵੇ ਵਿੱਚ ਪੰਜਾਬ ਦੇਸ਼ ਵਿੱਚ ਨੰਬਰ-1 ਰਿਹਾ ਹੈ। ਸਰਕਾਰੀ ਸਕੂਲਾਂ ਦੇ 305 ਵਿਦਿਆਰਥੀਆਂ ਨੇ ਜੇਈਈ ਮੇਨ ਅਤੇ 845 ਵਿਦਿਆਰਥੀਆਂ ਨੇ ਨੀਟ ਪਰੀਖਿਆ ਪਾਸ ਕੀਤੀ ਹੈ।15,000 ਤੋਂ ਵੱਧ ਅਧਿਆਪਕਾਂ ਦੀ ਭਰਤੀ ਅਤੇ 12,000 ਤੋਂ ਵੱਧ ਅਧਿਆਪਕਾਂ ਨੂੰ ਤਰੱਕੀ ਦੇ ਕੇ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਗਿਆ ਹੈ।ਰੋਜ਼ਗਾਰ ਦੇ ਮੋਰਚੇ 'ਤੇ ਵੀ ਮਾਨ ਸਰਕਾਰ ਨੇ ਵੱਡੀ ਕਾਮਯਾਬੀ ਹਾਸਲ ਕੀਤੀ ਹੈ। ਹੁਣ ਤੱਕ 65,264 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਅਤੇ 5 ਲੱਖ ਤੋਂ ਵੱਧ ਨੌਜਵਾਨਾਂ ਨੂੰ ਪ੍ਰਾਈਵੇਟ ਸੈਕਟਰ ਵਿੱਚ ਰੋਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ ਗਏ ਹਨ।

ਮਹਿਲਾਵਾਂ ਦੀ ਆਰਥਿਕ ਮਜ਼ਬੂਤੀ ਲਈ ਮੁੱਖ ਮੰਤਰੀ ਮਾਂਵਾਂ ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਗਈ ਹੈ ਜਿਸ ਤਹਿਤ ਹਰ ਮਹਿਲਾ ਨੂੰ 1,000 ਰੁਪਏ ਅਤੇ ਐਸਸੀ ਵਰਗ ਦੀਆਂ ਮਹਿਲਾਵਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਦਿੱਤੇ ਜਾ ਰਹੇ ਹਨ। ਇਸ ਦੇ ਨਾਲ ਹੀ ਸ਼ਹੀਦਾਂ ਦੇ ਪਰਿਵਾਰਾਂ ਦਾ ਸਨਮਾਨ ਕਰਦਿਆਂ ਉਨ੍ਹਾਂ ਦੀਆਂ ਧੀਆਂ ਨੂੰ 1 ਕਰੋੜ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਜਾਵੇਗੀ ।

ਅੰਤ ਵਿੱਚ ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੱਚੀ ਨੀਅਤ ਅਤੇ ਪਾਰਦਰਸ਼ੀ ਤਰੀਕੇ ਨਾਲ ਕੰਮ ਕਰਦਿਆਂ ਲੋਕਾਂ ਦਾ ਭਰੋਸਾ ਜਿੱਤਿਆ ਹੈ। ਆਉਣ ਵਾਲੇ ਸਮੇਂ ਵਿੱਚ ਵੱਡੀਆਂ ਜਨ-ਸੰਪਰਕ ਮੁਹਿੰਮਾਂ ਬੀ ਸ਼ੁਰੂ ਕਰਕੇ ਸਰਕਾਰ ਆਪਣੇ ਕੀਤੇ ਕੰਮਾਂ ਨੂੰ ਘਰ-ਘਰ ਤੱਕ ਪਹੁੰਚਾਏਗੀ ਅਤੇ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਵੀ ਯਕੀਨੀ ਬਣਾਇਆ ਜਾਵੇਗਾ। ਇਸ ਮੌਕੇ ਸਰਪੰਚ ਅਵਤਾਰ ਸਿੰਘ, ਸ਼ੇਰਾ ਮਾਲੂਵਾਲ, ਗੁਰਦੀਪ ਸਿੰਘ ਗਿੱਲ, ਦਿਲਬਾਗ ਸਿੰਘ, ਬਲਵਿੰਦਰ ਸਿੰਘ, ਅੰਗਰੇਜ਼ ਸਿੰਘ, ਬੱਲੋ ਮਾਲੂਵਾਲ, ਹਰਪ੍ਰੀਤ ਸਿੰਘ ਗਿੱਲ, ਬੈਪੀ, ਡਾਕਟਰ ਸੋਨਾ, ਲਖਬੀਰ ਸਿੰਘ,ਤਸਵੀਰ ਸਿੰਘ ਸੋਨੀ, ਭਿੰਦਰ ਸਿੰਘ ਗਿੱਲ, ਰਘਬੀਰ ਸਿੰਘ, ਅਰਸ, ਅੰਮ੍ਰਿਤਪਾਲ ਸਿੰਘ ਨੰਬਰਦਾਰ, ਕਸਮੀਰ ਸਿੰਘ ਆਦਿ ਆਗੂ ਹਾਜ਼ਰ ਸਨ।



# ਸਾਜੁਦੀਪ ਸਿੰਘ ਦੇ ਅਕਾਲ ਚਲਾਣੇ 'ਤੇ ਬ੍ਰਹਮਪੁਰਾ ਤੇ ਜਹਾਂਗੀਰ ਨੇ ਕੀਤਾ ਦੁੱਖ ਸਾਂਝਾ

**ਖਡੂਰੇ ਸਾਹਿਬ (ਸਰਬਜੋਤ ਸਿੰਘ ਸੰਧਾ)** ਵਿਧਾਨ ਸਭਾ ਹਲਕਾ ਸ੍ਰੀ ਖਡੂਰ ਸਾਹਿਬ ਦੇ ਕਸਬਾ ਫ਼ਤਿਹਾਬਾਦ ਤੋਂ ਨੌਜਵਾਨ ਸਾਜੁਦੀਪ ਸਿੰਘ ਦੇ ਅਚਾਨਕ ਦੇਹਾਂਤ ਨਾਲ ਇਲਾਕੇ ਨੂੰ ਗਹਿਰਾ ਸਦਮਾ ਲੱਗਾ ਹੈ।ਇਸ ਦੁਖਦਾਈ ਘਟਨਾ ਉਪਰੰਤ ਸਾਬਕਾ ਵਿਧਾਇਕ ਅਤੇ ਹਲਕਾ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਪਿਤਾ ਵਰਿੰਦਰ ਸਿੰਘ ਹੈਪੀ ਦੇ ਨਾਲ ਮੁਲਾਕਾਤ ਕਰਦੇ ਹੋਏ ਪਰਵਾਰ ਨਾਲ ਦਿਲੀ ਦੁੱਖ ਸਾਂਝਾ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਨੌਜਵਾਨ ਦੀ ਅਕਾਲ ਮੌਤ ਇੱਕ ਅਪੂਰਣ ਘਾਟ ਹੈ, ਜਿਸ ਨੂੰ ਕਦੇ ਵੀ ਪੂਰਾ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਵਾਹਿਗੁਰੂ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਅਤੇ ਪਰਿਵਾਰ ਨੂੰ ਇਹ ਦੁੱਖ ਸਹਿਣ ਦੀ ਤਾਕਤ ਬਖ਼ਸ਼ੇ।ਇਸ ਸਮੇਂ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਦਲਬੀਰ ਸਿੰਘ ਜਹਾਂਗੀਰ, ਬਲਾਕ ਸੰਮਤੀ ਮੈਂਬਰ ਸੁਰਿੰਦਰ ਸਿੰਘ ਸ਼ਿੰਦਾ, ਭੁਪਿੰਦਰ ਸਿੰਘ ਭਿੰਦਾ, ਤਜਿੰਦਰ ਸਿੰਘ ਪ੍ਰਿੰਸ, ਬਲਦੇਵ ਸਿੰਘ ਸ਼ੈਲਰ ਵਾਲੇ, ਕਸ਼ਮੀਰ ਸਿੰਘ ਸਹੋਤਾ (ਮੈਂਬਰ), ਕੁਲਦੀਪ ਸਿੰਘ ਕੰਬੋਜ, ਜਗਜੀਤ ਸਿੰਘ (ਮੈਂਬਰ ਪੰਚਾਇਤ), ਪ੍ਰਧਾਨ ਰਤਨ ਸਿੰਘ, ਚਰਨਜੀਤ ਸਿੰਘ ਬਿੱਟੂ, ਹਰੀਸ਼ ਕੁਮਾਰ ਗੁੱਜਰ, ਸੁਮੀਤ ਅਰੋੜਾ, ਗਿਆਨ ਸਿੰਘ ਦਿਓਲ, ਨੰਬਰਦਾਰ ਸੰਤੋਖ ਸਿੰਘ, ਬਲਦੇਵ ਸਿੰਘ ਟੈਂਟ ਵਾਲਾ, ਮਲਕੀਤ ਸਿੰਘ ਠੇਕੇਦਾਰ, ਕੁਲਜੀਤ ਸਿੰਘ ਚਾਵਲਾ, ਬਲਵਿੰਦਰ ਸਿੰਘ ਸਾਬੀ (ਮੈਂਬਰ), ਸੰਤੋਖ ਸਿੰਘ ਅਟਵਾਲ, ਸ਼ਿਵ ਸਿੰਘ, ਕੁਲਵੰਤ ਸਿੰਘ, ਮਾਸਟਰ ਮਹਿੰਦਰ ਸਿੰਘ ਅਤੇ ਰਜਿੰਦਰ ਸਿੰਘ ਰਾਜੂ ਵੀ ਹਾਜ਼ਰ ਸਨ।



# ਬਹੁ-ਧਰੁਵੀ ਬਣਨ ਵੱਲ ਵਧਦੀ ਦੁਨੀਆ

*ਈਰਾਨ 'ਤੇ ਅਮਰੀਕੀ-ਇਜ਼ਰਾਈਲੀ ਸਾਂਝੇ ਹਮਲੇ ਨੂੰ ਇੱਕ ਮਹੀਨੇ ਤੋਂ ਵੱਧ ਦਾ ਸਮਾਂ ਬੀਤ ਚੁੱਕਾ ਹੈ। ਈਰਾਨ ਨੇ ਜਿਸ ਤਰ੍ਹਾਂ ਦੁਨੀਆ ਦੀ ਸਭ ਤੋਂ ਸ਼ਕਤੀਸ਼ਾਲੀ ਫੌਜੀ ਤਾਕਤ ਅਮਰੀਕਾ ਤੇ ਜੰਗੀ ਤਕਨੀਕ ਦੇ ਮਾਮਲੇ ਵਿੱਚ ਮੁਹਾਰਤ ਰੱਖਣ ਵਾਲੇ ਇਜ਼ਰਾਈਲ ਦਾ ਨੱਕ 'ਚ ਦਮ ਕੀਤਾ ਹੋਇਆ ਹੈ, ਉਸ ਨੇ ਸੁਏਜ਼ ਨਹਿਰ ਸੰਬੰਧੀ ਹੋਏ ਝਗੜੇ ਦੀ ਯਾਦ ਤਾਜ਼ਾ ਕਰਾ ਦਿੱਤੀ ਹੈ।*

*ਸੁਏਜ਼ ਨਹਿਰ ਭੂ-ਮੱਧ ਸਾਗਰ ਨੂੰ ਲਾਲ ਸਾਗਰ ਨਾਲ ਜੋੜਨ ਲਈ ਬਣਾਈ ਗਈ ਸੀ ਤਾਂ ਜੋ ਸਮੁੰਦਰੀ ਮਾਰਗ ਰਾਹੀਂ ਵਪਾਰ ਨੂੰ ਸੌਖਾਲਾ ਕੀਤਾ ਜਾ ਸਕੇ। ਇਸ ਨਹਿਰ ਨੂੰ ਬਰਤਾਨੀਆ ਤੇ ਫ਼ਰਾਂਸ ਦੇ ਸ਼ੇਅਰਧਾਰਕਾਂ ਦੇ ਮਾਲਕਾਨਾ ਹੱਕ ਵਾਲੀ ਸੁਏਜ਼ ਨਹਿਰ ਕੰਪਨੀ ਨੇ ਬਣਾਇਆ ਸੀ। ਇਹ ਉਨ੍ਹਾਂ ਦਿਨਾਂ ਦੀ ਗੱਲ ਹੈ, ਜਦੋਂ ਸੋਵੀਅਤ ਯੂਨੀਅਨ ਤੇ ਸਾਮਰਾਜੀ ਦੇਸ਼ਾਂ ਵਿਚਾਲੇ ਠੰਢੀ ਜੰਗ ਚੱਲ ਰਹੀ ਸੀ। ਤੀਜੀ ਦੁਨੀਆ ਦੇ ਮੁਲਕ ਗੁੱਟ ਨਿਰਲੇਪ ਲਹਿਰ ਦੇ ਝੰਡੇ ਹੇਠ ਸੋਵੀਅਤ ਯੂਨੀਅਨ ਨਾਲ ਖੜ੍ਹੇ ਸਨ। ਇਹ ਨਹਿਰ ਮਿਸਰ ਦੇ ਖੇਤਰ ਵਿੱਚੋਂ ਲੰਘਦੀ ਸੀ। ਜਦੋਂ 1956 ਵਿੱਚ ਗੁੱਟ ਨਿਰਲੇਪ ਲਹਿਰ ਦੇ ਨਾਮਣੇ ਵਾਲੇ ਆਗੂ ਅਬਦੁਲ ਨਾਸਿਰ ਮਿਸਰ ਦੇ ਰਾਸ਼ਟਰਪਤੀ ਬਣੇ ਤਾਂ ਉਨ੍ਹਾ ਸੁਏਜ਼ ਨਹਿਰ ਕੰਪਨੀ ਦਾ ਕੌਮੀਕਰਨ ਕਰਕੇ ਉਸ ਨੂੰ ਸਰਕਾਰੀ ਮਾਲਕੀ ਹੇਠ ਲੈ ਆਂਦਾ ਸੀ। ਉਸ ਸਮੇਂ ਬਰਤਾਨਵੀ ਸਾਮਰਾਜ ਦਾ ਸਰਮਾਏਦਾਰੀ ਮੁਲਕਾਂ ਵਿੱਚ ਬੋਲਬਾਲਾ ਸੀ। ਸੁਏਜ਼ ਨਹਿਰ ਕੰਪਨੀ ਦੇ ਕੌਮੀਕਰਨ ਨੇ ਬਰਤਾਨਵੀ ਸਾਮਰਾਜ ਦੇ ਰੁਤਬੇ ਨੂੰ ਵੱਡੀ ਸੱਟ ਮਾਰੀ ਸੀ। ਆਪਣੀ ਸਾਖ ਬਚਾਉਣ ਲਈ ਬਰਤਾਨੀਆ ਨੇ ਫਰਾਂਸ ਨਾਲ ਮਿਲ ਕੇ ਇਹ ਯੋਜਨਾ ਬਣਾਈ ਕਿ ਇਜ਼ਰਾਈਲ ਰਾਹੀਂ ਮਿਸਰ 'ਤੇ ਹਮਲਾ ਕਰਾ ਦਿੱਤਾ ਜਾਵੇ ਤੇ ਉਸ ਤੋਂ ਬਾਅਦ ਬਰਤਾਨੀਆ ਤੇ ਫਰਾਂਸ ਇਸ ਜੰਗ ਵਿੱਚ ਇਜ਼ਰਾਈਲ ਦੀ ਮਦਦ ਲਈ ਸ਼ਾਮਲ ਹੋ ਜਾਣ। 29 ਅਕਤੂਬਰ 1956 ਨੂੰ ਹੋਏ ਇਸ ਹਮਲੇ ਤੋਂ ਬਾਅਦ ਨਵੀਂ ਉੱਭਰ ਰਹੀ ਸਾਮਰਾਜੀ ਤਾਕਤ ਅਮਰੀਕਾ ਨੂੰ ਲੱਗਿਆ ਕਿ ਇਹੋ ਮੌਕਾ ਹੈ ਜਦੋਂ ਉਹ ਬਰਤਾਨੀਆ ਦੇ ਪ੍ਰਭਾਵ ਨੂੰ ਖਤਮ ਕਰਕੇ ਸਾਮਰਾਜੀ ਦੇਸ਼ਾਂ ਦਾ ਆਗੂ ਬਣ ਸਕਦਾ ਹੈ। ਅਮਰੀਕਾ ਨੇ ਬਰਤਾਨੀਆ ਨੂੰ ਧਮਕੀ ਦੇ ਦਿੱਤੀ ਕਿ ਉਹ ਆਪਣੇ ਕੋਲ ਪਏ ਬਰਤਾਨਵੀ ਪੌਂਡ ਦੇ ਸਾਰੇ ਭੰਡਾਰ ਨੂੰ ਵੇਚ ਦੇਵੇਗਾ। ਇਸ ਨਾਲ ਬਰਤਾਨਵੀ ਪੌਂਡ ਦਾ ਮੁੱਲ ਤੇਜ਼ੀ ਨਾਲ ਡਿਗ ਪਿਆ ਤੇ ਬਰਤਾਨਵੀ ਅਰਥ-ਵਿਵਸਥਾ ਡਾਵਾਂਡੋਲ ਹੋ ਗਈ। ਇਸ ਦੇ ਨਾਲ ਹੀ ਅਮਰੀਕਾ ਨੇ ਬਰਤਾਨੀਆ ਤੇ ਫਰਾਂਸ ਦੀ ਸਹਾਇਤਾ ਨਾਲ ਮਿਸਰ ਉੱਤੇ ਹੋਏ ਇਜ਼ਰਾਈਲੀ ਹਮਲੇ ਦੇ ਵਿਰੁੱਧ ਸੰਯੁਕਤ ਰਾਸ਼ਟਰ ਵਿੱਚ ਸੰਘਰਸ਼ ਬੰਦ ਕਰਨ ਲਈ ਲਿਆਂਦੇ ਗਏ ਮਤੇ ਦੀ ਹਮਾਇਤ ਕਰ ਦਿੱਤੀ। ਦੂਜੇ ਪਾਸੇ ਸੋਵੀਅਤ ਯੂਨੀਅਨ ਨੇ ਹਮਲਾਵਰ ਧਿਰਾਂ ਨੂੰ ਇਹ ਚੇਤਾਵਨੀ ਦੇ ਦਿੱਤੀ ਕਿ ਜੇ ਜੰਗ ਨਾ ਰੋਕੀ ਗਈ ਤਾਂ ਉਹ ਮਿਸਰ ਵੱਲੋਂ ਇਸ ਜੰਗ ਵਿੱਚ ਸ਼ਾਮਲ ਹੋ ਜਾਵੇਗਾ। ਆਖਰ ਵਿੱਚ ਬਰਤਾਨੀਆ ਨੂੰ ਇਹ ਜੰਗ ਰੋਕਣੀ ਪਈ ਸੀ। ਸੁਏਜ਼ ਨਹਿਰ ਦੀ ਇਸ ਘਟਨਾ ਨੇ ਪਹਿਲਾਂ ਹੀ ਕਮਜ਼ੋਰ ਪੈ ਚੁੱਕੇ ਬਰਤਾਨਵੀ ਸਾਮਰਾਜ ਦੀ ਰਹਿੰਦੀ-ਖੂੰਹਦੀ ਸਾਖ ਨੂੰ ਵੀ ਮਿੱਟੀ ਵਿੱਚ ਮਿਲਾ ਦਿੱਤਾ ਸੀ। ਇਸ ਘਟਨਾ ਨੇ ਅਮਰੀਕੀ ਸਾਮਰਾਜ ਨੂੰ ਸਰਮਾਏਦਾਰੀ ਜਗਤ ਦਾ ਚੌਧਰੀ ਬਣ ਜਾਣ ਦਾ ਮੌਕਾ ਦੇ ਦਿੱਤਾ।*

*ਪਿਛਲੇ ਇੱਕ ਦਹਾਕੇ ਤੋਂ ਵੱਧ ਸਮੇਂ ਤੋਂ ਅਮਰੀਕੀ ਅਰਥ-ਵਿਵਸਥਾ ਚੀਨ ਤੋਂ ਕਾਫੀ ਪਛੜ ਚੁੱਕੀ ਹੈ। ਖੋਜ ਦੇ ਖੇਤਰ ਵਿੱਚ ਵੀ ਉਸ ਦੀ ਅਗੇਤ ਹੁਣ ਪਛੇਤ ਵਿੱਚ ਬਦਲ ਚੁੱਕੀ ਹੈ। ਉਸ ਕੋਲ ਸਿਰਫ ਫੌਜੀ ਤਾਕਤ ਤੇ ਡਾਲਰ ਅਧਾਰਤ ਸੰਸਾਰ ਅਰਥ-ਵਿਵਸਥਾ ਹੈ, ਜਿਸ ਰਾਹੀਂ ਉਹ ਆਪਣੀ ਸਰਦਾਰੀ ਕਾਇਮ ਰੱਖਦਾ ਰਿਹਾ ਹੈ। ਟਰੰਪ ਨੂੰ ਲਗਦਾ ਸੀ ਕਿ ਈਰਾਨ ਨੂੰ ਹਰਾ ਕੇ ਉਹ ਖਾੜੀ ਦੇਸ਼ਾਂ 'ਤੇ ਆਪਣੀ ਪਕੜ ਬਣਾਈ ਰੱਖੇਗਾ ਤੇ ਮੁੜ ਪੈਟਰੋ ਡਾਲਰ ਰਾਹੀਂ ਸੰਸਾਰ ਅਰਥ ਵਿਵਸਥਾ ਨੂੰ ਆਪਣੀ ਮੁੱਠੀ ਵਿੱਚ ਕਰ ਲਏਗਾ।*

*ਮੌਜੂਦਾ ਜੰਗ ਵਿੱਚ ਜਿਸ ਤਰ੍ਹਾਂ ਈਰਾਨ ਅਮਰੀਕਾ ਤੇ ਇਜ਼ਰਾਈਲ ਦਾ ਮੁਕਾਬਲਾ ਕਰ ਰਿਹਾ ਹੈ, ਉਸ ਨੇ ਟਰੰਪ ਦੇ ਸੁਫਨਿਆਂ ਨੂੰ ਖਾਕ ਵਿੱਚ ਮਿਲਾ ਦਿੱਤਾ ਹੈ। ਈਰਾਨ ਨੇ ਇਸ ਜੰਗ ਵਿੱਚ ਅਮਰੀਕਾ ਤੇ ਇਜ਼ਰਾਈਲ ਨੂੰ ਇੱਟ ਦਾ ਜਵਾਬ ਪੱਥਰ ਨਾਲ ਦਿੱਤਾ ਹੈ। ਇਨ੍ਹਾਂ ਦੋਵਾਂ ਧਾੜਵੀਆਂ ਨੇ ਜੇ ਈਰਾਨ ਦੇ ਤੇਲ ਇਲਾਕਿਆਂ 'ਤੇ ਹਮਲਾ ਕੀਤਾ ਤਾਂ ਈਰਾਨ ਨੇ ਅਮਰੀਕਾ ਦੇ ਪਿੱਠੂ ਖਾੜੀ ਦੇਸ਼ਾਂ ਦੇ ਤੇਲ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਹੈ। ਉਸ ਦੇ ਬਿਜਲੀ ਗਰਿੱਡਾਂ ਤੇ ਪਾਣੀ ਸਾਫ ਕਰਨ ਵਾਲੇ ਕਰਨ ਵਾਲੇ ਅਦਾਰੇ ਨੂੰ ਤਬਾਹ ਕਰਨ ਦੀ ਧਮਕੀ ਦਿੱਤੀ ਤਾਂ ਈਰਾਨ ਨੇ ਪਹਿਲਾਂ ਹੀ ਉਸ ਦਾ ਜਵਾਬ ਦੇ ਦਿੱਤਾ। ਇੱਕ ਮਹੀਨੇ ਦੀ ਜੰਗ ਦੇ ਅੰਦਰ ਹੀ ਈਰਾਨ ਨੇ ਅਮਰੀਕਾ ਦੇ ਖਾੜੀ ਦੇਸ਼ਾਂ ਵਿਚਲੇ 17 ਫੌਜੀ ਅੱਡਿਆਂ ਨੂੰ ਤਬਾਹ ਕਰਕੇ ਅਮਰੀਕੀ ਫੌਜੀਆਂ ਨੂੰ ਹੋਟਲਾਂ ਵਿੱਚ ਲੁਕਣ ਲਈ ਮਜਬੂਰ ਕਰ ਦਿੱਤਾ ਹੈ। ਈਰਾਨ ਨੇ ਅਮਰੀਕਾ ਵੱਲੋਂ ਇਜ਼ਰਾਈਲ ਨੂੰ ਦਿੱਤੇ ਗਏ ਉੱਨਤ ਕਿਸਮ ਦੇ ਰਾਡਾਰ, ਮਿਜ਼ਾਈਲਾਂ ਨੂੰ ਅਸਮਾਨ ਵਿੱਚ ਮਾਰ ਦੇਣ ਵਾਲੇ ਇੰਟਰਸੈਪਟਰਾਂ ਤੇ ਐੱਫ-35 ਵਰਗੇ ਜੰਗੀ ਜਹਾਜ਼ਾਂ ਨੂੰ ਨਸ਼ਟ ਕਰਕੇ ਅਮਰੀਕਾ ਦੀ ਫੌਜੀ ਤਾਕਤ ਦਾ ਦੁਨੀਆ ਸਾਹਮਣੇ ਜਲੂਸ ਕੱਢ ਦਿੱਤਾ ਹੈ। ਅਮਰੀਕਾ ਦੇ ਜੰਗੀ ਬੇੜਿਆਂ ਇਬਰਾਈਮ ਲਿੰਕਨ ਤੇ ਜੇਰਾਲਡ ਫੋਰਡ ਨੂੰ ਈਰਾਨੀ ਮਿਜ਼ਾਈਲਾਂ ਦੀ ਮਾਰ ਖਾ ਕੇ ਜੰਗ ਦੇ ਮੈਦਾਨ ਵਿੱਚੋਂ ਭੱਜਣਾ ਪਿਆ ਹੈ।*

*ਈਰਾਨ ਨੇ ਹਾਰਮੁਜ਼ ਜਲਡਮਰੂ ਨੂੰ ਬੰਦ ਕਰਕੇ ਸੰਸਾਰ ਅਰਥ-ਵਿਵਸਥਾ 'ਤੇ ਅਜਿਹਾ ਦਬਾਅ ਬਣਾਇਆ ਕਿ ਅਮਰੀਕਾ ਦੇ ਲੰਮੇ ਸਮੇਂ ਤੋਂ ਸਹਿਯੋਗੀ ਰਹੇ ਦੇਸ਼ਾਂ ਨੇ ਵੀ ਉਸ ਤੋਂ ਕਿਨਾਰਾ ਕਰ ਲਿਆ। ਟਰੰਪ ਦੀਆਂ ਅਪੀਲਾਂ ਦੇ ਬਾਵਜੂਦ ਨਾਟੋ ਦੇਸ਼ਾਂ ਨੇ ਇਸ ਜੰਗ ਵਿੱਚ ਸ਼ਾਮਲ ਹੋਣ ਤੋਂ ਇਨਕਾਰ ਕਰ ਦਿੱਤਾ ਹੈ।*

*ਹਾਲਤ ਇਹ ਬਣ ਚੁੱਕੀ ਹੈ ਕਿ ਅਮਰੀਕਾ ਨੂੰ ਜੰਗ ਵਿੱਚੋਂ ਨਿਕਲਣ ਦਾ ਰਾਹ ਨਹੀਂ ਮਿਲ ਰਿਹਾ। ਇਸ ਲੜਾਈ ਨੇ ਮੁੜ ਸੁਏਜ਼ ਨਹਿਰ ਝਗੜੇ ਵਾਲੇ ਹਾਲਾਤ ਪੈਦਾ ਕਰ ਦਿੱਤੇ ਹਨ, ਜਿਸ ਰਾਹੀਂ ਅਮਰੀਕਾ ਸੰਸਾਰ ਮੰਚ 'ਤੇ ਆਪਣੀ ਸਰਦਾਰੀ ਗੁਆ ਰਿਹਾ ਹੈ। ਸੋਵੀਅਤ ਯੂਨੀਅਨ ਦੇ ਟੁੱਟਣ ਬਾਅਦ ਸੰਸਾਰ ਇੱਕ ਧੁਰੀ ਹੋ ਗਿਆ ਸੀ। ਇਸ ਜੰਗ ਦੇ ਨਤੀਜੇ ਵਜੋਂ ਸੰਸਾਰ ਬਹੁ-ਧਰੁਵੀ ਹੋਣ ਵੱਲ ਵਧ ਰਿਹਾ ਹੈ। ਹੁਣ ਅਮਰੀਕਾ ਕੋਲ ਉਹ ਤਾਕਤ ਨਹੀਂ ਰਹੇਗੀ ਕਿ ਉਹ ਕਿਸੇ ਦੇਸ਼ ਉਤੇ ਪਾਬੰਦੀਆਂ ਲਾ ਕੇ ਆਪਣੇ ਆਦੇਸ਼ਾਂ ਨੂੰ ਪਾਲਣਾ ਕਰਨ ਲਈ ਕਹਿ ਸਕੇ। ਬਹੁ-ਧਰੁਵੀ ਸੰਸਾਰ ਦਾ ਮਤਲਬ ਦੁਨੀਆ ਦਾ ਹਰ ਦੇਸ਼ ਆਪਣੀ ਅਰਥ-ਵਿਵਸਥਾ ਸੰਬੰਧੀ ਮਨ ਮੁਆਫਿਕ ਫੈਸਲੇ ਲੈਣ ਲਈ ਅਜ਼ਾਦ ਹੋਵੇਗਾ। ਇਹ ਸਾਡਾ ਅਨੁਮਾਨ ਹੈ, ਜੋ ਹਾਲਾਤ ਮੁਤਾਬਕ ਅਸੀਂ ਪੇਸ਼ ਕੀਤਾ ਹੈ। ਜੇ ਇਹ ਸੱਚ ਹੁੰਦਾ ਹੈ ਤਾਂ ਇੱਕ ਨਵੇਂ ਯੁੱਗ ਵਿੱਚ ਪ੍ਰਵੇਸ਼ ਲਈ ਸਮੁੱਚਾ ਸੰਸਾਰ ਈਰਾਨ ਦਾ ਅਹਿਸਾਨਮੰਦ ਹੋਵੇਗਾ।*

**-ਚੰਦ ਫਤਿਹਪੁਰੀ**

# ਜੰਗ ਤੋ ਖੁਦ ਹੀ ਏਕ ਮਸਅਲਾ ਹੈ...


ਮੁਹੰਮਦ ਅੱਬਾਸ ਧਾਲੀਵਾਲ

ਦੁਨੀਆ 'ਚ ਵੱਖ-ਵੱਖ ਮਹਾਂ-ਸ਼ਕਤੀਆਂ ਅਖਵਾਉਣ ਵਾਲੇ ਦੇਸ਼ਾਂ ਦੇ ਆਗੂਆਂ ਦੀ ਪਸਾਰਵਾਦੀ, ਪਦਾਰਥਵਾਦੀ ਅਤੇ ਸੱਤਾ ਵਿੱਚ ਬਣੇ ਰਹਿਣ ਦੀ ਲਾਲਸਾ ਅਤੇ ਹਉਮੈ ਭਰੀ ਪ੍ਰਵਿਰਤੀ ਨੇ ਅੱਜ ਦੁਨੀਆ ਨੂੰ ਤੀਜੇ ਵਿਸ਼ਵ ਯੁੱਧ ਦੀ ਮੰਡੇਰ 'ਤੇ ਲਿਆ ਖੜਾ ਕੀਤਾ ਹੈ। ਦਰਅਸਲ ਪਿਛਲੇ ਕਈ ਦਹਾਕਿਆਂ ਤੋਂ ਉਕਤ ਤਥਾ ਕਥਿਤ ਮਹਾਂ-ਸ਼ਕਤੀਆਂ ਦੁਨੀਆ ਦੇ ਵੱਖ ਵੱਖ ਵਿਕਾਸ ਸ਼ੀਲ ਦੇਸ਼ਾਂ ਦੀਆਂ ਸਰਕਾਰਾਂ ਨੂੰ ਤੇ ਉਨ੍ਹਾਂ ਦੇ ਆਗੂਆਂ ਨੂੰ ਆਪਣੇ ਮਾ-ਤਹਿਤ ਰੱਖਣ ਲਈ ਹਮੇਸ਼ਾ ਸਾਜਿਸ਼ਾਂ ਕਰਦੀਆਂ ਨਜ਼ਰ ਆਈਆਂ ਨੇ । ਜਦੋਂ ਇਨ੍ਹਾਂ ਤਥਾ ਕਥਿਤ ਮਹਾਂ ਸ਼ਕਤੀਆਂ ਦੇ ਖਿਲਾਫ ਕਿਸੇ ਵੀ ਆਗੂ ਨੇ ਬਗਾਵਤ ਕਰਨੀ ਚਾਹੀ ਜਾਂ ਇਨ੍ਹਾਂ ਦੇ ਆਖੇ ਨਹੀਂ ਲੱਗਾ ਜਾਂ ਆਪਣੇ ਦੇਸ਼ ਅਤੇ ਆਪਣੇ ਲੋਕਾਂ ਦੇ ਹਿੱਤਾਂ ਦੀ ਰੱਖਿਆ ਲਈ ਇਨ੍ਹਾਂ ਨਾਲ ਸਮਝੌਤਾ ਨਹੀਂ ਕੀਤਾ ਤਾਂ ਇਨ੍ਹਾਂ ਸੁਪਰ ਪਾਵਰ ਅਖਵਾਉਣ ਵਾਲੇ ਦੇਸ਼ਾਂ ਨੇ ਉਹਨਾਂ ਆਗੂਆਂ ਦੇ ਦੇਸ਼ਾਂ ਵਿੱਚ ਉਨ੍ਹਾਂ ਵਿਰੁੱਧ ਆਪਣੇ ਏਜੰਟਾਂ ਰਾਹੀਂ ਜਾਂ ਤਾਂ ਬਗਾਵਤ ਕਰਵਾ ਦਿੱਤੀ ਜਾਂ ਉਨ੍ਹਾਂ ਕਿਸੇ ਨਾ ਕਿਸੇ ਫ਼ਰਜ਼ੀ ਤੇ ਝੂਠੇ ਮਾਮਲੇ ਦਰਜ ਕਰਵਾ ਉਹਨਾਂ ਆਗੂਆਂ ਨੂੰ ਗੱਦੀਉਂ ਉਤਰਵਾ ਕੇ ਜੇਲ੍ਹ ਵਿੱਚ ਬੰਦ ਕਰਵਾ ਦਿੱਤਾ ਜਾਂ ਫਾਹੇ ਟੰਗਵਾ ਦਿੱਤਾ । ਜੇ ਬਗਾਵਤ ਕਰਵਾਉਣ ਚ ਨਾਕਾਮ ਰਹੇ ਤਾਂ ਉਨ੍ਹਾਂ ਨੂੰ ਆਪਣੀਆਂ ਏਜੰਸੀਆਂ ਰਾਹੀਂ ਮਰਵਾ ਦਿੱਤਾ ਜਾਂ ਫਿਰ ਹਾਲ ਈ ਵਿੱਚ ਵੈਨੇਜ਼ੂਏਲਾ ਦੇ ਰਾਸ਼ਟਰਪਤੀ ਵਾਂਗੂ ਆਪਣੀ ਦਾਦਾਗਿਰੀ ਵਿਖਾਉਂਦਿਆਂ ਆਪਣਾ ਕੈਦੀ ਬਣਾ ਜੇਲ੍ਹਾਂ 'ਚ ਡੱਕ ਦਿੱਤਾ।

ਹੁਣ ਜੇਕਰ ਗੱਲ ਪਿਛਲੀ ਅਠਾਈ ਫਰਵਰੀ ਨੂੰ ਇਨ੍ਹਾਂ ਸ਼ਕਤੀਆਂ ਦੁਆਰਾ ਕਾਇਰਾਨਾ ਤਰੀਕੇ ਨਾਲ ਖਾਮਨੇਈ ਦਾ ਕਤਲ ਕਰਨ ਦੀ ਕਰੀਏ ਤਾਂ ਇਨ੍ਹਾਂ ਘਟੀਆ ਮਾਨਸਿਕਤਾ ਰੱਖਣ ਵਾਲੀਆਂ ਤਾਕਤਾਂ ਦੇ ਆਗੂਆਂ ਨੇ ਇੱਕ ਵਾਰ ਫਿਰ ਤੋਂ ਇਰਾਕ ਦੇ ਰਾਸ਼ਟਰਪਤੀ ਸਦਾਮ ਹੁਸੈਨ ਅਤੇ ਲਿਬੀਆ ਦੇ ਕਰਨਲ ਗੱਦਾਫ਼ੀ ਦੀਆਂ ਯਾਦਾਂ ਤਾਜ਼ਾ ਕਰਵਾ ਦਿੱਤੀਆਂ । ਇਹ ਤਾਕਤਾਂ ਆਪਣੀ ਨਿੱਜੀ ਹਿੱਤਾਂ ਦੀ ਪੂਰਤੀ ਲਈ ਕਿਸੇ ਵੀ ਹੱਦ ਤੱਕ ਜਾ ਸਕਦੀਆਂ ਹਨ ਤੇ ਦੁਨੀਆ ਦੇ ਦੇਸ਼ਾਂ ਨੂੰ ਅਤੇ ਸਮੁੱਚੇ ਸੰਸਾਰ ਦੇ ਲੋਕਾਂ ਨੂੰ ਕਿਸੇ ਵੀ ਜ਼ੋਖਮ ਵਿੱਚ ਪਾਉਣ ਤੋਂ ਵੀ ਗੁਰੇਜ਼ ਨਹੀਂ ਕਰਦੀਆਂ ।

ਪਿਛਲੇ ਦਿਨੀਂ ਜਦੋਂ ਐਪਸਟੀਨ ਫਾਈਲਾਂ ਵਿੱਚ ਖੁਦ ਨੂੰ ਸੱਭਿਅਕ ਅਖਵਾਉਣ ਵਾਲੇ ਇਹਨਾਂ ਦੇਸ਼ਾਂ ਦੇ ਆਗੂਆਂ ਦੇ ਨਾਂਅ ਤੇ ਘਿਨਾਉਣੇ ਤੇ ਨਿਰਲੱਜ ਕਾਰਨਾਮੇ ਸਾਹਮਣੇ ਆਏ ਤਾਂ ਇਨ੍ਹਾਂ ਸੱਭਿਅਕ ਅਖਵਾਉਣ ਵਾਲੇ ਲੋਕਾਂ ਤੇ ਦੁਨੀਆ 'ਚ ਔਰਤ ਦੀ ਆਜ਼ਾਦੀ ਨੂੰ ਲੈ ਕੇ ਵਾਵੇਲਾ ਖੜਾ ਵਾਲੇ ਤਮਾਮ ਤਥਾ ਕਥਿਤ ਆਗੂਆਂ ਦੇ ਜਿਵੇਂ ਮਖੌਟੇ ਉੱਤਰ ਕੇ ਇਨ੍ਹਾਂ ਦੀ ਦਰਿੰਦਾ ਮਾਨਸਿਕਤਾ ਦੇ ਅਸਲੀ ਤੇ ਘਿਨਾਉਣਾ ਚਿਹਰੇ ਸਾਹਮਣੇ ਆ ਗਏ ।

ਈਰਾਨ ਨੇ ਪਿਛਲੇ ਪੰਦਰਾਂ-ਸੋਲਾਂ ਦਿਨਾਂ ਵਿੱਚ ਆਪਣੇ ਸੁਪਰੀਮ ਲੀਡਰ ਖਾਮਨੇਈ ਅਤੇ ਦੇਸ਼ ਦੀਆਂ ਉਕਤ ਬੱਚੀਆਂ ਦੇ ਕਤਲ ਦਾ ਬਦਲਾ ਲੈਣ ਦੇ ਨਜ਼ਰੀਏ ਆਪਣੀਆਂ ਆਧੁਨਿਕ ਮਿਜ਼ਾਈਲਾਂ ਰਾਹੀਂ ਜਿਸ ਤਰ੍ਹਾਂ ਇਜ਼ਰਾਈਲ ਤੇ ਅਮਰੀਕਾ ਦੇ ਅਰਬ ਦੇਸ਼ਾਂ ਵਿੱਚ ਸਥਿਤ ਮਿਲਟਰੀ ਬੇਸਾਂ ਨੂੰ ਨਿਸ਼ਾਨਾ ਬਣਾਇਆ ਹੈ, ਉਸ ਨੂੰ ਕੋਈ ਵੀ ਇਨਸਾਫਪਸੰਦ ਅਤੇ ਥੋੜ੍ਹੀ ਮੋਟੀ ਵੀ ਅਣਖ ਤੇ ਅਕਲ ਰੱਖਣ ਵਾਲਾ ਦੇਸ਼ ਗ਼ਲਤ ਨਹੀਂ ਆਖੇਗਾ। ਈਰਾਨ ਨੇ ਯਕੀਨਨ ਆਪਣੇ ਇਨ੍ਹਾਂ ਮਿਜ਼ਾਈਲੀ ਹਮਲਿਆਂ ਰਾਹੀਂ ਇਨ੍ਹਾਂ ਪੱਛਮੀ ਦੇਸ਼ਾਂ ਦੇ ਘੁਮੰਡ ਨੂੰ ਚਕਨਾਚੂਰ ਕਰਕੇ ਰੱਖ ਦਿੱਤਾ ਹੈ ਅਤੇ ਇੱਕ ਪ੍ਰਕਾਰ ਇਨ੍ਹਾਂ ਦੀ ਚੌਧਰਾਹਟ ਅਤੇ ਗੁੰਡਾਗਰਦੀ ਨੂੰ ਸਿੱਧੀ ਚੁਣੌਤੀ ਦਿੱਤੀ ਹੈ।

ਜਿਵੇਂ ਕਿ ਅਸੀਂ ਸਾਰੇ ਹੀ ਜਾਣਦੇ ਹਾਂ ਕਿ ਅਜੋਕੇ ਸਮੇਂ ਦੁਨੀਆ ਇੱਕ ਪਿੰਡ ਵਾਂਗੂ ਹੋ ਗਈ ਹੈ, ਜਿੱਥੇ ਸਭ ਦੀਆਂ ਜ਼ਰੂਰਤਾਂ ਇੱਕ-ਦੂਜੇ ਨਾਲ ਸਿੱਧਾ ਜਾਂ ਅਸਿੱਧੇ ਰੂਪ ਵਿੱਚ ਜੁੜੀਆਂ ਹੋਈਆਂ ਹਨ। ਇੱਥੇ ਹੁਣ ਇਹ ਸੰਭਵ ਨਹੀਂ ਕਿ ਅਸੀਂ ਤਮਾਸ਼ਬੀਨ ਬਣ ਕੇ ਮਹਿਜ਼ ਜੰਗ ਦਾ ਨਜ਼ਾਰਾ ਕਰ ਲਈਏ। ਜੰਗ ਭਾਵੇਂ ਦੁਨੀਆ ਦੇ ਕਿਸੇ ਵੀ ਖਿੱਤੇ ਵਿੱਚ ਹੋਵੇ ਉਸ ਦਾ ਪ੍ਰਭਾਵ ਦੁਨੀਆ ਦੇ ਤਮਾਮ ਦੇਸ਼ਾਂ ਉਤੇ ਸਿੱਧੇ ਜਾਂ ਅਸਿੱਧੇ ਰੂਪ ਵਿੱਚ ਪੈਣਾ ਸੁਭਾਵਿਕ ਗੱਲ ਹੈ।

ਗੱਲ ਜੇਕਰ ਇਸ ਜੰਗ ਦੀ ਕਰੀਏ ਤਾਂ ਅਮਰੀਕਾ ਤੇ ਇਜ਼ਰਾਈਲ ਦੁਆਰਾ ਛੇੜੇ ਗਏ ਇਸ ਜ਼ਬਰਦਸਤੀ ਵਾਲੇ ਯੁੱਧ ਨੇ ਅੱਜ ਪੂਰੀ ਦੁਨੀਆ ਨੂੰ ਆਪਣੇ ਘੇਰੇ ਵਿੱਚ ਲੈ ਲਿਆ ਜਾਪਦਾ ਹੈ।

ਇਸ ਜੰਗ ਦਾ ਇੱਕ ਬੇਹੱਦ ਮਹਤੱਵਪੂਰਨ ਪਹਿਲੂ, ਜੋ ਉਭਰ ਕੇ ਸਾਹਮਣੇ ਆ ਰਿਹਾ ਹੈ, ਉਹ ਇਹ ਹੈ ਕਿ ਜੋ ਗਲਫ ਦੇਸ਼ ਅਮਰੀਕਾ ਦੀ ਬੁੱਕਲ 'ਚ ਬੈਠੇ ਆਪਣੇ ਆਪ ਨੂੰ ਸੁਰੱਖਿਅਤ ਅਨੁਭਵ ਕਰ ਰਹੇ ਸਨ ਤੇ ਅਮਰੀਕਾ ਨੂੰ ਆਪਣੀ ਹਿਫਾਜ਼ਤ ਲਈ ਢਾਲ ਮੁਹੱਈਆ ਕਰਾਉਣ ਦੇ ਇਵਜ਼ ਮੂੰਹ ਮੰਗਿਆ ਤੇਲ ਦੇਣ ਦੇ ਨਾਲ-ਨਾਲ ਤੋਹਫੇ ਵਜੋਂ ਹੋਰ ਬਹੁਤ ਸਾਰੇ ਕੀਮਤੀ ਨਜ਼ਰਾਨੇ ਭੇਟ ਕਰ ਰਹੇ ਸਨ, ਜਦੋਂ ਤੋਂ ਇਰਾਨ ਨੇ ਉਹਨਾਂ ਦੇਸ਼ਾਂ ਵਿੱਚ ਸਥਿਤ ਅਮਰੀਕੀ ਰਡਾਰ ਸਿਸਟਮ ਤੇ ਹੋਰ ਮਿਲਟਰੀ ਬੇਸਿਜ਼ ਨੂੰ ਆਪਣੇ ਡਰੋਨ ਤੇ ਮਿਜ਼ਾਈਲਾਂ ਰਾਹੀਂ ਢਹਿ-ਢੇਰੀ ਕਰਕੇ ਤਾਸ਼ ਦੇ ਪੱਤਿਆਂ ਦੀ ਤਰ੍ਹਾਂ ਬਿਖੇਰ ਕੇ ਰੱਖ ਦਿੱਤਾ ਹੈ।

ਈਰਾਨ ਦੀ ਇਸ ਕਾਰਵਾਈ ਨਾਲ ਗਲਫ ਦੇਸ਼ ਵੀ ਜਿਵੇਂ ਬੇਵੱਸ ਜਿਹੇ ਨਜ਼ਰ ਆ ਰਹੇ ਹਨ ਅਤੇ ਜਿਸ ਪ੍ਰਕਾਰ ਨਾਲ ਹਾਲ ਦੀ ਘੜੀ ਵਿੱਚ ਇਨ੍ਹਾਂ ਦੇਸ਼ਾਂ 'ਚ ਮੌਜੂਦ ਅਮਰੀਕੀ ਮਿਲਟਰੀ ਵੱਖ-ਵੱਖ ਗਲਫ ਦੇਸ਼ਾਂ ਦੀ ਹਿਫਾਜ਼ਤ ਕਰਨ 'ਚ ਅਸਮਰਥ ਸਾਬਤ ਹੋਈ ਹੈ, ਉਸ ਨੂੰ ਲੈ ਕੇ ਵੀ ਹੁਣ ਅਮਰੀਕਾ ਦੇ ਪ੍ਰਭਾਵ ਅਧੀਨ ਚੱਲ ਰਹੇ ਦੇਸ਼ਾਂ ਨੂੰ ਆਪਣੀ ਸੁਰੱਖਿਆ ਨੂੰ ਲੈ ਕੇ ਇੱਕ ਭੰਬਲਭੂਸੇ ਵਿੱਚ ਪਾ ਦਿੱਤਾ ਹੈ। ਹੁਣ ਇਨ੍ਹਾਂ ਦੇਸ਼ਾਂ ਦੇ ਹਾਕਮਾਂ ਨੂੰ ਮੁੜ ਤੋਂ ਅਪਣੀ ਸੁਰੱਖਿਆ ਨੂੰ ਲੈ ਕੇ ਕਿਸੇ ਨਵੀਂ ਨੀਤੀ 'ਤੇ ਸਮੀਖਿਆ ਕਰਨ ਦੀ ਲੋੜ ਹੋਵੇਗੀ। ਦਿਲਚਸਪ ਗੱਲ ਇਹ ਵੀ ਹੈ ਕਿ ਨਾਟੋ ਦੇ ਜੋ ਇਰਾਕ 'ਤੇ ਹਮਲਾ ਕਰਨ ਦੌਰਾਨ ਅਮਰੀਕਾ ਦੇ ਭਾਈਵਾਲ ਸਨ, ਉਹਨਾਂ 'ਚੋਂ ਇੰਗਲੈਂਡ, ਸਪੇਨ, ਫਰਾਂਸ, ਕੈਨੇਡਾ ਆਦਿ ਦੇਸ਼ਾਂ ਨੇ ਇਸ ਜੰਗ ਵਿੱਚ ਈਰਾਨ ਵਿਰੁੱਧ ਅਮਰੀਕਾ ਨੂੰ ਆਪਣੀ ਹਮਾਇਤ ਦੇਣ ਤੋਂ ਸਾਫ ਤੇ ਸਪੱਸ਼ਟ ਭਾਵ ਕੋਰੇ ਸ਼ਬਦਾਂ ਵਿੱਚ ਇਨਕਾਰ ਕਰ ਦਿੱਤਾ ਹੈ । ਮਾਹਰਾਂ ਨੇ ਇਸ ਨੂੰ ਉਕਤ ਦੇਸ਼ਾਂ ਦੀ ਸਿਆਣਪ ਕਰਾਰ ਦਿੱਤਾ ਹੈ।

ਭਾਰਤ ਇਸ ਵੇਲੇ ਤੇਲ ਅਤੇ ਗੈਸ ਦੇ ਗੰਭੀਰ ਸੰਕਟ ਦਾ ਸਾਹਮਣਾ ਕਰ ਰਿਹਾ ਹੈ, ਕਿਉਂਕਿ ਸਰਕਾਰ ਆਪਣੀ ਵਿਦੇਸ਼ ਨੀਤੀ ਵਿੱਚ ਸੰਤੁਲਨ ਬਣਾਈ ਰੱਖਣ ਵਿੱਚ ਨਾਕਾਮ ਰਹੀ ਹੈ, ਖਾਸ ਕਰਕੇ ਅਮਰੀਕਾ-ਇਜ਼ਰਾਇਲ ਵੱਲੋਂ ਇਰਾਨ ਉੱਤੇ ਕੀਤੇ ਗਏ ਹਮਲੇ ਦੇ ਸੰਦਰਭ ਵਿੱਚ। ਸਾਡੀ ਸਰਕਾਰ ਏਨੀ ਕਮਜ਼ੋਰ ਸਾਬਤ ਹੋਈ ਕਿ ਉਹ ਇਜ਼ਰਾਇਲੀ ਹਵਾਈ ਹਮਲੇ ਵਿੱਚ ਇਰਾਨ ਦੇ ਧਾਰਮਿਕ ਨੇਤਾ ਆਇਤਉੱਲਾ ਖ਼ਾਮਨੇਈ, ਹੋਰ ਉੱਚ ਅਧਿਕਾਰੀਆਂ ਅਤੇ ਫੌਜੀ ਜਨਰਲਾਂ ਦੀ ਹੱਤਿਆ ਦੀ ਨਿੰਦਾ ਵੀ ਨਹੀਂ ਕਰ ਸਕੀ।

ਸਾਡੀ ਸਰਕਾਰ ਨੇ ਭਾਰਤੀ ਮਹਾਂਸਾਗਰ ਵਿੱਚ ਅਮਰੀਕਾ ਵੱਲੋਂ ਇਕ ਇਰਾਨੀ ਨੌਸੈਨਾ ਦੇ ਜੰਗੀ ਜਹਾਜ਼ ਉੱਤੇ ਕੀਤੇ ਗਏ ਹਮਲੇ ਦੀ ਵੀ ਆਲੋਚਨਾ ਨਹੀਂ ਕੀਤੀ।

**# ਸੰਪਰਕ : 98552-59650**

# ਦਇਆ ਦਾ ਮਨੋਵਿਗਿਆਨ-ਅੰਦਰੂਨੀ ਤੇ ਆਪਸੀ ਸੰਬੰਧਾਂ 'ਚ ਇਸ ਦੀ ਮਹੱਤਤਾ


ਡਾ. ਪਰਦੀਪ ਨਾਂਗਲੂ

ਇਹ ਲੇਖ ਦਇਆ ਦੇ ਵਿਸ਼ੇ 'ਤੇ ਕੇਂਦਰਤ ਹੈ, ਜਿਸ ਨੂੰ ਮੈਂ ਅੰਦਰੂਨੀ ਅਤੇ ਆਪਸੀ ਸੰਬੰਧਾਂ ਵਿੱਚ ਸਮਝਣ ਦੀ ਕੋਸ਼ਿਸ਼ ਕੀਤੀ ਹੈ।ਮਨੋਵਿਗਿਆਨ ਅਤੇ ਆਧਿਆਤਮਿਕ ਵਿਗਿਆਨ ਵਿੱਚ ਦਇਆ ਕੋਈ ਨਵਾਂ ਵਿਸ਼ਾ ਨਹੀਂ। ਇਹ ਕਈ ਸਾਲਾਂ ਤੋਂ ਥੈਰੇਪੀ ਅਤੇ ਆਧਿਆਤਮਿਕ ਅਭਿਆਸਾਂ ਵਿੱਚ ਵਰਤੀ ਜਾਂਦੀ ਆ ਰਹੀ ਹੈ ਅਤੇ ਇਸ ਦੇ ਅਸਧਾਰਣ ਨਤੀਜੇ ਵੇਖੇ ਗਏ ਹਨ। ਇੰਟਰਪਰਸਨਲ ਨਿਊਰੋਬਾਇਓਲੋਜੀ ਦੇ ਪ੍ਰਸੰਗ ਵਿੱਚ ਦਇਆ ਮਨ ਅਤੇ ਸਰੀਰ ਦੇ ਸੰਬੰਧ ਨੂੰ ਮਜ਼ਬੂਤ ਬਣਾਉਂਦੀ ਹੈ ਅਤੇ ਸਕਾਰਾਤਮਕ ਮਨੋਵਿਗਿਆਨ ਨੂੰ ਉਤਸ਼ਾਹਤ ਕਰਦੀ ਹੈ।

ਦਇਆ ਮਨੁੱਖੀ ਵਿਕਾਸ ਲਈ ਇੱਕ ਬੁਨਿਆਦੀ ਲੋੜ ਹੈ। ਮਨੁੱਖ ਦੇ ਵਿਹਾਰ ਅਤੇ ਵਿਕਾਸ ਨੂੰ ਸਮਝਣ ਲਈ ਵਿਗਿਆਨੀਆਂ ਨੇ ਇਹ ਵੀ ਦਰਸਾਇਆ ਹੈ ਕਿ ਦਇਆ ਅਤੇ ਪਿਆਰ ਸਾਡੀ ਪਹਿਚਾਣ ਦਾ ਕੇਂਦਰ ਹਨ। ਅਸੀਂ ਕੌਣ ਹਾਂ, ਇਹ ਇਸ ਗੱਲ 'ਤੇ ਨਿਰਭਰ ਕਰਦਾ ਹੈ ਕਿ ਅਸੀਂ ਆਪਣੇ ਆਪ ਅਤੇ ਦੁਨੀਆ ਨੂੰ ਕਿੰਨੀ ਦਇਆ ਨਾਲ ਵੇਖਦੇ ਹਾਂ।

**ਦਇਆ ਦਾ ਮਨੋਵਿਗਿਆਨ** : ਦਇਆ ਨੂੰ ਮਨੋਵਿਗਿਆਨ ਅਤੇ ਆਧਿਆਤਮਿਕਤਾ ਵਿੱਚ ਮਨੁੱਖੀ ਦੁੱਖਾਂ ਦਾ ਇਲਾਜ ਮੰਨਿਆ ਗਿਆ ਹੈ। ਪਿਛਲੇ ਕੁਝ ਦਹਾਕਿਆਂ ਵਿੱਚ ਦਇਆ 'ਤੇ ਕਾਫੀ ਖੋਜ ਹੋਈ ਹੈ, ਜਿਸ ਨੇ ਇਸ ਦੀ ਮਹੱਤਤਾ ਨੂੰ ਹੋਰ ਸਪੱਸ਼ਟ ਕੀਤਾ ਹੈ। ਦਇਆ ਪਿਆਰ ਦਾ ਸਭ ਤੋਂ ਸ਼ੁੱਧ ਰੂਪ ਹੈ। ਇਹ ਉਸ ਫੁੱਲ ਵਾਂਗ ਹੈ, ਜਿਸ ਵਿੱਚ ਕੋਈ ਮਿਲਾਵਟ ਨਹੀਂ ਹੁੰਦੀ।

ਦਇਆ ਮਨੁੱਖ ਦੇ ਅੰਦਰਲੀ ਚੇਤਨਾ ਦੀ ਉਚ ਅਵਸਥਾ ਹੈ। ਇਹ ਸਿਰਫ਼ ਕਿਸੇ ਲਈ ਮਹਿਸੂਸ ਕਰਨਾ ਹੀ ਨਹੀਂ, ਸਗੋਂ ਉਸ ਦੀ ਭਲਾਈ ਲਈ ਅੰਦਰੋਂ ਪ੍ਰੇਰਿਤ ਹੋਣਾ ਵੀ ਹੈ। ਇਸ ਵਿੱਚ ਪਿਆਰ, ਹਮਦਰਦੀ, ਚਿੰਤਾ ਅਤੇ ਖ਼ਿਆਲ ਰੱਖਣ ਦੀ ਭਾਵਨਾ ਸ਼ਾਮਲ ਹੁੰਦੀ ਹੈ। ਦਇਆ ਸਾਨੂੰ ਆਪਣੇ ਆਪ ਅਤੇ ਦੂਜਿਆਂ ਨਾਲ ਗਹਿਰਾ ਸੰਬੰਧ ਬਣਾਉਣ ਵਿੱਚ ਮਦਦ ਕਰਦੀ ਹੈ।

ਦਇਆ ਬਿਨਾਂ ਕਿਸੇ ਸ਼ਰਤ ਦੇ ਹੁੰਦੀ ਹੈ। ਇਹ ਸਿਰਫ਼ ਆਪਣੇ ਲੋਕਾਂ ਤੱਕ ਸੀਮਿਤ ਨਹੀਂ ਹੁੰਦੀ, ਸਗੋਂ ਹਰ ਜੀਵ ਪ੍ਰਤੀ ਇੱਕ ਕੁਦਰਤੀ ਭਾਵਨਾ ਹੈ। ਜਦੋਂ ਦਇਆ ਅੰਦਰੂਨੀ ਅਵਸਥਾ ਬਣ ਜਾਂਦੀ ਹੈ, ਤਾਂ ਇਹ ਇੱਕ ਚੰਗਾ ਕਰਨ ਵਾਲੀ ਤਾਕਤ ਬਣ ਜਾਂਦੀ ਹੈ।

**ਦਇਆ ਦਾ ਵਿਗਿਆਨ**: ਵਿਗਿਆਨਕ ਖੋਜਾਂ ਦਰਸਾਉਂਦੀਆਂ ਹਨ ਕਿ ਮਨੁੱਖ ਕੁਦਰਤਨ ਦਿਆਲੂ ਹੁੰਦੇ ਹਨ। ਜੋ ਲੋਕ ਦਇਆ ਅਤੇ ਪਿਆਰ ਨਾਲ ਜੀਵਨ ਬਿਤਾਉਂਦੇ ਹਨ, ਉਹਨਾਂ ਦੀ ਸਿਹਤ ਬਿਹਤਰ ਹੁੰਦੀ ਹੈ ਅਤੇ ਉਹ ਲੰਮਾ ਜੀਵਨ ਜਿਉਂਦੇ ਹਨ। ਦਇਆ ਸਾਡੀ ਭਾਵਨਾਤਮਕ ਅਤੇ ਜੈਵਿਕ ਪ੍ਰਕਿਰਿਆਵਾਂ ਨਾਲ ਜੁੜੀ ਹੋਈ ਹੈ।

ਦਿਲਚਸਪ ਗੱਲ ਇਹ ਹੈ ਕਿ ਦਇਆ ਸਿੱਖੀ ਵੀ ਜਾ ਸਕਦੀ ਹੈ। ਜਿਹੜਾ ਅਸੀਂ ਅਭਿਆਸ ਕਰਦੇ ਹਾਂ, ਉਹ ਮਜ਼ਬੂਤ ਹੁੰਦਾ ਹੈ। ਦਇਆ ਦਾ ਅਭਿਆਸ ਕਰਨ ਨਾਲ ਵਿਅਕਤੀ ਵਿੱਚ ਭਰੋਸਾ, ਸਹਿਯੋਗ ਅਤੇ ਸਹਿਣਸ਼ੀਲਤਾ ਵਧਦੀ ਹੈ।

**ਅੰਦਰੂਨੀ ਸੰਬੰਧਾਂ ਵਿੱਚ ਦਇਆ**: ਜੋ ਲੋਕ ਆਪਣੇ ਆਪ ਨਾਲ ਦਿਆਲੂ ਹੁੰਦੇ ਹਨ, ਉਹ ਮਨੋਵਿਗਿਆਨਕ ਤੌਰ 'ਤੇ ਜ਼ਿਆਦਾ ਮਜ਼ਬੂਤ ਹੁੰਦੇ ਹਨ। ਉਹਨਾਂ ਵਿੱਚ ਚਿੰਤਾ, ਡਿਪਰੈਸ਼ਨ ਅਤੇ ਨਕਾਰਾਤਮਕ ਸੋਚ ਘੱਟ ਹੁੰਦੀ ਹੈ।

ਆਤਮ-ਦਇਆ ਵਾਲੇ ਲੋਕ ਜੀਵਨ ਦੀਆਂ ਮੁਸ਼ਕਲਾਂ ਨੂੰ ਬਿਹਤਰ ਢੰਗ ਨਾਲ ਸਹਿੰਦੇ ਹਨ । ਉਹ ਆਪਣੀਆਂ ਗਲਤੀਆਂ ਨੂੰ ਸਵੀਕਾਰ ਕਰਦੇ ਹਨ ਅਤੇ ਆਪਣੇ ਆਪ ਨਾਲ ਨਰਮੀ ਨਾਲ ਪੇਸ਼ ਆਉਂਦੇ ਹਨ। ਇਸ ਨਾਲ ਉਹਨਾਂ ਦੀ ਸਿਹਤ ਵਿੱਚ ਵੀ ਸੁਧਾਰ ਹੁੰਦਾ ਹੈ—ਜਿਵੇਂ ਚੰਗੀ ਡਾਇਟ, ਕਸਰਤ ਅਤੇ ਡਾਕਟਰੀ ਸਹਾਇਤਾ ਲੈਣ ਦੀ ਆਦਤ।

ਦਇਆ ਸਰੀਰ ਵਿੱਚ ਵੀ ਸਕਾਰਾਤਮਕ ਪ੍ਰਭਾਵ ਪੈਦਾ ਕਰਦੀ ਹੈ, ਜਿਵੇਂ ਕਿ ਤਣਾਅ ਘਟਾਉਣਾ ਅਤੇ ਖੁਸ਼ਹਾਲੀ ਵਧਾਉਣਾ। ਇਹ ਦਿਮਾਗ ਨੂੰ ਤਾਜ਼ਗੀ ਦਿੰਦੀ ਹੈ ਅਤੇ ਮਨ ਨੂੰ ਸ਼ਾਂਤ ਕਰਦੀ ਹੈ।

**ਆਪਸੀ ਸੰਬੰਧਾਂ ਵਿੱਚ ਦਇਆ**: ਦਇਆ ਸਮਾਜਿਕ ਸੰਬੰਧਾਂ ਦਾ ਅਧਾਰ ਹੈ। ਇਹ ਸਾਨੂੰ ਦੂਜਿਆਂ ਦੀਆਂ ਭਾਵਨਾਵਾਂ ਨੂੰ ਸਮਝਣ ਅਤੇ ਉਹਨਾਂ ਦੀ ਮਦਦ ਕਰਨ ਲਈ ਪ੍ਰੇਰਿਤ ਕਰਦੀ ਹੈ।ਜਦੋਂ ਅਸੀਂ ਦਿਆਲੂ ਹੁੰਦੇ ਹਾਂ, ਤਾਂ ਅਸੀਂ ਮਜ਼ਬੂਤ ਅਤੇ ਸਿਹਤਮੰਦ ਸੰਬੰਧ ਬਣਾਉਂਦੇ ਹਾਂ। ਦਇਆ ਨਾਲ ਭਰਪੂਰ ਲੋਕ ਆਪਣੇ ਸਾਥੀਆਂ, ਪਰਵਾਰ ਅਤੇ ਸਮਾਜ ਨਾਲ ਵਧੀਆ ਸੰਬੰਧ ਬਣਾਉਂਦੇ ਹਨ।

ਆਤਮ-ਦਇਆ ਵੀ ਆਪਸੀ ਸੰਬੰਧਾਂ ਨੂੰ ਮਜ਼ਬੂਤ ਕਰਦੀ ਹੈ। ਜਦੋਂ ਅਸੀਂ ਆਪਣੇ ਆਪ ਨੂੰ ਸਵੀਕਾਰ ਕਰਦੇ ਹਾਂ, ਤਾਂ ਅਸੀਂ ਦੂਜਿਆਂ ਨਾਲ ਵੀ ਖੁੱਲ੍ਹ ਕੇ ਜੁੜ ਸਕਦੇ ਹਾਂ। ਇਹ ਭਰੋਸਾ, ਪਿਆਰ ਅਤੇ ਜੁੜਾਅ ਵਧਾਉਂਦੀ ਹੈ।

**ਮਨੋਚਿਕਿਤਸਾ ਵਿੱਚ ਦਇਆ**: ਦਇਆ ਹਜ਼ਾਰਾਂ ਸਾਲਾਂ ਤੋਂ ਚਿਕਿਤਸਾ ਅਤੇ ਆਧਿਆਤਮਿਕਤਾ ਦਾ ਹਿੱਸਾ ਰਹੀ ਹੈ। ਮਨੋਚਿਕਿਤਸਾ ਵਿੱਚ ਇਹ ਥੈਰੇਪਿਸਟ ਅਤੇ ਮਰੀਜ਼ ਵਿਚਕਾਰ ਭਰੋਸੇ ਦਾ ਰਿਸ਼ਤਾ ਬਣਾਉਂਦੀ ਹੈ। ਜਦੋਂ ਥੈਰੇਪਿਸਟ ਆਪਣੇ ਆਪ ਨਾਲ ਦਿਆਲੂ ਹੁੰਦਾ ਹੈ, ਤਾਂ ਉਹ ਮਰੀਜ਼ਾਂ ਨੂੰ ਬਿਹਤਰ ਢੰਗ ਨਾਲ ਸਮਝ ਸਕਦਾ ਹੈ। ਦਇਆ ਥੈਰੇਪੀ ਨੂੰ ਪ੍ਰਭਾਵਸ਼ਾਲੀ ਬਣਾਉਂਦੀ ਹੈ ਅਤੇ ਮਰੀਜ਼ਾਂ ਨੂੰ ਆਪਣੇ ਦੁੱਖਾਂ ਤੋਂ ਬਾਹਰ ਆਉਣ ਵਿੱਚ ਮਦਦ ਕਰਦੀ ਹੈ।

ਮਾਈਂਡਫੁਲਨੈੱਸ ਅਤੇ ਦਇਆ ਦੇ ਅਭਿਆਸ ਨਾਲ ਥੈਰੇਪਿਸਟ ਆਪਣੇ ਤਣਾਅ ਨੂੰ ਘਟਾ ਸਕਦੇ ਹਨ ਅਤੇ ਮਰੀਜ਼ਾਂ ਲਈ ਇੱਕ ਸੁਰੱਖਿਅਤ ਮਾਹੌਲ ਬਣਾਉਂਦੇ ਹਨ।

ਦਇਆ ਮਨੁੱਖੀ ਜੀਵਨ ਦੀ ਬੁਨਿਆਦ ਹੈ। ਇਹ ਸਾਡੇ ਅੰਦਰੂਨੀ ਅਤੇ ਆਪਸੀ ਸੰਬੰਧਾਂ ਨੂੰ ਸੁੰਦਰ ਬਣਾਉਂਦੀ ਹੈ। ਦਇਆ ਇੱਕ ਬੀਜ ਵਾਂਗ ਹੈ, ਜਿਹੜਾ ਅਸੀਂ ਆਪਣੇ ਅੰਦਰ ਬੀਜਦੇ ਹਾਂ, ਉਹੀ ਸਾਡੀ ਜ਼ਿੰਦਗੀ ਵਿੱਚ ਫਲਦਾ ਹੈ।

ਜੇ ਅਸੀਂ ਦਇਆ ਦਾ ਅਭਿਆਸ ਕਰੀਏ, ਤਾਂ ਇਹ ਸਾਡੇ ਮਨ, ਸਰੀਰ ਅਤੇ ਸਮਾਜਿਕ ਜੀਵਨ ਨੂੰ ਸੁਧਾਰਦੀ ਹੈ। ਦਇਆ ਸਾਨੂੰ ਇੱਕ ਪੂਰਨ ਅਤੇ ਖੁਸ਼ਹਾਲ ਮਨੁੱਖ ਬਣਾਉਂਦੀ ਹੈ।

ਦਇਆ ਸਿਰਫ਼ ਇੱਕ ਭਾਵਨਾ ਨਹੀਂ, ਸਗੋਂ ਜੀਵਨ ਜਿਉਣ ਦਾ ਇੱਕ ਤਰੀਕਾ ਹੈ, ਜਿਸ ਨਾਲ ਅਸੀਂ ਆਪਣੇ ਆਪ ਅਤੇ ਦੁਨੀਆ ਨੂੰ ਬਿਹਤਰ ਬਣਾ ਸਕਦੇ ਹਾਂ।

**ਮਨੋਵਿਗਿਆਨੀ ਕੈਲੇਫੋਰਨੀਆ**
**+12792453149**

# ਵਿਦਿਆਰਥੀ ਜੀਵਨ 'ਚ ਸਿੱਖੀਆਂ ਛੋਟੀਆਂ-ਛੋਟੀਆਂ ਗੱਲਾਂ ਭਵਿੱਖ 'ਚ ਸਹਾਈ


ਨਰਿੰਦਰ ਸਿੰਘ

ਵਿਦਿਆਰਥੀ ਜੀਵਨ ਜ਼ਿੰਦਗੀ ਦਾ ਅਹਿਮ ਖੜ੍ਹਾਅ ਹੁੰਦਾ ਹੈ। ਵਿਦਿਆਰਥੀ ਹੋਣਾ, ਆਪਣੇ ਮਿਥੇ ਨਿਸ਼ਾਨੇ ਦੀ ਪ੍ਰਾਪਤੀ ਤੱਕ ਨਿਰੰਤਰ ਸਿਖਿਆਰਥੀ ਬਣੇ ਰਹਿਣ ਦਾ ਸੂਚਕ ਹੈ । 'ਵਿਦਿਆਰਥੀ' ਸ਼ਬਦ ਵਿੱਦਿਆ ਅਤੇ ਰਥੀ ਦੋ ਸ਼ਬਦਾਂ ਦੇ ਸੁਮੇਲ ਤੋਂ ਬਣਿਆ ਹੈ । ਭਾਵ ਵਿੱਦਿਆ ਦੇ ਰੱਥ 'ਤੇ ਸਵਾਰ ਹੋ ਕੇ ਆਪਣੀ ਮੰਜ਼ਲ ਵੱਲ ਵਧਣ ਵਾਲਾ ਵਿਅਕਤੀ ਵਿਦਿਆਰਥੀ ਹੈ । ਵਿਦਿਆਰਥੀ ਜੀਵਨ ਮਨੁੱਖੀ ਜੀਵਨ ਦਾ ਸਭ ਤੋਂ ਸੁਹਾਵਣਾ ਤੇ ਯਾਦਗਰ ਪੜਾਅ ਹੁੰਦਾ ਹੈ । ਇਹ ਸਮਾਂ ਸਿੱਖਣ, ਖੇਡਣ, ਦੋਸਤ ਬਣਾਉਣ ਤੇ ਸੁਪਨੇ ਦੇਖਣ ਦਾ ਹੁੰਦਾ ਹੈ । ਵਿਦਿਆਰਥੀ ਜੀਵਨ ਇਕ ਤਪੱਸਿਆ ਦੀ ਤਰ੍ਹਾਂ ਹੁੰਦਾ ਹੈ । ਵਿਦਿਆਰਥੀ ਜੀਵਨ ਵਿਚ ਛੋਟੀਆਂ-ਛੋਟੀਆਂ ਗੱਲਾਂ ਦਾ ਧਿਆਨ ਰੱਖਣਾ ਬਹੁਤ ਜ਼ਰੂਰੀ ਹੈ । ਇਹ ਛੋਟੀਆਂ-ਛੋਟੀਆਂ ਗੱਲਾਂ ਜੀਵਨ ਵਿੱਚ ਸਹਾਈ ਹੋ ਸਕਦੀਆਂ ਹਨ ਅਤੇ ਮੰਜ਼ਲ ਤੱਕ ਪਹੁੰਚਾਉਣ ਵਿਚ ਮਦਦਗਾਰ ਸਾਬਤ ਹੋ ਸਕਦੀਆਂ ਹਨ । ਇਹਨਾਂ ਗੱਲਾਂ ਵੱਲ ਧਿਆਨ ਦੇ ਕੇ ਵਿਦਿਆਰਥੀ ਵਰਤਮਾਨ ਅਤੇ ਆਉਣ ਵਾਲੇ ਸਮੇਂ ਵਿੱਚ ਆਪਣੇ ਜੀਵਨ ਨੂੰ ਸਫਲ ਬਣਾ ਸਕਦੇ ਹਨ । ਸਭ ਤੋਂ ਪਹਿਲਾਂ ਵਿਦਿਆਰਥੀਆਂ ਨੂੰ ਕੋਈ ਵੀ ਫੈਸਲਾ ਕਰਨ ਤੋਂ ਪਹਿਲਾਂ ਮਾਂ-ਬਾਪ, ਅਧਿਆਪਕਾਂ, ਵੱਡੇ ਵਡੇਰਿਆਂ ਕੋਲੋਂ ਸਲਾਹ ਜ਼ਰੂਰ ਲੈਣੀ ਚਾਹੀਦੀ ਹੈ । ਉਨ੍ਹਾਂ ਕੋਲ ਜੀਵਨ ਦਾ ਤਜਰਬਾ, ਜੀਵਨ-ਜਾਚ ਦਾ ਅਨਮੋਲ ਭੰਡਾਰ ਅਤੇ ਖਜ਼ਾਨਾ ਹੁੰਦਾ ਹੈ । ਵਿਦਿਆਰਥੀਆਂ ਨੂੰ ਸੱਚ ਦੇ ਮਾਰਗ 'ਤੇ ਚਲਣਾ ਚਾਹੀਦਾ ਹੈ । ਹਮੇਸ਼ਾ ਸੱਚ ਬੋਲਣਾ ਚਾਹੀਦਾ ਹੈ । ਝੂਠ ਬੋਲਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ । ਸਚਾਈ ਵਿਚ ਬਹੁਤ ਵੱਡੀ ਤਾਕਤ ਹੈ । ਸਚਾਈ ਦਾ ਪੱਲਾ ਫੜ ਕੇ ਜਿਉਣ ਵਾਲੇ ਮਨੁੱਖ ਜ਼ਿੰਦਗੀ ਵਿਚ ਬੇਝਿਜਕ ਹੋ ਕੇ ਅਤੇ ਬਿਨਾਂ ਭੈਅ ਦੀ ਜੀਵਨ ਬਸਰ ਕਰਦੇ ਹਨ । ਸੱਚ ਦੇ ਮਾਰਗ 'ਤੇ ਚਲਣਾ ਔਖਾ ਹੈ, ਪਰ ਅਸੰਭਵ ਨਹੀਂ । ਜੀਵਨ ਵਿਚ ਹੱਕ ਤੇ ਸੱਚ ਦੇ ਮਾਰਗ ਤੇ ਚਲਣਾ ਹੀ ਸੱਚੀ-ਮੁੱਚੀ ਮਨੁੱਖਤਾ ਅਤੇ ਮਾਨਵਤਾ ਹੈ । ਅਨੁਸ਼ਾਸਨ ਦਾ ਜੀਵਨ ਵਿੱਚ ਬਹੁਤ ਮਹੱਤਵ ਹੈ । ਅਨੁਸ਼ਾਸਨ ਦਾ ਮੁੱਢ ਵਿਦਿਆਰਥੀ ਜੀਵਨ ਤੋਂ ਬੱਝਦਾ ਹੈ ।ਅਨੁਸ਼ਾਸਨ ਵਿਦਿਆਰਥੀ ਨੂੰ ਚੰਗੀ ਕਾਰਗੁਜ਼ਾਰੀ ਕਰਨ ਵਿੱਚ ਮਦਦ ਕਰਦਾ ਹੈ । ਅਨੁਸ਼ਾਸਨ ਵਿਦਿਆਰਥੀ ਦੀ ਸਰੀਰਕ ਅਤੇ ਮਾਨਸਿਕ ਸਿਹਤ ਨੂੰ ਤਕੜਾ ਰੱਖਦਾ ਹੈ । ਅਨੁਸ਼ਾਸਿਤ ਵਿਦਿਆਰਥੀ ਠੀਕ ਸਮੇਂ ਨੀਂਦ, ਉਚਿਤ ਖਾਣ-ਪੀਣ ਅਤੇ ਸਰੀਰਕ ਕਸਰਤਾਂ 'ਤੇ ਪੂਰਨ ਕੰਟਰੋਲ ਰੱਖਦੇ ਹਨ । ਵਿਦਿਆਰਥੀਆਂ ਵਿੱਚ ਅਨੁਸ਼ਾਸਨ ਦੀ ਭਾਵਨਾ ਪੈਦਾ ਕਰਨ ਲਈ ਪੜ੍ਹਾਈ ਦੇ ਨਾਲ-ਨਾਲ ਖੇਡਾਂ, ਐੱਨ ਸੀ ਸੀ ਗਿੱਧਾ, ਭੰਗੜਾ ਜਾਂ ਲੋਕ ਗੀਤਾਂ ਵਰਗੀਆਂ ਕਿਰਿਆਵਾਂ ਸ਼ਾਮਲ ਕਰਨ ਦੀ ਜ਼ਰੂਰਤ ਹੈ । ਜਿਥੋਂ ਵਿਦਿਆਰਥੀ ਅਨੁਸ਼ਾਸਨ ਦੇ ਨਾਲ-ਨਾਲ ਸਹਿਯੋਗ ਕਰਨ ਤੇ ਅਗਵਾਈ ਕਰਨ ਵਰਗੇ ਰੋਜ਼ਾਨਾ ਜੀਵਨ ਲਈ ਲਾਭਕਾਰੀ ਗੁਣ ਸਿਖ ਕੇ ਵਧੀਆ ਇਨਸਾਨ ਹੀ ਨਹੀਂ, ਸਗੋਂ ਸਮਾਜ ਦੇ ਚੰਗੇ ਨਾਗਰਿਕ ਵੀ ਬਣ ਸਕਦੇ ਹਨ । ਮੰਜ਼ਲ ਪ੍ਰਾਪਤ ਕਰਨ ਲਈ ਸਖਤ ਮਿਹਨਤ ਜ਼ਰੂਰੀ ਹੈ । ਇਤਿਹਾਸ ਇਸ ਗੱਲ ਦਾ ਗਵਾਹ ਹੈ ਕਿ ਦੁਨੀਆ ਵਿੱਚ ਜਿਸ ਵਿਅਕਤੀ ਨੇ ਤਰੱਕੀ ਕੀਤੀ ਹੈ, ਉਹ ਸਖਤ ਮਿਹਨਤ ਦਾ ਹੀ ਨਤੀਜਾ ਹੈ । ਕਿਸੇ ਵੀ ਕੰਮ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਸਖਤ ਮਿਹਨਤ, ਹਿੰਮਤ-ਹੌਸਲੇ, ਇੱਛਾ-ਸ਼ਕਤੀ ਤੇ ਦ੍ਰਿੜ ਇਰਾਦੇ ਦੀ ਲੋੜ ਪੈਂਦੀ ਹੈ । ਜੋ ਵਿਦਿਆਰਥੀ ਹਿੰਮਤ, ਹੌਸਲੇ ਤੇ ਮਜ਼ਬੂਤ ਇੱਛਾ ਸ਼ਕਤੀ ਨਾਲ ਪੜ੍ਹਾਈ ਕਰਦੇ ਹਨ, ਦੁਨੀਆ ਦੀ ਕੋਈ ਵੀ ਤਾਕਤ ਉਨ੍ਹਾਂ ਨੂੰ ਤਰੱਕੀ ਕਰਨ ਤੋਂ ਰੋਕ ਨਹੀਂ ਸਕਦੀ । ਵਿਦਿਆਰਥੀਆਂ ਨੂੰ ਇਮਾਨਦਾਰੀ ਨਾਲ ਮਿਹਨਤ ਕਰਨੀ ਚਾਹੀਦੀ ਹੈ । ਜਦੋਂ ਵਿਦਿਆਰਥੀ ਦਿਲ ਤੋਂ ਮਿਹਨਤ ਕਰਦੇ ਹਨ ਤਾਂ ਉਨ੍ਹਾਂ ਨੂੰ ਮਿਲਿਆ ਗਿਆਨ ਸਿਰਫ਼ ਇਮਤਿਹਾਨ ਪਾਸ ਕਰਨ ਲਈ ਨਹੀਂ ਹੁੰਦਾ, ਸਗੋਂ ਉਨ੍ਹਾਂ ਦੀ ਸੋਚਣ ਸਮੱਰਥਾ, ਸਮੱਸਿਆ ਹੱਲ ਕਰਨ ਦੀ ਯੋਗਤਾ ਦੇ ਤਜਰਬੇ ਨੂੰ ਵੀ ਸੰਵਾਰਦਾ ਹੈ । ਸਕੂਲ ਦੇ ਦਿਨਾਂ ਵਿੱਚ ਬੀਜੇ ਇਮਾਨਦਾਰੀ ਦੇ ਇਹ ਬੀਜ ਭਵਿੱਖ ਵਿੱਚ ਸਫਲਤਾ, ਖੁਸ਼ਹਾਲੀ ਦੇ ਹਰੇ-ਭਰੇ ਫਲ ਪੈਦਾ ਕਰਦੇ ਹਨ । ਵਿਦਿਆਰਥੀਆਂ ਨੂੰ ਸਲੀਕੇ ਦਾ ਵੀ ਖਿਆਲ ਰੱਖਣਾ ਚਾਹੀਦਾ ਹੈ । ਸਲੀਕਾ ਜੀਵਨ ਦੀ ਉਹ ਸੁੰਦਰ ਰਚਨਾ ਹੈ, ਜੋ ਇਨਸਾਨ ਨੂੰ ਹੋਰਨਾਂ ਤੋਂ ਵਿਲੱਖਣ ਬਣਾਉਂਦਾ ਹੈ । ਸਲੀਕੇ ਤੋਂ ਭਾਵ ਹਰ ਕੰਮ ਢੰਗ ਨਾਲ, ਸਮੇਂ ਸਿਰ ਤੇ ਵਧੀਆ ਤਰੀਕੇ ਨਾਲ ਕਰਨ ਤੋਂ ਹੈ। ਸਲੀਕੇਦਾਰ ਵਿਦਿਆਰਥੀ ਹਮੇਸ਼ਾ ਸਮੇਂ 'ਤੇ ਸਕੂਲ ਪਹੁੰਚਦਾ ਹੈ, ਅਧਿਆਪਕਾਂ ਦਾ ਸਤਿਕਾਰ ਕਰਦਾ ਹੈ ਤੇ ਪਾਠ 'ਤੇ ਧਿਆਨ ਕੇਂਦਰਤ ਕਰਦਾ ਹੈ। ਸਲੀਕੇਦਾਰ ਵਿਦਿਆਰਥੀ ਆਪਣੀ ਕਾਪੀਆਂ ਤੇ ਕਿਤਾਬਾਂ ਨੂੰ ਸਾਫ਼-ਸੁਥਰਾ ਰੱਖਣ ਦੇ ਨਾਲ-ਨਾਲ ਆਪਣੇ ਸਾਥੀਆਂ ਦੇ ਨਾਲ ਮਿਲ-ਜੁਲ ਕੇ ਰਹਿੰਦਾ ਹੈ । ਇਹ ਗੁਣ ਵਿਦਿਆਰਥੀਆਂ ਦੇ ਚਰਿੱਤਰ ਨੂੰ ਨਿਖਾਰਦੇ ਹਨ । ਸਲੀਕਾ ਸਿਰਫ ਆਦਤ ਹੀ ਨਹੀਂ, ਸਗੋਂ ਚੰਗਾ ਜੀਵਨ ਜਿਉਣ ਦੀ ਕਲਾ ਹੈ । ਜਿਹੜੇ ਵਿਦਿਆਰਥੀ ਸਲੀਕੇ ਨਾਲ ਜੀਵਨ ਬਤੀਤ ਕਰਦੇ ਹਨ, ਉਹ ਹਰ ਥਾਂ ਸਨਮਾਨਯੋਗ ਹੁੰਦੇ ਹਨ । ਵਿਦਿਆਰਥੀਆਂ ਨੂੰ ਹਮੇਸ਼ਾ ਆਪਣੇ ਬੋਲ, ਵਿਹਾਰ ਤੇ ਕੰਮਾਂ ਵਿਚ ਸਲੀਕਾ ਰੱਖਣਾ ਚਾਹੀਦਾ ਹੈ ।

ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣਾ ਚਾਹੀਦਾ ਹੈ । ਅਜੋਕੇ ਸਮੇਂ ਵਿੱਚ ਨੌਜਵਾਨ ਨਸ਼ਿਆਂ ਦੇ ਆਦੀ ਹਨ ।ਹਾਲਾਂਕਿ ਲੋਕ ਵਰ੍ਹਿਆਂ ਤੋਂ ਸਮਾਜ ਵਿੱਚ ਨਸ਼ੇ ਕਰਦੇ ਆ ਰਹੇ ਹਨ । ਸਿੰਥੈਟਿਕ ਨਸ਼ੇ ਬਹੁਤ ਘਾਤਕ ਹਨ । ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਬਚਣਾ ਚਾਹੀਦਾ ਹੈ । ਦੂਜਾ ਨਸ਼ੇ ਵਗੈਰਾ ਕਰਕੇ ਕੁਝ ਵੀ ਹਾਸਿਲ ਨਹੀਂ ਹੁੰਦਾ ਹੈ, ਉਲਟਾ ਨਸ਼ਾ ਸਾਡੀ ਸਿਹਤ, ਘਰ-ਬਾਰ ਅਤੇ ਕੈਰੀਅਰ ਵੀ ਬਰਬਾਦ ਕਰਦਾ ਹੈ । ਇਥੋਂ ਤੱਕ ਕਿ ਸਾਡੀ ਪਨੀਰੀ ਨਸ਼ਿਆਂ ਦੀ ਬਦੌਲਤ ਗੁਨਾਹ ਦਾ ਰਸਤਾ ਵੀ ਅਖਤਿਆਰ ਕਰ ਰਹੀ ਹੈ । ਇਸ ਲਈ ਵਿਦਿਆਰਥੀਆਂ ਨੂੰ ਚਾਹੀਦਾ ਹੈ ਕਿ ਜਿੰਨਾ ਵੀ ਹੋ ਸਕੇ, ਨਸ਼ਿਆਂ ਤੋਂ ਦੂਰ ਰਿਹਾ ਜਾਵੇ । ਵਕਤ ਦੀ ਨਜ਼ਾਕਤ ਨੂੰ ਦੇਖਦੇ ਹੋਏ ਮਾਪੇ ਆਪਣੇ ਬੱਚਿਆਂ ਦਾ ਪੂਰਾ ਧਿਆਨ ਰੱਖਣ, ਤਾਂ ਜੋ ਉਹ ਨਸ਼ਿਆਂ ਤੋਂ ਬਚ ਸਕਣ ।ਵਿਦਿਆਰਥੀਆਂ ਨੂੰ ਮਿਹਨਤ ਤੇ ਆਤਮ-ਵਿਸ਼ਵਾਸ ਨਾਲ ਅੱਗੇ ਵਧਣਾ ਚਾਹੀਦਾ ਹੈ । ਜੇ ਇਰਾਦੇ ਮਜ਼ਬੂਤ ਹੋਣ ਤਾਂ ਕੋਈ ਵੀ ਸੁਪਨਾ ਦੂਰ ਨਹੀਂ। ਸਿਹਤਮੰਦ ਖਾਣ-ਪੀਣ ਨੂੰ ਆਪਣੀ ਰੋਜ਼ਾਨਾ ਦੀ ਜ਼ਿੰਦਗੀ ਦਾ ਹਿੱਸਾ ਬਣਾਉਣਾ ਬਹੁਤ ਜ਼ਰੂਰੀ ਹੈ । ਸਿਹਤਮੰਦ ਖਾਣ-ਪੀਣ ਵਿੱਚ ਤਾਜ਼ਾ ਫਲ, ਸਬਜ਼ੀਆਂ, ਖਣਿਜ, ਵਿਟਾਮਿਨ ਅਤੇ ਪ੍ਰੋਟੀਨ ਆਦਿ ਸ਼ਾਮਲ ਹੋਣੇ ਚਾਹੀਦੇ ਹਨ । ਫਾਸਟ ਫੂਡ ਅਤੇ ਜ਼ੰਕ ਫੂਡ ਤੋਂ ਦੂਰ ਰਹਿਣਾ ਚਾਹੀਦਾ ਹੈ, ਕਿਉਂਕਿ ਇਹ ਸਾਡੀ ਸਿਹਤ ਨੂੰ ਖ਼ਤਰੇ ਵਿਚ ਪਾ ਸਕਦੇ ਹਨ । ਵਿਦਿਆਰਥੀਆਂ ਨੂੰ ਰੋਜ਼ਾਨਾ ਕਸਰਤ ਕਰਨੀ ਚਾਹੀਦੀ ਹੈ । ਕਸਰਤ ਨਾ ਸਿਰਫ ਸਰੀਰ ਨੂੰ ਤੰਦਰੁਸਤ ਰੱਖਦੀ ਹੈ, ਬਲਕਿ ਮਨ ਨੂੰ ਵੀ ਤਾਜ਼ਗੀ ਦਿੰਦੀ ਹੈ । ਕਸਰਤ ਨਾਲ ਸਰੀਰ ਵਿੱਚ ਖੂਨ ਦੀ ਸਹੀ ਗਤੀਵਿਧੀ ਹੁੰਦੀ ਹੈ, ਜੋ ਮਨੁੱਖੀ ਸਰੀਰ ਨੂੰ ਚੁਸਤ ਅਤੇ ਤੰਦਰੁਸਤ ਬਣਾਉਂਦੀ ਹੈ । ਪਰਵਾਰਾਂ ਅਤੇ ਦੋਸਤਾਂ ਨਾਲ ਸਮਾਂ ਬਿਤਾਉਣਾ ਚਾਹੀਦਾ ਹੈ । ਇਸ ਨਾਲ ਜੀਵਨ ਖੁਸ਼ ਅਤੇ ਤੰਦਰੁਸਤ ਰਹਿੰਦਾ ਹੈ । ਵਿਦਿਆਰਥੀਆਂ ਨੂੰ ਲਿਖ ਕੇ ਪੜ੍ਹਨ ਦੀ ਆਦਤ ਪਾ ਲੈਣੀ ਚਾਹੀਦੀ ਹੈ । ਲਿਖ ਕੇ ਬਣਾਏ ਨੋਟਿਸ ਨਾਲ ਯਾਦਾਸ਼ਤ ਵਿਚ ਵਾਧਾ ਹੁੰਦਾ ਹੈ ਅਤੇ ਲਿਖਿਆ ਹੋਇਆ ਦੇਰ ਤੱਕ ਯਾਦ ਰਹਿੰਦਾ ਹੈ । ਵਾਰ-ਵਾਰ ਲਿਖ ਕੇ ਯਾਦ ਕਰਨ ਦੀ ਆਦਤ ਪਾ ਲੈਣ ਨਾਲ ਲਿਖਾਈ ਵਿਚ ਬਹੁਤ ਸੁਧਾਰ ਹੁੰਦਾ ਹੈ । ਅਧਿਆਪਕ ਦੁਬਾਰਾ ਕਿੱਤੇ ਕੰਮ ਨੂੰ ਰੋਜ਼ਾਨਾ ਲਿਖਣਾ ਚਾਹੀਦਾ ਹੈ । ਪੜ੍ਹਨ ਤੋਂ ਬਾਅਦ ਲਿਖਣ ਦਾ ਅਭਿਆਸ ਕਰਨ ਵਾਲੇ ਵਿਦਿਆਰਥੀ ਪ੍ਰੀਖਿਆਵਾਂ ਵਿੱਚ ਵਧੀਆ ਉਤਰ ਲਿਖ ਸਕਦੇ ਹਨ । ਲਿਖ ਕੇ ਯਾਦ ਕਰਨ ਨਾਲ ਪੜ੍ਹਾਈ ਵਿਚ ਵੱਧ ਧਿਆਨ ਕੇਂਦਰਤ ਕਰਨ ਵਿੱਚ ਮਦਦ ਮਿਲਦੀ ਹੈ । ਪੜ੍ਹਨ ਤੋਂ ਬਾਅਦ ਲਿਖਣ ਦਾ ਅਭਿਆਸ ਕਰਨ ਨਾਲ ਵਿਦਿਆਰਥੀ ਪ੍ਰੀਖਿਆਵਾਂ ਵਿਚ ਵਧੀਆਂ ਉਤਰ ਲਿਖ ਕੇ ਚੰਗ ਅੰਕ ਪ੍ਰਾਪਤ ਕਰ ਸਕਦੇ ਹਨ ।

ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ । ਸੜਕ ਸੁਰੱਖਿਆਂ ਦੇ ਨਿਯਮਾਂ ਦੀ ਪਾਲਣਾ ਦੇ ਗਿਆਨ ਦੀ ਘਾਟ ਕਾਰਨ ਜ਼ਿਆਦਾਤਰ ਨੌਜਵਾਨਾਂ ਦੇ ਐਕਸੀਡੈਂਟ ਹੋ ਰਹੇ ਹਨ । ਇਹ ਨੌਜਵਾਨ ਆਪ ਤਾਂ ਹਾਦਸਿਆਂ ਵਿਚ ਜ਼ਖਮੀ ਹੁੰਦੇ ਹਨ, ਦੂਸਰੇ ਲੋਕਾਂ ਦਾ ਵੀ ਨੁਕਸਾਨ ਕਰਦੇ ਹਨ । 18 ਸਾਲ ਤੋਂ ਘੱਟ ਉਮਰ ਦੇ ਨੌਜਵਾਨਾਂ ਦੇ ਦੋ-ਪਹੀਆਂ/ਚਾਰ-ਪਹੀਆਂ ਵਾਹਨ ਚਲਾਉਣ 'ਤੇ ਕਾਨੂੰਨ ਅਨੁਸਾਰ ਸੰਬੰਧਤ ਨੌਜਵਾਨ ਦੇ ਮਾਤਾ-ਪਿਤਾ ਦੇ ਖਿਲਾਫ ਕਾਨੂੰਨੀ ਕਾਰਵਾਈ ਤਹਿਤ 3 ਸਾਲ ਦੀ ਕੈਦ ਅਤੇ 25 ਹਜ਼ਾਰ ਰੁਪਏ ਜੁਰਮਾਨਾ ਹੋ ਸਕਦਾ ਹੈ । 18 ਸਾਲ ਦੀ ਉਮਰ ਤੋਂ ਪਹਿਲਾਂ ਵਿਦਿਆਰਥੀਆਂ ਨੂੰ ਵਾਹਨ ਚਲਾਉਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ । ਸਰੀਰ ਦੀ ਸਫਾਈ ਵੱਲ ਧਿਆਨ ਦੇਣਾ ਬੇਹੱਦ ਜ਼ਰੂਰੀ ਹੈ । ਤੰਦਰੁਸਤੀ ਲਈ ਸਫਾਈ ਜ਼ਰੂਰੀ ਹੈ । ਘਰ, ਗਲੀ ਗੁਆਂਢ ਤੇ ਸਕੂਲ ਕੰਪਲੈਕਸ ਵਿੱਚ ਚੌਗਿਰਦੇ ਨੂੰ ਸਾਫ-ਸੁਥਰਾ ਰੱਖਣਾ ਚਾਹੀਦਾ ਹੈ, ਤਾਂ ਜੋ ਬਿਮਾਰੀਆਂ ਤੋਂ ਬਚਤ ਹੋ ਸਕੇ ।ਨਕਲ ਮਾਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ । ਨਕਲ ਮਾਰਨ ਨਾਲ ਸੋਚਣ ਸ਼ਕਤੀ ਤੇ ਰਚਨਾਤਮਕ ਸ਼ਕਤੀ ਦਾ ਨੁਕਸਾਨ ਹੁੰਦਾ ਹੈ । ਸਕੂਲ ਪਾਠਕ੍ਰਮ ਦੇ ਨਾਲ-ਨਾਲ ਚੰਗੀਆਂ ਪੁਸਤਕਾਂ ਪੜ੍ਹਨ ਨੂੰ ਤਰਜੀਹ ਦੇਣੀ ਚਾਹੀਦੀ ਹੈ ਅਤੇ ਸ਼ਾਂਤ ਵਾਤਾਵਰਨ ਵਿਚ ਪੜ੍ਹਾਈ ਕਰਨੀ ਚਾਹੀਦੀ ਹੈ । ਪੜ੍ਹਦੇ ਸਮੇਂ ਮੋਬਾਇਲ ਫੋਨ ਨੂੰ ਬੰਦ ਤੇ ਆਪਣੇ ਤੋਂ ਦੂਰ ਰੱਖਣਾ ਚਾਹੀਦਾ ਹੈ । ਵਾਤਾਵਰਨ ਨੂੰ ਸਾਫ਼-ਸੁਥਰਾ ਰੱਖਣ ਵਿੱਚ ਵਿਸ਼ੇਸ਼ ਯੋਗਦਾਨ ਪਾਉਣਾ ਚਾਹੀਦਾ ਹੈ । ਆਪਸ ਵਿੱਚ ਲੜਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ।ਆਪਣੇ ਮਾਤਾ-ਪਿਤਾ ਦੀ ਘਰ ਦੇ ਕੰਮ ਵਿੱਚ ਸਹਾਇਤਾ ਕਰਨੀ ਚਾਹੀਦੀ ਹੈ ।ਆਪਣੀ ਸ਼ਖਸੀਅਤ ਨੂੰ ਬੇਹਤਰ ਬਣਾਉਣ ਲਈ ਹਰ ਵੇਲੇ ਅੰਦਰੂਨੀ ਇੱਛਾ ਰੱਖਣੀ ਚਾਹੀਦੀ ਹੈ । ਅੱਜ ਕੱਲ ਦੁਨੀਆਂਦਾਰੀ ਨੂੰ ਸਮਝਣ ਲਈ ਪੜ੍ਹਾਈ-ਲਿਖਾਈ ਜ਼ਰੂਰੀ ਹੈ ।ਰੁਜ਼ਗਾਰ ਤੋਂ ਬਿਨਾਂ ਜ਼ਿੰਦਗੀ ਚਲਾਉਣੀ ਬਹੁਤ ਮੁਸ਼ਕਲ ਹੈ । ਸਰਕਾਰਾਂ ਨੂੰ ਚਾਹੀਦਾ ਹੈ ਕਿ ਉਹ ਸਿੱਖਿਆ ਵਿੱਚ ਵੱਧ ਤੋਂ ਵੱਧ ਸੁਧਾਰ ਕਰੇ ਅਤੇ ਵਿਦਿਆਰਥੀਆਂ ਲਈ ਰੁਜ਼ਗਾਰ ਦੇ ਵਸੀਲੇ ਤਿਆਰ ਕਰਨ, ਤਾਂ ਜੋ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਭਵਿੱਖ ਵਿਚ ਇਕ ਸੁੱਖੀ ਜੀਵਨ ਜੀਅ ਸਕਣ ।

**# ਸੰਪਰਕ : 98146-62260**

# ਨਰੇਗਾ ਕਾਮਿਆਂ ਨੇ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ

## ਲੇਬਰ ਕੋਡ ਲਾਗੂ ਕਰਕੇ ਮੋਦੀ ਹਕੂਮਤ ਨੇ ਕਾਮਿਆਂ ਨੂੰ ਗ਼ੁਲਾਮੀ ਵੱਲ ਧੱਕਿਆ : ਕਸ਼ਮੀਰ ਸਿੰਘ ਗਦਾਈਆ



**ਨਾਭਾ (ਵਰਿੰਦਰ ਵਰਮਾ)**-ਕੇਂਦਰ ਦੀ ਮੋਦੀ ਹਕੂਮਤ ਵੱਲੋਂ ਇੱਕ ਅਪ੍ਰੈਲ ਤੋਂ ਕੇਂਦਰੀ ਲੇਬਰ ਕਾਨੂੰਨਾਂ ਦੇ ਭੋਗ ਪਾ ਕੇ ਚਾਰ ਲੇਬਰ ਕੋਡ ਲਾਗੂ ਲਾਗੂ ਕਰਕੇ ਦੇਸ਼ ਦੇ ਕਰੋੜਾਂ ਕਿਰਤੀਆਂ ਨੂੰ ਗ਼ੁਲਾਮੀ ਵੱਲ ਧੱਕ ਦਿੱਤਾ ਹੈ। ਇੱਕ ਅਪ੍ਰੈਲ ਤੋਂ ਲਾਗੂ ਕਰ ਦਿੱਤੇ ਗਏ ਇਨ੍ਹਾਂ ਕੋਡਾਂ ਨਾਲ਼ ਕਾਮਿਆਂ ਨੂੰ ਬਾਰਾਂ ਬਾਰਾਂ ਘੰਟੇ ਕੰਮ ਕਰਨ ਲਈ ਮਜਬੂਰ ਕੀਤਾ ਜਾਵੇਗਾ। ਗਦਾਈਆ ਪਿੰਡ ਦੇ ਨਰੇਗਾ ਕਾਮਿਆਂ ਨੇ ਇਨ੍ਹਾਂ ਦੇ ਕੋਡਾਂ ਦੇ ਲਾਗੂ ਕਰਨ ਦੇ ਰੋਸ ਵਜੋਂ ਇੱਕ ਪ੍ਰਭਾਵਸ਼ਾਲੀ ਮੀਟਿੰਗ ਕੀਤੀ। ਇਸ ਮੀਟਿੰਗ ਨੂੰ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਏਟਕ ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਨੇ ਸੰਬੋਧਨ ਕਰਦਿਆਂ ਕਿਹਾ ਕਿ ਕਿਰਤੀਆਂ ਨੂੰ ਕਿਹਾ ਕਿ ਜਦੋਂ ਤੋਂ ਕੇਂਦਰ 'ਚ ਨਰਿੰਦਰ ਮੋਦੀ ਦੀ ਅਗਵਾਈ 'ਚ ਸਰਕਾਰ ਬਣੀ ਹੈ, ਇਸ ਸਰਕਾਰ ਨੇ ਦੇਸ਼ ਦੇ ਕਰੋੜਾਂ ਕਿਰਤੀਆਂ ਦਾ ਜਿਊਣਾ ਦੁੱਭਰ ਕੀਤਾ ਹੋਇਆ ਹੈ। ਇਸ ਸਰਕਾਰ ਦੇ ਸੱਤਾ 'ਚ ਆਉਣ ਤੋਂ ਬਾਅਦ ਦੇਸ਼ ਵਿੱਚ ਬੇਰੁਜ਼ਗਾਰੀ ਵਿੱਚ ਓੜਕਾਂ ਦਾ ਵਾਧਾ ਹੋਇਆ ਹੈ, ਇਸ ਸਰਕਾਰ ਨੇ ਰੁਜ਼ਗਾਰ ਦੇਣ ਵਾਲੇ ਸਾਰੇ ਸਰਕਾਰੀ ਅਦਾਰੇ ਕੌਡੀਆਂ ਦੇ ਭਾਅ ਕਾਰਪੋਰੇਟ ਦੇ ਹਵਾਲੇ ਕਰ ਦਿੱਤੇ, ਇਸ ਲਈ ਅੱਜ ਦੇਸ਼ ਦੀ ਜਵਾਨੀ ਰੁਜ਼ਗਾਰ ਲਈ ਵਿਦੇਸ਼ਾਂ ਵਿੱਚ ਰੁੱਲ ਰਹੀ ਹੈ। ਇਸੇ ਤਰ੍ਹਾਂ ਪਿੰਡਾਂ ਦੇ ਕਿਰਤੀਆਂ ਲਈ 2005 ਤੋਂ ਕਮਿਊਨਿਸਟਾਂ ਦੀ ਮਦਦ ਨਾਲ਼ ਬਣਿਆ ਕੌਮੀਂ ਪੇਂਡੂ ਰੁਜ਼ਗਾਰ ਗਾਰੰਟੀ ਐਕਟ ਨੂੰ ਬਦਲ ਕੇ ਵਿਕਸਿਤ ਭਾਰਤ ਗ੍ਰਾਮ ਜੀ ਲੈ ਆਂਦਾ ਹੈ, ਜਿਸ ਦੇ ਆਉਣ ਨਾਲ ਪੇਂਡੂ ਕਿਰਤੀਆਂ ਦੀ ਰੋਜ਼ੀ ਰੋਟੀ ਵੀ ਖੋਹ ਲਈ ਹੈ, ਪਿੰਡਾਂ ਦੇ ਇਹ ਕਾਮੇ ਰੁਜ਼ਗਾਰ ਲਈ ਮਾਰੇ ਮਾਰੇ ਫ਼ਿਰ ਰਹੇ ਹਨ। ਇਨ੍ਹਾਂ ਕਾਮਿਆਂ ਲਈ ਪਿੰਡ ਵਿੱਚ ਕੰਮ ਨਾ ਹੋਣ ਕਾਰਨ ਜਿਊਣਾ ਦੁੱਭਰ ਹੋ ਗਿਆ ਹੈ, ਬਹੁਤ ਸਾਰੇ ਪਿੰਡਾਂ ਦੇ ਕਾਮਿਆਂ ਨੂੰ ਕੀਤੇ ਗਏ ਕੰਮ ਦੇ ਪੈਸੇ ਨਹੀਂ ਦਿੱਤੇ ਜਾ ਰਹੇ, ਜਦੋਂਕਿ ਨਰੇਗਾ ਐਕਟ ਅਨੁਸਾਰ ਕੀਤੇ ਗਏ ਕੰਮ ਦੀਆਂ ਉਜ਼ਰਤਾਂ ਇੱਕ ਹਫ਼ਤੇ ਦੇ ਅੰਦਰ ਅੰਦਰ ਕੰਮ ਕਰਨ ਵਾਲੇ ਕਿਰਤੀਆਂ ਦੀਆਂ ਉਜ਼ਰਤਾਂ ਉਨ੍ਹਾਂ ਦੇ ਖਾਤਿਆਂ ਵਿੱਚ ਪਾਉਣੀਆਂ ਹੁੰਦੀਆਂ ਹਨ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪੰਜਾਬ ਇਸਤਰੀ ਸਭਾ ਦੇ ਆਗੂ ਬਲਜੀਤ ਕੌਰ ਗਦਾਈਆ ਨੇ ਕਿਹਾ ਕਿ ਮੋਦੀ ਦੇ ਰਾਜ ਭਾਗ ਆਉਣ ਨਾਲ਼ ਔਰਤਾਂ ਭੋਰਾ ਭਰ ਵੀ ਸੁਰੱਖਿਅਤ ਨਹੀਂ ਹਨ।

ਇਸ ਸਮੇਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਗਦਾਈਆ ਇਕਾਈ ਦੇ ਪ੍ਰਧਾਨ ਭਿੰਦਰ ਸਿੰਘ ਕੋਲੀ, ਸੀ ਪੀ ਆਈ ਦੇ ਬ੍ਰਾਂਚ ਸੱਕਤਰ ਜਗਜੀਤ ਸਿੰਘ ਗਦਾਈਆ, ਨੇਤਰ ਸਿੰਘ, ਭਾਰਤੀ ਕਿਸਾਨ ਯੂਨੀਅਨ ਦੇ ਆਗੂ ਜਗਤ ਸਿੰਘ, ਸੁਰਜੀਤ ਸਿੰਘ ਪੀ ਐੱਸ ਆਈ ਬੀ, ਮਹਿੰਦਰ ਕੌਰ, ਅੰਗਰੇਜ਼ ਕੌਰ, ਕੁਲਦੀਪ ਕੌਰ, ਜਸਬੰਤ ਕੌਰ ਰਾਣੀ, ਲਾਭ ਕੌਰ ਆਦਿ ਆਗੂ ਹਾਜ਼ਰ ਸਨ।

## ਅੱਜ ਬਿਜਲੀ ਬੰਦ ਰਹੇਗੀ

**ਮੂਨਕ (ਰਾਜਪਾਲ ਸਿੰਗਲਾ)**-ਬਿਜਲੀ ਲਾਈਨਾਂ ਦੀ ਹੋ ਰਹੀ ਮੁਰੰਮਤ ਨੂੰ ਲੈ ਕੇ ਕੁੱਝ ਇਲਾਕੇ ਦੀ 24 ਘੰਟੇ ਵਾਲੀ ਬਿਜਲੀ ਰਹੇਗੀ ਬੰਦ।

ਇਸ ਸਬੰਧੀ ਪਾਵਰਕਾਮ ਦਫਤਰ ਮੂਨਕ ਦੇ ਐੱਸਡੀਓ ਜੋਧਾ ਰਾਮ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ 03 ਅਪ੍ਰੈਲ 2026 ਨੂੰ ਮੂਨਕ ਸਿਟੀ ਕੈਟ-1 ਫੀਡਰ ਤੇ ਬਾਬਾ ਬਾਲਕ ਨਾਥ ਕੈਟ-1 ਫੀਡਰ ਦੀ 24 ਘੰਟੇ ਵਾਲੀ ਬਿਜਲੀ ਲਾਈਨਾਂ ਦੀ ਚੱਲ ਰਹੀ ਮੁਰੰਮਤ ਨੂੰ ਲੈ ਕੇ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਬਿਜਲੀ ਬੰਦ ਰਹੇਗੀ।ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਹੋਣ ਵਾਲੇ ਕੰਮ ਨੂੰ ਦੇਖਦੇ ਹੋਏ ਬਿਜਲੀ ਬੰਦ ਦੇ ਸਮੇਂ ਵਿੱਚ ਵੱਧ ਘੱਟ ਹੋ ਸਕਦਾ ਹੈ।

## ਬਡਰੁੱਖਾਂ 'ਚ ਓਪਨ ਕਬੱਡੀ ਕੱਪ 6 ਨੂੰ

**ਸੰਗਰੂਰ (ਪ੍ਰਵੀਨ ਸਿੰਘ)**-ਧੰਨ ਧੰਨ ਸੰਤ ਬਾਬਾ ਅਤਰ ਸਿੰਘ ਜੀ ਸਪੋਰਟਸ ਕਲੱਬ ਬਡਰੁੱਖਾਂ ਵੱਲੋਂ ਮਹਾਰਾਜਾ ਰਣਜੀਤ ਸਿੰਘ ਖੇਡ ਸਟੇਡੀਅਮ ਬਡਰੁੱਖਾਂ ਵਿੱਚ 6 ਅਪ੍ਰੈਲ ਨੂੰ ਓਪਨ ਕਬੱਡੀ ਕੱਪ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਕਲੱਬ ਦੇ ਮੁੱਖ ਪ੍ਰਬੰਧਕ ਕੁਲਜੀਤ ਸਿੰਘ ਤੂਰ ਸਾਬਕਾ ਸਰਪੰਚ ਤੇ ਉਨ੍ਹਾਂ ਨਾਲ ਕਲੱਬ ਦੇ ਪ੍ਰਧਾਨ ਗੁਰਮੁੱਖ ਸਿੰਘ ਮੋਖਾ, ਖਜ਼ਾਨਚੀ ਹਰਿੰਦਰ ਹਿੰਦਾ ਬਡਰੁੱਖਾਂ, ਰਿੰਕੂ ਬਡਰੁੱਖਾਂ ਤੇ ਕੁਲਦੀਪ ਬਡਰੁੱਖਾਂ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਦੀ ਬਜਾਏ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਕਲੱਬ ਵੱਲੋਂ ਇਹ ਕਬੱਡੀ ਕੱਪ ਕਰਵਾਇਆ ਜਾ ਰਿਹਾ ਹੈ ਤਾਂ ਜੋ ਇੱਕ ਚੰਗਾ ਸਮਾਜ ਸਿਰਜਿਆ ਜਾ ਸਕੇ।

ਕਬੱਡੀ ਕੱਪ ਵਿੱਚ ਸੂਬੇ ਦੀਆਂ ਪ੍ਰਮੁੱਖ ਟੀਮਾਂ ਭਾਗ ਲੈ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਲਾਕਾ ਵਾਸੀਆਂ ਤੇ ਖੇਡ ਪ੍ਰੇਮੀਆਂ ਵਿੱਚ ਇਸ ਕਬੱਡੀ ਕੱਪ ਨੂੰ ਲੈ ਕੇ ਭਾਰੀ ਉਤਸ਼ਾਹ ਹੈ।ਗੁਰਮੁਖ ਮੋਖਾ ਤੇ ਹਰਿੰਦਰ ਹਿੰਦੇ ਨੇ ਕਿਹਾ ਕਿ ਕਬੱਡੀ ਕੱਪ ਦੀਆਂ ਜੇਤੂ ਟੀਮਾਂ ਲਈ ਪਹਿਲਾ ਇਨਾਮ 41000, ਦੂਜਾ ਇਨਾਮ 31000 ਰੱਖਿਆ ਗਿਆ ਹੈ ਤੇ ਇਸ ਤੋਂ ਇਲਾਵਾ ਵਧੀਆ ਖੇਡਣ ਵਾਲੇ ਖਿਡਾਰੀਆਂ ਤੇ ਇਲਾਕੇ ਦੀਆਂ ਨਾਮਵਰ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਜਾਵੇਗਾ।

# ਪੰਜਾਬ ਤੇ ਕਾਂਗਰਸ ਪਾਰਟੀ ਨੇ ਲਾਲ ਸਿੰਘ ਵਰਗਾ ਲੋਕ ਹਿਤੈਸ਼ੀ ਤੇ ਬੁੱਧੀਮਾਨ ਰਾਜਸੀ ਲੀਡਰ ਗੁਆ ਦਿੱਤਾ : ਰਜਿੰਦਰ ਕੌਰ ਭੱਠਲ

## ਸਾਬਕਾ ਮੁੱਖ ਮੰਤਰੀ ਸਮੇਤ ਵਿਧਾਇਕਾਂ ਤੇ ਸਾਬਕਾ ਵਿਧਾਇਕਾਂ ਨੇ ਕੀਤਾ ਲਾਲ ਸਿੰਘ ਦੇ ਪਰਵਾਰ ਨਾਲ ਦੁੱਖ ਸਾਂਝਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ, ਕਾਂਗਰਸ ਪਾਰਟੀ ਦੇ ਭੀਸ਼ਮ ਪਿਤਾਮਾ ਸਾਬਕਾ ਮੰਤਰੀ ਲਾਲ ਸਿੰਘ ਦੀ ਮੌਤ ਤੋਂ ਬਾਅਦ ਪਟਿਆਲਾ ਸਥਿਤ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ, ਕਾਂਗਰਸੀ ਆਗੂਆਂ, ਪ੍ਰਸ਼ਾਸਨਕ ਤੇ ਪੁਲਸ ਅਧਿਕਾਰੀਆਂ ਦਾ ਤਾਂਤਾ ਲੱਗਿਆ ਹੋਇਆ ਹੈ।ਰੋਜ਼ਾਨਾ ਵੱਡੀ ਗਿਣਤੀ 'ਚ ਲੋਕ ਪਹੁੰਚ ਕੇ ਸਵ. ਲਾਲ ਸਿੰਘ ਦੇ ਪਰਵਾਰ ਨਾਲ ਆਪਣਾ ਦੁੱਖ ਦਾ ਪ੍ਰਗਟਾਵਾ ਕਰ ਰਹੇ ਹਨ।ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੀਬਾ ਰਜਿੰਦਰ ਕੌਰ ਭੱਠਲ ਸਮੇਤ ਵੱਖ-ਵੱਖ ਰਾਜਸੀ ਪਾਰਟੀਆਂ ਦੇ ਆਗੂਆਂ, ਸਮਾਜ-ਸੇਵੀ ਸੰਸਥਾਵਾਂ ਦੇ ਮੁੱਖੀਆਂ ਵੱਲੋਂ ਉਨ੍ਹਾਂ ਦੇ ਸਪੁੱਤਰ ਰਾਜਿੰਦਰ ਸਿੰਘ ਸਾਬਕਾ ਵਿਧਾਇਕ ਤੇ ਪਰਵਾਰ ਨਾਲ ਆਪਣਾ ਦੁੱਖ ਸਾਂਝਾ ਕੀਤਾ ਗਿਆ।ਸਾਬਕਾ ਕੈਬਨਿਟ ਮੰਤਰੀ ਤੇ ਮੌਜੂਦਾ ਵਿਧਾਇਕ ਪਰਗਟ ਸਿੰਘ, ਕੇਵਲ ਸਿੰਘ ਢਿੱਲੋਂ, ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ, ਸਾਬਕਾ ਵਿਧਾਇਕ ਸੁਰਜੀਤ ਸਿੰਘ ਧੀਮਾਨ, ਨਿਸ਼ਾਨ ਸਿੰਘ ਕੰਬੋਜ ਸਾਬਕਾ ਐੱਮ ਐੱਲ ਏ ਹਰਿਆਣਾ, ਹਰਿੰਦਰ ਪਾਲ ਸਿੰਘ ਚੰਦੂਮਾਜਰਾ ਸਾਬਕਾ ਵਿਧਾਇਕ, ਜਥੇਦਾਰ ਜਰਨੈਲ ਸਿੰਘ ਕਰਤਾਰਪੁਰ ਕਰਤਾਰਪੁਰ ਮੈਂਬਰ ਸ਼੍ਰੋਮਣੀ ਕਮੇਟੀ, ਜਥੇਦਾਰ ਗੁਰਮੇਲ ਸਿੰਘ ਸਨੌਰ, ਸੁਰਿੰਦਰਪਾਲ ਸਿੰਘ ਸਨੌਰ ਨੰਬਰਦਾਰ ਹਰਵਿੰਦਰ ਸਿੰਘ ਸਿੰਘ ਬੀਬੀਪੁਰ, ਸਤਵਿੰਦਰ ਸਿੰਘ ਟੌਹੜਾ ਮੈਂਬਰ ਸ਼੍ਰੋਮਣੀ ਕਮੇਟੀ, ਸਾਬਕਾ ਮੁੱਖ ਮੰਤਰੀ ਅਮਰਿੰਦਰ ਸਿੰਘ ਦੇ ਸਲਾਹਕਾਰ ਭਰਤਇੰਦਰ ਸਿੰਘ ਚਹਿਲ, ਮਹਿਲਾ ਕਾਂਗਰਸ ਦੀ ਸੂਬਾ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ, ਵਿਸ਼ਨੂੰ ਸ਼ਰਮਾ ਸਾਬਕਾ ਮੇਅਰ, ਜਸਵਿੰਦਰ ਸਿੰਘ ਰੰਧਾਵਾ, ਵਿਧਾਇਕ ਜਗਤਾਰ ਸਿੰਘ ਰਾਜਲਾ, ਬਲਦੇਵ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ ਹਰਿਆਣਾ, ਲਕਸ਼ਮੀ ਗਰੁੱਪ ਖਮਾਣੋਂ ਦੇ ਐੱਮ. ਡੀ. ਬਲਬੀਰ ਸਿੰਘ, ਜਨਕ ਸਿੰਘ ਖਮਾਣੋਂ, ਲਾਲ ਸਿੰਘ ਦੇ ਕਰੀਬੀ ਦੋਸਤ ਪੰਡਤ ਪੂਰਨ ਚੰਦ, ਬਲਾਕ ਸੰਮਤੀ ਦੇ ਸਾਬਕਾ ਪ੍ਰਧਾਨ ਤਰਸੇਮ ਸਿੰਘ ਬਠੋਈ, ਹੈਪੀ ਧਾਲੀਵਾਲ, ਰਾਜ ਕੁਮਾਰ ਡਕਾਲਾ, ਨਇਬ ਸਿੰਘ ਭਾਨਰੀ, ਆੜ੍ਹਤੀ ਦਵਿੰਦਰ ਸਿੰਘ (ਕਾਕਾ), ਜਸਪਾਲ ਸਿੰਘ ਜਲਾਲਪੁਰ, ਹੈਪੀ ਗੀਠਖੇੜੀ, ਸਤਬੀਰ ਸਿੰਘ, ਓ. ਐੱਸ. ਡੀ. ਸੰਦੀਪ, ਮੇਜਰ ਸਿੰਘ ਕੰਬੋਜ, ਰਾਣਾ ਕਾਹਨ ਸਿੰਘ ਮੰਜਾਲ, ਸੋਨੀ, ਰਮਜੋਤ ਸਿੰਘ, ਤਰਸੇਮ ਸਿੰਘ ਝੰਡੀ ਸਾਬਕਾ ਚੇਅਰਮੈਨ, ਬਲਾਕ ਸੰਮਤੀ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਰਾਣਾ, ਹਰਦਿਆਲ ਸਿੰਘ ਕੰਬੋਜ ਸਾਬਕਾ ਵਿਧਾਇਕ, ਕਿਸਾਨ ਯੂਨੀਅਨ ਦੇ ਆਗੂ ਸਤਨਾਮ ਸਿੰਘ ਬਹਿਰੂ, ਨੰਬਰਦਾਰ ਸ਼ੀਤਲ ਸਿੰਘ ਭਾਨਰਾ, ਸਾਬਕਾ ਏ. ਡੀ. ਜੀ. ਪੀ. ਜਸਕਰਨ ਸਿੰਘ, ਰਾਈਸ ਮਿੱਲਰਜ਼ ਪੰਜਾਬ ਦੇ ਜਨਰਲ ਸਕੱਤਰ ਸਤ ਪ੍ਰਕਾਸ਼ ਗੋਇਲ, ਦਮੋਦਰ ਸਿੰਘ, ਸਮਸ਼ੇਰ ਸਿੰਘ ਗੋਪਾਲ ਸਵੀਟਸ, ਵਿਜੇ ਗੌਤਮ, ਸੁਰਿੰਦਰ ਮਿੱਤਲ ਬਲਬੇੜਾ, ਹਰਮੇਲ ਸਿੰਘ ਮਕੌੜ, ਪੌਲੋਜੀਤ ਸਿੰਘ, ਕੁਲਦੀਪ ਸਿੰਘ ਥਿੰਦ ਰਾਜ ਡਕਾਲਾ ਤੋਂ ਇਲਾਵਾ ਰਾਮਤੇਜ ਸਿੰਘ ਜਰਮਨੀ, ਡਾ. ਸਤਬੀਰ ਡਕਾਲਾ ਤੇ ਹੋਰ ਬਹੁਤ ਸਾਰੇ ਆਗੂਆਂ ਵੱਲੋਂ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

ਇਸ ਮੌਕੇ ਬੀਬਾ ਰਜਿੰਦਰ ਕੌਰ ਭੱਠਲ ਨੇ ਕਿਹਾ ਕਿ ਪੰਜਾਬ ਤੇ ਕਾਂਗਰਸ ਪਾਰਟੀ ਨੇ ਪੰਜਾਬ ਤੇ ਲੋਕ ਹਿਤੈਸ਼ੀ ਆਗੂ ਗੁਆ ਦਿੱਤਾ ਹੈ।ਉਨ੍ਹਾਂ ਕਿਹਾ ਕਿ ਸਵ. ਲਾਲ ਸਿੰਘ ਨੇ ਹਮੇਸ਼ਾ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਕੰਮ ਕੀਤਾ।ਉਨ੍ਹਾਂ ਕਾਂਗਰਸ ਤੋਂ ਹੀ ਆਪਣਾ ਰਾਜਨੀਤਕ ਜੀਵਨ ਸ਼ੁਰੂ ਕੀਤਾ ਤੇ ਆਖਰੀ ਸਾਹ ਤੱਕ ਕਾਂਗਰਸੀ ਰਹੇ।ਸਾਬਕਾ ਵਿਧਾਇਕ ਹਰਿੰਦਰਪਾਲ ਚੰਦੂਮਾਜਰਾ ਨੇ ਕਿਹਾ ਕਿ ਲਾਲ ਸਿੰਘ ਇੱਕ ਦੂਰ-ਅੰਦੇਸ਼ੀ ਤੇ ਠਰ੍ਹੰਮੇ ਵਾਲੇ ਵਿਅਕਤੀ ਸਨ ਅਤੇ ਉਨ੍ਹਾਂ ਦੇ ਵਿਰੋਧੀ ਪਾਰਟੀਆਂ ਦੇ ਆਗੂਆਂ ਨਾਲ ਵੀ ਹਮੇਸ਼ਾ ਸੁਖਾਵੇਂ ਸਬੰਧ ਰਹੇ।ਉਨ੍ਹਾਂ ਕਿਹਾ ਕਿ ਲਾਲ ਸਿੰਘ ਦੇ ਚਲੇ ਜਾਣ ਨਾਲ ਰਾਜਨੀਤੀ 'ਚ ਵੱਡਾ ਖਲਾਅ ਪੈਦਾ ਹੋ ਗਿਆ ਹੈ।

# ਸੰਘਰਸ਼ ਕਰ ਰਹੀਆਂ ਸਟਾਫ ਨਰਸਾਂ 'ਤੇ ਐਸਮਾ ਲਗਾਉਣ ਦੀ ਪ.ਸ.ਸ.ਫ. ਵੱਲੋਂ ਨਿਖੇਧੀ



**ਜ਼ੀਰਾ (ਨਰਿੰਦਰ ਅਨੇਜਾ)**-ਸੂਬੇ ਦੇ ਮੁਲਾਜ਼ਮਾਂ ਦੀ ਸੰਘਰਸ਼ਸ਼ੀਲ ਜਥੇਬੰਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ.ਸ.ਸ.ਫ.) ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜਨਰਲ ਸਕੱਤਰ ਤੀਰਥ ਸਿੰਘ ਬਾਸੀ ਤੇ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਨੇ ਇੱਕ ਸਾਂਝੇ ਪ੍ਰੈੱਸ ਬਿਆਨ ਵਿੱਚ ਕਿਹਾ ਹੈ ਕਿ ਸੂਬੇ ਦੇ ਮੈਡੀਕਲ ਕਾਲਜਾਂ ਵਿੱਚ ਸੇਵਾ ਨਿਭਾਅ ਰਹੀਆਂ ਸਟਾਫ ਨਰਸਾਂ ਵੱਲੋਂ 4600 ਗ੍ਰੇਡ ਪੇਅ ਤੇ ਹੋਰ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ 26 ਮਾਰਚ ਤੋਂ ਸੰਘਰਸ਼ ਕੀਤਾ ਜਾ ਰਿਹਾ ਹੈ।ਸਰਕਾਰ ਤੇ ਵਿਭਾਗ ਵੱਲੋਂ ਇਨ੍ਹਾਂ ਸਟਾਫ ਨਰਸਾਂ ਦੀਆਂ ਮੰਗਾਂ ਨੂੰ ਹੱਲ ਕਰਨ ਦੀ ਥਾਂ ਜਬਰ ਦਾ ਰਸਤਾ ਅਖਤਿਆਰ ਕੀਤਾ ਜਾ ਰਿਹਾ ਹੈ। ਆਪਣੇ ਆਪ ਨੂੰ ਸ਼ਹੀਦ ਭਗਤ ਸਿੰਘ ਦਾ ਪੈਰੋਕਾਰ ਸਮਝਣ ਵਾਲਾ ਮੁੱਖ ਮੰਤਰੀ ਭਗਵੰਤ ਮਾਨ, ਕੈਬਨਿਟ ਮੰਤਰੀ ਤੇ ਵਿਧਾਇਕਾਂ ਵਲੋਂ ਪਿਛਲੀਆਂ ਸਰਕਾਰਾਂ ਨਾਲੋਂ ਵੀ ਤੇਜ਼ੀ ਨਾਲ ਲੋਕ ਤੇ ਮੁਲਾਜ਼ਮ ਵਿਰੋਧੀ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ।ਮੈਡੀਕਲ ਕਾਲਜਾਂ ਵਿੱਚ ਦਿਨ-ਰਾਤ ਡਿਊਟੀ ਕਰ ਰਹੀਆਂ ਸਟਾਫ ਨਰਸਾਂ ਨੂੰ ਉਨ੍ਹਾਂ ਦਾ ਬਣਦਾ ਹੱਕ ਦੇਣ ਤੋਂ ਵੀ ਸਰਕਾਰ ਭੱਜ ਰਹੀ ਹੈ ਅਤੇ ਉਨ੍ਹਾਂ ਦੀਆਂ ਮੰਗਾਂ ਨੂੰ ਗੱਲਬਾਤ ਰਾਹੀਂ ਹੱਲ ਕਰਨ ਦੀ ਥਾਂ ਸੰਘਰਸ਼ ਨੂੰ ਦਬਾਉਣ ਲਈ ਐਸਮਾ ਤੱਕ ਲਾਗੂ ਕਰ ਦਿੱਤਾ ਗਿਆ ਹੈ।ਪ.ਸ.ਸ.ਫ. ਦੇ ਪ੍ਰੈੱਸ ਸਕੱਤਰ ਇੰਦਰਜੀਤ ਵਿਰਦੀ ਨੇ ਸਰਕਾਰ ਤੇ ਡੀ ਆਰ ਐੱਮ ਈ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਹੁਣ ਇਹ ਸੰਘਰਸ਼ ਕੇਵਲ ਸਟਾਫ ਨਰਸਾਂ ਤੇ ਸਿਹਤ ਮੁਲਾਜ਼ਮਾਂ ਦਾ ਨਹੀਂ ਰਿਹਾ, ਸਗੋਂ ਇਹ ਸੰਘਰਸ਼ ਹੁਣ ਪੰਜਾਬ ਦੇ ਸਮੁੱਚੇ ਮੁਲਾਜ਼ਮਾਂ ਦਾ ਬਣ ਗਿਆ ਹੈ।ਜਥੇਬੰਦੀ ਦੇ ਆਗੂਆਂ ਕਰਮਜੀਤ ਬੀਹਲਾ, ਸੁਖਵਿੰਦਰ ਚਾਹਲ, ਮੱਖਣ ਵਾਹਿਦਪੁਰੀ, ਹਰਮਨਪ੍ਰੀਤ ਕੌਰ ਗਿੱਲ ਨੇ ਕਿਹਾ ਕਿ ਜੇਕਰ ਸਰਕਾਰ ਨੇ ਇਨ੍ਹਾਂ ਸਿਹਤ ਮੁਲਾਜ਼ਮਾਂ ਨਾਲ ਗਾਲਬਾਤ ਰਾਹੀ ਮੰਗਾਂ ਨੂੰ ਹੱਲ ਨਾ ਕੀਤਾ ਗਿਆ ਤੇ ਐਸਮਾ ਨੂੰ ਰੱਦ ਨਾ ਕੀਤਾ ਗਿਆ ਤਾਂ ਇਸ ਆਮ ਆਦਮੀਆਂ ਦੀ ਸਰਕਾਰ, ਉਚੇਰੀ ਸਿੱਖਿਆ ਸਿਹਤ ਮੰਤਰੀ ਨੂੰ ਸਮੁੱਚੇ ਮੁਲਾਜ਼ਮਾਂ ਦੇ ਰੋਹ ਦਾ ਸਾਹਮਣਾ ਕਰਨਾ ਪਵੇਗਾ।ਆਗੂਆਂ ਨੇ ਕਿਹਾ ਕਿ ਸਮੁੱਚਾ ਮੁਲਾਜ਼ਮ ਵਰਗ ਇਨ੍ਹਾਂ ਸੰਘਰਸ਼ਸ਼ੀਲ ਮੁਲਾਜ਼ਮਾਂ ਦੇ ਨਾਲ ਚੱਟਾਨ ਵਾਂਗ ਖੜ੍ਹਾ ਹੈ ਤੇ ਮੰਗਾਂ ਦੀ ਪ੍ਰਾਪਤੀ ਤੱਕ ਸੰਘਰਸ਼ ਦੇ ਪਿੜ ਵਿੱਚ ਹੈ।ਇਸ ਮੌਕੇ ਗੁਰਬਿੰਦਰ ਸਿੰਘ, ਅਨਿਲ ਕੁਮਾਰ, ਬੋਬਿੰਦਰ ਸਿੰਘ, ਅਮਨਦੀਪ ਸ਼ਰਮਾ, ਜਸਵਿੰਦਰ ਸੋਜਾ, ਮਨੋਹਰ ਲਾਲ ਸ਼ਰਮਾ, ਗੁਰਦੇਵ ਸਿੰਘ ਸਿੱਧੂ, ਕਿਸ਼ੋਰ ਚੰਦ ਗਾਜ, ਬਲਵਿੰਦਰ ਭੁੱਟੋ, ਪ੍ਰੇਮ ਚੰਦ ਆਜ਼ਾਦ, ਜਤਿੰਦਰ ਕੁਮਾਰ, ਰਜਿੰਦਰ ਸਿੰਘ ਰਿਆੜ, ਤਰਸੇਮ ਮਾਧੋਪੁਰੀ, ਚਮਕੌਰ ਸਿੰਘ ਨਾਭਾ, ਗੁਰਪ੍ਰੀਤ ਰੰਗੀਲਪੁਰ, ਲਖਵਿੰਦਰ ਖਾਨਪੁਰ, ਸਿਮਰਜੀਤ ਸਿੰਘ ਬਰਾੜ, ਮਾਲਵਿੰਦਰ ਸਿੰਘ, ਗੁਰਪ੍ਰੀਤ ਸਿੰਘ ਮਕੀਮਪੁਰ, ਦਵਿੰਦਰ ਸਿੰਘ ਬਿੱਟੂ, ਸੁਭਾਸ਼ ਚੰਦਰ, ਮੋਹਣ ਸਿੰਘ ਪੂਨੀਆਂ ਆਦਿ ਆਗੂ ਹਾਜ਼ਰ ਸਨ।

# ਹਥਿਆਰਾਂ ਦੀ ਤਸਕਰੀ ਕਰਨ ਵਾਲੇ ਚਾਰ ਵਿਅਕਤੀ ਹਥਿਆਰਾਂ ਸਮੇਤ ਕਾਬੂ

## ਗੋਲਡੀ ਢਿੱਲੋਂ ਨਾਲ ਜੁੜੇ ਇੱਕ ਵਿਰੋਧੀ ਅਪਰਾਧੀ ਨੂੰ ਨਿਸ਼ਾਨਾ ਬਣਾਉਣ ਦੀ ਬਣਾ ਰਹੇ ਸਨ ਯੋਜਨਾ : ਡੀ ਜੀ ਪੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਇੱਕ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੇ ਵਿਚਕਾਰ ਇੱਕ ਵੱਡੀ ਸਫਲਤਾ ਵਿੱਚ ਪਟਿਆਲਾ ਪੁਲਸ ਨੇ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਇੱਕ ਅੰਤਰ-ਰਾਜੀ ਗੈਰ-ਕਾਨੂੰਨੀ ਹਥਿਆਰ ਸਪਲਾਈ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ ਅਤੇ ਹਥਿਆਰ ਬਰਾਮਦ ਕੀਤੇ ਹਨ। ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਸ (ਡੀਜੀਪੀ) ਗੌਰਵ ਯਾਦਵ ਨੇ ਵੀਰਵਾਰ ਨੂੰ ਇੱਥੇ ਦੱਸਿਆ ਕਿ ਉਨ੍ਹਾਂ ਦੇ ਕਬਜ਼ੇ ਵਿੱਚੋਂ 10 ਆਧੁਨਿਕ ਸਵੈ-ਲੋਡਿੰਗ ਹਥਿਆਰ ਬਰਾਮਦ ਹੋਏ ਹਨ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਬਿਹਾਰ ਦੇ ਮੁਜ਼ੱਫਰਪੁਰ ਦੇ ਪਿੰਡ ਜਰੰਗ ਡੀਹ ਦੇ ਵਸਨੀਕ ਸੌਰਭ ਕੁਮਾਰ, ਐਸਏਐਸ ਨਗਰ ਦੇ ਸੋਹਾਣਾ ਦੇ ਵਸਨੀਕ ਸਾਜਨ, ਪਟਿਆਲਾ ਦੇ ਗੁਰਦੀਪ ਕਲੋਨੀ ਅਬਲੋਵਾਲ ਦੇ ਵਸਨੀਕ ਅਭਿਸ਼ੇਕ ਉਰਫ਼ ਕਾਕਾ ਤੇ ਪਟਿਆਲਾ ਦੇ ਪੁਰਾਣੇ ਬਿਸ਼ਨ ਨਗਰ ਦੇ ਵਸਨੀਕ ਇੰਦਰਜੀਤ ਸਿੰਘ ਉਰਫ਼ ਰੋਹਿਤ ਵਜੋਂ ਹੋਈ ਹੈ।ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਬਿਹਾਰ ਤੋਂ ਦੇਸੀ ਹਥਿਆਰ ਲਿਆ ਰਹੇ ਸਨ ਤੇ ਅਪਰਾਧਿਕ ਗਤੀਵਿਧੀਆਂ ਲਈ ਰਾਜ ਵਿੱਚ ਸਪਲਾਈ ਕਰ ਰਹੇ ਸਨ।ਉਨ੍ਹਾਂ ਕਿਹਾ ਕਿ ਹੋਰ ਜਾਂਚ ਵਿੱਚ ਗੈਂਗ ਦੁਸ਼ਮਣੀ ਦਾ ਵੀ ਸੰਕੇਤ ਮਿਲਿਆ ਹੈ, ਜਿਸ ਵਿੱਚ ਗੋਲਡੀ ਢਿੱਲੋਂ ਨੈੱਟਵਰਕ ਨਾਲ ਜੁੜੇ ਇੱਕ ਵਿਰੋਧੀ ਅਪਰਾਧੀ ਨੂੰ ਨਿਸ਼ਾਨਾ ਬਣਾਉਣ ਦੀ ਯੋਜਨਾ ਹੈ ਤਾਂ ਜੋ ਇਲਾਕੇ ਵਿੱਚ ਦਬਦਬਾ ਕਾਇਮ ਕੀਤਾ ਜਾ ਸਕੇ।ਡੀਜੀਪੀ ਨੇ ਕਿਹਾ ਕਿ ਪੂਰੇ ਨੈੱਟਵਰਕ ਨੂੰ ਖਤਮ ਕਰਨ ਲਈ ਇਸ ਮਾਮਲੇ ਵਿੱਚ ਅੱਗੇ ਤੇ ਪਿੱਛੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ। ਸੀਨੀਅਰ ਪੁਲਿਸ ਸੁਪਰਡੈਂਟ (ਐਸਐਸਪੀ) ਪਟਿਆਲਾ ਵਰੁਣ ਸ਼ਰਮਾ ਨੇ ਦੱਸਿਆ ਕਿ ਪੁਲਸ ਟੀਮਾਂ ਨੂੰ ਮਨੁੱਖੀ ਸੂਚਨਾ ਮਿਲੀ ਸੀ ਕਿ ਬਿਹਾਰ ਨਿਵਾਸੀ ਸੌਰਭ ਕੁਮਾਰ ਰਾਜ ਵਿੱਚ ਟਾਰਗੇਟ ਕਿਲਿੰਗ ਤੇ ਹੋਰ ਘਿਨਾਉਣੇ ਅਪਰਾਧਾਂ ਨੂੰ ਅੰਜਾਮ ਦੇਣ ਲਈ ਆਪਣੇ ਵਿਦੇਸ਼ੀ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਬਦਨਾਮ ਅਪਰਾਧੀਆਂ ਨੂੰ ਦੇਸੀ ਸਵੈ-ਲੋਡਿੰਗ ਪਿਸਤੌਲ ਸਪਲਾਈ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਐੱਸ ਪੀ ਇਨਵੈਸਟੀਗੇਸ਼ਨ ਪਟਿਆਲਾ ਗੁਰਬੰਸ ਸਿੰਘ ਬੈਂਸ ਤੇ ਡੀਐੱਸਪੀ ਹਰਮਨ ਚੀਮਾ ਦੀ ਨਿਗਰਾਨੀ ਹੇਠ, ਸੀਆਈਏ ਪਟਿਆਲਾ ਯੂਨਿਟ ਤੇ ਐੱਸ ਐੱਚ ਓ ਸ਼ੰਭੂ ਨੇ ਜਾਲ ਵਿਛਾਇਆ ਤੇ ਹਥਿਆਰਾਂ ਦੀ ਤਸਕਰੀ ਵਿੱਚ ਸ਼ਾਮਲ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ।ਐੱਸ ਐੱਸ ਪੀ ਨੇ ਕਿਹਾ ਕਿ ਗ੍ਰਿਫ਼ਤਾਰ ਮੁਲਜ਼ਮ ਸੌਰਭ ਕੁਮਾਰ ਬਿਹਾਰ ਦੇ ਮੁਜ਼ੱਫਰਪੁਰ ਵਿਖੇ ਸਥਿਤ ਗੈਰ-ਕਾਨੂੰਨੀ ਤੌਰ 'ਤੇ ਸਥਾਪਤ ਹਥਿਆਰ ਨਿਰਮਾਣ ਯੂਨਿਟਾਂ ਤੋਂ ਹਥਿਆਰਾਂ ਦਾ ਪ੍ਰਬੰਧ ਕਰ ਰਿਹਾ ਸੀ ਤਾਂ ਜੋ ਉਨ੍ਹਾਂ ਨੂੰ ਆਵਾਜਾਈ ਦੇ ਵੱਖ-ਵੱਖ ਤਰੀਕਿਆਂ ਨਾਲ ਪੰਜਾਬ ਵਿੱਚ ਸਪਲਾਈ ਕੀਤਾ ਜਾ ਸਕੇ। ਮੁੱਢਲੀ ਪੁੱਛਗਿੱਛ ਦੌਰਾਨ ਇਹ ਵੀ ਪਤਾ ਲੱਗਾ ਕਿ ਗ੍ਰਿਫ਼ਤਾਰ ਮੁਲਜ਼ਮ ਅਭਿਸ਼ੇਕ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਬਦਨਾਮ ਗੈਂਗਸਟਰ ਗੋਲਡੀ ਢਿੱਲੋਂ ਦੇ ਸੰਪਰਕ ਵਿੱਚ ਸੀ ਤੇ ਗੈਂਗਵਾਰ ਵਿੱਚ ਸਰਗਰਮੀ ਨਾਲ ਸ਼ਾਮਲ ਸੀ। ਇਸ ਸਬੰਧੀ ਪਟਿਆਲਾ ਦੇ ਪੁਲਸ ਸਟੇਸ਼ਨ ਸ਼ੰਭੂ ਵਿਖੇ ਭਾਰਤੀ ਨਿਆਏ ਸੰਹਿਤਾ (ਬੀਐਨਐਸ) ਦੀ ਧਾਰਾ 111 ਤੇ ਅਸਲਾ ਐਕਟ ਦੀ ਧਾਰਾ ਤਹਿਤ ਕੇਸ ਦਰਜ ਕੀਤਾ ਗਿਆ ਹੈ।

## ਮਾਤਾ ਗੁਜਰੀ ਕਾਲਜ ਦੇ ਵਿਦਿਆਰਥੀਆਂ ਵੱਲੋਂ ਵਿੱਦਿਅਕ ਦੌਰਾ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਬਨਸਪਤੀ ਤੇ ਵਾਤਾਵਰਣ ਵਿਗਿਆਨ ਵਿਭਾਗ ਵੱਲੋਂ ਆਪਣੇ ਵਿਦਿਆਰਥੀਆਂ ਨੂੰ ਕਸੌਲੀ, ਹਿਮਾਚਲ ਪ੍ਰਦੇਸ਼ ਵਿਖੇ ਵਿਸ਼ੇਸ਼ ਵਿੱਦਿਅਕ ਦੌਰੇ ਦਾ ਆਯੋਜਨ ਕਰਵਾਇਆ ਗਿਆ, ਜਿਸ ਵਿੱਚ ਬੀ.ਐੱਸ.ਸੀ. ਮੈਡੀਕਲ ਤੇ ਐੱਮ.ਐੱਸ.ਸੀ. ਬਾਟਨੀ ਦੇ 30 ਵਿਦਿਆਰਥੀਆਂ ਨੇ ਹਿੱਸਾ ਲਿਆ।ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਹਿਮਾਲਿਆ ਦੇ ਪੌਦਿਆਂ ਦੀ ਵਿਭਿੰਨਤਾ ਤੇ ਵਾਤਾਵਰਣ ਦੀ ਸਮਝ ਨੂੰ ਵਿਹਾਰਕ ਸਿੱਖਿਆ ਦੇ ਜ਼ਰੀਏ ਵਧਾਉਣਾ ਸੀ।ਇਸ ਦੌਰਾਨ ਵਿਦਿਆਰਥੀਆਂ ਵੱਲੋਂ ਕਸੌਲੀ ਦੀਆਂ ਪ੍ਰਸਿੱਧ ਥਾਵਾਂ ਜਿਵੇਂ ਸਨਸੈੱਟ ਪੁਆਇੰਟ, ਗਿਲਬਰਟ ਟ੍ਰੇਲ ਤੇ ਮੰਕੀ ਪੁਆਇੰਟ ਆਦਿ ਇਲਾਕਿਆਂ ਦਾ ਦੌਰਾ ਵੀ ਕੀਤਾ ਗਿਆ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਿਹਾ ਕਿ ਅਜਿਹੇ ਦੌਰੇ ਵਿਦਿਆਰਥੀਆਂ ਦਾ ਵਿੱਦਿਅਕ ਤੇ ਵਿਹਾਰਕ ਗਿਆਨ ਵਧਾਉਣ ਦੇ ਨਾਲ-ਨਾਲ ਉਨ੍ਹਾਂ ਦੇ ਸਰਵਪੱਖੀ ਵਿਕਾਸ ਵਿੱਚ ਵੀ ਵਾਧਾ ਕਰਦੇ ਹਨ।ਬਨਸਪਤੀ ਤੇ ਵਾਤਾਵਰਣ ਵਿਭਾਗ ਦੇ ਮੁਖੀ ਡਾ. ਲਵਨੀਤ ਕੌਰ ਨੇ ਕਿਹਾ ਕਿ ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪੌਦਿਆਂ ਸੰਬੰਧੀ ਵਿਹਾਰਕ ਗਿਆਨ ਪ੍ਰਦਾਨ ਕਰਨਾ ਤੇ ਇਲਾਕੇ ਦੀਆਂ ਬਨਸਪਤੀਆਂ ਤੋਂ ਜਾਣੂ ਕਰਵਾਉਣਾ ਸੀ।ਇਸ ਦੌਰੇ ਦੌਰਾਨ ਵਿਭਾਗ ਦੇ ਡਾ. ਵਿਜੈ ਸਿੰਘ ਤੇ ਡਾ. ਪ੍ਰਦੀਪ ਕੁਮਾਰ ਨੇ ਵਿਦਿਆਰਥੀਆਂ ਦਾ ਮਾਰਗਦਰਸ਼ਨ ਕੀਤਾ।

## ਡੀ ਸੀ ਦਫ਼ਤਰ ਬਰਨਾਲਾ ਵਿਖੇ ਧਰਨੇ ਸੰਬੰਧੀ ਲਾਮਬੰਦੀ ਤੇਜ਼ : ਕਿਸਾਨ ਆਗੂ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਪਰ 6 ਅਪ੍ਰੈਲ ਨੂੰ ਡਿਪਟੀ ਕਮਿਸ਼ਨਰ ਦਫ਼ਤਰ ਬਰਨਾਲਾ ਵਿਖੇ ਦਿੱਤੇ ਜਾ ਰਹੇ ਧਰਨੇ ਸੰਬੰਧੀ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਤਿਆਰੀਆਂ ਜ਼ੋਰਾਂ 'ਤੇ ਹਨ।ਇਹ ਜਾਣਕਾਰੀ ਭਾਕਿਯੂ ਡਕੌਂਦਾ ਦੇ ਆਗੂਆਂ ਜਗਰਾਜ ਸਿੰਘ ਹਰਦਾਸਪੁਰਾ, ਗੁਰਦੇਵ ਸਿੰਘ ਮਾਂਗੇਵਾਲ ਨੇ ਸਾਂਝੇ ਤੌਰ 'ਤੇ ਦਿੱਤੀ।ਉਨ੍ਹਾਂ ਕਿਹਾ ਕਿ ਇਸ ਸਬੰਧੀ ਜਥੇਬੰਦੀ ਵੱਲੋਂ ਲਗਾਤਾਰ ਪਿੰਡ ਪੱਧਰੀ ਮੀਟਿੰਗਾਂ ਕਰਕੇ ਕਿਸਾਨਾਂ ਤੇ ਮਜ਼ਦੂਰਾਂ ਨੂੰ ਕੇਂਦਰ ਤੇ ਰਾਜ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।ਕਿਸਾਨ ਆਗੂ ਨਾਨਕ ਸਿੰਘ ਅਮਲਾ ਸਿੰਘ ਵਾਲਾ, ਸਤਨਾਮ ਸਿੰਘ ਮੂੰਮ ਨੇ ਦੱਸਿਆ ਕਿ ਧਰਨੇ ਦੀ ਤਿਆਰੀਆਂ ਸਬੰਧੀ ਮਹਿਲ ਕਲਾਂ, ਠੁੱਲੀਵਾਲ, ਕੁਰੜ, ਖਿਆਲੀ, ਸਹੌਰ ਮਨਾਲ, ਕਲਾਲ ਮਾਜਰਾ, ਧਨੇਰ ਤੇ ਛੀਨੀਵਾਲ ਵਿਖੇ ਮੀਟਿੰਗਾਂ ਕਰਕੇ ਵਰਕਰਾਂ ਨੂੰ ਵੱਡੀ ਗਿਣਤੀ 'ਚ ਪਹੁੰਚਣ ਲਈ ਲਾਮਬੰਦ ਕੀਤਾ ਗਿਆ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਭਾਰਤ ਮਾਲਾ ਪ੍ਰਾਜੈਕਟ ਅਧੀਨ ਗਾਗੇਵਾਲ-ਮੂੰਮ ਸੜਕ ਲਈ ਕਿਸਾਨਾਂ ਨੂੰ ਪੂਰਾ ਮੁਆਵਜ਼ਾ ਦਿੱਤੇ ਬਿਨਾਂ ਕੰਮ ਸ਼ੁਰੂ ਕਰਨਾ ਸ਼ਰੇਆਮ ਧੱਕੇਸ਼ਾਹੀ ਹੈ।ਉਨ੍ਹਾਂ ਸਪੱਸ਼ਟ ਕਿਹਾ ਕਿ ਜਦੋਂ ਤੱਕ ਪੀੜਤ ਕਿਸਾਨਾਂ ਨੂੰ ਪੂਰਾ ਮੁਆਵਜ਼ਾ ਨਹੀਂ ਮਿਲਦਾ, ਉਦੋਂ ਤੱਕ ਸੜਕ ਦਾ ਕੰਮ ਰੋਕਿਆ ਜਾਵੇਗਾ।ਕਿਸਾਨ ਆਗੂਆਂ ਜੱਗਾ ਸਿੰਘ ਮਹਿਲ ਕਲਾਂ, ਭਿੰਦਰ ਸਿੰਘ ਮੂੰਮ, ਜਸਵੰਤ ਸਿੰਘ, ਬੂਟਾ ਸਿੰਘ, ਸਰਬਜੀਤ ਸਿੰਘ, ਕੁਲਵੰਤ ਸਿੰਘ, ਸੁਖਵਿੰਦਰ ਸਿੰਘ, ਰਣਧੀਰ ਸਿੰਘ, ਸੁਰਜੀਤ ਸਿੰਘ, ਸ਼ੇਰਾ ਸਿੰਘ, ਭਜਨ ਸਿੰਘ, ਸੁੱਖਾ ਸਿੰਘ, ਪੰਮਾ ਸਿੰਘ, ਕਰਮਜੀਤ ਸਿੰਘ, ਕੁਲਦੀਪ ਸਿੰਘ, ਅਮਰਜੀਤ ਸਿੰਘ, ਨਰਿੰਦਰ ਸਿੰਘ ਆਦਿ ਹਾਜ਼ਰ ਸਨ।

# ਟੈਕਨੀਕਲ ਸਰਵਿਸ ਯੂਨੀਅਨ ਵੱਲੋਂ ਥਰਮਲ ਗੇਟ 'ਤੇ ਰੈਲੀ

## 10 ਦੀ ਪਟਿਆਲਾ 'ਮਹਾਂ ਰੈਲੀ' 'ਚ ਬਿਜਲੀ ਮੁਲਾਜ਼ਮ ਵੱਡੀ ਗਿਣਤੀ 'ਚ ਹੋਣਗੇ ਸ਼ਾਮਲ : ਮੰਗਲੀ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**

ਟੈਕਨੀਕਲ ਸਰਵਿਸ ਯੂਨੀਅਨ ਰਜਿ. 49 ਗੁਰੂ ਹਰਗੋਬਿੰਦ ਸਾਹਿਬ ਥਰਮਲ ਪਲਾਂਟ ਲਹਿਰਾ ਮੁਹੱਬਤ ਦੀ ਅਗਵਾਈ ਵਿੱਚ ਬਿਜਲੀ ਮੁਲਾਜ਼ਮਾਂ ਵੱਲੋਂ ਥਰਮਲ ਦੇ ਮੇਨ ਗੇਟ 'ਤੇ ਰੈਲੀ ਦੌਰਾਨ ਕੇਂਦਰ ਦੀ ਮੋਦੀ ਸਰਕਾਰ ਤੇ ਪੰਜਾਬ ਦੀ ਮਾਨ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ। ਰੈਲੀ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਪ੍ਰਧਾਨ ਅਮਰਜੀਤ ਸਿੰਘ ਮੰਗਲੀ, ਸਕੱਤਰ ਅੰਤਰ ਸਿੰਘ ਜੇ ਈ ਤੇ ਪ੍ਰਚਾਰ ਸਕੱਤਰ ਪਿਆਰਾ ਸਿੰਘ ਨੇ ਕੇਂਦਰ ਸਰਕਾਰ ਤੋਂ ਚਾਰੋਂ ਲੇਬਰ ਕੋਡ ਵਾਪਸ ਲੈਣ ਤੇ 2004 ਤੋਂ ਭਰਤੀ ਹੋਏ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਨਿਯਮ 1972 ਅਨੁਸਾਰ ਬਹਾਲ ਕਰਨ ਦੀ ਮੰਗ ਕੀਤੀ। ਮੀਤ ਪ੍ਰਧਾਨ ਜਗਦੀਪ ਸਿੰਘ ਹੰਸ, ਕੈਸ਼ੀਅਰ ਵਰਿੰਦਰ ਸਿੰਘ ਪਰਮਾਰ, ਵਿਨੋਦ ਕੁਮਾਰ ਜੇ ਪੀ ਏ ਤੇ ਰਾਮ ਸੂਰਤ ਨੇ ਕਿਹਾ 17/07/2020 ਤੋਂ ਭਰਤੀ ਹੋਏ ਮੁਲਾਜ਼ਮਾਂ ਲਈ ਛੇਵਾਂ ਪੇ ਕਮਿਸ਼ਨ ਲਾਗੂ ਕੀਤਾ ਜਾਵੇ, ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਵਿੱਚ 16% ਵਾਧਾ ਕੀਤਾ ਜਾਵੇ, ਬਣਦਾ ਏਰੀਅਰ ਮੁਲਾਜ਼ਮਾਂ ਦੇ ਖਾਤਿਆਂ ਵਿੱਚ ਪਾਇਆ ਜਾਵੇ, ਪੇਂਡੂ ਭੱਤਾ ਬਹਾਲ ਕੀਤਾ ਜਾਵੇ, ਘੱਟ ਯੋਗਤਾ ਵਾਲੇ ਸਹਾਇਕ ਲਾਈਨਮੈਨ ਤੋਂ ਲਾਈਨਮੈਨ ਦੀ ਤਰੱਕੀ ਦਾ ਟਾਈਮ ਪੀਰੀਅਡ 4 ਸਾਲ ਕੀਤਾ ਜਾਵੇ ਤੇ ਥਰਮਲ ਪਲਾਂਟ ਵਿੱਚ ਕੰਮ ਕਰਦੇ ਕੱਚੇ ਕਾਮਿਆਂ ਨੂੰ ਬਿਨਾਂ ਸ਼ਰਤ ਰੈਗੂਲਰ ਕੀਤਾ ਜਾਵੇ। ਪ੍ਰਧਾਨ ਅਮਰਜੀਤ ਸਿੰਘ ਮੰਗਲੀ ਨੇ ਦੱਸਿਆ ਕਿ 10 ਅਪ੍ਰੈਲ 2026 ਨੂੰ ਹੈੱਡ ਆਫਿਸ ਪਟਿਆਲਾ ਦੇ ਮੇਨ ਗੇਟ 'ਤੇ ਮਹਾਂ ਰੈਲੀ ਕੀਤੀ ਜਾਵੇਗੀ, ਜਿਸ ਵਿੱਚ ਵੱਡੀ ਗਿਣਤੀ 'ਚ ਬਿਜਲੀ ਮੁਲਾਜ਼ਮ ਸ਼ਾਮਲ ਹੋਣਗੇ।

## ਪ੍ਰਿਥਵੀ ਸਿੰਘ ਚਹਿਲ ਦਾ ਐੱਸ ਪੀ ਬਣਨ 'ਤੇ ਕੀਤਾ ਸਨਮਾਨ

**ਸਮਾਣਾ (ਗੁਰਪਿਆਰ ਸਿੰਘ ਬੱਲ)**-ਵਿਸ਼ਵ ਦੀ ਸਭ ਤੋਂ ਉੱਚੀ ਚੋਟੀ ਮਾਊਂਟ ਐਵਰੈਸਟ ਵਿਜੇਤਾ ਵਿਸ਼ਵ ਰਿਕਾਰਡਧਾਰੀ, ਅੰਤਰਰਾਸ਼ਟਰੀ ਨਿਸ਼ਾਨੇਬਾਜ਼ ਪ੍ਰਿਥਵੀ ਸਿੰਘ ਚਹਿਲ ਨੂੰ ਐੱਸ ਪੀ ਬਣਨ 'ਤੇ ਅਸ਼ਵਨੀ ਸਿੰਗਲਾ ਦਿਆਲਗੜ੍ਹ ਜੇਜੀਆ ਸਮਾਣਾ ਨੇ ਸਨਮਾਨਤ ਕੀਤਾ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਸੁਖਵਿੰਦਰ ਸਿੰਘ ਸਾਬਕਾ ਸਰਪੰਚ ਗੀਠਖੇੜੀ, ਹਰਵਿੰਦਰ ਸਿੰਘ ਚਲੈਲਾ ਵੀ ਹਾਜ਼ਰ ਸਨ।ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਦੱਸਿਆ ਕਿ ਪ੍ਰਿਥਵੀ ਸਿੰਘ ਚਹਿਲ ਨੇ ਸੰਸਾਰ ਦੀ ਸਭ ਤੋਂ ਉੱਚੀ ਚੋਟੀ ਮਾਊਂਟ ਐਵਰੈਸਟ ਤੇ ਦੁਨੀਆ ਦੀ ਸਭ ਤੋਂ ਛੋਟੀ ਉਮਰ ਦੀ ਸਕੂਲੀ ਟੀਮ ਦੀ ਅਗਵਾਈ ਕਰਦਿਆਂ ਉਸ ਨੂੰ ਫਤਿਹ ਕੀਤਾ।ਇਸ ਤੋਂ ਇਲਾਵਾ ਉਨ੍ਹਾਂ ਹੁਣ ਡਬਲ ਟਰੈਪ ਸ਼ਾਟਗਨ ਨਿਸ਼ਾਨੇਬਾਜ਼ੀ ਵਿੱਚ ਅਨੇਕਾਂ ਰਾਸ਼ਟਰੀ ਤੇ ਅੰਤਰਰਾਸ਼ਟਰੀ ਮੈਡਲ ਭਾਰਤ ਦੀ ਝੋਲੀ ਵਿੱਚ ਜਿੱਤ ਕੇ ਪਾ ਜਾ ਚੁੱਕੇ ਹਨ।ਉਨ੍ਹਾਂ ਦੱਸਿਆ ਕਿ ਪ੍ਰਿਥਵੀ ਸਿੰਘ ਚਹਿਲ ਦੀ ਪਹਿਲੀ ਪੋਸਟਿੰਗ ਡੀ ਐੱਸ ਪੀ ਹੈੱਡਕੁਆਰਟਰ ਸ੍ਰੀ ਫ਼ਤਹਿਗੜ੍ਹ ਵਿਖੇ ਹੋਈ, ਉਸ ਤੋਂ ਬਾਅਦ ਉਹ ਡੀ ਐੱਸ ਪੀ ਸਭ ਡਵੀਜ਼ਨ ਦਿੜ੍ਹਬਾ ਵਿਖੇ ਤਾਇਨਾਤ ਰਹੇ, ਹੁਣ ਉਹੋ ਡੀ ਐੱਸ ਪੀ ਸਿਟੀ 1 ਮੋਹਾਲੀ ਵਿਖੇ ਤਾਇਨਾਤ ਹਨ, ਜਿੱਥੇ ਉਨ੍ਹਾਂ ਨੂੰ ਪ੍ਰਮੋਸ਼ਨ ਦੇ ਕੇ ਐੱਸ ਪੀ ਬਣਾਇਆ ਗਿਆ ਹੈ।



# ਆੜ੍ਹਤੀਆਂ ਦੇ ਵਫ਼ਦ ਨਾਲ ਮੁੱਖ ਮੰਤਰੀ ਭਗਵੰਤ ਮਾਨ ਦੀ ਅਹਿਮ ਮੀਟਿੰਗ

## ਆੜ੍ਹਤੀਆ ਵਰਗ ਹਮੇਸ਼ਾ ਕਿਸਾਨਾਂ ਨਾਲ ਖੜ੍ਹਾ : ਰਾਣਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਣਕ ਦੀ ਖ਼ਰੀਦ ਨੂੰ ਲੈ ਕੇ ਸਰਕਾਰ ਨੇ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ।ਇਸ ਸੰਬੰਧੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਆੜ੍ਹਤੀਆ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਦੀ ਅਗਵਾਈ ਹੇਠ ਆੜ੍ਹਤੀਆਂ ਦੇ ਵਫ਼ਦ ਦੀ ਅਹਿਮ ਮੀਟਿੰਗ ਹੋਈ, ਜਿਸ 'ਚ ਫਸਲ ਖ਼ਰੀਦ ਪ੍ਰਬੰਧਾਂ ਦੇ ਨਾਲ ਨਾਲ ਆੜ੍ਹਤੀਆ ਵਰਗ ਦੀਆਂ ਮੰਗਾਂ ਤੇ ਸਮੱਸਿਆਵਾਂ 'ਤੇ ਵੀ ਚਰਚਾ ਕੀਤੀ ਗਈ।ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਨੇ ਦੱਸਿਆ ਕਿ ਮੁੱਖ ਮੰਤਰੀ ਵੱਲੋਂ ਆੜ੍ਹਤੀਆ ਵਰਗ ਨੂੰ ਪੂਰਾ ਵਿਸ਼ਵਾਸ ਦਿਵਾਇਆ ਗਿਆ ਕਿ ਮੇਰੇ ਤੇ ਅਫ਼ਸਰਾਂ ਦੇ ਦਰਵਾਜ਼ੇ ਹਮੇਸ਼ਾ ਖੁੱਲ੍ਹੇ ਹਨ, ਤੁਸੀਂ ਜਦੋਂ ਵੀ ਚਾਹੋ ਆਪਣੇ ਮਸਲੇ ਰੱਖ ਸਕਦੇ ਹੋ ਅਤੇ ਉਨ੍ਹਾਂ ਦਾ ਯੋਗ ਹੱਲ ਕੀਤਾ ਜਾਵੇਗਾ।ਵਫ਼ਦ ਵੱਲੋਂ ਮੁੱਖ ਤੌਰ 'ਤੇ ਕਮਿਸ਼ਨ 'ਚ ਵਾਧਾ, ਬਿਜਲੀ ਕੁਨੈਕਸ਼ਨਾਂ ਨੂੰ ਪੁਰਾਣੇ ਅਧਾਰ 'ਤੇ ਜਾਰੀ ਰੱਖਣਾ, ਈ.ਪੀ.ਐੱਫ. ਸੰਬੰਧੀ ਮਸਲੇ, ਨੋਟੀਫ਼ਿਕੇਸ਼ਨ 'ਚ ਗਲਤੀਆਂ ਦੀ ਸੋਧ ਤੇ ਖ਼ਰੀਦ ਪ੍ਰਕਿਰਿਆ ਦੌਰਾਨ ਆ ਰਹੀਆਂ ਤਕਨੀਕੀ ਤੇ ਪ੍ਰਸ਼ਾਸਕੀ ਦਿੱਕਤਾਂ ਬਾਰੇ ਮੰਗਾਂ ਰੱਖੀਆਂ ਗਈਆਂ।ਮੁੱਖ ਮੰਤਰੀ ਨੇ ਭਰੋਸਾ ਦਿਵਾਇਆ ਕਿ ਕਣਕ ਦੀ ਖ਼ਰੀਦ ਸਮੇਂ ਸਿਰ ਸ਼ੁਰੂ ਕੀਤੀ ਜਾਵੇਗੀ।ਆੜ੍ਹਤੀਆ ਐਸੋਸੀਏਸ਼ਨ ਵੱਲੋਂ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਰਾਣਾ, ਰਜਿੰਦਰ ਕੁਮਾਰ, ਪਨੀਤ ਜੈਨ, ਗੌਰਵ ਬਮਣ, ਪਰਦੀਪ ਕੁਮਾਰ ਤੇ ਭੁਪਿੰਦਰ ਸਿੰਘ ਨੇ ਇਸ ਮੀਟਿੰਗ 'ਚ ਹਿੱਸਾ ਲਿਆ। ਮੁੱਖ ਮੰਤਰੀ ਨੇ ਆੜ੍ਹਤੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਆੜ੍ਹਤੀਆ ਵਰਗ ਦੀਆਂ ਸਾਰੀਆਂ ਮੰਗਾਂ ਨੂੰ ਗੰਭੀਰਤਾ ਨਾਲ ਵਿਚਾਰ ਕੇ ਜਲਦੀ ਹੱਲ ਕੀਤਾ ਜਾਵੇਗਾ।ਵਫ਼ਦ ਨੇ ਉਮੀਦ ਜਤਾਈ ਕਿ ਸਰਕਾਰ ਦੇ ਇਹ ਕਦਮ ਕਿਸਾਨਾਂ ਤੇ ਆੜ੍ਹਤੀਆ ਵਰਗ ਲਈ ਲਾਭਦਾਇਕ ਸਾਬਿਤ ਹੋਣਗੇ ਤੇ ਖ਼ਰੀਦ ਪ੍ਰਕਿਰਿਆ ਸੁਚੱਜੇ ਢੰਗ ਨਾਲ ਚੱਲੇਗੀ।

## ਗਲੋਬਲ ਸਕੂਲ 'ਚ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੀ.ਬੀ.ਐੱਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ਼ ਐਜੂਬੀਕਨਜ਼ ਗਲੋਬਲ ਡਿਸਕਵਰੀ ਸਕੂਲ ਵਿੱਚ ਅਕਾਦਮਿਕ ਸੈਸ਼ਨ 2026-27 ਦੀ ਸ਼ੁਰੂਆਤ ਬਹੁਤ ਹੀ ਉਤਸ਼ਾਹ ਤੇ ਖ਼ੁਸ਼ੀ ਨਾਲ ਕੀਤੀ ਗਈ।ਸਕੂਲ ਵਿੱਚ ਵਿਦਿਆਰਥੀਆਂ, ਮਾਪਿਆਂ ਤੇ ਅਧਿਆਪਕਾਂ ਵਿੱਚ ਨਵੇਂ ਸੈਸ਼ਨ ਨੂੰ ਲੈ ਕੇ ਖਾਸ ਉਤਸ਼ਾਹ ਦੇਖਣ ਨੂੰ ਮਿਲਿਆ।ਸਕੂਲ ਨੂੰ ਰੰਗ-ਬਰੰਗੀ ਸਜਾਵਟ ਨਾਲ ਸਜਾਇਆ ਗਿਆ, ਜਿਸ ਨਾਲ ਮਾਹੌਲ ਹੋਰ ਵੀ ਆਕਰਸ਼ਕ ਬਣ ਗਿਆ।ਇਸ ਮੌਕੇ ਵਿਦਿਆਰਥੀਆਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਤੇ ਉਨ੍ਹਾਂ ਨੂੰ ਨਵੇਂ ਸੈਸ਼ਨ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਪ੍ਰੇਰਿਤ ਕੀਤਾ ਗਿਆ। ਅਧਿਆਪਕਾਂ ਨੇ ਵੀ ਨਵੀਆਂ ਸਿੱਖਿਆ ਵਿਧੀਆਂ ਰਾਹੀਂ ਵਿਦਿਆਰਥੀਆਂ ਨੂੰ ਵਧੀਆ ਸਿੱਖਿਆ ਦੇਣ ਦਾ ਸੰਕਲਪ ਲਿਆ।ਸਕੂਲ ਪ੍ਰਸ਼ਾਸਨ ਨੇ ਸਾਰੇ ਵਿਦਿਆਰਥੀਆਂ ਨੂੰ ਉਜਲੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਤੇ ਨਵੇਂ ਸੈਸ਼ਨ ਨੂੰ ਸਫਲ ਬਣਾਉਣ ਦਾ ਵਾਅਦਾ ਕੀਤਾ।ਸਕੂਲ ਦੀ ਪ੍ਰਿੰਸੀਪਲ ਕਾਵਿਆ ਅਸੀਜਾ ਤੇ ਸਕੂਲ ਦੇ ਉਪ ਪ੍ਰਧਾਨ ਅਮਿਤ ਸਰਾਫ਼ ਨੇ ਕਿਹਾ ਕਿ ਨਵਾਂ ਸੈਸ਼ਨ ਨਵੇਂ ਮੌਕਿਆਂ ਤੇ ਸੰਭਾਵਨਾਵਾਂ ਦਾ ਪ੍ਰਤੀਕ ਹੈ।ਵਿਦਿਆਰਥੀਆਂ ਨੂੰ ਚਾਹੀਦਾ ਹੈ ਕਿ ਉਹ ਅਨੁਸ਼ਾਸਨ, ਮਿਹਨਤ ਤੇ ਸਕਾਰਾਤਮਕ ਸੋਚ ਨਾਲ ਆਪਣੇ ਟੀਚੇ ਵੱਲ ਵਧਣ।ਸਕੂਲ ਹਮੇਸ਼ਾ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ।

# ਬੀ ਕੇ ਯੂ ਏਕਤਾ ਆਜ਼ਾਦ ਵੱਲੋਂ ਇਮੀਗ੍ਰੇਸ਼ਨ ਦਫ਼ਤਰ ਅੱਗੇ ਧਰਨਾ



**ਜਗਰਾਉਂ (ਨਛੱਤਰ ਸੰਧੂ)**-ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਯਾਦ ਵੱਲੋਂ ਸੂਬਾ ਆਗੂ ਲਖਵੀਰ ਸਿੰਘ ਦੌਧਰ ਅਤੇ ਜ਼ਿਲ੍ਹਾ ਆਗੂ ਬਲਜਿੰਦਰ ਸਿੰਘ ਕਿਸ਼ਨਪੁਰਾ ਤੇ ਤਲਪਿੰਦਰ ਸਿੰਘ ਲੋਟ ਵੱਦੀ ਦੀ ਅਗਵਾਈ ਵਿੱਚ ਪੱਖੋਵਾਲ ਰੋਡ ਏਕਮ ਸਲੂਨ ਵਾਲੇ ਇਮੀਗਰੇਸ਼ਨ ਲੁਧਿਆਣਾ ਅੱਗੇ ਧਰਨਾ ਦਿੱਤਾ ਗਿਆ। ਇਸ ਧਰਨੇ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਲਖਵੀਰ ਸਿੰਘ ਦੌਧਰ ਨੇ ਕਿਹਾ ਕਿ ਅਨੇਕਾਂ ਹੀ ਨੌਜਵਾਨ ਇਨ੍ਹਾਂ ਇਮੀਗ੍ਰੇਸ਼ਨ ਏਜੰਟਾਂ ਦੇ ਧੱਕੇ ਚੜ੍ਹ ਜਾਂਦੇ ਨੇ ਜਿਨ੍ਹਾਂ ਦਾ ਉਹ ਰੱਜ ਕੇ ਸ਼ੋਸ਼ਣ ਕਰਦੇ ਨੇ। ਸਰਕਾਰ ਨੂੰ ਇਹੋ ਜਿਹੇ ਏਜੰਟਾਂ ਨੂੰ ਨੱਥ ਪਾਉਣੀ ਚਾਹੀਦਾ ਹੈ ਤਾਂ ਕਿ ਅੱਗੇ ਹੋਰ ਕੋਈ ਨੌਜਵਾਨ ਵੀਰ ਇਨ੍ਹਾਂ ਏਜੰਟਾ ਦੀ ਠੱਗੀ ਦਾ ਸ਼ਿਕਾਰ ਨਾ ਬਣੇ। ਇਸ ਠੱਗੀ ਦਾ ਸ਼ਿਕਾਰ ਹੋਏ ਕਰਮਜੀਤ ਸਿੰਘ ਦੌਧਰ ਨੂੰ ਉਸ ਦਾ ਬਣਦਾ ਢਾਈ ਲੱਖ ਵਾਪਸ ਕਰਾਇਆ ਗਿਆ ਤੇ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਇੱਕ ਸੰਘਰਸ਼ ਹੀ ਹੈ, ਜਿਸ ਨਾਲ ਤੁਹਾਡੇ ਮਸਲੇ ਹੱਲ ਹੁੰਦੇ ਹਨ, ਕਿਉਂਕਿ ਸੰਘਰਸ਼ਾਂ ਤੋਂ ਬਿਨਾਂ ਕੋਈ ਮਸਲਾ ਹੱਲ ਨਹੀਂ ਹੁੰਦਾ ਇਸ ਕਰਕੇ ਸਾਨੂੰ ਸਾਰੇ ਭਰਾਵਾਂ ਨੂੰ ਪਿੰਡਾਂ ਵਿੱਚ ਲਾਮਬੰਦੀਆਂ ਵਧਾਉਣੀਆਂ ਪੈਣਗੀਆਂ ਤਾਂ ਕਿ ਇਹੋ ਜਿਹੇ ਏਜੰਟਾਂ ਦੇ ਨਾਲ ਨਜਿੱਠਿਆ ਜਾਵੇ ਤੇ ਸਰਕਾਰ ਦੀਆਂ ਕਿਸਾਨ ਮਜ਼ਦੂਰ ਵਿਰੋਧੀ ਮਾਰੂ ਨੀਤੀਆਂ ਦਾ ਡੱਟ ਕੇ ਵਿਰੋਧ ਕੀਤਾ ਜਾਵੇ।ਇਸ ਧਰਨੇ ਵਿੱਚ ਸ਼ਾਮਲ ਜਗਰਾਜ ਸਿੰਘ ਦੱਦਾਹੂਰ, ਰਾਜੂ ਪੱਤੋ, ਸਤਨਾਮ ਸਿੰਘ ਰਾਮਾ, ਕਰਮਜੀਤ ਸਿੰਘ, ਤਰਸੇਮ ਸਿੰਘ ਸੇਮਾ, ਗੁਰਦੀਪ ਸਿੰਘ ਮੀਨੀਆ, ਗਿਆਨ ਸਿੰਘ ਬੁੱਟਰ, ਪਰਮਜੀਤ ਪੰਮਾ, ਸੁਖਜੀਤ ਸਿੰਘ, ਗੁਰਦੀਪ ਸਿੰਘ ਦੀਪਾ, ਰਣਜੀਤ ਸਿੰਘ ਸੈਕਟਰੀ ਦੌਦਰ, ਦਰਸ਼ਨ ਸਿੰਘ, ਬਲਵੀਰ ਸਿੰਘ ਤੇ ਸੁਖਵਿੰਦਰ ਸਿੰਘ ਕ੍ਰਿਸ਼ਨਪੁਰਾ, ਗੁਰਪ੍ਰੀਤ ਸਿੰਘ ਦੋਸਾਂਝ, ਕੁਲਵਿੰਦਰ ਸਿੰਘ, ਜਸਵੰਤ ਸਿੰਘ, ਚਰਨ ਸਿੰਘ ਲੋਟਵਾਦੀ ਆਦਿ ਹਾਜ਼ਰ ਸਨ।

# ਕੇਂਦਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਖ਼ਿਲਾਫ਼ 'ਕਾਲਾ ਦਿਵਸ' ਮਨਾਇਆ

## ਚਾਰ ਲੇਬਰ ਕੋਡ ਲਾਗੂ ਕਰਨ ਤੇ ਦਿਹਾੜੀ 'ਚ ਵਾਧਾ ਨਾ ਕਰਨ ਵਿਰੁੱਧ ਪਿਪਲੀ 'ਚ ਨਾਅਰੇਬਾਜ਼ੀ



**ਫਰੀਦਕੋਟ/ਪਿਪਲੀ (ਐਲਿਗਜੈਂਡਰ ਡਿਸੂਜ਼ਾ)**-ਕੇਂਦਰ ਸਰਕਾਰ ਵੱਲੋਂ ਕਿਰਤ ਕਾਨੂੰਨਾਂ ਵਿੱਚ ਕੀਤੀਆਂ ਜਾ ਰਹੀਆਂ ਸੋਧਾਂ ਤੇ ਨਵੇਂ ਚਾਰ ਲੇਬਰ ਕੋਡ ਲਾਗੂ ਕੀਤੇ ਜਾਣ ਦੇ ਵਿਰੋਧ ਵਿੱਚ ਅੱਜ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ (ਏਟਕ) ਜ਼ਿਲ੍ਹਾ ਫਰੀਦਕੋਟ ਵੱਲੋਂ ਪਿੰਡ ਪਿਪਲੀ ਵਿਖੇ 'ਕਾਲਾ ਦਿਵਸ' ਮਨਾਇਆ ਗਿਆ।ਦੇਸ਼ ਭਰ ਦੀ ਸਿਰਮੌਰ ਜਥੇਬੰਦੀ 'ਏਟਕ' ਦੇ ਸੱਦੇ 'ਤੇ ਕੀਤੇ ਗਏ ਇਸ ਰੋਸ ਪ੍ਰਦਰਸ਼ਨ ਦੌਰਾਨ ਮਜ਼ਦੂਰਾਂ ਨੇ ਕੇਂਦਰ ਦੀ ਮੋਦੀ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ।

ਇਕੱਠੇ ਹੋਏ ਨਰੇਗਾ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਕਾਮਰੇਡ ਗੋਰਾ ਸਿੰਘ ਪਿਪਲੀ ਨੇ ਕਿਹਾ ਕਿ ਅੱਜ ਪਹਿਲੀ ਅਪ੍ਰੈਲ ਤੋਂ ਚਾਰ ਨਵੇਂ ਲੇਬਰ ਕੋਡ ਲਾਗੂ ਕਰਕੇ ਕੇਂਦਰ ਸਰਕਾਰ ਨੇ ਕਿਰਤੀਆਂ ਦਾ ਸ਼ੋਸ਼ਣ ਕਰਨ ਦਾ ਰਾਹ ਪੱਧਰਾ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਹਰ ਸਾਲ ਪਹਿਲੀ ਅਪ੍ਰੈਲ ਨੂੰ ਨਰੇਗਾ ਵਰਕਰਾਂ ਦੀ ਦਿਹਾੜੀ ਵਿੱਚ ਵਾਧਾ ਨੋਟੀਫਾਈ ਕਰ ਦਿੱਤਾ ਜਾਂਦਾ ਸੀ, ਪਰ ਇਸ ਵਾਰ ਅਪ੍ਰੈਲ ਮਹੀਨਾ ਸ਼ੁਰੂ ਹੋਣ ਦੇ ਬਾਵਜੂਦ ਸਰਕਾਰ ਨੇ ਕੋਈ ਵਾਧਾ ਨਹੀਂ ਕੀਤਾ।ਇਸ ਕਾਰਨ ਮਜ਼ਦੂਰ ਵਰਗ ਵਿੱਚ ਭਾਰੀ ਰੋਸ ਹੈ।ਆਗੂਆਂ ਨੇ ਦੋਸ਼ ਲਾਇਆ ਕਿ ਸਰਕਾਰ ਵੱਲੋਂ ਨਵੇਂ ਕਾਨੂੰਨਾਂ ਨੂੰ ਲੈ ਕੇ ਪੈਦਾ ਕੀਤੇ ਗਏ ਭੰਬਲਭੂਸੇ ਕਾਰਨ ਕਿਰਤੀ ਵਰਗ ਪਿਸ ਰਿਹਾ ਹੈ, ਨਾ ਤਾਂ ਨਰੇਗਾ ਤਹਿਤ ਮਜ਼ਦੂਰਾਂ ਨੂੰ ਬਣਦਾ ਕੰਮ ਦਿੱਤਾ ਜਾ ਰਿਹਾ ਹੈ ਅਤੇ ਨਾ ਹੀ ਕੰਮ ਨਾ ਮਿਲਣ ਦੀ ਸੂਰਤ ਵਿੱਚ ਬੇਰੁਜ਼ਗਾਰੀ ਭੱਤਾ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਇਨ੍ਹਾਂ ਨੀਤੀਆਂ ਕਾਰਨ ਲੋਕ ਬੇਰੁਜ਼ਗਾਰ ਹੋ ਕੇ ਰਹਿ ਗਏ ਹਨ, ਜੋ ਕਿ ਕਿਰਤੀਆਂ ਨਾਲ ਇੱਕ ਕੋਝਾ ਮਜ਼ਾਕ ਹੈ।ਯੂਨੀਅਨ ਆਗੂਆਂ ਨੇ ਸਾਫ਼ ਸ਼ਬਦਾਂ ਵਿੱਚ ਚਿਤਾਵਨੀ ਦਿੱਤੀ ਕਿ ਜੇਕਰ ਕੇਂਦਰ ਸਰਕਾਰ ਨੇ ਮਜ਼ਦੂਰ ਵਿਰੋਧੀ ਫੈਸਲੇ ਵਾਪਸ ਨਾ ਲਏ ਤੇ ਨਰੇਗਾ ਵਰਕਰਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ, ਤਾਂ ਆਉਣ ਵਾਲੇ ਦਿਨਾਂ ਵਿੱਚ ਜਥੇਬੰਦੀ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

## ਭਾਜਪਾ ਤੋਂ ਚੰਡੀਗੜ੍ਹ ਸੰਭਾਲ ਨਹੀਂ ਹੁੰਦਾ, ਪੰਜਾਬ ਜਿੱਤਣ ਦੇ ਦੇਖ ਰਹੇ ਸੁਪਨੇ : ਚੱਠਾ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਸੀਨੀਅਰ ਸੂਬਾਈ ਆਗੂ ਤੇ ਆਲ ਇੰਡੀਆ ਐੱਫ ਸੀ ਆਈ ਐਗਜ਼ੀਕਿਊਟਿਵ ਸਟਾਫ਼ ਯੂਨੀਅਨ ਦੇ ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ ਨੇ ਚੰਡੀਗੜ੍ਹ ਵਿਖੇ ਭਾਜਪਾ ਦੇ ਦਫ਼ਤਰ 'ਤੇ ਹਮਲਾ 'ਚ ਸਿੱਧਾ ਸੰਬੰਧ ਭਾਜਪਾ ਨਾਲ ਹੈ, ਕਿਉਂਕਿ ਚੰਡੀਗੜ੍ਹ ਕੇਂਦਰ ਸ਼ਾਸਤ ਪ੍ਰਦੇਸ਼ ਹੋਣ ਕਾਰਨ ਭਾਜਪਾ (ਕੇਂਦਰ ਸਰਕਾਰ) ਦੇ ਕੰਟਰੋਲ ਹੇਠ ਹੈ, ਪਰ ਉਨ੍ਹਾਂ ਤੋਂ ਇੱਕ ਸ਼ਹਿਰ ਨਹੀਂ ਸੰਭਾਲਿਆ ਜਾ ਰਿਹਾ। ਉਨ੍ਹਾਂ ਕਿਹਾ ਕਿ ਭਾਜਪਾ ਤੋਂ ਨਾ ਚੰਡੀਗੜ੍ਹ ਦਾ ਭ੍ਰਿਸ਼ਟਾਚਾਰ ਰੁਕ ਰਿਹਾ ਹੈ ਤੇ ਨਾ ਹੀ ਲਾਅ ਐਂਡ ਆਰਡਰ।ਉਨ੍ਹਾਂ ਕਿਹਾ ਕਿ ਜੋ ਪਾਰਟੀ ਇੱਕ ਚੰਡੀਗੜ੍ਹ ਕੰਟਰੋਲ ਨਹੀਂ ਕਰ ਸਕਦੀ, ਉਹ ਪੰਜਾਬ 'ਤੇ ਰਾਜ ਕਰਨ ਦੇ ਸੁਪਨੇ ਦੇਖ ਰਹੀ ਹੈ। ਚੰਡੀਗੜ੍ਹ ਪੰਜਾਬ ਦਾ ਹੈ, ਸਾਡੇ ਪਿੰਡ ਉਜਾੜ ਕੇ ਬਣਾਇਆ ਗਿਆ ਹੈ।ਇਹ ਸਾਡੀ ਰਾਜਧਾਨੀ ਹੈ, ਸਾਨੂੰ ਦੇ ਦਿਓ, ਅਸੀਂ ਇਸ ਨੂੰ ਬਹੁਤ ਵਧੀਆ ਤਰੀਕੇ ਨਾਲ ਚਲਾਵਾਂਗੇ।ਉਨ੍ਹਾਂ ਸਪੱਸ਼ਟ ਕੀਤਾ ਕਿ ਪੁਲਸ ਦੀ ਜਾਂਚ ਤੋਂ ਬਾਅਦ ਹੀ ਸਾਰੀ ਸਥਿਤੀ ਸਾਫ਼ ਹੋਵੇਗੀ, ਇਸ ਲਈ ਭਾਜਪਾ ਨੂੰ ਗੈਰ-ਜ਼ਿੰਮੇਵਾਰਾਨਾ ਬਿਆਨਬਾਜ਼ੀ ਤੋਂ ਬਚਣਾ ਚਾਹੀਦਾ ਹੈ।

## ਅਦਾਹ ਫਾਊਂਡੇਸ਼ਨ ਨੇ ਟੀ-20 ਕ੍ਰਿਕਟ ਮੈਚ ਕਰਵਾਇਆ



**ਭੀਖੀ (ਧਰਮਵੀਰ ਸ਼ਰਮਾ)**-ਸਥਾਨਕ ਸ਼ਹੀਦ ਲੈਫਟੀਨੈਂਟ ਗੁਰਦੇਵ ਸਿੰਘ ਯਾਦਗਾਰੀ ਖੇਡ ਗਰਾਊਂਡ ਵਿਖੇ ਅਦਾਹ ਫਾਊਂਡੇਸ਼ਨ ਖੀਵਾ ਦਿਆਲੂ ਵਾਲਾ ਵੱਲੋਂ ਪੰਜਾਬ ਸਟੇਟ ਕਾਊਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ (ਸਟੇਟ ਨੋਡਲ ਏਜੰਸੀ) ਤੇ ਮਨਿਸਟਰੀ ਆਫ ਇੰਨਵਾਈਰਮੈਂਟ ਫੋਰੈਸਟ ਐਂਡ ਕਲਾਈਮੇਟ ਚੇਂਜ ਦੇ ਸਹਿਯੋਗ ਨਾਲ ਵਾਤਾਵਰਨ ਸਿੱਖਿਆ ਪ੍ਰੋਗਰਾਮ 2024-25 ਤਹਿਤ ਗਰੀਨਫਿੱਟ ਫੈਸਟ- ਸਪੋਰਟਸ ਐਂਡ ਵੈੱਲਨੈੱਸ ਫਾਰ ਹੈਲਥੀ ਲੀਵਿੰਗ (ਟੀ-20 ਕ੍ਰਿਕਟ ਮੈਚ) ਕਰਵਾਇਆ ਗਿਆ, ਜਿਸ ਵਿੱਚ ਗੁਰਮੇਲ ਸਿੰਘ ਐੱਸ.ਐੱਚ.ਓ. ਥਾਣਾ ਭੀਖੀ ਤੇ ਮਾ. ਵਰਿੰਦਰ ਸੋਨੀ ਚੇਅਰਮੈਨ ਮਾਰਕੀਟ ਕਮੇਟੀ ਭੀਖੀ ਨੇ ਮੁੱਖ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਵੱਲੋਂ ਖਿਡਾਰੀਆਂ ਨੂੰ ਖੇਡਾਂ ਨਾਲ ਜੁੜੇ ਰਹਿਣ, ਸਰੀਰਕ ਤੌਰ 'ਤੇ ਫਿੱਟ ਰਹਿਣ ਤੇ ਚੰਗੀਆਂ ਆਦਤਾਂ ਅਪਣਾਉਣ ਬਾਰੇ ਪ੍ਰੇਰਿਤ ਕੀਤਾ। ਟੀ-20 ਕ੍ਰਿਕਟ ਮੈਚ ਦੇ ਮੁਕਾਬਲੇ ਵਿੱਚ ਨੈਸ਼ਨਲ ਕਾਲਜ ਭੀਖੀ ਤੇ ਖੀਵਾ ਦਿਆਲੂ ਵਾਲਾ ਕਲੱਬ ਦੀਆਂ ਟੀਮਾਂ ਨੇ ਭਾਗ ਲਿਆ, ਜਿਸ ਦੌਰਾਨ ਨੈਸ਼ਨਲ ਕਾਲਜ ਭੀਖੀ ਦੀ ਟੀਮ ਜੇਤੂ ਰਹੀ। ਜੇਤੂ ਟੀਮ ਨੂੰ ਟਰਾਫੀ ਤੇ ਹਿੱਸਾ ਲੈਣ ਵਾਲੇ ਸਾਰੇ ਖਿਡਾਰੀਆਂ ਨੂੰ ਸੀਡ ਪੇਪਰ ਕਾਪੀਆਂ, ਸੀਡ ਵਾਲੇ ਪੈੱਨ, ਜੂਟ ਬੈਗ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਡੀ ਪੀ ਹਰਬੰਸ ਸਿੰਘ ਨੈਸ਼ਨਲ ਕਾਲਜ, ਜਸਵਿੰਦਰ ਸਿੰਘ, ਗੁਰਜੀਤ ਸਿੰਘ, ਰੌਕੀ ਕੁਮਾਰ, ਰਾਜਿੰਦਰ ਸਿੰਘ ਖੀਵਾ ਦਿਆਲੂ ਵਾਲਾ ਆਦਿ ਹਾਜ਼ਰ ਸਨ।

## ਨਵੇਂ ਸੈਸ਼ਨ ਦੀ ਆਰੰਭਤਾ ਮੌਕੇ ਪਾਠ ਕਰਵਾਏ

**ਚੀਮਾ ਮੰਡੀ (ਰਵਿੰਦਰ ਚੀਮਾ)**-ਸਰਕਾਰੀ ਪ੍ਰਾਇਮਰੀ ਸਕੂਲ ਮਨਾ ਪੱਤੀ ਚੀਮਾ ਵਿਖੇ ਸਮੂਹ ਸਟਾਫ ਨਗਰ ਪੰਚਾਇਤ ਅਤੇ ਸਮੂਹ ਬੱਚਿਆਂ ਦੇ ਮਾਪਿਆਂ ਦੇ ਸਹਿਯੋਗ ਨਾਲ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ। ਇਸ ਮੌਕੇ ਸਟਾਫ ਤੇ ਬੱਚਿਆਂ ਵੱਲੋਂ ਨਵੇਂ ਸੈਸ਼ਨ ਦੀ ਸ਼ੁਰੂਆਤ ਅਤੇ ਚੰਗੇ ਭਵਿੱਖ ਲਈ ਅਰਦਾਸ ਕੀਤੀ ਗਈ। ਸਮੂਹ ਸੰਗਤ ਨੂੰ ਲੰਗਰ ਵਰਤਾਇਆ ਗਿਆ। ਇਸ ਮੌਕੇ ਵਧੀਆ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਸਨਮਾਨਿਤ ਵੀ ਕੀਤਾ ਗਿਆ।ਸਕੂਲ ਨੂੰ ਵਿਸ਼ੇਸ਼ ਦਾਨ ਦੇਣ ਵਾਲੀਆਂ ਸ਼ਖ਼ਸੀਅਤਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਸਕੂਲ ਮੁਖੀ ਦਲਜੀਤ ਸਿੰਘ, ਸਮੂਹ ਸਟਾਫ ਅਤੇ ਐੱਸਐੱਮਸੀ ਕਮੇਟੀ ਵੱਲੋਂ ਪਾਠ ਵਿੱਚ ਸ਼ਿਰਕਤ ਕਰਨ ਵਾਲੀ ਸਮੂਹ ਸਾਧ ਸੰਗਤ ਦਾ ਧੰਨਵਾਦ ਕੀਤਾ ਗਿਆ।

## ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਜ਼ਰੂਰੀ : ਜੱਸ ਬੱਜੋਆਣਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਵੱਲ ਧਿਆਨ ਦੇਣਾ ਜ਼ਰੂਰੀ ਹੈ ਕਿਉਂਕਿ ਨੌਜਵਾਨਾਂ ਦਾ ਧਿਆਨ ਖੇਡਾਂ ਵੱਲ ਲੱਗ ਜਾਂਦਾ ਹੈ ਤੇ ਉਹ ਨਸ਼ਿਆਂ ਤੇ ਹੋਰ ਗਲਤ ਕੰਮਾਂ ਤੋਂ ਦੂਰ ਰਹਿੰਦਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਰਾਮਪੁਰਾ ਫੂਲ ਦੇ ਮੁੱਖ ਸੇਵਾਦਾਰ ਤੇ ਜ਼ਿਲ੍ਹਾ ਕਾਂਗਰਸ ਦੇ ਮੀਤ ਪ੍ਰਧਾਨ ਐਡਵੋਕੇਟ ਜਸਵਿੰਦਰ ਸਿੰਘ ਜੱਸ ਬੱਜੋਆਣਾ ਨੇ ਰਾਮਪੁਰਾ ਸ਼ਹਿਰ ਵਿਖੇ ਸਮੂਹ ਧਾਨਕ ਸਮਾਜ ਵੱਲੋਂ ਕਰਵਾਏ ਕਰਿਕਟ ਟੂਰਨਾਮੈਂਟ ਦੌਰਾਨ ਹਾਜ਼ਰੀ ਭਰਦਿਆਂ ਕਹੇ। ਇਸ ਮੌਕੇ ਸਮੂਹ ਧਾਨਕ ਸਮਾਜ ਕਮੇਟੀ ਦੇ ਮੈਂਬਰਾਂ ਨੇ ਉਨ੍ਹਾਂ ਨੂੰ ਜੀ ਆਇਆਂ ਕਿਹਾ ਤੇ ਉਨ੍ਹਾਂ ਦਾ ਸਨਮਾਨ ਕੀਤਾ। ਇਸ ਮੌਕੇ ਬੋਲਦਿਆਂ ਜੱਸ ਬੱਜੋਆਣਾ ਨੇ ਕਿਹਾ ਕਿ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਆਉਣ 'ਤੇ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਉਪਰਾਲੇ ਕੀਤੇ ਜਾਣਗੇ ਤੇ ਰਾਮਪੁਰਾ ਸ਼ਹਿਰ ਵਿੱਚ ਵਧੀਆ ਖੇਡ ਸਟੇਡੀਅਮ ਬਣਾਇਆ ਜਾਵੇਗਾ ਤਾਂ ਜੋ ਵੱਧ ਤੋਂ ਵੱਧ ਨੌਜਵਾਨ ਖੇਡਾਂ ਨਾਲ ਜੁੜ ਸਕਣ।

## ਪੀ ਏ ਯੂ ਦੀ ਵਿਦਿਆਰਥਣ ਨੂੰ ਵੱਕਾਰੀ ਸਕਾਲਰਸ਼ਿਪ ਨਾਲ ਨਿਵਾਜਿਆ



**ਲੁਧਿਆਣਾ (ਰੈਕਟਰ ਕਥੂਰੀਆ)**-ਪੀ ਏ ਯੂ ਦੇ ਫਸਲ ਵਿਗਿਆਨ ਵਿਭਾਗ ਵਿੱਚ ਐੱਮ ਐੱਸ ਸੀ ਦੀ ਵਿਦਿਆਰਥਣ ਕੁਮਾਰੀ ਅਰੁਣਦੀਪ ਕੌਰ ਨੂੰ ਵੱਕਾਰੀ ਰਿਲਾਇੰਸ ਫਾਊਂਡੇਸ਼ਨ ਪੋਸਟ ਗ੍ਰੈਜੂਏਟ ਸਕਾਲਰਸ਼ਿਪ ਨਾਲ ਸਨਮਾਨਤ ਕੀਤਾ ਗਿਆ ਹੈ।ਇਹ ਸਕਾਲਰਸ਼ਿਪ ਯੋਗਤਾ ਦੇ ਮੁਕਾਬਲੇ ਉੱਪਰ ਅਧਾਰਤ ਹੈ ਤੇ ਭਾਰਤ ਭਰ ਦੇ ਹੋਣਹਾਰ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਸਮੁੱਚੀਆਂ ਅਕਾਦਮਿਕ ਪ੍ਰਾਪਤੀਆਂ ਤੇ ਸਹਾਇਕ ਪਾਠਕ੍ਰਮ ਦੇ ਪ੍ਰਦਰਸ਼ਨ ਦੇ ਅਧਾਰ 'ਤੇ ਦਿੱਤੀ ਜਾਂਦੀ ਹੈ।ਇਹ ਵਿਦਿਆਰਥਣ ਇਸ ਸਮੇਂ ਡਾ. ਮਨਪ੍ਰੀਤ ਸਿੰਘ ਖੇਤੀ ਵਿਗਿਆਨੀ ਦੀ ਅਗਵਾਈ ਹੇਠ ਆਪਣੀ ਐੱਮ ਐੱਸ ਸੀ ਖੋਜ ਕਰ ਰਹੀ ਹੈ।ਉਸ ਦੀ ਚੋਣ ਉਸ ਦੇ ਬੀ.ਐੱਸ.ਸੀ. (ਆਨਰਜ਼) ਖੇਤੀਬਾੜੀ ਦੌਰਾਨ ਉੱਚਤਮ ਅਕਾਦਮਿਕ ਰਿਕਾਰਡ ਦੇ ਨਾਲ-ਨਾਲ ਖੇਡਾਂ ਤੇ ਪਾਠਕ੍ਰਮ ਤੋਂ ਬਾਹਰ ਭਾਗੀਦਾਰੀ ਅਤੇ ਪ੍ਰਾਪਤੀਆਂ ਦੇ ਆਧਾਰ 'ਤੇ ਕੀਤੀ ਗਈ ਸੀ।ਆਪਣੀ ਅੰਡਰ ਗ੍ਰੈਜੂਏਸ਼ਨ ਪੜ੍ਹਾਈ ਦੌਰਾਨ ਅਰੁਣਦੀਪ ਕੌਰ ਨੈਸ਼ਨਲ ਕੈਡੇਟ ਕੋਰ ਵਿੱਚ ਸ਼ਾਨਦਾਰ ਕੈਡੇਟ ਸੀ।ਨਾਲ ਹੀ ਖੇਡਾਂ ਵਿੱਚ ਉਸ ਨੇ ਯੂਨੀਵਰਸਿਟੀ ਦੀ ਨੁਮਾਇੰਦਗੀ ਕੀਤੀ।ਉਸ ਦੇ ਸ਼ਾਨਦਾਰ ਸਰਵਪੱਖੀ ਪ੍ਰਦਰਸ਼ਨ ਲਈ ਉਸ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੁਆਰਾ ਸਰਵੋਤਮ ਸੀਨੀਅਰ ਵਿੰਗ ਕੈਡੇਟ, ਸਰਵੋਤਮ ਖਿਡਾਰੀ ਪੁਰਸਕਾਰ ਤੇ ਖੇਡਾਂ ਵਿੱਚ ਲਤਾ ਮਹਾਜਨ ਛੀਨਨ ਸਕਾਲਰਸ਼ਿਪ ਨਾਲ ਸਨਮਾਨਤ ਕੀਤਾ ਗਿਆ ਸੀ।ਇਹ ਸਕਾਲਰਸ਼ਿਪ ਮਾਸਟਰ ਡਿਗਰੀ ਪ੍ਰੋਗਰਾਮ ਦੀ ਮਿਆਦ ਦੌਰਾਨ 6 ਲੱਖ ਤੱਕ ਦੀ ਵਿੱਤੀ ਸਹਾਇਤਾ ਪ੍ਰਦਾਨ ਕਰਦੀ ਹੈ, ਨਾਲ ਹੀ ਪੇਸ਼ੇਵਰ ਵਿਕਾਸ ਦੇ ਮੌਕੇ ਵੀ ਪ੍ਰਦਾਨ ਕਰਦੀ ਹੈ।ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ, ਡਾ. ਚਰਨਜੀਤ ਸਿੰਘ ਔਲਖ, ਡੀਨ ਖੇਤੀਬਾੜੀ ਕਾਲਜ ਤੇ ਡਾ. ਹਰੀ ਰਾਮ ਮੁਖੀ ਖੇਤੀ ਵਿਗਿਆਨ ਵਿਭਾਗ ਨੇ ਅਰੁਣਦੀਪ ਕੌਰ ਤੇ ਉਨ੍ਹਾਂ ਦੇ ਨਿਗਰਾਨ ਨੂੰ ਸਕਾਲਰਸ਼ਿਪ ਲਈ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਸਫਲਤਾ ਦੀ ਕਾਮਨਾ ਕੀਤੀ।

## ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਧੂਰੀ 'ਚ 9 ਨੂੰ ਮੁੱਖ ਮੰਤਰੀ ਦੇ ਦਫ਼ਤਰ ਅੱਗੇ ਲਾਉਣਗੀਆਂ ਪੱਕਾ ਮੋਰਚਾ



**ਮੋਗਾ (ਇਕਬਾਲ ਸਿੰਘ ਖਹਿਰਾ)**
ਕਾਮਰੇਡ ਸਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਆਸ਼ਾ ਵਰਕਰਜ਼ ਫੈਸੀਲਿਟੇਟਰਜ਼ ਸਾਂਝਾ ਮੋਰਚਾ ਪੰਜਾਬ ਦੀ ਮੀਟਿੰਗ ਹੋਈ। ਮੀਟਿੰਗ ਦੀ ਪ੍ਰਧਾਨਗੀ ਸਾਂਝੇ ਮੋਰਚੇ ਦੇ ਚੇਅਰਮੈਨ ਸੁੱਖਵਿੰਦਰ ਕੌਰ ਸੁੱਖੀ ਮਾਨਸਾ ਵੱਲੋਂ ਹੋਈ। ਮੀਟਿੰਗ ਵਿੱਚ ਚਾਰ ਜੱਥੇਬੰਦੀ ਦੇ ਕਨਵੀਨਰਾਂ ਵੱਲੋਂ ਅਮਰਜੀਤ ਕੌਰ ਰਣ ਸਿੰਘ ਵਾਲਾ, ਰਾਣੋ ਖੇੜੀ ਗਿੱਲਾਂ, ਰਹਿੰਦਰ ਕੌਰ ਸ਼ਤਰਾਣਾ, ਸੰਤੋਸ਼ ਕੁਮਾਰੀ ਫਿਰੋਜ਼ਪੁਰ ਵੱਲੋਂ ਆਮ ਆਦਮੀ ਪਾਰਟੀ ਦੀ ਵਰਕਰਾਂ ਪ੍ਰਤੀ ਨਾ ਪੱਖੀ ਹੁੰਗਾਰੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਿਆ ਕੀਤੀ। ਅਤੇ ਆਪਣੇ ਵਿਆਨ ਵਿੱਚ ਦੱਸਿਆ ਕਿ ਆਮ ਸਰਕਾਰ ਨੂੰ ਪੂਰੇ ਚਾਰ ਸਾਲਾਂ ਵਿਚ ਹਰ ਤਰੀਕੇ ਨਾਲ ਬੇਨਤੀ ਕਰਦੇ ਹੋਏ ਹਨ।ਸਿਹਤ ਵਿਭਾਗ ਦੇ ਅਧਿਕਾਰੀਆਂ ਤੋਂ ਲੈ ਕਿ ਹਰ ਸਰਮਾਏਦਾਰ ਅਫਸਰਾਂ ਰਾਹੀ ਆਪਣੀਆ ਮੰਗਾਂ ਦੇ ਸਬੰਧ ਵਿਚ ਮੰਗ ਪੱਤਰ ਸੌਂਪੇ ਗਏ।ਹਰ ਮੰਗ ਪੱਤਰ ਨੂੰ ਦੇਖ ਕੇ ਮਸਲੇ ਦੇ ਹੱਲ ਕਰਨ ਦੀ ਵਜਾਏ ਅੱਖੋਂ ਪਰੋਖੇ ਕੀਤਾ ਗਿਆ। ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਜੀ ਦੀਆ ਚੱਲ ਰਹੀਆਂ ਵਿਕਾਸ ਦੇ ਨਾਂਮ ਤੇ ਹਰ ਰੈਲੀ ਵਿੱਚ ਸ਼ਾਮਿਲ ਹੁੰਦੇ ਹੋਏ ਮੰਗ ਪੱਤਰ ਦੇਣ ਦੀ ਕੋਸ਼ਿਸ਼ ਕੀਤੀ ਗਈ ਹੈ। ਮੰਗਾਂ ਰੈਗੂਲਰ 28000/ਰੁਪਏ ਉਜਰਤ ਹੋਣ ਤੱਕ ਡੀ ਸੀ ਰੇਟ ਦਿੱਤਾ ਜਾਵੇ,ਸੇਵਾ ਮੁਕਤ ਵਰਕਰਾਂ ਨੂੰ ਹਰਿਆਣਾ ਦੀ ਤਰਜ ਤੇ ਸਹਾਇਤਾ ਫੰਡ 5 ਲੱਖ ਰੁਪਏ, ਪੈਨਸ਼ਨ,ਚੋਣਾ ਤੋਂ ਪਹਿਲਾਂ ਕੀਤਾ ਵਾਅਦਾ ਅਨਰੇਰੀਅਨ ਫੰਡਾਂ ਵਿੱਚੋਂ ਫਿੱਕਸ ਭੱਤਾ 2500/ਰੁਪਏ ਨੂੰ ਦੁਗਣਾ ਕੀਤਾ ਜਾਵੇ, ਫੈਸੀਲਿਟੇਟਰਜ ਦਾ ਟੂਰ ਮਨੀ ਵਿੱਚ ਕੀਤਾ ਵਾਅਦਾ ਪੰਜ ਸੌ ਰੁਪਏ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ,ਕਲਾਸ ਫੋਰ ਦੀ ਹਰ ਕੈਟਾਗਿਰੀ ਵਿੱਚ ਭਰਤੀ ਸੀਨੀਆਰਤਾ ਸੂਚੀ ਅਨੁਸਾਰ 10% ਕੋਟਾ ਰਾਖਵਾਂ ਕੀਤਾ ਜਾਵੇ, ਪ੍ਰੰਤੂ ਸਮਝ ਨਹੀ ਆ ਰਹੀ ਕਿ ਦਾ ਪੱਲਾ ਫੜੀਏ ਚਾਰ ਸਾਲਾਂ ਵਿਚ ਕੀਤੇ ਕੰਮਾਂ ਦਾ ਖਜ਼ਾਨੇ ਵਿਚੋਂ ਹੱਕ ਲੈਣ ਲਈ ਜਲਾਲਾਬਾਦ 22 ਮਾਰਚ ਨੂੰ ਆਪਣੀਆਂ ਸਦਰ ਥਾਣਾ ਵਿਖੇ 06 ਘੰਟੇ ਗਿਰਫਤਾਰੀਆਂ ਵੀ ਦਿੱਤੀਆ।ਇਸ ਲਈ ਨਾ ਸੁਣ ਵਾਈ ਕਾਰਨ ਜਿੰਨੀ ਦੇਅਰ ਮੰਗਾ ਦਾ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਮਾਨ ਸਿੰਘ ਜੀ ਨਾਲ ਪੈਨਲ ਮੀਟਿੰਗ ਰਾਹੀ ਹੱਲ ਨਹੀਂ ਹੁੰਦਾ ਤਾਂ ਪੰਜਾਬ ਭਰ ਦੀਆਂ ਸੈਂਕੜੇ ਆਸ਼ਾ ਵਰਕਰਜ਼ ਫੈਸੀਲਿਟੇਟਰਜ਼ ਧੂਰੀ ਵਿਖੇ 09 ਅਪ੍ਰੈਲ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫ਼ਤਰ ਅੱਗੇ ਪੱਕਾ ਮੋਰਚਾ ਲਾ ਕਿ ਬੈਠਣਗੇ। ਇਹਨਾਂ ਦੇ ਸਿੱਟਿਆਂ ਦੀ ਪੰਜਾਬ ਸਰਕਾਰ ਆਪ ਜ਼ਿੰਮੇਵਾਰ ਹੋਵੇਗੀ।

ਮੀਟਿੰਗ ਵਿੱਚ ਪੰਜਾਬ ਜਰਨਲ ਸਕੱਤਰ ਬਲਵੀਰ ਕੌਰ ਗਿੱਲ ਲੁਧਿਆਣਾ, ਹਰਦੀਪ ਕੌਰ ਭੁਰਥਲਾ ਮਲੇਰਕੋਟਲਾ, ਸੀਨੀਅਰ ਮੀਤ ਪ੍ਰਧਾਨ ਦੁਰਗੋ ਬਾਈ, ਨੀਲਮ ਰਾਣੀ ਫਾਜ਼ਿਲਕਾ, ਕਮਲਪ੍ਰੀਤ ਕੌਰ ਫਤਿਹਗੜ੍ਹ ਸਾਹਿਬ, ਸ਼ਿੰਦਰਪਾਲ ਕੌਰ ਮੋਗਾ, ਨਿੰਦਰ ਕੌਰ ਮੋਗਾ, ਕੁਲਵੰਤ ਕੌਰ ਬਲਾਕ ਮੀਆਂਵਿੰਡ ਸਕੱਤਰ, ਹਰਸਿਮਰਤ ਕੌਰ ਮੀਆਂਵਿੰਡ, ਰੁਪਿੰਦਰ ਕੌਰ ਸੰਗਰੂਰ, ਕਿਰਨ ਬਾਲਾ ਫਾਜ਼ਿਲਕਾ ਆਦਿ ਸਾਥੀ ਸ਼ਾਮਲ ਹੋਏ।

## ਪ੍ਰਾਇਮਰੀ ਸਕੂਲ ਮੀਆਂ ਵਿਖੇ ਬਾਲ ਤੇ ਸੱਭਿਆਚਾਰਕ ਮੇਲਾ



**ਮਾਨਸਾ/ਝੁਨੀਰ (ਆਤਮਾ ਸਿੰਘ ਪਮਾਰ)**-ਪਿਛਲੇ ਦਿਨੀਂ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਮੀਆਂ ਵਿਖੇ ਬੱਚਿਆਂ ਦਾ ਸਾਲਾਨਾ ਨਤੀਜਾ ਘੋਸ਼ਿਤ ਕੀਤਾ ਗਿਆ।ਨਤੀਜੇ ਦੀ ਘੋਸ਼ਣਾ ਕਰਦਿਆਂ ਸਕੂਲ ਮੁਖੀ ਸ੍ਰ. ਦਰਸ਼ਨ ਸਿੰਘ, ਸਕੂਲ ਸਟਾਫ ਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਨਾਜ਼ਮ ਸਿੰਘ ਵੱਲੋਂ ਸ਼ਾਨਦਾਰ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਤੋਂ ਇਲਾਵਾ ਉਨ੍ਹਾਂ ਦੇ ਮਾਪਿਆਂ ਨੂੰ ਵੀ ਵਧਾਈ ਦਿੱਤੀ।ਮੁੱਖ ਮਹਿਮਾਨ ਬਲਵੀਰ ਸਿੰਘ, ਗੁਰਇਕਬਾਲ ਸਿੰਘ ਤੇ ਉਨ੍ਹਾਂ ਦੇ ਪਰਵਾਰ ਨੇ ਬੱਚਿਆਂ ਨੂੰ ਚੰਗੇ ਨਤੀਜਿਆਂ ਲਈ ਸਨਮਾਨਤ ਕੀਤਾ ਅਤੇ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਵਾਅਦਾ ਕੀਤਾ।ਇਸ ਮੌਕੇ ਖੇਡਾਂ ਤੇ ਸੱਭਿਆਚਾਰਕ ਗਤੀਵਿਧੀਆਂ ਤੇ ਵਿਸ਼ੇਸ਼ ਹੁਨਰ ਵਾਲੇ ਬੱਚਿਆਂ ਦਾ ਵੀ ਸਨਮਾਨ ਕੀਤਾ ਗਿਆ।ਸਕੂਲ ਮੈਨੇਜਮੈਂਟ ਕਮੇਟੀ ਤੇ ਸਟਾਫ ਵੱਲੋਂ ਸਕੂਲ ਨੂੰ ਸਹਿਯੋਗ ਦੇਣ ਵਾਲੇ ਸੱਜਣਾਂ ਦਾ ਧੰਨਵਾਦ ਕਰਦਿਆਂ ਸਨਮਾਨਤ ਕੀਤਾ।ਪ੍ਰੋਗਰਾਮ ਦੀ ਤਿਆਰੀ 'ਚ ਸੁਸ਼ੀਲ ਕੁਮਾਰ, ਸੁਖਪ੍ਰੀਤ ਕੌਰ, ਬਲਵਿੰਦਰ ਕੌਰ, ਪਰਮਜੀਤ ਕੌਰ, ਰਾਜ ਕੌਰ, ਮਨਜੀਤ ਕੌਰ, ਗੋਲਡੀ ਕੌਰ, ਅਮਨਦੀਪ ਕੌਰ, ਰੀਤੂ ਕੌਰ, ਜਰਨੈਲ ਕੌਰ ਤੇ ਮਾਈ ਗੋਬਿੰਦ ਕੌਰ ਨੇ ਵਿਸ਼ੇਸ਼ ਭੂਮਿਕਾ ਨਿਭਾਈ।ਬੱਚਿਆਂ ਵੱਲੋਂ ਬਾਕਮਾਲ ਰੰਗਾਰੰਗ ਪ੍ਰੋਗਰਾਮ ਤੇ ਕੋਰੀਓਗਰਾਫੀਆਂ ਪੇਸ਼ ਕੀਤੀਆਂ ਗਈਆਂ।ਮੰਚ ਸੰਚਾਲਨ ਦੀ ਭੂਮਿਕਾ ਵਰਿੰਦਰ ਸਿੰਘ ਸਿੱਧੂ ਮੀਆਂ ਵੱਲੋਂ ਬਾਖੂਬੀ ਨਿਭਾਈ ਗਈ।ਪ੍ਰੋਗਰਾਮ ਦੌਰਾਨ ਗ੍ਰਾਮ ਪੰਚਾਇਤ ਵੱਲੋਂ ਹਰਮੇਲ ਸਿੰਘ ਫੌਜੀ, ਬਾਬਾ ਸੋਹਣ ਸਿੰਘ, ਗੋਰਾ ਸਿੰਘ, ਬਾਬੂ ਸਿੰਘ, ਸਰਦੂਲ ਸਿੰਘ, ਬਹਾਦਰ ਸਿੰਘ, ਗੁਰਮੀਤ ਕੌਰ, ਗੁਰਜੰਟ ਸਿੰਘ, ਡਾ. ਸੁਖਦੇਵ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਬੱਚਿਆਂ ਦੇ ਮਾਪੇ ਵੀ ਹਾਜ਼ਰ ਸਨ।

## ਬਸਪਾ ਵੱਲੋਂ ਸੱਤਾ ਪ੍ਰਾਪਤ ਕਰੋ ਰੈਲੀ ਲਈ ਤਿਆਰੀ ਮੀਟਿੰਗਾਂ ਦਾ ਸਿਲਸਿਲਾ ਜਾਰੀ

### ਮਜ਼ਦੂਰ ਤੇ ਮੁਲਾਜ਼ਮ ਹਰਾ ਪੈੱਨ ਚੱਲਣ ਦਾ ਕਰ ਰਹੇ ਇੰਤਜ਼ਾਰ : ਸਰਦੂਲਗੜ੍ਹ/ਕਟਾਰੀਆ



**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ/ਅਸ਼ੋਕ ਲਾਕੜਾ)**-ਬਹੁਜਨ ਸਮਾਜ ਪਾਰਟੀ ਵੱਲੋਂ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਸਾਹਿਬ ਜੀ ਦੇ ਜਨਮ ਦਿਨ ਨੂੰ ਸਮਰਪਤ 9 ਅਪ੍ਰੈਲ ਨੂੰ ਅਨਾਜ ਮੰਡੀ ਬੁਢਲਾਡਾ ਵਿਖੇ ਰੱਖੀ ਸੱਤਾ ਪ੍ਰਾਪਤ ਕਰੋ ਰੈਲੀ ਦੀ ਤਿਆਰੀ ਲਈ ਬੁਢਲਾਡਾ ਹਲਕੇ ਦੇ ਪਿੰਡਾਂ ਕਿਸ਼ਨਗੜ੍ਹ, ਗੁਰਨੇ ਕਲਾਂ, ਬੀਰੋਕੇ ਕਲਾਂ, ਰੱਲੀ, ਸਿਰਸੀਵਾਲਾ ਸਮੇਤ ਦਰਜਨ ਤੋਂ ਵੱਧ ਪਿੰਡਾਂ 'ਚ ਬਹੁਜਨ ਸਮਾਜ ਦੀ ਲਾਮਬੰਦੀ ਤੇ ਪੰਜਾਬ ਸੰਭਾਲੋ ਮੁਹਿੰਮ ਤਹਿਤ ਮੀਟਿੰਗਾਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ।ਮੀਟਿੰਗਾਂ ਨੂੰ ਸੰਬੋਧਨ ਕਰਦੇ ਬਹੁਜਨ ਸਮਾਜ ਪਾਰਟੀ ਦੇ ਜ਼ੋਨ ਇੰਚਾਰਜ ਕੁਲਦੀਪ ਸਿੰਘ ਸਰਦੂਲਗੜ੍ਹ, ਹਲਕਾ ਪ੍ਰਧਾਨ ਅਵਤਾਰ ਸਿੰਘ ਕਟਾਰੀਆ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰਾਂ ਦੀਆਂ ਵੱਡੇ ਪੂੰਜੀਪਤੀਆਂ ਪੱਖੀ ਨੀਤੀਆਂ ਕਾਰਨ ਹਰ ਵਰਗ ਦੇ ਲੋਕਾਂ ਤੋਂ ਮੁੱਢਲੀਆਂ ਸਹੂਲਤਾਂ ਦੂਰ ਹੋ ਰਹੀਆਂ ਹਨ।ਪੰਜਾਬ ਦੇ ਸਮਾਜਿਕ ਤੇ ਆਰਥਿਕ ਹਾਲਾਤ ਇਸ ਵੇਲੇ ਚਿੰਤਾਜਨਕ ਬਣੇ ਹੋਏ ਹਨ।ਵੱਡੀ ਗਿਣਤੀ 'ਚ ਨੌਜਵਾਨ ਉੱਚ ਸਿੱਖਿਆ ਹਾਸਲ ਕਰਨ ਦੇ ਬਾਵਜੂਦ ਬੇਰੁਜ਼ਗਾਰ ਹਨ ਤੇ ਰੁਜ਼ਗਾਰ ਦੀ ਕਮੀ ਕਾਰਨ ਪਰਵਾਰਾਂ ਦੀ ਆਰਥਿਕ ਹਾਲਤ ਪ੍ਰਭਾਵਿਤ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਹਰ ਪੰਜਾਬੀ ਨੂੰ ਰੁਜ਼ਗਾਰ ਦੇਣ ਦੇ ਵਾਅਦੇ ਅਮਲ ਤੱਕ ਨਹੀਂ ਪਹੁੰਚੇ ਤੇ ਲੋਕਾਂ ਦੀਆਂ ਉਮੀਦਾਂ ਅਧੂਰੀਆਂ ਰਹਿ ਗਈਆਂ› ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਵੱਡੀਆਂ ਉਮੀਦਾਂ ਨਾਲ ਮੌਜੂਦਾ ਸਰਕਾਰ ਨੂੰ ਸੱਤਾ ਸੌਂਪੀ ਸੀ, ਪਰ ਬੇਰੁਜ਼ਗਾਰੀ, ਵਧਦੀ ਮਹਿੰਗਾਈ ਤੇ ਅਪਰਾਧਕ ਘਟਨਾਵਾਂ ਕਾਰਨ ਆਮ ਲੋਕ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ।ਮਹਿੰਗਾਈ ਦੇ ਵਧਦੇ ਬੋਝ ਕਾਰਨ ਆਮ ਵਰਗ ਲਈ ਮੁਢਲੀਆਂ ਜ਼ਰੂਰਤਾਂ ਪੂਰੀਆਂ ਕਰਨਾ ਵੀ ਮੁਸ਼ਕਲ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਮਜ਼ਦੂਰ ਤੇ ਮੁਲਾਜ਼ਮ ਮੁੱਖ ਮੰਤਰੀ ਸਾਹਿਬ ਦੇ ਹਰੇ ਪੈੱਨ ਨੂੰ ਚਲਦਾ ਦੇਖਣ ਲਈ ਪਿਛਲੇ ਚਾਰ ਸਾਲਾਂ ਤੋਂ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਹਨ, ਪ੍ਰੰਤੂ ਜਾਪਦਾ ਹੈ ਜਿਵੇਂ ਪੈੱਨ ਦੀ ਸਿਆਹੀ ਹੀ ਖਤਮ ਹੋ ਗਈ ਹੋਵੇ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਬਾਬੂ ਸਿੰਘ ਫਤਿਹਪੁਰ, ਰਾਮਫਲ ਸਿੰਘ, ਸੋਨੂੰ ਸਿੰਘ ਕਟਾਰੀਆ, ਮੱਖਣ ਸਿੰਘ, ਅਮਰੀਕ ਸਿੰਘ, ਬਿੰਦਰ ਸਿੰਘ, ਕੁਲਦੀਪ ਸਿੰਘ, ਸਰਬਰ ਕੁਰੈਸ਼ੀ ਭੀਖੀ, ਸੁਰਜੀਤ ਸਿੰਘ, ਸੁਖਦੇਵ ਸਿੰਘ ਭੀਖੀ, ਕਰਨੈਲ ਸਿੰਘ, ਮਿੱਠਾ ਸਿੰਘ ਗੁਰਨੇ ਕਲਾਂ, ਲਾਭ ਸਿੰਘ , ਪਾਲੀ ਰੱਲੀ, ਤਰਸੇਮ ਸਿੰਘ ਆਦਿ ਹਾਜ਼ਰ ਸਨ।

## ਹਰਨੇਕ ਸਿੰਘ ਯੂ ਐੱਸ ਏ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾ ਦੇ ਫੁੱਲ ਭੇਟ



**ਬੱਧਨੀ ਕਲਾਂ (ਨਛੱਤਰ ਸੰਧੂ)**-ਪਿੰਡ ਮੀਨੀਆ ਦੇ ਸੀਨੀਅਰ ਅਕਾਲੀ ਆਗੂ ਤੇ ਉੱਘੇ ਸਮਾਜਸੇਵੀ ਸਤਵੰਤ ਸਿੰਘ ਸੱਤਾ ਦੇ ਸਤਿਕਾਰਯੋਗ ਪਿਤਾ ਹਰਨੇਕ ਸਿੰਘ (ਯੂ.ਐੱਸ.ਏ.) ਵਾਲਿਆਂ ਦੀ ਅੰਤਿਮ ਅਰਦਾਸ ਸਮੇਂ ਗੁਰਦਵਾਰਾ ਟਿੱਬੀ ਸਾਹਿਬ ਵਿਖੇ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਲਵਾਈ।ਅਰਦਾਸ ਉਪਰੰਤ ਹਰਨੇਕ ਸਿੰਘ ਮੁਰੱਬਿਆਂ ਵਾਲੇ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਸੀਨੀਅਰ ਅਕਾਲੀ ਆਗੂ ਖਣਮੁੱਖ ਭਾਰਤੀ ਪੱਤੋ ਹੀਰਾ ਸਿੰਘ, ਹਲਕਾ ਇੰਚਾਰਜ ਰਾਜਵਿੰਦਰ ਸਿੰਘ ਧਰਮਕੋਟ ਤੇ ਸਾਬਕਾ ਵਿਧਾਇਕ ਬੀਬੀ ਰਾਜਵਿੰਦਰ ਕੌਰ ਭਾਗੀਕੇ ਨੇ ਕਿਹਾ ਕਿ ਹਰਨੇਕ ਸਿੰਘ ਬੜੇ ਹੀ ਸ਼ਾਂਤ ਸੁਭਾਅ ਦੇ ਮਾਲਕ ਸਨ, ਜਿਨ੍ਹਾਂ ਨੇ ਲੰਮਾ ਸਮਾਂ ਗੁਰਦੁਆਰਾ ਕਮੇਟੀ ਵਿੱਚ ਮੈਂਬਰ ਵਜੋਂ ਕੰਮ ਕਰਕੇ ਗੁਰੂ ਘਰ ਦੀ ਜਿੱਥੇ ਸੇਵਾ ਕੀਤੀ, ਉਥੇ ਉਹ ਪਿੰਡ ਦੀ ਪੰਚਾਇਤ ਵਿੱਚ ਲਗਾਤਾਰ 15 ਸਾਲ ਪੰਚਾਇਤ ਮੈਂਬਰ ਵਜੋਂ ਵੀ ਕੰਮ ਕਰਕੇ ਇੱਕ ਸਰਪੰਚ ਵਾਂਗ ਲੋਕ ਭਲਾਈ ਦੇ ਕੰਮ ਕੀਤੇ।ਉਨ੍ਹਾਂ ਕਿਹਾ ਕਿ ਹਰਨੇਕ ਸਿੰਘ ਮੁੱਢ ਤੋਂ ਹੀ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਹੋਣ ਕਰਕੇ ਉਨ੍ਹਾਂ ਪਾਰਟੀ ਦੀਆਂ ਸਫ਼ਾਂ ਵਿੱਚ ਵੱਧ ਚੜ੍ਹ ਕੇ ਕੰਮ ਕੀਤਾ।ਅੱਜ ਵੀ ਉਨ੍ਹਾਂ ਦਾ ਪਾਰਟੀ ਵਿਚ ਨਾਮ ਚਲਦਾ ਸੀ।ਅਜਿਹੀ ਸ਼ਖ਼ਸੀਅਤ ਦਾ ਸਾਡੇ ਵਿੱਚੋਂ ਚਲੇ ਜਾਣਾ ਪਰਵਾਰ ਤੇ ਸਮਾਜ ਨੂੰ ਬਹੁਤ ਵੱਡਾ ਘਾਟਾ ਹੈ।ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਤਵੰਤ ਸਿੰਘ ਸੱਤਾ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਬਲਦੇਵ ਸਿੰਘ ਸਰਪੰਚ ਕੁੱਸਾ, ਪ੍ਰਧਾਨ ਬਿੰਦਰ ਮਨੀਲਾ, ਰਜਿੰਦਰ ਕੁੱਸਾ, ਨਿਰਮਲ ਮੀਨੀਆ, ਸਵਰਨ ਸਿੰਘ ਆਦਿਵਾਲ ,ਰਾਜੂ ਸ਼ਾਂਤ, ਸਵਰਨਜੀਤ ਸਿੰਘ, ਰਜਿੰਦਰ ਡੱਲਾ, ਗੁਰਜੰਟ ਸਿੰਘ ਰਾਮੂਵਾਲੀਆ, ਸਾਬਕਾ ਸਰਪੰਚ ਅਜੀਤਪਾਲ ਸਿੰਘ ਰਣੀਆਂ, ਸਾਬਕਾ ਸਰਪੰਚ ਜਗਸੀਰ ਸਿੰਘ ਮੀਨੀਆ, ਪਰਮਜੀਤ ਨੀਟੂ, ਗਗਨ ਘੁਮਾਣ, ਹਰਭਜਨ ਸਿੰਘ ਕੁੱਸਾ ਤੇ ਸਿਮਰਾ ਮਾਨ ਮੀਨੀਆ ਅਦਿ ਹਾਜ਼ਰ ਸਨ।

## ਕੈਬਨਿਟ ਮੰਤਰੀ ਖੁੱਡੀਆਂ ਨੇ ਗੜੇਮਾਰੀ ਨਾਲ ਨੁਕਸਾਨੀ ਫਸਲ ਦਾ ਲਿਆ ਜਾਇਜ਼ਾ



**ਲੰਬੀ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਓਮ ਪ੍ਰਕਾਸ਼ ਸ਼ੇਖੂ/ਪੂਜਾ)**-ਪੰਜਾਬ ਦੇ ਕੈਬਨਿਟ ਮੰਤਰੀ ਸ੍ਰ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਲੰਬੀ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਪੱਕੀ ਕਣਕ ਦੀ ਫਸਲ ਨੂੰ ਗੜੇਮਾਰੀ ਕਾਰਨ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਗਿਆ।ਇਸ ਦੌਰਾਨ ਮੰਤਰੀ ਨੇ ਪਿੰਡ ਆਲਮਵਾਲਾ, ਬੋਦੀਵਾਲਾ, ਰਾਣੀਵਾਲਾ, ਅਸਪਾਲ, ਸਰਾਵਾਂ ਬੋਦਲਾ, ਕੱਟਿਆਂਵਾਲੀ ਤੇ ਕਬਰਵਾਲਾ ਵਿੱਚ ਕਿਸਾਨਾਂ ਨਾਲ ਮਿਲ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਫਸਲ ਦੇ ਨੁਕਸਾਨ ਦਾ ਜਾਇਜ਼ਾ ਲਿਆ।ਸ੍ਰ. ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੇ ਨਾਲ ਖੜੀ ਹੈ ਤੇ ਗੜੇਮਾਰੀ ਨਾਲ ਹੋਏ ਨੁਕਸਾਨ ਦੀ ਪੂਰੀ ਭਰਪਾਈ ਲਈ ਯੋਗ ਕਦਮ ਚੁੱਕੇ ਜਾਣਗੇ।ਉਨ੍ਹਾਂ ਸੰਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਤੁਰੰਤ ਗਿਰਦਾਵਰੀ ਕਰਕੇ ਨੁਕਸਾਨ ਦੀ ਵਿਸਥਾਰ ਰਿਪੋਰਟ ਤਿਆਰ ਕੀਤੀ ਜਾਵੇ ਤਾਂ ਜੋ ਪ੍ਰਭਾਵਿਤ ਕਿਸਾਨਾਂ ਨੂੰ ਜਲਦੀ ਤੋਂ ਜਲਦੀ ਮੁਆਵਜ਼ਾ ਦਿੱਤਾ ਜਾ ਸਕੇ।ਕੈਬਨਿਟ ਮੰਤਰੀ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਸਰਕਾਰ ਉਨ੍ਹਾਂ ਦੇ ਹੱਕਾਂ ਦੀ ਰੱਖਿਆ ਲਈ ਵਚਨਬੱਧ ਹੈ ਤੇ ਗੜੇਮਾਰੀ ਨਾਲ ਹੋਏ ਨੁਕਸਾਨ ਸਬੰਧੀ ਕਿਸਾਨਾਂ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ।ਇਸ ਮੌਕੇ ਐੱਸ.ਡੀ.ਐੱਮ. ਮਲੋਟ ਪੰਕਜ ਕੁਮਾਰ ਬਾਂਸਲ, ਤਹਿਸੀਲਦਾਰ ਹਰਪ੍ਰੀਤ ਕੌਰ, ਮੁੱਖ ਖੇਤੀਬਾੜੀ ਅਫਸਰ ਜਗਸੀਰ ਸਿੰਘ, ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ. ਗੁਰਦਿੱਤ ਸਿੰਘ, ਨਿਰਮਲ ਸਿੰਘ ਵਿਰਕ ਪ੍ਰਧਾਨ, ਗੁਰਬਾਜ ਸਿੰਘ ਵਣਵਾਲਾ, ਸੁਖਵਿੰਦਰ ਸਿੰਘ ਸੁੱਖਾ ਗੁਰੂਸਰ, ਨਿਸ਼ਾਨ ਸਿੰਘ ਬਲਾਕ ਪ੍ਰਧਾਨ ਰਾਣੀਵਾਲਾ, ਹਰਪ੍ਰੀਤ ਸਿੰਘ ਬਲਾਕ ਪ੍ਰਧਾਨ, ਸਤਨਾਮ ਸਿੰਘ ਸੰਧੂ ਸਰਾਵਾਂ ਬੋਦਲਾ, ਦਿਲਬਾਗ ਸਿੰਘ ਸਰਪੰਚ ਪੰਨੀਵਾਲਾ, ਦਲਜੀਤ ਸਿੰਘ ਸਰਾਵਾਂ ਬੋਦਲਾ, ਗੁਰਵਿੰਦਰ ਸਿੰਘ ਚੇਅਰਮੈਨ ਪੰਨੀਵਾਲਾ, ਪੀ ਏ ਗੁਰਬਾਜ ਖੁੱਡੀਆਂ, ਮੀਡੀਆ ਐਡਵਾਈਜ਼ਰ ਮੋਹਿਤ ਸੋਨੀ ਤੋਂ ਇਲਾਵਾ ਸਬੰਧਤ ਵਿਭਾਗਾਂ ਦੇ ਅਧਿਕਾਰੀ ਤੇ ਪਤਵੰਤੇ ਹਾਜ਼ਰ ਸਨ।

## ਹਲਵਾਰਾ ਹਵਾਈ ਅੱਡਾ ਉਡਾਣ ਲਈ ਪੂਰੀ ਤਰ੍ਹਾਂ ਤਿਆਰ

### ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਪਹਿਲੀਆਂ ਟਿਕਟਾਂ ਕੀਤੀਆਂ ਬੁੱਕ

**ਜਗਰਾਉਂ (ਨਛੱਤਰ ਸੰਧੂ)**-ਪੰਜਾਬ ਦੀ ਉਦਯੋਗਿਕ ਰਾਜਧਾਨੀ ਲੁਧਿਆਣਾ ਖੇਤਰੀ ਸੰਪਰਕ ਨੂੰ ਬਿਹਤਰ ਪਾਉਣ ਦੀ ਦਿਸ਼ਾ ਵੱਲ ਵੱਡੀ ਪੁਲਾਂਘ ਪੁੱਟਣ ਲਈ ਤਿਆਰ-ਬਰ-ਤਿਆਰ ਹੈ, ਕਿਉਂਕਿ ਹਲਵਾਰਾ ਹਵਾਈ ਅੱਡੇ ਤੋਂ 15 ਮਈ 2026 ਨੂੰ ਉਡਾਣਾਂ ਸ਼ੁਰੂ ਹੋ ਜਾਣਗੀਆਂ ਤੇ ਜਲਦ ਹੀ ਫਲਾਈਟ ਬੁਕਿੰਗ ਵੀ ਸ਼ੁਰੂ ਹੋਵੇਗੀ।ਸ਼ੁਰੂਆਤ ਵਿੱਚ ਏਅਰ ਇੰਡੀਆ ਦੀਆਂ ਦੋ ਉਡਾਣਾਂ ਲੁਧਿਆਣਾ ਨੂੰ ਦਿੱਲੀ ਨਾਲ ਜੋੜਨਗੀਆਂ, ਜਿਸ ਨਾਲ 30 ਸਾਲਾਂ ਦਾ ਸੁਪਨਾ ਸਾਕਾਰ ਹੋਵੇਗਾ।ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਆਪਣੀ ਪਤਨੀ ਨਾਲ 15 ਮਈ 2026 ਨੂੰ ਦਿੱਲੀ ਤੋਂ ਹਲਵਾਰਾ ਜਾਣ ਵਾਲੀ ਪਹਿਲੀ ਫਲਾਈਟ ਬੁੱਕ ਕਰਵਾਈ ਹੈ ਜੋ ਕਿ ਇਸ ਇਤਿਹਾਸਕ ਸਫਰ ਵਿੱਚ ਨਿੱਜੀ ਤੇ ਜਨਤਕ ਮੀਲ ਪੱਥਰ ਦਾ ਪ੍ਰਤੀਕ ਹੈ। ਏਅਰਲਾਈਨਜ਼ ਦੇ ਸੂਤਰਾਂ ਅਨੁਸਾਰ ਦਿੱਲੀ-ਲੁਧਿਆਣਾ-ਦਿੱਲੀ ਸੈਕਟਰ ਦੀਆਂ ਟਿਕਟਾਂ ਤੇਜ਼ੀ ਨਾਲ ਵਿਕ ਰਹੀਆਂ ਹਨ।

ਉਡਾਣਾਂ ਦੀ ਸ਼ੁਰੂਆਤ ਨਿਰੰਤਰ ਯਤਨਾਂ ਦਾ ਨਤੀਜਾ ਹੈ, ਜੋ ਸੰਜੀਵ ਅਰੋੜਾ ਦੀ ਖੇਤਰੀ ਸੰਪਰਕ ਨੂੰ ਮਜ਼ਬੂਤ ਕਰਨ ਤੇ ਪੰਜਾਬ, ਖਾਸ ਤੌਰ 'ਤੇ ਲੁਧਿਆਣਾ ਅਤੇ ਇਸ ਦੇ ਆਸ-ਪਾਸ ਦੇ ਜ਼ਿਲ੍ਹਿਆਂ ਲਈ ਆਰਥਿਕ ਵਿਕਾਸ ਵਿੱਚ ਤੇਜ਼ੀ ਲਿਆਉਣ ਪ੍ਰਤੀ ਦ੍ਰਿੜ੍ਹ ਵਚਨਬੱਧਤਾ ਨੂੰ ਦਰਸਾਉਂਦਾ ਹੈ।ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਨੇ ਇਸ ਚਿਰੋਕਣੇ ਪ੍ਰਾਜੈਕਟ ਨੂੰ ਮੁੜ ਸੁਰਜੀਤ ਕਰਨ ਤੇ ਇਸ ਵਿੱਚ ਤੇਜ਼ੀ ਲਿਆਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ, ਜਿਸ ਨਾਲ ਲੁਧਿਆਣਾ ਦੇ ਨਜ਼ਦੀਕ ਇੱਕ ਕਾਰਜਸ਼ੀਲ ਹਵਾਈ ਅੱਡੇ ਦਾ ਸੁਪਨਾ ਸਾਕਾਰ ਹੋਵੇਗਾ।

ਹਲਵਾਰਾ ਹਵਾਈ ਅੱਡੇ ਦੇ ਕਾਰਜਸ਼ੀਲ ਹੋਣ ਨਾਲ ਵਪਾਰ, ਉਦਯੋਗ, ਸੈਰ-ਸਪਾਟਾ ਨੂੰ ਹੁਲਾਰਾ ਮਿਲੇਗਾ ਤੇ ਵਸਨੀਕਾਂ ਅਤੇ ਵਪਾਰਕ ਭਾਈਚਾਰੇ ਨੂੰ ਨਿਰਵਿਘਨ ਯਾਤਰਾ ਦੀ ਸਹੂਲਤ ਮਿਲੇਗੀ।ਇਸ ਨਾਲ ਬਰਾਮਦਕਾਰਾਂ, ਉਦਯੋਗਪਤੀਆਂ ਤੇ ਉੱਦਮੀਆਂ ਲਈ ਵੀ ਬਿਹਤਰ ਸੰਪਰਕ ਯਕੀਨੀ ਬਣੇਗਾ, ਜਿਸ ਨਾਲ ਇੱਕ ਪ੍ਰਮੁੱਖ ਆਰਥਿਕ ਕੇਂਦਰ ਵਜੋਂ ਲੁਧਿਆਣਾ ਦੀ ਸਥਿਤੀ ਹੋਰ ਮਜ਼ਬੂਤ ਹੋਵੇਗੀ।ਸੰਜੀਵ ਅਰੋੜਾ ਨੇ ਇਸ ਪ੍ਰੋਜੈਕਟ ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਯੋਗਦਾਨ ਪਾਉਣ ਵਾਲੇ ਸਾਰੇ ਭਾਈਵਾਲਾਂ, ਸਰਕਾਰੀ ਏਜੰਸੀਆਂ ਤੇ ਉਦਯੋਗਪਤੀਆਂ ਦਾ ਧੰਨਵਾਦ ਕੀਤਾ।

## ਸਿਲਵਰ ਓਕਸ ਸਕੂਲ ਵਿਖੇ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਿਲਵਰ ਓਕਸ ਸਕੂਲ ਰਾਮਪੁਰਾ ਰੋਡ ਬਠਿੰਡਾ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ।ਸਕੂਲ ਦਾ ਵਿਹੜਾ ਸ੍ਰੀ ਸੁਖਮਨੀ ਸਾਹਿਬ ਦੇ ਪਾਵਨ ਪਾਠ ਨਾਲ ਗੂੰਜ ਉੱਠਿਆ, ਜਿਸ ਨਾਲ ਇੱਕ ਸ਼ਾਂਤ, ਅਧਿਆਤਮਿਕ ਤੇ ਸਕੂਨਭਰਾ ਮਾਹੌਲ ਬਣਿਆ।ਸਕੂਲ ਦੀ ਡਾਇਰੈਕਟਰ ਸ੍ਰੀਮਤੀ ਬਰਨਿੰਦਰ ਪਾਲ ਸੇਖੋਂ ਵੀ ਇਸ ਪਾਵਨ ਮੌਕੇ 'ਤੇ ਹਾਜ਼ਰ ਰਹੇ ਤੇ ਉਨ੍ਹਾਂ ਨੇ ਪਾਠ ਵਿੱਚ ਭਾਗ ਲਿਆ, ਜਿਸ ਨਾਲ ਸਮਾਗਮ ਦੀ ਮਹੱਤਤਾ ਹੋਰ ਵੀ ਵੱਧ ਗਈ।ਪਾਠ ਦਾ ਸਮਾਪਨ ਅਰਦਾਸ ਨਾਲ ਕੀਤਾ ਗਿਆ, ਜਿਸ 'ਚ ਸਾਰੇ ਵਿਦਿਆਰਥੀਆਂ ਦੀ ਖੁਸ਼ਹਾਲੀ ਤੇ ਉੱਜਵਲ ਭਵਿੱਖ ਲਈ ਅਰਦਾਸ ਕੀਤੀ ਗਈ, ਜਿਸ ਤੋਂ ਬਾਅਦ ਕੜਾਹ ਪ੍ਰਸਾਦ ਵੰਡਿਆ ਗਿਆ।1 ਅਪ੍ਰੈਲ 2026 ਨੂੰ ਨਰਸਰੀ ਤੋਂ ਨੌਵੀਂ ਜਮਾਤ ਦੇ ਵਿਦਿਆਰਥੀਆਂ ਲਈ 5ਵੇਂ ਅਕਾਦਮਿਕ ਸੈਸ਼ਨ ਦਾ ਸ਼ੁਭਾਰੰਭ ਵੀ ਬੜੇ ਚਾਅ ਤੇ ਉਤਸ਼ਾਹ ਨਾਲ ਕੀਤਾ ਗਿਆ। ਵਿਦਿਆਰਥੀਆਂ ਦਾ ਸਵਾਗਤ ਪਰੰਪਰਾਗਤ ਤਿਲਕ ਸਮਾਰੋਹ ਨਾਲ ਕੀਤਾ ਗਿਆ, ਜੋ ਅਸ਼ੀਰਵਾਦ, ਸਕਾਰਾਤਮਕਤਾ ਤੇ ਸ਼ੁੱਭ ਇੱਛਾਵਾਂ ਦਾ ਪ੍ਰਤੀਕ ਹੈ।ਸਕੂਲ ਦਾ ਪਰਿਸਰ ਰੰਗ-ਬਰੰਗੇ ਬੈਨਰ ਤੇ ਸੁੰਦਰ ਸਜਾਵਟ ਨਾਲ ਸਜਾਇਆ ਗਿਆ।ਪੂਰਾ ਮਾਹੌਲ ਖੁਸ਼ੀ ਅਤੇ ਉਤਸ਼ਾਹ ਨਾਲ ਭਰ ਗਿਆ, ਜਿੱਥੇ ਅਧਿਆਪਕਾਂ ਨੇ ਵਿਦਿਆਰਥੀਆਂ ਦਾ ਦਿਲੋਂ ਸਵਾਗਤ ਕੀਤਾ।

## ਡੀ ਸੀ ਵੱਲੋਂ ਕਣਕ ਦੀ ਖਰੀਦ ਦੇ ਪ੍ਰਬੰਧਾਂ ਦੀ ਸਮੀਖਿਆ



**ਮੋਗਾ (ਇਕਬਾਲ ਸਿੰਘ ਖਹਿਰਾ)**-ਡਿਪਟੀ ਕਮਿਸ਼ਨਰ ਸਾਗਰ ਸੇਤੀਆ ਵੱਲੋਂ ਕਣਕ ਦੀ ਖ਼ਰੀਦ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਆਪਣੇ ਦਫ਼ਤਰ ਵਿਖੇ ਵੱਖ ਵੱਖ ਅਧਿਕਾਰੀਆਂ, ਆੜ੍ਹਤੀਆਂ ਤੇ ਜ਼ਿਲ੍ਹਾ ਮੋਗਾ ਦੀਆਂ ਸਮੂਹ ਖ੍ਰੀਦ ਏਜੰਸੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ।ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਦੱਸਿਆ ਕਿ ਇਸ ਸਾਲ 7.35 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਕਰਨ ਦਾ ਟੀਚਾ ਮਿੱਥਿਆ ਗਿਆ ਹੈ।ਉਨ੍ਹਾਂ ਕਿਹਾ ਕਿ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਕਿਸਾਨਾਂ ਨੂੰ ਮੰਡੀਆਂ ਵਿੱਚ ਆਪਣੀ ਫ਼ਸਲ ਵੇਚਣ ਵਿੱਚ ਕਿਸੇ ਵੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ।ਜ਼ਿਲ੍ਹਾ ਪ੍ਰਸ਼ਾਸਨ ਕਿਸਾਨਾਂ ਦਾ ਇਕ ਇਕ ਦਾਣਾ ਖ਼੍ਰੀਦਣ ਲਈ ਵਚਨਬੱਧ ਹੈ।ਉਨ੍ਹਾਂ ਵੱਲੋਂ ਮੀਟਿੰਗ ਵਿੱਚ ਆੜ੍ਹਤੀਆਂ ਦੀਆਂ ਮੁਸ਼ਕਲਾਂ ਨੂੰ ਵੀ ਸੁਣਿਆ।ਉਨ੍ਹਾਂ ਸਮੂਹ ਖਰੀਦ ਏਜੰਸੀਆਂ ਪਾਸੋਂ ਕਣਕ ਦੀ ਸਟੋਰੇਜ ਲਈ ਲੋੜੀਂਦੀ ਜਗ੍ਹਾ, ਬਾਰਦਾਨਾ ਤੇ ਹੋਰ ਸਟਾਕ ਆਰਟੀਕਲ ਦੇ ਪ੍ਰਬੰਧਾਂ ਬਾਰੇ ਜਾਣਕਾਰੀ ਲਈ।ਇਸ ਤੋਂ ਇਲਾਵਾ ਸਮੂਹ ਖਰੀਦ ਕੇਂਦਰਾਂ 'ਤੇ ਸਟਾਫ਼ ਦੀ ਤਾਇਨਾਤੀ ਸਮੇਂ ਸਿਰ ਕਰਨ ਦੀ ਹਦਾਇਤ ਵੀ ਜਾਰੀ ਕੀਤੀ।ਮੀਟਿੰਗ ਵਿੱਚ ਉਨ੍ਹਾਂ ਜ਼ਿਲ੍ਹਾ ਮੰਡੀ ਅਫ਼ਸਰ ਮੋਗਾ ਨੂੰ ਜ਼ਿਲ੍ਹਾ ਦੇ ਸਾਰੇ ਖ੍ਰੀਦ ਕੇਂਦਰਾਂ ਵਿਖੇ ਸਾਫ਼-ਸਫ਼ਾਈ ਤੇ ਹੋਰ ਲੋੜੀਂਦੇ ਪ੍ਰਬੰਧ ਯਕੀਨੀ ਬਣਾਉਣ ਦੀ ਹਦਾਇਤ ਕੀਤੀ।ਜ਼ਿਲਾ ਖੁਰਾਕ ਤੇ ਸਪਲਾਈ ਕੰਟਰੋਲਰ ਸੁਖਵਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਕਣਕ ਦੀ ਸਰਕਾਰੀ ਖਰੀਦ ਲਈ ਜ਼ਿਲ੍ਹਾ ਮੋਗਾ ਵਿੱਚ 112 ਸਰਕਾਰੀ ਖਰੀਦ ਕੇਂਦਰ ਨਿਰਧਾਰਤ ਕੀਤੇ ਗਏ ਹਨ।ਇਸ ਮੌਕੇ ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰ ਸੁਖਵਿੰਦਰ ਸਿੰਘ ਗਿੱਲ, ਜ਼ਿਲ੍ਹਾ ਮੰਡੀ ਅਫ਼ਸਰ ਤੇ ਸਮੂਹ ਖ੍ਰੀਦ ਏਜੰਸੀਆਂ ਦੇ ਨੁਮਾਇੰਦੇ ਹਾਜ਼ਰ ਸਨ।

## ਗੜੇਮਾਰੀ ਕਾਰਨ ਕਿਸਾਨਾਂ ਨੂੰ ਵੱਡਾ ਨੁਕਸਾਨ, ਫਸਲ ਬੀਮਾ ਲਾਜ਼ਮੀ ਕੀਤਾ ਜਾਵੇ : ਰੱਤੋਕੇ



**ਲੌਂਗੋਵਾਲ (ਪ੍ਰਦੀਪ ਸੱਪਲ)**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਯੂਥ ਪ੍ਰਧਾਨ ਸੰਗਰੂਰ ਸਤਨਾਮ ਸਿੰਘ ਰੱਤੋਕੇ ਨੇ ਪੰਜਾਬ ਵਿੱਚ ਪਿਛਲੇ ਦਿਨਾਂ ਦੌਰਾਨ ਪਏ ਭਾਰੀ ਮੀਂਹ ਤੇ ਗੜੇਮਾਰੀ ਕਾਰਨ ਕਿਸਾਨਾਂ ਨੂੰ ਹੋਏ ਨੁਕਸਾਨ 'ਤੇ ਗੰਭੀਰ ਚਿੰਤਾ ਜ਼ਾਹਰ ਕੀਤੀ ਹੈ।ਉਨ੍ਹਾਂ ਕਿਹਾ ਕਿ ਇਸ ਸਮੇਂ ਪੰਜਾਬ ਵਿੱਚ ਕਣਕ ਦੀ ਫਸਲ ਪੂਰੀ ਤਰ੍ਹਾਂ ਪੱਕਣ 'ਤੇ ਆ ਗਈ ਸੀ ਤੇ ਕਿਸਾਨ ਵਢਾਈ ਦੀ ਤਿਆਰੀ ਕਰ ਰਹੇ ਸਨ, ਪਰ ਅਚਾਨਕ ਹੋਈ ਗੜੇਮਾਰੀ ਤੇ ਤੇਜ਼ ਹਵਾਵਾਂ ਕਾਰਨ ਵੱਡੇ ਪੱਧਰ 'ਤੇ ਫਸਲ ਜ਼ਮੀਨ 'ਤੇ ਡਿੱਗ ਗਈ ਅਤੇ ਬਹੁਤ ਸਾਰੇ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਝੱਲਣਾ ਪਿਆ ਹੈ।ਉਨ੍ਹਾਂ ਦੱਸਿਆ ਕਿ ਕਿਸਾਨ ਪਹਿਲਾਂ ਹੀ ਕਰਜ਼ੇ ਤੇ ਵਧ ਰਹੀਆਂ ਲਾਗਤਾਂ ਦੇ ਬੋਝ ਹੇਠ ਦੱਬੇ ਹੋਏ ਹਨ, ਐਸੇ ਵਿੱਚ ਕੁਦਰਤੀ ਆਫ਼ਤਾਂ ਕਾਰਨ ਫਸਲ ਦਾ ਨੁਕਸਾਨ ਹੋਣਾ ਉਨ੍ਹਾਂ ਲਈ ਹੋਰ ਵੀ ਮੁਸ਼ਕਲ ਹਾਲਾਤ ਪੈਦਾ ਕਰ ਰਿਹਾ ਹੈ।ਸਤਿਨਾਮ ਸਿੰਘ ਰੱਤੋਕੇ ਨੇ ਸਰਕਾਰ ਤੋਂ ਮੰਗ ਕੀਤੀ ਕਿ ਤੁਰੰਤ ਪ੍ਰਭਾਵ ਨਾਲ ਖਰਾਬ ਹੋਈ ਫਸਲ ਦਾ ਸਹੀ ਰੇਟ ਤਹਿ ਕਰਕੇ ਪ੍ਰਭਾਵਿਤ ਕਿਸਾਨਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ, ਤਾਂ ਜੋ ਉਹ ਆਪਣਾ ਘਰ-ਪਰਿਵਾਰ ਚਲਾ ਸਕਣ ਤੇ ਅਗਲੀ ਫਸਲ ਦੀ ਤਿਆਰੀ ਕਰ ਸਕਣ।ਉਨ੍ਹਾਂ ਅਪੀਲ ਕੀਤੀ ਕਿ ਭਵਿੱਖ ਵਿੱਚ ਕਿਸਾਨਾਂ ਦੀ ਸੁਰੱਖਿਆ ਲਈ ਸਰਕਾਰ ਵੱਲੋਂ ਪੱਕੀ ਨੀਤੀ ਬਣਾਈ ਜਾਵੇ, ਜਿਸ ਤਹਿਤ ਜਦੋਂ ਵੀ ਕਿਸਾਨ ਆਪਣੀ ਫਸਲ ਬੀਜੇ, ਉਸ ਨੂੰ ਉਜਾੜ ਭੱਤਾ ਦਿੱਤਾ ਜਾਵੇ ਤੇ ਹਰ ਫਸਲ ਦਾ ਲਾਜ਼ਮੀ ਤੌਰ 'ਤੇ ਬੀਮਾ ਕੀਤਾ ਜਾਵੇ, ਤਾਂ ਜੋ ਕਿਸਾਨਾਂ ਨੂੰ ਕੁਦਰਤੀ ਆਫ਼ਤਾਂ ਦੇ ਸਮੇਂ ਆਰਥਿਕ ਨੁਕਸਾਨ ਤੋਂ ਬਚਾਇਆ ਜਾ ਸਕੇ।

## ਮਿਮਿਟ ਕਾਲਜ ਵਿਖੇ ਨਸ਼ਿਆਂ ਵਿਰੁੱਧ ਸੈਮੀਨਾਰ



**ਮਲੋਟ (ਓਮ ਪ੍ਰਕਾਸ਼ ਸ਼ੇਖੂ)**-ਪੰਜਾਬ ਸਰਕਾਰ ਦੁਆਰਾ ਨਸ਼ਾ ਵਿਰੁੱਧ ਚਲਾਈ ਗਈ ਮੁਹਿਮ ਤਹਿਤ ਮਲੋਟ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਇਨਫੋਰਮੇਸ਼ਨ ਟੈਕਨੋਲੋਜੀ (ਮਿਮਿਟ) ਮਲੋਟ ਦੇ ਐੱਨ ਐੱਸ ਐੱਸ ਵਿੰਗ ਸੰਸਥਾ ਵਿਖੇ ਨਸ਼ਾ ਵਿਰੋਧੀ ਸੈਮੀਨਾਰ ਕਰਵਾਇਆ ਗਿਆ। ਇਸ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਐੱਨ ਐੱਸ ਐੱਸ ਪ੍ਰੋਗਰਾਮ ਅਫਸਰ ਡਾਕਟਰ ਹਰਕੀਰਤ ਸਿੰਘ ਬਰਾੜ ਨੇ ਦੱਸਿਆ ਕਿ ਸੰਸਥਾ ਵਿੱਚ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣਾ ਤੇ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਸਟੀਕ ਜਾਣਕਾਰੀ ਪਹੁੰਚਾਉਣ ਦੇ ਉਪਰਾਲੇ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿੰਦਗੀ ਜ਼ਿੰਦਾਬਾਦ ਨਸ਼ੇ ਨੂੰ ਨਾਂਹ ਤੇ ਜ਼ਿੰਦਗੀ ਨੂੰ ਹਾਂ ਮੁਹਿੰਮ ਤਹਿਤ ਸੈਮੀਨਾਰ ਸੰਸਥਾ ਵਿਖੇ ਲਗਾਇਆ ਗਿਆ। ਇਸ ਪ੍ਰੋਗਰਾਮ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਐੱਨਜੀਓ ਮੈਂਬਰ ਡਾਕਟਰ ਇੰਦਰਵੀਰ ਕੌਰ, ਰੁਪਿੰਦਰਜੀਤ ਸਿੰਘ, ਨਰਵੀਰ ਸਿੰਘ ਗਿੱਲ ਨੇ ਮੁੱਖ ਬੁਲਾਰਿਆਂ ਵਜੋਂ ਸ਼ਿਰਕਤ ਕਰਕੇ ਨਸ਼ੇ ਦੇ ਮਾਰੂ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ। ਮੁੱਖ ਬੁਲਾਰਿਆਂ ਵੱਲੋਂ ਵਿਦਿਆਰਥੀਆਂ ਨੂੰ ਨਸ਼ਾ ਨਾਲ ਹੋਣ ਵਾਲੇ ਜਾਨੀ-ਮਾਲੀ ਨੁਕਸਾਨ ਬਾਰੇ ਵਿਸਥਾਰਤ ਜਾਣਕਾਰੀ ਦਿੱਤੀ ਗਈ ਅਤੇ ਨਾਲ ਹੀ ਇਨ੍ਹਾਂ ਮਾਹਰਾਂ ਨੇ ਨਸ਼ਾ ਮੁਕਤ ਜੀਵਨ ਦੀ ਮਹੱਤਤਾ ਬਾਰੇ ਵਿਦਿਆਰਥੀਆਂ ਨੂੰ ਉਜਾਗਰ ਕੀਤਾ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਡਾਕਟਰ ਜਸਕਰਨ ਸਿੰਘ ਭੁੱਲਰ ਨੇ ਆਏ ਹੋਏ ਬੁਲਾਰਿਆਂ ਨੂੰ ਜੀ ਆਇਆਂ ਕਿਹਾ ਤੇ ਜਾਣਕਾਰੀ ਸਾਂਝੀ ਕੀਤੀ। ਪ੍ਰੋਗਰਾਮ ਦੇ ਅਖੀਰ ਵਿੱਚ ਡਾਕਟਰ ਭੁੱਲਰ ਨੇ ਆਏ ਹੋਏ ਬੁਲਾਰਿਆਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਇਸ ਤਰ੍ਹਾਂ ਦੇ ਜਾਗ੍ਰਿਤ ਪ੍ਰੋਗਰਾਮਾਂ ਨਾਲ ਕਈ ਜ਼ਿੰਦਗੀਆਂ ਬਚ ਰਹੀਆਂ ਹਨ। ਪ੍ਰੋਗਰਾਮ ਦੇ ਅੰਤ ਵਿੱਚ ਸੰਸਥਾ ਵੱਲੋਂ ਆਏ ਹੋਏ ਬੁਲਾਰਿਆਂ ਨੂੰ ਸਨਮਾਨਤ ਕੀਤਾ ਗਿਆ। ਇਸ ਪ੍ਰੋਗਰਾਮ ਨੂੰ ਸੁਚੱਜੇ ਢੰਗ ਨਾਲ ਕਰਾਉਣ ਲਈ ਸੰਸਥਾ ਦੇ ਡਾਇਰੈਕਟਰ ਡਾਕਟਰ ਭੁੱਲਰ ਨੇ ਐੱਨ ਐੱਸ ਐੱਸ ਵਿੰਗ ਦੇ ਪ੍ਰੋਗਰਾਮ ਆਫਿਸਰ ਡਾ. ਹਰਕੀਤ ਸਿੰਘ ਬਰਾੜ ਤੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ।

## ਪਰਮਜੀਤ ਕੌਰ ਦੀ ਅੰਤਿਮ ਅਰਦਾਸ ਮੌਕੇ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀ



**ਕੋਟ ਈਸੇ ਖਾਂ (ਅਰੋੜਾ)**-ਪਿੰਡ ਕੋਟ ਸਦਰ ਖਾਂ ਤੋਂ ਆਪ ਆਗੂ ਜਗਜੀਤ ਸਿੰਘ ਬਿੱਟੂ ਦੀ ਮਾਤਾ ਤੇ ਉਨ੍ਹਾਂ ਦੀ ਪਤਨੀ ਸਰਪੰਚ ਸਰਬਜੀਤ ਕੌਰ ਦੀ ਸੱਸ ਮਾਤਾ ਪਰਮਜੀਤ ਕੌਰ ਪਤਨੀ ਸਵ: ਕੁਲਵੰਤ ਸਿੰਘ ਸਿੱਧੂ, ਜੋ ਕਿ ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਜਿਨ੍ਹਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਅਕਾਲਗੜ੍ਹ ਸਾਹਿਬ ਪਿੰਡ ਕੋਟ ਸਦਰ ਖਾਂ ਵਿਖੇ ਹੋਈ ਤੇ ਪਾਠ ਦੇ ਭੋਗ ਪਾਏ ਗਏ।ਇਸ ਅੰਤਿਮ ਅਰਦਾਸ ਵਿੱਚ ਇਲਾਕੇ ਦੀਆ ਸ਼ਖ਼ਸੀਅਤਾਂ ਤੋਂ ਇਲਾਵਾ ਰਾਜਨੀਤਕ, ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਦੇ ਆਗੂਆਂ ਨੇ ਵੀ ਹਾਜ਼ਰੀ ਲਵਾਈ ਤੇ ਸ਼ਰਧਾ ਦੇ ਫੁੱਲ ਭੇਟ ਕੀਤੇ।

ਇਸ ਮੌਕੇ ਕੀਰਤਨੀ ਤੇ ਰਾਗੀ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ।ਵੱਖ-ਵੱਖ ਆਗੂਆਂ ਨੇ ਮਾਤਾ ਪਰਮਜੀਤ ਕੌਰ ਦੀ ਜੀਵਨੀ ਸਬੰਧੀ ਚਾਨਣਾ ਪਾਇਆ। ਇਸ ਮੌਕੇ ਦਵਿੰਦਰਜੀਤ ਸਿੰਘ ਲਾਡੀ ਢੋਸ ਹਲਕਾ ਵਿਧਾਇਕ ਧਰਮਕੋਟ, ਗੁਰਤਾਰ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਧਰਮਕੋਟ, ਗੁਬਲਵਲੀਨ ਸਿੰਘ ਏਡੀਓ, ਬਖਸ਼ੀਸ਼ ਸਿੰਘ ਰਾਮਗੜ੍ਹ, ਸਤਵੀਰ ਸਿੰਘ ਸੱਤੀ ਜਲਾਲਾਬਾਦ ਪ੍ਰਧਾਨ ਟਰੱਕ ਯੂਨੀਅਨ ਧਰਮਕੋਟ, ਸੁਖਵਿੰਦਰ ਸਿੰਘ ਮੈਂਬਰ ਪੰਚਾਇਤ, ਜਗਸੀਰ ਸਿੰਘ, ਬਲਵਿੰਦਰ ਸਿੰਘ, ਜਸਪਿੰਦਰ ਸਿੰਘ, ਕੁਲਵਿੰਦਰ ਸਿੰਘ, ਮਹਿੰਦਰ ਸਿੰਘ, ਬਾਬਾ ਸ਼ਿੰਦਰ ਸਿੰਘ ਜੀ ਸਭਰਾਵਾਂ ਵਾਲੇ, ਅਮਨਦੀਪ ਸਿੰਘ ਕਾਦਰਵਾਲਾ ਸਰਪੰਚ, ਸੋਨਾ ਕਾਦਰਵਾਲਾ ਯੂਥ ਵਿੰਗ ਪ੍ਰਧਾਨ, ਐਡਵੋਕੇਟ ਗੁਰਪ੍ਰੀਤ ਸਿੰਘ ਪ੍ਰਧਾਨ ਨਗਰ ਪੰਚਾਇਤ, ਗੁਰਮੀਤ ਸਿੰਘ ਧਰਮਕੋਟ, ਗੁਰਪ੍ਰੀਤ ਸਿੰਘ ਹੈਪੀ ਸਰਪੰਚ, ਸਵਰਨ ਸਿੰਘ ਮਸੀਤਾਂ, ਨਿਰਮਲ ਸਿੰਘ ਸਿੱਧੂ ਬਲਾਕ ਸੰਮਤੀ ਮੈਂਬਰ, ਮਨਜੀਤ ਸਿੰਘ, ਸਵਰਨ ਸਿੰਘ ਪ੍ਰਧਾਨ ਬੀਕੇਯੂ, ਸਰਪੰਚ ਇਕਬਾਲ ਸਿੰਘ ਢੋਲੇਵਾਲਾ, ਜਗਜੀਤ ਸਿੰਘ ਲਾਟੀ ਤੋਂ ਇਲਾਵਾ ਬੂਟਾ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਪਹੁੰਚ ਕੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ।

## ਡਾ. ਅਰੋੜਾ ਨੇ ਪ੍ਰੀਤ ਨਗਰ 'ਚ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

### ਜੰਗੀ ਪੱਧਰ 'ਤੇ ਜਾਰੀ ਰਹਿਣਗੇ ਮੋਗਾ ਦੇ ਵਿਕਾਸ ਕਾਰਜ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਹਲਕੇ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਵਾਰਡ ਨੰਬਰ 27 ਦੇ ਅੰਦਰ ਪ੍ਰੀਤ ਨਗਰ ਦੀ ਗਲੀ ਨੰਬਰ 17 ਵਿਖੇ ਇੰਟਰਲਾਕ ਗਲੀਆਂ ਲਈ 39.81 ਲੱਖ ਤੇ ਸ਼ਮਸ਼ਾਨ ਘਾਟ ਦੇ ਕੰਮ ਲਈ 18 ਲੱਖ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।ਇਸ ਮੌਕੇ ਨਗਰ ਨਿਗਮ ਦੇ ਮੇਅਰ ਪ੍ਰਵੀਨ ਸ਼ਰਮਾ, ਮਹਿਲਾ ਵਿੰਗ ਵਾਰਡ ਇੰਚਾਰਜ ਸਤਵਿੰਦਰ ਕੌਰ, ਯੂਥ ਵਿੰਗ ਪ੍ਰਧਾਨ ਵਰਿੰਦਰ ਸਿੰਘ ਟੋਨੀ, ਬਲਾਕ ਪ੍ਰਧਾਨ ਬਜਿੰਦਰ ਵਿਪਿਨ, ਮਹਿਲਾ ਵਿੰਗ ਸਕੱਤਰ ਲਵਲੀ ਸਿੰਗਲਾ, ਬਲਾਕ ਪ੍ਰਧਾਨ ਦਵਿੰਦਰ ਸਿੰਘ ਤਿਵਾੜੀ, ਮਹਿਲਾ ਵਿੰਗ ਬਲਾਕ ਪ੍ਰਧਾਨ ਪੂਨਮ ਅਰੋੜਾ ਅਤੇ ਰਾਜਦੀਪ ਕੌਰ, ਮਹਿਲਾ ਵਿੰਗ ਵਾਰਡ ਪ੍ਰਧਾਨ ਨੀਤੂ ਅਰੋੜਾ, ਰਿਤਿਕਾ ਅਰੋੜਾ, ਇੰਦਰਜੀਤ ਕੌਰ, ਸੁਖਮੰਦਰ ਕੌਰ, ਅਮਰਜੀਤ ਕੌਰ, ਗੁਰਪ੍ਰੀਤ ਸਿੰਘ ਧਰਮਾ, ਅਜੇ ਸ਼ਰਮਾ, ਜਸਵੀਰ ਸਿੰਘ, ਵਿਜੇ ਕੁਮਾਰ, ਦਵਿੰਦਰ ਸਿੰਘ ਪੰਮਾ, ਗੁਰਦੀਪ ਸਿੰਘ, ਸੁਨੇਨਾ, ਨਿਸ਼ਾ, ਜਸਵਿੰਦਰ ਸਿੰਘ, ਦਿਲਬਾਗ ਸਿੰਘ, ਬਲਵੀਰ ਸਿੰਘ, ਸਤਪਾਲ ਸਿੰਘ ਤੇ ਹੋਰ ਬਹੁਤ ਸਾਰੇ ਸਥਾਨਕ ਨਿਵਾਸੀਆਂ ਨੇ ਸ਼ਿਰਕਤ ਕੀਤੀ।ਇਸ ਮੌਕੇ ਬੋਲਦਿਆਂ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ।ਉਨ੍ਹਾਂ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਮੁੱਦੇ ਜਾਂ ਸਮੱਸਿਆ ਨੂੰ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ, ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਅਜਿਹੇ ਮਾਮਲਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਇਸ ਸਮਾਗਮ ਦੌਰਾਨ ਵਾਰਡ ਦੇ ਵਸਨੀਕਾਂ ਨੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਇਨ੍ਹਾਂ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਲਈ ਧੰਨਵਾਦ ਕੀਤਾ ਤੇ ਉਨ੍ਹਾਂ ਨੂੰ ਸਿਰੋਪਾ ਭੇਟ ਕਰਕੇ ਸਨਮਾਨਤ ਕੀਤਾ।

## ਬੇਟੇ ਦੀ ਯਾਦ 'ਚ ਹਥਨ ਨੂੰ ਐਂਬੂਲੈਂਸ ਦੇਣ ਦਾ ਵਾਅਦਾ ਨਿਭਾਇਆ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਪੰਜਾਬ ਪੁਲਸ ਦੇ ਸਾਬਕਾ ਡੀ.ਜੀ.ਪੀ. ਮੁਹੰਮਦ ਮੁਸਤਫ਼ਾ ਤੇ ਸਾਬਕਾ ਕੈਬਨਿਟ ਮੰਤਰੀ ਮੈਡਮ ਰਜ਼ੀਆ ਸੁਲਤਾਨਾ ਦੇ ਪਰਵਾਰ ਵੱਲੋਂ ਆਪਣੇ ਮਰਹੂਮ ਬੇਟੇ ਆਕਿਲ ਅਖਤਰ ਦੀ ਯਾਦ ਵਿੱਚ ਹਲਕੇ ਦੇ ਵੱਡੇ ਪਿੰਡ ਹਥਨ ਦੇ ਲੋਕਾਂ ਲਈ ਐਮਰਜੈਂਸੀ ਵਿੱਚ ਸਿਹਤ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ ਇਕ ਐਂਬੂਲੈਂਸ ਦੇਣ ਦਾ ਵਾਅਦਾ ਕੀਤਾ ਗਿਆ ਸੀ, ਨੂੰ ਪੂਰਾ ਕਰਦੇ ਹੋਏ ਅੱਜ ਐਂਬੂਲੈਂਸ ਵੈਨ ਪਿੰਡ ਹਥਨ ਦੇ ਲੋਕਾਂ ਨੂੰ ਸੌਂਪ ਦਿੱਤੀ।ਪਿੰਡ ਵਿੱਚ ਹੋਏ ਇਕ ਸਮਾਗਮ ਦੌਰਾਨ ਮੁਹੰਮਦ ਮੁਸਤਫਾ, ਮੈਡਮ ਰਜੀਆ ਸੁਲਤਾਨਾ ਸਾਬਕਾ ਕੈਬਨਿਟ ਮੰਤਰੀ, ਬੀਬਾ ਨਿਸ਼ਾਤ ਅਖਤਰ ਜ਼ਿਲ੍ਹਾ ਪ੍ਰਧਾਨ ਕਾਂਗਰਸ ਕਮੇਟੀ ਮਾਲੇਰਕੋਟਲਾ, ਬੀਬਾ ਜੈਨਬ ਅਖਤਰ ਤੇ ਉਨ੍ਹਾਂ ਦੇ ਬੇਟੇ ਅਜਲਾਨ ਅਖਤਰ, ਬੇਟੀ ਸਾਰਾ ਅਖਤਰ ਨੇ ਐਂਬੂਲੈਂਸ ਵੈਨ ਦੀਆਂ ਚਾਬੀਆਂ ਪਿੰਡ ਦੇ ਮੋਹਤਬਰਾਂ ਨੂੰ ਸੌਂਪੀਆਂ। ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਮੁਹੰਮਫਾ ਮੁਸਤਫਾ ਨੇ ਕਿਹਾ ਕਿ ਪਿੰਡ ਹਥਨ ਦੇ ਲੋਕਾਂ ਦੀ ਚਿਰਾਂ ਤੋਂ ਇਹ ਮੰਗ ਸੀ ਕਿ ਪਿੰਡ ਅੰਦਰ ਇਕ ਐਂਬੂਲੈਂਸ ਦਾ ਪ੍ਰਬੰਧ ਹੋਣਾ ਚਾਹੀਦਾ ਹੈ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਮੌਕੇ ਮਰੀਜ਼ ਨੂੰ ਫੌਰੀ ਰਾਹਤ ਮਿਲ ਸਕੇ।ਲੋਕਾਂ ਦੀ ਇਸ ਮੰਗ ਨੂੰ ਪੂਰਾ ਕਰਦੇ ਹੋਏ 'ਮਾਲੇਰਕੋਟਲਾ ਹਾਊਸ' ਨੇ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ 31 ਮਾਰਚ ਤੋਂ ਪਹਿਲਾਂ ਪਹਿਲਾਂ ਉਨ੍ਹਾਂ ਨੂੰ ਇਕ ਐਂਬੂਲੈਂਸ ਵੈਨ ਮਹੁੱਈਆ ਕਰਵਾ ਦਿੱਤੀ ਜਾਵੇਗੀ ਤੇ ਬੀਤੇ ਦਿਨੀਂ ਆਪਣੇ ਕੀਤੇ ਗਏ ਵਾਅਦੇ ਨੂੰ ਪੂਰਾ ਕਰਦੇ ਹੋਏ ਅੱਜ ਐਂਬੂਲੈਂਸ ਪਿੰਡ ਦੇ ਲੋਕਾਂ ਨੂੰ ਸਪੁਰਦ ਕਰ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਸਪੁੱਤਰ ਮਰਹੂਮ ਆਕਿਲ ਅਖ਼ਤਰ ਦੀ ਯਾਦ ਵਿੱਚ ਇਸ ਦਾ ਨਾਮ 'ਆਕਿਲ ਐਂਬੂਲੈਂਸ ਸੇਵਾ' ਰੱਖਿਆ ਗਿਆ ਹੈ।ਉਨ੍ਹਾਂ ਕਿਹਾ ਕਿ ਇਸ ਵੈਨ ਦੇ ਰੱਖ ਰਖਾਅ ਲਈ ਇਕ 7 ਮੈਂਬਰੀ ਕਮੇਟੀ ਬਣਾਈ ਗਈ ਹੈ, ਜੋ ਇਸ ਦਾ ਸਾਰਾ ਪ੍ਰਬੰਧ ਦੇਖੇਗੀ। ਇਸ ਮੌਕੇ ਕਾਂਗਰਸ ਦੇ ਕਿਸਾਨ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸਿੰਘ ਭੂਦਨ, ਬਲਾਕ ਸੰਮਤੀ ਮੈਂਬਰ ਕੁਲਵਿੰਦਰ ਸਿੰਘ ਝੁਨੇਰ, ਸੁੱਖਾ ਧਾਲੀਵਾਲ ਦਸੌਂਧਾ ਸਿੰਘ ਵਾਲਾ, ਡਾ. ਬਲਦੀਪ ਸਿੰਘ, ਮੁੱਖ ਬੁਲਾਰਾ ਮੁਹੰਮਦ ਅਨਵਾਰ ਮਹਿਬੂਬ, ਮੇਜਰ ਸਿੰਘ ਬੁਰਜ, ਚਮਕੌਰ ਸਿੰਘ ਕਨਵੀਨਰ, ਗੁਰਬਾਜ ਸਿੰਘ, ਰਘਵੀਰ ਸਿੰਘ, ਮੁਹੰਮਦ ਕਾਸਿਮ, ਰਣਜੀਤ ਸਿੰਘ, ਸੁਖਪਾਲ ਕੌਰ, ਮਿੰਟੂ ਸਿੰਘ, ਦਰਬਾਰਾ ਸਿੰਘ ਪੀ ਏ ਆਦਿ ਹਾਜ਼ਰ ਸਨ।

## ਅਕਾਲੀ ਦਲ ਵੱਲੋਂ ਚੇਅਰਮੈਨ ਦੀ ਚੋਣ 'ਚ ਆਪ ਦੀ ਮਦਦ ਕਰਨ 'ਤੇ 2 ਮੈਂਬਰਾਂ ਨੂੰ ਕਾਰਨ ਦੱਸੋ ਨੋਟਿਸ



**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ, ਨਛੱਤਰ ਸੰਧੂ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਬਲਾਕ ਸੰਮਤੀ ਦੇ ਚੇਅਰਮੈਨ ਦੀ ਚੋਣ ਮੌਕੇ ਆਪ ਦੇ ਚੇਅਰਮੈਨ ਨੂੰ ਵੋਟ ਪਾਉਣ ਵਾਲੇ ਦੋ ਮੈਂਬਰਾਂ ਨੂੰ ਕਾਰਨ ਦੱਸੋ ਨੋਟਿਸ ਦਿੱਤਾ ਹੈ। ਇਸ ਸਬੰਧੀ ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਦਫ਼ਤਰ ਜਗਰਾਉਂ ਵਿਖੇ ਹਲਕਾ ਇੰਚਾਰਜ ਐੱਸ. ਆਰ. ਕਲੇਰ ਦੀ ਅਗਵਾਈ ਹੇਠ ਹੋਈ ਬੈਠਕ ਦੌਰਾਨ ਦੋ ਮੈਂਬਰਾਂ ਨੂੰ ਵਿਰੋਧੀ ਧਿਰ ਦੀ ਹਮਾਇਤ ਕਰਨ ਤੇ ਪਾਰਟੀ ਵਿਰੋਧੀ ਗਤੀਵਿਧੀਆਂ ਵਿੱਚ ਸ਼ਾਮਿਲ ਕਰਾਰ ਦਿੱਤਾ ਹੈ। ਇਸ ਮੌਕੇ ਐੱਸ. ਆਰ. ਕਲੇਰ ਨੇ ਆਖਿਆ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀਆਂ ਹਦਾਇਤਾਂ ਅਨੁਸਾਰ ਪਾਰਟੀ ਨਿਸ਼ਾਨ 'ਤੇ ਜਿੱਤੇ ਮੈਂਬਰਾਂ ਨੂੰ ਵਿਰੋਧੀ ਧਿਰਾਂ ਦੇ ਸਮਰਥਨ ਲਈ ਕੋਈ ਹਦਾਇਤ ਨਹੀਂ ਜਾਰੀ ਕੀਤੀ ਤੇ ਨਿਯਮਾਂ ਅਨੁਸਾਰ ਨਾ ਹੀ ਪਾਰਟੀ ਵੱਲੋਂ ਕਿਸੇ ਰਾਜਨੀਤਕ ਦਲ ਨਾਲ ਚੋਣ ਸਮਝੌਤਾ ਸੀ, ਪ੍ਰੰਤੂ ਦੋ ਮੈਂਬਰਾਂ ਨੇ ਅਨੁਸ਼ਾਸਨ ਭੰਗ ਕਰਕੇ ਪਾਰਟੀ ਨੂੰ ਢਾਅ ਲਾਈ ਹੈ। ਕਲੇਰ ਨੇ ਦੱਸਿਆ ਕਿ ਪਾਰਟੀ ਨਿਸ਼ਾਨ 'ਤੇ ਲੜੇ ਦੋ ਬਲਾਕ ਸੰਮਤੀ ਮੈਂਬਰਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਹੈ। ਕਲੇਰ ਨੇ ਆਖਿਆ ਕਿ ਜੇਕਰ 7 ਦਿਨਾਂ ਵਿੱਚ ਇਸ ਨੋਟਿਸ ਦਾ ਜਵਾਬ ਨਹੀਂ ਆਉਂਦਾ ਹੈ ਤਾਂ ਅਨੁਸ਼ਾਸਨ ਭੰਗ ਕਰਨ ਵਾਲੇ ਬਲਾਕ ਸੰਮਤੀ ਮੈਂਬਰਾਂ ਖਿਲਾਫ਼ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਸਾਬਕਾ ਸੀਨੀਅਰ ਮੀਤ ਪ੍ਰਧਾਨ ਨਗਰ ਕੌਂਸਲ ਦਵਿੰਦਰਜੀਤ ਸਿੰਘ ਸਿੱਧੂ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ, ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਵਿੰਡੀ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ ਤੇ ਸਰਕਲ ਪ੍ਰਧਾਨ ਚਰਨਜੀਤ ਸਿੰਘ ਆਦਿ ਨੇ ਅਨੁਸ਼ਾਸਨ ਭੰਗ ਕਰਨ ਵਾਲੇ ਦੋ ਮੈਂਬਰਾਂ ਖਿਲਾਫ਼ ਕਾਰਵਾਈ 'ਤੇ ਸਹਿਮਤੀ ਜਤਾਈ ਹੈ।

# ਫੁੱਟਬਾਲ ਮੁਕਾਬਲਿਆਂ 'ਚ ਅੱਵਲ ਰਹੀ ਖ਼ਾਲਸਾ ਕਾਲਜ ਦੀ ਟੀਮ ਦਾ ਸਨਮਾਨ



**ਗੜ੍ਹਸ਼ੰਕਰ (ਫੂਲਾ ਸਿੰਘ)-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਦੀ ਇੰਟਰ ਕਾਲਜ ਫੁੱਟਬਾਲ ਮੁਕਾਬਲਿਆਂ 'ਚ ਅਵੱਲ ਰਹੀ ਫੁੱਟਬਾਲ ਟੀਮ ਦਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਖੇਡ ਵਿਭਾਗ ਵਲੋਂ ਕਰਵਾਏ ਗਏ ਇਨਾਮ ਵੰਡ ਸਮਾਗਮ 'ਚ ਚੈਂਪੀਅਨ ਟਰਾਫ਼ੀ ਨਾਲ ਸਨਮਾਨ ਕੀਤਾ ਗਿਆ ਹੈ। ਚੈਂਪੀਅਨ ਟਰਾਫ਼ੀ ਲੈ ਕੇ ਕਾਲਜ ਪਹੁੰਚੀ ਟੀਮ ਦਾ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਦੀ ਅਗਵਾਈ ਹੇਠ ਸਟਾਫ਼ ਤੇ ਵਿਦਿਆਰਥੀਆਂ ਵਲੋਂ ਭਰਵਾਂ ਸਵਾਗਤ ਕੀਤਾ ਗਿਆ। ਗੁਰੂਸਰ ਸੁਧਾਰ ਵਿਖੇ ਹੋਏ ਪੰਜਾਬ ਯੂਨੀਵਰਸਿਟੀ ਇੰਟਰ ਕਾਲਜ ਫੁੱਟਬਾਲ ਮੁਕਾਬਲਿਆਂ ਵਿਚ ਕਾਲਜ ਦੀ ਟੀਮ ਨੇ ਕੋਚ ਹਰਦੀਪ ਸਿੰਘ ਗਿੱਲ ਦੀ ਅਗਵਾਈ ਹੇਠ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 'ਏ' ਡਵੀਜ਼ਨ ਦੇ ਕਾਲਜਾਂ ਨੂੰ ਪਛਾੜਦੇ ਹੋਏ ਗੋਲਡ ਮੈਡਲ ਜਿੱਤਿਆ ਸੀ। ਇਸੇ ਤਰ੍ਹਾਂ ਕਾਲਜ ਦੇ ਐੱਮ ਏ ਹਿਸਟਰੀ ਦੇ ਵਿਦਿਆਰਥੀ ਹਰਕੀਰਤ ਸਿੰਘ ਨੇ ਸ਼ਾਟ ਪੁੱਟ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਂਸੀ ਦਾ ਤਗਮਾ ਜਿੱਤਿਆ ਹੈ। ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਕੋਚ ਹਰਦੀਪ ਸਿੰਘ ਗਿੱਲ ਅਤੇ ਖਿਡਾਰੀਆਂ ਨੂੰ ਵਧਾਈ ਦਿੰਦੇ ਹੋਏ ਉਲੰਪੀਅਨ ਜਰਨੈਲ ਸਿੰਘ ਮੈਮੋਰੀਅਲ ਫੁੱਟਬਾਲ ਟੂਰਨਾਮੈਂਟ ਕਮੇਟੀ ਗੜ੍ਹਸ਼ੰਕਰ ਦੇ ਪ੍ਰਧਾਨ ਮੁਖਤਿਆਰ ਸਿੰਘ ਹੈਪੀ ਹੀਰ, ਡਾ. ਹਰਵਿੰਦਰ ਸਿੰਘ ਬਾਠ, ਯੋਗਰਾਜ ਗੰਭੀਰ ਤੇ ਹੋਰ ਮੈਂਬਰਾਂ ਦਾ ਸਹਿਯੋਗ ਲਈ ਧੰਨਵਾਦ ਕੀਤਾ।

# ਇਨੋਸੈਂਟ ਹਾਰਟਸ ਗਰੁੱਪ 'ਚ ਸਿੱਖਿਆ ਵਰਕਸ਼ਾਪ

**ਜਲੰਧਰ (ਸ਼ੈਲੀ ਐਲਬਰਟ)-** ਇਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਇੰਟਰਨਲ ਕਵਾਲਿਟੀ ਅਸ਼ੋਰੈਂਸ ਸੈੱਲ ਵੱਲੋਂ ਆਊਟਕਮ-ਅਧਾਰਿਤ ਸਿੱਖਿਆ ਸਿਖਲਾਈ, ਅਧਿਐਨ ਅਤੇ ਖੋਜ ਦਾ ਏਕੀਕਰਨ ਵਿਸ਼ੇ 'ਤੇ ਇੱਕ ਗਿਆਨਵਰਧਕ ਫੈਕਲਟੀ ਡਿਵੈਲਪਮੈਂਟ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਸੈਸ਼ਨ ਦਾ ਮੁੱਖ ਉਦੇਸ਼ ਅਕਾਦਮਿਕ ਗੁਣਵੱਤਾ ਨੂੰ ਵਧਾਉਣਾ ਅਤੇ ਅਧਿਆਪਕਾਂ ਵਿੱਚ ਖੋਜ-ਅਧਾਰਿਤ ਸਿਖਲਾਈ ਨੂੰ ਪ੍ਰੋਤਸਾਹਿਤ ਕਰਨਾ ਸੀ। ਵਰਕਸ਼ਾਪ ਵਿੱਚ ਪ੍ਰਸਿੱਧ ਵਿਦਵਾਨ ਅਤੇ ਵਿਸ਼ਵ ਪੱਧਰੀ ਹੋਸਪਿਟੈਲਿਟੀ ਵਿਸ਼ੇਸ਼ਗਿਆਨ ਡਾ. ਵਰਿੰਦਰ ਸਿੰਘ ਰਾਣਾ ਨੇ ਰਿਸੋਰਸ ਪਰਸਨ ਵਜੋਂ ਸ਼ਿਰਕਤ ਕੀਤੀ। ਆਪਣੇ ਵਿਸ਼ਾਲ ਅਕਾਦਮਿਕ ਅਤੇ ਉਦਯੋਗਕ ਅਨੁਭਵ ਦੇ ਆਧਾਰ 'ਤੇ ਉਨ੍ਹਾਂ ਨੇ ਆਧੁਨਿਕ ਸਿੱਖਿਆ ਪ੍ਰਣਾਲੀਆਂ, ਕਰਿਕੁਲਮ ਡਿਜ਼ਾਈਨ ਅਤੇ ਉੱਚ ਸਿੱਖਿਆ ਵਿੱਚ ਗੁਣਵੱਤਾ ਮਾਪਦੰਡਾਂ ਬਾਰੇ ਮਹੱਤਵਪੂਰਨ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਅਧਿਆਪਕਾਂ ਨੂੰ ਖੋਜ ਨੂੰ ਆਪਣੇ ਪੇਸ਼ਾਵਰ ਜੀਵਨ ਦਾ ਅਹਿਮ ਹਿੱਸਾ ਬਣਾਉਣ ਅਤੇ ਨਵਾਟ ਵਿੱਚ ਯੋਗਦਾਨ ਦੇਣ ਲਈ ਪ੍ਰੇਰਿਤ ਕੀਤਾ।ਸੈਸ਼ਨ ਦੌਰਾਨ ਅਧਿਆਪਕਾਂ ਨੂੰ ਉੱਚ ਪੱਧਰੀ ਸਿਖਲਾਈ ਵਿਧੀਆਂ ਨਾਲ ਜਾਣੂ ਕਰਵਾਇਆ ਗਿਆ, ਜਿਸ ਵਿੱਚ ਪੈਡਾਗੋਜੀ ਅਤੇ ਐਂਡਰਾਗੋਜੀ ਤੋਂ ਅੱਗੇ ਵਧਦਿਆਂ ਹਿਊਟਾਗੋਜੀ (ਸਵੈ-ਨਿਰਧਾਰਤ ਅਧਿਐਨ) 'ਤੇ ਖਾਸ ਧਿਆਨ ਦਿੱਤਾ ਗਿਆ। ਵਰਕਸ਼ਾਪ ਵਿੱਚ ਕੋਰਸ ਤਿਆਰ ਕਰਨਾ, ਲੈਸਨ ਪਲਾਨਿੰਗ ਅਤੇ ਬਲੂਮਜ਼ ਟੈਕਸਾਨੋਮੀ ਦੇ ਪ੍ਰਭਾਵਸ਼ਾਲੀ ਉਪਯੋਗ ਬਾਰੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ।ਇਸ ਵਰਕਸ਼ਾਪ ਦਾ ਇੱਕ ਮਹੱਤਵਪੂਰਣ ਹਿੱਸਾ ਸਿੱਖਿਆ ਵਿੱਚ ਗੁਣਵੱਤਾ ਅਸ਼ੋਰੈਂਸ ਨਾਲ ਸੰਬੰਧਿਤ ਸੀ, ਜਿਸ ਵਿੱਚ ਕੋਰਸ ਆਊਟਕਮਜ਼ ਤੇ ਪ੍ਰੋਗਰਾਮ ਆਊਟਕਮਜ਼ ਦੀ ਮੈਪਿੰਗ ਨੂੰ ਅੰਤਰਰਾਸ਼ਟਰੀ ਮਾਪਦੰਡਾਂ ਦੇ ਅਨੁਸਾਰ ਸਮਝਾਇਆ ਗਿਆ। ਸੈਸ਼ਨ ਦੀ ਇੰਟਰੈਕਟਿਵ ਪ੍ਰਕਿਰਤੀ ਨੇ ਹਾਜ਼ਰ ਅਧਿਆਪਕਾਂ ਨੂੰ ਵਿਆਹਾਰਿਕ ਗਿਆਨ ਅਤੇ ਸਪਸ਼ਟ ਸਮਝ ਪ੍ਰਦਾਨ ਕੀਤੀ।ਇਹ ਸੈਸ਼ਨ ਬਹੁਤ ਹੀ ਗਿਆਨਵਰਧਕ ਤੇ ਲਾਭਕਾਰੀ ਸਾਬਤ ਹੋਇਆ।

# ਸ਼੍ਰੋਮਣੀ ਅਕਾਲੀ ਦਲ ਵੱਲੋਂ ਨਵੇਂ ਚੁਣੇ ਅਹੁਦੇਦਾਰਾਂ ਦਾ ਸਨਮਾਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਸ਼੍ਰੋਮਣੀ ਅਕਾਲੀ ਦਲ ਸਰਕਲ ਬਾਗਪੁਰ ਦੀ ਇੱਕ ਅਹਿਮ ਮੀਟਿੰਗ ਸਰਕਲ ਪ੍ਰਧਾਨ ਭੁਪਿੰਦਰ ਸਿੰਘ ਮਹਿੰਦੀਪੁਰ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਹਲਕਾ ਇੰਚਾਰਜ ਸੰਦੀਪ ਸਿੰਘ ਸੀਕਰੀ ਨੇ ਸ਼ਿਰਕਤ ਕੀਤੀ। ਇਸ ਮੌਕੇ ਪਾਰਟੀ ਵਿੱਚ ਨਵੀਆਂ ਜ਼ਿੰਮੇਵਾਰੀਆਂ ਮਿਲਣ 'ਤੇ ਵੱਖ-ਵੱਖ ਆਗੂਆਂ ਦਾ ਨਿੱਘਾ ਸਨਮਾਨ ਕੀਤਾ ਗਿਆ। ਮੀਟਿੰਗ ਦੌਰਾਨ ਲਾਲੀ ਬਾਜਵਾ ਵਾਈਸ ਪ੍ਰਧਾਨ ਪੰਜਾਬ, ਸੰਜੀਵ ਤਲਵਾੜ ਹਲਕਾ ਹੁਸ਼ਿਆਰਪੁਰ ਇੰਚਾਰਜ, ਸ਼ਮਸ਼ੇਰ ਸਿੰਘ ਭਾਰਦਵਾਜ ਉਪ ਪ੍ਰਧਾਨ, ਆਰ ਟੀ ਆਈ ਸੈੱਲ (ਪੰਜਾਬ), ਸੂਰਜ ਸਿੰਘ ਜ਼ਿਲ੍ਹਾ ਪ੍ਰਧਾ ਆਰ ਟੀ ਆਈ ਸੈੱਲ ਨੂੰ ਉਨ੍ਹਾਂ ਦੀਆਂ ਨਵੀਆਂ ਨਿਯੁਕਤੀਆਂ ਲਈ ਮੁਬਾਰਕਬਾਦ ਦਿੱਤੀ ਤੇ ਸਨਮਾਨਤ ਕੀਤਾ।

ਇਸ ਮੌਕੇ ਲਾਲੀ ਬਾਜਵਾ ਅਤੇ ਸੰਜੀਵ ਤਲਵਾੜ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਾਰਟੀ ਨੇ ਮਿਹਨਤੀ ਵਰਕਰਾਂ ਨੂੰ ਮਾਣ ਬਖ਼ਸ਼ਿਆ ਹੈ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਕਿਹਾ ਕਿ ਸ਼ਮਸ਼ੇਰ ਭਾਰਦਵਾਜ ਤੇ ਸੂਰਜ ਸਿੰਘ ਆਰ ਟੀ ਆਈ ਵਿੰਗ ਦੇ ਮਾਧਿਅਮ ਨਾਲ ਪ੍ਰਸ਼ਾਸਨਿਕ ਕੰਮਾਂ ਵਿੱਚ ਪਾਰਦਰਸ਼ਤਾ ਲਿਆਉਣਗੇ ਅਤੇ ਆਮ



ਲੋਕਾਂ ਨੂੰ ਇਨਸਾਫ਼ ਦਿਵਾਉਣ ਲਈ ਦਿਨ-ਰਾਤ ਕੰਮ ਕਰਨਗੇ।ਹਲਕਾ ਇੰਚਾਰਜ ਸੰਦੀਪ ਸਿੰਘ ਸੀਕਰੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਲੋਕ ਹਿੱਤਾਂ ਲਈ ਪਹਿਰਾ ਦਿੰਦਾ ਆਇਆ ਹੈ ਅਤੇ ਨਵੀਂ ਟੀਮ ਦੇ ਗਠਨ ਨਾਲ ਹਲਕੇ ਵਿੱਚ ਪਾਰਟੀ ਹੋਰ ਮਜ਼ਬੂਤ ਹੋਵੇਗੀ। ਸਰਕਲ ਪ੍ਰਧਾਨ ਭੁਪਿੰਦਰ ਸਿੰਘ ਮਹਿੰਦੀਪੁਰ ਨੇ ਸਾਰੇ ਆਗੂਆਂ ਦਾ ਧੰਨਵਾਦ ਕੀਤਾ।ਇਸ ਮੌਕੇ ਨੰਬਰਦਾਰ ਤੀਰਥ ਸਿੰਘ ਸਤੌਰ, ਕਮਲਪ੍ਰੀਤ ਸਿੰਘ, ਜਸਵਿੰਦਰ ਸਿੰਘ ਜੱਸੀ, ਕੁਲਵਿੰਦਰ ਸਿੰਘ, ਐਡਵੋਕੇਟ ਸ਼ਮਸ਼ੇਰ ਸਿੰਘ ਭਾਰਦਵਾਜ, ਨਿਰਮਲ ਸਿੰਘ, ਅਮਰੀਕ ਸਿੰਘ, ਗੁਰਵਿੰਦਰ ਸਿੰਘ, ਬਲਜਿੰਦਰ ਸਿੰਘ ਪੰਚ, ਸ਼ੈਰੀ, ਰਮਨ, ਮਲਕੀਅਤ ਸਿੰਘ, ਅੰਕੁਸ਼, ਜੱਸੀ, ਧਰਮਵੀਰ ਸਿੰਘ, ਸੁਖਦੇਵ ਸਿੰਘ, ਮੰਗੀ ਕੱਕੋਂ, ਹਰਕਮਲ ਸਿੰਘ, ਜਸਪ੍ਰੀਤ ਸਿੰਘ, ਮਨਪ੍ਰੀਤ ਸਿੰਘ, ਹਰਮੀਤ ਸਿੰਘ,ਮਨੋਰ ਸਿੰਘ ਮਹਿੰਦੀਪੁਰ, ਤਰਲੋਚਨ ਸਿੰਘ, ਅਵਤਾਰ ਸਿੰਘ, ਵਾਲੀਆ ਆਦਿ ਪਾਰਟੀ ਦੇ ਹੋਰ ਵੀ ਕਈ ਸੀਨੀਅਰ ਆਗੂ ਅਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਖਾਦੀ ਬੋਰਡ ਨੇ 5027 ਨੌਜਵਾਨਾਂ ਨੂੰ ਰੋਜਗਾਰ ਮੁਹੱਈਆ ਕਰਵਾਇਆ

**ਚੰਡੀਗੜ੍ਹ (ਗੁਰਜੀਤ ਬਿੱਲਾ)-** ਪੰਜਾਬ ਖਾਦੀ ਅਤੇ ਗਰਾਮ ਉਦਯੋਗ ਬੋਰਡ ਦੇ ਚੇਅਰਮੈਨ ਗਗਨਦੀਪ ਸਿੰਘ ਕਾਕੂ ਆਹਲੂਵਾਲੀਆ ਨੇ ਚੰਡੀਗੜ੍ਹ ਸਥਿਤ ਬੋਰਡ ਦੇ ਦਫਤਰ ਵਿੱਚ ਪੰਜਾਬ ਖਾਦੀ ਅਤੇ ਗਰਾਮ ਉਦਯੋਗ ਬੋਰਡ ਦੀ ਵਿੱਤੀ ਸਾਲ 2025-26 ਦੀਆਂ ਪ੍ਰਾਪਤੀਆ ਅਤੇ ਯੋਜਨਾਵਾਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ। ਉਨ੍ਹਾਂ ਦੱਸਿਆ ਕਿ ਵਿੱਤੀ ਸਾਲ 2025-26 ਦੌਰਾਨ ਬੋਰਡ ਵੱਲੋ ਪੀ ਐੱਮ ਈ ਜੀ ਪੀ ਸਕੀਮ ਅਧੀਨ 457 ਇਕਾਈਆ ਸਥਾਪਤ ਕਰਕੇ 5027 ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਇਆ ਗਿਆ।ਉਹਨਾਂ ਕਿਹਾ ਕਿ ਬੋਰਡ ਦੀਆਂ ਯੋਜਨਾਵਾਂ ਸਦਕੇ ਪੇਂਡੂ ਅਰਥਵਿਵਸਥਾ ਨੂੰ ਮਜਬੂਤ ਕਰਨ ਦੇ ਨਾਲ ਨਾਲ ਬੇਰੋਜਗਾਰ ਨੌਜਵਾਨਾਂ ਨੂੰ ਸਵੈ-ਰੋਜਗਾਰ ਦੇ ਮੌਕੇ ਵੀ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਵਿੱਤੀ ਸਾਲ 2025-26 ਦੌਰਾਨ ਬੋਰਡ ਵੱਲੋ ਪੀ.ਐਮ.ਈ.ਜੀ.ਪੀ ਸਕੀਮ ਅਧੀਨ 457 ਇਕਾਈਆ ਸਥਾਪਤ ਕਰਕੇ 5027 ਨੌਜਵਾਨਾਂ ਨੂੰ ਰੋਜਗਾਰ ਮੁਹੱਈਆ ਕਰਵਾਇਆ ਗਿਆ।

# ਨਸ਼ੀਲੀਆਂ ਗੋਲੀਆਂ ਸਮੇਤ ਨੌਜਵਾਨ ਗ੍ਰਿਫ਼ਤਾਰ

**ਕਪੂਰਥਲਾ (ਮਨਜੀਤ ਮਾਨ)-** ਥਾਣਾ ਢਿਲਵਾ ਦੀ ਪੁਲਿਸ ਨੇ ਇੱਕ ਨੌਜਵਾਨ ਨੂੰ ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਢਿਲਵਾਂ ਥਾਣੇ ਦੇ ਇੰਚਾਰਜ ਦਲਵਿੰਦਰਬੀਰ ਸਿੰਘ ਨੇ ਦੱਸਿਆ ਕਿ ਜਦੋਂ ਏ ਐਸ ਆਈ ਕੁਲਦੀਪ ਸਿੰਘ ਤੇ ਪੁਲਸ ਪਾਰਟੀ ਸਮੇਤ ਪੁਰਾਣੇ ਬਿਆਸ ਪੁਲ ਦੇ ਨੇੜੇ ਗਸ਼ਤ ਕਰ ਰਹੇ ਸਨ, ਤਾਂ ਇੱਕ ਨੌਜਵਾਨ ਪੁਲ ਪਾਰ ਕਰਕੇ ਢਿਲਵਾਂ ਵੱਲ ਜਾ ਰਿਹਾ ਸੀ। ਪੁਲਸ ਨੂੰ ਦੇਖ ਕੇ ਉਸ ਨੇ ਆਪਣੇ ਪਜਾਮੇ ਦੀ ਜੇਬ ਵਿੱਚੋਂ ਇੱਕ ਲਿਫਾਫਾ ਕੱਢਿਆ, ਸੜਕ ਕਿਨਾਰੇ ਸੁੱਟ ਦਿੱਤਾ ਤੇ ਫਿਰ ਪਿੱਛੇ ਮੁੜ ਕੇ ਭੱਜ ਗਿਆ। ਸ਼ੱਕ ਹੋਣ 'ਤੇ, ਐੱਸ ਆਈ ਨੇ ਆਪਣੇ ਸਾਥੀ ਅਧਿਕਾਰੀਆਂ ਦੀ ਮਦਦ ਨਾਲ ਨੌਜਵਾਨ ਨੂੰ ਕਾਬੂ ਕਰ ਲਿਆ। ਉਸ ਦੁਆਰਾ ਸੁੱਟੇ ਗਏ ਲਿਫਾਫੇ ਦੀ ਤਲਾਸ਼ੀ ਲੈਣ 'ਤੇ 26 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਨੌਜਵਾਨ ਦੀ ਪਛਾਣ ਰਜਤ ਪੁੱਤਰ ਤੀਰਥ ਰਾਮ ਵਾਸੀ ਮੇਨ ਬਾਜ਼ਾਰ ਢਿਲਵਾਂ ਵਜੋਂ ਹੋਈ ਹੈ। ਉਸ ਵਿਰੁੱਧ ਢਿਲਵਾਂ ਥਾਣੇ ਵਿੱਚ ਮਾਮਲਾ ਦਰਜ ਕੀਤਾ ਗਿਆ ਹੈ ਤੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਪਿੰਡ ਦੇ ਛੱਪੜ 'ਚੋਂ ਮਿਲੀ ਲਾਪਤਾ ਨੌਜਵਾਨ ਦੀ ਲਾਸ਼

**ਕਿਸ਼ਨਗੜ੍ਹ (ਸੁਖਜੀਤ ਕੁਮਾਰ)-** ਪਿੰਡ ਕਰਾੜੀ ਦਾ ਨੌਜਵਾਨ ਨਰਿੰਦਰ ਸੁਰੀਲਾ (32) ਪੁੱਤਰ ਗੋਪਾਲ ਸੁਰੀਲਾ ਜੋ 31 ਮਾਰਚ ਨੂੰ ਸਵੇਰੇ ਆਪਣੇ ਘਰੋਂ ਕਿਤੇ ਬਾਹਰ ਗਿਆ ਗਿਆ ਸੀ, ਪ੍ਰੰਤੂ ਜਦ ਉਹ ਸਾਰਾ ਦਿਨ ਬੀਤਣ ਤੋਂ ਬਾਅਦ ਵਾਪਸ ਘਰ ਨਾ ਮੁੜਿਆ ਤਾਂ ਉਸ ਦੇ ਪਰਿਵਾਰਕ ਮੈਂਬਰਾਂ ਨੇ ਸਾਰੇ ਪਾਸੇ ਉਸ ਦੀ ਭਾਲ ਕੀਤੀ ਤੁਰੰਤ ਪਰੰਤੂ ਉਹ ਨਹੀਂ ਮਿਲਿਆ। ਦੂਸਰੇ ਦਿਨ ਪੁਲਿਸ ਚੌਕੀ ਕਿਸ਼ਨਗੜ੍ਹ ਵਿਖੇ ਉਸ ਦੇ ਲਾਪਤਾ ਦੀ ਸ਼ਿਕਾਇਤ ਦਰਜ ਕਰਾਈ ਸੀ। ਲਾਪਤਾ ਨੌਜਵਾਨ ਨਰਿੰਦਰ ਦੀਆਂ ਚੱਪਲਾਂ ਪਿੰਡ ਦੇ ਵਿਚਕਾਰ ਬਣੇ ਗੰਦੇ ਪਾਣੀ ਦੇ ਛੱਪੜ ਦੇ ਕੋਲ ਮਿਲੀਆਂ ਸਨ। ਘਰ ਵਾਲਿਆਂ ਨੂੰ ਸ਼ੱਕ ਸੀ ਕਿ ਨੌਜਵਾਨ ਛੱਪੜ ਵਿੱਚ ਡਿੱਗ ਗਿਆ ਹੈ। ਸ਼ਿਕਾਇਤ ਮਿਲਣ ਤੋਂ ਬਾਅਦ ਪੁਲਸ ਤੇ ਪ੍ਰਸ਼ਾਸਨ ਦੇ ਉੱਚ ਅਧਿਕਾਰੀ ਮੌਕੇ ਤੇ ਪਿੰਡ ਵਿੱਚ ਆ ਕੇ ਉਸ ਦੀ ਭਾਲ ਕਰਦੇ ਰਹੇ। ਪ੍ਰੰਤੂ ਪ੍ਰਸ਼ਾਸਨ ਦੇ ਹੱਥ ਪੱਲੇ ਵੀ ਕੁਝ ਨਹੀਂ ਲੱਗਾ। ਪਿੰਡ ਦੀ ਸਰਪੰਚ ਸਰੋਜ ਬਾਲਾ ਸਰਪੰਚ ਪਤੀ ਮੰਗਾ ਰਾਮ ਤੇ ਪੰਚਾਇਤ ਮੈਂਬਰਾਂ ਨੇ ਆਪਣੇ ਖਰਚੇ ਤੇ ਦੋ ਦਿਨ ਪਹਿਲਾਂ ਵੀ ਜੇ ਸੀ ਬੀ ਮਸ਼ੀਨ ਲੈ ਕੇ ਆਏ ਸੀ ਪਰ ਛੱਪੜ ਵਿੱਚੋਂ ਨੌਜਵਾਨ ਦੀ ਲਾਸ਼ ਨਹੀਂ ਮਿਲੀ। ਵੀਰਵਾਰ ਨੂੰ ਪੰਚਾਇਤ ਵੱਲੋਂ ਵੱਡੀ ਛੱਪੜ ਵਿੱਚ ਤੈਰਨ ਵਾਲੀ ਕਰੇਨ ਲਿਆਂਦੀ ਗਈ ਅਤੇ ਨੌਜਵਾਨ ਦੀ ਲਾਸ਼ ਪਿੰਡ ਦੇ ਹੀ ਛੱਪੜ ਵਿੱਚੋਂ ਮਿਲ ਗਈ। ਨੌਜਵਾਨ ਦੇ ਪਰਵਾਰਕ ਮੈਂਬਰਾਂ ਨੇ ਲਾਸ਼ ਬਿਆਸ ਪਿੰਡ ਸਥਿਤ ਅੱਡੇ ਤੇ ਰੱਖ ਕੇ ਸੜਕ ਜਾਮ ਕਰ ਦਿੱਤੀ ਜਿਸ ਕਾਰਨ ਆਵਾਜਾਈ ਪ੍ਰਭਾਵਿਤ ਹੋਈ ਅਤੇ ਲੋਕਾਂ ਨੂੰ ਖੱਜਲ ਖੁਆਰ ਹੋਣਾ ਪਿਆ। ਵਰਨਣ ਯੋਗ ਹੈ ਕਿ ਜੋ ਨੌਜਵਾਨ ਛੱਪੜ ਵਿੱਚ ਡਿੱਗ ਕੇ ਮਰਿਆ ਉਸ ਦੇ ਪਿਤਾ ਗੋਪਾਲ ਸੁਰੀਲਾ ਦੀ ਵੀ ਕਰੀਬ ਤਿੰਨ ਕੁ ਸਾਲ ਪਹਿਲਾਂ ਇਸ ਛੱਪੜ ਵਿੱਚ ਹੀ ਮੋਟਰਸਾਈਕਲ ਸਮੇਤ ਡਿੱਗ ਕੇ ਮੌਤ ਹੋ ਗਈ ਸੀ। ਪਰਵਾਰਕ ਮੈਂਬਰਾਂ ਦਾ ਪ੍ਰਸ਼ਾਸਨ ਵਿਰੁੱਧ ਗੁੱਸਾ ਸੀ ਕਿ ਪ੍ਰਸ਼ਾਸਨ ਪਿੰਡ ਦੇ ਵਿਚਕਾਰ ਬਣੇ ਇਸ ਛੱਪੜ ਨੂੰ ਪਿੰਡ ਵਿੱਚੋਂ ਬਾਹਰ ਨਹੀਂ ਬਣਾ ਰਹੀ। ਇਸ ਸਬੰਧੀ ਪਿੰਡ ਦੀ ਮੌਜੂਦਾ ਸਰਪੰਚ ਸਰੋਜ ਬਾਲਾ, ਸਰਪੰਚ ਪਤੀ ਮੰਗਾ ਰਾਮ ਨਾਲ ਗੱਲ ਕੀਤੀ ਤਾਂ ਉਹਨਾਂ ਨੇ ਦੱਸਿਆ ਕਿ ਪੰਚਾਇਤ ਵੱਲੋਂ ਮਤਾ ਪਾ ਕੇ ਦਿੱਤਾ ਗਿਆ ਹੈ ਕਿ ਛੱਪੜ ਨੂੰ



ਪੂਰ ਕੇ ਇਸ ਜਗ੍ਹਾ ਤੇ ਪਾਰਕ ਬਣਾਈ ਜਾਵੇ ਤੇ ਛੱਪੜ ਨੂੰ ਪਿੰਡ ਤੋਂ ਬਾਹਰ ਕੱਢਿਆ ਜਾਵੇ। ਉਹਨਾਂ ਦੱਸਿਆ ਕਿ ਛੱਪੜ ਨੂੰ ਪੂਰਨ ਤੇ ਪਿੰਡ ਤੋਂ ਬਾਹਰ ਲਿਜਾਣ ਲਈ ਸਰਕਾਰ ਵੱਲੋਂ 9 ਲੱਖ ਦੀ ਗ੍ਰਾਂਟ ਵੀ ਮਿਲੀ ਹੋਈ ਹੈ ਪਰ ਪਿੰਡ ਦੇ ਕੁਝ ਸ਼ਰਾਰਤੀ ਵਿਅਕਤੀ ਇਸ ਵਿੱਚ ਅੜਚਨ ਬਣ ਰਹੇ ਹਨ। ਧਰਨੇ ਦੇਣ ਲਈ ਬਸਪਾ ਆਗੂ ਤੇ ਹਲਕਾ ਇੰਚਾਰਜ ਬਸਪਾ ਆਦਮਪੁਰ ਬਲਵਿੰਦਰ ਸਿੰਘ ਪਹੁੰਚੇ। ਡੀ ਐੱਸ ਪੀ ਆਦਮਪੁਰ ਰਾਜੀਵ ਕੁਮਾਰ ਤੇ ਐੱਸ ਡੀ ਐੱਮ ਆਦਮਪੁਰ ਕੁਮਾਰ ਵਿਸ਼ਵਾਸ ਬੈਂਸ ਨੇ ਪਰਵਾਰਕ ਮੈਂਬਰਾਂ ਨੂੰ ਭਰੋਸਾ ਦਵਾਇਆ ਕਿ ਉਹਨਾਂ ਨੂੰ ਪੂਰਾ ਇਨਸਾਫ ਮਿਲੇਗਾ।

# ਮਨਦੀਪ ਸਿੰਘ ਲੇਖਾਕਾਰ ਦੇ ਸਨਮਾਨ 'ਚ ਸ਼ਾਨਦਾਰ ਵਿਦਾਇਗੀ ਪਾਰਟੀ

**ਸ਼ਾਹਕੋਟ (ਗਿਆਨ ਸੈਦਪੁਰੀ)-** ਉੱਪ ਜਿਲ੍ਹਾ ਮੰਡੀ ਅਫਸਰ ਪੰਜਾਬ ਮੰਡੀ ਬੋਰਡ ਜ਼ਿਲ੍ਹਾ ਜਲੰਧਰ ਤੇ ਸਕੱਤਰ ਮਾਰਕੀਟ ਕਮੇਟੀ ਸ਼ਾਹਕੋਟ (ਵਾਧੂ ਚਾਰਜ) ਦੀ ਅਗਵਾਈ ਵਿੱਚ ਮਨਦੀਪ ਸਿੰਘ



ਲੇਖਾਕਾਰ ਦੀ ਸੇਵਾ ਮੁਕਤੀ 'ਤੇ ਉਨ੍ਹਾਂ ਦੇ ਮਾਣ ਸਨਮਾਨ ਵਿੱਚ ਸ਼ਾਨਦਾਰ ਵਿਦਾਇਗੀ ਪਾਰਟੀ ਦਿੱਤੀ ਗਈ। ਮਾਰਕੀਟ ਕਮੇਟੀ ਮਹਿਤਪੁਰ ਵਿਖੇ ਕੀਤੇ ਗਏ ਸਮਾਗਮ ਵਿੱਚ ਮਾਰਕੀਟ ਕਮੇਟੀ ਸ਼ਾਹਕੋਟ ਤੇ ਲੋਹੀਆਂ ਖਾਸ ਦੇ ਸਟਾਫ ਮੈਂਬਰ, ਆੜ੍ਹਤੀ ਐਸੋਸੀਏਸ਼ਨ ਦੇ ਆਗੂ, ਮਨਦੀਪ ਸਿੰਘ ਲੇਖਾਕਾਰ ਦਾ ਪਰਿਵਾਰ ਅਤੇ ਹੋਰ ਪਤਵੰਤੇ ਸ਼ਾਮਿਲ ਸਨ। ਦਫਤਰ ਪਹੁੰਚਣ 'ਤੇ ਮਨਦੀਪ ਸਿੰਘ ਅਤੇ ਉਨ੍ਹਾਂ ਦੇ ਪਰਵਾਰ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਉਹਨਾਂ ਨੂੰ ਫੁੱਲਾਂ ਦੇ ਹਾਰਾਂ ਨਾਲ ਲੱਦ ਦਿੱਤਾ ਗਿਆ। ਉਨ੍ਹਾਂ ਨੂੰ ਤੋਹਫਿਆਂ ਨਾਲ ਵੀ ਨਿਵਾਜਿਆ ਗਿਆ।ਇਸ ਮੌਕੇ ਡਿਪਟੀ ਡੀ ਐਮ ਓ ਤਜਿੰਦਰ ਕੁਮਾਰ ਨੇ ਮਨਦੀਪ ਸਿੰਘ ਵੱਲੋਂ ਨਿਭਾਈਆਂ ਗਈਆਂ ਸੇਵਾਵਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ। ਉਨ੍ਹਾਂ ਦੇ ਅਗਲੇ ਪੜਾਅ ਲਈ ਸ਼ੁਭਕਾਮਨਾਵਾਂ ਦਾ ਇਜ਼ਹਾਰ ਕੀਤਾ। ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਬਲਵਿੰਦਰ ਸਿੰਘ, ਠੇਕੇਦਾਰ ਤਰਸੇਮ ਸਿੰਘ ਬਾਲੋਕੀ, ਕੁਲਦੀਪ ਸਿੰਘ ਸਿੱਧੂਪੁਰ ਅਤੇ ਜਸਵਿੰਦਰ ਸਿੰਘ ਸਰਪੰਚ ਮਾਲੋਵਾਲ ਨੇ ਵੀ ਸੰਬੋਧਨ ਕੀਤਾ।ਮਨਦੀਪ ਸਿੰਘ ਦੀ ਜੀਵਨ ਸਾਥਣ ਗੁਰਦੇਵ ਕੌਰ ਤੇ ਪੁੱਤਰ ਧੀਆਂ ਵੀ ਮੌਜੂਦ ਸਨ।ਮਨਦੀਪ ਸਿੰਘ ਨੇ ਮਾਰਕੀਟ ਕਮੇਟੀ ਵੱਲੋਂ ਕੀਤੇ ਮਾਣ ਸਨਮਾਨ ਲਈ ਡਿਪਟੀ ਡੀ ਐਮ ਓ ਤਜਿੰਦਰ ਕੁਮਾਰ ਅਤੇ ਸਮੁੱਚੇ ਸਟਾਫ ਦਾ ਧੰਨਵਾਦ ਕੀਤਾ।

# ਕੰਟੀਨ ਦੀ ਬੋਲੀ 15 ਨੂੰ

**ਜਲੰਧਰ (ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ)-** ਕਮਿਸ਼ਨਰ, ਜਲੰਧਰ ਮੰਡਲ, ਜਲੰਧਰ ਦੇ ਦਫ਼ਤਰ ਦੇ ਵਿੱਚ ਬਣੀ ਕੰਟੀਨ (ਕੇਵਲ ਇੱਕ ਕਮਰਾ) ਦੀ ਸਾਲ 2026-27 (ਮਹੀਨਾ ਅਪ੍ਰੈਲ 2026 ਤੋਂ ਮਾਰਚ 2027 ਤੱਕ) ਲਈ ਬੋਲੀ 15 ਅਪ੍ਰੈਲ ਨੂੰ ਕਮਿਸ਼ਨਰ ਜਲੰਧਰ ਡਵੀਜ਼ਨ ਦੀ ਅਦਾਲਤ ਕਮਰੇ ਦੇ ਬਾਹਰ ਬਾਅਦ ਦੁਪਹਿਰ 3 ਵਜੇ ਹੋਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਹਰ ਬੋਲੀ ਦੇਣ ਵਾਲੇ ਨੂੰ 1000 ਰੁਪਏ ਐਡਵਾਂਸ ਦਫ਼ਤਰ ਦੇ ਨਾਜ਼ਰ ਪਾਸ ਜਮ੍ਹਾ ਕਰਵਾਉਣੇ ਪੈਣਗੇ, ਜੋ ਬੋਲੀ ਦੇਣ ਉਪਰੰਤ ਵਾਪਸ ਕਰ ਦਿੱਤੇ ਜਾਣਗੇ। ਬੋਲੀ ਦੀਆਂ ਸ਼ਰਤਾਂ ਮੌਕੇ ਉਤੇ ਸੁਣਾਈਆਂ ਜਾਣਗੀਆਂ।

# ਭਾਜਪਾ ਦੇ ਦਫ਼ਤਰ 'ਤੇ ਗ੍ਰਨੇਡ ਹਮਲਾ ਕਾਇਰਤਾ ਭਰਿਆ ਕਦਮ : ਮਿੱਤਲ

**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)-** ਪੰਜਾਬ ਭਾਜਪਾ ਦੇ ਦਫ਼ਤਰ 'ਤੇ ਹੋਏ ਗ੍ਰਨੇਡ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਪੰਜਾਬ ਭਾਜਪਾ ਦੇ ਸਾਬਕਾ ਸਕੱਤਰ ਐਡਵੋਕੇਟ ਅਰਵਿੰਦ ਮਿੱਤਲ ਨੇ ਇਸ ਨੂੰ ਕਾਇਰਤਾ ਭਰਿਆ ਅਤੇ ਪੰਜਾਬ ਦੀ ਭਾਈਚਾਰਕ ਸਾਂਝ ਨੂੰ ਤੋੜਨ ਵਾਲਾ ਕਦਮ ਕਰਾਰ ਦਿੱਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਭਾਜਪਾ ਨਾ ਡਰੇਗੀ, ਨਾ ਝੁਕੇਗੀ ਅਤੇ ਨਾ ਹੀ ਰੁਕੇਗੀ।

ਉਨ੍ਹਾਂ ਦੱਸਿਆ ਕਿ ਅੱਤਵਾਦ ਦੇ ਸਮੇਂ ਦੌਰਾਨ ਵੀ ਭਾਜਪਾ ਨਾ ਡਰੀ ਸੀ, ਨਾ ਝੁਕੀ ਸੀ ਅਤੇ ਨਾ ਹੀ ਰੁਕੀ ਸੀ।ਉਨ੍ਹਾਂ ਨੇ ਕਿਹਾ ਕਿ ਬੀਤੇ ਦਿਨੀਂ ਹੁਸ਼ਿਆਰਪੁਰ ਵਿੱਚ ਡਾ. ਭੀਮ ਰਾਓ ਅੰਬੇਦਕਰ ਦੀ ਮੂਰਤੀ ਨੂੰ ਖੰਡਿਤ ਕਰਨ ਦੀ ਘਟਨਾ ਵੀ ਸਮਾਜ ਵਿੱਚ ਫੁੱਟ ਪਾਉਣ ਦੀ ਕੋਸ਼ਿਸ਼ ਹੈ।

# ਆਲ ਇੰਡੀਆ ਓਪਨ ਬਰਿੱਜ ਚੈਂਪੀਅਨਸ਼ਿਪ 10 ਤੋਂ 12 ਤੱਕ

**ਚੰਡੀਗੜ੍ਹ, (ਗੁਰਜੀਤ ਬਿੱਲਾ)-** ਪੰਜਾਬ ਬਰਿੱਜ ਐਸੋਸੀਏਸ਼ਨ ਵੱਲੋਂ 14ਵੀਂ ਸਟੀਲ ਸਟ੍ਰਿਪਸ ਆਲ ਇੰਡੀਆ ਓਪਨ ਬਰਿੱਜ ਚੈਂਪੀਅਨਸ਼ਿਪ ਦਾ ਐਲਾਨ ਕੀਤਾ ਗਿਆ ਹੈ, ਜੋ 10 ਤੋਂ 12 ਅਪ੍ਰੈਲ ਤੱਕ ਚੰਡੀਗੜ੍ਹ ਵਿੱਚ ਕਰਵਾਈ ਜਾਵੇਗੀ।ਇਹ ਐਲਾਨ ਵਾਈਸ ਚੇਅਰਮੈਨ ਵਿਸਵਾਜੀਤ ਖੰਨਾ, ਪ੍ਰਬੰਧਕੀ ਸਕੱਤਰ ਜੇ.ਐਸ. ਬਹਿਲ ਅਤੇ ਮੈਂਬਰ ਕੁਲਦੀਪ ਖੰਨਾ ਅਤੇ ਦੁਰਗੇਸ਼ ਮਿਸ਼ਰਾ ਵੀ ਹਾਜ਼ਰ ਸਨ।ਇਹ ਵੱਕਾਰੀ ਟੂਰਨਾਮੈਂਟ ਸ਼ੁਰੂ ਤੋਂ ਹੀ ਸਟੀਲ ਸਟ੍ਰਿਪਸ ਵੱਲੋਂ ਕਰਵਾਇਆ ਜਾ ਰਿਹਾ ਹੈ। ਇਸ ਸਮਾਰੋਹ ਦਾ ਉਦਘਾਟਨ ਬਰਿੱਜ ਫੈਡਰੇਸ਼ਨ ਆਫ਼ ਇੰਡੀਆ ਦੇ ਪ੍ਰਧਾਨ ਪ੍ਰਸਾਦ ਕੇਨੀ ਵੱਲੋਂ ਕੀਤਾ ਜਾਵੇਗਾ। ਲਖਨਪਾਲ ਨੇ ਦੱਸਿਆ ਕਿ ਇਸ ਚੈਂਪੀਅਨਸ਼ਿਪ ਵਿੱਚ ਲਗਭਗ 200



ਖਿਡਾਰੀ, ਜੋ 42 ਟੀਮਾਂ ਦੀ ਨੁਮਾਇੰਦਗੀ ਕਰਨਗੇ, ਦੇਸ਼ ਭਰ ਤੋਂ ਹਿੱਸਾ ਲੈਣਗੇ, ਜਿਨ੍ਹਾਂ ਵਿੱਚੋਂ 12 ਟੀਮਾਂ ਸਥਾਨਕ ਇਲਾਕੇ ਤੋਂ ਹਨ। ਇਸ ਚੈਂਪੀਅਨਸ਼ਿਪ ਵਿੱਚ ਉੱਚ ਦਰਜੇ ਦਾ ਮੁਕਾਬਲਾ ਦੇਖਣ ਨੂੰ ਮਿਲੇਗਾ, ਜਿਸ ਵਿੱਚ ਮਸ਼ਹੂਰ ਖਿਡਾਰੀ ਜਿਵੇਂ ਰਾਜੂ ਤੋਲਾਨੀ, ਬਿਸਵਾਦੀਪ ਰਾਏ, ਬਿਜੋਨ ਬੰਧੋਪਾਧਿਆਏ, ਦੇਬਾਸੀਸ਼ ਰਾਏ, ਟੀਸੀ ਪੰਤ, ਸੁਭਾਸ਼ ਗੁਪਤਾ ਪ੍ਰਮੁੱਖ ਹੋਣਗੇ। ਐਸੋਸੀਏਸ਼ਨ ਦੇ ਪ੍ਰਧਾਨ ਐਮੇਰਿਟਸ ਆਰ ਕੇ ਗਰਗ ਤੇ ਚੇਅਰਮੈਨ ਕੇ ਆਰ ਲਖਨਪਾਲ ਵੱਲੋਂ ਕੀਤਾ ਗਿਆ। ਉਨ੍ਹਾਂ ਨੇ ਭਾਰਤ ਵਿੱਚ ਬਰਿੱਜ ਖੇਡ ਦੀ ਵੱਧ ਰਹੀ ਲੋਕਪ੍ਰਿਯਤਾ ਉੱਤੇ ਰੌਸ਼ਨੀ ਪਾਈ ਤੇ ਵਿਸ਼ਵਾਸ ਜਤਾਇਆ ਕਿ ਇਹ ਚੈਂਪੀਅਨਸ਼ਿਪ ਦੇਸ਼ ਵਿੱਚ ਇਸ ਖੇਡ ਨੂੰ ਹੋਰ ਮਜ਼ਬੂਤ ਕਰੇਗੀ।ਨੈਸ਼ਨਲ ਚੈਂਪੀਅਨਸ਼ਿਪ ਦਾ ਐਲਾਨ ਅੱਜ ਪੰਜਾਬ ਬਰਿੱਜ ਐਸੋਸੀਏਸ਼ਨ ਦੀ ਮੀਟਿੰਗ ਵਿੱਚ ਹੋਇਆ। ਮੀਟਿੰਗ ਵਿੱਚ

# ਹਾਈ ਕੋਰਟ ਵੱਲੋਂ ਭੈਰੋਂ ਮਾਜਰਾ ਸਕੂਲ ਦੇ ਦਾਖਲਾ ਕਰਨ 'ਤੇ ਰੋਕ ਲਗਾਉਣ ਦੇ ਹੁਕਮ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੌਬੀ)-** ਹਾਈ ਕੋਰਟ ਵੱਲੋਂ ਸਾਹਿਬਜ਼ਾਦਾ ਜੁਝਾਰ ਸਿੰਘ ਅਕੈਡਮੀ, ਭੈਰੋਂ ਮਾਜਰਾ, ਤਹਿਸੀਲ ਚਮਕੌਰ ਸਾਹਿਬ ਨੂੰ ਸੈਸ਼ਨ 2026-27 ਦੇ ਦਾਖਲਾ ਕਰਨ ਤੇ ਰੋਕ ਲਗਾ ਦਿੱਤੀ ਗਈ ਹੈ। ਇਹ ਹੁਕਮ ਮਾਨਯੋਗ ਹਾਈਕੋਰਟ ਵੱਲੋਂ ਉਹਨਾਂ ਖਿਲਾਫ ਸੰਤ ਬਾਬਾ ਕਰਤਾਰ ਸਿੰਘ ਟਰੱਸਟ ਦੇ ਸੈਕਟਰੀ ਸ: ਗੁਰਮੁਖ ਸਿੰਘ ਵੱਲੋਂ ਕੀਤੇ ਗਏ ਕੇਸ ਵਿੱਚ 30-3- 2026 ਨੂੰ ਸੁਣਾਇਆ ਗਿਆ।



ਜ਼ਿਕਰਯੋਗ ਹੈ ਕਿ ਗੁਰਦੁਆਰਾ ਸ੍ਰੀ ਦਸ਼ਮੇਸ਼ਗੜ੍ਹ ਸਾਹਿਬ ਭੈਰੋਂ ਮਾਜਰਾ ਦੇ ਦੀਵਾਨ ਹਾਲ ਵਿੱਚ ਇਹ ਸਕੂਲ ਪਿਛਲੇ ਕਈ ਸਾਲਾਂ ਤੋਂ ਕੁਝ ਸ਼ਰਾਰਤੀ ਵਿਅਕਤੀਆਂ ਵੱਲੋਂ ਨਜਾਇਜ਼ ਤੌਰ ਤੇ ਚਲਾਇਆ ਜਾ ਰਿਹਾ ਹੈ। ਗੁਰਦੁਆਰਾ ਸ੍ਰੀ ਦਸ਼ਮੇਸ਼ਗੜ੍ਹ ਸਾਹਿਬ ਦੀ ਕਮੇਟੀ ਵੱਲੋਂ ਇਹਨਾਂ ਵਿਅਕਤੀਆਂ ਨੂੰ ਕਈ ਵਾਰ ਇਸ ਸਕੂਲ ਨੂੰ ਬੰਦ ਕਰਨ ਲਈ ਕਿਹਾ ਗਿਆ ਕਿਉਂਕਿ ਇਹ ਸਕੂਲ ਸਰਕਾਰ ਦੀਆਂ ਕੋਈ ਵੀ ਸ਼ਰਤਾਂ ਪੂਰੀਆਂ ਨਹੀਂ ਕਰਦਾ ਅਤੇ ਨਾ ਹੀ ਇਸ ਕੋਲ ਮਾਨਤਾ ਹੈ। ਇਸ ਸਬੰਧੀ ਗੁਰਦੁਆਰਾ ਸਾਹਿਬ ਦੀ ਕਮੇਟੀ ਦੇ ਪ੍ਰਧਾਨ ਬਾਬਾ ਸੁਖਪਾਲ ਸਿੰਘ ਅਤੇ ਸੈਕਟਰੀ ਸ: ਗੁਰਮੁੱਖ ਸਿੰਘ ਵੱਲੋਂ ਪ੍ਰਸ਼ਾਸਨ ਅਤੇ ਸਿੱਖਿਆ ਵਿਭਾਗ ਨੂੰ ਕਈ ਵਾਰ ਸ਼ਿਕਾਇਤ ਕੀਤੀ ਗਈ ਪਰੰਤੂ ਸਕੂਲ ਦੇ ਪ੍ਰਬੰਧਕਾਂ ਦੇ ਅਸਰ ਰਸੂਖ ਕਾਰਣ ਕਿਸੇ ਵੀ ਅਧਿਕਾਰੀ ਦੀ ਸਕੂਲ ਖਿਲਾਫ ਕਾਰਵਾਈ ਕਰਨ ਦੀ ਹਿੰਮਤ ਨਾ ਹੋਈ। ਅਖੀਰ ਵਿੱਚ ਗੁਰਦੁਆਰਾ ਕਮੇਟੀ ਵੱਲੋਂ ਇਲਾਕੇ ਦੇ ਬੱਚਿਆਂ ਦੇ ਭਵਿੱਖ ਨੂੰ ਵੇਖਦੇ ਹੋਏ ਮਾਨਯੋਗ ਹਾਈਕੋਰਟ ਵਿੱਚ ਰਿਟ ਪਾਈ ਗਈ। ਮਾਨਯੋਗ ਹਾਈਕੋਰਟ ਵੱਲੋਂ ਬੱਚਿਆਂ ਦੇ ਭਵਿੱਖ ਨੂੰ ਬਚਾਉਣ ਲਈ ਸਰਕਾਰ ਨੂੰ ਹਦਾਇਤ ਕੀਤੀ ਹੈ ਕਿ ਪੰਜਾਬ ਦੇ ਅਜਿਹੇ ਹਰ ਸਕੂਲ ਵਿੱਚ ਵੀ ਦਾਖਲਾ ਰੋਕਿਆ ਜਾਵੇ ਜਿਹੜੇ ਸਕੂਲ ਲੋੜੀਦੀਆਂ ਸ਼ਰਤਾਂ ਪੂਰੀਆਂ ਨਹੀਂ ਕਰਦੇ ਹਨ । ਜਦੋਂ ਸਕੂਲ ਦੇ ਪ੍ਰਬੰਧਕਾਂ ਨੂੰ ਫੋਨ ਕੀਤਾ ਗਿਆ ਕਿਸੇ ਨੇ ਵੀ ਫੋਨ ਨਹੀਂ ਚੁੱਕਿਆ। ਇਸ ਸਬੰਧੀ ਸ਼ਿਕਾਇਤ ਕਰਤਾ ਗੁਰਮੁਖ ਸਿੰਘ ਨਾਲ ਸੰਪਰਕ ਕੀਤਾ ਗਿਆ ਤਾਂ ਉਹਨਾਂ ਨੇ ਦੱਸਿਆ ਕਿ ਇਹ ਸਕੂਲ ਇਲਾਕੇ ਦੇ ਸੈਂਕੜੇ ਬੱਚਿਆਂ ਦੇ ਭਵਿੱਖ ਨਾਲ ਖਿਲਵਾੜ ਕਰ ਰਿਹਾ ਹੈ। ਉਹਨਾਂ ਨੇ ਕਿਹਾ ਕਿ ਉਹ ਇਸ ਕੇਸ ਵਿੱਚ ਮਾਨਯੋਗ ਹਾਈਕੋਰਟ ਦੇ ਫੈਸਲੇ ਦਾ ਸਵਾਗਤ ਕਰਦੇ ਹਨ। ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਸਕੂਲ ਦੇ ਪ੍ਰਬੰਧਕਾਂ ਦੇ ਝਾਂਸੇ ਵਿੱਚ ਨਾ ਆਉਣ ਅਤੇ ਉਹ ਆਪਣੇ ਬੱਚਿਆਂ ਦੇ ਸੁਰੱਖਿਤ ਭਵਿੱਖ ਲਈ ਮਾਨਤਾ ਪ੍ਰਾਪਤ ਸਕੂਲਾਂ ਵਿੱਚ ਬੱਚਿਆਂ ਦਾ ਦਾਖਲਾ ਕਰਵਾਉਣ।

# ਪੀ ਐੱਮ ਸ੍ਰੀ ਜਵਾਹਰ ਨਵੋਦਿਆ ਵਿਦਿਆਲਿਆ 'ਚ ਮਨਾਇਆ ਸਾਲਾਨਾ ਦਿਵਸ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਪੀ ਐਮ ਸ੍ਰੀ ਜਵਾਹਰ ਨਵੋਦਿਆ ਵਿਦਿਆਲਿਆ ਫਲਾਹੀ ਵਿਚ ਸਾਲਾਨਾ ਦਿਵਸ ਮਨਾਇਆ ਗਿਆ। ਡਾ. ਇਸ਼ਾਂਕ ਕੁਮਾਰ ਚੱਬੇਵਾਲ ਐੱਮ ਐੱਲ ਏ ਨੇ ਇਸ ਸਮਾਰੋਹ ਵਿਚ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰਿੰਸੀਪਲ ਰੰਜੂ ਦੁੱਗਲ ਨੇ ਮੁੱਖ ਮਹਿਮਾਨ ਤੇ ਮਾਪਿਆਂ ਦਾ ਸਵਾਗਤ ਕੀਤਾ। ਸਾਲਾਨਾ ਗਤੀਵਿਧੀਆਂ ਦੀ ਰਿਪੋਰਟ ਪੇਸ਼ ਕੀਤੀ ਜਿਸ ਵਿਚ ਵਿਦਿਆਰਥੀਆਂ ਦੀਆਂ ਪੜ੍ਹਾਈ, ਖੇਡਾਂ, ਐੱਨ ਸੀ ਸੀ, ਸਕਾਊਟ ਗਾਈਡ, ਸਹਿ ਸਿਖਿਆ ਗਤੀਵਿਧੀਆਂ, ਪੀ ਐਮ ਸ੍ਰੀ ਫੰਡ ਵਿੱਚ ਕਰਵਾਈਆਂ ਗਤੀਵਿਧੀਆਂ ਦਾ ਜ਼ਿਕਰ ਕਰਦਿਆਂ ਵਿਦਿਆਰਥੀਆਂ ਤੇ ਅਧਿਆਪਕਾਂ ਵੱਲੋਂ ਵੱਖ ਵੱਖ ਖੇਤਰਾਂ ਵਿਚ ਮਾਰੀਆਂ ਮੱਲਾਂ ਬਾਰੇ ਦੱਸਿਆ। ਮੁੱਖ ਮਹਿਮਾਨ ਨੇ ਵਿਦਿਆਰਥੀਆਂ ਨੂੰ ਸਿੱਖਿਆ ਦੀ ਮਹੱਤਤਾ, ਜੁੰਮੇਵਾਰੀ ਅਤੇ ਮਿਹਨਤ ਕਰਨ ਲਈ ਪ੍ਰੇਰਿਤ ਕਰਦਿਆਂ ਵਿਚਾਰ ਸਾਂਝੇ ਕੀਤੇ। ਸਖ਼ਤ ਮਿਹਨਤ ਨਾਲ ਜ਼ਿੰਦਗੀ ਦਾ ਮਨਚਾਹਿਆ ਮੁਕਾਮ ਹਾਸਲ ਕੀਤਾ ਜਾ ਸਕਦਾ ਹੈ।ਉਨ੍ਹਾਂ



ਵਿਦਿਆਰਥੀਆਂ ਨੂੰ ਮਨ ਲਗਾ ਕੇ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਵਿਦਿਆਲੇ ਦੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਬਾਰੇ ਜਾਣ ਕੇ ਮੁੱਖ ਮਹਿਮਾਨ ਨੇ ਖੁਸ਼ੀ ਜ਼ਾਹਿਰ ਕਰਦਿਆਂ ਖੁਦ ਐਮ ਡੀ ਡਿਗਰੀ ਲਈ ਪੜ੍ਹਾਈ ਕਰਦਿਆਂ ਐਮ ਐਲ ਦੀ ਚੋਣ ਜਿੱਤਣ ਅਤੇ ਫਿਰ ਪੜ੍ਹਾਈ ਪੂਰੀ ਕਰਕੇ ਆਪਣੀ ਕਾਮਯਾਬੀ ਬਾਰੇ ਵਿਦਿਆਰਥੀਆਂ ਨੂੰ ਜਦੋਂ ਦੱਸਿਆ ਤਾਂ ਪੰਡਾਲ ਤਾੜੀਆਂ ਨਾਲ ਗੂੰਜ ਉਠਿਆ। ਵਿਦਿਆਲਿਆ ਦੇ ਵਿਦਿਆਰਥੀਆਂ ਨੇ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ। ਸਟੇਜ ਦੀ ਕਾਰਵਾਈ ਸੁਰਿੰਦਰ ਕੁਮਾਰ ਅਤੇ ਰਜਿੰਦਰ ਸਿੰਘ ਗਿਆਨੀ ਨੇ ਬਾਖੂਬੀ ਨਿਭਾਈ। ਪਹਿਲੇ ਦੂਜੇ ਅਤੇ ਤੀਜੇ ਸਥਾਨ ਤੇ ਰਹਿਣ ਵਾਲੇ ਵਿਦਿਆਰਥੀਆਂ, ਖਿਡਾਰੀਆਂ ਨੂੰ ਇਨਾਮ ਦਿੱਤੇ ਗਏ। ਇਸ ਮੌਕੇ ਵੱਡੀ ਗਿਣਤੀ ਵਿਚ ਵਿਦਿਆਰਥੀਆਂ ਦੇ ਮਾਪੇ, ਡਾਕਟਰ ਜਸਪ੍ਰੀਤ ਕੌਰ, ਮ੍ਰਿਦੁਲਾ ਸ਼ਰਮਾ ਪ੍ਰਿੰਸੀਪਲ ਸ ਸ ਸ ਸ ਸਕੂਲ ਫਲਾਹੀ, ਲਖਬੀਰ ਕੌਰ ਸਰਪੰਚ ਫਲਾਹੀ, ਸੀਤਲ ਸਿੰਘ ਚੀਮਾ ਸਰਪੰਚ ਮਹਿਮੂਵਾਲ, ਵਿਦਿਆਰਥੀ ਅਤੇ ਅਧਿਆਪਕ ਹਾਜਰ ਸਨ। ਵਿਦਿਆਲਿਆ ਪਰਵਾਰ ਵਲੋਂ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨਾਂ ਨੂੰ ਯਾਦ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

# ਲੰਗਰ ਸੇਵਾ ਲਈ ਡੇਰਾ ਨਗਰ ਤੋਂ ਹਰਿਦੁਆਰ ਲਈ ਜਥਾ ਰਵਾਨਾ : ਸੰਤ ਪਰਮਜੀਤ ਦਾਸ



**ਹੁਸ਼ਿਆਰਪੁਰ (ਓ ਪੀ ਰਾਣਾ)-** ਸੰਤ ਪਰਮਜੀਤ ਦਾਸ ਨਗਰ ਵਾਲਿਆਂ ਦੀ ਅਗਵਾਈ ਹੇਠ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਦੀਆਂ ਸੰਗਤਾਂ ਲਈ ਲੰਗਰ ਸੇਵਾ ਵਾਸਤੇ ਸੰਗਤਾਂ ਦਾ ਜਥਾ ਡੇਰਾ ਸੰਤ ਮੇਲਾ ਰਾਮ ਨਗਰ ਤੋਂ ਰਵਾਨਾ ਹੋਇਆ,ਜਿਸ ਨੂੰ ਸੰਤ ਪਰਮਜੀਤ ਦਾਸ ਕੈਸ਼ੀਅਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਨੇ ਸਤਿਗੁਰੂ ਰਵਿਦਾਸ ਮਹਾਰਾਜ ਦੇ ਚਰਨਾਂ ਵਿੱਚ ਅਰਦਾਸ ਕਰਕੇ ਅਸ਼ੀਰਵਾਦ ਬਖਸ਼ਿਸ਼ ਕਰਕੇ ਰਵਾਨਾ ਕੀਤਾ। ਇਸ ਮੌਕੇ ਸੰਤ ਪਰਮਜੀਤ ਦਾਸ ਨੇ ਦੱਸਿਆ ਕਿ ਇਤਿਹਾਸਕ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਲਈ ਹਰਿਦੁਆਰ ਵਿਖੇ ਪਹੁੰਚ ਰਹੀਆਂ ਹਜ਼ਾਰਾਂ ਸੰਗਤਾਂ ਲਈ ਲੰਗਰ,ਚਾਹ ਪਾਣੀ, ਠੰਡੇ ਮਿੱਠੇ ਜਲ ਦੀ ਛਬੀਲ ਦਾ ਪ੍ਰਬੰਧ ਡੇਰਾ ਸੰਤ ਮੇਲਾ ਰਾਮ ਨਗਰ ਵਲੋਂ ਸੰਤ ਦਰਸ਼ਨ ਦਾਸ ਜੀ, ਸੰਤ ਭਗਵਾਨ ਦਾਸ ਜੀ ਦੇ ਮਹਾਨ ਅਸ਼ੀਰਵਾਦ ਸਦਕਾ ਕੀਤਾ ਜਾਂਦਾ ਹੈ । ਉਹਨਾਂ ਕਿਹਾ 3 ਅਪ੍ਰੈਲ ਦਿਨ ਸ਼ੁਕਰਵਾਰ ਨੂੰ ਦੁਪਿਹਰ 1 ਵਜੇ ਰੇਲਵੇ ਸਟੇਸ਼ਨ ਜਲੰਧਰ ਤੋਂ ਸੰਤ ਸਰਵਣ ਦਾਸ ਜੀ ਬੋਹਣ ਚੇਅਰਮੈਨ, ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੌੜੇ, ਜਨਰਲ ਸਕੱਤਰ ਸੰਤ ਇੰਦਰ ਦਾਸ ਸੇਖੇ ਅਤੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੀ ਅਗਵਾਈ ਹੇਠ ਯਾਤਰਾ ਸ਼ਾਨੋ ਸ਼ੌਕਤ ਨਾਲ ਆਰੰਭ ਹੋਵੇਗੀ।ਇਸ ਮੌਕੇ ਜੀਤ ਰਾਮ, ਜੈ ਰਾਮ, ਰਣਵੀਰ, ਗੁਰਦਿਆਲ, ਹੈਪੀ, ਬਲਦੇਵ, ਪ੍ਰਭਪ੍ਰੀਤ ਕੌਰ, ਇੰਦਰਪ੍ਰੀਤ ਕੌਰ, ਰਜਨੀ, ਜਸਵੀਰ ਕੌਰ, ਵਿੱਦਿਆ, ਸੁਨੀਤਾ, ਇੰਦਰਜੀਤ, ਜੀਤੋ, ਕ੍ਰਿਸ਼ਨਾ, ਬਬਲੀ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜਰ ਸਨ।

# ਰੇਲਵੇ ਲਾਈਨਾਂ 'ਤੇ ਓਵਰ ਬ੍ਰਿਜ ਬਣਾਉਣ ਦੀ ਮੰਗ

**ਫਿਲੌਰ, (ਨਿਰਮਲ)** ਫਿਲੌਰ, ਲੁਧਿਆਣਾ, ਅੱਪਰਾ, ਨਗਰ ,ਲਸਾੜਾ, ਮੌਰੋ ਅਤੇ ਹੋਰ ਨੇੜੇ ਪਿੰਡਾਂ ਦੇ ਵਸਨੀਕਾਂ ਮੋਹਤਬਰਾਂ ਪੰਚਾਂ, ਸਰਪੰਚਾਂ, ਲੰਬੜਦਾਰਾਂ, ਦੁਕਾਨਦਾਰਾਂ ਨੇ ਕੇਂਦਰ ਸਰਕਾਰ, ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਫਿਲੌਰ,ਨਵਾਂ ਸ਼ਹਿਰ,ਅੱਪਰਾ ਅਤੇ ਹੋਰਨਾਂ ਪਿੰਡਾਂ ਦੇ ਲੋਕਾਂ ਨੂੰ ਫਿਲੌਰ ਤੋਂ ਬਿਲਗਾ, ਮਾਊ ਸਾਹਿਬ, ਪ੍ਰਤਾਬਪੁਰਾ, ਨੂਰਮਹਿਲ ਅਤੇ ਨੇੜਲੇ ਪਿੰਡਾਂ ਨੂੰ ਆਉਣ ਜਾਣ ਲਈ ਫਿਲੌਰ ਵਿਖੇ ਰੇਲਵੇ ਲਾਈਨਾਂ ਉੱਪਰੋਂ ਓਵਰ ਬ੍ਰਿਜ ਬਣਾਇਆ ਜਾਵੇ ਤਾਂ ਜੋ ਲੋਕ ਆਸਾਨੀ ਨਾਲ ਉਧਰੋਂ ਆ ਜਾ ਸਕਣ। ਰੇਲ ਗੱਡੀਆਂ ਦੀ ਭਾਰੀ ਗਿਣਤੀ ਵਿੱਚ ਦਿਨ ਰਾਤ ਆਵਾਜਾਈ ਕਾਰਨ ਫਿਲੌਰ ਦੇ ਇਹ ਫਾਟਕ ਬਹੁਤ ਸਮਾਂ ਬੰਦ ਰਹਿਣ ਕਾਰਨ ਰੇਲਵੇ ਲਾਈਨ ਤੋਂ ਨੂਰਮਹਿਲ, ਨਕੋਦਰ ਆਦਿ ਨੂੰ ਜਾਣ ਆਉਣ ਵਾਲੇ ਲੋਕਾਂ ਨੂੰ ਭਾਰੀ ਮੁਸ਼ਕਿਲ ਦਾ ਸਾਹਮਣਾ ਕਰਨਾ ਪੈਂਦਾ ਹੈ, ਲੋਕ ਪਰੇਸ਼ਾਨ ਹੁੰਦੇ ਹਨ ਤੇ ਆਵਾਜਾਈ ਵਿੱਚ ਵੀ ਵਿਘਨ ਪੈਂਦਾ ਹੈ। ਕੇਂਦਰੀ ਰੇਲ ਮੰਤਰੀ ਤੇ ਹੋਰ ਉੱਚ ਅਧਿਕਾਰੀਆਂ ਤੋਂ ਮੰਗ ਹੈ ਕਿ ਇਲਾਕਾ ਨਿਵਾਸੀਆਂ ਦੀ ਇਸ ਮੰਗ ਨੂੰ ਫੌਰੀ ਤੌਰ ਤੇ ਮਨਜ਼ੂਰ ਕਰਕੇ ਓਵਰ ਬ੍ਰਿਜ ਬਣਾਇਆ ਜਾਵੇ।

# ਪੰਜਾਬ ਸਰਕਾਰ ਨੇ ਆਪਣੇ ਚਾਰ ਸਾਲਾਂ ਦੇ ਕਾਰਜਕਾਲ 'ਚ ਮਿਸਾਲੀ ਕਾਰਜ ਕੀਤੇ : ਮੋਹਿੰਦਰ ਭਗਤ

**ਜਲੰਧਰ (ਸੁਰਿੰਦਰ ਕੁਮਾਰ)-** ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ 'ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ



ਨਾਲ' ਮੁਹਿੰਮ ਤਹਿਤ ਵਾਰਡ ਨੰ. 62 ਵਿਖੇ ਲੋਕਾਂ ਨਾਲ ਸਿੱਧੇ ਸੰਵਾਦ ਦੌਰਾਨ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਆਪਣੇ ਚਾਰ ਸਾਲਾਂ ਦੇ ਕਾਰਜਕਾਲ ਵਿੱਚ ਮਿਸਾਲੀ ਕਾਰਜ ਕਰ ਕੇ ਦਿਖਾਏ ਹਨ।ਕੈਬਨਿਟ ਮੰਤਰੀ ਨੇ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਾਨ ਸਰਕਾਰ ਨੇ ਸੂਬੇ ਨੂੰ ਵਿਕਾਸ ਦੀਆਂ ਬੁਲੰਦੀਆਂ 'ਤੇ ਲਿਜਾਣ ਅਤੇ ਸੂਬਾ ਵਾਸੀਆਂ ਦੀ ਭਲਾਈ ਲਈ ਇਨ੍ਹਾਂ ਚਾਰ ਸਾਲਾਂ ਵਿੱਚ ਇਤਿਹਾਸਕ ਫੈਸਲੇ ਲਏ ਹਨ, ਜਿਸ ਕਰਕੇ ਪੰਜਾਬ ਦੇ ਲੋਕ ਸੂਬਾ ਸਰਕਾਰ ਦੇ ਇਮਾਨਦਾਰ, ਪਾਰਦਰਸ਼ੀ ਅਤੇ ਲੋਕ-ਪੱਖੀ ਸ਼ਾਸਨ ਤੋਂ ਬਹੁਤ ਖੁਸ਼ ਹਨ। ਇਸ ਮੌਕੇ ਮੇਅਰ ਵਿਨੀਤ ਧੀਰ ਵੀ ਮੌਜੂਦ ਸਨ।ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਭਗਤ ਨੇ ਕਿਹਾ ਕਿ ਮਾਨ ਸਰਕਾਰ ਨੇ ਸਿਹਤ ਖੇਤਰ ਨੂੰ ਮਜ਼ਬੂਤ ਕੀਤਾ। ਆਮ ਆਦਮੀ ਕਲੀਨਿਕਾਂ ਰਾਹੀਂ ਜਿਥੇ ਮਿਆਰੀ ਸਿਹਤ ਸੇਵਾਵਾਂ ਜਨਤਾ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਉਥੇ ਸੂਬੇ ਦੇ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੇ ਨਕਦੀ ਰਹਿਤ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਵੀ ਵੱਡੇ ਸੁਧਾਰ ਕੀਤੇ ਗਏ ਹਨ, ਕਰੋੜਾਂ ਰੁਪਏ ਖਰਚ ਕੇ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕੀਤੀ ਗਈ ਹੈ। ਮੇਅਰ ਵਿਨੀਤ ਧੀਰ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਵਿਕਾਸ ਪੱਖੋਂ ਸ਼ਹਿਰਾਂ ਦੀ ਨੁਹਾਰ ਬਦਲੀ ਗਈ ਹੈ। ਉਨ੍ਹਾਂ ਕਿਹਾ ਨਗਰ ਨਿਗਮ ਜਲੰਧਰ ਵਲੋਂ ਵੱਡੇ ਪੱਧਰ 'ਤੇ ਹੋਰ ਵਿਕਾਸ ਕਾਰਜ ਸ਼ੁਰੂ ਕੀਤੇ ਜਾ ਰਹੇ ਹਨ ਅਤੇ ਵਿਕਾਸ ਦਾ ਇਹ ਸਿਲਸਿਲਾ ਇਸੇ ਤਰ੍ਹਾਂ ਜਾਰੀ ਰਹੇਗਾ।

# ਕਾਮਰੇਡ ਕਰਤਾਰ ਸਿੰਘ ਦੀ ਯਾਦ 'ਚ ਝੁਲਾਇਆ ਲਾਲ ਝੰਡਾ



**ਫਿਲੌਰ (ਹਰਜਿੰਦਰ ਕੌਰ ਚਾਹਲ)-** ਇਥੋਂ ਦੇ ਜਨਰਲ ਹਸਪਤਾਲ ਨੂੰ ਆਪਣੀ ਜ਼ਮੀਨ ਦਾਨ 'ਚ ਦੇਣ ਵਾਲੇ ਕਾਮਰੇਡ ਕਰਤਾਰ ਸਿੰਘ ਦੀ ਯਾਦ 'ਚ ਅੱਜ ਲਾਲ ਝੰਡਾ ਝੁਲਾਇਆ ਗਿਆ। ਝੰਡਾ ਝੁਲਾਉਣ ਦੀ ਰਸਮ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਟਰਸਟੀ ਕੁਲਬੀਰ ਸਿੰਘ ਸੰਘੇੜਾ ਅਤੇ ਪ੍ਰੋ. ਜਸਵਿੰਦਰ ਸਿੰਘ ਨੇ ਅਦਾ ਕੀਤੀ। ਇਸ ਮੌਕੇ ਆਰ ਐੱਮ ਪੀ ਆਈ ਦੇ ਸੂਬਾ ਕਮੇਟੀ ਮੈਂਬਰ ਸੰਤੋਖ ਸਿੰਘ ਬਿਲਗਾ ਨੇ ਕਿਹਾ ਕਿ ਕਾਮਰੇਡ ਕਰਤਾਰ ਸਿੰਘ ਨੇ ਲੋਕਾਂ ਨੂੰ ਸਸਤੇ ਭਾਅ 'ਤੇ ਇਲਾਜ ਦੇਣ ਲਈ ਜ਼ਮੀਨ ਦਾਨ 'ਚ ਦਿੱਤੀ ਸੀ। ਇਹ ਹਸਪਤਾਲ ਕਰੀਬ ਸਾਢੇ ਪੰਜ ਖੇਤਾਂ 'ਚ ਉਸਾਰਿਆ ਗਿਆ ਹੈ ਜਿਸ ਨੂੰ ਵਿਦੇਸ਼ਾਂ 'ਚੋਂ ਆਈ ਮਦਦ ਨਾਲ ਚਲਾਇਆ ਜਾ ਰਿਹਾ ਹੈ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੰਤੋਖ ਸਿੰਘ ਸੰਧੂ, ਸੀ ਪੀ ਆਈ (ਐੱਮ) ਦੇ ਸੂਬਾ ਆਗੂ ਪ੍ਰਸ਼ੋਤਮ ਬਿਲਗਾ, ਆਰ ਐੱਮ ਪੀ ਆਈ ਦੇ ਸੂਬਾ ਸਕੱਤਰੇਤ ਮੈਂਬਰ ਡਾ. ਸਰਬਜੀਤ ਮੁਠੱਡਾ, ਪੇਂਡੂ ਮਜ਼ਦੂਰ ਯੂਨੀਅਨ ਦੇ ਹੰਸ ਰਾਜ ਪੱਬਵਾ ਤੋਂ ਇਲਾਵਾ ਬਲਬੀਰ ਬੀਰੀ, ਮਾ. ਕੁਲਦੀਪ ਵਾਲੀਆ, ਸੋਢੀ ਰਾਮ, ਸਰਬਜੀਤ ਸੰਗੋਵਾਲ, ਬੇਅੰਤ ਔਜਲਾ, ਕੁਲਵੰਤ ਖਹਿਰਾ, ਜੀਤ ਸਿੰਘ ਸੈਦੋਵਾਲ, ਰਾਮ ਔਜਲਾ, ਅਵਤਾਰ ਸਿੰਘ ਸੰਧੂ ਅਤੇ ਹਸਪਤਾਲ ਦੇ ਪ੍ਰਬੰਧਕ ਸੰਦੀਪ ਭਾਰਦਵਾਜ, ਰਜਿੰਦਰ ਕੁਮਾਰ, ਚਰਨਜੀਤ ਭੱਟੀ ਤੇ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।

# ਕੈਬਨਿਟ ਮੰਤਰੀ ਵੱਲੋਂ ਨਸ਼ਾ ਵਿਰੋਧੀ ਕਾਰਵਾਈ ਤੇਜ਼ ਕਰਨ ਦੇ ਨਿਰਦੇਸ਼

**ਜਲੰਧਰ (ਸੁਰਿੰਦਰ ਕੁਮਾਰ)-** ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਪੁਲਿਸ ਅਧਿਕਾਰੀਆਂ ਨੂੰ 'ਯੁੱਧ ਨਸ਼ਿਆਂ ਵਿਰੁੱਧ' ਪਹਿਲਕਦਮੀ ਤਹਿਤ ਜ਼ਿਲ੍ਹੇ ਵਿੱਚ ਨਸ਼ਿਆਂ ਵਿਰੁੱਧ ਕਾਰਵਾਈ ਨੂੰ ਹੋਰ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ।ਸੀਨੀਅਰ ਪੁਲਿਸ ਅਧਿਕਾਰੀਆਂ ਅਤੇ ਸ਼ਹਿਰ ਦੇ ਨਗਰ ਕੌਂਸਲਰਾਂ ਨਾਲ ਮੀਟਿੰਗ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਨਸ਼ਿਆਂ ਖਿਲਾਫ਼ ਮੁਹਿੰਮ ਦੇ ਸ਼ਾਨਦਾਰ ਨਤੀਜੇ ਸਾਹਮਣੇ ਆਏ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਬਹੁ-ਪੱਖੀ ਰਣਨੀਤੀ ਅਪਨਾਈ ਹੈ। ਭਗਤ ਨੇ ਕਿਹਾ ਕਿ ਰਣਨੀਤੀ ਵਿੱਚ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਦੇ ਨਾਲ-ਨਾਲ ਨਸ਼ਿਆਂ ਦੀ ਲਤ ਤੋਂ ਪ੍ਰਭਾਵਿਤ ਨੌਜਵਾਨਾਂ ਦਾ ਢੁੱਕਵਾਂ ਮੁੜ ਵਸੇਬਾ ਯਕੀਨੀ ਬਣਾਉਣਾ ਵੀ ਸ਼ਾਮਲ ਹੈ। ਉਨ੍ਹਾਂ ਅੱਗੇ ਕਿਹਾ ਕਿ ਪੁਲਿਸ ਨੇ ਵੱਡੇ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਸਪਲਾਈ ਲਾਈਨ ਤੋੜ ਦਿੱਤੀ ਹੈ, ਜਦਕਿ ਨਸ਼ਿਆਂ ਦੇ ਆਦੀ ਵਿਅਕਤੀਆਂ ਦੇ ਇਲਾਜ ਅਤੇ ਰਿਕਵਰੀ ਨੂੰ ਯਕੀਨੀ ਬਣਾਉਣ ਲਈ ਵੀ ਢੁੱਕਵੇਂ ਉਪਾਅ ਕੀਤੇ ਗਏ ਹਨ।ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਨਸ਼ਿਆਂ ਵਿਰੁੱਧ ਫੈਸਲਾਕੁੰਨ ਕਾਰਵਾਈ ਦੇ ਹਿੱਸੇ ਵਜੋਂ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਦੇ ਸੰਦੇਸ਼ ਨਾਲ ਜਨਤਾ ਤੱਕ ਪਹੁੰਚਣ ਲਈ ਵਿਲੇਜ ਅਤੇ ਵਾਰਡ ਡਿਫੈਂਸ ਕਮੇਟੀਆਂ ਵੀ ਬਣਾਈਆਂ ਗਈਆਂ ਹਨ।

# ਖ਼ੂਨਦਾਨ ਕੈਂਪ ਸੰਪੰਨ, 101 ਯੂਨਿਟ ਖ਼ੂਨ ਇਕੱਤਰ



**ਡੇਰਾਬੱਸੀ (ਵਿਨੇ ਕੁਮਾਰ ਜੈਨ)-** ਮਨੁੱਖਤਾ ਦੀ ਸੇਵਾ ਅਤੇ ਸਮਾਜਿਕ ਜ਼ਿੰਮੇਵਾਰੀ ਨੂੰ ਮੁੱਖ ਰੱਖਦਿਆਂ, ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼, ਡੇਰਾਬੱਸੀ ਵੱਲੋਂ ਭਾਰਤ ਵਿਕਾਸ ਪਰੀਸ਼ਦ (ਵਿਵੇਕਾਨੰਦ ਸ਼ਾਖਾ) ਅਤੇ ਰੋਟਰੀ ਕਲੱਬ ਚੰਡੀਗੜ੍ਹ ਦੇ ਸਹਿਯੋਗ ਨਾਲ ਲੌਂਗੋਵਾਲ ਪੋਲਿਟੈਕਨਿਕ ਅਤੇ ਫਾਰਮੇਸੀ ਕਾਲਜ ਵਿਖੇ 15ਵਾਂ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਇਹ ਕੈਂਪ ਸੰਸਥਾ ਦੇ ਸੰਸਥਾਪਕ ਚੇਅਰਮੈਨ ਸਵਰਗਵਾਸੀ ਬੀ ਬੀ ਕਟਿਆਲ ਦੀ ਨਿੱਘੀ ਯਾਦ ਨੂੰ ਸਮਰਪਿਤ ਸੀ। ਕੈਂਪ ਦੌਰਾਨ ਨੌਜਵਾਨਾਂ ਅਤੇ ਸਟਾਫ਼ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ, ਜਿੱਥੇ ਕੁੱਲ 203 ਰਜਿਸਟ੍ਰੇਸ਼ਨਾਂ ਹੋਈਆਂ ਅਤੇ 101 ਵਾਲੰਟੀਅਰਾਂ ਨੇ ਸਵੈ-ਇੱਛਾ ਨਾਲ ਖ਼ੂਨਦਾਨ ਕਰਕੇ ਇਸ ਨੇਕ ਕਾਰਜ ਵਿੱਚ ਹਿੱਸਾ ਪਾਇਆ।ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਪਹੁੰਚੇ ਅਮਿਤ ਗੁਪਤਾ ਐੱਸ ਡੀ ਐੱਮ ਡੇਰਾਬੱਸੀ ਨੇ ਰਿਬਨ ਕੱਟ ਕੇ ਕੈਂਪ ਦੀ ਸ਼ੁਰੂਆਤ ਕੀਤੀ।ਐੱਲ ਜੀ ਸੀ ਦੀ ਚੇਅਰਪਰਸਨ ਕਾਂਤਾ ਕਟਿਆਲ ਨੇ ਸਮੂਹ ਮਹਿਮਾਨਾਂ ਦਾ ਸਵਾਗਤ ਕੀਤਾ।

ਇਸ ਮੌਕੇ ਵਾਈਸ ਚੇਅਰਮੈਨ ਡਾ. ਕਪਿਲ ਕਟਿਆਲ ਅਤੇ ਐਡਮਿਸ਼ਨ ਡਾਇਰੈਕਟਰ ਡਾ. ਵਿਨੋਦ ਕਟਿਆਲ ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ ਕੇਵਲ ਵਿਦਿਅਕ ਖੇਤਰ ਵਿੱਚ ਹੀ ਨਹੀਂ, ਸਗੋਂ ਮਨੁੱਖੀ ਕਦਰਾਂ-ਕੀਮਤਾਂ ਦੀ ਰਾਖੀ ਲਈ ਵੀ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਸਵਰਗਵਾਸੀ ਬੀ ਬੀ ਕਟਿਆਲ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਇਹ ਕੈਂਪ ਹਰ ਸਾਲ ਲਗਾਇਆ ਜਾਂਦਾ ਹੈ ਤਾਂ ਜੋ ਲੋੜਵੰਦਾਂ ਦੀ ਮਦਦ ਕੀਤੀ ਜਾ ਸਕੇ।ਕੈਂਪ ਦੇ ਅਖੀਰ ਵਿੱਚ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

# ਅਧਿਆਪਕ ਜਥੇਬੰਦੀਆਂ ਵੱਲੋਂ ਸਿੱਖਿਆ ਮੰਤਰੀ ਦੇ ਪੁਤਲੇ ਫੂਕਣ ਦਾ ਫੈਸਲਾ

**ਜਲੰਧਰ (ਰਾਜੇਸ਼ ਥਾਪਾ)-** ਸਾਂਝਾ ਅਧਿਆਪਕ ਮੋਰਚਾ ਪੰਜਾਬ ਤੇ ਅਧਿਆਪਕ ਜਥੇਬੰਦੀਆਂ ਪੰਜਾਬ ਦੀ ਵਰਚੁਅਲ ਮੀਟਿੰਗ ਸੁਰਿੰਦਰ ਕੁਮਾਰ ਪੁਆਰੀ ਦੀ ਪ੍ਰਧਾਨਗੀ ਹੇਠ ਹੋਈ।ਜਿਸ ਵਿੱਚ ਸੁਖਵਿੰਦਰ ਸਿੰਘ ਚਾਹਲ, ਵਿਕਰਮ ਦੇਵ ਸਿੰਘ, ਸੁਰਿੰਦਰ ਕੰਬੋਜ, ਦਿਗਵਿਜੇ ਪਾਲ ਸ਼ਰਮਾ, ਬਾਜ ਸਿੰਘ ਖਹਿਰਾ, ਕ੍ਰਿਸ਼ਨ ਸਿੰਘ ਦੁੱਗਾਂ, ਹਰਵਿੰਦਰ ਸਿੰਘ ਬਿਲਗਾ, ਰਵਿੰਦਰਜੀਤ ਸਿੰਘ ਪੰਨੂ, ਪ੍ਰਗਟਜੀਤ ਸਿੰਘ ਕਿਸ਼ਨਪੁਰਾ, ਸੁਖਜਿੰਦਰ ਸਿੰਘ ਹਰੀਕਾ, ਹਰਭਜਨ ਸਿੰਘ, ਗੁਰਿੰਦਰ ਸਿੰਘ ਸਿੱਧੂ, ਪਤਵੰਤ ਸਿੰਘ, ਗੁਰਬਿੰਦਰ ਸਿੰਘ ਸਸਕੌਰ, ਰੇਸ਼ਮ ਸਿੰਘ, ਨਵਪ੍ਰੀਤ ਸਿੰਘ ਬੱਲੀ, ਮਹਿੰਦਰ ਸਿੰਘ ਕੌੜਿਆਂਵਾਲੀ, ਕੁਲਵਿੰਦਰ ਸਿੰਘ, ਰਮਨ ਕੁਮਾਰ, ਪਰਵਿੰਦਰ ਭਾਰਤੀ, ਐਨ ਡੀ ਤਿਵਾੜੀ ਆਦਿ ਹਾਜ਼ਰ ਸਨ। ਜੱਥੇਬੰਦੀਆਂ ਵਲੋਂ 6-7 ਅਪ੍ਰੈਲ ਨੂੰ ਜ਼ਿਲ੍ਹਾ ਪੱਧਰ 'ਤੇ ਸਿੱਖਿਆ ਮੰਤਰੀ ਦੇ ਪੁਤਲੇ ਫੂਕਣ ਦਾ ਫੈਸਲਾ ਕੀਤਾ ਗਿਆ।ਇਹ ਜਾਣਕਾਰੀ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ, ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸਿੰਘ ਖਾਨਪੁਰ, ਜਨਰਲ ਸਕੱਤਰ ਜਿੰਦਰ ਪਾਇਲਟ, ਐਡੀਸ਼ਨਲ ਜਨਰਲ ਸਕੱਤਰ ਬਾਜ ਸਿੰਘ ਭੁੱਲਰ, ਵਿੱਤ ਸਕੱਤਰ ਨਵੀਨ ਸੱਚਦੇਵਾ, ਮੀਡੀਆ ਸਕੱਤਰ ਗੁਰਪ੍ਰੀਤ ਸਿੰਘ ਮਾੜੀ ਮੇਘਾ ਤੇ ਪ੍ਰੈੱਸ ਸਕੱਤਰ ਟਹਿਲ ਸਿੰਘ ਸਰਾਭਾ ਵੱਲੋਂ ਪ੍ਰੈਸ ਬਿਆਨ ਜਾਰੀ ਕਰਦਿਆਂ ਦਿੱਤੀ ਗਈ। ਉਹਨਾਂ ਨੇ ਕਿਹਾ ਕਿ ਅਧਿਆਪਕ ਜਥੇਬੰਦੀਆਂ ਨਾਲ ਸਿੱਖਿਆ ਮੰਤਰੀ ਪੰਜਾਬ ਵਲੋਂ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਟੈੱਟ ਸਬੰਧੀ ਪੰਜਾਬ ਵਿਧਾਨ ਸਭਾ ਵਿੱਚ ਬਿੱਲ ਲਿਆਉਣ ਅਤੇ ਸੁਪਰੀਮ ਕੋਰਟ ਵਿੱਚ ਰੀਵਿਊ ਪਟੀਸ਼ਨ ਦਰਜ ਕਰਨ ਦਾ ਵਾਅਦਾ ਕੀਤਾ ਗਿਆ ਸੀ।ਪਰ ਸਿੱਖਿਆ ਮੰਤਰੀ ਵਲੋਂ ਵਿਧਾਨ ਸਭਾ ਵਿੱਚ ਟੈੱਟ ਸਬੰਧੀ ਕੋਈ ਚਰਚਾ ਨਾ ਕਰਨ ਦੀ ਨਿਖੇਧੀ ਕੀਤੀ।ਅਧਿਆਪਕ ਜੱਥੇਬੰਦੀਆਂ ਵੱਲੋਂ 6-7 ਅਪ੍ਰੈਲ ਨੂੰ ਜ਼ਿਲ੍ਹਾ ਪੱਧਰ 'ਤੇ ਸਿੱਖਿਆ ਮੰਤਰੀ ਦੇ ਪੁਤਲੇ ਫੂਕਣ ਦਾ ਫੈਸਲਾ ਕੀਤਾ ਗਿਆ।



# ਪਰਮਜੀਤ ਕੌਰ ਭੋਗਲ ਨੂੰ ਅੰਤਮ ਅੰਰਦਾਸ ਮੌਕੇ ਸ਼ਰਧਾਂਜਲੀ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)-** ਕਾਂਗਰਸ ਮਹਿਲਾ ਮੰਡਲ ਦੀ ਸਾਬਕਾ ਪ੍ਰਧਾਨ ਪਰਮਜੀਤ ਕੌਰ ਭੋਗਲ ਦੀ ਅੰਤਿਮ ਅਰਦਾਸ ਤੇ ਸੱਤਵੀਂ ਪਾਤਸ਼ਾਹੀ ਸ੍ਰੀ ਗੁਰੂ ਗੁਰਦੁਆਰਾ ਸਾਹਿਬ ਨੂਰਮਹਿਲ ਵਿਖੇ ਰੱਖੇ ਪਾਠ ਦੇ ਭੋਗ ਪਾਏ ਗਏ।ਵੈਰਾਗਮਈ ਕੀਰਤਨ ਕੀਤਾ ਗਿਆ। ਵਿਛੜੀ ਰੂਹ ਨੂੰ ਸ਼ਰਧਾਂਜਲੀ ਦਿੰਦਿਆਂ ਕਾਂਗਰਸ ਪਾਰਟੀ ਦੇ ਰਾਜਪਾਲ ਸਿੰਘ ਅਟਵਾਲ ਫਿਲੌਰ, ਰਜਿੰਦਰ ਸਿੰਘ ਰਾਣਾ ਰੰਧਾਵਾ ਨੇ ਕਿਹਾ ਕਿ ਇਹ ਪਰਵਾਰ ਉਸ ਸਮੇਂ ਪਾਰਟੀ ਨਾਲ ਡੱਟ ਕੇ ਖੜ੍ਹੇ ਸਨ ਜਦੋਂ ਪੰਜਾਬ ਦੇ ਹਾਲਤ ਚੰਗੇ ਨਹੀਂ ਸੀ ਤੇ ਅੱਜ ਤੱਕ ਵੀ ਇਹ ਪਰਵਾਰ ਪਾਰਟੀ ਦੀ ਸੇਵਾ ਕਰਦਾ ਆ ਰਿਹਾ ਹੈ। ਅਸੀਂ ਵਾਹਿਗੁਰੂ ਅੱਗੇ ਅਰਦਾਸ ਕਰਦੇ ਹਾਂ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਦੇਵੇ। ਇਸ ਮੌਕੇ ਸਵ: ਪਰਮਜੀਤ ਕੌਰ ਭੋਗਲ ਦੇ ਪ੍ਰੀਵਾਰ ਨਰਿੰਦਰ ਸਿੰਘ ਭੋਗਲ, ਬੇਟਾ ਪ੍ਰਿੰਸ ਭੋਗਲ, ਬੇਟੀ ਸੋਨੀਆ ਭੋਗਲ ਤੋਂ ਇਲਾਵਾ, ਪ੍ਰੇਮ ਚੰਦ ਬੱਤਰਾ, ਚੇਅਰਮੈਨ ਮਾਰਕੀਟ ਕਮੇਟੀ ਨਕੋਦਰ ਤੋਂ ਕਰਨੈਲ ਰਾਮ ਬਾਲੂ, ਸਾਬਕਾ ਕੌਂਸਲਰ ਰਾਜ ਕੁਮਾਰ ਸਹੋਤਾ, ਸਾਬਕਾ ਕੌਂਸਲਰ ਵਿਨੋਦ ਕੁਮਾਰ ਜੱਸਲ, ਮਿੰਟਾਂ ਕਲੇਰ, ਨਵਤੇਜ ਸਿੰਘ ਚੌਧਰੀ ਬਿਲਗਾ, ਗੌਤਮ ਸ਼ਰਮਾ, ਕੁਲਵੰਤ ਸਹਿਜਲ,ਸੰਜੇ ਖੋਸਲਾ ਉਰਫ ਰਿੰਕੀ, ਜਤਿੰਦਰ ਨਈਅਰ ,ਗੌਰਵ ਸ਼ਰਮਾ,ਰਮਨ ਕੁਮਾਰ, ਨਰੇਸ਼ ਤਿਵਾੜੀ, ਦਿਨਕਰ ਸੰਧੂ, ਜਸਵਿੰਦਰ ਸਿੰਘ, ਅਤੇ ਪੱਤਰਕਾਰ ਭਾਈਚਾਰਾ ਨੇ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ। ਇਥੇ ਇਹ ਵੀ ਦੱਸਣਯੋਗ ਹੈ ਕਿ ਭੋਗਲ ਪਰਵਾਰ ਵਲੋਂ ਪਾਰਟੀ ਦੀ ਸੇਵਾ ਕਰਨ ਦੇ ਬਾਵਜੂਦ ਵੀ ਲੋਕਲ ਪਾਰਟੀ ਵਲੋਂ ਕੋਈ ਵੀ ਪਰਮਜੀਤ ਕੌਰ ਭੋਗਲ ਦੀ ਅੰਤਿਮ ਅਰਦਾਸ ਮੌਕੇ ਸ਼ਰਧਾਂਜਲੀ ਦੇਣ ਨਹੀਂ ਆਇਆ।



# ਟਰੇਡ ਯੂਨੀਅਨਾਂ, ਮੁਲਾਜ਼ਮ ਤੇ ਕਿਸਾਨ ਜਥੇਬੰਦੀਆਂ ਨੇ ਮਨਾਇਆ ਕਾਲਾ ਦਿਵਸ



**ਬੰਗਾ (ਅਵਤਾਰ ਕਲੇਰ)**
ਟਰੇਡ ਯੂਨੀਅਨਾਂ, ਕਿਸਾਨ ਜਥੇਬੰਦੀਆਂ,ਖੇਤ ਮਜ਼ਦੂਰ ਜਥੇਬੰਦੀਆਂ, ਮੁਲਾਜ਼ਮ ਅਤੇ ਪੈਨਸ਼ਨਰਜ਼ ਯੂਨੀਅਨਾਂ ਵੱਲੋਂ ਚਾਰ ਲੇਬਰ ਕੋਡ,ਬਿਜਲੀ ਬਿੱਲ 2025, ਜੀ ਰਾਮਜੀ ਕਾਨੂੰਨ, ਅਤੇ ਨਿੱਜੀਕਰਨ ਦੇ ਵਿਰੋਧ ਵਿੱਚ ਨਵਾਂਸ਼ਹਿਰ ਵਿਖੇ ਕਾਲਾ ਦਿਵਸ ਮਨਾਇਆ ਗਿਆ।ਇਸ ਮੌਕੇ ਸਥਾਨਕ ਬੱਸ ਅੱਡੇ ਤੇ ਕੀਤੀ ਗਈ ਰੈਲੀ ਨੂੰ ਸੰਬੋਧਨ ਕਰਦਿਆਂ ਸੀਟੂ ਦੇ ਸੂਬਾ ਜਨਰਲ ਸਕੱਤਰ ਮਹਾਂ ਸਿੰਘ ਰੌੜੀ,ਪ੍ਰੇਮ ਕੁਮਾਰ ਰੱਕੜ ,ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਸੂਬਾ ਸਕੱਤਰ ਅਵਤਾਰ ਸਿੰਘ ਤਾਰੀ, ਏਟਕ ਦੇ ਆਗੂ ਹਸਮਤ ਅਲੀ, ਪੈਨਸ਼ਨਰਜ਼ ਯੂਨੀਅਨ ਦੇ ਆਗੂ ਕੁਲਵਿੰਦਰ ਸਿੰਘ ਅਟਵਾਲ, ਵਿਜੇ ਕੁਮਾਰ, ਕੁਲਦੀਪ ਸਿੰਘ ਦੌੜਕਾ, ਸੁਰਿੰਦਰ ਸਿੰਘ ਭੱਟੀ,ਕੁਲ ਹਿੰਦ ਖੇਤ ਮਜ਼ਦੂਰ ਸਭਾ ਦੇ ਆਗੂ ਨਿਰੰਜਣ ਦਾਸ ਮੇਹਲੀ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਭੁਪਿੰਦਰ ਸਿੰਘ ਵੜੈਚ,ਆਂਗਣਵਾੜੀ ਵਰਕਰ ਯੂਨੀਅਨ ਦੇ ਆਗੂ ਲਖਵਿੰਦਰ ਕੌਰ, ਬੀ ਕੇ ਯੂ ਰਾਜੇਵਾਲ ਦੇ ਆਗੂ ਕੁਲਵਿੰਦਰ ਸਿੰਘ ਸਰਪੰਚ ,ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਤੇ ਦੇਸ਼ੀ ਵਿਦੇਸ਼ੀ ਸਰਮਾਏਦਾਰਾਂ ਨੂੰ ਖੁਸ਼ ਕਰਨ ਲਈ ਮਜ਼ਦੂਰਾਂ ਤੋਂ ਯੂਨੀਅਨ ਬਣਾਉਣ ਤੇ ਸੰਘਰਸ਼ ਕਰਨ ਵਰਗੇ ਬੁਨਿਆਦੀ ਹੱਕ ਖੋਹਣ ਲਈ ਕੇਂਦਰ ਸਰਕਾਰ ਮਜ਼ਦੂਰ ਪੱਖੀ 29 ਲੇਬਰ ਕਾਨੂੰਨਾਂ ਨੂੰ ਖ਼ਤਮ ਕਰਕੇ 4 ਲੇਬਰ ਕੋਡ ਲਾਗੂ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਇਹ ਕੋਡ ਲਾਗੂ ਹੋਣ ਨਾਲ ਮਜ਼ਦੂਰਾਂ ਕੋਲ ਆਪਣੇ ਅਧਿਕਾਰਾਂ ਨੂੰ ਸੁਰੱਖਿਅਤ ਕਰਨ ਅਤੇ ਪ੍ਰਾਪਤ ਕਰਨ ਲਈ ਯੂਨੀਅਨ ਬਣਾਉਣ ਅਤੇ ਸੰਘਰਸ਼ ਕਰਨ ਦਾ ਜਮਹੂਰੀ ਅਧਿਕਾਰ ਖ਼ਤਮ ਹੋ ਜਾਵੇਗਾ। ਇਸ ਮੌਕੇ ਕਮਲਜੀਤ ਸਨਾਵਾ, ਆਸ਼ਾ ਵਰਕਰ ਯੂਨੀਅਨ ਦੇ ਆਗੂ ਸ਼ਕੁੰਤਲਾ ਸਰੋਏ,ਇਫਟੂ ਦੇ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਰੱਕੜ,ਸੀਟੂ ਦੇ ਆਗੂ ਜਸਵੰਤ ਸਿੰਘ ਸੈਣੀ, ਬਲਜੀਤ ਕੌਰ, ਕੁਲ ਹਿੰਦ ਕਿਸਾਨ ਸਭਾ ਦੇ ਜੁਝਾਰ ਸਿੰਘ, ਕੁਲਦੀਪ ਸੁੱਜੋਂ,ਜਗਤਾਰ ਸਿੰਘ ਪੁੰਨੂਮਜਾਰਾ, ਪਨਬਸ ਦੇ ਆਗੂ ਨਰਿੰਦਰ ਪੰਡੋਰੀ,ਅਸ਼ਵਨੀ ਕੁਮਾਰ ਨੇ ਵੀ ਸੰਬੋਧਨ ਕੀਤਾ।

# ਕਣਕ ਦੀ ਖਰੀਦ ਦੇ ਪੁਖਤਾ ਪ੍ਰਬੰਧ ਕੀਤੇ ਗਏ : ਬਰਸਟ

**ਮੋਹਾਲੀ (ਗੁਰਜੀਤ ਬਿੱਲਾ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਹਾੜੀ ਸੀਜਨ 2026-27 ਦੌਰਾਨ ਕਣਕ ਦੀ ਖਰੀਦ ਤੇ ਵੇਚ ਲਈ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਨਾ ਆਉਣ ਦੀ ਗੱਲ ਤੇ ਜੋਰ ਦਿੰਦਿਆਂ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਭਰ ਦੀਆਂ ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਦੀ ਸਹੂਲਤਾਂ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ। ਹਾੜੀ ਸੀਜਨ 2026-27 ਦੀ ਸ਼ੁਰੂਆਤ 1 ਅਪ੍ਰੈਲ ਤੋਂ ਹੋ ਗਈ ਹੈ। ਇਸ ਦੇ ਲਈ ਮੰਡੀਆਂ ਅਤੇ ਖਰੀਦ ਕੇਂਦਰਾਂ ਵਿੱਚ ਸਾਫ਼-ਸਫਾਈ, ਬਿਜਲੀ, ਪੀਣ ਯੋਗ ਪਾਣੀ, ਬਾਥਰੂਮਾਂ, ਛਾਂ ਆਦਿ ਦੇ ਪੁਖਤਾ ਪ੍ਰਬੰਧ ਕੀਤੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਵੱਲੋਂ ਕਣਕ ਦੀ ਸਰਕਾਰੀ ਖਰੀਦ ਕਰਵਾਉਣ ਲਈ ਕੁੱਲ 1896 ਮੰਡੀਆਂ ਨੋਟੀਫਾਈ ਕੀਤੀਆਂ ਗਈਆਂ ਹਨ। ਇਸਦੇ ਨਾਲ ਹੀ ਸੀਜਨ ਦੌਰਾਨ ਫਸਲ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਹੋਇਆ ਆਰਜੀ ਖਰੀਦ ਕੇਂਦਰ ਘੋਸ਼ਿਤ ਕਰਨ ਦੀ ਪ੍ਰਕਿਰਿਆ ਵੀ ਚੱਲ ਰਹੀ ਹੈ, ਜਿਸਦੇ ਤਹਿਤ ਹੁਣ ਤੱਕ 266 ਆਰਜੀ ਮੰਡੀਆਂ ਐਲਾਨ ਕੀਤੀਆਂ ਜਾ ਚੁੱਕੀਆਂ ਹਨ।

# ਮੁਹੱਲਾ ਸੰਤੋਖਪੁਰਾ ਦੇ ਵਸਨੀਕਾਂ ਲਈ ਰਸਤੇ ਦੀ ਮੰਗ ਨੂੰ ਲੈ ਕੇ ਦਿੱਤਾ ਮੰਗ ਪੱਤਰ

**ਫਿਲੌਰ (ਨਿਰਮਲ)**- ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਅਤੇ ਦਿਹਾਤੀ ਮਜ਼ਦੂਰ ਸਭਾ ਵਲੋਂ ਸਥਾਨਕ ਮੁਹੱਲਾ ਸੰਤੋਖਪੁਰਾ ਦੇ ਵਸਨੀਕਾਂ ਲਈ ਰਸਤੇ ਦੀ ਮੰਗ ਨੂੰ ਲੈ ਕੇ ਇੱਕ ਮੰਗ ਪੱਤਰ ਦਿੱਤਾ ਗਿਆ। ਇਹ ਮੁਹੱਲਾ ਇਥੋਂ ਜਲੰਧਰ ਅਤੇ ਲੋਹੀਆ ਨੂੰ ਜਾਣ ਵਾਲੀਆਂ ਰੇਲਵੇ ਲਾਈਨਾਂ ਦੇ ਵਿਚਕਾਰ ਵਸਿਆ ਹੋਇਆ ਹੈ। ਦੋਨੋਂ ਰੇਲਵੇ ਲਾਈਨਾਂ ਦੇ ਵਿਚਕਾਰ ਅਬਾਦੀ ਹੋਣ ਕਾਰਨ ਚਾਰ ਪਹੀਆਂ ਵਾਹਨ ਤਾਂ ਆਉਣਾ ਜਾਣਾ ਇੱਕ ਪਾਸੇ ਮੋਟਰਸਾਈਕਲ ਵੀ ਰੇਲਵੇ ਲਾਈਨਾਂ ਤੋਂ ਚੁੱਕ ਕੇ ਹੀ ਪਾਰ ਕਰਵਾਉਣਾ ਪੈਂਦਾ ਹੈ। ਇਸ ਨਾਲ ਖਾਸ ਕਰ ਮਰੀਜ਼ਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਆਗੂਆਂ ਮੱਖਣ ਸੰਗਰਾਮੀ, ਐਡਵੋਕੇਟ ਬਲਦੇਵ ਸਾਹਨੀ, ਗਗਨਦੀਪ ਫਿਲੌਰ ਦੀ ਅਗਵਾਈ ਹੇਠ ਐੱਸ ਡੀ ਐੱਮ ਨੂੰ ਇੱਕ ਮੰਗ ਪੱਤਰ ਦਿੱਤਾ, ਜਿਸ 'ਚ ਰਸਤੇ ਦਾ ਹੱਲ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਸਭਾ ਦੇ ਸੂਬਾ ਪ੍ਰਧਾਨ ਮਨਜਿੰਦਰ ਸਿੰਘ ਢੇਸੀ, ਸੂਬਾ ਜਨਰਲ ਸਕੱਤਰ ਧਰਮਿੰਦਰ ਸਿੰਘ ਮੁਕੇਰੀਆਂ, ਸੂਬਾ ਖ਼ਜ਼ਾਨਚੀ ਐਡਵੋਕੇਟ ਅਜੈ ਫਿਲੌਰ, ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਪਰਮਜੀਤ ਰੰਧਾਵਾ ਨੇ ਐੱਸ ਡੀ ਐੱਮ ਨਾਲ ਵਿਸਥਾਰਤ ਚਰਚਾ ਕੀਤੀ। ਇਥੇ ਇਹ ਵਰਨਣਯੋਗ ਹੈ ਕਿ ਇਸ ਮੁਹੱਲੇ ਤੋਂ ਰਾਜਨੀਤਕ ਪਾਰਟੀਆਂ ਵੋਟਾਂ ਤਾਂ ਪ੍ਰਾਪਤ ਕਰਦੀਆਂ ਹਨ ਪਰ ਬੁਨਿਆਦੀ ਮਸਲੇ ਹੱਲ ਕਰਵਾਉਣ ਲਈ ਕੋਈ ਧਿਆਨ ਨਹੀਂ ਦਿੰਦਾ। ਇਸ ਅਬਾਦੀ 'ਚ ਕਰੀਬ 750 ਵੋਟਾਂ ਹਨ, ਸਕੂਲ ਦੇ ਬੱਚਿਆਂ ਨੂੰ ਵੀ ਜ਼ਿੰਦਗੀਆਂ ਦਾਅ 'ਤੇ ਲਾ ਕੇ ਰੇਲਵੇ ਲਾਈਨਾਂ ਪਾਰ ਕਰਨੀਆਂ ਪੈਂਦੀਆਂ ਹਨ।




ਐੱਸ ਡੀ ਐੱਮ ਨਾਲ ਗੱਲਬਾਤ ਕਰਨ ਉਪਰੰਤ ਆਗੂਆਂ ਨੇ ਦੱਸਿਆ ਕਿ ਗੱਲਬਾਤ ਚੰਗੇ ਮਾਹੌਲ 'ਚ ਹੋਈ, ਜਿਸ ਦੌਰਾਨ ਹਮਦਰਦੀ ਨਾਲ ਗੱਲਬਾਤ ਸੁਣੀ ਗਈ। ਆਗੂਆਂ ਨੇ ਕਿਹਾ ਕਿ ਐੱਸ ਡੀ ਐੱਮ ਨੇ ਯਕੀਨ ਦਵਾਇਆ ਕਿ ਦਸ ਦਿਨ ਦੇ ਅੰਦਰ ਇਸ ਦਾ ਸਾਰਥਕ ਹੱਲ ਕੱਢਿਆ ਜਾਵੇਗਾ। ਇਸ ਮੌਕੇ ਦਿਹਾਤੀ ਮਜ਼ਦੂਰ ਸਭਾ ਦੇ ਆਗੂ ਗੁਰਦੀਪ ਗੋਗੀ, ਜਮਹੂਰੀ ਕਿਸਾਨ ਸਭਾ ਦੇ ਤਰਜਿੰਦਰ ਧਾਲੀਵਾਲ, ਕੁਲਜੀਤ ਫਿਲੌਰ, ਬਿੱਟਾ ਭੈਣੀ, ਸਭਾ ਦੇ ਆਗੂ ਸਨੀ ਜੱਸਲ, ਜਸਵੀਰ ਢੇਸੀ, ਗੁਰਿੰਦਰਜੀਤ ਗੈਰੀ, ਅਮਰੀਕ ਰੁੜਕਾ, ਜੱਸਾ ਰੁੜਕਾ, ਲਵ ਵਿਰਦੀ, ਇੰਦਰਜੀਤ ਜੰਡੇ, ਮਨੂੰ, ਰੇਸ਼ਮ, ਗੁਰਦੇਵ, ਰਾਮਜੀ, ਧਰਮਿੰਦਰ, ਰਸ਼ਪਾਲ ਬੇਗਮਪੁਰ, ਛਿੰਦੋ, ਪਿਆਰੀ, ਕਾਕਾ, ਲਾਹੌਰੀ ਰਾਮ ਸਮੇਤ ਹੋਰ ਮੁਹੱਲਾ ਨਿਵਾਸੀ ਹਾਜ਼ਰ ਸਨ।

# ਜ਼ਿਲ੍ਹੇ 'ਚ ਯੂਰੀਆ ਤੇ ਡੀ ਏ ਪੀ ਦੇ ਉਚਿਤ ਪ੍ਰਬੰਧ : ਮੁੱਖ ਖੇਤੀਬਾੜੀ ਅਫ਼ਸਰ



**ਮੋਹਾਲੀ (ਗੁਰਜੀਤ ਬਿੱਲਾ)**
ਡਿਪਟੀ ਕਮਿਸ਼ਨਰ ਐੱਸ ਏ ਐੱਸ ਨਗਰ ਕੋਮਲ ਮਿੱਤਲ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਜ਼ਿਲ੍ਹੇ ਦੇ ਸਮੂਹ ਖਾਦ, ਬੀਜ ਅਤੇ ਦਵਾਈਆਂ ਦੇ ਡੀਲਰਾਂ ਦੀ ਐਸੋਸੀਏਸ਼ਨ ਦੇ ਨਾਲ ਖੇਤੀ ਇਨਪੁਟਸ ਦੇ ਉਚਿਤ ਪ੍ਰਬੰਧਾਂ ਲਈ ਮੁੱਖ ਖੇਤੀਬਾੜੀ ਅਫਸਰ ਡਾ. ਸੁਖਜਿੰਦਰ ਸਿੰਘ ਬਾਜਵਾ ਵੱਲੋਂ ਬਲਾਕ ਪੱਧਰ ਤੇ ਮੀਟਿੰਗਾਂ ਕਰਨ ਦੀ ਹਦਾਇਤ ਕੀਤੀ ਗਈ।ਜ਼ਿਲ੍ਹੇ ਵਿੱਚ ਬਲਾਕ ਖੇਤੀਬਾੜੀ ਅਫਸਰ ਖਰੜ ਅਤੇ ਮਾਜਰੀ ਵੱਲੋਂ ਉਨ੍ਹਾਂ ਅਧੀਨ ਆਉਂਦੇ ਡੀਲਰਾਂ ਨਾਲ ਮੀਟਿੰਗ ਕੀਤੀ ਗਈ ਜਦਕਿ ਮੁੱਖ ਖੇਤੀਬਾੜੀ ਅਫਸਰ ਵੱਲੋਂ ਬਲਾਕ ਖੇਤੀਬਾੜੀ ਅਫਸਰ ਡੇਰਾਬਸੀ ਦੇ ਦਫਤਰ ਨਿੱਜੀ ਤੌਰ ਤੇ ਡੀਲਰਾਂ ਨਾਲ ਮੀਟਿੰਗ ਕੀਤੀ ਗਈ ਅਤੇ ਯੂਰੀਆ ਅਤੇ ਡੀ.ਏ.ਪੀ. ਦੀ ਘਾਟ ਸਬੰਧੀ ਫੈਲ ਰਹੀਆਂ ਅਫਵਾਹਾਂ ਤੇ ਗੰਭੀਰ ਚਰਚਾ ਕੀਤੀ ਗਈ। ਉਨ੍ਹਾਂ ਵੱਲੋਂ ਕਿਹਾ ਗਿਆ ਕਿ ਕਿਸਾਨਾਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ ਹੈ ਅਤੇ ਖਾਦਾਂ ਦੀ ਉਪਲਬੱਧਤਾ ਯਕੀਨੀ ਬਣਾਈ ਜਾ ਰਹੀ ਹੈ।

# ਕੰਧਾਲਾ ਜੱਟਾਂ ਦੀ ਪੰਚਾਇਤ ਨੇ 'ਆਪ' ਦਾ ਪੱਲਾ ਫੜਿਆ

**ਅੱਡਾ ਸਰਾਂ (ਜਸਵੀਰ ਕਾਜਲ)**- ਹਲਕਾ ਉੜਮੁੜ ਦੇ ਬਲਾਕ ਟਾਂਡਾ ਦੇ ਅਧੀਨ ਆਉਂਦੇ ਪਿੰਡ ਕੰਧਾਲਾ ਜੱਟਾਂ ਦੀ ਪੰਚਾਇਤ ਨੇ ਆਮ ਆਦਮੀ ਪਾਰਟੀ ਦੀ ਚੰਗੀਆਂ ਨੀਤੀਆਂ ਨੂੰ ਦੇਖਦੇ ਹੋਏ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋ ਗਏ ਹਨ ਇਸ ਮੌਕੇ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਟਾਂਡਾ ਹਲਕਾ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਆਪ ਵਿਚ ਸ਼ਾਮਲ ਹੋਏ ਸਰਪੰਚ ਹਰਪ੍ਰੀਤ ਕੌਰ, ਮਨਦੀਪ ਸਿੰਘ ਮੰਨਾ, ਪੰਚ ਤਰਸੇਮ ਸਿੰਘ, ਪੰਚ ਬਲਦੇਵ ਸਿੰਘ, ਪੰਚ ਇੰਦਰਜੀਤ ਸਿੰਘ, ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਤੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਲਈ ਸਵਾਗਤ ਕਰਦਿਆ ਜੀ ਆਖਿਆ। ਹਲਕਾ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਸਰਕਾਰ ਦੀ ਚਾਰ ਸਾਲ ਦੀ ਕਾਰਗੁਜਾਰੀ ਤੋ ਸੂਬੇ ਦੇ ਲੋਕ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਿਹੇ ਹਨ। ਉਨ੍ਹਾਂ ਆਖਿਆ ਦੂਸਰੀਆਂ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਦੇ ਕਾਰਜਕਾਲ ਵਿਚ ਪੱਛੜ ਚੁਕੇ ਪੰਜਾਬ ਨੂੰ ਭਗਵੰਤ ਸਿੰਘ ਮਾਨ ਸਰਕਾਰ ਨੇ ਮੁੜ ਲੀਹਾਂ ਤੇ ਲਿਆ ਕੇ ਖੜਾ ਕਰ ਦਿਤਾ ਹੈ।ਇਸ ਮੌਕੇ ਸੁਖਵਿੰਦਰ ਜੀਤ ਸਿੰਘ ਝਾਵਰ,ਚੈਅਰਮੈਨ ਬਲਾਕ ਸੰਮਤੀ ਟਾਡਾਂ, ਪੰਚ ਪਵਨਦੀਪ ਕੋਰ ਬਲਾਕ ਸੰਮਤੀ ਮੈਂਬਰ ਕੰਧਾਲਾ ਜੱਟਾਂ, ਅੰਮ੍ਰਿਪਾਲ ਸਿੰਘ ਪ੍ਰਧਾਨ, ਸਰਪੰਚ ਹਰਪ੍ਰੀਤ ਕੋਰ, ਪੰਚ ਰਾਜ ਕੁਮਾਰੀ, ਮਨਦੀਪ ਸਿੰਘ ਮੰਨਾ, ਪੰਚ ਤਰਸੇਮ ਸਿੰਘ, ਪੰਚ ਇੰਦਰਜੀਤ ਸਿੰਘ, ਪੰਚ ਬਲਦੇਵ ਸਿੰਘ, ਪੰਚ ਸੂਚਾ ਸਿੰਘ, ਪੰਚ ਦਰਸ਼ਨਾ ਕੋਰ, ਪੰਚ ਵਰਿੰਦਰ ਸਿੰਘ, ਤੋ ਇਲਾਵਾ ਅਮਰੀਕ ਸਿੰਘ ਸਾਬਕ ਬਲਾਕ ਸੰਮਤੀ ਮੈਂਬਰ, ਮਨਜੀਤ ਸਿੰਘ ਧਾਲੀਵਾਲ, ਆਦਿ ਪਿੰਡ ਵਾਸੀ ਹਾਜਰ ਸਨ।




# ਚੱਬੇਵਾਲ 'ਚ ਫ਼ਲਾਂ ਤੇ ਸਬਜ਼ੀਆਂ ਦਾ ਪ੍ਰੋਸੈਸਿੰਗ ਇੰਡਸਟਰੀ ਸਥਾਪਤ ਹੋਵੇਗੀ : ਚੱਬੇਵਾਲ, ਇਸ਼ਾਂਕ ਕੁਮਾਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)** ਵਿਧਾਨ ਸਭਾ ਹਲਕਾ ਚੱਬੇਵਾਲ ਵਿਚ ਜਲਦ ਹੀ ਫ਼ਲਾਂ ਅਤੇ ਸਬਜ਼ੀਆਂ ਦੀ ਪ੍ਰੋਸੈਸਿੰਗ ਦੀ ਵੱਡੀ ਇੰਡਸਟਰੀ ਸਥਾਪਤ ਹੋਵੇਗੀ ਜਿਸ ਨਾਲ ਕੰਢੀ ਅਤੇ ਨਾਲ ਲੱਗਦੇ ਇਲਾਕਿਆਂ ਵਿਚ ਫ਼ਲਾਂ-ਸਬਜ਼ੀਆਂ ਦੀ ਕਾਸ਼ਤ ਨੂੰ ਨਾ ਸਿਰਫ ਹੁਲਾਰਾ ਮਿਲੇਗਾ ਸਗੋਂ ਕਾਸ਼ਤਕਾਰਾਂ ਦੀ ਆਮਦਨ ਵਿਚ ਵੀ ਚੋਖਾ ਵਾਧਾ ਹੋਵੇਗਾ। ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਇਹ ਪ੍ਰੋਜੈਕਟ ਲਗਵਾਉਣ ਲਈ ਕੇਂਦਰੀ ਮੰਤਰਾਲੇ ਨਾਲ ਰਾਬਤਾ ਕਰਨ ਦੀ ਮੰਗ ਰੱਖੀ ਸੀ ਜਿਸ 'ਤੇ ਉਨ੍ਹਾਂ ਦੋਵਾਂ ਵਲੋਂ ਕੇਂਦਰੀ ਫੂਡ ਪ੍ਰੋਸੈਸਿੰਗ ਉਦਯੋਗ ਮੰਤਰੀ ਚਿਰਾਗ ਪਾਸਵਾਨ ਨਾਲ ਮੁਲਾਕਾਤ ਕਰਕੇ ਇਸ ਪ੍ਰੋਜੈਕਟ ਬਾਰੇ ਵਿਸਥਾਰ ਵਿਚ ਜਾਣੂ ਕਰਵਾਇਆ ਗਿਆ। ਉਨ੍ਹਾਂ ਦੱਸਿਆ ਕਿ ਕਰੀਬ 18 ਕਰੋੜ ਰੁਪਏ ਦੀ ਲਾਗਤ ਨਾਲ ਸਥਾਪਤ ਹੋਣ ਵਾਲਾ ਇਹ ਯੂਨਿਟ ਆਉਂਦੇ 12 ਮਹੀਨਿਆਂ ਵਿਚ ਸ਼ੁਰੂ ਹੋ ਜਾਵੇਗਾ ਜੋ ਇਲਾਕੇ ਵਿਚ ਫ਼ਲਾਂ ਅਤੇ ਸਬਜ਼ੀਆਂ ਖਾਸ ਕਰਕੇ ਆਲੂ ਅਤੇ ਮਟਰ ਦੀ ਪ੍ਰੋਸੈਸਿੰਗ ਦੇ ਖੇਤਰ ਵਿਚ ਮੀਲ ਪੱਥਰ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਅਤੇ ਨਾਲ ਲੱਗਦੇ ਇਲਾਕਿਆਂ ਵਿਚ ਫ਼ਲਾਂ ਅਤੇ ਸਬਜ਼ੀਆਂ ਦੀ ਪੈਦਾਵਾਰ ਦੀਆਂ ਅਸੀਮ ਸੰਭਾਵਨਾਵਾਂ ਹਨ ਜਿਨ੍ਹਾਂ ਬਾਰੇ ਕਿਸਾਨ ਪਹਿਲਾਂ ਹੀ ਜਾਗਰੂਕ ਹਨ ਅਤੇ ਇਹ ਪ੍ਰੋਜੈਕਟ ਲੱਗਣ ਨਾਲ ਫ਼ਸਲੀ ਵਿਭਿੰਨਤਾ ਨੂੰ ਵੀ ਬਲ ਮਿਲਣ ਦੇ ਨਾਲ-ਨਾਲ ਕਿਸਾਨਾਂ ਦੀ ਆਮਦਨ ਵਿਚ ਵਾਧਾ ਦਰਜ ਕੀਤਾ ਜਾਵੇਗਾ।ਡਾ. ਰਾਜ ਕੁਮਾਰ ਚੱਬੇਵਾਲ ਨੇ ਦੱਸਿਆ ਕਿ ਇਹ ਪ੍ਰੋਜੈਕਟ ਸ਼ੁਰੂ ਹੋਣ ਨਾਲ ਸੈਂਕੜਿਆਂ ਦੀ ਗਿਣਤੀ ਵਿਚ ਵਿਸ਼ੇਸ਼ ਕਰਕੇ ਔਰਤਾਂ ਨੂੰ ਰੋਜ਼ਗਾਰ ਦੇ ਮੌਕੇ ਮਿਲਣਗੇ। ਉਨ੍ਹਾਂ ਦੱਸਿਆ ਕਿ ਕੇਂਦਰੀ ਫੂਡ ਪ੍ਰੋਸੈਸਿੰਗ ਉਦਯੋਗ ਮੰਤਰੀ ਚਿਰਾਗ ਪਾਸਵਾਨ ਨੇ ਇਸ ਯੂਨਿਟ ਨੂੰ ਫੂਡ ਪ੍ਰੋਸੈਸਿੰਗ ਅਤੇ ਫ਼ਲਾਂ ਸਬਜ਼ੀਆਂ ਦੀ ਸਾਂਭ-ਸੰਭਾਲ ਲਈ ਲਾਏ ਜਾ ਰਹੇ ਪ੍ਰੋਜੈਕਟਾਂ ਤਹਿਤ ਪ੍ਰਵਾਨਗੀ ਦਿੱਤੀ।



# ਸਾਲਾਨਾ ਮੇਲਾ 5 ਨੂੰ

**ਅਲਾਵਲਪੁਰ (ਮਦਨ ਬੰਗੜ)**- ਇਲਾਕੇ ਦਾ ਪ੍ਰਸਿੱਧ ਧਾਰਮਿਕ ਅਸਥਾਨ ਦਰਬਾਰ ਸ਼ਾਹ ਨੂਰਾਨੀ ਮੀਰਾਂ ਦਾਤਾ ਸਰਕਾਰ ਵਿਖੇ ਸਾਲਾਨਾ ਮੇਲਾ 5 ਅਪ੍ਰੈਲ ਨੂੰ ਧੂਮਧਾਮ ਤੇ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ। ਸਮੂਹ ਸ਼ਾਹ ਨੂਰਾਨੀ ਦਰਬਾਰ ਅਤੇ ਸੰਗਤਾਂ ਦੇ ਸਹਿਯੋਗ ਨਾਲ ਇਹ ਧਾਰਮਿਕ ਸਮਾਗਮ ਆਯੋਜਿਤ ਕਰਵਾਇਆ ਜਾ ਰਿਹਾ ਹੈ। ਦਰਬਾਰ ਦੇ ਮੁੱਖ ਸੇਵਾਦਾਰ ਗੱਦੀ ਨਸ਼ੀਨ ਸਾਂਈ ਧੰਨਵੰਤਰੀ ਨੇ ਦੱਸਿਆ ਕਿ ਵੱਖ-ਵੱਖ ਧਾਰਮਿਕ ਅਸਥਾਨਾਂ ਤੋਂ ਸੰਤ, ਮਹੰਤ ਅਤੇ ਮਹਾਂਪੁਰਸ਼ ਪਹੁੰਚ ਕੇ ਸੰਗਤਾਂ ਨੂੰ ਅਸ਼ੀਰਵਾਦ ਦੇਣਗੇ। ਮੇਲੇ ਦੌਰਾਨ ਦਰਬਾਰ ਵਿੱਚ ਚਾਹ-ਪਕੌੜੇ ਅਤੇ ਲੰਗਰ ਦਾ ਪ੍ਰਬੰਧ ਕੀਤਾ ਗਿਆ ਹੈ।ਮੇਲੇ ਦੀ ਰੌਣਕ ਵਧਾਉਣ ਲਈ ਪੰਜਾਬ ਦੇ ਮਸ਼ਹੂਰ ਕਲਾਕਾਰ ਪਰਵੇਜ ਆਲਮ ਕਵਾਲੀ ਰਾਹੀਂ ਸੂਫੀਆਨਾ ਰੰਗ ਪੇਸ਼ ਕਰਨਗੇ। ਗਾਇਕ ਕੁਮਾਰ ਰਾਜਨ (ਅਲਾਵਲਪੁਰ), ਗਾਇਕ ਉਂਕਾਰ ਸੰਧੂ, ਗਾਇਕ ਵਿਨੈ ਕੁਮਾਰ (ਅਵਾਜ਼ ਪੰਜਾਬ),ਨਕਾਲ ਪਾਰਟੀ ਵੱਲੋਂ ਵਿਸ਼ੇਸ਼ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ।

# ਸੇਂਟ ਸੋਲਜਰ ਗਰੁੱਪ ਦੀ 36ਵੀਂ ਸਕੂਲ ਸ਼ਾਖਾ ਦਾ ਉਦਘਾਟਨ

**ਜਲੰਧਰ (ਇਕਬਾਲ ਸਿੰਘ ਉੱਭੀ)**
ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵੱਲੋਂ ਆਪਣੀ 36ਵੀਂ ਸ਼ਾਖਾ, ਸੇਂਟ ਸੋਲਜਰ ਏਲੀਟ ਸਕੂਲ, ਰਿਲਾਇੰਸ ਪੈਟਰੋਲ ਪੰਪ, ਜੀਟੀ ਰੋਡ, ਦਸੂਹਾ ਦੇ ਨੇੜੇ ਉਦਘਾਟਨ ਕੀਤਾ ਗਿਆ।ਇਸ ਮੌਕੇ ਸ਼ਮ੍ਹਾ ਰੌਸ਼ਨ ਕਰਕੇ ਦੇਵੀ ਸਰਸਵਤੀ ਦਾ ਆਸ਼ੀਰਵਾਦ ਲਿਆ ਗਿਆ। ਇਸ ਮੌਕੇ ਸਕੂਲਾਂ ਦੇ ਐਮ ਡੀ ਐਸ ਆਰ ਸ਼ਰਮਾ, ਪ੍ਰਿੰਸੀਪਲ ਐਸ.ਐਸ.ਡੀ.ਪੀ.ਐਸ, ਟਾਂਡਾ ਇੰਦਰ ਕੁਮਾਰ, ਆਲ ਇੰਡੀਆ ਕਾਂਗਰਸ ਕਮੇਟੀ ਦੇ ਉਘੇ ਆਗੂ ਵਿਪਿਨ ਗੰਭੀਰ, ਹਰਬੰਸ ਸਿੰਘ (ਸਰਪੰਚ ਗ੍ਰਾਮ ਪੰਚਾਇਤ, ਖੁੱਡਾ), ਸ਼ਾਮਲ ਹੋਏ।ਪ੍ਰਿੰਸੀਪਲ ਵਰਿੰਦਰ ਕੁਮਾਰ ਨੇ ਦੱਸਿਆ ਕਿ ਇਹ ਸਕੂਲ ਆਈ ਸੀ ਐਸ ਈ ਮਾਡਲ ਦੀ ਪਾਲਣਾ ਕਰਦਾ ਹੈ, ਜਿਸ ਦਾ ਉਦੇਸ਼ ਸ਼ੁਰੂਆਤੀ ਬਚਪਨ ਦੀ ਸਿੱਖਿਆ ਵਿੱਚ ਉੱਤਮਤਾ ਪ੍ਰਦਾਨ ਕਰਨਾ ਹੈ।ਇਹ ਨਵੀਂ ਸੰਸਥਾ ਵਿਦਿਆਰਥੀਆਂ ਦੇ ਮਾਨਸਿਕ, ਅਕਾਦਮਿਕ ਅਤੇ ਬੁਨਿਆਦੀ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਤਿਆਰ ਕੀਤੀ ਗਈ ਹੈ, ਜਿਸ ਨਾਲ ਇੱਕ ਅਨੰਦਮਈ, ਸੁਰੱਖਿਅਤ ਅਤੇ ਭਰਪੂਰ ਵਾਤਾਵਰਣ ਯਕੀਨੀ ਬਣਾਇਆ ਜਾ ਸਕੇ।ਸਕੂਲ ਵਿਸ਼ਵ ਪੱਧਰੀ ਬੁਨਿਆਦੀ ਢਾਂਚਾ ਅਤੇ ਛੋਟੇ ਬੱਚਿਆਂ ਲਈ ਸੋਚ-ਸਮਝ ਕੇ ਤਿਆਰ ਕੀਤੀਆਂ ਸਹੂਲਤਾਂ ਪ੍ਰਦਾਨ ਕਰਦਾ ਹੈ।ਇੰਟਰਐਕਟਿਵ ਡਿਜੀਟਲ ਬੋਰਡਾਂ ਨਾਲ ਲੈਸ ਸਮਾਰਟ ਕਲਾਸਰੂਮ ਸਿੱਖਣ ਨੂੰ ਦਿਲਚਸਪ ਅਤੇ ਮਜ਼ੇਦਾਰ ਬਣਾਉਂਦੇ ਹਨ।ਕਲਾ ਅਤੇ ਕਰਾਫਟ ਸਟੂਡੀਓ, ਕਹਾਣੀ ਸੁਣਾਉਣ ਵਾਲੇ ਕੋਨੇ ਅਤੇ ਸੰਗੀਤ ਖੇਤਰਾਂ ਸਮੇਤ ਵਿਸ਼ੇਸ਼ ਗਤੀਵਿਧੀ ਕਮਰੇ, ਬੱਚਿਆਂ ਵਿੱਚ ਰਚਨਾਤਮਕਤਾ ਅਤੇ ਸਵੈ-ਪ੍ਰਗਟਾਵੇ ਨੂੰ ਉਤਸ਼ਾਹਿਤ ਕਰਦੇ ਹਨ। ਸਰੀਰਕ ਵਿਕਾਸ ਅਤੇ ਮੋਟਰ ਹੁਨਰ ਵਿਕਾਸ ਵਿੱਚ ਸਹਾਇਤਾ ਲਈ ਆਧੁਨਿਕ ਅਤੇ ਸੁਰੱਖਿਅਤ ਉਪਕਰਣਾਂ ਵਾਲਾ ਇੱਕ ਸਮਰਪਿਤ ਖੇਡ ਖੇਤਰ ਵਿਕਸਤ ਕੀਤਾ ਗਿਆ ਹੈ। ਕੈਂਪਸ ਵਿੱਚ ਰੰਗੀਨ, ਬੱਚਿਆਂ ਦੇ ਅਨੁਕੂਲ ਕਲਾਸਰੂਮ, ਇੱਕ ਸਾਫ਼ ਵਾਤਾਵਰਣ, ਅਤੇ ਚੰਗੀ ਸਿਖਲਾਈ ਪ੍ਰਾਪਤ ਅਧਿਆਪਕ ਵੀ ਹਨ।ਸੀ ਸੀ ਟੀ ਵੀ ਨਿਗਰਾਨੀ, ਇੱਕ ਸੁਰੱਖਿਅਤ ਪ੍ਰਵੇਸ਼ ਪ੍ਰਣਾਲੀ ਅਤੇ ਪਾਲਣ-ਪੋਸ਼ਣ ਵਾਲਾ ਵਾਤਾਵਰਣ ਮਾਪਿਆਂ ਨੂੰ ਮਨ ਦੀ ਸ਼ਾਂਤੀ ਪ੍ਰਦਾਨ ਕਰਦਾ ਹੈ।ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਚੇਅਰਮੈਨ ਅਨਿਲ ਚੋਪੜਾ ਅਤੇ ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਵਿਦਿਆਰਥੀਆਂ ਦੇ ਮਾਪਿਆਂ ਅਤੇ ਭਾਈਚਾਰੇ ਦੇ ਨਿਰੰਤਰ ਸਮਰਥਨ ਅਤੇ ਵਿਸ਼ਵਾਸ ਲਈ ਧੰਨਵਾਦ ਪ੍ਰਗਟ ਕੀਤਾ ਅਤੇ ਨੌਜਵਾਨਾਂ ਨੂੰ ਉੱਜਵਲ ਭਵਿੱਖ ਨਾਲ ਢਾਲਣ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਇਆ।



# ਚਾਰ ਲੇਬਰ ਕੋਡ ਲਾਗੂ ਕਰਨ 'ਤੇ ਟਰੇਡ ਯੂਨੀਅਨਾਂ ਨੇ ਮਨਾਇਆ ਕਾਲਾ ਦਿਵਸ

**ਨਵਾਂਸ਼ਹਿਰ : (ਮਨੋਜ)**
ਇਫਟੂ ਸਮੇਤ ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਪੰਜਾਬ ਦੀਆਂ ਟਰੇਡ ਯੂਨੀਅਨਾਂ ਅਤੇ ਭਰਾਤਰੀ ਜੱਥੇਬੰਦੀਆਂ ਵੱਲੋਂ ਪੰਜਾਬ ਦੀਆਂ ਦੋ ਦਰਜਨ ਤੋਂ ਵੱਧ ਥਾਂਵਾਂ ਉੱਤੇ ਕਾਲਾ ਦਿਵਸ ਮਨਾਇਆ ਗਿਆ ਜਿਸ ਵਿੱਚ ਚਾਰ ਲੇਬਰ ਕੋਡ, ਜੀ ਰਾਮ ਜੀ ਕਾਨੂੰਨ, ਬਿਜਲੀ ਬਿੱਲ 2025 ਅਤੇ ਨਿੱਜੀਕਰਨ ਵਿਰੁੱਧ ਰੈਲੀਆਂ ਅਤੇ ਮੁਜਾਹਰੇ ਕਰਕੇ ਲੋਕਾਂ ਨੇ ਤਿੱਖੇ ਰੋਹ ਦਾ ਪ੍ਰਗਟਾਵਾ ਕੀਤਾ। ਇਹਨਾਂ ਰੈਲੀਆਂ ਨੂੰ ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਸੀ ਟੀ ਯੂ ਦੇ ਸੂਬਾ ਸਕੱਤਰ ਮਹਾਂ ਸਿੰਘ ਰੌੜੀ, ਏਕਟੂ ਦੇ ਸੂਬਾਈ ਆਗੂ ਰਾਜਵਿੰਦਰ ਸਿੰਘ ਰਾਣਾ, ਏਟਕ ਦੇ ਸੂਬਾ ਆਗੂ ਨਿਰਮਲ ਧਾਰੀਵਾਲ, ਸੀਟੂ ਪੰਜਾਬ ਦੇ ਆਗੂ ਨੱਥਾ ਸਿੰਘ, ਡੀ ਐਮ ਐੱਫ ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ ਛੱਜਲਵੱਡੀ ਨੇ ਸੰਬੋਧਨ ਕੀਤਾ।ਪੰਜਾਬ ਦੀਆਂ ਬਹੁਤ ਸਾਰੀਆਂ ਥਾਂਵਾਂ ਤੇ ਕਾਲਾ ਦਿਵਸ ਮਨਾਇਆ ਗਿਆ। ਇਹਨਾਂ ਪ੍ਰੋਗਰਾਮਾਂ ਵਿੱਚ ਵਿੱਚ ਸੰਯੁਕਤ ਕਿਸਾਨ ਮੋਰਚਾ,ਮੁਲਾਜ਼ਮ ਜਥਬੰਦੀਆਂ ,ਪੈਨਸ਼ਨਰਜ਼ ਜਥੇਬੰਦੀਆਂ, ਪੇਂਡੂ ਅਤੇ ਖੇਤ ਮਜਦੂਰਾਂ,ਸਕੀਮ ਵਰਕਰ ਅਤੇ ਠੇਕਾ ਮੁਲਾਜ਼ਮ ਜਥਬੰਦੀਆਂ ਸ਼ਾਮਲ ਹੋਈਆਂ। ਇਹਨਾਂ ਰੈਲੀਆਂ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਕਾਰਪੋਰੇਟ ਘਰਾਣਿਆਂ ਤੇ ਦੇਸ਼ੀ ਵਿਦੇਸ਼ੀ ਸਰਮਾਏਦਾਰਾਂ ਨੂੰ ਖੁਸ਼ ਕਰਨ ਲਈ ਮਜ਼ਦੂਰਾਂ ਤੋਂ ਯੂਨੀਅਨ ਬਣਾਉਣ ਤੇ ਸੰਘਰਸ਼ ਕਰਨ ਵਰਗੇ ਜਮਹੂਰੀ ਹੱਕ ਖੋਹਣ ਲਈ ਕੇਂਦਰ ਸਰਕਾਰ ਨੇ ਮਜ਼ਦੂਰ ਪੱਖੀ 29 ਲੇਬਰ ਕਾਨੂੰਨਾਂ ਨੂੰ ਖ਼ਤਮ ਕਰਕੇ 4 ਲੇਬਰ ਕੋਡ ਲੈ ਕੇ ਆਈ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਇਹਨਾਂ ਚਾਰ ਲੇਬਰ ਕੋਡਾਂ ਨੂੰ 1 ਅਪ੍ਰੈਲ ਤੋਂ ਲਾਗੂ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਕੋਡ ਲਾਗੂ ਹੋਣ ਨਾਲ ਮਜ਼ਦੂਰਾਂ ਕੋਲ ਆਪਣੇ ਅਧਿਕਾਰਾਂ ਨੂੰ ਸੁਰੱਖਿਅਤ ਕਰਨ ਅਤੇ ਪ੍ਰਾਪਤ ਕਰਨ ਲਈ ਯੂਨੀਅਨ ਬਣਾਉਣ ਅਤੇ ਸੰਘਰਸ਼ ਕਰਨ ਦਾ ਜਮਹੂਰੀ ਅਧਿਕਾਰ ਖ਼ਤਮ ਹੋ ਜਾਵੇਗਾ। ਕੰਮ ਦਾ ਮਿਹਨਤਾਨਾ ਵਧਾਉਣ ਦੀ ਥਾਂ ਕੰਮ ਘੰਟੇ 8 ਤੋਂ 12 ਘੰਟੇ ਦੀ ਦਿਹਾੜੀ ਹੋਵੇਗੀ। ਪੰਜਾਬ ਦੀਆਂ ਟਰੇਡ ਯੂਨੀਅਨਾਂ ਨੇ ਸੰਯੁਕਤ ਕਿਸਾਨ ਮੋਰਚਾ ਵੱਲੋਂ 6 ਅਪ੍ਰੈਲ ਨੂੰ ਡੀ ਸੀ ਦਫ਼ਤਰਾਂ ਅੱਗੇ ਦਿੱਤੇ ਜਾ ਰਹੇ ਧਰਨਿਆ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਹੈ।

# ਨਗਰ ਕੌਂਸਲ ਨੇ ਖੋਲ੍ਹਿਆ ਹਰਿਤ ਜੈਵਿਕ ਖਾਦ ਦਾ ਸਟੋਰ

**ਆਦਮਪੁਰ, (ਪਰਮਜੀਤ ਸਿੰਘ)**
ਨਗਰ ਕੌਂਸਲ ਆਦਮਪੁਰ ਵਲੋਂ ਫਲ ਸਬਜ਼ੀਆਂ ਦੇ ਛਿਲਕਿਆਂ ਤੋਂ ਤਿਆਰ ਕੀਤੀ ਹੋਈ ਖਾਦ ਦਾ ਸਟੋਰ ਬੱਸ ਅੱਡਾ ਆਦਮਪੁਰ ਵਿਖੇ ਖੋਲ੍ਹਿਆ ਗਿਆ । ਜੋ ਕਿ ਨਗਰ ਕੌਂਸਲ ਵਲੋਂ ਆਪਣੇ ਪ੍ਰੋਸੈਸਿੰਗ ਪਲਾਂਟ ਪਡੋਰੀ ਮਹਿਤਮਾ ਸ਼ਾਮ 84 ਹੁਸ਼ਿਆਰਪੁਰ ਵਿਖੇ ਪਿੱਟਾਂ ਵਿੱਚ ਤਿਆਰ ਕੀਤੀ ਜਾਂਦੀ ਹੈ । ਨਗਰ ਕੌਂਸਲ ਆਦਮਪੁਰ ਦੇ ਪ੍ਰਧਾਨ ਦਰਸ਼ਨ ਸਿੰਘ ਕਰਵਲ ਤੇ ਕਾਰਜ ਸਾਧਕ ਅਫਸਰ ਰਾਮਜੀਤ ਵਲੋਂ ਇਸ ਸਟੋਰ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਮੁਬਾਰਕਬਾਦ ਦਿੰਦੇ ਹੋਏ ਨਗਰ ਕੌਂਸਲ ਪ੍ਰਧਾਨ ਦਰਸ਼ਨ ਸਿੰਘ ਕਰਵਲ ਨੇ ਕਿਹਾ ਕਿ ਇਹ ਖਾਦ ਦਾ ਸਟੋਰ ਖੋਲਣ ਦਾ ਸਾਡਾ ਬਹੁਤ ਵੱਡਾ ਉਪਰਾਲਾ ਹੈ। ਇਸ ਤਰ੍ਹਾਂ ਦੇ ਖਾਦ ਸਟੋਰ ਪੰਜਾਬ ਦੇ ਹਰ ਸ਼ਹਿਰ ਵਿੱਚ ਖੁੱਲਣੇ ਚਾਹੀਦੇ ਹਨ ਤਾਂ ਜੋ ਲੋਕ ਜਾਗਰੂਕ ਹੋ ਸਕਣ ਅਤੇ ਘਰ ਤੋਂ ਹੀ ਗਿੱਲ ਸੁੱਕਾ ਕੂੜਾ ਅਲੱਗ ਅਲੱਗ ਕਰਕੇ ਨਗਰ ਕੌਂਸਲ ਦੀ ਗੱਡੀ ਨੂੰ ਦੇਣ ਤਾਂ ਜੋ ਇਸ ਤੋਂ ਖਾਦ ਤਿਆਰ ਕੀਤੀ ਜਾ ਸਕੇ। ਇਸ ਮੌਕੇ ਤੇ ਬੋਲਦੇ ਹੋਏ ਈ.ਓ ਰਾਮ ਜੀਤ ਨੇ ਕਿਹਾ ਕਿ ਅਸੀਂ ਜੋ ਘਰਾਂ ਤੋਂ ਹਰ ਰੋਜ਼ ਗਿੱਲਾ ਸੁੱਕਾ ਕੂੜਾ ਇਕੱਤਰ ਕਰਦੇ ਹਾਂ ਉਸ ਦੀ ਅਸੀਂ ਪ੍ਰੋਸੈਸਿੰਗ ਕਰਦੇ ਹਾਂ ਜਿਸ ਵਿੱਚ ਜੋ ਗਿੱਲਾ ਸਬਜ਼ੀਆਂ ਫਲਾਂ ਦਾ ਵੇਸਟ ਹੁੰਦਾ ਹੈ ਉਸ ਨੂੰ ਪਿੱਟਾ ਵਿੱਚ ਪਾ ਕੇ ਉਸਦੀ ਖਾਦ ਤਿਆਰ ਕੀਤੀ ਜਾਂਦੀ ਹੈ ਅਤੇ ਸੁੱਕੇ ਕੂੜੇ ਨੂੰ ਰੀਸਾਈਕਲ ਕਰਦੇ ਹਾ।



# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ



**ਬੰਗਾ (ਅਵਤਾਰ ਕਲੇਰ)** ਮੈਡੀਕਲ ਪ੍ਰੈਕਟੀਸ਼ਨਰ ਬਲਾਕ ਬੰਗਾ ਦੀ ਮੀਟਿੰਗ ਵਿਖੇ ਡਾ. ਰਤਨ ਸਿੰਘ ਦੀ ਪ੍ਰਧਾਨਗੀ ਵਿੱਚ ਬੰਗਾ ਵਿਖੇ ਹੋਈ। ਜਿਸ ਵਿੱਚ ਵੱਖ ਵੱਖ ਵਿਚਾਰ ਵਿਟਾਦਰਾ ਕੀਤਾ ਗਿਆ। ਜਿਲ੍ਹਾ ਨਵਾਂ ਸਹਿਰ ਦੇ ਹੋਏ ਅਜਲਾਜ ਵਿੱਚ ਡਾ. ਬਲਕਾਰ ਕਟਾਰੀਆ ਨੂੰ ਸਰਬਸੰਮਤੀ ਨਾਲ ਤੀਸਰੀ ਵਾਰ ਜ਼ਿਲ੍ਹਾ ਪ੍ਰਧਾਨ ਬਣਨ ਤੇ ਉਹਨਾਂ ਦੇ ਨਾਲ ਪੁਰਾਣੀ ਕਮੇਟੀ ਨੂੰ ਵੀ ਸਰਬਸੰਮਤੀ ਨਾਲ ਚੁਣਨ ਲਈ ਜ਼ਿਲ੍ਹਾ ਨਵਾਂ ਸਹਿਰ ਦੇ ਸਾਰੇ ਡਾ. ਸਾਥੀਆਂ ਦਾ ਧੰਨਵਾਦ ਕੀਤਾ । ਪਿਛਲੇ ਦਿਨੇ ਸੁਨਾਮ ਵਿਖੇ ਹੋਈ ਸੂਬਾ ਪੱਧਰੀ ਰੈਲੀ ਦੀ ਕਾਮਯਾਬੀ ਲਈ ਸਾਰੇ ਡਾ. ਸਾਥੀਆਂ ਦਾ ਰੈਲੀ ਨੂੰ ਸਫਲ ਕਰਨ ਲਈ ਧੰਨਵਾਦ ਕੀਤਾ ਗਿਆ। ਸੂਬਾ ਸਰਕਾਰ ਨੂੰ ਆਪਣੀਆਂ ਮੰਗਾਂ ਨੂੰ ਮੰਨਣ ਦੀ ਪੁਰਜ਼ੋਰ ਅਪੀਲ ਕੀਤੀ। ਮੰਗਾਂ ਨਾ ਮੰਨਣ ਤੇ ਤਿੱਖੇ ਸੰਘਰਸ਼ ਦਾ ਐਲਾਨ ਵੀ ਕੀਤਾ। ਮੀਟਿੰਗ ਵਿੱਚ ਡਾ ਧਰਮ ਪਾਲ ਬੱਗਾ, ਡਾ ਗੁਰਮੇਲ ਸਿੰਘ, ਡਾ ਅਸ਼ੋਕ ਗਾਬਾ, ਡਾ ਸਿੰਦਰ ਪਾਲ ਹੀਰਾ, ਡਾ ਮੰਗਾ ਝਿੱਕਾ, ਡਾ ਸੁਧੀਰ ਕੁਮਾਰ, ਡਾ ਜਸਪਾਲ ਕੌਰ, ਡਾ ਗੀਤਾ ਡਾ ਬਘੇਲ ਸਿੰਘ ਆਦਿ ਸਾਥੀ ਹਾਜ਼ਰ ਸਨ।

# ਸਾਲਾਨਾ ਚੌਂਦਸ ਭੰਡਾਰਾ ਮਨਾਇਆ

**ਡੇਰਾ ਬੱਸੀ, (ਵਿਨੈ ਕੁਮਾਰ ਜੈਨ)**
ਡੇਰਾ ਬੱਸੀ ਦੇ ਸਾਧੂ ਨਗਰ ਸਥਿਤ ਸ੍ਰੀ ਸ਼ਾਰਦਾ ਮਾਤਾ ਮੰਦਰ ਵਿਖੇ ਸਾਲਾਨਾ ਚੌਂਦਸ ਭੰਡਾਰੇ ਦਾ ਆਯੋਜਨ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕੀਤਾ ਗਿਆ। ਇਸ ਅਧਿਆਤਮਿਕ ਸਮਾਗਮ ਵਿੱਚ ਇਲਾਕੇ ਦੇ ਸ਼ਰਧਾਲੂਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਮਾਤਾ ਰਾਣੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਮੰਦਰ ਕੰਪਲੈਕਸ ਵਿੱਚ ਨਵੇਂ ਬਣਨ ਵਾਲੇ ਸ਼ਿਵਾਲੇ ਦਾ ਨੀਂਹ ਪੱਥਰ ਵੀ ਰੱਖਿਆ ਗਿਆ।ਭਾਜਪਾ ਦੇ ਸੀਨੀਅਰ ਆਗੂ ਗੁਰਦਰਸ਼ਨ ਸਿੰਘ ਸੈਣੀ ਅਤੇ ਮੰਦਰ ਕਮੇਟੀ ਦੇ ਸਰਪ੍ਰਸਤ ਅੰਮ੍ਰਿਤਪਾਲ ਸਿੰਘ ਮੋਦੀ ਨੇ ਪੰਡਤ ਦੀਪਕ ਸ਼ਾਸਤਰੀ ਦੁਆਰਾ ਪੂਜਾ-ਅਰਚਨਾ ਕਰਵਾ ਕੇ ਨੀਂਹ ਪੱਥਰ ਰੱਖਿਆ। ਮੰਦਰ ਦੀ ਪ੍ਰਬੰਧਕ ਕਮੇਟੀ ਸ੍ਰੀ ਸ਼ਾਰਦਾ ਮਾਤਾ ਪਰਿਵਾਰ ਦੇ ਪ੍ਰਧਾਨ ਰਾਕੇਸ਼ ਅਚਿੰਤ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਸਥਾ ਦਾ ਮੁੱਖ ਉਦੇਸ਼ ਧਾਰਮਿਕ ਕਾਰਜਾਂ ਨੂੰ ਉਤਸ਼ਾਹਿਤ ਕਰਨਾ ਅਤੇ ਸਮਾਜ ਵਿੱਚ ਭਾਈਚਾਰਕ ਸਾਂਝ ਬਣਾਈ ਰੱਖਣਾ ਹੈ। ਇਸ ਮੌਕੇ ਹਰਪ੍ਰੀਤ ਸਿੰਘ ਟਿੰਕੂ (ਭਾਜਪਾ ਪ੍ਰਧਾਨ ਓ.ਬੀ.ਸੀ. ਮੋਰਚਾ), ਸ਼ਰੁਤੀ ਭਾਰਦਵਾਜ (ਵਾਈਸ ਪ੍ਰਧਾਨ ਜ਼ਿਲ੍ਹਾ ਮੋਹਾਲੀ), ਅਤੇ ਸਮਾਜ ਸੇਵੀ ਕ੍ਰਿਸ਼ਨਾ ਸੂਦ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਵਿੱਚ ਚੇਅਰਮੈਨ ਰਾਕੇਸ਼ ਮਹਿਤਾ, ਵਾਈਸ ਪ੍ਰਧਾਨ ਦੀਪਕ ਮੱਗੋ, ਕੈਸ਼ੀਅਰ ਕੁਨਾਲ ਕੌਸ਼ਿਕ, ਸਕੱਤਰ ਰਜਨੀਸ਼ ਸ਼ਰਮਾ, ਤੁਸ਼ਾਰ ਕੌਸ਼ਿਕ, ਭੁਵਨੇਸ਼ ਚੌਹਾਨ, ਸੰਦੀਪ ਭਟਨਾਗਰ, ਰਵੀ ਬਾਵਾ, ਸ਼ੁਭਮ ਬਾਵਾ, ਵਿਕਾਸ ਸ਼ਰਮਾ, ਪ੍ਰਕਾਸ਼ ਕੁਮਾਰ, ਸੁਮਿਤ ਵਰਮਾ, ਰਾਘਵ ਗੋਇਲ, ਸੁਮਿਤ ਪੁਰੀ, ਦਿਨੇਸ਼ ਗਾਂਧੀ ਅਤੇ ਜਤਿਨ ਧੀਮਾਨ ਸ਼ਾਮਲ ਸਨ।



# ਮਮਤਾ ਦਿਵਸ ਸੰਬੰਧੀ ਟੀਕਾਕਰਨ ਕੈਂਪ ਲਗਾਇਆ



**ਮੋਰਿੰਡਾ (ਨਿਹਾਲ ਸਿੰਘ ਕਲਸੀ)**
ਸਿਹਤ ਵਿਭਾਗ ਵੱਲੋਂ ਸਿਵਲ ਸਰਜਨ ਜ਼ਿਲ੍ਹਾ ਰੂਪਨਗਰ ਡਾ ਨਵਰੂਪ ਕੌਰ ਦੀ ਨਿਰਦੇਸ਼ਨਾ ਅਤੇ ਸੀਨੀਅਰ ਮੈਡੀਕਲ ਅਫ਼ਸਰ ਚਮਕੌਰ ਸਾਹਿਬ ਡਾ. ਗੋਬਿੰਦ ਟੰਡਨ ਦੀ ਸੁਪਰਸਤੀ ਹੇਠ ਪਿੰਡ ਸਰਹਾਣਾ (ਮੋਰਿੰਡਾ) ਵਿਖੇ ਮਮਤਾ ਦਿਵਸ ਸਬੰਧੀ ਟੀਕਾ ਕਰਨ ਕੈਂਪ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਲ ਐਚ ਵੀ ਮੈਡਮ ਸੁੰਦਰੀ ਦੇਵੀ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਗਰਭਵਤੀ ਮਹਿਲਾਵਾਂ ਅਤੇ ਬੱਚਿਆਂ ਦੀ ਸਿਹਤ ਸੰਭਾਲ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਟੀਕਾ ਕਰਨ ਕੈਂਪ ਲਗਾਇਆ ਗਿਆ ਹੈ। ਇਸ ਕੈਂਪ ਦੌਰਾਨ ਗਰਭਵਤੀ ਮਹਿਲਾਵਾਂ ਅਤੇ ਬੱਚਿਆਂ ਨੂੰ ਮੁਫ਼ਤ ਟੀਕੇ ਲਗਾਏ ਗਏ ਅਤੇ ਸਿਹਤ ਜਾਗਰੂਕਤਾ ਸੰਬੰਧੀ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ। ਉਹਨਾਂ ਦੱਸਿਆ ਕਿ ਟੀਕਾ ਕਰਨ ਬਚਿਆਂ ਨੂੰ ਖਤਰਨਾਕ ਬਿਮਾਰੀਆਂ ਤੋਂ ਬਚਾਉਣ ਦਾ ਸਭ ਤੋਂ ਪ੍ਰਭਾਵਸ਼ਾਲੀ ਅਤੇ ਸੁਰਖਿਅਤ ਢੰਗ ਹੈ। ਉਹਨਾਂ ਦੱਸਿਆ ਕਿ ਨਿਯਮਤ ਟੀਕਾ ਕਰਨ ਨਾਲ ਬਚਿਆਂ ਦੇ ਰੋਗ-ਪ੍ਰਤੀਰੋਧਕ ਸਮਰਥਾ ਵਧਦੀ ਹੈ।
ਭਵਿੱਖ ਵਿੱਚ ਵੀ ਬੱਚੇ ਖਤਰਨਾਕ ਬਿਮਾਰੀਆਂ ਤੋਂ ਬਚੇ ਰਹਿੰਦੇ ਹਨ। ਉਹਨਾਂ ਬਚਿਆਂ ਦੇ ਮਾਤਾ, ਪਿਤਾ ਨੂੰ ਅਪੀਲ ਕੀਤੀ ਕਿ ਉਹ ਅਪਣੇ ਬਚਿਆਂ ਦਾ ਟੀਕਾ ਕਰਨ ਨਿਰਧਾਰਤ ਸਮੇਂ ਅਨੁਸਾਰ ਜ਼ਰੂਰ ਕਰਵਾਇਆ ਜਾਵੇ।

# ਰੇਲਵੇ ਕਰਮਚਾਰੀਆਂ ਲਈ ਕੈਸ਼ਲੈੱਸ ਇਲਾਜ ਦੀ ਸਹੂਲਤ ਆਰੰਭ

**ਬੰਗਾ (ਅਵਤਾਰ ਕਲੇਰ)**- ਭਾਰਤੀ ਰੇਲਵੇ ਕਰਮਚਾਰੀਆਂ ਲਈ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਕੈਸ਼ਲੈੱਸ ਇਲਾਜ ਦੀ ਸਹੂਲਤ ਆਰੰਭ ਹੋ ਗਈ ਹੈ । ਇਹ ਜਾਣਕਾਰੀ ਹਸਪਤਾਲ ਦੇ ਮੁੱਖ ਪ੍ਰਬੰਧਕ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਮੀਡੀਆ ਨੂੰ ਦਿੰਦੇ ਦੱਸਿਆ ਕਿ ਭਾਰਤ ਸਰਕਾਰ ਦੀ ਕੈਸ਼ਲੈੱਸ ਇਲਾਜ ਸੇਵਾ ਸਕੀਮ ਅਧੀਨ ਉੱਤਰ ਭਾਰਤ ਰੇਲਵੇ ਦੇ ਕਰਮਚਾਰੀ ਹੁਣ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਆਪਣਾ ਕੈਸ਼ਲੈਸ ਇਲਾਜ ਕਰਵਾ ਸਕਣਗੇ । ਇਸ ਨਾਲ ਮਰੀਜ਼ ਨੂੰ ਹਸਪਤਾਲ ਵਿੱਚ ਇਲਾਜ ਕਰਵਾਉਣ ਲਈ ਨਕਦ ਪੈਸੇ ਦੇਣ ਦੀ ਲੋੜ ਨਹੀਂ ਪੈਂਦੀ ਅਤੇ ਮਰੀਜ਼ ਦੇ ਇਲਾਜ ਦਾ ਭੁਗਤਾਨ ਭਾਰਤੀ ਰੇਲਵੇ ਦੁਆਰਾ ਕੀਤਾ ਜਾਂਦਾ ਹੈ । ਉਹਨਾਂ ਦੱਸਿਆ ਕਿ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦਾ ਪ੍ਰਮੁੱਖ ਹਸਪਤਾਲ ਹੈ ਜੋ ਅਤਿ-ਆਧੁਨਿਕ ਮੈਡੀਕਲ ਯੰਤਰਾਂ, ਐਮਰਜੈਂਸੀ ਸੇਵਾਵਾਂ, ਟਰੌਮਾ ਸੈਂਟਰ ਅਤੇ ਆਈ. ਸੀ. ਯੂ. ਸੁਵਿਧਾਵਾਂ ਨਾਲ ਲੈਸ ਹੈ । ਹਸਪਤਾਲ ਢਾਹਾਂ ਕਲੇਰਾਂ ਵਿਖੇ ਰੇਲਵੇ ਕਰਮਚਾਰੀਆਂ ਨੂੰ ਸੁਪਰ ਸਪੈਸ਼ਲਿਟੀ ਮੈਡੀਕਲ ਸੇਵਾਵਾਂ ਨਿਊਰੋਸਰਜਰੀ, ਯੂਰੋਲੋਜੀ, ਜਨਰਲ ਮੈਡੀਸਨ, ਜਨਰਲ ਤੇ ਲੈਪਰੋਸਕੋਪਿਕ ਸਰਜਰੀ, ਗਾਇਨੀਕੋਲੋਜੀ, ਆਰਥੋਪੈਡਿਕਸ, ਈ ਐਨ ਟੀ, ਡੈਂਟਲ, ਅੱਖਾਂ ਦਾ ਵਿਭਾਗ, ਬੱਚਿਆਂ ਦਾ ਵਿਭਾਗ, ਫਿਜ਼ੀਉਥੈਰਾਪੀ, ਆਈ.ਸੀ.ਯੂ. ਅਤੇ ਕ੍ਰਿਟੀਕਲ ਕੇਅਰ, ਡਾਇਲਿਸਸ, ਪੈਥੋਲੋਜੀ ਤੋਂ ਇਲਾਵਾ ਰੇਡੀਓਲੋਜੀ ਡਾਇਗਨੌਸਟਿਕ ਅਤੇ ਇਮੇਜਿੰਗ ਸਹੂਲਤਾਂ ਵਿੱਚ ਐਕਸ-ਰੇ, ਅਲਟਰਾ ਸਾਊਂਡ ਸਕੈਨ, ਸੀ.ਟੀ. ਸਕੈਨ ਦੀਆਂ ਸੇਵਾਵਾਂ ਮਿਲਣਗੀਆਂ । ਇਸ ਮੌਕੇ ਜਗਜੀਤ ਸਿੰਘ ਸੋਢੀ, ਦਵਿੰਦਰ ਸਿੰਘ ਢਿੱਲੋਂ, ਡਾ. ਜਸਦੀਪ ਸਿੰਘ ਸੈਣੀ, ਹੁਨਰਦੀਪ ਸਿੰਘ ਐਚ ਆਰ, ਮਹਿੰਦਰਪਾਲ ਸਿੰਘ ਵੀ ਹਾਜ਼ਰ ਸਨ।



# ਬ੍ਰਿਗੇਡੀਅਰ ਰਾਜਕੁਮਾਰ ਨੇ ਪਾਰਟੀ ਵਰਕਰਾਂ ਨਾਲ ਕੀਤੀ ਮੁਲਾਕਾਤ



**ਪੋਜੇਵਾਲ (ਰਾਮ ਲਾਲ)**
ਅਸ਼ੋਕ ਕੁਮਾਰ ਲੀਲ ਬ੍ਰਿਗੇਡੀਅਰ ਰਾਜਕੁਮਾਰ ਨੇ ਪਿੰਡ ਰੈਲ ਮਾਜਰਾ ਵਿਖੇ ਪਾਰਟੀ ਵਰਕਰਾਂ ਨਾਲ ਵਿਸ਼ੇਸ਼ ਤੌਰ 'ਤੇ ਮੁਲਾਕਾਤ ਕੀਤੀ ਜਿਸ ਸਬੰਧੀ ਜਾਣਕਾਰੀ ਦਿੰਦੇ ਹੋਏ ਉਹਨਾਂ ਨੇ ਦੱਸਿਆ ਕਿ ਪੰਜਾਬ ਵਿੱਚ ਵਿਕਾਸ ਦੇ ਕੰਮ ਬਹੁਤ ਤੇਜ਼ੀ ਨਾਲ ਚੱਲ ਰਹੇ ਹਨ ਜਿਵੇਂ ਸੜਕਾਂ ਦਾ ਨਿਰਮਾਣ, ਕੰਡੀ ਨਹਿਰ ਦੇ ਬਚੇ ਕਮ ਨੂੰ ਪੂਰਾ ਕਰਨਾ,ਲਿਫਟ ਇਰੀਗੇਸ਼ਨ ਨਾਲ ਬੰਜਰ ਜਮੀਨ ਦੀ ਸਿੰਚਾਈ, ਕੀਤੇ ਵਾਅਦਿਆਂ ਦਾ ਪੂਰਾ ਕਰਨਾ ਵਗੈਰਾ । ਇਸੇ ਸਬੰਧ ਵਿੱਚ ਉਹਨਾਂ ਵੱਲੋਂ ਪਿੰਡਾਂ ਵਿੱਚ ਜਾ ਕੇ ਵਿਕਾਸ ਦੇ ਕੰਮਾਂ ਦਾ ਜਾਇਜ਼ਾ ਲਿਆ ਅਤੇ ਜਮੀਨੀ ਪੱਧਰ ਦੇ ਵਰਕਰਾਂ ਅਤੇ ਇਲਾਕਾ ਨਿਵਾਸੀਆਂ ਨੂੰ ਆਪ ਸਰਕਾਰ ਦੀ ਕਾਰਜਕਾਰੀ ਵਾਰੇ ਜਾਗਰੂਕ ਕਰਵਾਇਆ। ਉਹਨਾਂ ਦੱਸਿਆ ਕਿ ਰੈਲਮਾਜਰਾ ਵਿੱਚ 1960 -70 ਦੇ ਨਾਮੀ ਵਪਾਰੀ ਜਗਜੀਤ ਸਿੰਘ ਦੇ ਪਰਵਾਰ ਨੂੰ ਵੀ ਮਿਲੇ ਜਿਨਾਂ ਨੇ 27 ਸਾਲ ਪਿੰਡ ਦੀ ਸਰਪੰਚੀ ਕੀਤੀ ਅਤੇ ਉਹਨਾਂ ਦੇ ਬੇਟੇ ਅਤੇ ਭਤੀਜੇ ਸਰਦਾਰ ਬਲਦੇਵ ਸਿੰਘ ਸਰਦਾਰ ਕੁਲਦੀਪ ਸਿੰਘ ਵੀ ਪਿੰਡ ਦੇ ਸਰਪੰਚ ਰਹੇ ਅਤੇ ਪੋਤੇ ਮੌਜੂਦਾ ਸਰਪੰਚ ਸਰਦਾਰ ਸਿਕੰਦਰ ਸਿੰਘ ਅਤੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਲਾਲ ਚੰਦ ਲਾਲੀ ਰਿਸ਼ੀ ਸ਼ਰਮਾ ਸੁਖਵਿੰਦਰ ਸਿੰਘ ਹਰਪ੍ਰੀਤ ਸਿੰਘ ਪਵਨ ਕੁਮਾਰ ਅਤੇ ਹੋਰ ਸਾਥੀਆਂ ਨੂੰ ਪਿੰਡਾਂ ਵਿੱਚ ਜਾ ਕੇ ਪਾਰਟੀ ਦੇ ਕਮਾਂ ਵਾਰੇ ਜਾਗਰੂਕ ਕਰਵਾਇਆ।

# ਗੈਸ ਏਜੰਸੀਆਂ ਕੋਲ ਘਰੇਲੂ ਗੈਸ ਸਿਲੰਡਰਾਂ ਦਾ ਲੋੜੀਂਦਾ ਸਟਾਕ ਉਪਲੱਬਧ : ਡਿਪਟੀ ਕਮਿਸ਼ਨਰ



**ਮੋਹਾਲੀ (ਗੁਰਜੀਤ ਬਿੱਲਾ)**-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਵੱਲੋਂ ਜ਼ਿਲ੍ਹੇ ਦੀ ਆਮ ਜਨਤਾ ਨੂੰ ਅਪੀਲ ਕੀਤੀ ਗਈ ਹੈ ਕਿ ਘਰੇਲੂ ਗੈਸ ਸਿਲੰਡਰਾਂ ਅਤੇ ਪੈਟਰੋਲ/ਡੀਜ਼ਲ ਦੀ ਸਪਲਾਈ ਨੂੰ ਲੈ ਕੇ ਕਿਸੇ ਵੀ ਤਰ੍ਹਾਂ ਦੀ ਘਬਰਾਹਟ ਦੀ ਲੋੜ ਨਹੀਂ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਅਧੀਨ ਆਉਂਦੀਆਂ ਸਾਰੀਆਂ ਗੈਸ ਏਜੰਸੀਆਂ ਕੋਲ ਘਰੇਲੂ ਗੈਸ ਸਿਲੰਡਰਾਂ ਦਾ ਲੋੜੀਂਦਾ ਸਟਾਕ ਉਪਲੱਬਧ ਹੈ ਅਤੇ ਸਪਲਾਈ ਨਿਰੰਤਰ ਜਾਰੀ ਹੈ। ਲੋਕਾਂ ਦੀ ਸੁਵਿਧਾ ਨੂੰ ਧਿਆਨ ਵਿੱਚ ਰੱਖਦੇ ਹੋਏ ਗੈਸ ਦੀ ਬੁਕਿੰਗ ਲਈ ਸਮੇਂ-ਸੀਮਾ ਨਿਰਧਾਰਤ ਕੀਤੀ ਗਈ ਹੈ, ਜਿਸ ਅਨੁਸਾਰ ਪੇਂਡੂ ਖੇਤਰਾਂ ਵਿੱਚ 45 ਦਿਨਾਂ ਬਾਅਦ ਅਤੇ ਸ਼ਹਿਰੀ ਖੇਤਰਾਂ ਵਿੱਚ 25 ਦਿਨਾਂ ਬਾਅਦ ਹੀ ਗੈਸ ਸਿਲੰਡਰ ਬੁੱਕ ਕਰਵਾਇਆ ਜਾ ਸਕੇਗਾ। ਇਸ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਹਰ ਘਰ ਤੱਕ ਸਮੇਂ ਸਿਰ ਗੈਸ ਪਹੁੰਚ ਸਕੇ ਅਤੇ ਕਿਸੇ ਨੂੰ ਵੀ ਕਮੀ ਦਾ ਸਾਹਮਣਾ ਨਾ ਕਰਨਾ ਪਵੇ।

# ਕੰਠ ਕਲੇਰ ਦੀ ਐਲਬਮ 'ਇਸ਼ਕਾ ਵੇ' ਦਾ ਪੋਸਟਰ ਜਾਰੀ



**ਜਲੰਧਰ ( ਲਖਵਿੰਦਰ ਸਿੰਘ ਆਧੀ)**-ਪੰਜਾਬ ਪ੍ਰੈਸ ਕਲੱਬ ਜਲੰਧਰ ਵਿਖੇ ਪੰਜਾਬ ਦੇ ਸੁਰੀਲੇ ਗਾਇਕ ਕੰਠ ਕਲੇਰ ਦੀ ਨਵੀਂ ਐਲਬਮ ਇਸ਼ਕਾ ਵੇ ਦਾ ਪੋਸਟਰ ਜਾਰੀ ਕੀਤਾ ਗਿਆ ।ਇਸ ਮੌਕੇ ਤੇ ਚੀਫ਼ ਗੈਸਟ ਪਦਮਸ੍ਰੀ ਹੰਸ ਰਾਜ ਹੰਸ ਅਤੇ ਮਦਨ ਜਲੰਧਰੀ ਵਿਸ਼ੇਸ਼ ਤੌਰ 'ਤੇ ਪਹੁੰਚੇ । ਗਾਇਕ ਕੰਠ ਕਲੇਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਨਵੀਂ ਐਲਬਮ ਇਸ਼ਕਾ ਵੇ ਵਿੱਚ ਪੰਮ ਮੋਰੋ ਵਾਲਾ, ਕਮਲ ਮਾਨ, ਮਿੰਟੂ ਹੇਅਰ,ਮੱਲ ਕਲੇਰਾਂ ਵਾਲਾ,ਕਮਲ ਕਲੇਰ, ਨਰਿੰਦਰ ਕੁਮਾਰ,ਮਨ ਮਨਦੀਪ ,ਸਨੀ ਖਾਲੜਾ ਵਰਗੇ ਸਥਾਪਿਤ ਗੀਤਕਾਰਾਂ ਦੇ ਗੀਤਾਂ ਨੂੰ ਕੰਠ ਕਲੇਰ ਨੇ ਆਪਣੀ ਆਵਾਜ਼ ਦਿੱਤੀ ਤੇ ਇਸ਼ਕ ਵੇ, ਮੁਹੱਬਤ, ਜੁਦਾਈਆਂ, ਮੀਂਹ,ਦਿਲ ਟੁੱਟਿਆ,ਜ਼ਿਕਰ,ਹਾਲ, ਚੜਦੇ ਸੂਰਜ,ਖੰਭ ਵਰਗੇ ਗੀਤਾਂ ਨੂੰ ਪ੍ਰਸਿੱਧ ਸੰਗੀਤਕਾਰਾਂ ਜੱਸੀ ਬ੍ਰਦਰਜ਼,ਬਮਨ, ਕੁਸ਼ਨ ਕਲੇਰ, ਸੰਨੀ ਵਿਕ,ਰਜੀਵ ਬੀ ਭੱਲਾ ਨੇ ਮਧੁਰ ਧੁਨਾਂ 'ਚ ਪਰੋਇਆ ਹੈ ਉਨ੍ਹਾਂ ਕਿਹਾ ਕਿ ਇਨ੍ਹਾਂ ਵਿਚੋਂ ਕੁਝ ਗੀਤਾਂ ਦੀ ਵੀਡੀਓ ਕਨੇਡਾ ਦੀਆਂ ਖ਼ੂਬਸੂਰਤ ਲੋਕੇਸ਼ਨਾਂ ਤੇ ਹੈਰੀ ਜਾਰਡਨ ਫਿਲਮ ਵੱਲੋਂ ਤੇ ਪੰਜਾਬ ਵਿੱਚ ਈ, ਡੀ,ਐਮਰਜ਼ ਵੱਲੋਂ ਤਿਆਰ ਕੀਤੇ ਗਏ ਹਨ ਤੇ ਇਸ ਐਲਬਮ ਨੂੰ ਕੇ ਕੇ ਮਿਊਜ਼ਿਕ ਕੰਪਨੀ ਵੱਲੋਂ ਵਿਸ਼ਵ ਪੱਧਰ 'ਤੇ ਰਿਲੀਜ਼ ਕੀਤਾ ਜਾ ਰਿਹਾ ਹੈ।

# ਸ਼ਾਰਟ ਫਿਲਮ ਫੈਸਟੀਵਲ ਦਾ ਸ਼ਾਨਦਾਰ ਗ੍ਰੈਂਡ ਫਿਨਾਲੇ ਕਰਵਾਇਆ




**ਜਲੰਧਰ (ਸ਼ੈਲੀ ਐਲਬਰਟ)**
ਜਲੰਧਰ ਦੇ ਸ਼ਾਹਪੁਰ ਵਿਖੇ ਸਥਿਤ ਸਾਊਥ ਕੈਂਪਸ ਵਿੱਚ ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼ ਵੱਲੋਂ ਸੀ ਟੀ ਸ਼ਾਰਟ ਫਿਲਮ ਫੈਸਟੀਵਲ ਸੀਜ਼ਨ-3 ਦਾ ਸ਼ਾਨਦਾਰ ਗ੍ਰੈਂਡ ਫਿਨਾਲੇ ਸਫਲਤਾਪੂਰਵਕ ਕਰਵਾਇਆ ਗਿਆ। ਇਸ ਸਮਾਗਮ ਨੇ ਇਲਾਕੇ ਭਰ ਦੇ ਨੌਜਵਾਨ ਫਿਲਮ ਮੇਕਰਾਂ ਦੀ ਰਚਨਾਤਮਕਤਾ ਤੇ ਸਿਨੇਮਾ ਦੀ ਕਾਬਲੀਅਤ ਦਾ ਜਸ਼ਨ ਮਨਾਇਆ।ਇਸ ਫੈਸਟੀਵਲ ਵਿੱਚ 20 ਤੋਂ ਵੱਧ ਕਾਲਜਾਂ ਅਤੇ 10 ਤੋਂ ਜ਼ਿਆਦਾ ਅਕੈਡਮੀਆਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਨਵੇਂ ਉਭਰਦੇ ਫਿਲਮ ਮੇਕਰਾਂ, ਐਨੀਮੇਟਰਾਂ ਅਤੇ ਕੰਟੈਂਟ ਕ੍ਰੀਏਟਰਾਂ ਨੇ ਸ਼ਾਰਟ ਫਿਲਮ, ਰੀਲ ਮੇਕਿੰਗ, 24 ਐਨੀਮੇਸ਼ਨ, 34 ਐਨੀਮੇਸ਼ਨ ਅਤੇ ਲਾਈਵ ਐਕਸ਼ਨ ਵੀ ਐੱਫ ਐੱਕਸ ਵਰਗੀਆਂ ਸ਼੍ਰੇਣੀਆਂ ਵਿੱਚ ਆਪਣੀ ਪ੍ਰਤਿਭਾ ਦਿਖਾਈ। ਮੁਕਾਬਲੇ ਲਈ ਕੁੱਲ ?16,000 ਦੀ ਇਨਾਮੀ ਰਕਮ ਰੱਖੀ ਗਈ ਸੀ।ਇਹ ਸਮਾਗਮ ਸਰਦਾਰਨੀ ਮਨਜੀਤ ਕੌਰ ਆਡੀਟੋਰਿਅਮ ਵਿੱਚ ਆਯੋਜਿਤ ਕੀਤਾ ਗਿਆ। ਮੁਕਾਬਲੇ ਦੇ ਨਤੀਜੇ 24 ਐਨੀਮੇਸ਼ਨ: ਮਨੋਜ (ਸੀ ਟੀ ਗਰੁੱਪ, ਮਕਸੂਦਾਂ) ਪਹਿਲਾ (3100), ਗੁਰਨੂਰ (ਖਾਲਸਾ ਕਾਲਜ, ਅੰਮ੍ਰਿਤਸਰ) ਦੂਜਾ, ਗੌਰੀ (ਸੀ ਟੀ ਗਰੁੱਪ, ਮਕਸੂਦਾਂ) ਤੀਜਾ. 34 ਐਨੀਮੇਸ਼ਨ:ਰੋਹਿਤ (ਜੀ ਐਨ ਏ ਯੂਨੀਵਰਸਿਟੀ) ਪਹਿਲਾ (3100), ਸੁਮਿਤ ਕੁਮਾਰ (ਬੀ ਪੀ ਪੀ ਐਨੀਮੇਸ਼ਨ) ਦੂਜਾ, ਅਰਜੁਨ ਸਾਈ ਵੈਦਯਨਾਥਨ (ਪੰਜਾਬ ਯੂਨੀਵਰਸਿਟੀ) ਤੀਜਾ, ਲਾਈਵ ਐਕਸ਼ਨ ਵੀ ਐੱਫ ਐਕਸ : ਪ੍ਰਾਂਜਲ ਪਾਲ (ਚੰਡੀਗੜ੍ਹ ਯੂਨੀਵਰਸਿਟੀ) ਪਹਿਲਾ (3100), ਰਾਜਵੀਰ ਸਿੰਘ ਦੂਜਾ, ਗੁਰਨੂਰ ਤੀਜਾ,ਰੀਲ ਮੇਕਿੰਗ: ਰਾਹੁਲ (ਦੋਆਬਾ ਕਾਲਜ, ਜਲੰਧਰ) ਪਹਿਲਾ (3100), ਪਿਯੂਸ਼ ਦੂਜਾ, ਗਗਨਜੀਤ ਸਿੰਘ ਤੀਜਾ,ਸ਼ਾਰਟ ਫਿਲਮ: ਰਿਸ਼ੀ 'ਲਹੂ ਲੇਖੇ' ਲਈ ਪਹਿਲਾ (3100), ਅਨਮੋਲ ਥਿੰਦ 'ਖੇਤਾਂ ਦਾ ਰਾਜਾ' ਲਈ ਦੂਜਾ, ਤਰਨਜੀਤ ਸਿੰਘ ਜ਼ਿੰਦਾਬਾਦ ਯਾਰੀਆਂ' ਲਈ ਤੀਜਾ.ਸਾਈਲੈਂਟ ਫਿਲਮ ਸ਼੍ਰੇਣੀ ਵਿੱਚ ਵਿਸ਼ੇਸ਼ ਇਨਾਮ ਆਸ਼ੁਤੋਸ਼ ਅਤੇ ਉਨ੍ਹਾਂ ਦੀ ਟੀਮ ਨੂੰ ਉਨ੍ਹਾਂ ਦੀ ਸ਼ਾਨਦਾਰ ਰਚਨਾਤਮਕਤਾ ਲਈ ਦਿੱਤਾ ਗਿਆ।ਖਾਲਸਾ ਕਾਲਜ, ਅੰਮ੍ਰਿਤਸਰ ਨੂੰ ਫੈਸਟੀਵਲ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਓਵਰਆਲ ਟਰਾਫੀ ਨਾਲ ਸਨਮਾਨਤ ਕੀਤਾ।

## ਆਹਲੂਵਾਲੀਆ ਬਣੇ ਠੇਕੇਦਾਰ ਲੇਬਰ ਯੂਨੀਅਨ ਨੈਸਲੇ ਦੇ ਪ੍ਰਧਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਨੈਸਲੇ ਵਿੱਚ ਕ੍ਰਿਸ਼ਨਾ ਮੈਨ ਪਾਵਰ ਠੇਕੇਦਾਰ ਦੇ ਤਹਿਤ ਕੰਮ ਕਰਦੇ ਠੇਕਾ ਮਜ਼ਦੂਰਾਂ ਦੀ ਯੂਨੀਅਨ ਠੇਕੇਦਾਰ ਲੇਬਰ ਯੂਨੀਅਨ ਨੈਸਲੇ ਰਜਿਸਟਰੇਸ਼ਨ ਨੰਬਰ 5, ਜੋ ਬੀਤੇ ਦਿਨੀ ਕਿਸੇ ਕਾਰਨ ਨਰਾਜ਼ ਹੋ ਕੇ ਇੰਟਕ ਵਿੱਚ ਸ਼ਾਮਲ ਹੋ ਗਈ ਸੀ, ਬੁੱਧਵਾਰ ਇਸ ਯੂਨੀਅਨ ਨੇ ਇੰਟਕ ਨੂੰ ਛੱਡ ਕੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਧੜੇ ਵਿੱਚ ਮੁੜ ਵਾਪਸੀ ਕੀਤੀ।ਇਸ ਮੌਕੇ ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ, ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ ਅਤੇ ਨੈਸਲੇ ਠੇਕੇਦਾਰ ਲੇਬਰ ਯੂਨੀਅਨ ਦੇ ਸਮੂਹ ਅਹੁਦੇਦਾਰ ਸ਼ਾਮਲ ਸਨ।ਇਸ ਮੌਕੇ ਯੂਨੀਅਨ ਦੇ ਮੈਂਬਰਾਂ ਨੇ ਸਰਬਸੰਮਤੀ ਦੇ ਨਾਲ ਜਸਮੀਨ ਸਿੰਘ ਆਹਲੂਵਾਲੀਆ ਧੱਲੇਕੇ ਨੂੰ ਆਪਣਾ ਪ੍ਰਧਾਨ ਚੁਣਿਆ ਪ੍ਰਧਾਨ ਚੁਣੇ ਜਾਣ ਉਪਰੰਤ ਵਰਕਰਾਂ ਨੇ ਨਵੇਂ ਚੁਣੇ ਪ੍ਰਧਾਨ ਜਸਮੀਨ ਸਿੰਘ ਆਹਲੂਵਾਲੀਆ ਦੇ ਫੁੱਲ ਮਾਲਾਵਾਂ ਪਹਿਨਾ ਕੇ ਉਨ੍ਹਾਂ ਦਾ ਸਵਾਗਤ ਕੀਤਾ ਅਤੇ ਸਨਮਾਨ ਕੀਤਾ।ਇਸ ਮੌਕੇ ਨਵੇਂ ਚੁਣੇ ਪ੍ਰਧਾਨ ਜਸਮੀਨ ਸਿੰਘ ਆਹਲੂਵਾਲੀਆ ਨੇ ਵਰਕਰਾਂ ਨੂੰ ਭਰੋਸਾ ਦਿੱਤਾ ਕਿ ਉਹ ਵਰਕਰਾਂ ਦੀਆਂ ਮੰਗਾਂ ਖਾਤਰ ਦਿਨ-ਰਾਤ ਇੱਕ ਕਰਨਗੇ ਅਤੇ ਆਪਣੇ ਵਰਕਰਾਂ ਨੂੰ ਕਿਸੇ ਤਰ੍ਹਾਂ ਦੀ ਨਿਰਾਸ਼ਾ ਨਹੀਂ ਆਉਣ ਦੇਣਗੇ।ਇਸ ਮੌਕੇ ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਨੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਇਹ ਯੂਨੀਅਨ ਵਾਪਸ ਉਨ੍ਹਾਂ ਦੇ ਧੜੇ ਵਿੱਚ ਸ਼ਾਮਲ ਹੋਈ ਹੈ ਉਹ ਇਸ ਯੂਨੀਅਨ ਦੇ ਨਵੇਂ ਚੁਣੇ ਪ੍ਰਧਾਨ ਅਤੇ ਉਹਨਾਂ ਦੇ ਕੁੱਲ ਮੈਂਬਰਾਂ ਦਾ ਸਵਾਗਤ ਕਰਦੇ ਹਾਂ ਅਤੇ ਉਨ੍ਹਾਂ ਨੂੰ ਜੀ ਆਇਆ ਆਖਦੇ ਹਾਂ ਅਤੇ ਯੂਨੀਅਨ ਦੇ ਮੈਂਬਰਾਂ ਨੂੰ ਭਰੋਸਾ ਦਿੱਤਾ ਕਿ ਕਿ ਉਹ ਇਸ ਯੂਨੀਅਨ ਦੇ ਸੰਸਥਾਪਕ ਹਨ ਇਸ ਲਈ ਇਸ ਯੂਨੀਅਨ ਦੀਆਂ ਮੰਗਾਂ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਜਿਸ ਤਰ੍ਹਾਂ ਬੀਤੇ ਸਾਲਾਂ ਦੇ ਵਿੱਚ ਸਮਾਧਾਨ ਕੀਤਾ ਹੈ ਉਸੇ ਤਰ੍ਹਾਂ ਨਾਲ ਅੱਗੇ ਵੀ ਉਨ੍ਹਾਂ ਦੀਆਂ ਮੰਗਾਂ ਨੂੰ ਪੂਰਾ ਕਰਨ ਦੇ ਵਿੱਚ ਕਿਸੇ ਤਰ੍ਹਾਂ ਦੀ ਕੋਈ ਕਸਰ ਨਹੀਂ ਰਹਿਣ ਦਿੱਤੀ ਜਾਵੇਗੀ।

# ਦਿਹਾੜੀ ਦਾ ਸਮਾਂ ਵਧਾਉਣ ਤੇ ਕਾਲੇ ਕਾਨੂੰਨਾਂ ਵਿਰੁੱਧ ਤਿੱਖਾ ਅੰਦੋਲਨ ਸਮੇਂ ਦੀ ਅਣਸਰਦੀ ਲੋੜ : ਟਰੇਡ ਯੂਨੀਅਨਾਂ

### ਰੋਸ ਮਾਰਚ ਉਪਰੰਤ ਮੋਦੀ ਸਰਕਾਰ ਦੀ ਅਰਥੀ ਫੂਕ ਕੇ ਮਨਾਇਆ ਕਾਲਾ ਦਿਵਸ

**ਮਾਨਸਾ (ਆਤਮਾ ਸਿੰਘ ਪਮਾਰ)**

ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਪੰਜਾਬ ਦੀਆਂ ਟਰੇਡ ਯੂਨੀਅਨਾਂ ਏਟਕ, ਏਟਕੂ, ਸੰਯੁਕਤ ਕਿਸਾਨ ਮੋਰਚਾ, ਮਜ਼ਦੂਰ ਤੇ ਮੁਲਾਜ਼ਮ ਜਥੇਬੰਦੀਆਂ ਵੱਲੋਂ ਚਾਰ ਲੇਬਰ ਕੋਡਾਂ ਦੇ ਵਿਰੋਧ 'ਚ ਰੋਸ ਮਾਰਚ ਉਪਰੰਤ ਠੀਕਰੀਵਾਲਾ ਚੌਕ ਵਿਖੇ ਮੋਦੀ ਸਰਕਾਰ ਦੀ ਅਰਥੀ ਫੂਕ ਕੇ ਕਾਲਾ ਦਿਵਸ ਮਨਾਇਆ।ਸਥਾਨਕ ਠੀਕਰੀਵਾਲਾ ਚੌਕ ਵਿਖੇ ਪ੍ਰਦਰਸ਼ਨ ਕਰਨ ਸਮੇਂ ਏਟਕ ਦੇ ਐਡਵੋਕੇਟ ਕੁਲਵਿੰਦਰ ਉੱਡਤ, ਪੰਜਾਬ ਖੇਤ ਮਜ਼ਦੂਰ ਸਭਾ ਦੇ ਕ੍ਰਿਸ਼ਨ ਸਿੰਘ ਚੌਹਾਨ, ਏਟਕੂ ਦੇ ਸੁਰਿੰਦਰਪਾਲ ਸ਼ਰਮਾ, ਕੁੱਲ ਹਿੰਦ ਕਿਸਾਨ ਸਭਾ ਦੇ ਰੂਪ ਸਿੰਘ ਢਿੱਲੋਂ, ਮਜ਼ਦੂਰ ਮੁਕਤੀ ਮੋਰਚਾ ਦੇ ਗੁਰਸੇਵਕ ਸਿੰਘ ਮਾਨਬੀਬੜੀਆਂ, ਪੈਨਸ਼ਨਰਜ਼ ਐਸੋਸੀਏਸ਼ਨ ਦੇ ਲਖਨਪਾਲ, ਫਰਦ ਕੇਂਦਰ ਦੇ ਰਮਨਦੀਪ ਸਿੰਘ ਚਕੇਰੀਆਂ, ਪੰਜਾਬ ਕਿਸਾਨ ਯੂਨੀਅਨ ਦੇ ਸੁਖਚਰਨ ਸਿੰਘ ਦਾਨੇਵਾਲੀਆ, ਜਮਹੂਰੀ ਕਿਸਾਨ ਸਭਾ ਦੇ ਮੇਜ਼ਰ ਸਿੰਘ ਦੂਲੋਵਾਲ, ਆਂਗਨਵਾੜੀ ਆਗੂ ਬਲਵਿੰਦਰ ਕੌਰ ਭੈਣੀ ਬਾਘਾ, ਸੰਘਰਸ਼ੀ ਯੋਧੇ ਦੇ ਬਲਵੰਤ ਸਿੰਘ ਫੱਕਰ ਤੇ ਬੀ ਕੇ ਯੂ ਡਕੌਂਦਾ ਦੇ



ਸ਼ਿੰਦਰਪਾਲ ਕੌਰ ਆਦਿ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਤੇ ਦੇਸੀ ਵਿਦੇਸ਼ੀ ਸਰਮਾਏਦਾਰਾਂ ਨੂੰ ਖੁਸ਼ ਕਰਨ ਲਈ ਮਜ਼ਦੂਰਾਂ ਤੋਂ ਯੂਨੀਅਨ ਬਣਾਉਣ ਤੇ ਸੰਘਰਸ਼ ਕਰਨ ਵਰਗੇ ਜਮਹੂਰੀ ਹੱਕ ਖੋਹਣ ਲਈ ਕੇਂਦਰ ਸਰਕਾਰ ਨੇ ਮਜ਼ਦੂਰ ਪੱਖੀ 29 ਲੇਬਰ ਕਾਨੂੰਨਾਂ ਨੂੰ ਖ਼ਤਮ ਕਰਕੇ 4 ਲੇਬਰ ਕੋਡਾਂ 'ਚ ਤਬਦੀਲ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਇਨ੍ਹਾਂ ਚਾਰ ਲੇਬਰ ਕੋਡਾਂ ਨੂੰ 1 ਅਪ੍ਰੈਲ ਤੋਂ ਲਾਗੂ ਕਰਨ ਦਾ ਐਲਾਨ ਵੀ ਕੀਤਾ ਹੋਇਆ ਹੈ।ਆਗੂਆਂ ਨੇ ਕਿਹਾ ਕਿ ਇਹ ਕੋਡ ਲਾਗੂ ਹੋਣ ਨਾਲ ਮਜ਼ਦੂਰਾਂ ਕੋਲ ਆਪਣੇ ਅਧਿਕਾਰਾਂ ਨੂੰ ਸੁਰੱਖਿਅਤ ਕਰਨ ਤੇ ਪ੍ਰਾਪਤ ਕਰਨ ਲਈ ਯੂਨੀਅਨ ਬਣਾਉਣ ਅਤੇ ਸੰਘਰਸ਼ ਕਰਨ ਦਾ ਜਮਹੂਰੀ ਅਧਿਕਾਰ ਖ਼ਤਮ ਹੋ ਜਾਵੇਗਾ।ਪੱਕੀ ਨੌਕਰੀ ਦੀ ਥਾਂ 'ਫਿਕਸਡ ਟਰਮ ਇੰਪਲਾਇਮੈਂਟ' ਪ੍ਰਣਾਲੀ ਲਾਗੂ ਹੋਵੇਗੀ, ਨੌਕਰੀ ਦੀ ਸੁਰੱਖਿਆ ਖ਼ਤਮ ਹੋ ਜਾਵੇਗੀ।ਕੰਮ ਦਾ ਮਿਹਨਤਾਨਾ ਵਧਾਉਣ ਦੀ ਥਾਂ ਕੰਮ ਦੇ ਘੰਟੇ 8 ਤੋਂ ਵਧਾ ਕੇ 12 ਘੰਟੇ ਦੀ ਦਿਹਾੜੀ ਹੋਵੇਗੀ।ਇਹ ਕੋਡ ਭਾਰਤੀ ਸੰਵਿਧਾਨ, ਅੰਤਰਰਾਸ਼ਟਰੀ ਮਜ਼ਦੂਰ ਮਿਆਰਾਂ ਤੇ ਮਨੁੱਖੀ ਅਧਿਕਾਰਾਂ ਦੇ ਖਿਲਾਫ਼ ਹਨ।ਆਗੂਆਂ ਨੇ ਮੋਦੀ ਸਰਕਾਰ ਵੱਲੋਂ ਪੁਰਾਣੇ ਮਨਰੇਗਾ ਕਾਨੂੰਨ ਦੀ ਬਹਾਲੀ, ਬਿਜਲੀ ਤੇ ਬੀਜ ਬਿੱਲ ਸਮੇਤ ਮੁਕਤ ਵਪਾਰ ਸਮਝੌਤਾ ਰੱਦ ਕਰਨ ਦੀ ਵੀ ਮੰਗ ਕੀਤੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਰਨੈਲ ਸਿੰਘ ਭੀਖੀ, ਰਤਨ ਭੋਲਾ, ਬੂਟਾ ਸਿੰਘ ਬਰਨਾਲਾ, ਗੁਰਦੇਵ ਸਿੰਘ ਦਲੇਲ ਸਿੰਘ ਵਾਲਾ, ਨਿਰਮਲ ਸਿੰਘ ਮਾਨਸਾ, ਗਗਨਦੀਪ ਸ਼ਰਮਾ, ਕ੍ਰਿਸ਼ਨਾ ਕੌਰ ਆਦਿ ਆਗੂਆਂ ਨੇ ਵੀ ਇਕੱਤਰਤਾ ਨੂੰ ਸੰਬੋਧਨ ਕੀਤਾ।

## ਝਗੜੇ ਨੂੰ ਸੁਲਝਾਉਣ ਗਏ ਵਿਅਕਤੀ ਦੀ ਹੱਤਿਆ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਬੀਤੀ ਰਾਤ ਸੁਨਾਮ ਸ਼ਹਿਰ ਦੇ ਇਕ ਮੁਹੱਲੇ 'ਚ ਬੱਚਿਆਂ ਦੀ ਮਾਮੂਲੀ ਲੜਾਈ ਤੋਂ ਬਾਅਦ ਹੋਏ ਝਗੜੇ ਨੂੰ ਸੁਲਝਾਉਣ ਗਏ ਇਕ ਵਿਅਕਤੀ ਦੀ ਹੱਤਿਆ ਕਰ ਦਿੱਤੀ ਗਈ।ਪੁਲਸ ਥਾਣਾ ਸ਼ਹਿਰੀ ਸੁਨਾਮ ਊਧਮ ਸਿੰਘ ਵਾਲਾ ਦੇ ਇੰਸਪੈਕਟਰ ਪ੍ਰਤੀਕ ਜਿੰਦਲ ਨੇ ਦੱਸਿਆ ਕਿ ਸਥਾਨਕ ਇੰਦਰਾ ਬਸਤੀ 'ਚ ਹਨੂੰਮਾਨ ਮੰਦਿਰ ਨੇੜੇ ਬੱਚਿਆਂ ਦੀ ਕਿਸੇ ਗੱਲ ਨੂੰ ਲੈ ਕੇ ਲੜਾਈ ਹੋ ਗਈ, ਜਿਸ ਤੋਂ ਬਾਅਦ ਤਹਿਸ 'ਚ ਆ ਕੇ ਬੱਚਿਆਂ ਦੇ ਪਰਿਵਾਰ ਵੀ ਆਪਸ 'ਚ ਉਲਝ ਗਏ।ਰੌਲਾ ਪੈਣ 'ਤੇ ਰਾਜ ਕੁਮਾਰ ਆਪਣੇ ਭਤੀਜੇ ਬਲਿੰਦਰ ਕੁਮਾਰ ਸਮੇਤ ਦੋਵੇਂ ਧਿਰਾਂ ਨੂੰ ਸਮਝਾਉਣ ਲਈ ਜਿਵੇਂ ਹੀ ਮੌਕੇ 'ਤੇ ਗਿਆ ਤਾਂ ਇਕ ਧਿਰ ਵੱਲੋਂ ਆਪਣੀ ਹਮਾਇਤ 'ਚ ਅੱਧੀ ਦਰਜਨ ਨੌਜਵਾਨਾਂ ਨੂੰ ਬੁਲਾ ਲਿਆ ਗਿਆ।ਇਸ ਦੌਰਾਨ ਰਾਜ ਕੁਮਾਰ (50) ਪੁੱਤਰ ਛੋਟੂ ਰਾਮ ਵਾਸੀ ਇੰਦਰਾ ਬਸਤੀ ਸੁਨਾਮ ਦੀ ਕਿਰਚ ਮਾਰ ਕੇ ਹੱਤਿਆ ਕਰ ਦਿੱਤੀ ਗਈ, ਜਦੋਂ ਕਿ ਮ੍ਰਿਤਕ ਦੇ ਭਤੀਜੇ ਬਲਿੰਦਰ ਕੁਮਾਰ ਨੂੰ ਜ਼ਖਮੀ ਕਰ ਦਿੱਤਾ ਗਿਆ।ਇੰਸਪੈਕਟਰ ਪ੍ਰਤੀਕ ਜਿੰਦਲ ਨੇ ਕਿਹਾ ਕਿ ਪੁਲਸ ਵੱਲੋਂ ਇਸ ਮਾਮਲੇ ਨੂੰ ਲੈ ਕੇ ਅੱਧੀ ਦਰਜਨ ਨੌਜਵਾਨਾਂ ਹੈਰੀ, ਸਾਵਨ, ਗੋਬਿੰਦ, ਅਮਨ, ਕਰਨ ਤੇ ਵਰੁਣ ਵਾਸੀਆਨ ਸੁਨਾਮ ਖਿਲਾਫ ਵੱਖ-ਵੱਖ ਧਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ।

## ਸ਼੍ਰੋਮਣੀ ਕਮੇਟੀ ਵੱਲੋਂ ਅੰਮ੍ਰਿਤਧਾਰੀ ਬੱਚਿਆਂ ਨੂੰ 2.28 ਕਰੋੜ ਦੇ ਵਜ਼ੀਫੇ ਜਾਰੀ



**ਲੌਂਗੋਵਾਲ (ਪ੍ਰਦੀਪ ਸੱਪਲ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿੱਦਿਅਕ ਅਦਾਰਿਆਂ ਵਿੱਚ ਪੜ੍ਹ ਰਹੇ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸਾਲ 2025-26 ਲਈ 2 ਕਰੋੜ 28 ਲੱਖ 98 ਹਜ਼ਾਰ 500 ਰੁਪਏ ਦੀ ਵਜ਼ੀਫਾ ਰਾਸ਼ੀ ਦਿੱਤੀ ਗਈ ਹੈ।ਅੱਜ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਵਜ਼ੀਫ਼ਾ ਰਾਸ਼ੀ ਦੇ ਚੈੱਕ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਵਿੱਦਿਅਕ ਅਦਾਰਿਆਂ ਦੇ ਨੁਮਾਇੰਦਿਆਂ ਨੂੰ ਸੌਂਪੇ।ਇਸ ਮੌਕੇ ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਹਮੇਸ਼ਾ ਕਾਰਜਸ਼ੀਲ ਰਹੀ ਹੈ, ਜਿੱਥੇ ਦੇਸ਼ ਭਰ ਅੰਦਰ ਗੁਰਮਤਿ ਸਮਾਗਮਾਂ ਰਾਹੀਂ ਸਿੱਖੀ ਪ੍ਰਚਾਰ ਕੀਤਾ ਜਾਂਦਾ ਹੈ, ਉਥੇ ਹੀ ਧਰਮ ਪ੍ਰਚਾਰ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੇ ਵਿੱਦਿਅਕ ਅਦਾਰਿਆਂ ਦੇ ਅੰਮ੍ਰਿਤਧਾਰੀ ਵਿਦਿਆਰਥੀਆਂ ਲਈ ਵਜ਼ੀਫਾ ਰਾਸ਼ੀ ਦੀ ਯੋਜਨਾ ਵੀ ਚਲਾਈ ਜਾ ਰਹੀ ਹੈ।ਇਸ ਤਹਿਤ ਹਰ ਸਾਲ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਫੀਸਾਂ ਲਈ ਕਰੋੜਾਂ ਰੁਪਏ ਵਜ਼ੀਫੇ ਵਜੋਂ ਦਿੱਤੇ ਜਾਂਦੇ ਹਨ।ਇਸ ਵਾਰ 3743 ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ 2 ਕਰੋੜ 28 ਲੱਖ 98 ਹਜ਼ਾਰ 500 ਰੁਪਏ ਦੀ ਰਾਸ਼ੀ ਵੰਡੀ ਗਈ ਹੈ।ਉਨ੍ਹਾਂ ਵਜ਼ੀਫਾ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਗੁਰਸਿੱਖੀ ਜੀਵਨ ਵਿਚ ਪ੍ਰਪੱਕ ਰਹਿਣ ਲਈ ਪ੍ਰੇਰਨਾ ਕੀਤੀ।ਉਨ੍ਹਾਂ ਸੰਗਤ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਬਾਣੀ ਤੇ ਬਾਣੇ ਨਾਲ ਜੋੜਨ, ਤਾਂ ਜੋ ਇਨ੍ਹਾਂ ਯੋਜਨਾਵਾਂ ਦਾ ਵੱਧ ਤੋਂ ਵੱਧ ਨੌਜਵਾਨ ਲਾਭ ਲੈ ਸਕਣ।

## ਸੁਖਬੀਰ ਦਾ ਨਾਭਾ ਰੈਲੀ ਦੌਰਾਨ ਕਾਲੀਆਂ ਝੰਡੀਆਂ ਨਾਲ ਕਰਾਂਗੇ ਵਿਰੋਧ : ਸਹੌਲੀ



**ਨਾਭਾ (ਵਰਿੰਦਰ ਵਰਮਾ)**-ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੌਲੀ ਦੀ ਅਗਵਾਈ ਹੇਠ ਦਫ਼ਤਰ ਮੋਤੀ ਬਾਗ ਵਿਖੇ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਕੌਮੀ ਪ੍ਰਧਾਨ ਪਰਮਜੀਤ ਸਿੰਘ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ 04 ਅਪ੍ਰੈਲ ਨੂੰ ਜੋ ਨਵੀਂ ਅਨਾਜ ਮੰਡੀ ਨਾਭਾ ਵਿਖੇ ਰੈਲੀ ਕੀਤੀ ਜਾ ਰਹੀ ਹੈ, ਉਸ ਦਾ ਅਕਾਲੀ ਦਲ ਸੁਤੰਤਰ ਵੱਲੋਂ ਡੱਟ ਕੇ ਵਿਰੋਧ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੂੰ ਨਾਭਾ ਪਹੁੰਚਣ 'ਤੇ ਕਾਲੀਆਂ ਝੰਡੀਆਂ ਦਿਖਾਈਆਂ ਜਾਣਗੀਆਂ, ਕਿਉਂਕਿ ਸੁਖਬੀਰ ਸਿੰਘ ਬਾਦਲ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦਾ ਦੋਸ਼ੀ ਹੈ।ਉਨ੍ਹਾਂ ਦੇ ਕਾਰਜ ਕਾਲ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਜੀ ਦੀਆਂ ਬੇਅਦਬੀਆਂ ਹੋਈਆਂ, ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਕੋਟਕਪੂਰਾ ਵਿਖੇ ਸੰਗਤਾਂ ਉੱਪਰ ਗੋਲੀਆਂ ਚਲਾਈਆਂ ਗਈਆਂ, ਜਿਸ ਦਾ ਦੋਸ਼ੀ ਵੀ ਸੁਖਬੀਰ ਸਿੰਘ ਬਾਦਲ ਹੈ।ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਚੰਡੀਗੜ੍ਹ ਆਪਣੀ ਕੋਠੀ ਵਿੱਚ ਬੁਲਾ ਕੇ ਸੌਦਾ ਸਾਧ ਨੂੰ ਗੁਰੂ ਗੋਬਿੰਦ ਸਿੰਘ ਜੀ ਦਾ ਸਵਾਂਗ ਰਚਣ ਦੇ ਮਾਮਲੇ ਵਿੱਚ ਬਿਨਾਂ ਮੰਗਿਆਂ ਮੁਆਫੀ ਦਿੱਤੀ ਅਤੇ ਸੌਦਾ ਸਾਧ ਨਾਲ ਯਾਰੀ ਪੁਗਾਈ ਜਿਸ ਨੂੰ ਸਿੱਖ ਸੰਗਤ ਕਦੇ ਵੀ ਭੁਲਾ ਨਹੀਂ ਸਕਦੀ। ਸੋ ਇਸ ਲਈ ਅਸੀਂ ਪੰਥ ਦੋਖੀਆਂ ਨੂੰ ਨਾਭਾ ਵਿਖੇ ਕਦੇ ਵੀ ਰੈਲੀ ਨਹੀਂ ਕਰਨ ਦਵਾਂਗੇ, ਜਿਸ ਦਾ ਕਾਲੀਆਂ ਝੰਡੀਆਂ ਵਿਖਾ ਕੇ ਡੱਟ ਕੇ ਵਿਰੋਧ ਕਰਾਂਗੇ।ਇਸ ਮੌਕੇ ਹਰਬੰਸ ਸਿੰਘ ਖੱਟੜਾ, ਸੁਰਜੀਤ ਸਿੰਘ ਬਾਬਰਪੁਰ, ਰਘਵੀਰ ਸਿੰਘ, ਕਾਮਰੇਡ ਜਗਮੀਤ ਸਿੰਘ, ਗੁਰਜੀਤ ਸਿੰਘ ਬਿਨਾਂਹੇੜੀ, ਪਰਮਜੀਤ ਸਿੰਘ ਬਾਗੜੀਆਂ, ਰਣਜੀਤ ਸਿੰਘ ਸਹੌਲੀ, ਨਿਸ਼ਾਨ ਸਿੰਘ ਸਹੌਲੀ, ਰਘਵੀਰ ਸਿੰਘ ਨੌਹਰਾ, ਪੂਰਨ ਸਿੰਘ ਅਲਹੌਰਾਂ ਆਦਿ ਹਾਜ਼ਰ ਸਨ।

## ਮਹਿਲ ਕਲਾਂ ਵਿਖੇ ਕੇਂਦਰ ਸਰਕਾਰ ਵਿਰੁੱਧ ਬਿਜਲੀ ਮੁਲਾਜ਼ਮਾਂ ਵੱਲੋਂ ਕਾਲੇ ਬਿੱਲੇ ਲਾ ਕੇ ਗੇਟ ਰੈਲੀ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਏਕਤਾ ਮੰਚ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼, ਗਰਿੱਡ ਸਬ ਸਟੇਸ਼ਨ ਯੂਨੀਅਨ, ਟੈਕਨੀਕਲ ਸਰਵਿਸਿਜ਼ ਯੂਨੀਅਨ ਅਤੇ ਐਮ ਐਸ ਯੂ ਸਮੇਤ ਸਮੂਹ ਬਿਜਲੀ ਮੁਲਾਜ਼ਮਾਂ ਨੇ ਮੋਦੀ ਸਰਕਾਰ ਵੱਲੋਂ 29 ਲੇਬਰ ਕਾਨੂੰਨਾਂ ਨੂੰ ਰੱਦ ਕਰਕੇ 4 ਨਵੇਂ ਲੇਬਰ ਕਾਨੂੰਨ ਜ਼ਬਰਦਸਤੀ ਲਾਗੂ ਕਰਨ ਦੇ ਵਿਰੋਧ ਵਿੱਚ ਕਾਲੇ ਬਿੱਲੇ ਲਗਾ ਕੇ ਗੇਟ ਰੈਲੀ ਕੀਤੀ । ਟੈਕਨੀਕਲ ਸਰਵਿਸਿਜ਼ ਯੂਨੀਅਨ ਸਰਕਲ ਸਕੱਤਰ ਕੁਲਵੀਰ ਸਿੰਘ ਔਲਖ ਨੇ ਕਿਹਾ ਕਿ ਪੁਰਖਿਆਂ ਵੱਲੋਂ ਅਨੇਕਾਂ ਕੁਰਬਾਨੀਆਂ ਅਤੇ ਤਿੱਖੇ ਸੰਘਰਸ਼ਾਂ ਰਾਹੀਂ ਮਜ਼ਦੂਰਾਂ, ਮੁਲਾਜ਼ਮਾਂ ਅਤੇ ਕਿਰਤੀ ਲੋਕਾਂ ਦੇ ਹੱਕ ਵਿੱਚ ਕਾਨੂੰਨ ਲਾਗੂ ਕਰਵਾਏ ਸਨ, ਪਰ ਅੱਜ ਮੋਦੀ ਸਰਕਾਰ ਵਿਦੇਸ਼ੀ ਕੰਪਨੀਆਂ ਅਤੇ ਅਡਾਨੀ-ਅੰਬਾਨੀ ਦੇ ਹਿੱਤ 'ਚ ਇਹ ਕਾਨੂੰਨ ਲਾਗੂ ਕਰ ਰਹੀ ਹੈ, ਜਿਸ ਨਾਲ ਕਿਰਤ ਕਰਨ ਵਾਲੇ ਹਰ ਨਾਗਰਿਕ ਨੂੰ ਭਾਰੀ ਨੁਕਸਾਨ ਹੋਵੇਗਾ। ਇਸ ਦੇ ਰੋਸ ਵਜੋਂ ਅੱਜ ਭਾਰਤ ਪੱਧਰ 'ਤੇ ਕਿਰਤੀ ਲੋਕਾਂ ਵੱਲੋਂ ਕਾਲਾ ਦਿਨ ਮਨਾਇਆ ਜਾ ਰਿਹਾ ਹੈ। ਸਬ-ਡਵੀਜ਼ਨ ਸਕੱਤਰ ਜਸਵਿੰਦਰ ਸਿੰਘ ਚੰਨਣਵਾਲ ਨੇ ਕਿਹਾ ਕਿ ਕੇਂਦਰੀ ਸਰਕਾਰ ਲੋਕਾਂ ਦੀ ਅਵਾਜ਼ ਨੂੰ ਸਮਝ ਕੇ ਇਹ ਕਾਲੇ ਲੇਬਰ ਕਾਨੂੰਨਾਂ ਨੂੰ ਵਾਪਸ ਲਵੇ। ਜੇ ਇਹ ਨਹੀਂ ਹੋਇਆ ਤਾਂ ਸਮੂਹ ਭਾਰਤ ਦੇ ਕਿਸਾਨ, ਮਜ਼ਦੂਰ, ਮੁਲਾਜ਼ਮ ਅਤੇ ਦੁਕਾਨਦਾਰ ਸਮੂਹ ਕਿਰਤੀ ਲੋਕ ਇਕੱਠੇ ਹੋ ਕੇ ਵੱਡਾ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਇਸ ਮੌਕੇ ਪੰਜਾਬ ਸਰਕਾਰ ਵੱਲੋਂ ਬਿਜਲੀ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਨੂੰ ਲਾਗੂ ਨਾ ਕਰਨ ਅਤੇ ਡੀ ਏ ਜਾਰੀ ਨਾ ਕਰਨ ਦੀ ਸਖ਼ਤ ਨਿਖੇਧੀ ਕੀਤੀ ਗਈ। ਇਸ ਦੇ ਵਿਰੋਧ ਵਿੱਚ 10 ਅਪ੍ਰੈਲ ਨੂੰ ਪੰਜਾਬ ਦੇ ਸਮੂਹ ਬਿਜਲੀ ਮੁਲਾਜ਼ਮ ਹੈੱਡ ਆਫਿਸ ਪਟਿਆਲਾ ਵਿਖੇ ਆਪਣੀਆਂ ਹੱਕੀ ਮੰਗਾਂ ਨੂੰ ਮੰਨਵਾਉਣ ਲਈ ਬਿਜਲੀ ਕਾਮੇ ਲਾਮਿਸਾਲ ਧਰਨਾ ਦੇਣਗੇ। ਇਸ ਧਰਨੇ ਦੀ ਤਿਆਰੀ ਲਈ 4 ਅਪ੍ਰੈਲ ਨੂੰ 66 ਕੇ ਵੀ ਗਰਿੱਡ ਧਨੌਲਾ ਰੋਡ ਬਰਨਾਲਾ ਵਿਖੇ ਕਨਵੈਨਸ਼ਨ ਕਰਵਾਈ ਜਾਵੇਗੀ, ਜਿਸ ਵਿੱਚ ਸਟੇਟ ਪੱਧਰ ਦੇ ਆਗੂ ਅਗਲੀ ਰਣਨੀਤੀ ਬਾਰੇ ਵਿਚਾਰ ਰੱਖਣਗੇ। ਇਸ ਮੌਕੇ ਮਨਦੀਪ ਸਿੰਘ ਗਹਿਲ, ਗੁਰਪ੍ਰੀਤ ਸਿੰਘ ਛੀਨੀਵਾਲ, ਤਰਨਜੀਤ ਸਿੰਘ ਵਜੀਦਕੇ, ਲਲਿਤ ਕੁਮਾਰ ਯੂ ਡੀ ਸੀ ਅਤੇ ਸੁਖਵਿੰਦਰ ਸਿੰਘ ਚੁਹਾਨਕੇ ਆਦਿ ਆਗੂਆਂ ਨੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਦੌਰਾਨ ਕੇਂਦਰ ਅਤੇ ਰਾਜ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।

## 16 ਗ੍ਰਾਮ ਹੈਰੋਇਨ ਸਮੇਤ 4 ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ 16 ਗ੍ਰਾਮ ਹੈਰੋਇਨ ਸਮੇਤ 4 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਵੱਖ ਵੱਖ ਥਾਣਿਆਂ ਵਿਚ ਮਾਮਲੇ ਦਰਜ ਕੀਤੇ ਹਨ। ਜਾਣਕਾਰੀ ਦਿੰਦੇ ਹੋਏ ਥਾਣਾ ਸਦਰ ਫਿਰੋਜ਼ਪੁਰ ਪੁਲਸ ਦੇ ਐੱਚ ਸੀ ਰਮੇਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਨੇ ਗਸ਼ਤ ਦੌਰਾਨ ਦੋਸ਼ੀ ਅਮਨਦੀਪ ਪੁੱਤਰ ਮੰਗਲ ਸਿੰਘ ਵਾਸੀ ਪਿੰਡ ਪੱਲਾ ਮੇਘਾ ਫਿਰੋਜ਼ਪੁਰ ਨੇੜੇ ਕਾਨਵੈਂਟ ਸਕੂਲ ਫਿਰੋਜ਼ਪੁਰ ਨੂੰ 6 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਗਿਆ। ਥਾਣਾ ਆਰਿਫ ਕੇ ਪੁਲਸ ਦੇ ਇੰਸਪੈਕਟਰ ਬਲਰਾਜ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਰੇਲਵੇ ਸਟੇਸ਼ਨ ਟੱਲੀ ਸੈਦਾ ਸ਼ਾਹੂ ਪੁੱਜੀ ਤਾਂ ਰੇਲਵੇ ਸਟੇਸ਼ਨ ਵੱਲੋਂ ਰੇਸ਼ਮ ਸਿੰਘ ਪੁੱਤਰ ਜਗਤਾਰ ਸਿੰਘ ਵਾਸੀ ਪਿੰਡ ਪਿਆਰੇਆਣਾ ਪੈਦਲ ਆਉਂਦਾ ਵਿਖਾਈ ਦਿੱਤਾ, ਜਿਸ ਨੂੰ ਸ਼ੱਕ ਦੀ ਬਿਨਾਅ 'ਤੇ ਕਾਬੂ ਕਰਕੇ ਉਸ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਤਲਵੰਡੀ ਭਾਈ ਪੁਲਸ ਦੇ ਸਹਾਇਕ ਥਾਣੇਦਾਰ ਸੁਦੇਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਇਲਾਕੇ ਵਿੱਚ ਗਸ਼ਤ ਕਰ ਰਹੀ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਜਸਪ੍ਰੀਤ ਸਿੰਘ ਪੁੱਤਰ ਹਰਬੰਸ ਸਿੰਘ ਵਾਸੀ ਪਿੰਡ ਲੱਲ੍ਹੇ ਹੈਰੋਇਨ ਵੇਚਣ ਦਾ ਆਦੀ ਹੈ, ਜੋ ਐੱਨਐੱਚ-54 ਦੀ ਪਾਰਕਿੰਗ ਵਿੱਚ ਖੜ੍ਹਾ ਗਾਹਕਾਂ ਦੀ ਉਡੀਕ ਕਰ ਰਿਹਾ ਹੈ। ਪੁਲਸ ਨੇ ਦੱਸਿਆ ਕਿ ਦੋਸ਼ੀ ਜਸਪ੍ਰੀਤ ਸਿੰਘ ਨੂੰ ਕਰਮਚਾਰੀਆਂ ਦੀ ਮੱਦਦ ਨਾਲ ਕਾਬੂ ਕਰਕੇ ਤਲਾਸ਼ੀ ਲਈ ਤਾਂ ਉਸ ਕੋਲੋਂ 2 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਮੱਲਾਂਵਾਲਾ ਪੁਲਿਸ ਦੇ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਲਈ ਰਵਾਨਾ ਸੀ ਤਾਂ ਜਦ ਦਾਣਾ ਮੰਡੀ ਮੱਲਾਂਵਾਲਾ ਕੋਲ ਪੁੱਜੀ ਤਾਂ ਇਕ ਨੌਜਵਾਨ ਰਾਮ ਕ੍ਰਿਸ਼ਨ ਪੁੱਤਰ ਅਸ਼ੋਕ ਵਾਸੀ ਪਿੰਡ ਸੁਨਮਾ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲੇ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਵਿਧਾਇਕ ਨੀਨਾ ਮਿੱਤਲ ਵੱਲੋਂ ਕਣਕ ਦੀ ਸਰਕਾਰੀ ਖਰੀਦ ਦਾ ਉਦਘਾਟਨ



**ਰਾਜਪੁਰਾ (ਰਮੇਸ਼ ਕਟਾਰੀਆ)**-ਹਲਕਾ ਰਾਜਪੁਰਾ ਦੀ ਵਿਧਾਇਕ ਨੀਨਾ ਮਿੱਤਲ ਨੇ ਅਨਾਜ ਮੰਡੀ ਵਿੱਚ ਕਣਕ ਦੀ ਸਰਕਾਰੀ ਖਰੀਦ ਪ੍ਰਕਿਰਿਆ ਦੀ ਸ਼ੁਰੂਆਤ ਕਰਵਾਈ।ਇਸ ਮੌਕੇ ਵਿਧਾਇਕਾ ਮੈਡਮ ਨੀਨਾ ਮਿੱਤਲ ਨਾਲ ਉਹਨਾਂ ਦੇ ਪਤੀ ਸ੍ਰੀ ਅਜੇ ਮਿੱਤਲ ਵੀ ਵਿਸ਼ੇਸ਼ ਤੌਰ 'ਤੇ ਨਾਲ਼ ਸਨ।ਇਸ ਮੌਕੇ ਵਿਧਾਇਕਾ ਮੈਡਮ ਨੀਨਾ ਮਿੱਤਲ ਨੇ ਕਿਹਾ ਕਿ ਸਰਕਾਰ ਵੱਲੋਂ ਕਿਸਾਨਾਂ ਦੀ ਫਸਲ ਦੀ ਖਰੀਦ ਸੁਚਾਰੂ ਢੰਗ ਨਾਲ ਕਰਨ ਲਈ ਪੂਰੇ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਸਫਾਈ, ਪੀਣ ਵਾਲੇ ਪਾਣੀ ਤੇ ਹੋਰ ਜ਼ਰੂਰੀ ਸੁਵਿਧਾਵਾਂ ਯਕੀਨੀ ਬਣਾਈਆਂ ਜਾਣ।ਵਿਧਾਇਕ ਨੇ ਇਹ ਵੀ ਭਰੋਸਾ ਦਿੱਤਾ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਫਸਲ ਦਾ ਭੁਗਤਾਨ ਸਮੇਂ 'ਤੇ ਮਿਲੇਗਾ।ਵਿਧਾਇਕ ਮਿੱਤਲ ਨੇ ਰਾਜਪੁਰਾ ਦੀ ਅਨਾਜ ਮੰਡੀ ਵਿੱਚ ਇਸ ਸੀਜ਼ਨ ਦੀ ਪਹਿਲੀ ਕਣਕ ਵੇਚਣ ਲਈ ਆਏ ਪਿੰਡ ਰੰਗੀਆਂ ਦੇ ਕਿਸਾਨ ਸ਼ਰਨਜੀਤ ਸਿੰਘ ਦਾ ਮੂੰਹ ਵੀ ਮਿੱਠਾ ਕਰਵਾਇਆ।ਉਨ੍ਹਾਂ ਪੱਤਰਕਾਰਾਂ ਦੇ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵੀ ਇਹੀ ਵਿਜਨ ਹੈ ਕਿ ਜਦੋਂ ਮੰਡੀ ਵਿੱਚ ਕਿਸਾਨ ਪੁੱਤਾਂ ਵਾਂਗੂ ਪਾਲੀ ਫਸਲ ਲੈ ਕੇ ਆਉਣ ਤਾਂ ਉਸ ਨੂੰ ਕਿਸੇ ਕਿਸਮ ਦੀ ਕੋਈ ਪ੍ਰੇਸ਼ਾਨੀ ਨਾ ਹੋਵੇ।ਇਸ ਮੌਕੇ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਦਵਿੰਦਰ ਸਿੰਘ ਵੈਦਵਾਨ ਡੀ.ਐੱਫ.ਐੱਸ.ਸੀ. ਮੈਡਮ ਰਵਿੰਦਰ ਕੌਰ, ਏ ਐੱਫ ਐੱਸ ਓ ਵਰਿੰਦਰ ਸਿੰਘ, ਸੈਕਟਰੀ ਮਾਰਕਿਟ ਕਮੇਟੀ ਜਸਵਿੰਦਰ ਸਿੰਘ, ਮਾਰਕਫੈੱਡ ਇੰਸਪੈਕਟਰ ਲਖਬੀਰ ਸਿੰਘ, ਹਰੀਸ਼ ਨਰੂਲਾ, ਰਕੇਸ਼ ਕੁਕਰੇਜਾ ਰਿੰਕੂ, ਵਿਜੈ ਕੱਕੜ, ਸੰਜੀਵ ਗੋਇਲ, ਆਤਮ ਪ੍ਰਕਾਸ਼ ਸਚਦੇਵਾ, ਨਰੇਸ਼ ਵਧਵਾ, ਮਾਸਟਰ ਸੰਜੀਵ ਕੁਮਾਰ ਤੇ ਦਿਨੇਸ਼ ਸਚਦੇਵਾ ਸਮੇਤ ਖ੍ਰੀਦ ਏਜੰਸੀਆਂ ਤੇ ਮੰਡੀ ਬੋਰਡ ਦੇ ਅਧਿਕਾਰੀ, ਆੜ੍ਹਤੀਏ ਤੇ ਕਿਸਾਨ ਮੌਜੂਦ ਸਨ।

## ਤੋਲਾਵਾਲ ਵਿਖੇ ਨਸ਼ਿਆਂ ਖਿਲਾਫ਼ ਕੀਤੀ ਮੀਟਿੰਗ



**ਚੀਮਾ ਮੰਡੀ (ਰਵਿੰਦਰ ਚੀਮਾ)**-ਨੇੜਲੇ ਪਿੰਡ ਤੋਲਾਵਾਲ ਵਿਖੇ ਪਿੰਡ ਵਾਸੀਆਂ ਤੇ ਨਗਰ ਪੰਚਾਇਤ ਨੇ ਇਕੱਠੇ ਹੋ ਕੇ ਨਸ਼ਾ ਤਸਕਰਾਂ ਤੇ ਨਸ਼ੇੜੀਆਂ ਖਿਲਾਫ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਬੋਲਦਿਆਂ ਕਿਹਾ ਕਿ ਕਿਸੇ ਵੀ ਨਸ਼ੇੜੀ ਜਾਂ ਨਸ਼ਾ ਤਸਕਰ ਦੀ ਪਿੰਡ ਦੇ ਨੰਬਰਦਾਰ ਜਾਂ ਲੋਕਾਂ ਵੱਲੋਂ ਕੋਈ ਜਮਾਨਤ ਨਹੀਂ ਕਰਵਾਈ ਜਾਵੇਗੀ। ਇਸ ਤੋਂ ਬਿਨਾਂ ਪਿੰਡ ਵਿੱਚ ਇਕ ਕਮੇਟੀ ਵੀ ਬਣਾਈ ਜਾਵੇਗੀ, ਜੋ ਕਿ ਸਮੇਂ ਸਮੇਂ ਸਿਰ ਮੀਟਿੰਗਾਂ ਕਰਿਆ ਕਰੇਗੀ। ਇਸ ਮੌਕੇ ਥਾਣਾ ਚੀਮਾ ਦੇ ਮੁਖੀ ਬਲਜੀਤ ਸਿੰਘ ਨੇ ਪਿੰਡ ਵਾਸੀਆਂ ਦੇ ਇਸ ਕਾਰਜ ਦੀ ਪ੍ਰਸੰਸਾ ਕੀਤੀ ਤੇ ਲੋਕਾਂ ਨੂੰ ਪੁਲਸ ਵੱਲੋਂ ਪੂਰਨ ਸਹਿਯੋਗ ਦੇਣ ਦੀ ਹਮਾਇਤ ਕੀਤੀ। ਉਨ੍ਹਾਂ ਕਿਹਾ ਕਿ ਕਿਸੇ ਵੀ ਨਸ਼ਾ ਤਸਕਰ ਜਾਂ ਨਸ਼ੇੜੀ ਨੂੰ ਬਖਸ਼ਿਆ ਨਹੀਂ ਜਾਵੇਗਾ, ਜੋ ਬੱਚੇ ਨਸ਼ਾ ਕਰਨ ਦੇ ਆਦੀ ਹੋ ਚੁੱਕੇ ਹਨ, ਉਨ੍ਹਾਂ ਦੇ ਪਰਵਾਰਾਂ ਨੂੰ ਮਿਲ ਕੇ ਉਨ੍ਹਾਂ ਬੱਚਿਆਂ ਨੂੰ ਨਸ਼ਾ ਛੁਡਾਓ ਕੇਂਦਰਾਂ ਵਿੱਚ ਭਰਤੀ ਕਰਕੇ ਉਨ੍ਹਾਂ ਦਾ ਜੀਵਨ ਸਫਲ ਬਣਾਉਣ ਦੀ ਕੋਸ਼ਿਸ਼ ਕਰਾਂਗੇ। ਇਸ ਮੌਕੇ ਸਰਪੰਚ ਗੁਰਦੀਪ ਸਿੰਘ ਤੇ ਸਮੂਹ ਨਗਰ ਪੰਚਾਇਤ, ਜਸਵੰਤ ਸਿੰਘ ਤੋਲਾਵਾਲ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ, ਨਿਰਮਲ ਸਿੰਘ ਸਾਬਕਾ ਸਰਪੰਚ, ਬਲਬੀਰ ਸਿੰਘ ਭੰਮ ਸਾਬਕਾ ਮੈਂਬਰ ਬਲਾਕ ਸੰਮਤੀ, ਸੁਖਚੈਨ ਮੈਂਬਰ ਸਾਬਕਾ, ਸੁਰਜੀਤ ਸਿੰਘ ਜੀਤਾ ਸਾਬਕਾ ਮੈਂਬਰ ਤੇ ਸਮੂਹ ਨਗਰ ਵਾਸੀ ਹਾਜ਼ਰ ਸਨ।

### ਆਦਿਵਾਸੀਆਂ ਦੇ ਕਤਲੇਆਮ ਵਿਰੁੱਧ ਤੇ ਬੁੱਧੀਜੀਵੀਆਂ ਦੀ ਰਿਹਾਈ ਲਈ ਕਨਵੈਨਸ਼ਨ ਭਲਕੇ

**ਲੁਧਿਆਣਾ (ਸਤੀਸ਼ ਸਚਦੇਵਾ)**-ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਦੇ ਸੂਬਾ ਕਨਵੀਨਰ ਪ੍ਰੋ. ਏ ਕੇ ਮਲੇਰੀ ਤੇ ਸੂਬਾ ਕਮੇਟੀ ਮੈਂਬਰ ਕੁਲਵੰਤ ਸਿੰਘ ਤਰਕ ਨੇ ਦੱਸਿਆ ਕਿ ਫਰੰਟ ਵੱਲੋਂ 4 ਅਪ੍ਰੈਲ ਨੂੰ ਬਾਅਦ ਦੁਪਹਿਰ 2.00 ਵਜੇ ਪੰਜਾਬੀ ਭਵਨ ਲੁਧਿਆਣਾ ਵਿਖੇ ਇਤਿਹਾਸਕ ਦਿਹਾੜੇ ਅੱਠ ਅਪ੍ਰੈਲ ਨੂੰ ਸਮਰਪਿਤ ਕਨਵੈਨਸ਼ਨ ਕੀਤੀ ਜਾ ਰਹੀ ਹੈ।ਇਸ ਦਿਨ ਸ਼ਹੀਦ ਭਗਤ ਸਿੰਘ ਤੇ ਬੀ. ਕੇ. ਦੱਤ ਵੱਲੋਂ ਅੰਗਰੇਜ਼ ਹਕੂਮਤ ਦੀ ਅਸੰਬਲੀ ਵਿੱਚ ਨੁਕਸਾਨਰਹਿਤ ਬੰਬ ਧਮਾਕੇ ਕਰਕੇ ਅੰਗਰੇਜ਼ ਰਾਜ ਦੇ ਕਾਲੇ ਕਾਨੂੰਨਾਂ ਦਾ ਵਿਰੋਧ ਕੀਤਾ ਗਿਆ ਸੀ।ਕਨਵੈਨਸ਼ਨ 'ਚ ਮੁੱਖ ਵਕਤਾ ਲੋਕਪੱਖੀ ਪੱਤਰਕਾਰ/ਲੇਖਿਕਾ ਤੇ ਮਨੁੱਖੀ ਤੇ ਜਮਹੂਰੀ ਹੱਕਾਂ ਦੀ ਬੁਲੰਦ ਆਵਾਜ਼ ਸੀਮਾ ਆਜ਼ਾਦ ਹੋਣਗੇ।ਉਨ੍ਹਾ ਵੱਖ-ਵੱਖ ਜਨਤਕ ਜਮਹੂਰੀ ਜਥੇਬੰਦੀਆਂ, ਲੇਖਕਾਂ, ਬੁੱਧੀਜੀਵੀਆਂ, ਕਲਾਕਾਰਾਂ, ਵਕੀਲਾਂ, ਲੋਕ ਜਮਹੂਰੀ ਕਾਰਕੁਨਾਂ, ਤਰਕਸ਼ੀਲਾਂ ਸਮੇਤ ਸਮੂਹ ਇਨਸਾਫਪਸੰਦ ਤਾਕਤਾਂ ਨੂੰ ਇਸ ਫਾਸ਼ੀ ਹੱਲੇ ਵਿਰੁੱਧ ਸਾਂਝੀ ਆਵਾਜ਼ ਬਣਨ ਲਈ ਕਨਵੈਨਸ਼ਨ ਵਿੱਚ ਹੁੰਮ-ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ ਜਾ ਰਹੀ ਹੈ।

## ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਤੇਜਪਾਲ ਸ਼ਰਮਾ ਦੀ ਤਾਜਪੋਸ਼ੀ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਆੜ੍ਹਤੀਆ ਐਸੋਸੀਏਸ਼ਨ ਦੀ ਪ੍ਰਧਾਨਗੀ ਦੀ ਚੋਣ ਨੂੰ ਲੈ ਕੇ ਧੜੇਬੰਦੀ ਦਾ ਸ਼ਿਕਾਰ ਹੋਣ ਮਗਰੋਂ ਦੋ ਧੜਿਆਂ ਵੱਲੋਂ ਆਪੋ ਆਪਣੇ ਪ੍ਰਧਾਨ ਚੁਣ ਲਏ ਜਾਣ ਮਗਰੋਂ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੇ ਉੱਦਮ ਸਦਕਾ ਦੋਵਾਂ ਧੜਿਆਂ ਦੇ ਚੁਣੇ ਗਏ ਪ੍ਰਧਾਨ ਤੇਜਪਾਲ ਸ਼ਰਮਾ ਤੇ ਸੰਦੀਪ ਕੁਮਾਰ ਕਾਲਾ ਦਰਮਿਆਨ ਆਪਸੀ ਸਹਿਮਤੀ ਬਣਾਉਂਦੇ ਹੋਏ ਤੇਜਪਾਲ ਸ਼ਰਮਾ ਦੇ ਨਾਮ ਉੱਤੇ ਮੋਹਰ ਲੱਗ ਗਈ।ਇਸ ਦੌਰਾਨ ਐਸੋਸੀਏਸ਼ਨ ਵੱਲੋਂ ਪ੍ਰਧਾਨ ਚੁਣੇ ਗਏ ਤੇਜਪਾਲ ਸ਼ਰਮਾ ਤਾਜਪੋਸ਼ੀ ਸਮਾਰੋਹ ਕਰਵਾਇਆ ਗਿਆ, ਜਿਸ 'ਚ ਮੁੱਖ ਮਹਿਮਾਨ ਦੇ ਤੌਰ 'ਤੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਸ਼ਿਰਕਤ ਕਰਦਿਆਂ ਨਵੇਂ ਚੁਣੇ ਗਏ ਪ੍ਰਧਾਨ ਤੇਜਪਾਲ ਸ਼ਰਮਾ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਹਾੜ੍ਹੀ ਦੇ ਸੀਜ਼ਨ ਦੌਰਾਨ ਕਿਸਾਨਾਂ, ਆੜ੍ਹਤੀਆਂ ਤੇ ਮੰਡੀਆਂ ਵਿੱਚ ਕੰਮ ਕਰਨ ਵਾਲੇ ਮਜ਼ਦੂਰਾਂ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।ਇਸ ਦੌਰਾਨ ਨਵੇਂ ਚੁਣੇ ਗਏ ਪ੍ਰਧਾਨ ਤੇਜਪਾਲ ਸ਼ਰਮਾ ਨੇ ਯਕੀਨ ਦਿਵਾਇਆ ਕਿ ਜੋ ਜ਼ਿੰਮੇਵਾਰੀ ਆੜ੍ਹਤੀ ਭਰਾਵਾਂ ਨੇ ਸੌਂਪੀ ਹੈ, ਉਸ ਨੂੰ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਇਆ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਆੜ੍ਹਤੀ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਸੁਰਿੰਦਰ ਕੁਮਾਰ ਪੈਂਦ, ਸਾਬਕਾ ਪ੍ਰਧਾਨ ਬ੍ਰਿਜ ਲਾਲ, ਸਕੱਤਰ ਮਨਵੀਰ ਸਿੰਘ ਸੰਧੂ, ਕੰਬੋਜ ਵੈੱਲਫੇਅਰ ਬੋਰਡ ਦੇ ਮੈਂਬਰ ਸੀਨੀਅਰ ਆਪ ਆਗੂ ਕੁਲਦੀਪ ਸਿੰਘ ਥਿੰਦ, ਟਰੱਕ ਯੂਨੀਅਨ ਪਾਤੜਾਂ ਦੇ ਪ੍ਰਧਾਨ ਰਣਜੀਤ ਵਿਰਕ ਡਰੋਲੀ, ਭਾਜਪਾ ਆਗੂ ਰਮੇਸ ਕੁਮਾਰ ਕੁੱਕੂ, ਪੀਏਡੀਬੀ ਦੇ ਸਾਬਕਾ ਚੇਅਰਮੈਨ ਗੁਰਬਚਨ ਸਿੰਘ ਮੌਲਵੀਵਾਲਾ, ਕੌਂਸਲਰ ਸੋਨੀ ਜ਼ਲੂਰ, ਜਸਵਿੰਦਰ ਕੁਮਾਰ ਡਿੰਪਲ, ਧਰਮਪਾਲ ਕਾਹਨਗੜ੍ਹ, ਸੁਖਬੀਰ ਸਿੰਘ ਸੰਧੂ, ਕੇਵਲ ਸ਼ਰਮਾ, ਪ੍ਰਮੋਦ ਕੁਮਾਰ ਡੀਸੀ, ਹਾਕਮ ਚੰਦ ਸਾਬਕਾ ਪ੍ਰਧਾਨ ਪ੍ਰਵੀਨ ਕੁਮਾਰ, ਸੰਜੇ ਗਰਗ, ਪ੍ਰਿਤਪਾਲ ਕਾਕੜੀਆ ਆਦਿ ਹਾਜ਼ਰ ਸਨ।

## ਪਬਲਿਕ ਕਾਲਜ ਵਿਖੇ ਕੁਇਜ਼ ਮੁਕਾਬਲਾ ਕਰਵਾਇਆ



**ਸਮਾਣਾ (ਇਕਬਾਲ ਸਿੰਘ ਬੱਲ)**-ਪਬਲਿਕ ਕਾਲਜ ਸਮਾਣਾ ਦੇ ਲੋਕ ਪ੍ਰਸ਼ਾਸਨ ਵਿਭਾਗ ਵੱਲੋਂ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਦੀ ਅਗਵਾਈ ਹੇਠ ਪੰਜਾਬੀ ਟਰਮਨੋਲੋਜੀ ਇਨ ਐਡਮਿਨਿਸਟਰੇਸ਼ਨ ਵਿਸ਼ੇ 'ਤੇ ਵਿਦਿਆਰਥੀਆਂ ਦਾ ਕੁਇੱਜ਼ ਮੁਕਾਬਲਾ ਕਰਵਾਇਆ ਗਿਆ, ਜਿਸ ਦੇ ਪਹਿਲੇ ਰਾਉਂਡ ਵਿੱਚ ਵਿਦਿਆਰਥੀਆਂ ਦਾ ਲਿਖਤੀ ਮੁਕਾਬਲਾ ਕੰਡਕਟ ਕਰਵਾਇਆ ਗਿਆ ਸੀ ਤੇ 37 ਵਿਦਿਆਰਥੀਆਂ ਨੇ ਭਾਗ ਲਿਆ ਸੀ।ਪਹਿਲੇ ਰਾਉਂਡ ਵਿੱਚ ਸ਼ਾਰਟ ਲਿਸਟ ਕੀਤੇ ਗਏ ਵਿਦਿਆਰਥੀਆਂ ਦਾ ਅੱਜ ਦੂਜੇ ਰਾਉਂਡ ਵਿੱਚ ਕੁਇੱਜ਼ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਪੰਜ ਟੀਮਾਂ ਨੇ ਭਾਗ ਲਿਆ।ਇਸ ਕੁਇੱਜ਼ ਮੁਕਾਬਲੇ ਵਿੱਚ ਪਹਿਲਾ ਸਥਾਨ ਟੀਮ ਏ, ਦੂਜਾ ਸਥਾਨ ਟੀਮ ਸੀ ਤੇ ਤੀਜਾ ਸਥਾਨ ਟੀਮ ਡੀ ਨੇ ਪ੍ਰਾਪਤ ਕੀਤਾ। ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਨੇ ਪ੍ਰਸ਼ਾਸਨ ਵਿੱਚ ਟਰਮਨੋਲੋਜੀ ਦੀ ਮਹੱਤਤਾ ਬਾਰੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਤੇ ਉਨ੍ਹਾ ਵੱਲੋਂ ਕੁਇੱਜ਼ ਮੁਕਾਬਲੇ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਸਨਮਾਨਤ ਕੀਤਾ ਗਿਆ।ਇਸ ਮੌਕੇ ਪ੍ਰੋ. ਹਰਪ੍ਰੀਤ ਕੌਰ, ਮੁੱਖੀ ਰਾਜਨੀਤੀ ਸ਼ਾਸਤਰ ਵਿਭਾਗ ਨੇ ਇਸ ਗਤੀਵਿਧੀ ਵਿੱਚ ਮੁੱਖ ਭੂਮਿਕਾ ਨਿਭਾਈ।ਇਸ ਮੌਕੇ ਲੋਕ ਪ੍ਰਸ਼ਾਸਨ ਵਿਭਾਗ ਦੇ ਮੁੱਖੀ ਡਾ. ਮਨਦੀਪ ਪਾਲ ਕੌਰ ਨੇ ਵਿਦਿਆਰਥੀਆਂ ਨੂੰ ਪ੍ਰਸ਼ਾਸਨ ਨਾਲ ਸਬੰਧਤ ਅੰਗਰੇਜ਼ੀ ਜਾਂ ਹੋਰ ਭਾਸ਼ਾਵਾਂ ਦੇ ਸ਼ਬਦਾਂ ਨੂੰ ਪੰਜਾਬੀ ਵਿੱਚ ਸਮਝਣ, ਵਰਤਣ ਤੇ ਵਿਕਸਿਤ ਕਰਨ ਬਾਰੇ ਦੱਸਿਆ।ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਆਪਕ ਸਾਹਿਬਾਨ ਡਾ. ਹਰਕੀਰਤਨ ਕੌਰ, ਡਾ. ਗੁਰਜਿੰਦਰ ਸਿੰਘ, ਪ੍ਰੋ. ਪਲਵਿੰਦਰ ਕੌਰ, ਪ੍ਰੋ. ਮਨਦੀਪ ਕੌਰ, ਪ੍ਰੋ. ਰੁਪਿੰਦਰ ਕੌਰ (ਕੰਪਿਊਟਰ ਵਿਭਾਗ) ਤੇ ਪ੍ਰੋ. ਪਰਮਜੀਤ ਕੌਰ ਮੌਜੂਦ ਰਹੇ।

## ਸਕੂਲ ਆਫ਼ ਐਮੀਨੈਂਸ ਛਾਜਲੀ ਵਿਖੇ ਸੁਖਮਨੀ ਸਾਹਿਬ ਦਾ ਪਾਠ ਕਰਾਇਆ



**ਦਿੜ੍ਹਬਾ (ਜਸਵੀਰ ਲਾਡੀ)**-ਇੱਥੋਂ ਨਾਲ ਦੇ ਪਿੰਡ ਦੇ ਸਕੂਲ ਆਫ਼ ਐਮੀਨੈਂਸ ਛਾਜਲੀ ਵਿਖੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਾਇਆ ਗਿਆ।ਸਕੂਲ ਦੇ ਪ੍ਰਿੰਸੀਪਲ ਸ੍ਰ. ਗੁਰਵਿੰਦਰ ਸਿੰਘ ਨੇ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਸੀਂ ਇਹ ਸ੍ਰੀ ਸੁਖਮਨੀ ਸਾਹਿਸ ਦਾ ਪਾਠ ਨਗਰ ਦੀ ਭਲਾਈ ਤੇ ਬੱਚਿਆਂ ਦੇ ਚੰਗੇ ਭਵਿੱਖ ਲਈ ਕਰਵਾਇਆ ਹੈ।ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਤੁਸੀਂ ਸਾਨੂੰ ਹਰ ਤਰ੍ਹਾਂ ਦੀ ਸਪੋਟ ਕਰਦੇ ਹੋ, ਅਸੀਂ ਅੱਗੇ ਤੋਂ ਵੀ ਇਸੇ ਤਰ੍ਹਾਂ ਸਕੂਲ ਦੀ ਬਿਹਤਰੀ ਲਈ ਕੰਮ ਕਰਦੇ ਹਾਂ, ਅਸੀਂ ਬਾਗ ਦੇ ਮਾਲੀ ਵਾਂਗ ਹਾਂ ਸਾਡਾ ਕੰਮ ਬੂਟਿਆਂ ਪਾਲਣਾ ਹੈ, ਫਲ ਇਨ੍ਹਾਂ ਦੀ ਮਿਹਨਤ ਨੇ ਲਾਉਣਾ ਹੈ।ਇਸ ਮੌਕੇ ਮੰਹਤ ਸ੍ਰੀ ਅੰਮ੍ਰਿਤ ਬਣ, ਗੁਰਬਿਆਸ ਸਿੰਘ ਸਰਪੰਚ ਗ੍ਰਾਮ ਪੰਚਾਇਤ ਛਾਜਲੀ, ਗੁਰਸੇਵਕ ਸਿੰਘ ਧਾਲੀਵਾਲ ਪੰਚ, ਰਾਜੇਸ਼ ਕੁਮਾਰ ਪੰਚ, ਸਤਗੁਰ ਸਿੰਘ ਪੰਚ, ਦਲਜੀਤ ਸਿੰਘ ਪੰਚ, ਸਤਗੁਰ ਸਿੰਘ ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਡਾਕਟਰ ਜੁਗਰਾਜ ਸਿੰਘ, ਡਾਕਟਰ ਜਗਦੇਵ ਸਿੰਘ, ਜੱਗਾ ਸਿੰਘ ਪ੍ਰਧਾਨ ਮੈਨੇਜਮੈਂਟ ਕਮੇਟੀ, ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

## ਰਕਸ਼ਾ ਪਲੇਵੇ ਸਕੂਲ ਦਾ ਸਾਲਾਨਾ ਨਤੀਜਾ ਘੋਸ਼ਿਤ, ਹੋਣਹਾਰ ਬੱਚਿਆਂ ਦਾ ਸਨਮਾਨ

### ਸਿੱਖਿਆ ਦੇ ਨਾਲ ਚੰਗੇ ਸੰਸਕਾਰ ਤੇ ਆਤਮ ਵਿਸ਼ਵਾਸ ਦੇਣਾ ਸਾਡੀ ਪਹਿਲ : ਪ੍ਰਿੰਸੀਪਲ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**



ਰਕਸ਼ਾ ਪਲੇਵੇ ਸਕੂਲ ਵਿੱਚ ਨੰਨ੍ਹੇ-ਮੁੰਨੇ ਬੱਚਿਆਂ ਦਾ ਸਾਲਾਨਾ ਪ੍ਰੀਖਿਆ ਨਤੀਜਾ ਘੋਸ਼ਿਤ ਕੀਤਾ ਗਿਆ।ਇਸ ਮੌਕੇ ਸਕੂਲ ਪ੍ਰੰਗਣ ਵਿੱਚ ਇੱਕ ਸਾਦਗੀ ਭਰਿਆ ਤੇ ਸ਼ਾਨਦਾਰ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਬੱਚਿਆਂ ਦੇ ਨਾਲ ਉਨ੍ਹਾਂ ਦੇ ਮਾਪਿਆਂ ਨੇ ਵੀ ਉਤਸ਼ਾਹ ਨਾਲ ਹਿੱਸਾ ਲਿਆ।ਪ੍ਰੋਗਰਾਮ ਦੌਰਾਨ ਪ੍ਰੀ-ਨਰਸਰੀ ਦੇ ਵਿਦਿਆਰਥੀ ਅੰਸ਼ ਕਪੂਰ ਤੇ ਨਰਸਰੀ ਦੀ ਵਿਦਿਆਰਥਣ ਅਮਾਇਰਾ ਜਿੰਦਲ ਨੇ ਏ ਪਲੱਸ ਸਟਾਰ ਗਰੇਡ ਹਾਸਲ ਕੀਤਾ।ਵਧੀਆ ਨਤੀਜੇ ਲਿਆਉਣ ਵਾਲੇ ਵਿਦਿਆਰਥੀਆਂ ਨੂੰ ਸਕੂਲ ਪ੍ਰਬੰਧਕਾਂ ਵੱਲੋਂ ਸਨਮਾਨਤ ਕੀਤਾ ਗਿਆ ਤੇ ਉਨ੍ਹਾਂ ਨੂੰ ਅੱਗੇ ਵੀ ਚੰਗਾ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸਵਾਤੀ ਕਾਲੜਾ ਨੇ ਕਿਹਾ ਕਿ ਬੱਚਿਆਂ ਦਾ ਸਰਵਾਂਗੀਣ ਵਿਕਾਸ ਬਹੁਤ ਜ਼ਰੂਰੀ ਹੈ।ਉਨ੍ਹਾਂ ਨੇ ਦੱਸਿਆ ਕਿ ਸਕੂਲ ਵਿੱਚ ਪੜ੍ਹਾਈ ਦੇ ਨਾਲ ਨਾਲ ਬੱਚਿਆਂ ਨੂੰ ਚੰਗੇ ਸੰਸਕਾਰ ਤੇ ਆਤਮ ਵਿਸ਼ਵਾਸ ਵੀ ਦਿੱਤਾ ਜਾ ਰਿਹਾ ਹੈ, ਤਾਂ ਜੋ ਉਹ ਭਵਿੱਖ ਵਿੱਚ ਹਰ ਖੇਤਰ ਵਿੱਚ ਕਾਮਯਾਬ ਹੋ ਸਕਣ।ਉਨ੍ਹਾਂ ਮਾਪਿਆਂ ਨੂੰ ਕਿਹਾ ਕਿ ਬੱਚਿਆਂ 'ਤੇ ਬੇਲੋੜਾ ਦਬਾਅ ਪਾਉਣ ਦੀ ਬਜਾਏ ਉਨ੍ਹਾਂ ਦੀ ਰੁਚੀ ਤੇ ਯੋਗਤਾ ਅਨੁਸਾਰ ਉਨ੍ਹਾਂ ਨੂੰ ਅੱਗੇ ਵਧਣ ਲਈ ਪ੍ਰੇਰਿਤ ਕੀਤਾ ਜਾਣਾ ਚਾਹੀਦਾ ਹੈ।ਪ੍ਰੋਗਰਾਮ ਦੇ ਅੰਤ ਵਿੱਚ ਮਾਪਿਆਂ ਨੇ ਸਕੂਲ ਪ੍ਰਬੰਧਨ ਦੀ ਸਰਾਹਨਾ ਕਰਦਿਆਂ ਕਿਹਾ ਕਿ ਇੱਥੇ ਬੱਚਿਆਂ ਦੀ ਪੜ੍ਹਾਈ ਦੇ ਨਾਲ ਨਾਲ ਉਨ੍ਹਾਂ ਦੇ ਨੈਤਿਕ ਤੇ ਮਾਨਸਿਕ ਵਿਕਾਸ 'ਤੇ ਵੀ ਖਾਸ ਧਿਆਨ ਦਿੱਤਾ ਜਾਂਦਾ ਹੈ, ਜੋ ਕਾਬਿਲ-ਏ-ਤਾਰੀਫ਼ ਹੈ।ਉਨ੍ਹਾਂ ਕਿਹਾ ਕਿ ਅਜਿਹੇ ਮਾਹੌਲ ਵਿੱਚ ਬੱਚੇ ਪੜ੍ਹਾਈ ਦੇ ਨਾਲ ਹੋਰ ਗਤੀਵਿਧੀਆਂ ਵਿੱਚ ਵੀ ਅੱਗੇ ਵਧਦੇ ਹਨ।ਇਸ ਮੌਕੇ ਅਧਿਆਪਕ ਕ੍ਰਿਸ਼ਨਾ ਸ਼ਰਮਾ, ਚਾਹਤ ਕੌਸ਼ਲ, ਪ੍ਰਨੀਤ ਕੌਰ, ਦਿਵਿਆ ਰਾਣੀ ਸਮੇਤ ਹੋਰ ਸਟਾਫ ਮੈਂਬਰ ਮੌਜੂਦ ਸਨ।

## ਪ੍ਰਾਇਮਰੀ ਸਕੂਲ ਗਿੱਦੜੀ ਵਿਖੇ ਇਨਾਮ ਵੰਡ ਸਮਾਰੋਹ



**ਦੋਰਾਹਾ (ਹਰਮਿੰਦਰ ਸੇਠ)**-ਸਰਕਾਰੀ ਪ੍ਰਾਇਮਰੀ ਸਕੂਲ ਗਿੱਦੜੀ (ਬਲਾਕ ਡੇਹਲੋਂ 1) ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਕਰਾਇਆ ਗਿਆ।ਇਸ ਦੌਰਾਨ ਐੱਸ ਐੱਮ ਸੀ ਮੈਂਬਰ, ਵਿਦਿਆਰਥੀਆਂ ਦੇ ਮਾਪਿਆਂ ਤੇ ਪਿੰਡ ਦੇ ਪਤਵੰਤੇ ਸੱਜਣਾਂ ਨੇ ਇਸ ਪ੍ਰੋਗਰਾਮ ਵਿੱਚ ਉੱਘੇ ਤੌਰ 'ਤੇ ਸ਼ਿਰਕਤ ਕੀਤੀ।ਸਕੂਲ ਦੇ ਮੁੱਖ ਅਧਿਆਪਕਾ ਸ੍ਰੀਮਤੀ ਪਰਮਜੀਤ ਕੌਰ ਤੇ ਸਮੂਹ ਸਕੂਲ ਸਟਾਫ ਵੱਲੋਂ ਸਭ ਦਾ ਨਿੱਘਾ ਸਵਾਗਤ ਕੀਤਾ ਗਿਆ।ਪ੍ਰੋਗਰਾਮ ਦਾ ਮੁੱਖ ਕੇਂਦਰ ਐੱਫ਼ ਐੱਲ ਐੱਨ ਮੇਲਾ ਤੇ ਪ੍ਰੀ ਪ੍ਰਾਇਮਰੀ ਦੇ ਵਿਦਿਆਰਥੀਆਂ ਲਈ ਕੀਤੀ ਗਈ ਗ੍ਰੈਜੂਏਸ਼ਨ ਸੈਰੇਮਨੀ ਰਹੇ, ਜਿਸ ਵਿੱਚ ਪ੍ਰੀ ਪ੍ਰਾਇਮਰੀ ਤੋਂ ਪ੍ਰਾਇਮਰੀ ਵਿੱਚ ਪ੍ਰਮੋਟ ਹੋਣ ਵਾਲੇ ਸਮੂਹ ਵਿਦਿਆਰਥੀਆਂ ਨੂੰ ਸਨਮਾਨਿਆ ਗਿਆ।ਇਸ ਦੌਰਾਨ ਸਕੂਲ ਮੁਖੀ ਨੇ ਸਮੂਹ ਪਿੰਡ ਵਾਸੀਆਂ ਨੂੰ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲ ਵਿੱਚ ਪੜ੍ਹਾਉਣ ਲਈ ਉਤਸ਼ਾਹਤ ਕੀਤਾ ਤੇ ਦਾਖਲਾ ਮੁਹਿੰਮ ਬਾਰੇ ਜਾਣਕਾਰੀ ਦਿੱਤੀ, ਅੰਤ ਵਿੱਚ ਸਕੂਲ ਮੁਖੀ ਵੱਲੋਂ ਗ੍ਰਾਮ ਪੰਚਾਇਤ, ਐੱਸ ਐੱਮ ਸੀ ਮੈਂਬਰਾਂ, ਸਮੂਹ ਮਾਪਿਆਂ, ਐੱਨ ਆਰ ਆਈ ਵੀਰਾਂ ਤੇ ਸਮੁੱਚੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ ਗਿਆ।

## ਪਹਿਲੀ ਵਾਰ ਏਸ਼ੀਅਨ ਹਾਕੀ ਚੈਂਪੀਅਨਸ਼ਿਪ ਪੰਜਾਬ ਨੂੰ ਮਿਲਣੀ ਸਰਕਾਰ ਦੀ ਵੱਡੀ ਪ੍ਰਾਪਤੀ : ਚੇਅਰਮੈਨ ਮਧੇਕੇ



**ਬੱਧਨੀ ਕਲਾਂ (ਨਛੱਤਰ ਸੰਧੂ)**-ਪੰਜਾਬ ਦੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਵੱਲੋਂ ਪਹਿਲੀ ਵਾਰ 1791 ਕਰੋੜ ਦੀ ਵੱਡੀ ਰਾਸ਼ੀ ਖੇਡਾਂ ਲਈ ਫੰਡ ਦੇ ਰੂਪ ਵਿੱਚ ਰੱਖੀ ਗਈ ਹੈ, ਜੋ ਕਿ ਪੰਜਾਬ ਦੀ ਜਵਾਨੀ ਨੂੰ ਖੇਡਾਂ ਪ੍ਰਤੀ ਉਤਸ਼ਾਹਤ ਕਰਨ ਲਈ ਵੱਡਾ ਕਦਮ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਚੇਅਰਮੈਨ ਪਲੈਨਿੰਗ ਬੋਰਡ ਤੇ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਮੋਗਾ ਬਰਿੰਦਰ ਕੁਮਾਰ ਮਧੇਕੇ ਨੇ ਜਾਰੀ ਪ੍ਰੈੱਸ ਨੋਟ ਵਿੱਚ ਕੀਤਾ।ਚੇਅਰਮੈਨ ਬਰਿੰਦਰ ਕੁਮਾਰ ਨੇ ਦੱਸਿਆ ਕਿ ਮਾਨ ਸਰਕਾਰ ਦੀ ਖੇਡਾਂ ਨੂੰ ਉਤਸ਼ਾਹਤ ਕਰਨ ਦੀ ਨੀਤੀ ਦਾ ਹੀ ਨਤੀਜਾ ਹੈ ਕਿ ਪੰਜਾਬ ਵਿੱਚ ਪਹਿਲੀ ਵਾਰ ਏਸ਼ੀਆ ਪੱਧਰ ਦੀ ਏਸ਼ੀਅਨ ਹਾਕੀ ਚੈਂਪੀਅਨਸ਼ਿਪ ਹੋਣ ਜਾ ਰਹੀ ਹੈ, ਜੋ ਕਿ ਮਾਨ ਸਰਕਾਰ ਦੀ ਵੱਡੀ ਤੇ ਇਤਿਹਾਸਕ ਪ੍ਰਾਪਤੀ ਹੈ।ਚੇਅਰਮੈਨ ਹੋਰਾਂ ਕਿਹਾ ਕਿ ਖੇਡਾਂ ਨਾਲ ਜੁੜਿਆ ਨੌਜਵਾਨ ਵਰਗ ਗਲਤ ਪਾਸੇ ਵੱਲ ਨਹੀਂ ਜਾ ਸਕਦਾ, ਇਸੇ ਲਈ ਮਾਨ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਸਮੁੱਚੇ ਪੰਜਾਬ ਵਿੱਚ 1350 ਕਰੋੜ ਰੁਪਏ ਨਾਲ 3100 ਖੇਡ ਮੈਦਾਨ ਤਿਆਰ ਕੀਤੇ ਜਾ ਰਹੇ ਹਨ, 102 ਕਰੋੜ ਰੁਪਏ ਨਾਲ 3000 ਜਿੰਮ ਤੇ 50 ਕਰੋੜ ਰੁਪਏ ਨਾਲ 17 ਹਜ਼ਾਰ ਸਪੋਰਟਸ ਕਿੱਟਾਂ ਯੂਥ ਕਲੱਬਾਂ ਨੂੰ ਦਿੱਤੀਆਂ ਜਾ ਰਹੀਆਂ ਹਨ, ਕੋਚਾਂ ਦੀ ਗਿਣਤੀ ਵਧਾ ਕੇ 2458 ਕੀਤੀ ਗਈ ਹੈ ਤੇ 48 ਖਿਡਾਰੀਆਂ ਨੂੰ ਕੋਚ ਵਜੋਂ ਨੌਕਰੀਆਂ ਦਿੱਤੀਆਂ ਗਈਆਂ ਹਨ।ਉਨ੍ਹਾਂ ਏਸ਼ੀਅਨ ਚੈਂਪੀਅਨਸ਼ਿਪ ਹਾਕੀ ਟਰਾਫੀ ਦੇ ਅਯੋਜਨ ਨੂੰ ਪੰਜਾਬ ਦੀ ਆਰਥਿਕਤਾ ਲਈ ਵੀ ਸ਼ੁਭ ਸੰਕੇਤ ਕਰਾਰ ਦਿੰਦਿਆਂ ਕਿਹਾ ਕਿ ਇਸ ਨਾਲ ਪੰਜਾਬ ਦੀ ਆਰਥਿਕਤਾ ਨੂੰ ਵੀ ਵੱਡਾ ਹੁਲਾਰਾ ਮਿਲੇਗਾ ਤੇ ਪੰਜਾਬ ਇੱਕ ਟੂਰਿਸਟ ਹੱਬ ਵਜੋਂ ਹੋਰ ਜ਼ਿਆਦਾ ਪ੍ਰਸਿੱਧੀ ਪ੍ਰਾਪਤ ਕਰੇਗਾ।

## ਐੱਸ ਓ ਆਈ ਪ੍ਰਧਾਨ ਢਿੱਲੋਂ ਨੇ ਡਾ. ਚੀਮਾ ਨਾਲ ਕੀਤੀ ਮੁਲਾਕਾਤ, ਪੰਜਾਬ ਦੇ ਹਾਲਾਤ 'ਤੇ ਕੀਤੀ ਚਰਚਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਟੂਡੈਂਟਸ ਆਰਗਨਾਈਜ਼ੇਸ਼ਨ ਆਫ ਇੰਡੀਆ (ਐੱਸਓਆਈ) ਦੇ ਸਾਬਕਾ ਪ੍ਰਧਾਨ ਗੁਰਦਿੱਤ ਸਿੰਘ ਢਿੱਲੋਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ।ਇਸ ਦੌਰਾਨ ਪੰਜਾਬ ਦੇ ਮੌਜੂਦਾ ਰਾਜਨੀਤਕ ਤੇ ਸਮਾਜਿਕ ਹਾਲਾਤਾਂ ਦੇ ਨਾਲ-ਨਾਲ ਪਾਰਟੀ ਦੀ ਭਵਿੱਖੀ ਰਣਨੀਤੀ ਸਬੰਧੀ ਵੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਮੁਲਾਕਾਤ ਦੌਰਾਨ ਗੁਰਦਿੱਤ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਵਿਚ ਮੌਜੂਦਾ ਸਰਕਾਰ ਦੇ ਪ੍ਰਬੰਧਾਂ ਤੋਂ ਲੋਕ ਨਾਰਾਜ਼ ਨਜ਼ਰ ਆ ਰਹੇ ਹਨ ਤੇ ਹਰ ਵਰਗ ਵਿੱਚ ਬਦਲਾਅ ਦੀ ਲਹਿਰ ਦੇਖਣ ਨੂੰ ਮਿਲ ਰਹੀ ਹੈ।ਉਨ੍ਹਾਂ ਕਿਹਾ ਕਿ ਖਾਸ ਕਰਕੇ ਨੌਜਵਾਨ ਵਰਗ ਵਿੱਚ ਸ਼੍ਰੋਮਣੀ ਅਕਾਲੀ ਦਲ ਪ੍ਰਤੀ ਰੁਝਾਨ ਤੇਜ਼ੀ ਨਾਲ ਵਧ ਰਿਹਾ ਹੈ, ਜੋ ਪਾਰਟੀ ਲਈ ਇੱਕ ਸਕਾਰਾਤਮਕ ਸੰਕੇਤ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਡੀ ਜਿੱਤ ਹਾਸਲ ਕਰੇਗਾ ਤੇ ਅਗਲੀ ਸਰਕਾਰ ਪਾਰਟੀ ਦੀ ਬਣੇਗੀ।ਗੁਰਦਿੱਤ ਸਿੰਘ ਢਿੱਲੋਂ ਨੇ ਦਾਅਵਾ ਕੀਤਾ ਕਿ ਪੰਜਾਬ ਦੇ ਪਿੰਡਾਂ ਤੋਂ ਲੈ ਕੇ ਸ਼ਹਿਰਾਂ ਤੱਕ ਲੋਕ ਅਕਾਲੀ ਦਲ ਨਾਲ ਜੁੜ ਰਹੇ ਹਨ ਤੇ ਪਾਰਟੀ ਨੂੰ ਵੱਡਾ ਸਮਰਥਨ ਮਿਲ ਰਿਹਾ ਹੈ।ਡਾ. ਦਲਜੀਤ ਸਿੰਘ ਚੀਮਾ ਨੇ ਇਸ ਮੌਕੇ ਗੱਲ ਕਰਦੇ ਹੋਏ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਪੰਜਾਬ ਦੇ ਹੱਕਾਂ ਤੇ ਲੋਕਾਂ ਦੀ ਭਲਾਈ ਲਈ ਲੜਦਾ ਆਇਆ ਹੈ।ਉਨ੍ਹਾਂ ਕਿਹਾ ਕਿ ਮੌਜੂਦਾ ਹਾਲਾਤਾਂ ਵਿੱਚ ਲੋਕ ਇਕ ਮਜ਼ਬੂਤ ਤੇ ਤਜਰਬੇਕਾਰ ਲੀਡਰਸ਼ਿਪ ਦੀ ਤਲਾਸ਼ ਕਰ ਰਹੇ ਹਨ, ਜਿਸ ਨੂੰ ਅਕਾਲੀ ਦਲ ਪੂਰਾ ਕਰਨ ਦੀ ਸਮਰੱਥਾ ਰੱਖਦਾ ਹੈ।ਇਸ ਤੋਂ ਇਲਾਵਾ ਦੋਹਾਂ ਆਗੂਆਂ ਨੇ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਲਈ ਖਾਸ ਯੋਜਨਾਵਾਂ ਬਣਾਉਣ 'ਤੇ ਵੀ ਜ਼ੋਰ ਦਿੱਤਾ। ਮੁਲਾਕਾਤ ਦੇ ਅਖੀਰ 'ਚ ਦੋਹਾਂ ਨੇ ਇਹ ਵਿਸ਼ਵਾਸ ਜਤਾਇਆ ਕਿ ਸਾਂਝੇ ਯਤਨਾਂ ਨਾਲ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।

## ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਵੱਲੋਂ ਡੀਲਰਾਂ ਨਾਲ ਮੀਟਿੰਗ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਮੁੱਖ ਖੇਤਬਾੜੀ ਅਫ਼ਸਰ ਬਠਿੰਡਾ ਡਾ. ਹਰਬੰਸ ਸਿੰਘ ਸਿੱਧੂ ਦੀ ਅਗਵਾਈ, ਡਾ. ਦਵਿੰਦਰ ਸਿੰਘ ਸੰਧੂ ਏ.ਪੀ.ਪੀ.ਓ. ਬਠਿੰਡਾ ਤੇ ਡਾ. ਹਰਜਸ ਪਾਲ ਸ਼ਰਮਾ ਬਲਾਕ ਖੇਤੀਬਾੜੀ ਅਫ਼ਸਰ ਨਥਾਣਾ ਦੀ ਰਹਿਨੁਮਾਈ ਹੇਠ ਭੁੱਚੋ ਮੰਡੀ ਵਿਖੇ ਇਨਪੁਟ ਡੀਲਰਾਂ ਦੀ ਇੱਕ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਮੌਜੂਦ ਅਧਿਕਾਰੀਆਂ ਵੱਲੋਂ ਕਿਸਾਨਾਂ ਨੂੰ ਸਮੇਂ-ਸਿਰ ਮਿਆਰੀ ਬੀਜ, ਖਾਦ ਤੇ ਦਵਾਈਆਂ ਮੁਹੱਈਆ ਕਰਵਾਉਣ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ ਤੇ ਵਿਭਾਗ ਦੀਆਂ ਹਦਾਇਤਾਂ ਮੁਤਾਬਿਕ ਆਪਣਾ ਕੰਮਕਾਜ ਸਹੀ ਢੰਗ ਨਾਲ ਚਲਾਉਣ ਲਈ ਆਪਣੇ ਤਜਰਬੇ ਸਾਂਝੇ ਕੀਤੇ ਗਏ।ਇਸ ਦੌਰਾਨ ਸਾਰੇ ਹੀ ਇਨਪੁਟ ਡੀਲਰਾਂ ਵੱਲੋਂ ਕਿਸਾਨਾਂ ਨੂੰ ਸਹੀ ਤੇ ਮਿਆਰੀ ਇਨਪੁਟ ਦੇਣ ਦਾ ਵਿਸ਼ਵਾਸ ਦਿਵਾਇਆ ਗਿਆ।ਮੀਟਿੰਗ ਵਿੱਚ ਬਲਾਕ ਨਥਾਣਾ ਦੇ ਖੇਤੀਬਾੜੀ ਵਿਕਾਸ ਅਫਸਰ, ਡਾ. ਗੁਰਪ੍ਰੀਤ ਸਿੰਘ ਤੇ ਡਾ. ਜਗਦੀਪ ਸਿੰਘ ਬਰਾੜ ਤੋਂ ਇਲਾਵਾ ਸ੍ਰੀ ਪ੍ਰਸ਼ੋਤਮ ਲਾਲ ਏਐੱਸਆਈ ਤੇ ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

# 6 ਅਪ੍ਰੈਲ ਦੇ ਧਰਨਿਆਂ ਨੂੰ ਕਾਮਯਾਬ ਕਰੋ : ਐੱਸ ਕੇ ਐੱਮ ਆਗੂ



**ਤਲਵੰਡੀ ਸਾਬੋ/ਬਠਿੰਡਾ (ਜਗਦੀਪ ਗਿੱਲ)**-ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਪੰਜਾਬ ਤੇ ਕੇਂਦਰ ਸਰਕਾਰ ਵਿਰੁੱਧ ਪੰਜਾਬ ਸੂਬਾ, ਕਿਸਾਨਾਂ ਤੇ ਆਮ ਲੋਕਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ 6 ਅਪ੍ਰੈਲ ਨੂੰ ਲਗਾਏ ਜਾ ਰਹੇ ਜ਼ਿਲ੍ਹਾ ਪੱਧਰੀ ਧਰਨਿਆਂ ਨੂੰ ਸਫਲ ਬਣਾਉਣ ਲਈ ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਬਠਿੰਡਾ ਵਿੱਚ ਸ਼ਾਮਲ ਕਿਸਾਨ ਜਥੇਬੰਦੀਆਂ ਦੀ ਇੱਕ ਜ਼ਰੂਰੀ ਮੀਟਿੰਗ ਬਲਕਰਨ ਸਿੰਘ ਬਰਾੜ ਸੂਬਾ ਜਰਨਲ ਸਕੱਤਰ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੀ ਪ੍ਰਧਾਨਗੀ ਹੇਠ ਟੀਚਰ ਹੋਮ ਬਠਿੰਡਾ ਵਿਖੇ ਹੋਈ।ਮੀਟਿੰਗ ਦੀ ਸ਼ੁਰੂਆਤ ਕਰਦਿਆਂ ਆਗੂਆਂ ਨੇ ਪਿਛਲੇ ਦਿਨੀਂ ਜ਼ਿਲ੍ਹਾ ਫਰੀਦਕੋਟ ਦੇ ਪਿੰਡ ਹਰੀ ਨੌਂ ਦੇ ਦੋ ਕਿਸਾਨਾਂ ਵੱਲੋਂ ਕਰਜ਼ੇ ਦੇ ਬੋਝ ਕਾਰਨ ਖੁਦਕੁਸ਼ੀ ਕਰ ਜਾਨ ਗਵਾਉਣ ਵਾਲੇ ਕਿਸਾਨਾਂ ਨਮਿੱਤ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਦਿੱਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਦੇਵ ਸਿੰਘ ਭਾਈ ਰੂਪਾ ਸੂਬਾ ਮੀਤ ਪ੍ਰਧਾਨ ਬੀਕੇਯੂ ਡਕੌਂਦਾ, ਜਗਸੀਰ ਸਿੰਘ ਝੁੰਬਾ ਜ਼ਿਲ੍ਹਾ ਆਗੂ ਬੀਕੇਯੂ ਉਗਰਾਹਾਂ, ਅਮਰਜੀਤ ਸਿੰਘ ਹਨੀ ਜ਼ਿਲ੍ਹਾ ਆਗੂ ਬੀਕੇਯੂ ਏਕਤਾ ਡਕੌਂਦਾ, ਦਰਸ਼ਨ ਸਿੰਘ ਫੁੱਲੋ ਮਿੱਠੀ ਜ਼ਿਲ੍ਹਾ ਜਨਰਲ ਸਕੱਤਰ ਕੁੱਲ ਹਿੰਦ ਕਿਸਾਨ ਸਭਾ, ਸੁਖਮਿੰਦਰ ਸਿੰਘ ਧਾਲੀਵਾਲ ਜ਼ਿਲ੍ਹਾ ਪ੍ਰਧਾਨ ਜਮਹੂਰੀ ਕਿਸਾਨ ਸਭਾ, ਗੁਰਦੇਵ ਸਿੰਘ ਖਾਲਸਾ ਜ਼ਿਲ੍ਹਾ ਆਗੂ ਕਿਰਤੀ ਕਿਸਾਨ ਯੂਨੀਅਨ ਤੇ ਬੇਅੰਤ ਸਿੰਘ ਮਹਿਮਾ ਸਰਜਾ ਸੂਬਾ ਆਗੂ ਬੀਕੇਯੂ ਸਿੱਧੂਪੁਰ ਨੇ ਦੋਸ਼ ਲਾਇਆ ਕਿ ਕੇਂਦਰ ਤੇ ਪੰਜਾਬ ਸਰਕਾਰ ਨੇ ਪੰਜਾਬ ਸੂਬਾ ਤੇ ਕਿਸਾਨਾਂ ਦੀਆਂ ਹੱਕੀ ਮੰਗਾਂ ਪੂਰੀ ਤਰ੍ਹਾਂ ਵਿਸਾਰ ਦਿੱਤੀਆਂ ਹਨ, ਜਿਸ ਕਾਰਨ ਕਰਜ਼ੇ ਦੇ ਬੋਝ ਥੱਲੇ ਦੱਬੀ ਕਿਸਾਨੀ ਦੀਆਂ ਖੁਦਕੁਸ਼ੀਆਂ ਰੋਕਣ ਦਾ ਨਾਂ ਨਹੀਂ ਲੈ ਰਹੀਆਂ ਹਨ।ਪੰਜਾਬ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਪੰਜਾਬ ਅੰਦਰ ਸਰਕਾਰ ਨੇ ਖੁਦਕੁਸ਼ੀਆਂ ਦਾ ਸਰਵੇ ਕਰਨਾ ਤੇ ਕਿਸਾਨਾਂ ਤੇ ਖੇਤ ਮਜ਼ਦੂਰਾਂ ਨੂੰ ਰਾਹਤ ਦੇਣਾ ਵੀ ਬੰਦ ਕਰ ਦਿੱਤਾ ਹੈ।ਉਨ੍ਹਾਂ ਮੰਗ ਕੀਤੀ ਕਿ ਪੰਜਾਬ ਵਿੱਚ ਕਿਸਾਨਾਂ ਤੇ ਖੇਤ ਮਜ਼ਦੂਰਾਂ ਦੀਆਂ ਖੁਦਕੁਸ਼ੀਆਂ ਦਾ ਸਰਵੇ ਸ਼ੁਰੂ ਕੀਤਾ ਜਾਵੇ, ਪੀੜਤ ਪਰਵਾਰਾਂ ਨੂੰ ਮੁਆਵਜ਼ਾ ਤੇ ਸਰਕਾਰੀ ਨੌਕਰੀ ਦਿੱਤੀ ਜਾਵੇ ਅਤੇ ਸਰਕਾਰ ਦੀਆਂ ਗਲਤ ਨੀਤੀਆਂ ਜਿਵੇਂ ਕਿ ਫਸਲਾਂ ਦਾ ਪੂਰਾ ਭਾਅ ਨਾ ਮਿਲਣਾ ਤੇ ਕੁਦਰਤੀ ਆਫਤਾਂ ਨਾਲ ਫਸਲਾਂ ਦਾ ਬਰਬਾਦ ਹੋਣ ਕਾਰਨ, ਪੰਜਾਬ ਦੀ ਕਿਸਾਨੀ ਸਿਰ ਚੜ੍ਹਿਆ ਕਰਜ਼ਾ ਖਤਮ ਕੀਤਾ ਜਾਵੇ।ਆਗੂਆਂ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਇਸ ਮੁੱਦੇ ਨੂੰ ਕੇਂਦਰ ਅੱਗੇ ਜ਼ੋਰਦਾਰ ਤਰੀਕੇ ਨਾਲ ਉਠਾਵੇ ਤੇ ਆਪਣਾ ਹੱਕ ਲੈਣ ਲਈ ਪੰਜਾਬ ਦੇ ਲੋਕਾਂ ਦੀ ਅਗਵਾਈ ਕਰੇ।ਬੁਲਾਰਿਆਂ ਨੇ ਕੇਂਦਰ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਪਾਣੀ ਦੇ ਮਾਮਲੇ ਵਿੱਚ ਪੰਜਾਬ ਉੱਪਰ ਥੋਪੀਆਂ ਗਈਆਂ ਗੈਰ-ਸੰਵਿਧਾਨਿਕ ਸ਼ਰਤਾਂ ਖਤਮ ਕਰੇ ਤੇ ਦੁਨੀਆ ਭਰ ਵਿੱਚ ਪ੍ਰਵਾਨਤ ਰਿਪੇਰੀਅਨ ਸਿਧਾਂਤ ਅਨੁਸਾਰ ਪਾਣੀ ਦੀ ਮੁੜ ਵੰਡ ਕੀਤੀ ਜਾਵੇ।ਕਾਰਪੋਰੇਟ ਘਰਾਣਿਆਂ ਨੂੰ ਧਨ ਦੌਲਤ ਸੌਂਪਣ ਲਈ ਕੇਂਦਰ ਸਰਕਾਰ ਦੁਆਰਾ ਲਿਆਂਦੇ ਗਏ ਬਿਜਲੀ ਬਿੱਲ 2025, ਸੀਡ ਬਿਲ ਅਤੇ ਅਮਰੀਕਾ ਤੇ ਯੂਰਪੀ ਸੰਘ ਨਾਲ ਕੀਤੇ ਵਿਤਕਰੇ ਭਰੇ ਸਮਝੌਤੇ ਤੁਰੰਤ ਰੱਦ ਕੀਤੇ ਜਾਣ।ਕਿਸਾਨਾਂ, ਮਜ਼ਦੂਰਾਂ ਤੇ ਪੇਂਡੂ ਦਸਤਕਾਰਾਂ ਨੂੰ 10 ਹਜ਼ਾਰ ਰੁਪਏ ਮਹੀਨਾ ਪੈਨਸ਼ਨ ਦਿੱਤੀ ਜਾਵੇ।ਕਿਸਾਨਾਂ ਦੀਆਂ ਫਸਲਾਂ ਦਾ ਕੁਦਰਤੀ ਆਫਤਾਂ ਦੁਆਰਾ ਹੋ ਰਹੇ ਨੁਕਸਾਨ ਤੋਂ ਬਚਾਉਣ ਲਈ ਸਰਕਾਰੀ ਫਸਲੀ ਬੀਮਾ ਯੋਜਨਾ ਲਾਗੂ ਕੀਤੀ ਜਾਵੇ।ਕਿਸਾਨ ਆਗੂਆਂ ਨੇ ਕਿਸਾਨਾਂ ਮਜ਼ਦੂਰਾਂ ਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੀਆਂ ਹੱਕੀ ਮੰਗਾਂ ਮਨਾਉਣ ਲਈ ਛੇ ਅਪ੍ਰੈਲ ਨੂੰ 11 ਵਜੇ ਡੀ ਵੱਡੀ ਗਿਣਤੀ ਵਿੱਚ ਡੀ ਸੀ ਦਫਤਰ ਬਠਿੰਡਾ ਵਿਖੇ ਪਹੁੰਚਣ ਤਾਂ ਕਿ ਗੂੰਗੀਆਂ-ਬੋਲੀਆਂ ਸਰਕਾਰਾਂ ਦੇ ਕੰਨ ਖੋਲ੍ਹਣ ਲਈ ਜ਼ੋਰਦਾਰ ਆਵਾਜ਼ ਬੁਲੰਦ ਕੀਤੀ ਜਾ ਸਕੇ ।

## 34 ਲਾਵਾਰਿਸ ਪ੍ਰਾਣੀਆਂ ਦੀਆਂ ਅਸਥੀਆਂ ਜਲ-ਪ੍ਰਵਾਹ ਕਰਨ ਲਈ ਪੈਦਲ ਯਾਤਰਾ ਅੱਜ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਮਾਨਵਤਾ ਦੀ ਸੇਵਾ ਨੂੰ ਸਮਰਪਿਤ ਸੰਸਥਾ ਸਹਾਰਾ ਪਰਵਾਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਇੱਕ ਅਤਿ ਨਿਮਰਤਾ ਭਰਪੂਰ ਅਤੇ ਪੁੰਨ ਦਾ ਕਾਰਜ ਉਲੀਕਿਆ ਗਿਆ ਹੈ।ਸਾਲ 2025 ਦੌਰਾਨ ਜਿਨ੍ਹਾਂ 34 ਲਾਵਾਰਿਸ ਅਤੇ ਨਾਮਾਲੂਮ ਪ੍ਰਾਣੀਆਂ ਦਾ ਸਸਕਾਰ ਸੰਸਥਾ ਵੱਲੋਂ ਪੂਰਨ ਸ਼ਰਧਾ ਅਤੇ ਮਰਿਆਦਾ ਨਾਲ ਕੀਤਾ ਗਿਆ ਸੀ, ਉਨ੍ਹਾਂ ਦੀਆਂ ਅਸਥੀਆਂ ਜਲ-ਪ੍ਰਵਾਹ ਕਰਨ ਲਈ ਇੱਕ ਵਿਸ਼ੇਸ਼ ਪੈਦਲ ਯਾਤਰਾ ਕੱਢੀ ਜਾ ਰਹੀ ਹੈ।3 ਅਪ੍ਰੈਲ ਨੂੰ ਪੈਦਲ ਯਾਤਰਾ ਦਾ ਆਰੰਭ ਸ਼ਾਮ 4:25 ਵਜੇ ਸ੍ਰੀ ਰਾਮ ਬਾਗ ਤੋਂ ਹੋਵੇਗਾ ਤੇ ਅਸਥੀਆਂ ਜਲ-ਪ੍ਰਵਾਹ ਦਾ ਸਮਾਂ ਸ਼ਾਮ 5:15 ਵਜੇ ਸਥਾਨ ਗੁਰਦੁਆਰਾ ਗਰੀਨ ਐਵੀਨਿਊ (ਨਹਿਰ)।ਰਾਮ ਬਾਗ ਤੋਂ ਸ਼ੁਰੂ ਹੋ ਕੇ ਇਹ ਯਾਤਰਾ ਨਹਿਰੂ ਸ਼ਾਪਿੰਗ ਸੈਂਟਰ, ਭਾਈ ਘਨੱਈਆ ਚੌਂਕ, ਘੰਟਾ ਘਰ ਚੌਂਕ, ਠੰਡੀ ਸੜਕ (ਹੁੱਕੀ ਵਾਲਾ ਚੌਂਕ), ਜੁਬਲੀ ਸਿਨੇਮਾ ਚੌਂਕ, ਸੇਠੀ ਡੇਅਰੀ ਚੌਂਕ, ਕਾਲਜ ਰੋਡ ਤੋਂ ਹੁੰਦੀ ਹੋਈ ਚਹਿਲ ਰੋਡ ਰਾਹੀਂ ਗੁਰਦੁਆਰਾ ਗਰੀਨ ਐਵੀਨਿਊ ਵਿਖੇ ਸੰਪਨ ਹੋਵੇਗੀ।

# ਸਿਮਰਨਜੀਤ ਕੌਰ ਦੀ ਪੰਜਾਬ ਦੀ ਨੈਸ਼ਨਲ ਬਾਕਸਿੰਗ ਟੀਮ 'ਚ ਚੋਣ



**ਧਾਰੀਵਾਲ (ਮਨਦੀਪ ਵਿੱਕੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਦੀ ਦੇਖ-ਰੇਖ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦੀ 10+2 ਨਾਨ-ਮੈਡੀਕਲ ਦੀ ਵਿਦਿਆਰਥਣ ਸਿਮਰਨਜੀਤ ਕੌਰ ਪੰਜਾਬ ਦੀ ਬਾਕਸਿੰਗ ਟੀਮ ਲਈ ਚੁਣੀ ਗਈ ਜੋ ਕਿ ਕਾਲਜ ਲਈ ਮਾਣ ਵਾਲੀ ਗੱਲ ਹੈ। ਨਾਗਪੁਰ, ਮਹਾਂਰਾਸ਼ਟਰ ਵਿਖੇ ਹੋ ਰਹੀ ਸੱਤਵੀਂ ਬਾਕਸਿੰਗ ਜੂਨੀਅਰ ਨੈਸ਼ਨਲ ਚੈਂਪੀਅਨਸ਼ਿਪ ਅੰਡਰ - 17 ਵਿੱਚ ਕਾਲਜ ਵਿਦਿਆਰਥਣ ਸਿਮਰਨਜੀਤ ਕੌਰ ਪੰਜਾਬ ਦੀ ਪ੍ਰਤੀਨਿਧਤਾ ਕਰੇਗੀ। ਕਾਲਜ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਨੇ ਦੱਸਿਆ ਕਿ ਇਸ ਵਿਦਿਆਰਥਣ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਅਤੇ ਸਖ਼ਤ ਮਿਹਨਤ ਦੇ ਸਿੱਟੇ ਵਜੋਂ ਇਹ ਮੁਕਾਮ ਹਾਸਲ ਕੀਤਾ ਹੈ। ਜ਼ਿਲ੍ਹਾ ਅਤੇ ਰਾਜ ਪੱਧਰੀ ਮੁਕਾਬਲਿਆਂ ਵਿੱਚ ਲੰਬੇ ਸਮੇਂ ਤੋਂ ਸਰਗਰਮ ਇਸ ਵਿਦਿਆਰਥਣ ਨੇ ਪੰਜਾਬ ਦੀ ਟੀਮ ਵਿੱਚ ਆਪਣਾ ਨਾਮ ਬਣਾ ਕੇ ਕਾਲਜ ਅਤੇ ਆਪਣੇ ਮਾਤਾ - ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਉਹਨਾਂ ਨੇ ਸਿਮਰਨਜੀਤ ਕੌਰ, ਉਸ ਦੇ ਮਾਤਾ - ਪਿਤਾ ਅਤੇ ਕੋਚ ਵਰਿਆਮ ਸਿੰਘ ਨੂੰ ਉਚੇਚੇ ਤੌਰ ਤੇ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਹੋਰ ਉੱਚੇ ਮੁਕਾਮ ਹਾਸਲ ਕਰਨ ਦੀ ਕਾਮਨਾ ਵੀ ਕੀਤੀ। ਉਹਨਾਂ ਨੇ ਕਾਲਜ ਪਹੁੰਚਣ ਤੇ ਖਿਡਾਰਨ ਸਿਮਰਨਜੀਤ ਕੌਰ ਨੂੰ ਸਨਮਾਨਤ ਕਰਕੇ ਟੀਮ ਵਿੱਚ ਵਧੀਆ ਪ੍ਰਦਰਸ਼ਨ ਲਈ ਉਤਸ਼ਾਹਤ ਕੀਤਾ ਅਤੇ ਕਾਲਜ ਵੱਲੋਂ ਹਰ ਪੱਖ ਤੋਂ ਬਣਦੀ ਸਹਾਇਤਾ ਦੇਣ ਦੀ ਗੱਲ ਆਖੀ। ਇਸ ਮੌਕੇ ਕਾਲਜ ਦੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

# ਕਣਕ ਦੀ ਸਰਕਾਰੀ ਖਰੀਦ ਲਈ ਉੱਚ ਪ੍ਰਸ਼ਾਸਨ ਨੂੰ ਸਰਕਾਰ ਨੇ ਕੀਤੇ ਨਿਰਦੇਸ਼ ਜਾਰੀ : ਧਾਲੀਵਾਲ




**ਅੰਮ੍ਰਿਤਸਰ/ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**- ਆਮ ਆਦਮੀ ਪਾਰਟੀ ਦੇ ਸੂਬਾਈ ਮੁੱਖ ਬੁਲਾਰੇ, ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਰਾਜ ਭਰ ਦੀਆਂ 1900 ਦੇ ਕਰੀਬ ਦਾਨਾ ਮੰਡੀਆਂ 'ਚ ਹਾੜ੍ਹੀ ਦੀ ਮੁੱਖ ਫਸਲ ਕਣਕ ਦੀ ਹੋਣ ਵਾਲੀ 132 ਲੱਖ ਮੀਟ੍ਰਿਕ ਟਨ ਆਮਦ ਦਾ ਇੱਕ ਇੱਕ ਦਾਨਾ ਸਰਕਾਰੀ ਐਮ ਐਸ ਪੀ ਰੇਟ 2585 ਪ੍ਰਤੀ ਕੁਇੰਟਲ ਖ੍ਰੀਦ ਕਰਨ ਲਈ ਵਚਨਬੱਧ ਹੈ ਅਤੇ ਇਸ ਵਚਨਬੱਧਤਾ ਨੂੰ ਅਮਲੀ ਜਾਮਾ ਪਹਿਨਾਉਣ ਲਈ ਬਕਾਇਦਾ ਰਾਜ ਭਰ ਦੇ ਡਿਪਟੀ ਕਮਿਸ਼ਨਰਾਂ, ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰਾਂ, ਸਰਕਾਰੀ ਖ੍ਰੀਦ ਏਜੰਸੀਆਂ, ਮੰਡੀ ਬੋਰਡ/ਮਾਰਕਿਟ ਕਮੇਟੀਆਂ ਦੇ ਅਧਿਕਾਰੀਆਂ ਨੂੰ ਬਿਨ੍ਹਾਂ ਕਿਸੇ ਅੜਿੱਕੇ ਦੇ ਕਣਕ ਦੀ ਸਹੀ ਤੇ ਸਮੇਂ ਸਿਰ ਖ੍ਰੀਦ ਯਕੀਨੀ ਬਣਾਉਣ ਲਈ ਬਾਰਦਾਨਾਂ, ਫਸਲ ਦੀ ਚੁਕਵਾਈ, ਪੈਸਿਆਂ ਦੀ 24 ਘੰਟੇ ਚ ਅਦਾਇਗੀ, ਮੰਡੀਆਂ ਚ ਬਿਜਲੀ, ਪੀਣ ਵਾਲੇ ਪਾਣੀ, ਤਰਪਾਲਾਂ, ਸਾਫ ਸਫਾਈ ਆਦਿ ਪੁਖਤਾ ਪ੍ਰਬੰਧਾਂ ਲਈ ਸਪੱਸ਼ਟ ਦਿਸ਼ਾ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ। ਖ੍ਰੀਦ ਪ੍ਰਬੰਧਾਂ 'ਚ ਕੁਤਾਹੀ ਤੇ ਭ੍ਰਿਸ਼ਟਾਚਾਰ ਨੂੰ ਸਰਕਾਰ ਕਦਾਚਿੱਤ ਬਰਦਾਸ਼ਤ ਨਹੀਂ ਕਰੇਗੀ। ਆੜ੍ਹਤੀਆਂ ਤੇ ਪੱਲੇਦਾਰਾਂ ਨੂੰ ਵੀ ਕਿਸਾਨਾਂ ਵਲੋਂ ਹੜ੍ਹਾਂ ਸਮੇਤ ਮੌਜੂਦਾ ਸਮੇਂ 'ਚ ਬੇਮੌਸਮੀ ਅਣਸੁਖਾਵੀਆਂ ਪ੍ਰਸਥਿਤੀਆਂ ਦੀ ਮਾਰ ਝੱਲ ਕੇ ਪੁੱਤਾਂ ਵਾਂਗ ਪਾਲੀ ਕਣਕ ਦੀ ਆਨਾਜ ਮੰਡੀਆਂ 'ਚ ਖਰੀਦੋ ਫਰੋਖਤ ਸਾਂਭ ਸੰਭਾਲ ਲਈ ਕਿਸਾਨਾਂ ਤੇ ਸਰਕਾਰ ਨੂੰ ਸਹਿਯੋਗ ਦੇਣ ਲਈ ਅੱਗੇ ਆਉਣਾ ਚਾਹੀਦਾ ਹੈ। ਧਾਲੀਵਾਲ ਅੱਜ ਆਪਣੇ ਚੋਣ ਹਲਕਾ ਅਜਨਾਲਾ ਦੇ ਪਿੰਡਾਂ ਸਮਰਾਏ ਭੰਡਾਲ, ਸੁਲਤਾਨ ਮਾਹਲ, ਕਲ੍ਹੋਮਹਾਲ, ਦੂਰੀਆਂ, ਬਾਜਵਾ, ਦੁਜੋਵਾਲ, ਗਿੱਲਾਂਵਾਲੀ, ਬੇਦੀ ਛੰਨਾ, ਕੋਟ ਰਜ਼ਾਦਾ, ਸੂਫ਼ੀਆਂ ਆਦਿ ਦਰਜ਼ਨ ਦੇ ਕਰੀਬ ਪਿੰਡਾਂ ਚ ਸ਼ਾਨਦਾਰ ਚਾਰ ਸਾਲ, ਭਗਵੰਤ ਮਾਨ ਦੇ ਨਾਲ ਮੁਹਿੰਮ ਤਹਿਤ ਪੇਂਡੂ ਲੋਕਾਂ ਨੂੰ ਵਿਕਾਸ ਪੱਖੀ ਮੁਸ਼ਕਲਾਂ ਸੁਣਨ ਅਤੇ ਕਿਸਾਨਾਂ, ਖੇਤ ਮਜ਼ਦੂਰਾਂ ਦੀਆਂ ਕਣਕ ਦੀ ਸਰਕਾਰੀ ਖ੍ਰੀਦ ਸਬੰਧੀ ਸੰਭਾਵੀ ਚਿੰਤਾਵਾਂ ਤੋਂ ਜਾਣੂੰ ਹੋਣ ਲਈ ਸਿੱਧਾ ਸੰਵਾਦ ਰਚਾਉਣ ਮੌਕੇ ਪ੍ਰਭਾਵਸ਼ਾਲੀ ਜਨਤਕ ਮੀਟਿੰਗਾਂ ਨੂੰ ਸੰਬੋਧਨ ਕਰ ਰਹੇ ਸਨ। ਉਹਨਾਂ ਨੇ ਕੇਂਦਰੀ ਭਾਜਪਾ ਸਰਕਾਰ ਦੀ ਘੇਰਾਬੰਦੀ ਕੀਤੀ ਅਤੇ ਇਲਜ਼ਾਮ ਲਗਾਏ ਕਿ ਪੰਜਾਬ ਦੀ ਪੇਂਡੂ ਵਿਕਾਸ ਹੱਕੀ ਰਕਮ 9 ਹਜ਼ਾਰ ਕਰੋੜ ਰੁਪਏ, ਜੀ ਐਸ ਟੀ ਬਕਾਇਆ ਅਤੇ ਕੌਮੀ ਸਿਹਤ ਮਿਸ਼ਨ ਦੇ ਫੰਡਾਂ ਨੂੰ ਨਜ਼ਾਇਜ਼ ਤੌਰ 'ਤੇ ਰੋਕ ਕੇ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਪਹਿਲਾਂ ਹੀ ਅਪਨਾਇਆ ਹੋਇਆ ਹੈ ਅਤੇ ਹੁਣ ਚੋਣ ਵਰ੍ਹੇ 'ਚ ਸਿਆਸੀ ਬਦਲਾਖ਼ੋਰੀ ਤਹਿਤ ਭਾਜਪਾ ਨੂੰ ਕਥਿਤ ਚੋਣ ਲਾਹਾ ਦਿਵਾਉਣ ਲਈ ਇੱਕ ਗਿਣੀ ਮਿਥੀ ਸਾਜਿਸ਼ ਤਹਿਤ ਕੇਂਦਰ ਸਰਕਾਰ ਨੇ ਪੰਜਾਬ ਦੇ ਆੜ੍ਹਤੀਆਂ ਦੀਆਂ ਹੱਕੀ ਮੰਗਾਂ ਤੋਂ ਟਾਲਾ ਵੱਟ ਕੇ ਕਣਕ ਦੀ ਖ੍ਰੀਦ 'ਚ ਖੱਲਲ ਪਾਉਣ ਲਈ ਗਿਣ ਮਿੱਥ ਕੇ ਸਾਜ਼ਿਸ਼ ਨੀਤੀ ਅਪਨਾਈ ਹੈ ਜਦੋਂ ਕਿ ਮੁੱਖ ਮੰਤਰੀ ਪੰਜਾਬ ਮਾਨ ਵੱਲੋਂ ਆੜ੍ਹਤੀਆਂ ਦੀਆਂ ਹੱਕੀ ਮੰਗਾਂ ਮੰਨਵਾਉਣ ਲਈ ਸਪੱਸ਼ਟ ਰਵਈਆ ਅਪਨਾਉਂਦੇ ਹੋਏ ਕੁੱਝ ਸਮਾਂ ਪਹਿਲਾਂ ਕੇਂਦਰੀ ਗਰਿਹ ਮੰਤਰੀ ਅਮਿਤ ਸ਼ਾਹ ਨਾਲ ਉੱਚ ਤਾਕਤੀ ਮੀਟਿੰਗ ਕਰਕੇ ਅਤੇ ਬਾਅਦ 'ਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਮੁੱਖ ਮੰਤਰੀਆਂ ਨਾਲ ਆਨ ਲਾਈਨ ਕੀਤੀ ਗਈ ਮੀਟਿੰਗ 'ਚ ਪ੍ਰਧਾਨ ਮੰਤਰੀ ਮੋਦੀ ਕੋਲ ਕਣਕ ਦੀ ਨਿਰਵਿਘਨ ਸਰਕਾਰੀ ਖ੍ਰੀਦ ਲਈ ਪੰਜਾਬ ਦੇ ਗੁਦਾਮਾਂ ਚ 40 ਲੱਖ ਮੀਟ੍ਰਿਕ ਟਨ ਸਰਕਾਰੀ ਕਣਕ ਦੇ ਭੰਡਾਰ ਨੂੰ ਚੁੱਕਵਾ ਕੇ ਚਾਲੂ ਹਾੜ੍ਹੀ 'ਚ ਕਣਕ ਦੇ ਨਵੇਂ ਭੰਡਾਰ ਕਰਨ ਲਈ ਵਿਵਸਥਾ ਕਰਨ ਸਮੇਤ ਆੜ੍ਹਤੀਆਂ ਦਾ ਮਾਮਲਾ ਵੀ ਉਠਾਇਆ ਪਰ ਅਜੇ ਤਕ ਕੇਂਦਰ ਸਰਕਾਰ ਮੂਕ ਦਰਸ਼ਕ ਬਣੀ ਹੋਈ ਹੈ। ਇਸ ਮੌਕੇ ਖੁਸ਼ਪਾਲ ਸਿੰਘ ਧਾਲੀਵਾਲ, ਪੀ ਏ ਮੁਖ਼ਤਾਰ ਸਿੰਘ ਬਲੜਵਾਲ, ਚੇਅਰਮੈਨ ਪ੍ਰਿਥੀਪਾਲ ਸਿੰਘ ਘੋਨਵਾਲਾ, ਬਲਾਕ ਪ੍ਰਧਾਨ ਜਸਪਿੰਦਰ ਸਿੰਘ ਜੇ ਪੀ ਸਮੇਤ ਪਿੰਡਾਂ ਦੇ ਪੰਚ, ਸਰਪੰਚ, ਮੋਹਤਬਰ ਤੇ ਵਲੰਟੀਅਰਜ਼ ਵੱਡੀ ਗਿਣਤੀ 'ਚ ਮੌਜੂਦ ਸਨ।

## ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਨਾੜ ਨੂੰ ਅੱਗ ਲਗਾਉਣ 'ਤੇ ਪਾਬੰਦੀ ਦੇ ਹੁਕਮ ਜਾਰੀ



ਗੁਰਦਾਸਪੁਰ (ਜਨਕ ਮਹਾਜਨ)-ਗੁਰਸਿਮਰਨ ਸਿੰਘ ਢਿੱਲੋਂ ਵਧੀਕ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਵਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਗੁਰਦਾਸਪੁਰ ਅੰਦਰ ਕਣਕ ਦੀ ਰਹਿੰਦ-ਖੂੰਹਦ (ਨਾੜ) ਨੂੰ ਅੱਗ ਲਗਾਉਣ/ਸਾੜਨ 'ਤੇ ਪੂਰਨ ਤੌਰ ਉਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਇਹ ਆਮ ਵੇਖਣ ਵਿਚ ਆਇਆ ਹੈ ਕਿ ਕਣਕ ਦੇ ਸੀਜ਼ਨ ਦੌਰਾਨ ਕਣਕ ਦੀ ਕਟਾਈ ਉਪਰੰਤ ਕਈ ਕਿਸਾਨਾਂ ਵਲੋਂ ਫ਼ਸਲ ਦੀ ਰਹਿੰਦ-ਖੂੰਹਦ (ਨਾੜ) ਨੂੰ ਅੱਗ ਲਗਾ ਦਿੱਤੀ ਜਾਂਦੀ ਹੈ, ਜਿਸ ਕਰਕੇ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ ਤੇ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਘਟਦੀ ਹੈ। ਜ਼ਮੀਨ ਦੀ ਉੱਪਰਲੀ ਸਤਾ ਅੱਗ ਨਾਲ ਜਲਣ ਕਾਰਨ ਇਸ ਵਿੱਚ ਮੌਜੂਦ ਕਈ ਲਾਭਦਾਇਕ ਜੀਵਾਣੂ ਮਰ ਜਾਂਦੇ ਹਨ ਤੇ ਆਲੇ-ਦੁਆਲੇ ਖੜੀ ਫਸਲ ਦੇ ਨਾਲ-ਨਾਲ ਪਿੰਡਾਂ ਵਿੱਚ ਵੀ ਅੱਗ ਲੱਗਣ ਦਾ ਡਰ ਰਹਿੰਦਾ ਹੈ। ਅੱਗ ਨਾਲ ਪੈਦਾ ਹੋਏ ਧੂੰਏ ਕਾਰਨ ਵੱਡੇ ਸੜਕੀ ਹਾਦਸੇ ਵਾਪਰਨ ਕਾਰਨ ਕਈ ਕੀਮਤੀ ਜਾਨਾਂ ਚਲੀਆਂ ਜਾਂਦੀਆ ਹਨ ਅਤੇ ਪਿੰਡਾਂ ਵਿੱਚ ਵੀ ਲੜਾਈ ਝਗੜਾ ਹੋਣ ਦਾ ਡਰ ਰਹਿੰਦਾ ਹੈ। ਇਹ ਹੁਕਮ 1 ਅਪ੍ਰੈਲ ਤੋਂ 10 ਜੂਨ ਤੱਕ ਲਾਗੂ ਰਹੇਗਾ।

## ਦੁਰਗਿਆਣਾ ਤੀਰਥ ਮੰਦਰ 'ਚ ਹਨੂੰਮਾਨ ਜਯੰਤੀ ਧੂਮਧਾਮ ਨਾਲ ਮਨਾਈ

ਅੰਮ੍ਰਿਤਸਰ (ਵਿਜੇ ਸ਼ਰਮਾ)-ਵਿਸ਼ਵ ਪ੍ਰਸਿੱਧ ਦੁਰਗਿਆਣਾ ਤੀਰਥ ਮੰਦਰ ਵਿੱਚ ਹਨੂਮਾਨ ਜਯੰਤੀ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਈ ਗਈ। ਸਵੇਰੇ ਤੋਂ ਹੀ ਮੰਦਰ ਵਿੱਚ ਭਗਤਾਂ ਦੀ ਭਾਰੀ ਭੀੜ ਵੇਖਣ ਨੂੰ ਮਿਲੀ ਅਤੇ ਪੂਰਾ ਪ੍ਰਾਂਗਣ ਭਗਤੀਮਈ ਮਾਹੌਲ ਨਾਲ ਗੂੰਜਦਾ ਰਿਹਾ। ਸ਼ਰਧਾਲੂਆਂ ਵੱਲੋਂ ਹਨੂਮਾਨ ਜੀ ਦੇ ਦਰਸ਼ਨ ਕਰਕੇ ਮੱਥਾ ਟੇਕਿਆ ਗਿਆ ਅਤੇ ਆਪਣੇ ਪਰਵਾਰ ਦੀ ਸੁੱਖ-ਸਮ੍ਰਿੱਧੀ ਲਈ ਅਰਦਾਸਾਂ ਕੀਤੀਆਂ ਗਈਆਂ।ਇਸ ਮੌਕੇ ਪੰਜਾਬ ਦੇ ਹੀ ਨਹੀਂ, ਸਗੋਂ ਦੂਰ-ਦੁਰਾਡੇ ਇਲਾਕਿਆਂ ਤੋਂ ਵੀ ਭਗਤ ਮੰਦਰ ਵਿੱਚ ਪਹੁੰਚੇ। ਮੰਦਰ ਵਿੱਚ ਵਿਸ਼ੇਸ਼ ਸਜਾਵਟ ਕੀਤੀ ਗਈ ਸੀ । ਹਰ ਪਾਸੇ ਜੈ ਸ਼੍ਰੀ ਰਾਮ ਅਤੇ ਜੈ ਹਨੂਮਾਨ ਦੇ ਨਾਅਰੇ ਗੂੰਜ ਰਹੇ ਸਨ। ਕੁੱਲ ਮਿਲਾ ਕੇ ਹਨੂਮਾਨ ਜਯੰਤੀ ਦੇ ਮੌਕੇ ਦੁਰਗਿਆਣਾ ਮੰਦਰ ਵਿੱਚ ਭਗਤੀ ਅਤੇ ਸ਼ਰਧਾ ਦਾ ਵਿਲੱਖਣ ਦ੍ਰਿਸ਼ ਦੇਖਣ ਨੂੰ ਮਿਲਿਆ।

## 3 ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਥਾਣਾ ਕਲਾਨੌਰ ਦੇ ਏ.ਐਸ.ਆਈ. ਨਰੇਸ਼ ਕੁਮਾਰ ਨੇ ਸਮੇਤ ਪੁਲਸ ਪਾਰਟੀ ਟੀ.ਪੁਆਇੰਟ ਅੱਡਾ ਮੀਆਂ ਕੋਟ ਸਾਹਿਬ ਤੋਂ ਰੋਬਿਨ ਉਰਫ ਬਿੰਦੂ ਪੁੱਤਰ ਸੁਰਿੰਦਰ ਕੁਮਾਰ ਵਾਸੀ ਬਾਲਮੀਕ ਮੁਹੱਲਾ ਕਲਾਨੌਰ ਨੂੰ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿੱਚੋਂ 6 ਗ੍ਰਾਮ 60 ਮਿਲੀਗ੍ਰਾਮ ਹੈਰੋਇਨ ਬਰਾਮਦ ਹੋਈ । ਥਾਣਾ ਧਾਰੀਵਾਲ ਦੇ ਐਸ.ਆਈ. ਯੂਸਫ ਮਸੀਹ ਨੇ ਸਮੇਤ ਪੁਲਸ ਪਾਰਟੀ ਬਾਈਪਾਸ ਪੁਲ ਹੇਠਾਂ ਤੋਂ ਰਣਜੀਤ ਸਿੰਘ ਪੁੱਤਰ ਵੀਰ ਸਿੰਘ ਧਾਰੀਵਾਲ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬ੍ਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿੱਚੋਂ 10 ਗ੍ਰਾਮ ਹੈਰੋਇਨ ਬ੍ਰਾਮਦ ਹੋਈ । ਥਾਣਾ ਕਾਹਨੂੰਵਾਨ ਦੇ ਏ.ਐਸ.ਆਈ. ਬਲਵਿੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਤੁਗਲਵਾਲ ਮੋੜ ਤੋਂ ਦਰਸ਼ਨ ਕੌਰ ਪਤਨੀ ਰਤਨ ਲਾਲ ਵਾਸੀ ਤੁਗਲਵਾਲ ਨੂੰ 7 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਪੁਲਸ ਨੇ ਤਿੰਨਾਂ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## 10 ਦੇ ਧਰਨੇ 'ਚ ਕਰਮਚਾਰੀ ਦਲ ਵੱਡੀ ਗਿਣਤੀ 'ਚ ਸ਼ਮੂਲੀਅਤ ਕਰੇਗਾ : ਸਹਾਏਪੁਰ

ਧਾਰੀਵਾਲ (ਮਨਦੀਪ ਵਿੱਕੀ)- ਬਿਜਲੀ ਮੁਲਾਜ਼ਮਾਂ ਦੇ ਜਾਇੰਟ ਫੋਰਮ ਤੇ ਏਕਤਾ ਮੰਚ ਵੱਲੋਂ ਪਾਵਰਕਾਮ ਮੈਨੇਜਮੈਂਟ ਦੇ ਮੁੱਖ ਦਫਤਰ ਪਟਿਆਲਾ ਵਿਖੇ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲੈ ਕੇ 10 ਅਪ੍ਰੈਲ ਨੂੰ ਦਿੱਤੇ ਜਾ ਰਹੇ ਧਰਨੇ ਪੰਜਾਬ ਰਾਜ ਬਿਜਲੀ ਬੋਰਡ ਕਰਮਚਾਰੀ ਦਲ ਵੱਡੀ ਗਿਣਤੀ ਵਿੱਚ ਸਮੂਲੀਅਤ ਕਰੇਗਾ। ਕਰਮਚਾਰੀ ਦਲ ਦੇ ਸੂਬਾ ਪ੍ਰਧਾਨ ਰਵੇਲ ਸਿੰਘ ਸਹਾਏਪੁਰ ਨੇ ਦੱਸਿਆ ਕਿ ਇਸ ਧਰਨੇ ਨੂੰ ਸਫਲ ਬਣਾਉਣ ਲਈ ਵੱਖ ਵੱਖ ਸਬ ਡਿਵੀਜ਼ਨਾਂ ਅਤੇ ਡਿਵੀਜ਼ਨ ਪੱਧਰ ਤੇ ਮੀਟਿੰਗਾਂ ਕਰਕੇ ਬਿਜਲੀ ਮੁਲਾਜ਼ਮਾਂ ਨੂੰ ਲਾਮਬੰਦ ਕਰਨ ਲਈ ਜਥੇਬੰਦੀ ਦੇ ਆਗੂਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਉਹਨਾਂ ਦੱਸਿਆ ਕਿ ਮੁਲਾਜ਼ਮਾਂ ਦੀਆਂ ਮੰਗਾਂ ਜਿਵੇਂ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਵੱਲੋਂ ਰੁਕਿਆ ਬਿਜਲੀ ਮੁਲਾਜ਼ਮਾਂ ਦਾ 16% ਡੀਏ ਬਹਾਲ ਕਰਵਾਉਣ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਡਿਵੈਲਪਮੈਂਟ ਦੇ ਨਾਮ 'ਤੇ ਕੱਟਿਆ ਜਾ ਰਿਹਾ 200 ਰੁਪਏ ਡਿਵੈਲਪਮੈਂਟ ਫੰਡ ਬੰਦ ਕਰਵਾਉਣ, ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਤੇ ਦੇਸ਼ ਵਿਰੋਧੀ, ਪਬਲਿਕ ਸੈਕਟਰ ਵਿਰੋਧੀ ਨੀਤੀਆਂ ਅਤੇ ਚਾਰ ਲੇਬਰ ਕੋਡਾਂ ਦੇ ਵਿਰੋਧ ਵਿੱਚ ਡਟ ਕੇ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਕਰਮਚਾਰੀ ਦਲ ਦੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਗਿੱਲ, ਦਿਲਬਾਗ ਸਿੰਘ ਬੁੱਟਰ, ਜੋਗਿੰਦਰ ਸਿੰਘ ਨਾਨੋਵਾਲੀਆ, ਬਾਰਡਰ ਜ਼ੋਨ ਪ੍ਰਧਾਨ ਜਸਵਿੰਦਰ ਸਿੰਘ ਗਿੱਲ, ਦਰਬਾਰਾ ਸਿੰਘ ਛੀਨਾ, ਤਰਲੋਕ ਸਿੰਘ ਖੁੰਡੀ, ਅਨਮੋਲਕ ਸਿੰਘ ਗਿੱਲ, ਅਰਜਨ ਸਿੰਘ ਪਰਮਾਰ, ਰਾਜਵਿੰਦਰ ਸਿੰਘ ਟਰਪੱਲਾ, ਮਨਜੀਤ ਸਿੰਘ ਬਟਾਲਾ, ਗੁਰਦਿਆਲ ਸਿੰਘ ਘਣੀਆ, ਠਾਕੁਰ ਕਮਲ ਸਿੰਘ, ਵਰਿੰਦਰ ਸਿੰਘ ਪਠਾਨਕੋਟ, ਅਸ਼ੋਕ ਕੁਮਾਰ, ਗੁਰਜੀਤ ਸਿੰਘ ਘੁੰਮਣ ਆਦਿ ਆਗੂ ਹਾਜ਼ਰ ਸਨ।



## ਸ਼ੈਰੀ ਕਲਸੀ ਵੱਲੋਂ ਬੋਦੇ ਦੀ ਖੂਹੀ ਨੂੰ 25 ਲੱਖ ਰੁਪਏ ਦੀ ਸਪੈਸ਼ਲ ਗਰਾਂਟ

ਬਟਾਲਾ (ਡਾਕਟਰ ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਆਪਣੇ ਵਾਅਦੇ ਨੂੰ ਪੁਗਾਉਂਦਿਆਂ ਬਲਾਕ ਸੰਮਤੀ ਚੋਣਾਂ ਵਿੱਚ ਸਭ ਤੋਂ ਵੱਧ ਲੀਡ ਹਾਸਲ ਕਰਨ ਵਾਲੇ ਪਿੰਡ, ਬੋਦੇ ਦੀ ਖੂਹੀ ਨੂੰ 25 ਲੱਖ ਰੁਪਏ ਦੀ ਸਪੈਸ਼ਲ ਗਰਾਂਟ ਦਿੱਤੀ ਹੈ, ਜਿਸ ਨਾਲ ਪਿੰਡ ਵਿੱਚ ਸਟਰੀਟ ਲਾਈਟਾਂ ਲਗਾਈਆਂ ਜਾਣਗੀਆਂ ਅਤੇ ਸੜਕਾਂ ਚੌੜੀਆਂ ਕੀਤੀਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਬਲਾਕ ਸੰਮਤੀ ਚੋਣਾਂ ਦੌਰਾਨ ਵਾਅਦਾ ਕੀਤਾ ਗਿਆ ਸੀ ਕਿ ਜੋ ਪਿੰਡ ਵੱਡੀ ਲੀਡ ਨਾਲ ਜਿੱਤ ਹਾਸਲ ਕਰੇਗਾ, ਉਸ ਪਿੰਡ ਨੂੰ ਵਿਕਾਸ ਕਾਰਜਾਂ ਲਈ 25 ਲੱਖ ਰੁਪਏ ਦੀ ਸਪੈਸ਼ਲ ਗਰਾਂਟ ਦਿੱਤੀ ਜਾਵੇਗੀ, ਜਿਸ ਦੇ ਚੱਲਦਿਆਂ ਪਿੰਡ ਬੋਦੇ ਦੀ ਖੂਹੀ ਨੇ ਇਹ ਗਰਾਂਟ ਹਾਸਲ ਕੀਤੀ ਹੈ।ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ 5-5 ਲੱਖ ਰੁਪਏ ਦੇ ਚੈੱਕ ਦਿੱਤੇ ਜਾ ਚੁੱਕੇ ਹਨ, ਜਿਸ ਨਾਲ ਪਿੰਡ ਦੇ ਬੁਨਿਆਦੀ ਢਾਂਚੇ, ਸਫਾਈ, ਪੀਣ ਵਾਲੇ ਪਾਣੀ, ਗਲੀਆਂ- ਨਾਲੀਆਂ ਦੀ ਉਸਾਰੀ, ਭਾਈਚਾਰਕ ਸਹੂਲਤਾਂ ਅਤੇ ਹੋਰ ਜਨਤਕ ਭਲਾਈ ਕਾਰਜਾਂ ਵਿੱਚ ਸੁਧਾਰ ਕਰਨ 'ਤੇ ਖਰਚ ਕੀਤੇ ਜਾਣਗੇ।ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦੇ ਹੋਏ ਸਾਬਕਾ ਸਰਪੰਚ ਨੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਕਥਨੀ ਤੇ ਕਹਿਣੀ ਦੇ ਪੱਕੇ ਹਨ ਅਤੇ ਉਹ ਜੋ ਵੀ ਵਾਅਦਾ ਕਰਦੇ ਹਨ ਉਸ ਨੂੰ ਜ਼ਰੂਰ ਪੂਰਾ ਕਰਦੇ ਹਨ। ਉਨ੍ਹਾਂ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਵਲੋਂ ਹਲਕੇ ਬਟਾਲਾ ਅੰਦਰ ਪਾਰਦਰਸ਼ੀ ਢੰਗ ਨਾਲ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਉਹ ਦਿਨ ਰਾਤ ਲੋਕਾਂ ਦੀ ਸੇਵਾ ਵਿੱਚ ਰਹਿੰਦੇ ਹਨ, ਜਿਸ 'ਤੇ ਸਾਨੂੰ ਮਾਣ ਹੈ।



## ਪਾਵਰਕਾਮ ਦੇ ਸਰਬਜੀਤ ਸਿੰਘ ਨੇ ਬਤੌਰ ਜੇ ਈ ਚਾਰਜ ਸੰਭਾਲਿਆ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸਬ ਡਵੀਜ਼ਨ ਪਾਵਰਕਾਮ ਨਾਰਥ ਜ਼ੋਨ ਬਟਾਲਾ ਵਿਖੇ ਤਾਇਨਾਤ ਲਾਈਨਮੈਨ ਸਰਬਜੀਤ ਸਿੰਘ ਨੇ ਤਰੱਕੀ ਮਿਲਣ ਉਪਰੰਤ ਅੱਜ ਐਸ ਡੀ ਓ ਜਗਦੀਪ ਸਿੰਘ ਡੇਰਾ ਬਾਬਾ ਨਾਨਕ ਅਤੇ ਵਧੀਕ ਐਸ ਡੀ ਓ ਬਲਵਿੰਦਰ ਸਿੰਘ ਡੇਰਾ ਬਾਬਾ ਨਾਨਕ ਵੱਲੋਂ ਸਮੂਹ ਸਟਾਫ ਦੀ ਹਾਜ਼ਰੀ ਵਿੱਚ ਸਬ ਡਵੀਜ਼ਨ ਪਾਵਰਕਾਮ ਦਫ਼ਤਰ ਡੇਰਾ ਬਾਬਾ ਨਾਨਕ ਵਿਖੇ ਬਤੌਰ ਜੇ ਈ ਜੁਆਇਨ ਕਰਵਾਇਆ ਗਿਆ ।ਇਸ ਮੌਕੇ ਉਨ੍ਹਾਂ ਨਾਲ ਸਾਬਕਾ ਐਸ ਡੀ ਓ ਪਾਵਰਕਾਮ ਤਰਲੋਕ ਸਿੰਘ ਬਟਾਲਾ, ਅਵਤਾਰ ਸਿੰਘ ਐਸ ਡੀ ਓ ਨਾਰਥ ਜੋਨ ਬਟਾਲਾ,ਬਲਦੇਵ ਰਾਜ ਜੇ ਈ ਚੰਦਰ ਮੋਹਨ ਮਹਾਜਨ ਜੇ ਈ, ਰਾਜਿੰਦਰ ਸਿੰਘ ਜੇ ਈ ਡੇਰਾ ਬਾਬਾ ਨਾਨਕ, ਪਰਮਜੀਤ ਸਿੰਘ ਜੇ ਈ ਬਟਾਲਾ, ਦਿਲਬਾਗ ਸਿੰਘ ਸਰਕਲ ਪ੍ਰਧਾਨ ਗੁਰਦਾਸਪੁਰ, ਸੁਰਜੀਤ ਸਿੰਘ ਜੇ ਈ ਬਟਾਲਾ, ਸੁਰਜੀਤ ਸਿੰਘ ਜੇ ਈ ਬਟਾਲਾ, ਹਰਦੇਵ ਸਿੰਘ ਜੇ ਈ ਬਟਾਲਾ, ਜਰਨੈਲ ਸਿੰਘ ਸੀ ਸੀ ਡੇਰਾ ਬਾਬਾ ਨਾਨਕ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਡੇਰਾ ਬਾਬਾ ਨਾਨਕ ਦੇ ਪਾਵਰ ਕਾਮ ਦਫ਼ਤਰ ਵਿਖੇ ਪਹੁੰਚਣ ਤੇ ਜੇ ਈ ਸਰਬਜੀਤ ਸਿੰਘ ਦਾ ਨਿੱਘਾ ਸੁਆਗਤ ਕਰਦਿਆਂ ਐਸ ਡੀ ਓ ਜਗਦੀਪ ਸਿੰਘ ਤੇ ਸਮੂਹ ਸਟਾਫ ਵੱਲੋਂ ਸਰਬਜੀਤ ਸਿੰਘ ਨੂੰ ਵਧਾਈ ਦਿੱਤੀ ਗਈ । ਇਸ ਮੌਕੇ ਸਰਬਜੀਤ ਸਿੰਘ ਨੇ ਤਰੱਕੀ ਮਿਲਣ 'ਤੇ ਕਿਹਾ ਕਿ ਉਹ ਬਿਜਲੀ ਬੋਰਡ ਨਾਲ ਸਬੰਧਤ ਜੁੜੇ ਲੋਕਾਂ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਗੇ । ਉਨ੍ਹਾਂ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਤਰ੍ਹਾਂ ਇਮਾਨਦਾਰੀ ਅਤੇ ਲਗਨ ਨਾਲ ਨਿਭਾਉਣਗੇ। ਇਸ ਮੌਕੇ ਉਨ੍ਹਾਂ ਨੇ ਸਮੂਹ ਸਟਾਫ਼ ਨੂੰ ਵਿਸ਼ੇਸ਼ ਸਹਿਯੋਗ ਦੇਣ ਲਈ ਵੀ ਅਪੀਲ ਕੀਤੀ ਅਤੇ ਕਿਹਾ ਕਿ ਉਹ ਆਪਣੇ ਕੰਮ ਨੂੰ ਪੂਰਾ ਕਰਨ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ।

## ਸਿਹਤ ਬੀਮਾ ਯੋਜਨਾ ਦੇ ਕਾਰਡ ਬਣਵਾਉਣ ਲਈ ਲੋਕਾਂ ਨੂੰ ਕੀਤੀ ਅਪੀਲ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹਿਜ਼ਾਦਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕੀ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਪਿੰਡ ਸ਼ਹਿਜ਼ਾਦਾ ਵਿਖੇ ਮੀਟਿੰਗ ਕੀਤੀ ਗਈ ਅਤੇ ਪ੍ਰਤੀ ਵਿਅਕਤੀ ਦੀ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਵਾਉਣ ਲਈ ਲੋਕਾਂ ਨੂੰ ਅਪੀਲ ਕੀਤੀ। ਉਹਨਾਂ ਕਿਹਾ ਕਿ ਇਸ ਕਾਰਡ ਦਾ ਲੋਕ ਲਾਭ ਉਠਾਉਣ ਲੱਗ ਪਏ ਹਨ। ਉਹਨਾਂ ਦੱਸਿਆ ਕਿ ਇਸ ਯੋਜਨਾ ਦਾ ਮਕਸਦ ਆਮ ਪਰਵਾਰ ਨੂੰ ਮਹਿੰਗੇ ਇਲਾਜ ਤੋਂ ਆਰਥਿਕ ਸੁਰੱਖਿਆ ਦੇਣਾ ਹੈ ਤਾਂ ਜੋ ਹਰ ਆਮ ਪਰਵਾਰ ਬਿਨਾਂ ਕਿਸੇ ਚਿੰਤਾ ਤੋਂ ਆਪਣਾ ਇਲਾਜ ਕਰਵਾ ਸਕੇ। ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹਿਜ਼ਾਦਾ ਦੇ ਸਾਥੀ ਯੂਥ ਪ੍ਰਧਾਨ ਗੁਰਪ੍ਰੀਤ ਸਿੰਘ ਫੌਜੀ ਨੇ ਦੱਸਿਆ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਹਰ ਵਰਗ ਦਾ ਵਿਕਾਸ ਕੀਤਾ ਹੈ ਅਤੇ ਪੰਜਾਬ ਨੂੰ ਆਰਥਿਕ ਤੌਰ ਤੇ ਮਜ਼ਬੂਤ ਕੀਤਾ ਹੈ।

# ਖੇਮਕਰਨ ਦੀ ਗੈਸ ਏਜੰਸੀ 'ਤੇ ਲੱਗੇ ਕਾਲਾਬਾਜ਼ਾਰੀ ਦੇ ਇਲਜ਼ਾਮ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਸਰਹੱਦੀ ਕਸਬਾ ਖੇਮਕਰਨ ਦੀ ਗੈਸ ਏਜੰਸੀ 'ਤੇ ਖ਼ਪਤਕਾਰਾਂ ਨੇ ਕਾਲਾਬਾਜ਼ਾਰੀ ਕਰਨ ਦੇ ਦੋਸ਼ ਲਗਾਏ ਹਨ। ਕਥਿਤ ਤੌਰ 'ਤੇ ਵਾਧੂ ਸਟਾਕ ਹੋਣ ਦੇ ਬਾਵਜੂਦ ਏਜੰਸੀ ਖਪਤਕਾਰਾਂ ਨੂੰ ਸਿਲੰਡਰ ਸਪਲਾਈ ਨਹੀਂ ਕਰ ਰਹੀ। ਜਾਣਕਾਰੀ ਅਨੁਸਾਰ ਏਜੰਸੀ ਖੇਮਕਰਨ ਤੋਂ ਇਲਾਵਾ ਆਸ-ਪਾਸ ਦੇ ਬਹੁ-ਗਿਣਤੀ ਪਿੰਡਾਂ ਨੂੰ ਗੈਸ ਸਿਲੰਡਰ ਮੁਹੱਈਆ ਕਰਵਾਉਂਦੀ ਹੈ। ਪ੍ਰੰਤੂ ਹੁਣ ਏਜੰਸੀ ਨੇ ਇਨ੍ਹਾਂ ਪਿੰਡਾਂ ਨੂੰ ਡੋਰ-ਟੂ-ਡੋਰ ਸਪਲਾਈ ਬੰਦ ਕਰ ਦਿੱਤੀ ਹੈ, ਜਿਸ ਕਾਰਨ ਲੋਕ ਏਜੰਸੀ ਬਾਹਰ ਲੰਮੀਆਂ ਕਤਾਰਾਂ ਵਿੱਚ ਖੜ੍ਹੇ ਨਜ਼ਰ ਆ ਰਹੇ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਿੰਡ ਮਾੜੀ ਨੌਂਅਬਾਦ ਤੋਂ ਅਮਰੀਕ ਸਿੰਘ ਅਤੇ ਬਹਿੜਵਾਲ ਤੋਂ ਸਰਬਜੀਤ ਸਿੰਘ ਸਮੇਤ ਹੋਰ ਖਪਤਕਾਰਾਂ ਨੇ ਏਜੰਸੀ 'ਤੇ ਕਾਲਾਬਾਜ਼ਾਰੀ ਕਰਨ ਦੇ ਇਲਜ਼ਾਮ ਲਗਾਏ ਹਨ। ਉਨ੍ਹਾਂ ਕਿਹਾ ਕਿ ਏਜੰਸੀ ਦਾ ਮਾਲਕ ਘਰੇਲੂ ਗੈਸ ਸਿਲੰਡਰ 2200 ਤੇ ਕਮਰਸ਼ੀਅਲ ਸਿਲੰਡਰ 4000 ਰੁਪਏ ਦਾ ਵੇਚ ਕੇ ਸਰਕਾਰ ਦੇ ਹੁਕਮਾਂ ਦੀਆਂ ਸ਼ਰੇਆਮ ਧੱਜੀਆਂ ਉਡਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਿਛਲੇ 20-25 ਦਿਨਾਂ ਤੋਂ ਏਜੰਸੀ ਦੀਆਂ ਡਿਲੀਵਰੀ ਵਾਲੀਆਂ ਗੱਡੀਆਂ ਪਿੰਡਾਂ ਵਿੱਚ ਨਾ ਪਹੁੰਚਣ ਕਾਰਨ ਲੋਕ ਏਜੰਸੀ ਬਾਹਰ ਲੰਮੀਆਂ ਕਤਾਰਾਂ ਵਿੱਚ ਖੜ੍ਹੇ ਖੱਜਲ-ਖੁਆਰ ਹੋ ਰਹੇ ਹਨ। ਉਕਤ ਵਿਅਕਤੀਆਂ ਦਾ ਕਹਿਣਾ ਸੀ ਕਿ ਏਜੰਸੀ ਹੁਣ ਸਿਰਫ਼ ਸਿਫਾਰਸ਼ੀ ਲੋਕਾਂ ਨੂੰ ਹੀ ਸਿਲੰਡਰ ਦੇ ਰਹੀ ਹੈ।ਖਪਤਕਾਰਾਂ ਨੇ ਏਜੰਸੀ ਦੇ ਕੁਝ ਕੁ ਕਰਮਚਾਰੀਆਂ 'ਤੇ ਦੁਰਵਿਵਹਾਰ ਕਰਨ ਦੇ ਇਲਜ਼ਾਮ ਵੀ ਲਗਾਏ ਹਨ। ਇਸ ਮੌਕੇ ਸਮੂਹ ਖਪਤਕਾਰਾਂ ਨੇ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਅਤੇ ਡੀ ਐੱਫ ਐੱਸ ਓ ਪਾਸੋਂ ਮਾਮਲੇ ਦੀ ਬਾਰੀਕੀ ਨਾਲ ਜਾਂਚ ਕਰਵਾ ਕੇ ਗੜਬੜੀ ਤੇ ਮਨਮਾਨੀ ਕਰਨ ਵਾਲਿਆਂ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕਰਨ ਦੀ ਅਪੀਲ ਕੀਤੀ ਹੈ। ਇਸ ਸੰਬੰਧੀ ਜਦੋਂ ਏ ਐੱਫ ਐੱਸ ਓ ਅਰਸ਼ਦੀਪ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਕਾਲਾਬਾਜ਼ਾਰੀ ਜਾਂ ਹੋਰ ਕਿਸੇ ਕਿਸਮ ਦੀ ਗੜਬੜੀ ਦੀ ਸ਼ਿਕਾਇਤ ਮਿਲਣ 'ਤੇ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾਵੇਗੀ। ਉਨ੍ਹਾਂ ਦਾ ਕਹਿਣਾ ਸੀ ਕਿ ਏਜੰਸੀ ਨੂੰ ਮਿਲ ਰਹੇ ਸਿਲੰਡਰਾਂ ਦੀ ਸਪਲਾਈ ਅਤੇ ਖਪਤ ਸੰਬੰਧੀ ਰਿਕਾਰਡ ਦੀ ਜਾਂਚ ਵੀ ਕੀਤੀ ਜਾਵੇਗੀ।

ਉਧਰ ਗੈਸ ਦੀ ਕਾਲਾਬਾਜ਼ਾਰੀ ਦੇ ਇਲਜ਼ਾਮਾਂ 'ਤੇ ਏਜੰਸੀ ਦੇ ਮਾਲਕ ਸੰਜੀਵ ਕੁਮਾਰ ਦਾ ਕਹਿਣਾ ਸੀ ਕਿ ਉਹ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਕਾਲਾਬਾਜ਼ਾਰੀ ਨਹੀਂ ਕਰ ਰਹੇ। ਉਨ੍ਹਾਂ ਕਿਹਾ ਕਿ ਏਜੰਸੀ ਵੱਲੋਂ ਸਾਰੀ ਸਪਲਾਈ ਸਰਕਾਰ ਵੱਲੋਂ ਜਾਰੀ ਨਿਯਮਾਂ ਅਨੁਸਾਰ ਹੀ ਕੀਤੀ ਜਾ ਰਹੀ ਹੈ। ਏਜੰਸੀ ਖਪਤਕਾਰਾਂ ਨੂੰ ਪਹਿਲਾਂ ਵਾਂਗ ਬੁਕਿੰਗ ਦੇ ਆਧਾਰ 'ਤੇ ਹੀ ਗੈਸ ਸਿਲੰਡਰ ਮੁਹੱਈਆ ਕਰਵਾ ਰਹੀ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਗੈਰ ਕਾਨੂੰਨੀ ਗਤੀਵਿਧੀ ਜਾਂ ਤਰਜੀਹ ਦੇ ਆਧਾਰ 'ਤੇ ਗੈਸ ਦੀ ਵੰਡ ਨਹੀਂ ਕੀਤੀ ਜਾ ਰਹੀ। ਸੰਜੀਵ ਕੁਮਾਰ ਨੇ ਇਹ ਵੀ ਸਪੱਸ਼ਟ ਕੀਤਾ ਕਿ ਕਮਰਸ਼ੀਅਲ ਸਿਲੰਡਰਾਂ ਦੀ ਸਪਲਾਈ ਵੀ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਹੀ ਕੀਤੀ ਜਾ ਰਹੀ ਹੈ।

# 1 ਮਈ ਨੂੰ ਮਜ਼ਦੂਰ ਦਿਵਸ ਸੀ ਪੀ ਆਈ ਦਫਤਰ ਚਵਿੰਡਾ ਦੇਵੀ ਵਿਖੇ ਮਨਾਇਆ ਜਾਵੇਗਾ : ਦੁਧਾਲਾ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਇੱਕ ਜ਼ਰੂਰੀ ਮੀਟਿੰਗ ਬਲਾਕ ਮਜੀਠਾ ਦੇ ਸਾਥੀਆਂ ਦੀ ਕੱਥੂਨੰਗਲ ਵਿਖੇ ਹਰਜਿੰਦਰ ਸਿੰਘ ਕੱਥੂਨੰਗਲ ਦੀ ਪ੍ਰਧਾਨਗੀ ਹੇਠ ਕੀਤੀ ਗਈ। ਜਿਸ ਨੂੰ ਸੀ ਪੀ ਆਈ ਸੈਕਟਰੀ ਮਜੀਠਾ ਬਲਕਾਰ ਸਿੰਘ ਦੁਧਾਲਾ ਨੇ ਸੰਬੋਧਨ ਕੀਤਾ। ਇਸ ਮੌਕੇ ਕਾਮਰੇਡ ਦੁਧਾਲਾ ਨੇ ਦੱਸਿਆ ਕਿ ਪਹਿਲੀ ਮਈ ਨੂੰ ਮਜ਼ਦੂਰ ਦਿਨ ਸੀ ਪੀ ਆਈ ਦਫਤਰ ਚਵਿੰਡਾ ਦੇਵੀ ਵਿਖੇ ਮਨਾਇਆ ਜਾਵੇਗਾ। ਇਸ ਮੌਕੇ ਕਾਮਰੇਡ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਮਜ਼ਦੂਰ ਮਾਰੂ ਬਿੱਲ ਲਿਆ ਕੇ ਦੇਸ਼ ਦੇ ਸਨਅਤੀ ਮਜ਼ਦੂਰਾਂ ਨਾਲ ਬਹੁਤ ਜ਼ਿਆਦਾ ਧੋਖਾ ਕੀਤਾ ਹੈ। ਹੋਰ ਵੀ ਮਜ਼ਦੂਰਾਂ ਦੀ ਬਾਰਾਂ ਘੰਟੇ ਕੰਮ ਦਿਹਾੜੀ ਸਮਾਂ ਕਰਕੇ ਕਾਮਿਆਂ ਦੀ ਜ਼ਿੰਦਗੀ ਹੋਰ ਔਖੀ ਕਰ ਦਿੱਤੀ ਹੈ। ਇਸ ਨਾਲ ਬੇਰੁਜ਼ਗਾਰੀ ਵਿੱਚ ਹੋਰ ਵੀ ਵਾਧਾ ਹੋਵੇਗਾ। ਕਾਮਰੇਡ ਬਲਕਾਰ ਦੁਧਾਲਾ ਨੇ ਕਿਹਾ ਕਿ ਸਰਮਾਏਦਾਰ ਸਰਕਾਰਾਂ ਵਿੱਚ ਕਾਮਿਆਂ ਦੀ ਜ਼ਿੰਦਗੀ ਵਿੱਚ ਸੁਧਾਰ ਨਹੀਂ ਹੋ ਸਕਦਾ। ਪੰਜਾਬ ਸਰਕਾਰ ਦੇ ਗੁਰਗੇ ਮਜ਼ਦੂਰ ਲੋਕਾਂ ਦੇ ਘਰ ਫੂਕ ਰਹੇ ਹਨ ਜੋ ਕਿ ਬਹੁਤ ਨਿੰਦਣਯੋਗ ਹੈ।

ਇਸ ਮੀਟਿੰਗ ਵਿੱਚ ਜਤਿੰਦਰ ਸਿੰਘ ਚਵਿੰਡਾ ਦੇਵੀ, ਦਵਿੰਦਰ ਸਿੰਘ ਬੱਠੂਚੱਕ, ਲਵਪ੍ਰੀਤ ਸਿੰਘ ਸੈਹਣੇਵਾਲੀ, ਰਛਪਾਲ ਸਿੰਘ ਤਲਵੰਡੀ ਦਸੌਂਧਾ ਸਿੰਘ ਤੇ ਹੋਰ ਸਾਥੀਆਂ ਨੇ ਵੀ ਹਿੱਸਾ ਲਿਆ। ਸਾਥੀ ਹਰਜਿੰਦਰ ਸਿੰਘ ਕੱਥੂਨੰਗਲ ਨੇ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ।

# ਆਰ ਡੀ ਖੋਸਲਾ ਸਕੂਲ ਦੇ ਨਵੇਂ ਅਕਾਦਮਿਕ ਸੈਸ਼ਨ ਦੀ ਹਵਨ ਨਾਲ ਸ਼ੁਰੂਆਤ



**ਬਟਾਲਾ (ਡਾ. ਮਲਵਿੰਦਰ ਸਿੰਘ)**-ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿਖੇ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸਕੂਲ ਵਿੱਚ ਹਵਨ ਕਰਕੇ ਹੋਈ। ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ, ਪ੍ਰਿੰਸੀਪਲ ਡਾ. ਬਿੰਦੂ ਭੱਲਾ, ਪ੍ਰਬੰਧਕ ਕਮੇਟੀ ਦੇ ਮੈਂਬਰ ਸ਼੍ਰੀ ਕਮਲ ਅਰੋੜਾ, ਵਰਿੰਦਰ ਕਾਂਸਰਾ, ਮੋਨਿਕਾ ਖੋਸਲਾ, ਮਨੀਸ਼ਾ ਖੋਸਲਾ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਹਵਨ ਦੀ ਪਵਿੱਤਰ ਅੱਗ ਵਿੱਚ ਆਹੂਤੀ ਪਾ ਕੇ ਸਾਰਿਆਂ ਦੀ ਤੰਦਰੁਸਤੀ ਲਈ ਪ੍ਰਾਰਥਨਾ ਕੀਤੀ।ਹਵਨ ਰਾਹੀਂ ਸਾਰਿਆਂ ਨੇ ਨਵੇਂ ਸੈਸ਼ਨ ਲਈ ਆਪਣੀਆਂ ਸ਼ੁੱਭਕਾਮਨਾਵਾਂ ਪ੍ਰਗਟ ਕੀਤੀਆਂ ਅਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਪ੍ਰਾਰਥਨਾ ਕੀਤੀ।ਇਸ ਮੌਕੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਸਕੂਲ ਦੀ ਪ੍ਰਬੰਧਕ ਕਮੇਟੀ ਦਾ ਸਵਾਗਤ ਕੀਤਾ ਅਤੇ ਸਾਰਿਆਂ ਨੂੰ ਨਵੇਂ ਅਕਾਦਮਿਕ ਸੈਸ਼ਨ ਲਈ ਸ਼ੁੱਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਸ਼ੁੱਭ ਮੌਕਾ ਸਾਡੇ ਸਾਰਿਆਂ ਲਈ ਨਵੀਂ ਉਮੀਦ ਅਤੇ ਨਵੇਂ ਸੰਕਲਪਾਂ ਦਾ ਪ੍ਰਤੀਕ ਹੈ। ਨਵੇਂ ਸਮੈਸਟਰ ਦੀ ਸ਼ੁਰੂਆਤ ਹਵਨ ਵਰਗੀ ਪਵਿੱਤਰ ਰਸਮ ਨਾਲ ਕਰਨਾ ਇਹ ਦਰਸਾਉਂਦਾ ਹੈ ਕਿ ਅਸੀਂ ਗਿਆਨ, ਸੰਸਕਾਰ ਅਤੇ ਸਫਲਤਾ ਦੇ ਵੱਲ ਅੱਗੇ ਵਧ ਰਹੇ ਹਾਂ । ਸਾਡਾ ਸਕੂਲ ਹਮੇਸ਼ਾ ਤੋਂ ਮਿਆਰੀ ਸਿੱਖਿਆ ਅਤੇ ਨੈਤਿਕ ਕਦਰਾਂ-ਕੀਮਤਾਂ ਲਈ ਜਾਣਿਆ ਜਾਂਦਾ ਹੈ। ਸਾਨੂੰ ਉਮੀਦ ਹੈ ਕਿ ਇਸ ਸਾਲ ਵੀ ਸਾਡੇ ਵਿਦਿਆਰਥੀ ਨਵੀਆਂ ਉਚਾਈਆਂ 'ਤੇ ਪਹੁੰਚਣਗੇ ਅਤੇ ਸਕੂਲ ਨੂੰ ਸ਼ਾਨ ਪ੍ਰਦਾਨ ਕਰਨਗੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਨੁਸ਼ਾਸਨ, ਸਖ਼ਤ ਮਿਹਨਤ ਅਤੇ ਨੈਤਿਕ ਕਦਰਾਂ-ਕੀਮਤਾਂ ਦੀ ਪਾਲਣਾ ਕਰਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਨਵੇਂ ਸਮੈਸਟਰ ਵਿੱਚ ਲਗਨ ਨਾਲ ਪੜ੍ਹਾਈ ਕਰਨ ਅਤੇ ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਨਿਰੰਤਰ ਯਤਨਸ਼ੀਲ ਰਹਿਣ ਦੀ ਅਪੀਲ ਕੀਤੀ।ਸਕੂਲ ਚੇਅਰਮੈਨ ਅਰਵਿੰਦ ਖੋਸਲਾ ਨੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਕਿਹਾ ਕਿ ਸਕੂਲ ਨਾ ਸਿਰਫ਼ ਸਿੱਖਿਆ ਦਾ ਕੇਂਦਰ ਹੈ ਸਗੋਂ ਚਰਿੱਤਰ ਨਿਰਮਾਣ ਦਾ ਵੀ ਕੇਂਦਰ ਹੈ। ਇੱਥੇ ਪੜ੍ਹਾਈ ਦੇ ਨਾਲ-ਨਾਲ, ਅਨੁਸ਼ਾਸਨ, ਨੈਤਿਕਤਾ ਅਤੇ ਜੀਵਨ ਕਦਰ ਕਦਰਾਂ ਕੀਮਤਾਂ ਦੀ ਸਿੱਖਿਆ ਦਿੱਤੀ ਜਾਂਦੀ ਹੈ ਨਵੇਂ ਸੈਸ਼ਨ ਤੇ ਬੱਚਿਆਂ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਉਹ ਪੂਰੀ ਮਿਹਨਤ ਦੇ ਨਾਲ ਆਪਣੇ ਜੀਵਨ ਦੇ ਉਦੇਸ਼ ਨੂੰ ਪ੍ਰਾਪਤ ਕਰਨਗੇ। ਸਕੂਲ ਦੇ ਪ੍ਰੈਜ਼ੀਡੈਂਟ ਅਜੇ ਖੋਸਲਾ ਨੇ ਵਿਦਿਆਰਥੀਆਂ ਨੂੰ ਨਵੇਂ ਵਰ੍ਹੇ ਤੇ ਮਿਹਨਤ ਤੇ ਲਗਨ ਦੇ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ ਤੇ ਉਹਨਾਂ ਨੂੰ ਕਿਹਾ ਕਿ ਉਹ ਆਪਣੇ ਜੀਵਨ ਉਦੇਸ਼ ਨੂੰ ਪ੍ਰਾਪਤ ਕਰਨ ਦੇ ਲਈ ਨਿਰੰਤਰ ਯਤਨਸ਼ੀਲ ਰਹਿਣ ।ਪ੍ਰੋਗਰਾਮ ਦੇ ਅੰਤ ਵਿੱਚ ਸਾਰਿਆਂ ਨੂੰ ਪ੍ਰਸ਼ਾਦ ਵੰਡਿਆ ਗਿਆ ਸਕੂਲ ਪਰਿਵਾਰ ਨੇ ਉਮੀਦ ਪ੍ਰਗਟ ਕੀਤੀ ਕਿ ਇਹ ਨਵਾਂ ਸਾਲ ਵਿਦਿਆਰਥੀਆਂ ਦੇ ਲਈ ਸਫਲਤਾ ਅਤੇ ਤਰੱਕੀ ਦੇ ਨਾਲ ਭਰਿਆ ਹੋਵੇ।

# ਆਨੰਦ ਕਾਲਜ ਆਫ ਨਰਸਿੰਗ ਦੇ ਵਿਦਿਆਰਥੀਆਂ ਆਟਿਜ਼ਮ ਦਿਵਸ ਮਨਾਇਆ



ਮਜੀਠਾ (ਸੋਇਮ ਆਨੰਦ)-ਅੰਮ੍ਰਿਤਸਰ ਦੇ ਡੀ.ਏ.ਵੀ ਰੈੱਡ ਕਰਾਸ ਸਕੂਲ ਵਿੱਚ ਵਿਸ਼ਵ ਆਟਿਜ਼ਮ ਜਾਗਰੂਕਤਾ ਦਿਵਸ ਮੌਕੇ ਆਨੰਦ ਕਾਲਜ ਆਫ਼ ਨਰਸਿੰਗ ਦੇ ਵਿਦਿਆਰਥੀਆਂ ਵੱਲੋਂ ਇੱਕ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ।ਇਸ ਮੌਕੇ ਨਰਸਿੰਗ ਦੇ ਵਿਦਿਆਰਥੀਆਂ ਨੇ ਬੱਚਿਆਂ ਅਤੇ ਅਧਿਆਪਕਾਂ ਨੂੰ ਆਟਿਜ਼ਮ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਆਟਿਜ਼ਮ ਦੇ ਲੱਛਣ, ਕਾਰਨ ਅਤੇ ਇਸ ਨਾਲ ਪੀੜਤ ਬੱਚਿਆਂ ਦੀ ਸੰਭਾਲ ਦੇ ਤਰੀਕਿਆਂ ਬਾਰੇ ਸਮਝਾਇਆ। ਪੋਸਟਰਾਂ ਅਤੇ ਚਾਰਟਾਂ ਰਾਹੀਂ ਵਿਦਿਆਰਥੀਆਂ ਨੇ ਵਿਸ਼ੇ ਨੂੰ ਬਹੁਤ ਹੀ ਆਸਾਨ ਅਤੇ ਸਮਝਣਯੋਗ ਢੰਗ ਨਾਲ ਪੇਸ਼ ਕੀਤਾ।ਇਸ ਦੌਰਾਨ ਵਿਦਿਆਰਥੀਆਂ ਵੱਲੋਂ ਬੱਚਿਆਂ ਲਈ ਵੱਖ-ਵੱਖ ਗਤੀਵਿਧੀਆਂ ਵੀ ਕਰਵਾਈਆਂ ਗਈਆਂ, ਜਿਵੇਂ ਕਿ ਡਾਂਸਿੰਗ ਅਤੇ ਪੇਂਟਿੰਗ, ਜਿਸ ਨਾਲ ਬੱਚਿਆਂ ਵਿੱਚ ਖੁਸ਼ੀ ਅਤੇ ਆਤਮ-ਵਿਸ਼ਵਾਸ ਵਧਾਇਆ ਗਿਆ। ਪ੍ਰੋਗਰਾਮ ਦਾ ਮੁੱਖ ਉਦੇਸ਼ ਸਮਾਜ ਵਿੱਚ ਆਟਿਜ਼ਮ ਬਾਰੇ ਜਾਗਰੂਕਤਾ ਫੈਲਾਉਣਾ ਅਤੇ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ ਪ੍ਰਤੀ ਸੰਵੇਦਨਸ਼ੀਲਤਾ ਵਧਾਉਣਾ ਸੀ।ਕਾਲਜ ਦੇ ਚੇਅਰਮੈਨ ਡਾ. ਐਮ. ਐਮ. ਆਨੰਦ, ਵਾਈਸ ਚੇਅਰਮੈਨ ਡਾ. ਜੇ. ਐਸ. ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੂਰਿਆ ਪ੍ਰਕਾਸ਼ ਆਨੰਦ, ਪ੍ਰਿੰਸੀਪਲ ਰਚਨਾ ਕੁਮਾਰੀ, ਨਰਸਿੰਗ ਐਡਵਾਈਜ਼ਰ ਊਸ਼ਾ ਸਰੀਨ ਅਤੇ ਵਾਈਸ ਪ੍ਰਿੰਸੀਪਲ ਰਮਨਜੀਤ ਕੌਰ ਸੋਹਲ ਨੇ ਵਿਦਿਆਰਥੀਆਂ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਵੀ ਅਜਿਹੇ ਜਾਗਰੂਕਤਾ ਪ੍ਰੋਗਰਾਮ ਕਰਵਾਉਣ ਲਈ ਪ੍ਰੇਰਿਤ ਕੀਤਾ।

## ਹਲਕਾ ਮਜੀਠਾ 'ਚ ਭਾਜਪਾ ਦੀ ਸਥਿਤੀ ਦਿਨੋ-ਦਿਨ ਮਜ਼ਬੂਤ ਹੋ ਰਹੀ : ਪ੍ਰਦੀਪ ਭੁੱਲਰ

ਜੈਂਤੀਪੁਰ (ਸੁਖਬੀਰ ਸਿੱਧੂ)-ਹਲਕਾ ਮਜੀਠਾ 'ਚ ਰਾਜਨੀਤਿਕ ਮਾਹੌਲ ਉਸ ਸਮੇਂ ਕਾਫੀ ਗਰਮਾ ਗਿਆ ਜਦੋਂ ਪਿੰਡ ਸਿਆਲਕਾ ਅਤੇ ਚੰਨਣਕੇ ਦੇ ਕਈ ਪ੍ਰਮੁੱਖ ਆਗੂਆਂ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਭਾਰਤੀ ਜਨਤਾ ਪਾਰਟੀ ਵਿਚ ਸ਼ਾਮਲ ਹੋਣ ਦਾ ਐਲਾਨ ਕੀਤਾ । ਇਸ ਮੌਕੇ ਬੀ.ਜੇ.ਪੀ ਹਲਕਾ ਮਜੀਠਾ ਦੇ ਇੰਚਾਰਜ ਪ੍ਰਦੀਪ ਸਿੰਘ ਭੁੱਲਰ ਵਲੋਂ ਸ਼ਾਮਲ ਹੋਣ ਵਾਲੇ ਬਚਨ ਸਿੰਘ, ਇੰਦਰ ਸਿੰਘ ਦੋਵੇਂ ਸਾਬਕਾ ਮੈਂਬਰ, ਕਵਲਜੀਤ ਸਿੰਘ, ਪਰਮਜੀਤ ਸਿੰਘ, ਰਿੰਕੂ ਅਤੇ ਮਦਨ ਸਿੰਘ ਸਮੇਤ ਹੋਰ ਆਗੂਆਂ ਦਾ ਗਰਮਜੋਸ਼ੀ ਨਾਲ ਸਵਾਗਤ ਕਰਦਿਆਂ ਸਿਰੋਪੇ ਪਾ ਕੇ ਸਨਮਾਨਤ ਕੀਤਾ। ਸਮਾਗਮ ਨੂੰ ਸੰਬੋਧਨ ਕਰਦਿਆਂ ਭੁੱਲਰ ਨੇ ਕਿਹਾ ਕਿ ਬੀ.ਜੇ.ਪੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਅਤੇ ਦੇਸ਼ ਦੀ ਤਰੱਕੀ ਲਈ ਕੀਤੇ ਜਾ ਰਹੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਪਾਰਟੀਆਂ ਦੇ ਆਗੂ ਵੱਡੀ ਗਿਣਤੀ ਵਿਚ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਸ਼ਾਮਲ ਹੋਏ ਆਗੂਆਂ ਨੂੰ ਪਾਰਟੀ ਵਿਚ ਪੂਰਾ ਸਨਮਾਨ ਦਿੱਤਾ ਜਾਵੇਗਾ ਅਤੇ ਉਨ੍ਹਾਂ ਦੀ ਯੋਗਤਾ ਅਨੁਸਾਰ ਜ਼ਿੰਮੇਵਾਰੀਆਂ ਸੌਂਪੀਆਂ ਜਾਣਗੀਆਂ। ਕਿਉਂਕਿ ਹਲਕਾ ਮਜੀਠਾ ਵਿਚ ਬੀ.ਜੇ.ਪੀ ਦੀ ਸਥਿਤੀ ਦਿਨੋ-ਦਿਨ ਮਜ਼ਬੂਤ ਹੋ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿਚ ਪਾਰਟੀ ਹੋਰ ਵੀ ਵੱਡੀ ਤਾਕਤ ਵਜੋਂ ਸਾਹਮਣੇ ਆਵੇਗੀ। ਇਸ ਮੌਕੇ ਗੁਰਮੁਖ ਸਿੰਘ ਕਾਦਰਾਬਾਦ ਮੰਡਲ ਪ੍ਰਧਾਨ ਚਵਿੰਡਾ ਦੇਵੀ, ਰਾਕੇਸ਼ ਕੁਮਾਰ ਪੱਪਾ ਮੰਡਲ ਪ੍ਰਧਾਨ, ਮੰਤਰੀ ਜੋਗਾ ਸਿੰਘ ਮੰਡਲ ਪ੍ਰਧਾਨ ਮੱਤੇਵਾਲ, ਦਵਿੰਦਰਪਾਲ ਸਿੰਘ ਕਾਲਾ ਮਾਹਲਾ ਮਜੀਠਾ, ਸਤਪਾਲ ਸਿੰਘ ਸੋਨੂੰ ਵਾਇਸ ਪ੍ਰਧਾਨ ਮੰਡਲ ਮੱਤੇਵਾਲ, ਲਵਲੀ ਜਨਰਲ ਸੈਕਟਰੀ ਅਤੇ ਬਲਵਿੰਦਰ ਸਿੰਘ ਸਮੇਤ ਹੋਰ ਆਗੂ ਮੌਜੂਦ ਸਨ।

# ਰਮਨ ਬਹਿਲ ਨੇ ਤਿੱਬੜ ਵਾਸੀਆਂ ਦੀ ਸੀਵਰੇਜ ਦੀ ਮੰਗ ਪੂਰੀ ਕੀਤੀ

**ਗੁਰਦਾਸਪੁਰ (ਜਨਕ ਮਹਾਜਨ, ਦਿਨੇਸ਼ ਕੁਮਾਰ)**-ਗੁਰਦਾਸਪੁਰ ਦੇ ਹਲਕਾ ਇੰਚਾਰਜ ਰਮਨ ਬਹਿਲ ਵਲੋਂ ਪਿੰਡ ਤਿੱਬੜ ਵਾਸੀਆਂ ਦੀ ਦਹਾਕਿਆਂ ਪੁਰਾਣੀ ਮੰਗ ਪੂਰੀ ਕੀਤੀ ਗਈ ਹੈ। ਰਮਨ ਬਹਿਲ ਦੇ ਯਤਨਾਂ ਸਦਕਾ ਪਿੰਡ ਤਿੱਬੜ ਦੇ ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਉਣ ਲਈ 27 ਕਰੋੜ 34 ਲੱਖ ਰੁਪਏ ਮਨਜ਼ੂਰ ਹੋ ਗਏ ਹਨ ਅਤੇ ਸੀਵਰੇਜ ਪਾਉਣ ਦਾ ਟੈਂਡਰ ਹੋ ਗਿਆ ਹੈ। ਰਮਨ ਬਹਿਲ ਨੇ ਕਿਹਾ ਕਿ ਪਿੰਡ ਤਿੱਬੜ ਲਈ ਅੱਜ ਇਤਿਹਾਸਕ ਦਿਨ ਹੈ ਅਤੇ ਸਾਡੇ ਪਰਵਾਰ ਦੀ ਤਿੱਬੜ ਪਿੰਡ ਨਾਲ ਪਰਵਾਰਕ ਸਾਂਝ ਹੈ। ਉਨ੍ਹਾਂ ਭਾਵੁਕ ਹੁੰਦਿਆਂ ਦੱਸਿਆ ਕਿ ਉਨ੍ਹਾਂ ਦੇ ਸਵਰਗਵਾਸੀ ਪਿਤਾ ਖੁਸ਼ਹਾਲ ਬਹਿਲ ਦਾ ਪਿੰਡ ਤਿੱਬੜ ਨਾਲ ਬਹੁਤ ਲਗਾਉ ਸੀ ਅਤੇ ਉਨ੍ਹਾਂ ਦੀ ਹਮੇਸ਼ਾ ਕੋਸ਼ਿਸ਼ ਹੁੰਦੀ ਸੀ ਕਿ ਇਸ ਪਿੰਡ ਨੂੰ ਵੱਧ ਤੋਂ ਵੱਧ ਵਿਕਸਿਤ ਕੀਤਾ ਜਾਵੇ, ਉਨ੍ਹਾਂ ਵਲੋਂ ਹੀ ਕਮਿਊਨਿਟੀ ਹਾਲ ਅਤੇ ਸੜਕਾਂ ਦਾ ਨਿਰਮਾਣ ਕਰਵਾਇਆ ਗਿਆ ਅਤੇ ਉਨ੍ਹਾਂ ਵਲੋਂ ਹੀ ਸਭ ਤੋਂ ਪਹਿਲਾਂ ਸਾਲ 2004 ਵਿੱਚ ਪਿੰਡ ਦੇ ਗੰਦੇ ਪਾਣੀ ਦੀ ਨਿਕਾਸੀ ਦੇ ਹੱਲ ਲਈ ਪਿੰਡ ਦੀ ਮੁੱਖ ਗਲੀ ਵਿੱਚ ਸੀਵਰੇਜ ਪਾਇਆ ਗਿਆ ਸੀ ਅਤੇ ਅੱਜ ਪਰਮਾਤਮਾ ਦੀ ਮਿਹਰ ਸਦਕਾ ਪਿੰਡ ਤਿੱਬੜ ਵਿੱਚ ਸੀਵਰੇਜ ਪਾਉਣ ਲਈ 27 ਕਰੋੜ 34 ਲੱਖ 40 ਹਜ਼ਾਰ ਰੁਪਏ ਮਨਜ਼ੂਰ ਹੋਏ ਹਨ। ਰਮਨ ਬਹਿਲ ਨੇ ਦੱਸਿਆ ਕਿ ਉਨ੍ਹਾਂ ਵਲੋਂ ਇਸ ਕਾਰਜ ਲਈ ਆਪ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਨਾਲ ਗੱਲਬਾਤ ਕੀਤੀ ਗਈ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੂੰ ਮਿਲ ਕੇ ਬੇਨਤੀ ਕੀਤੀ ਗਈ ਸੀ, ਜਿਸ ਸਦਕਾ ਪਿੰਡ ਤਿੱਬੜ ਵਾਸੀਆਂ ਦੀ ਚਿਰੋਕਣੀ ਮੰਗ ਪੂਰੀ ਹੋਈ ਹੈ, ਜਿਸ ਲਈ ਉਹ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਬਹੁਤ ਧੰਨਵਾਦ ਕਰਦੇ ਹਨ। ਰਮਨ ਬਹਿਲ ਨੇ ਕਿਹਾ ਕਿ ਇਸ ਤੋਂ ਪਹਿਲਾਂ ਰਵਾਇਤੀ ਪਾਰਟੀਆਂ ਦੇ ਆਗੂ ਵੀ ਸੱਤਾ ਵਿੱਚ ਰਹੇ ਪਰ ਉਨ੍ਹਾਂ ਨੂੰ ਤਿੱਬੜ ਵਾਸੀਆਂ ਦੀ ਕੋਈ ਯਾਦ ਨਹੀਂ ਆਈ ਅਤੇ ਲੋਕ ਗੰਦੇ ਪਾਣੀ ਵਿੱਚ ਰਹਿਣ ਨੂੰ ਮਜਬੂਰ ਸਨ ਪਰ ਸਾਲ 2022 ਬਾਅਦ ਪਿੰਡ ਤਿੱਬੜ ਦੇ ਲੋਕਾਂ ਦੀ ਆਵਾਜ਼ ਸੁਣੀ ਗਈ ਅਤੇ ਅੱਜ ਪਿੰਡ ਵਾਸੀਆਂ ਨੂੰ ਵੱਡੀ ਸੌਗਾਤ ਮਿਲੀ ਹੈ। ਉਨ੍ਹਾਂ ਦੱਸਿਆ ਕਿ ਸੀਵਰੇਜ ਪਾਉਣ ਦੇ ਨਾਲ ਇਸ ਦੇ ਰੱਖ ਰਖਾਅ ਲਈ ਵੀ ਸਬੰਧਤ ਵਿਭਾਗ ਨੂੰ 5 ਸਾਲ ਲਈ ਪਾਬੰਦ ਕੀਤਾ ਗਿਆ ਹੈ। 1.50 ਐੱਮ.ਐਲ.ਡੀ ਦਾ ਸੀਵਰੇਜ਼ ਟਰੀਟਮੈਂਟ ਪਲਾਂਟ ਬਣਾਇਆ ਜਾਵੇਗਾ। 19 ਕਿਲੋਮੀਟਰ ਸੀਵਰੇਜ ਦੀਆਂ ਪਾਈਪਾਂ ਪਾਈਆਂ ਜਾਣਗੀਆਂ। ਵਾਟਰ ਸਪਲਾਈ ਦੀ 11 ਕਿਲੋਮੀਟਰ ਦੀ ਪਾਈਪ ਲਾਈਨ ਨੂੰ ਰਿਪਲੇਸ ਕਰਕੇ 1045 ਘਰਾਂ ਨੂੰ ਨਵੇਂ ਪਾਣੀ ਦੇ ਕੁਨੈਕਸ਼ਨ ਦਿੱਤੇ ਜਾਣਗੇ। ਰਮਨ ਬਹਿਲ ਨੇ ਕਿਹਾ ਆਮ ਆਦਮੀ ਪਾਰਟੀ ਦੀ ਕਥਨੀ ਤੇ ਕਹਿਣੀ ਵਿੱਚ ਕੋਈ ਫ਼ਰਕ ਨਹੀਂ ਹੈ ਅਤੇ ਰਾਜਨੀਤੀ ਦਾ ਮੁੱਖ ਮਕਸਦ ਲੋਕ ਸੇਵਾ ਹੈ। ਇਸ ਮੌਕੇ ਸੀਨੀਅਰ ਆਗੂ ਮਨਮੋਹਨ ਤੇ ਪਿੰਡ ਵਾਸੀਆਂ ਨੇ ਰਮਨ ਬਹਿਲ ਦਾ ਪਿੰਡ ਵਾਸੀਆਂ ਵਲੋਂ ਧੰਨਵਾਦ ਕਰਦਿਆਂ ਕਿਹਾ ਕਿ ਰਮਨ ਬਹਿਲ ਦੇ ਯਤਨਾਂ ਸਦਕਾ ਪਿੰਡ ਵਾਲਿਆਂ ਨੂੰ ਵੱਡੀ ਰਾਹਤ ਮਿਲੀ ਹੈ। ਇਸ ਮੌਕੇ ਚੇਅਰਮੈਨ ਭਾਰਤ ਭੂਸ਼ਣ ਸ਼ਰਮਾ, ਹਨੀ ਬਹਿਲ, ਅਜੇ ਬਹਿਲ, ਸੀਨੀਅਰ ਆਗੂ ਨੀਰਜ ਸਲਹੋਤਰਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸੁੱਚਾ ਸਿੰਘ ਮੁਲਤਾਨੀ, ਜਤਿੰਦਰ ਕੌਰ ਰਣਜੀਤ ਸਿੰਘ ਹੇਮਰਾਜਪੁਰ, ਬਲਾਕ ਸੰਮਤੀ ਚੇਅਰਮੈਨ ਰਣਜੀਤ ਸਿੰਘ ਰਾਣਾ ਬੱਬਰੀ, ਬਲਾਕ ਸੰਮਤੀ ਵਾਈਸ ਚੇਅਰਮੈਨ ਲਖਵਿੰਦਰ ਕੌਰ ਰੋੜਾਂਵਾਲੀ, ਪੰਚਾਇਤ ਸੰਮਤੀ ਮੈਂਬਰ ਤਿੱਬੜ ਕਿਰਨ ਬਾਲਾ, ਆਪ ਦੇ ਸੀਨੀਅਰ ਆਗੂ ਅਤੇ ਸਾਬਕਾ ਸਰਪੰਚ ਮਨਮੋਹਨ ਜੀ, ਪਵਨ ਕਪਿਲ, ਗੁਰਮੀਤ ਸਿੰਘ, ਗੁਰਦਿਆਲ ਚੰਦ, ਡਾਕਟਰ ਕਲੇਰ, ਭਜਨ ਸਿੰਘ, ਸਚਿਨ ਡੇਵਿਡ, ਪੰਚਾਇਤ ਮੈਂਬਰ ਦਿਨੇਸ਼ ਕੁਮਾਰ, ਰੋਹਿਤ ਕੁਮਾਰ, ਅਜਾਇਬ ਸਿੰਘ, ਅਸ਼ਵਨੀ ਕੁਮਾਰ, ਗੁਰਵਿੰਦਰ ਸਿੰਘ, ਮਨਮੋਹਨ ਲਾਲ, ਅਸ਼ੋਕ ਕੁਮਾਰ, ਕਾਹਨ ਚੰਦ, ਬਿੱਟੂ ਭਗਤ, ਪਵਨ ਭੀਚ, ਤਿਰਲੋਚਨ ਸਿੰਘ, ਸੁਖਵਿੰਦਰ ਸਿੰਘ, ਬਿੱਲਾ, ਅਸ਼ਵਨੀ ਭੱਟੀ, ਜਗਦੀਸ਼ ਮਿੱਤਲ, ਕਿਸ਼ਨ ਕੁਮਾਰ ਜੋਨੀ, ਪ੍ਰਿੰਸੀਪਲ ਵਰਿੰਦਰ ਅਤੇ ਪਿੰਡ ਵਾਸੀ ਵੱਡੀ ਤਦਾਦ ਵਿੱਚ ਮੌਜੂਦ ਸਨ।

*** 27 ਕਰੋੜ 34 ਲੱਖ ਰੁਪਏ ਮਨਜ਼ੂਰ**



# ਧਾਰੀਵਾਲ ਸ਼ਹਿਰ 'ਚ ਰੇਲਵੇ ਅੰਡਰਬ੍ਰਿਜ ਬਣਾਉਣ ਦੀ ਮਨਜ਼ੂਰੀ ਮਿਲੀ : ਸੁਨੰਦਨ ਸ਼ਰਮਾ



ਧਾਰੀਵਾਲ (ਮਨਦੀਪ ਵਿੱਕੀ)- ਸਮਾਧਾਨ ਵੈਲਫੇਅਰ ਸੁਸਾਇਟੀ ਦੇ ਵਾਲੰਟੀਅਰਾਂ ਵੱਲੋਂ ਕੀਤੇ ਯਤਨਾਂ ਸਦਕਾ ਸ਼ਹਿਰ ਧਾਰੀਵਾਲ ਵਿੱਚ ਅੱਪਰਬਾਰੀ ਦੁਆਬ ਨਹਿਰ (ਲੋਹੇ ਵਾਲਾ ਪੁਲ) ਦੇ ਨੇੜੇ ਰੇਲਵੇ ਅੰਡਰ ਬ੍ਰਿਜ ਬਣਾਉਣ ਦੀ ਮਨਜ਼ੂਰੀ ਮਿਲ ਗਈ ਹੈ। ਅੱਜ ਸਮਾਧਾਨ ਵੈਲਫੇਅਰ ਸੁਸਾਇਟੀ ਦੇ ਵਲੰਟੀਅਰਾਂ ਦੀ ਵਿਸ਼ੇਸ਼ ਮੀਟਿੰਗ ਜ਼ੈਨਿਥ ਟੈਕਨੋ ਸਾਫਟ, ਧਾਰੀਵਾਲ ਵਿਖੇ ਹੋਈ। ਮੀਟਿੰਗ ਦੌਰਾਨ ਵਲੰਟੀਅਰਾਂ ਵਲੋਂ ਇਲਾਕੇ ਦੀ ਲੰਬੇ ਸਮੇਂ ਤੋਂ ਲਟਕਦੀ ਆ ਰਹੀ (ਰੇਲਵੇ ਮਾਰਗ ਅੰਮ੍ਰਿਤਸਰ -ਪਠਾਨਕੋਟ) ਸ਼ਹਿਰ ਧਾਰੀਵਾਲ ਵਿੱਚ ਰੇਲਵੇ ਅੰਡਰ ਬ੍ਰਿਜ ਦੀ ਮੰਗ ਦੀ ਪੂਰਤੀ ਨੂੰ ਲੈ ਕੇ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਮੌਕੇ ਸਮੂਹ ਮੈਂਬਰਾਂ ਨੇ ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਤਹਿ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਦੇ ਨਿੱਜੀ ਯਤਨਾਂ ਸਦਕਾ ਇਸ ਮਹੱਤਵਪੂਰਨ ਪ੍ਰੋਜੈਕਟ ਨੂੰ ਹਰੀ ਝੰਡੀ ਮਿਲੀ ਹੈ। ਇਸ ਮੌਕੇ ਸੁਸਾਇਟੀ ਦੇ ਵਲੰਟੀਅਰ ਸੁਨੰਦਨ ਸ਼ਰਮਾ, ਨਵਨੀਤ ਵਿੱਜ ਆਦਿ ਨੇ ਦੱਸਿਆ ਕਿ ਰੇਲਵੇ ਵਿਭਾਗ ਦੇ ਦਸਤਾਵੇਜ਼ਾਂ ਮੁਤਾਬਕ, ਅੰਮ੍ਰਿਤਸਰ-ਪਠਾਨਕੋਟ ਸੈਕਸ਼ਨ ਦੇ ਲੈਵਲ ਕਰਾਸਿੰਗ ਨੰਬਰ ਸੀ-41 (ਧਾਰੀਵਾਲ-ਗੁਰਦਾਸਪੁਰ ਬਲਾਕ) 'ਤੇ 26 ਮਾਰਚ ਨੂੰ ਇੱਕ ਸਾਂਝੀ ਤਕਨੀਕੀ ਜਾਂਚ ਕੀਤੀ ਗਈ ਸੀ। ਇਸ ਜਾਂਚ ਰਿਪੋਰਟ ਵਿੱਚ ਪਾਇਆ ਗਿਆ ਹੈ ਕਿ ਲੋਹੇ ਵਾਲੇ ਪੁਲ ਨੇੜੇ ਮੌਜੂਦਾ ਫਾਟਕ ਨੰਬਰ ਸੀ-41 ਦੀ ਜਗ੍ਹਾ 'ਤੇ ਯੂ ਸ਼ਕਲ ਦੇ ਲਿਮਟਿਡ ਹਾਈਟ ਸਬ-ਵੇ ਦੀ ਉਸਾਰੀ ਤਕਨੀਕੀ ਤੌਰ 'ਤੇ ਪੂਰੀ ਤਰ੍ਹਾਂ ਸੰਭਵ ਹੈ। ਇਹ ਪ੍ਰੋਜੈਕਟ ਮੌਜੂਦਾ ਲੈਵਲ ਕਰਾਸਿੰਗ ਤੋਂ ਲਗਭਗ 120 ਮੀਟਰ ਧਾਰੀਵਾਲ ਸਟੇਸ਼ਨ (ਅੰਮ੍ਰਿਤਸਰ ਵਾਲੇ ਪਾਸੇ) ਵੱਲ ਬਣਾਉਣ ਦੀ ਤਜਵੀਜ਼ ਹੈ । ਹਾਲਾਂਕਿ, ਕੰਮ ਸ਼ੁਰੂ ਕਰਨ ਤੋਂ ਪਹਿਲਾਂ ਰੇਲਵੇ ਵਿਭਾਗ ਨੇ ਕੁਝ ਜ਼ਰੂਰੀ ਸ਼ਰਤਾਂ ਰੱਖੀਆਂ ਹਨ, ਜਿਨ੍ਹਾਂ ਵਿੱਚ ਟਰੈਕ ਦੇ ਦੋਵੇਂ ਪਾਸੇ ਲਗਭਗ 40 ਸਫੈਦੇ ਦੇ ਦਰੱਖਤਾਂ ਦੀ ਕਟਾਈ ਲਈ ਮਨਜ਼ੂਰੀ ਲੈਣਾ ਅਤੇ ਪੀ.ਐਸ.ਪੀ.ਸੀ.ਐਲ ਦੀਆਂ ਬਿਜਲੀ ਦੀਆਂ ਤਾਰਾਂ ਨੂੰ ਦੂਜੀ ਜਗ੍ਹਾ ਤਬਦੀਲ ਕਰਨਾ ਸ਼ਾਮਲ ਹੈ । ਮੀਟਿੰਗ ਦੌਰਾਨ ਸੁਨੰਦਨ ਸ਼ਰਮਾ, ਸੰਜੀਵ ਵਿਜ, ਨਵਨੀਤ ਵਿਜ, ਸੋਨੂੰ ਚੋਪੜਾ, ਦੀਪਕ ਮਹਾਜਨ, ਆਸ਼ੂ ਮੋਦਗਿਲ, ਅਜੇ ਮਹਾਜਨ, ਨੀਰਜ ਮਹਾਜਨ, ਪਰਵ ਮਹਾਜਨ ਅਤੇ ਰਵੀਸ਼ ਭਨੋਟ ਨੇ ਵਿਸ਼ਵਾਸ ਦਿਵਾਇਆ ਕਿ ਉਹ ਧਾਰੀਵਾਲ ਸ਼ਹਿਰ ਦੇ ਵਿਕਾਸ ਅਤੇ ਲੋਕਾਂ ਦੀਆਂ ਸਹੂਲਤਾਂ ਲਈ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਇਕਜੁੱਟ ਹੋ ਕੇ ਯਤਨ ਕਰਦੇ ਰਹਿਣਗੇ। ਉਹਨਾਂ ਦੱਸਿਆ ਕਿ ਹੁਣ ਸ਼ਹਿਰ ਵਿੱਚ ਰੇਲਵੇ ਅੰਡਰ ਬ੍ਰਿਜ ਦੀ ਮਨਜ਼ੂਰੀ ਨਾਲ ਇਲਾਕੇ ਭਰ ਦੇ ਲੋਕਾਂ ਨੂੰ ਇਸ ਸਮੱਸਿਆ ਤੋਂ ਨਿਜਾਤ ਮਿਲਣ ਦੀ ਆਸ ਬੱਝੀ ਹੈ।

# ਜਸਨੂਰ ਸਿੰਘ ਨੇ ਸੀ ਡੀ ਐੱਸ 'ਚ ਭਾਰਤ 'ਚੋਂ ਪਹਿਲਾ ਸਥਾਨ ਕੀਤਾ ਹਾਸਲ



ਪਠਾਨਕੋਟ (ਦਵਿੰਦਰ ਸਿੰਘ)-ਪਠਾਨਕੋਟ ਦੇ ਜਸਨੂਰ ਸਿੰਘ ਨੇ ਆਪਣੀ ਮਿਹਨਤ ਅਤੇ ਲਿਆਕਤ ਨਾਲ ਸੀ ਡੀ ਐੱਸ ਦੇ ਪੇਪਰ ਅਤੇ ਏਅਰ ਫੋਰਸ ਦੇ ਪਾਇਲਟ ਦੇ ਇਮਤਿਹਾਨ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਜਸਨੂਰ ਸਿੰਘ ਨੇ ਦਸਵੀਂ ਜਮਾਤ ਸੇਂਟ ਜੋਸਫ਼ ਸਕੂਲ ਪਠਾਨਕੋਟ ਵਿੱਚੋਂ ਕੀਤੀ ਹੈ। ਉਸ ਤੋਂ ਬਾਅਦ ਉਸ ਨੇ ਮਹਾਰਾਜਾ ਰਣਜੀਤ ਸਿੰਘ ਅਕੈਡਮੀ ਮੁਹਾਲੀ ਵਿੱਚ ਦਾਖ਼ਲਾ ਲਿਆ ਜੋ ਕਿ ਵਿਦਿਆਰਥੀਆਂ ਨੂੰ ਐਨ ਡੀ ਏ ਵਿੱਚ ਜਾਣ ਲਈ ਟ੍ਰੇਨਿੰਗ ਅਤੇ ਇੰਟਰਵਿਊ ਦੀ ਤਿਆਰੀ ਕਰਵਾਉਂਦਾ ਹੈ। ਜਸਨੂਰ ਸਿੰਘ ਨੇ ਇਸ ਤੋਂ ਬਾਅਦ ਚੰਡੀਗੜ੍ਹ ਯੂਨੀਵਰਸਿਟੀ ਵਿੱਚ ਕੰਪਿਊਟਰ ਸਾਇੰਸ ਦੀ ਡਿਗਰੀ ਵਿੱਚ ਦਾਖ਼ਲਾ ਲਿਆ ਅਤੇ ਡਿਗਰੀ ਦੇ ਨਾਲ ਨਾਲ ਸੀ ਡੀ ਐਸ ਦੇ ਪੇਪਰ ਅਤੇ ਇੰਟਰਵਿਊ ਦੀ ਤਿਆਰੀ ਕਰਦਾ ਰਿਹਾ। ਸੀ ਡੀ ਐਸ ਦਾ ਪੇਪਰ ਚੰਗੇ ਨੰਬਰਾਂ ਨਾਲ ਪਾਸ ਕਰਨ ਤੋਂ ਬਾਅਦ ਐਸ ਐਸ ਬੀ ਦੀ ਇੰਟਰਵਿਊ ਕਲੀਅਰ ਕੀਤੀ ਅਤੇ ਨਾਲ ਹੀ ਮੈਡੀਕਲ ਕਲੀਅਰ ਕੀਤਾ ਸੋ ਕਿ ਏਅਰ ਫੋਰਸ ਵਿੱਚ ਪਾਇਲਟ ਲਈ ਦੇਸ਼ ਦਾ ਸਭ ਤੋਂ ਔਖਾ ਮੈਡੀਕਲ ਮੰਨਿਆ ਜਾਂਦਾ ਹੈ। ਸੀ ਡੀ ਐਸ ਦੇ ਪੇਪਰ ਵਿੱਚੋਂ ਚੰਗੇ ਨੰਬਰ ਲੈਣ ਤੋਂ ਬਾਅਦ ਉਸ ਨੇ ਐੱਸ ਐਸ ਬੀ ਦੀ ਇੰਟਰਵਿਊ ਵਿੱਚੋਂ ਵੀ ਚੰਗੇ ਨੰਬਰ ਲੈ ਕੇ ਆਲ ਇੰਡੀਆ ਦੀ ਮੈਰਿਟ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ। ਜਸਨੂਰ ਸਿੰਘ ਨੇ ਉਸ ਦੀ ਇਸ ਸਫਲਤਾ ਦਾ ਮਾਣ ਉਸ ਦੇ ਪਿਤਾ ਦਵਿੰਦਰ ਸਿੰਘ ਜੋ ਕਿ ਪੀ ਐਮ ਆਰ ਏ ਦੇ ਪ੍ਰਧਾਨ ਰਹੇ ਹਨ ਅਤੇ ਮਾਤਾ ਸੁਖਜੀਤ ਕੌਰ ਜੋ ਕਿ ਸੈਂਟਰ ਹੈਡ ਟੀਚਰ ਹਨ, ਨੂੰ ਦਿੱਤਾ ਹੈ । ਉਸ ਨੇ ਦੱਸਿਆ ਕਿ ਉਸ ਦਾ ਵੱਡਾ ਭਰਾ ਪ੍ਰਭਨੂਰ ਸਿੰਘ ਜੋ ਕਿ ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਵਿਖੇ ਐਮ ਡੀ ਕਰ ਰਿਹਾ ਹੈ, ਨੇ ਹਮੇਸ਼ਾ ਉਸ ਦਾ ਸਾਥ ਦਿੱਤਾ ਹੈ।

# ਅੱਜ ਜਲੰਧਰ ਤੋਂ ਆਰੰਭ ਹੋਵੇਗੀ ਹਰਿਦੁਆਰ ਲਈ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ



**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੀ ਅਗਵਾਈ ਹੇਠ ਇਤਿਹਾਸਕ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ 3 ਅਪ੍ਰੈਲ ਨੂੰ ਦੁਪਿਹਰ 1 ਵਜੇ ਰੇਲਵੇ ਸਟੇਸ਼ਨ ਜਲੰਧਰ ਤੋਂ ਆਰੰਭ ਹੋਵੇਗੀ।

ਯਾਤਰਾ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪ੍ਰਧਾਨ ਸੰਤ ਨਿਰਮਲ ਦਾਸ ਬਾਬੇਜੋੜੇ, ਜਨਰਲ ਸਕੱਤਰ ਸੰਤ ਇੰਦਰ ਦਾਸ ਸੇਖੈ ਨੇ ਦੱਸਿਆ ਕਿ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੇ ਚੇਅਰਮੈਨ ਸੰਤ ਸਰਵਣ ਦਾਸ ਜੀ ਬੋਹਣ ਦੀ ਅਗਵਾਈ ਹੇਠ ਯਾਤਰਾ ਜਲੰਧਰ ਤੋਂ ਆਰੰਭ ਹੋ ਕੇ ਫਿਲੌਰ, ਲੁਧਿਆਣਾ, ਅੰਬਾਲਾ, ਸਹਾਰਨਪੁਰ ਆਦਿ ਸਟੇਸ਼ਨਾਂ ਤੋਂ ਹੁੰਦੀ ਹੋਈ ਰਾਤ ਨੂੰ ਹਰਿਦੁਆਰ ਪਹੁੰਚੇਗੀ। ਸੰਤ ਨਿਰਮਲ ਦਾਸ ਬਾਬੇਜੋੜੇ, ਸੰਤ ਇੰਦਰ ਦਾਸ ਸੇਖੈ ਨੇ ਪੰਜਾਬ, ਹਰਿਆਣਾ, ਯੂ ਪੀ ਅਤੇ ਉਤਰਾਖੰਡ ਸਰਕਾਰਾਂ ਦਾ ਮਿਲੇ ਸਹਿਯੋਗ ਅਤੇ ਵਿਆਪਕ ਸੁਚੱਜੇ ਪ੍ਰਬੰਧਾਂ ਲਈ ਧੰਨਵਾਦ ਕਰਦਿਆਂ ਕਿਹਾ ਕਿ ਯਾਤਰਾ ਚਾਰ ਰਾਜਾਂ ਵਿਚੋਂ ਹੋ ਕੇ ਹਰਿਦੁਆਰ (ਉਤਰਾਖੰਡ) ਪਹੁੰਚਦੀ ਹੈ ਜਿਥੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ 5 ਅਪ੍ਰੈਲ ਨੂੰ ਬੜੀ ਸ਼ਰਧਾ ਪੂਰਵਕ ਮਨਾਏ ਜਾਣਗੇ। ਇਸ ਸਮੇਂ ਪਰਮਜੀਤ ਦਾਸ ਨਗਰ ਕੈਸ਼ੀਅਰ, ਸੰਤ ਸਰਵਣ ਦਾਸ ਸੀਨੀ.ਮੀਤ ਪ੍ਰਧਾਨ,ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਦਿ ਧਰਮ ਮਿਸ਼ਨ, ਸੰਤ ਬਲਵੰਤ ਸਿੰਘ ਡਿੰਗਰੀਆਂ ਮੀਤ ਪ੍ਰਧਾਨ, ਮਹੰਤ ਪ੍ਰਸ਼ੋਤਮ ਲਾਲ ਚੱਕ ਹਕੀਮ, ਕਿਰਪਾਲ ਦਾਸ ਭਾਰਟਾ, ਸੰਤ ਰਮੇਸ਼ ਦਾਸ ਸ਼ੇਰਪੁਰ ਕਲਰਾਂ, ਸੰਤ ਧਰਮਪਾਲ ਸ਼ੇਰਗੜ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਸੰਤ ਮਨਜੀਤ ਦਾਸ ਹਿਮਾਚਲ, ਸੰਤ ਮਨਜੀਤ ਦਾਸ ਵਿਛੋਹੀ, ਬਾਬਾ ਬਲਕਾਰ ਸਿੰਘ ਵਡਾਲਾ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਸੰਤੋਖ ਦਾਸ ਭਾਰਟਾ, ਸੰਤ ਬੀਬੀ ਕੁਲਦੀਪ ਕੌਰ ਮਹਿਨਾ, ਸੰਤ ਬੀਬੀ ਪੂਨਮ ਹੀਰਾ, ਭੈਣ ਸੰਤੋਸ਼ ਕੁਮਾਰੀ, ਸੰਤ ਬੀਬੀ ਕਮਲੇਸ਼ ਕੌਰ ਨਾਹਲਾਂ ਆਦਿ ਹਾਜਰ ਸਨ।

## ਪੰਜਾਬ ਇਸਤਰੀ ਸਭਾ ਦਾ ਸਿਧਾਂਤਕ ਸਕੂਲ 10 ਤੋਂ

**ਚੰਡੀਗੜ੍ਹ** : ਪੰਜਾਬ ਇਸਤਰੀ ਸਭਾ ਦੇ ਜਨਰਲ ਸਕੱਤਰ ਨਰਿੰਦਰ ਸੋਹਲ ਅਤੇ ਪ੍ਰਧਾਨ ਰਜਿੰਦਰ ਪਾਲ ਕੌਰ ਨੇ ਦੱਸਿਆ ਕਿ ਔਰਤਾਂ ਸਾਰੀ ਦੁਨੀਆ ਵਿੱਚ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰ ਰਹੀਆਂ ਹਨ। ਇਸ ਤੋਂ ਇਲਾਵਾ ਗਰੀਬੀ ,ਭੁੱਖਮਰੀ ਅਤੇ ਇਸ ਵੇਲੇ ਖਾਸ ਕਰਕੇ ਜੰਗ ਕਾਰਨ ਬਹੁਤ ਸਾਰੀਆਂ ਹੋਰ ਵੀ ਮੁਸ਼ਕਿਲਾਂ ਪੈਦਾ ਹੋ ਰਹੀਆਂ ਹਨ ।ਗੈਸ ਮਿਲਣੀ ਬਹੁਤ ਮੁਸ਼ਕਿਲ ਹੋ ਗਈ ਹੈ। ਪੈਟਰੋਲ ਅਤੇ ਡੀਜ਼ਲ ਦੇ ਪੰਪ ਬੰਦ ਮਿਲਦੇ ਹਨ ਜਾਂ ਉੱਥੇ ਬਹੁਤ ਜ਼ਿਆਦਾ ਭੀੜ ਹੁੰਦੀ ਹੈ ।ਇਹਨਾਂ ਸਾਰੀਆਂ ਸਮੱਸਿਆਵਾਂ ਬਾਰੇ ਔਰਤਾਂ ਦਾ ਜਾਗਰੂਕ ਹੋਣਾ ਬਹੁਤ ਜਰੂਰੀ ਹੈ ।ਇਸ ਕਰਕੇ ਪੰਜਾਬ ਇਸਤਰੀ ਸਭਾ ਵੱਲੋਂ ਸਾਰੇ ਜਿਲਿਆਂ ਦੀਆਂ ਪ੍ਰਧਾਨ ਸਕੱਤਰ ਚੰਡੀਗੜ੍ਹ ਬੁਲਾ ਕੇ ਉਹਨਾਂ ਨੂੰ ਸਿੱਖਿਅਤ ਕਰਨ ਦਾ ਇੱਕ ਉਪਰਾਲਾ ਕੀਤਾ ਜਾ ਰਿਹਾ ਹੈ। ਇਹ ਸਕੂਲ 10 ਅਪ੍ਰੈਲ ਨੂੰ ਸ਼ੁਰੂ ਹੋ ਕੇ 12 ਅਪ੍ਰੈਲ ਨੂੰ ਖਤਮ ਹੋਵੇਗਾ ਤੇ ਉੱਚ ਕੋਟੀ ਦੇ ਵਿਦਵਾਨ ਇਸ ਨੂੰ ਸੰਬੋਧਨ ਕਰਨਗੇ।

## ਸਕੂਲ ਦਾ ਨਤੀਜਾ ਸੌ ਫੀਸਦੀ ਰਿਹਾ



**ਨਕੋਦਰ (ਮਨਜੀਤ ਮਾਨ)**- ਸਰਕਾਰੀ ਐਲੀਮੈਂਟਰੀ ਸਕੂਲ ਡੱਲਾ ਜ਼ਿਲ੍ਹਾ ਕਪੂਰਥਲਾ ਵਿਖੇ ਗ੍ਰੈਜੂਏਸ਼ਨ ਸੈਰੇਮਨੀ ਮੈਗਾ ਐਸ ਐਮ ਸੀ ਮੀਟਿੰਗ ਕਰਵਾਈ ਗਈ। ਇਸ ਵਿੱਚ ਬੱਚਿਆਂ ਦਾ ਸਾਲਾਨਾ ਨਤੀਜਾ ਐਲਾਨਿਆ ਗਿਆ ਹਰ ਇਕ ਕਲਾਸ ਵਿੱਚੋਂ ਪਹਿਲੇ ਤਿੰਨ ਸਥਾਨ ਹਾਸਿਲ ਕਰਨ ਵਾਲੇ ਬੱਚਿਆਂ ਨੂੰ ਇਨਾਮ ਦਿੱਤੇ ਗਏ ਸਕੂਲ ਦਾ ਨਤੀਜਾ ਸੌ ਪ੍ਰਤੀਸ਼ਤ ਰਿਹਾ। ਇਸ ਮੌਕੇ ਸਕੂਲ ਮੁਖੀ ਅਸ਼ਵਨੀ ਕੁਮਾਰ, ਪ੍ਰਦੀਪ ਕੌਰ ਈ ਟੀ ਟੀ ਟੀਚਰ, ਲਖਵਿੰਦਰ ਕੌਰ ਈ ਟੀ ਟੀ ਟੀਚਰ, ਮਨਜੀਤ ਕੌਰ ਐਸੋਸਿਏਸ਼ਨ ਟੀਚਰ ਨੀਲਮ ਕੁਮਾਰੀ ਈ ਟੀ ਟੀ ਟੀਚਰ,ਤਰਨਮਜੀਤ ਕੌਰ ਈ ਟੀ ਟੀ ਟੀਚਰ ਤੋਂ ਇਲਾਵਾ ਸਮੂਹ ਸਕੂਲ ਸਟਾਫ਼ ਤੇ ਬੱਚਿਆਂ ਦੇ ਮਾਪੇ ਹਾਜ਼ਰ ਸਨ।

ਗੁੱਡ ਫਰਾਈ-ਡੇ 'ਤੇ ਵਿਸ਼ੇਸ਼

# ਯਸੂ ਮਸੀਹ ਸੱਚਾਈ ਅਤੇ ਨਿਆਂ ਲਈ ਕੁਰਬਾਨ ਹੋਏ

ਅੱਜ ਤੋਂ 2025 ਸਾਲ ਪਹਿਲਾਂ ਪ੍ਰਭੂ ਯਿਸੂ ਮਸੀਹ ਇਸਰਾਈਲ ਦੇਸ਼ ਦੇ ਬੈਤਲਹਮ ਸ਼ਹਿਰ ਵਿੱਚ ਪਵਿੱਤਰ ਆਤਮਾ ਦੇ ਜ਼ਰੀਏ ਕੁਆਰੀ ਅਤੇ ਧਰਮੀ ਮਰਿਅਮ ਦੀ ਪਵਿੱਤਰ ਕੁੱਖ 'ਚੋਂ ਪੈਦਾ ਹੋਏ ਤਾਂ ਕਿ ਬਾਬਾ ਆਦਮ ਅਤੇ ਹਵਾ ਵੱਲੋਂ ਹੋਏ ਪਾਪ ਜੋ ਪੂਰੀ ਦੁਨੀਆ ਵਿੱਚ ਫੈਲ ਗਿਆ, ਜਿਸ ਕਰਕੇ ਹਰੇਕ ਮਨੁੱਖ ਉਸ ਪਾਪ ਦੀ ਦਲਦਲ ਵਿੱਚ ਫਸਣ ਕਰਕੇ ਨਰਕ ਦੀ ਸਜ਼ਾ ਵੱਲ ਜਾ ਰਿਹਾ ਸੀ, ਨੂੰ ਬਚਾਉਣ ਲਈ ਪ੍ਰਮੇਸ਼ਵਰ ਨੇ ਪ੍ਰਭੂ ਯਿਸੂ ਮਸੀਹ ਨੂੰ ਸੰਸਾਰ ਵਿੱਚ ਮਨੁੱਖ ਦੀ ਸ਼ਕਲ ਵਿੱਚ ਭੇਜਿਆ, ਕਿਉਂਕਿ ਪਾਪੀ ਮਨੁੱਖ ਨੂੰ ਸਿਰਫ ਮਨੁੱਖਤਾ ਵਿੱਚ ਹੀ ਬਚਾਇਆ ਜਾ ਸਕਦਾ ਸੀ, ਜਿਸ ਕਰਕੇ ਯਿਸੂ ਮਸੀਹ ਨੇ ਸੰਸਾਰ ਵਿੱਚ ਦੇਹ ਧਾਰਨ ਕਰਕੇ (ਜਨਮ ਲੈ ਕੇ) ਮਨੁੱਖ ਦੇ ਰੂਪ ਵਿੱਚ ਉਹ ਕੀਤਾ, ਜੋ ਕੋਈ ਆਮ ਮਨੁੱਖ ਨਹੀਂ ਕਰ ਸਕਦਾ ਸੀ।



**ਯਸੂ ਮਸੀਹ ਆਦਿ ਤੋਂ ਹੀ ਸਨ**

ਪਵਿੱਤਰ ਬਾਇਬਲ ਦੇ ਮੁਤਾਬਕ ਪ੍ਰਭੂ ਯਿਸੂ ਮਸੀਹ ਆਦਿ ਤੋਂ ਹੀ ਸਨ। ਇਸ ਕਥਨ ਦੇ ਸੰਬੰਧ ਵਿੱਚ ਪਵਿੱਤਰ ਬਾਇਬਲ ਵਿੱਚ ਇੰਝ ਲਿਖਿਆ ਹੈ ਕਿ "ਆਦਿ ਵਿੱਚ ਸ਼ਬਦ ਸੀ ਆਰ ਸ਼ਬਦ ਪ੍ਰਮੇਸ਼ਵਰ ਦੇ ਸੰਗ ਸੀ ਅਤੇ ਸ਼ਬਦ ਹੀ ਪ੍ਰਮੇਸ਼ਵਰ ਸੀ (ਯਹੂੰਨਾ 1 : 1-4) ਸ਼ਬਦ ਪ੍ਰਭੂ ਯਿਸੂ ਮਸੀਹ ਨੂੰ ਦਰਸਾਉਂਦਾ ਹੈ। ਜਿਸ ਦੀ ਪੁਸ਼ਟੀ ਯਹੂੰਨਾ ਨਬੀ ਨੇ ਪ੍ਰਭੂ ਯਿਸੂ ਮਸੀਹ ਦੇ ਜਨਮ ਵੇਲੇ ਇਹ ਕਹਿ ਕੇ ਕੀਤੀ ਕਿ ਸ਼ਬਦ ਦੇਹਧਾਰੀ ਹੋਇਆ।" (ਯਹੂੰਨਾ 1 : 14)

**ਯਸੂ ਮਸੀਹ ਸਾਢੇ 33 ਸਾਲ ਸੰਸਾਰ ਵਿੱਚ ਰਹੇ**

ਪ੍ਰਭੂ ਯਿਸੂ ਮਸੀਹ ਸਾਢੇ 33 ਸਾਲ ਸੰਸਾਰ ਵਿੱਚ ਰਹੇ। ਉਹਨਾਂ ਨੇ ਆਪਣੇ ਜੀਵਨ ਕਾਲ ਵਿੱਚ 30 ਸਾਲ ਆਪਣੇ ਮਾਂ-ਪਿਤਾ ਦੀ ਸੇਵਾ ਕੀਤੀ। ਇਸ ਤੋਂ ਬਾਅਦ ਉਹ ਪੂਰੀ ਤਰ੍ਹਾਂ ਆਪਣਾ ਘਰ-ਬਾਹਰ ਛੱਡ ਕੇ ਆਪਣੇ ਆਤਮਿਕ ਪਿਤਾ ਪ੍ਰਮੇਸ਼ਵਰ ਦੀ ਆਗਿਆ ਅਤੇ ਮਕਸਦ ਨੂੰ ਪੂਰਿਆਂ ਕਰਨ ਲਈ ਨਿਕਲ ਪਏ। ਉਹਨਾਂ ਨੇ ਸਾਢੇ 3 ਸਾਲ ਦੀ ਰੂਹਾਨੀ ਸੇਵਕਾਈ ਦੌਰਾਨ ਜਿੱਥੇ ਆਪਣੇ ਰੂਹਾਨੀ ਪਿਤਾ ਵੱਲੋਂ ਮਿਲੀ ਖੁਸ਼ਖਬਰੀ ਦਾ ਪ੍ਰਚਾਰ ਕੀਤਾ ਕਿ ਮਨ ਫਿਰਾਓ ਕਿ ਸਵਰਗ ਦਾ ਰਾਜ ਨੇੜੇ ਹੈ। ਉਹਨਾਂ ਕਿਸੇ ਧਰਮ ਦੀ ਸਥਾਪਨਾ ਨਹੀਂ ਕੀਤੀ । ਪ੍ਰਭੂ ਯਿਸੂ ਮਸੀਹ ਦੇ ਵਿਚਾਰ ਅਨੁਸਾਰ 'ਧਰਮ ਦੀ ਪਰਿਭਾਸ਼ਾ ਬਿਨਾਂ ਭੇਦਭਾਵ ਮਨੁੱਖਤਾ ਦੀ ਸੇਵਾ ਭਾਵ ਭੁੱਖੇ ਨੂੰ ਰੋਟੀ, ਨੰਗੇ ਨੂੰ ਕੱਪੜਾ, ਬਿਮਾਰ ਦੀ ਤਿਮਾਰਦਾਰੀ ਸੀ।' ਉਹਨਾਂ ਨੇ ਜੋ ਪਾਪ ਦੇ ਕਾਰਨ ਮਨੁੱਖ ਨਾਲ ਪ੍ਰਮੇਸ਼ਵਰ ਦਾ ਰਿਸ਼ਤਾ ਟੁੱਟ ਗਿਆ ਸੀ, ਮੁੜ ਜੋੜਨ ਦਾ ਕੰਮ ਕੀਤਾ। ਇਹ ਖੁਸ਼ਖਬਰੀ ਦਾ ਪ੍ਰਚਾਰ ਸਮੁੱਚੀ ਮਨੁੱਖਤਾ ਲਈ ਸੀ, ਕਿਉਂਕਿ ਯਹੂੰਨਾ 3 :16 ਵਿੱਚ ਲਿਖਿਆ ਹੈ ਕਿ ਪ੍ਰਮੇਸ਼ਵਰ ਨੇ ਜਗਤ ਨਾਲ ਅਜਿਹਾ ਪਿਆਰ ਕੀਤਾ ਕਿ ਉਸ ਨੇ ਆਪਣਾ ਇਕਲੌਤਾ ਪੁੱਤਰ ਦੇ ਦਿੱਤਾ ਤਾਂ ਕਿ ਹਰੇਕ ਜੋ ਉਸ 'ਤੇ ਵਿਸ਼ਵਾਸ ਕਰੇ, ਹਲਾਕ ਨਾ ਹੋਵੇ, ਬਲਕਿ ਹਮੇਸ਼ਾ ਦਾ ਜੀਵਨ ਪਾਵੇ।

**ਪ੍ਰਭੂ ਦੀ ਸੱਚੀ ਅਤੇ ਖਰੀ ਸਿੱਖਿਆ**

ਪ੍ਰਭੂ ਯਿਸੂ ਮਸੀਹ ਨੇ ਆਪਣੇ ਸਾਢੇ ਤਿੰਨ ਸਾਲ ਦੀ ਰੂਹਾਨੀ ਸੇਵਕਾਈ ਦੌਰਾਨ ਆਪਣੇ 12 ਚੇਲਿਆਂ ਦੇ ਨਾਲ ਕਿਸ਼ਤੀ ਰਾਹੀਂ ਅਤੇ ਪੈਦਲ ਚੱਲ ਕੇ ਮਨੁੱਖਤਾ ਨੂੰ ਪ੍ਰੇਮ, ਸਦਭਾਵਨਾ ਦਾ ਪ੍ਰਚਾਰ ਕਰਦਿਆਂ ਆਪਣੇ ਦੁਸ਼ਮਣਾਂ ਅਤੇ ਆਪਣੇ ਪੜੋਸੀ ਨੂੰ ਆਪਣੇ ਜਿਹਾ ਪਿਆਰ ਕਰਨ ਲਈ ਪ੍ਰੇਰਿਤ ਕੀਤਾ, ਉਹਨਾਂ ਨੇ ਆਪਣੇ ਵੈਰੀਆਂ ਨੂੰ ਮਾਫ ਕਰਨ ਲਈ ਵੀ ਪ੍ਰੇਰਿਤ ਕੀਤਾ, ਜਿਸ ਦੀ ਮਿਸਾਲ ਉਹਨਾਂ ਨੇ ਸਲੀਬ ਉੱਤੇ ਆਪਣੇ ਦੁਸ਼ਮਣਾਂ ਦੀ ਮਾਫੀ ਲਈ ਇਹ ਪ੍ਰਾਰਥਨਾ ਕੀਤੀ ਕਿ ਹੇ ਪ੍ਰਮੇਸ਼ਵਰ ਇਹਨਾਂ ਨੂੰ ਮਾਫ ਕਰ, ਕਿਉਂਕਿ ਇਹ ਨਹੀਂ ਜਾਣਦੇ ਕਿ ਇਹ ਕੀ ਕਰ ਰਹੇ ਹਨ। (ਮੱਤੀ 9:6, ਮਰਕੁਸ 2 : 10, ਲੂਕਾ 5 : 24)

**ਯਹੂਦੀ ਸ਼ਰਾ ਦੇ ਵਿਰੁੱਧ ਯਸੂ ਨੂੰ ਸਲੀਬ ਦੀ ਸਜ਼ਾ ਦਿੱਤੀ**

ਰੋਮੀ ਹਕੂਮਤ ਦੇ ਵੇਲੇ ਸੰਗੀਨ ਜੁਰਮ ਕਰਨ ਵਾਲੇ ਮੁਲਜ਼ਮ ਨੂੰ ਯਹੂਦੀ ਅਤੇ ਇਬਰਾਨੀ ਸ਼ਰਾ ਦੇ ਮੁਤਾਬਕ ਸਲੀਬ ਦੀ ਸਜ਼ਾ ਦਿੱਤੀ ਜਾਂਦੀ ਸੀ, ਜਦੋਂ ਕਿ ਪ੍ਰਭੂ ਯਿਸੂ ਮਸੀਹ ਨੂੰ ਨਿਰਦੋਸ਼ ਹੁੰਦਿਆਂ ਹੁਕਮਰਾਨਾਂ ਨੇ ਸ਼ਰਾ ਦੀ ਉਲੰਘਣਾ ਕਰਦਿਆਂ ਯਿਸੂ ਨੂੰ ਸਲੀਬੀ ਮੌਤ ਦੀ ਸਜਾ ਦਿੱਤੀ ਜਿਸ ਵਿੱਚ ਵੱਡੀ ਭੀੜ ਨੇ ਵੀ ਹੁਕਮਰਾਨਾਂ ਦਾ ਸਾਥ ਦਿੱਤਾ। ਉਸ ਵੇਲੇ ਕਿਸੇ ਵੀ ਗੰਭੀਰ ਮੁਲਜ਼ਮ ਨੂੰ ਮੌਤ ਦੀ ਸਜ਼ਾ ਦੇਣ ਲਈ 13 ਕਾਨੂੰਨਾਂ ਦੀ ਪਾਲਣਾ ਕਰਨੀ ਪੈਂਦੀ ਸੀ, ਜਦੋਂ ਕਿ ਯਿਸੂ ਨੂੰ ਸਲੀਬੀ ਮੌਤ ਦੀ ਸਜ਼ਾ ਸੁਣਾਉਣ ਵੇਲੇ ਕਿਸੇ ਵੀ ਸ਼ਰਾ ਨੂੰ ਮੁੱਖ ਨਹੀਂ ਰੱਖਿਆ ਗਿਆ, ਕਿਉਂਕਿ ਉਸ ਵੇਲੇ ਦੇ ਧਾਰਮਿਕ ਜਾਜਕਾਂ ਦਾ ਇੱਕੋ-ਇੱਕ ਟੀਚਾ ਸੀ ਕਿ ਯਿਸੂ ਨੂੰ ਕਿਵੇਂ ਮਾਰਿਆ ਜਾਵੇ। ਪ੍ਰਭੂ ਯਿਸੂ ਮਸੀਹ ਵੱਲੋਂ ਅਣਗਿਣਤ ਮੌਜਜ਼ਿਆਂ ਅਤੇ ਜਲਾਲੀ, ਸੱਚੀ ਅਤੇ ਖਰੀ ਸਿੱਖਿਆ ਨਾਲ ਧਾਰਮਿਕ ਜਾਜਕ ਅਤੇ ਹੁਕਮਰਾਨ ਭੈਅ-ਭੀਤ ਹੋ ਗਏ, ਕਿਉਂਕਿ ਉਹਨਾਂ ਨੂੰ ਡਰ ਸੀ ਕਿ ਸਭ ਲੋਕ ਉਹਨਾਂ ਨੂੰ ਛੱਡ ਕੇ ਯਿਸੂ ਦੇ ਪਿੱਛੇ ਨਾ ਹੋ ਜਾਣ, ਜੋ ਹੋ ਰਿਹਾ ਸੀ।

**ਉਹਨਾਂ 'ਤੇ ਅਣ-ਮਨੁੱਖੀ ਤਸ਼ੱਦਦ ਕੀਤਾ ਗਿਆ**

ਪ੍ਰਭੂ ਯਿਸੂ ਮਸੀਹ ਨੇ ਸ਼ੈਤਾਨ, ਪਾਪ ਅਤੇ ਨਰਕ ਨੂੰ ਜਿੱਤਣ ਲਈ ਇਕੱਲਿਆਂ ਹੀ ਲੜਾਈ ਲੜੀ। ਆਪਣੀ ਇਸ ਸ਼ਾਂਤਮਈ ਅਤੇ ਰੂਹਾਨੀ ਲੜਾਈ ਦੌਰਾਨ ਕਈ ਵਾਰ ਉਹਨਾਂ ਨੂੰ ਦੁਸ਼ਮਣਾਂ ਨੇ ਮਾਰਨਾ ਚਾਹਿਆ ਅਤੇ ਇਸ ਵਿੱਚ ਵੈਰੀਆਂ ਨੇ ਯਿਸੂ ਮਸੀਹ ਦੇ ਚੇਲੇ ਯਹੂਦਾ ਇਸਕਰਯੂਤੀ ਦੀ ਸਹਾਇਤਾ ਨਾਲ ਫੜ ਲਿਆ ਅਤੇ ਯਿਸੂ ਮਸੀਹ 'ਤੇ ਅਣਮਨੁੱਖੀ ਤਸ਼ੱਦਦ ਕਰਦਿਆਂ ਅਣਗਿਣਤ ਕੋੜੇ ਮਾਰੇ ਗਏ। ਹੱਥਾਂ-ਪੈਰਾਂ ਵਿੱਚ ਕਿੱਲ ਠੋਕੇ ਗਏ, ਪੱਸਲੀ ਵਿੱਚ ਨੇਜ਼ਾ ਮਾਰਿਆ ਗਿਆ ਅਤੇ ਸਿਰ ਉੱਤੇ ਕੰਡਿਆਂ ਦਾ ਤਾਜ ਪਾਇਆ ਗਿਆ। ਯਿਸੂ ਮਸੀਹ ਨੂੰ ਚਪੇੜਾਂ ਵੀ ਮਾਰੀਆਂ ਗਈਆਂ ਅਤੇ ਠੱਠੇ ਵੀ ਕੀਤੇ ਗਏ। ਇਸ ਅਸਹਿ ਤਸ਼ੱਦਦ ਦੌਰਾਨ ਪ੍ਰਭੂ ਯਿਸੂ ਮਸੀਹ ਦੇ ਮੂੰਹ ਵਿੱਚੋਂ ਉਹਨਾਂ ਵਿਰੁੱਧ ਕੋਈ ਸ਼ਬਦ ਨਹੀਂ ਨਿਕਲਿਆ। ਪ੍ਰਭੂ ਯਿਸੂ ਮਸੀਹ 6 ਘੰਟੇ ਸਲੀਬ 'ਤੇ ਰਹੇ ਤੇ ਬਾਅਦ ਯਿਸੂ ਨੇ ਇਹ ਕਹਿ ਕੇ 'ਪੂਰਾ ਹੋਇਆ' ਭਾਵ ਜਿਸ ਮਕਸਦ ਲਈ ਉਹ ਮਨੁੱਖ ਰੂਪ ਵਿੱਚ ਸੰਸਾਰ ਵਿੱਚ ਆਏ ਸਨ, ਪੂਰਾ ਹੋਇਆ, ਇਹ ਕਹਿ ਕੇ ਪ੍ਰਭੂ ਯਿਸੂ ਮਸੀਹ ਨੇ ਆਪਣੀ ਜਾਨ ਦੇ ਦਿੱਤੀ।

**ਗੁੱਡ ਫਰਾਈ-ਡੇ ਦਾ ਮਹੱਤਵ**

ਅੱਜ ਪੂਰੀ ਦੁਨੀਆ 'ਤੇ ਮਸੀਹ ਭਾਈਚਾਰਾ ਪ੍ਰਭੂ ਯਿਸੂ ਮਸੀਹ ਦੀ ਵਡਮੁੱਲੀ ਕੁਰਬਾਨੀ ਨੂੰ ਯਾਦ ਕਰਦੇ ਹੋਏ ਗੁੱਡ ਫਰਾਈ-ਡੇ ਦੇ ਰੂਪ ਵਿੱਚ ਇਹ ਪਵਿੱਤਰ ਦਿਨ ਬੜੀ ਸ਼ਰਧਾ ਨਾਲ ਮਨਾ ਰਿਹਾ ਹੈ ਕਿ ਪ੍ਰਭੂ ਯਿਸੂ ਮਸੀਹ ਨੇ ਸਮੁੱਚੀ ਮਨੁੱਖਤਾ ਲਈ ਕੁਰਬਾਨ ਹੋ ਕੇ ਅਤੇ ਪਵਿੱਤਰ ਲਹੂ ਨੂੰ ਵਹਾ ਕੇ ਮੁਕਤੀ ਦਾ ਰਸਤਾ ਖੋਲ੍ਹ ਦਿੱਤਾ, ਕਿਉਂਕਿ ਯਿਸੂ ਮਸੀਹ ਨੇ ਮਨੁੱਖਾਂ ਦੇ ਪਾਪ ਚੁੱਕ ਲਏ। ਬਾਇਬਲ ਵਿੱਚ ਲਿਖਿਆ ਹੈ, "ਵੇਖੋ ਪ੍ਰਮੇਸ਼ਵਰ ਦਾ ਲੇਲਾ (ਯਿਸੂ) ਜੋ ਜਗਤ ਦੇ ਪਾਪ ਚੁੱਕ ਲੈ ਜਾਂਦਾ ਹੈ"। (ਯਹੂੰਨਾਂ 1 : 29)

-ਸ਼ੈਲੀ ਐਲਬਰਟ

# ਸੰਪਰਕ : 84270-66688

# ਬੇਅਦਬੀ ਕਰਨ ਵਾਲੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਾ ਕੀਤਾ ਤਾਂ ਰੋਸ ਰੈਲੀ ਕੀਤੀ ਜਾਵੇਗੀ : ਕਰੀਮਪੁਰੀ

**ਮੇਹਟਿਆਣਾ (ਜਗਤਾਰ ਭੁੰਗਰਨੀ)** ਬੀਤੀ ਰਾਤ ਸ਼ਰਾਰਤੀ ਅਨਸਰਾਂ ਵਲੋਂ ਨੂਰਪੁਰ ਜੱਟਾਂ ਵਿਖੇ ਡਾਕਟਰ ਬੀ.ਆਰ ਅੰਬੇਡਕਰ ਸਾਹਿਬ ਦੇ ਬੁੱਤ ਦੀ ਬੇਅਦਬੀ ਕਰਨ ਦਾ ਸਮਾਚਾਰ ਮਿਲਿਆ ਹੈ।ਮਿਲੀ ਜਾਣਕਾਰੀ ਅਨੁਸਾਰ ਨਜਦੀਕੀ ਪਿੰਡ ਨੂਰਪੁਰ ਜੱਟਾਂ ਵਿਖੇ ਸਥਾਪਿਤ ਡਾਕਟਰ ਬੀ.ਆਰ ਅੰਬੇਡਕਰ ਸਾਹਿਬ ਦੇ ਬੁੱਤ ਦੀ ਸ਼ਰਾਰਤੀ ਅਨਸਰਾਂ ਨੇ ਬੇਅਦਬੀ ਕਰਕੇ ਆਪਸੀ ਪਿਆਰ ਤੇ ਸੁਹਾਰਦ ਭੰਗ ਕਰਨ ਦਾ ਯਤਨ ਕੀਤਾ।ਮੌਕੇ ਤੇ ਪਹੁੰਚੇ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਸਾਬਕਾ ਰਾਜ ਸਭਾ ਮੈਂਬਰ ਨੇ ਕਿਹਾ ਕਿ ਨੂਰਪੁਰ ਜੱਟਾਂ ਵਿਖੇ ਸਥਾਪਿਤ ਬਾਬਾ ਸਾਹਿਬ ਦੇ ਇਸ ਬੁੱਤ ਦੀ ਪਹਿਲਾਂ ਵੀ ਬੇਅਦਬੀ ਹੋ ਚੁੱਕੀ ਹੈ ਅਤੇ ਜੇਕਰ ਪੰਜਾਬ ਸਰਕਾਰ ਸੱਚਮੁੱਚ ਬਾਬਾ ਸਾਹਿਬ ਦੀ ਸੋਚ ਦੀ ਹਿਤੈਸ਼ੀ ਹੁੰਦੀ ਤਾਂ ਪਹਿਲੀ ਘਟਨਾ ਦੇ ਦੋਸ਼ੀਆਂ ਨੂੰ ਸਖਤ ਸਜਾਵਾਂ ਦੇ ਕੇ ਅਜਿਹੀ ਘਟਨਾ ਨੂੰ ਦੁਬਾਰਾ ਹੋਣ ਤੋਂ ਰੋਕ ਸਕਦੀ ਸੀ। ਉਹਨਾਂ ਐਲਾਨ ਕੀਤਾ ਕਿ ਜੇਕਰ ਆਉਣ ਵਾਲੇ 72 ਘੰਟਿਆਂ ਵਿੱਚ ਦੋਸ਼ੀਆਂ ਨੂੰ ਨਾ ਗ੍ਰਿਫਤਾਰ ਕੀਤਾ ਗਿਆ ਤਾਂ ਉਹਨਾਂ ਵਲੋਂ ਅਠਾਰਾਂ ਅਪ੍ਰੈਲ ਨੂੰ ਪਿੰਡ ਨੂਰਪੁਰ ਜੱਟਾਂ ਵਿਖੇ ਇੱਕ ਵਿਸ਼ਾਲ ਰੋਸ ਰੈਲੀ ਕੀਤੀ ਜਾਵੇਗੀ।



# ਚੰਗੀਆਂ ਪੁਜ਼ੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀ ਸਨਮਾਨਤ

**ਮਾਹਿਲਪੁਰ (ਸ਼ਫ਼ਰੀ)**- ਪੰਜਾਬ ਸਕੂਲ ਸਿੱਖਿਆ ਬੋਰਡ ਅਧੀਨ ਚੱਲ ਰਹੇ ਇਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜੀਏਟ ਸਕੂਲ ਮਾਹਿਲਪੁਰ ਦਾ 11ਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਇਸ ਮੌਕੇ ਵਿਦਿਆਰਥੀਆਂ ਅਤੇ ਮਾਪਿਆਂ ਦੀ ਹਾਜ਼ਰੀ ਵਿੱਚ ਖਾਲਸਾ ਕਾਲਜ ਮਾਹਿਲਪੁਰ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਅਤੇ ਕਾਲਜੀਏਟ ਸਕੂਲ ਦੇ ਸਟਾਫ ਨੇ ਨਤੀਜੇ ਦਾ ਐਲਾਨ ਕੀਤਾ ਅਤੇ ਚੰਗੀਆਂ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਦੱਸਿਆ ਕਿ ਕਿ ਸੈਸ਼ਨ 2025-26 ਤਹਿਤ ਕਾਮਰਸ ਸਟਰੀਮ ਅਧੀਨ ਗਿਆਰ੍ਹਵੀਂ ਦੇ ਵਿਦਿਆਰਥੀ ਅਰਸ਼ਦੀਪ ਸਿੰਘ ਨੇ 93.8 ਫੀਸਦੀ ਅੰਕ ਹਾਸਲ ਕਰਕੇ ਪਹਿਲਾਂ ਸਥਾਨ ਪ੍ਰਾਪਤ ਕੀਤਾ । ਵਿਦਿਆਰਥੀ ਹਰਸ਼ਦੀਪ ਢਾਂਡਾ ਨੇ 88.6 ਫੀਸਦੀ ਅੰਕਾਂ ਨਾਲ ਦੂਜਾ ਅਤੇ ਜਸ਼ਨਦੀਪ ਸਿੰਘ ਬੈਂਸ ਨੇ 86.8 ਫੀਸਦੀ ਅੰਕ ਹਾਸਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਦੱਸਿਆ ਕਿ ਇਸੇ ਸੈਸ਼ਨ ਤਹਿਤ ਨਾਨ ਮੈਡੀਕਲ ਗਰੁੱਪ ਵਿੱਚ ਵਿਦਿਆਰਥਣ ਗੁਰਲੀਨ ਕੌਰ ਨੇ 91.1 ਫੀਸਦੀ ਅੰਕਾਂ ਨਾਲ ਪਹਿਲਾ, ਸੁਨੀਲ ਰਾਹਲ ਨੇ 86.1 ਫੀਸਦੀ ਅੰਕਾਂ ਨਾਲ ਦੂਜਾ। ਵਿਦਿਆਰਥਣ ਅੰਜਲੀ ਅਤੇ ਸਾਕਸ਼ੀ ਸਰੋਜ ਨੇ 83.5 ਫੀਸਦੀ ਅੰਕ ਬਰਾਬਰ ਹਾਸਲ ਕਰਕੇ ਸਾਂਝੇ ਤੌਰ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਮੈਡੀਕਲ ਗਰੁੱਪ ਵਿੱਚ ਵਿਦਿਆਰਥਣ ਜੈਸਮੀਨ ਕੌਰ ਅਤੇ ਕਸ਼ਿਸ਼ ਚਿਤਕਾਰਾ ਨੇ 91.3 ਫੀਸਦੀ ਅੰਕ ਬਰਾਬਰ ਹਾਸਿਲ ਕਰਕੇ ਸਾਂਝੇ ਤੌਰ 'ਤੇ ਪਹਿਲਾ, ਪ੍ਰਭਜੋਤ ਕੌਰ ਨੇ 90.1 ਫੀਸਦੀ ਅੰਕਾਂ ਨਾਲ ਦੂਜਾ ਅਤੇ ਗਗਨ ਸਹੋਤਾ ਨੇ 89 ਫੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਆਰਟਸ ਸਟਰੀਮ ਅਧੀਨ ਨਿਨਿਦਿਆ ਠਾਕੁਰ ਨੇ 90.1 ਫੀਸਦੀ ਅੰਕਾਂ ਨਾਲ ਪਹਿਲਾ, ਮਨੀਕਸ਼ਾ ਰਾਓ ਨੇ 86.6 ਫੀਸਦੀ ਅੰਕਾਂ ਨਾਲ ਦੂਜਾ ਅਤੇ ਪ੍ਰਭਅੰਸ਼ ਸਿੰਘ ਨੇ 85.3 ਫੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਉਕਤ ਸਟਰੀਮਜ ਵਿੱਚ ਬਾਕੀ ਵਿਦਿਆਰਥੀਆਂ ਦਾ ਨਤੀਜਾ ਵੀ 100 ਫੀਸਦੀ ਰਿਹਾ ਹੈ।ਇਸ ਮੌਕੇ ਪ੍ਰਿੰਸੀਪਲ ਸਮੇਤ ਖਾਲਸਾ ਕਾਲਜੀਏਟ ਸਕੂਲ ਦੇ ਸਮੂਹ ਅਧਿਆਪਕਾਂ ਨੇ ਵੀ ਇਨ੍ਹਾਂ ਵਿਦਿਆਰਥੀਆਂ ਨੂੰ ਚੰਗੇ ਨਤੀਜੇ ਲਈ ਮੁਬਾਰਕਬਾਦ ਦਿੱਤੀ ਅਤੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।



# ਪ੍ਰਕਾਸ਼ ਕੌਰ ਸੰਧੂ ਸ਼ਾਇਰ ਸੁਰਿੰਦਰ ਪਾਲ ਸਿੰਘ ਸੰਧੂ ਯਾਦਗਾਰੀ ਪੁਰਸਕਾਰ ਨਾਲ ਸਨਮਾਨਤ

**ਕਪੂਰਥਲਾ (ਮਨਜੀਤ ਮਾਨ)**- ਸਾਹਿਤਕ ਅਤੇ ਸਾਲਾਨਾ ਸਨਮਾਨ ਸਮਾਗਮਾਂ ਦੀ ਲੜੀ ਨੂੰ ਅੱਗੇ ਤੋਰਦਿਆਂ ਇਸ ਸਾਲ ਮਰਹੂਮ ਸ਼ਾਇਰ ਸੁਰਿੰਦਰਪਾਲ ਸਿੰਘ ਸੰਧੂ ਦੂਸਰਾ ਯਾਦਗਾਰੀ ਪੁਰਸਕਾਰ ਪੰਜਾਬ ਦੀ ਨਾਮਵਰ ਸ਼ਾਇਰਾ ਅਤੇ ਅਨੁਵਾਦਕ ਪ੍ਰਕਾਸ਼ ਕੌਰ ਸੰਧੂ ਨੂੰ ਦਿੱਤਾ ਗਿਆ। ਸੰਧੂ ਪਰਿਵਾਰ ਅਤੇ ਇਲਾਕੇ ਦੀ ਨਾਮਵਰ ਸਾਹਿਤਕ ਸੰਸਥਾ ਸਿਰਜਣਾ ਕੇਂਦਰ ਕਪੂਰਥਲਾ ਦੇ ਪਰਸਪਰ ਸਹਿਯੋਗ ਨਾਲ ਇਹ ਸਨਮਾਨ ਸਮਾਗਮ ਸਿਰਜਣਾ ਕੇਂਦਰ ਦੇ ਦਫ਼ਤਰ ਵਿਰਸਾ ਵਿਹਾਰ ਵਿਖੇ ਕਰਵਾਇਆ ਗਿਆ। ਇਸ ਵਿਸ਼ੇਸ਼ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਤੇਜਿੰਦਰ ਸਿੰਘ ਮੌੜ (ਸੇਵਾ ਮੁਕਤ ਡੀ ਆਈ ਜੀ) ਨੇ ਸ਼ਿਰਕਤ ਕੀਤੀ ਜਦ ਕਿ ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਕੇਂਦਰ ਦੇ ਪ੍ਰਧਾਨ ਕੌਮਾਂਤਰੀ ਸ਼ਾਇਰ ਕੰਵਰ ਇਕਬਾਲ ਸਿੰਘ, ਸੁਰਿੰਦਰਪਾਲ ਸਿੰਘ ਸੰਧੂ ਦੇ ਸਪੁੱਤਰ ਗੁਰਤੇਜ ਸਿੰਘ (ਰਾਜਾ ਸੰਧੂ) ਉਸਤਾਦ ਸ਼ਾਇਰ ਸੁਰਜੀਤ ਸਾਜਨ, ਰੂਪ ਦਬੁਰਜੀ ਆਦਿ ਬਿਰਾਜਮਾਨ ਹੋਏ। ਸਮਾਗਮ ਦੀ ਸ਼ੁਰੂਆਤ ਕਰਦਿਆਂ ਕੇਂਦਰ ਦੇ ਜਨਰਲ ਸਕੱਤਰ ਸ਼ਹਿਬਾਜ਼ ਖ਼ਾਨ ਨੇ ਕੇਂਦਰ ਦੀਆਂ ਸਾਹਿਤਕ ਗਤੀਵਿਧੀਆਂ ਬਾਰੇ ਗੱਲ ਕਰਦਿਆਂ ਕਿਹਾ ਕਿ ਇਹ ਸਨਮਾਨ ਦੇ ਕੇ ਸਭਾ ਦਾ ਕੱਦ ਹੋਰ ਉੱਚਾ ਹੋਇਆ ਹੈ। ਉਨ੍ਹਾਂ ਕਿਹਾ ਕਿ ਮਰਹੂਮ ਸ਼ਾਇਰ ਸੁਰਿੰਦਰਪਾਲ ਸਿੰਘ ਸੰਧੂ ਨੇ ਲੰਮਾ ਸਮਾਂ ਪੰਜਾਬ ਸਕੂਲ ਸਿੱਖਿਆ ਬੋਰਡ ਵਿੱਚ ਬਤੌਰ ਡਿਪਟੀ ਸੈਕਟਰੀ ਆਪਣੀਆਂ ਸੇਵਾਵਾਂ ਵੀ ਦਿੱਤੀਆਂ। ਪ੍ਰਧਾਨ ਕੰਵਰ ਇਕਬਾਲ ਸਿੰਘ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਆਖਦਿਆਂ ਕਿਹਾ ਕਿ ਸਿਰਜਣਾ ਕੇਂਦਰ ਤਕਰੀਬਨ ਚੁਤਾਲੀ ਸਾਲ ਪੁਰਾਣੀ ਸਾਹਿਤਕ ਸੰਸਥਾ ਹੈ ਜਿਸ ਨੇ ਬਹੁਤ ਸਾਰੇ ਨਾਮਵਰ ਸ਼ਾਇਰਾਂ ਨੂੰ ਪੈਦਾ ਕੀਤਾ। ਇਸ ਉਪਰੰਤ ਸਨਮਾਨ ਦੀ ਰਸਮ ਅਦਾ ਕੀਤੀ ਗਈ। ਸੰਧੂ ਪਰਿਵਾਰ ਵਲੋਂ ਪ੍ਰਕਾਸ਼ ਕੌਰ ਸੰਧੂ ਨੂੰ ਸਵਰਗੀ ਸੁਰਿੰਦਰਪਾਲ ਸਿੰਘ ਸੰਧੂ ਯਾਦਗਾਰੀ ਸਨਮਾਨ ਨਾਲ ਸਨਮਾਨ ਚਿੰਨ੍ਹ ਅਤੇ ਸਨਮਾਨ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ। ਸਿਰਜਣਾ ਕੇਂਦਰ ਦੇ ਪ੍ਰਧਾਨ ਕੰਵਰ ਇਕਬਾਲ ਸਿੰਘ, ਜਨਰਲ ਸਕੱਤਰ ਸ਼ਹਿਬਾਜ਼ ਖ਼ਾਨ, ਸੀਨੀਅਰ ਮੀਤ ਪ੍ਰਧਾਨ ਆਸ਼ੂ ਕੁਮਰਾ, ਮੀਤ ਪ੍ਰਧਾਨ ਮਲਕੀਤ ਸਿੰਘ ਮੀਤ ਅਤੇ ਸਲਾਹਕਾਰਾਂ ਵਿੱਚ ਸ਼ਾਮਿਲ ਅਵਤਾਰ ਸਿੰਘ ਗਿੱਲ ਅਤੇ ਅਵਤਾਰ ਸਿੰਘ ਭੰਡਾਲ ਨੇ ਸੁਰਿੰਦਰਪਾਲ ਸਿੰਘ ਦੀ ਸੁਪਤਨੀ ਸਰਬਜੀਤ ਕੌਰ ਸੰਧੂ ਨੂੰ ਸਨਮਾਨ ਚਿੰਨ੍ਹ ਭੇਟ ਕੀਤਾ। ਸਮੁੱਚੇ ਸੰਧੂ ਪਰਿਵਾਰ ਨੇ ਸਿਰਜਣਾ ਕੇਂਦਰ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਮੁੱਖ ਮਹਿਮਾਨ ਤੇਜਿੰਦਰ ਸਿੰਘ ਮੌੜ ਨੂੰ ਸਨਮਾਨ ਚਿੰਨ੍ਹ ਨਾਲ ਸਨਮਾਨਿਤ ਕੀਤਾ।



# ਨਾਗਰਿਕ ਵੈਰੀਫਿਕੇਸ਼ਨ ਅਰਜ਼ੀਆਂ ਕੌਂਸਲਰ ਪੋਰਟਲ 'ਤੇ ਨਹੀਂ ਆ ਰਹੀਆਂ : ਸ਼ਵੇਤਾ

**ਮਹਿਤਪੁਰ (ਰਾਜਾ)** ਨਗਰ ਪੰਚਾਇਤ ਮਹਿਤਪੁਰ ਦੇ ਵਾਰਡ ਨੰਬਰ 5 ਦੀ ਮਿਊਂਸਪਲ ਕੌਂਸਲਰ ਸ਼ਵੇਤਾ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਇੱਕ ਗੰਭੀਰ ਮਸਲੇ ਵੱਲ ਧਿਆਨ ਦੇਣ ਲਈ ਅਪੀਲ ਕੀਤੀ ਹੈ। ਉਨ੍ਹਾਂ ਨੇ ਦੱਸਿਆ ਕਿ ਪਿਛਲੇ ਇੱਕ ਸਾਲ ਤੋਂ ਵਾਰਡ ਨਾਲ ਸੰਬੰਧਿਤ ਨਾਗਰਿਕਾਂ ਦੀਆਂ ਰਿਹਾਇਸ਼, ਆਮਦਨ ਅਤੇ ਹੋਰ ਸਰਟੀਫਿਕੇਟਾਂ ਦੀ ਵੈਰੀਫਿਕੇਸ਼ਨ ਲਈ ਅਰਜ਼ੀਆਂ ਉਨ੍ਹਾਂ ਦੇ ਕੌਂਸਲਰ ਪੋਰਟਲ 'ਤੇ ਨਹੀਂ ਭੇਜੀਆਂ ਜਾ ਰਹੀਆਂ।ਉਨ੍ਹਾਂ ਦੇ ਮੁਤਾਬਕ ਸਰਕਾਰੀ ਨਿਯਮਾਂ ਅਨੁਸਾਰ ਇਹ ਅਰਜ਼ੀਆਂ ਸੰਬੰਧਿਤ ਵਾਰਡ ਦੇ ਚੁਣੇ ਹੋਏ ਕੌਂਸਲਰ ਨੂੰ ਭੇਜਣੀਆਂ ਲਾਜ਼ਮੀ ਹੁੰਦੀਆਂ ਹਨ, ਪਰ ਇਸ ਪ੍ਰਕਿਰਿਆ ਦੀ ਪਾਲਣਾ ਨਹੀਂ ਕੀਤੀ ਜਾ ਰਹੀ। ਕੌਂਸਲਰ ਸ਼ਵੇਤਾ ਨੇ ਕਿਹਾ ਕਿ ਇਸ ਮਾਮਲੇ ਸਬੰਧੀ ਉਹ ਕਈ ਵਾਰ ਸਥਾਨਕ ਪਟਵਾਰੀਆਂ ਅਤੇ ਨਾਇਬ ਤਹਿਸੀਲਦਾਰ ਮਹਿਤਪੁਰ ਨਾਲ ਗੱਲ ਕਰ ਚੁੱਕੇ ਹਨ। ਇਸ ਤੋਂ ਇਲਾਵਾ ਮਾਮਲਾ ਐੱਸ ਡੀ ਐੱਮ ਨਕੋਦਰ ਦੇ ਧਿਆਨ ਵਿੱਚ ਵੀ ਲਿਆਂਦਾ ਗਿਆ ਸੀ ਅਤੇ ਲਿਖਤੀ ਬੇਨਤੀ ਵੀ ਦਿੱਤੀ ਗਈ, ਪਰ ਅਜੇ ਤੱਕ ਕੋਈ ਹੱਲ ਨਹੀਂ ਨਿਕਲਿਆ।ਉਨ੍ਹਾਂ ਨੇ ਦੱਸਿਆ ਕਿ ਕਈ ਮਾਮਲਿਆਂ ਵਿੱਚ ਵੈਰੀਫਿਕੇਸ਼ਨ ਲੰਬੜਦਾਰਾਂ ਰਾਹੀਂ ਕੀਤੀ ਜਾ ਰਹੀ ਹੈ, ਜੋ ਕਿ ਨਿਯਮਾਂ ਦੇ ਉਲਟ ਹੈ। ਕੁਝ ਨਿਵਾਸੀਆਂ ਵੱਲੋਂ ਇਹ ਵੀ ਸ਼ਿਕਾਇਤ ਮਿਲੀ ਹੈ ਕਿ ਇਸ ਪ੍ਰਕਿਰਿਆ ਵਿੱਚ ਪੈਸਿਆਂ ਦੀ ਲੈਣ-ਦੇਣ ਹੋ ਸਕਦਾ ਹੈ।ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਮਾਮਲੇ ਦੀ ਜਾਂਚ ਕਰਵਾਈ ਜਾਵੇ ਅਤੇ ਸੰਬੰਧਿਤ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਜਾਣ ਕਿ ਵਾਰਡ ਨੰਬਰ 5 ਨਾਲ ਸੰਬੰਧਿਤ ਸਾਰੀਆਂ ਅਰਜ਼ੀਆਂ ਨਿਯਮਾਂ ਅਨੁਸਾਰ ਕੌਂਸਲਰ ਪੋਰਟਲ ਰਾਹੀਂ ਹੀ ਭੇਜੀਆਂ ਜਾਣ।



# ਡਾ. ਸੁੱਖੀ ਨੇ 226 ਘਰਾਂ ਦੀਆਂ ਰਜਿਸਟਰੀਆਂ ਲਾਭਪਾਤਰੀਆਂ ਨੂੰ ਸੌਂਪੀਆਂ

**ਬੰਗਾ (ਅਵਤਾਰ ਕਲੇਰ)**- ਡਾ. ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ ਦੇ ਪਿੰਡ ਅਟਾਰੀ ਵਿੱਚ ਮੇਰਾ ਘਰ ਮੇਰੇ ਨਾਂਅ ਯੋਜਨਾ ਅਧੀਨ 226 ਘਰਾਂ ਦੀਆਂ ਰਜਿਸਟਰੀਆਂ ਲਾਭਪਾਤਰੀਆਂ ਨੂੰ ਸੌਂਪੀਆਂ ਗਈਆਂ। ਇਸ ਮਹੱਤਵਪੂਰਨ ਯੋਜਨਾ ਦੀ ਸ਼ੁਰੂਆਤ ਪਿੰਡ ਅਟਾਰੀ ਤੋਂ ਕੀਤੀ ਗਈ। ਇਸ ਮੌਕੇ ਤੇ ਡਾ. ਸੁੱਖੀ ਨੇ ਸੰਬੋਧਨ ਕਰਦਿਆਂ ਦੱਸਿਆ ਗਿਆ ਕਿ ਮੇਰਾ ਘਰ ਮੇਰੇ ਨਾਮ ਯੋਜਨਾ ਨਾਲ ਲਾਭਪਾਤਰੀਆਂ ਨੂੰ ਆਪਣੇ ਘਰਾਂ ਦਾ ਪੂਰਾ ਕਾਨੂੰਨੀ ਮਾਲਕੀ ਹੱਕ ਮਿਲ ਗਿਆ ਹੈ। ਹੁਣ ਉਹ ਆਪਣੀ ਜਾਇਦਾਦ ਦੇ ਆਧਾਰ 'ਤੇ ਬੈਂਕਾਂ ਤੋਂ ਲੋਨ ਲੈ ਸਕਣਗੇ, ਆਪਣੇ ਘਰਾਂ ਨੂੰ ਗਿਰਵੀ ਰੱਖ ਕੇ ਆਰਥਿਕ ਸਹਾਇਤਾ ਪ੍ਰਾਪਤ ਕਰ ਸਕਣਗੇ ਅਤੇ ਆਪਣੇ ਜੀਵਨ ਪੱਧਰ ਨੂੰ ਹੋਰ ਸੁਧਾਰ ਸਕਣਗੇ। ਇਸ ਨਾਲ ਉਹਨਾਂ ਨੂੰ ਸਿਰਫ਼ ਸੁਰੱਖਿਆ ਹੀ ਨਹੀਂ ਮਿਲੇਗੀ, ਸਗੋਂ ਉਹ ਆਪਣੇ ਸੰਪਤੀ ਹੱਕ ਨੂੰ ਹੋਰ ਵੱਖ-ਵੱਖ ਤਰੀਕਿਆਂ ਨਾਲ ਵੀ ਵਰਤ ਸਕਣਗੇ। ਇਸ ਯੋਜਨਾ ਨਾਲ ਗਰੀਬ ਅਤੇ ਜ਼ਰੂਰਤਮੰਦ ਪਰਵਾਰਾਂ ਨੂੰ ਵੱਡੀ ਰਾਹਤ ਮਿਲੀ ਹੈ ਅਤੇ ਉਹਨਾਂ ਦੀ ਆਰਥਿਕ ਅਤੇ ਸਮਾਜਿਕ ਸਥਿਤੀ ਵਿੱਚ ਵੀ ਮਜ਼ਬੂਤੀ ਆਏਗੀ। ਪਿੰਡ ਵਾਸੀਆਂ ਵੱਲੋਂ ਇਸ ਉਪਰਾਲੇ ਦੀ ਖੂਬ ਸਰਾਹਨਾ ਕੀਤੀ ਗਈ ਅਤੇ ਇਸ ਨੂੰ ਲੋਕ-ਹਿਤੈਸ਼ੀ ਕਦਮ ਕਰਾਰ ਦਿੱਤਾ ਗਿਆ। ਇਸ ਮੌਕੇ 'ਤੇ ਐੱਸ ਡੀ ਐੱਮ ਬੰਗਾ ਵਿਪਿਨ ਭੰਡਾਰੀ, ਨਾਇਬ ਤਹਿਸੀਲਦਾਰ ਲਵਪ੍ਰੀਤ ਸਿੰਘ, ਬੀ ਡੀ ਪੀ ਓ ਬੰਗਾ ਆਦੇਸ਼, ਸੋਹਣ ਲਾਲ ਢੰਡਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਪਵਨਜੀਤ ਸਿੰਘ ਸਿੱਧੂ ਹਲਕਾ ਸੰਗਠਨ ਇੰਚਾਰਜ, ਪਟਵਾਰੀ ਜਗਤਪਾਲ ਸਿੰਘ, ਏ ਐੱਸ ਐੱਮ ਜੈ ਗੋਪਾਲ ਰਾਣਾ, ਰਘਵੀਰ ਸਿੰਘ ਸਰਪੰਚ ਅਟਾਰੀ, ਪ੍ਰਭਜੋਤ ਸਿੰਘ ਰੀਡਰ ਤਹਿਸੀਲਦਾਰ ,ਰਵਿੰਦਰ ਸਿੰਘ, ਕਮਲਜੀਤ ਸਿੰਘ ਮੇਹਲੀ, ਗੁਰਮੇਲ ਸਿੰਘ ਸਾਹਲੋਂ ਅਤੇ ਹੋਰ ਵੀ ਪਿੰਡ ਦੇ ਪਤਵੰਤੇ ਸੱਜਣ ਹਾਜ਼ਰ ਸਨ।ਇਹ ਉਪਰਾਲਾ ਹਲਕਾ ਬੰਗਾ ਵਿੱਚ ਵਿਕਾਸ ਦੇ ਨਵੇਂ ਮਿਆਰ ਸਥਾਪਿਤ ਕਰਦਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਲੋਕ-ਭਲਾਈ ਯੋਜਨਾਵਾਂ ਨੂੰ ਲਾਗੂ ਕਰਨ ਲਈ ਵਚਨਬੱਧਤਾ ਨੂੰ ਦਰਸਾਉਂਦਾ ਹੈ।



# ਐੱਲ ਪੀ ਯੂ ਸਟਾਰਟਅੱਪ ਨੇ ਸ਼ੀ ਕੋਹੋਰਟ 4.0 'ਚ ਚੋਟੀ ਦੇ ਸਨਮਾਨ ਜਿੱਤੇ

**ਜਲੰਧਰ ( ਸ਼ੈਲੀ ਐਲਬਰਟ)**- ਭਾਰਤ ਦੇ ਸਿਹਤ-ਤਕਨੀਕੀ ਖੇਤਰ ਵਿੱਚ ਉੱਭਰ ਰਹੀਆਂ ਔਰਤਾਂ ਦੀ ਅਗਵਾਈ ਵਾਲੀ ਨਵੀਨਤਾ ਦੇ ਮਜ਼ਬੂਤ ਸਮਰਥਨ ਵਿੱਚ, ਇਸ ਸਟਾਰਟਅੱਪ ਨੇ ਸ਼ੀ ਕੋਹੋਰਟ 4.0 ਵਿੱਚ ਚੋਟੀ ਦੇ ਸਨਮਾਨ ਜਿੱਤੇ ਹਨ, ਜੋ ਕਿ ਪੰਜਾਬ ਸਰਕਾਰ ਦੁਆਰਾ ਸਮਰਥਤ ਇੱਕ ਪਹਿਲ ਹੈ ਜੋ ਉੱਚ-ਪ੍ਰਭਾਵ ਵਾਲੇ ਉੱਦਮੀਆਂ ਦੇ ਯਤਨਾਂ ਨੂੰ ਮਾਨਤਾ ਦਿੰਦੀ ਹੈ। ਇਸ ਪ੍ਰਾਪਤੀ ਦੇ ਹਿੱਸੇ ਵਜੋਂ, ਫੇਮੋਰਾਏ ਆਈ ਨੂੰ 0.75 ਲੱਖ ਦੀ ਸੀਡ ਗ੍ਰਾਂਟ ਨਾਲ ਸਨਮਾਨਿਤ ਕੀਤਾ ਗਿਆ ਹੈ, ਜਦੋਂ ਕਿ ਇਸਦੇ ਸਹਿ-ਸੰਸਥਾਪਕ, ਅਮੁੱਲਿਆ ਪੋਨਾਲਾ ਨੂੰ ਵੀ ਸ਼ੀ ਕਮਿਊਨਿਟੀ ਅੰਬੈਸਡਰ ਵਜੋਂ ਚੁਣਿਆ ਗਿਆ ਹੈ। ਇਹ ਮਾਨਤਾ ਸਮਾਰਟ ਅਤੇ ਉਦੇਸ਼-ਸੰਚਾਲਿਤ ਤਕਨਾਲੋਜੀਆਂ ਵੱਲ ਵਧ ਰਹੇ ਰੁਝਾਨ ਨੂੰ ਉਜਾਗਰ ਕਰਦੀ ਹੈ ਜੋ ਅਸਲ-ਸੰਸਾਰ ਸਿਹਤ ਚੁਣੌਤੀਆਂ ਨੂੰ ਹੱਲ ਕਰਦੀਆਂ ਹਨ।ਐੱਲ ਪੀ ਯੂ ਦੇ ਤੀਜੇ ਸਾਲ ਦੇ ਬੀ ਟੈਕ ਸੀ ਐੱਸ ਈ ਵਿਦਿਆਰਥੀਆਂ ਰਮਨਜੀਤ ਸਿੰਘ (ਸੰਸਥਾਪਕ ਤੇ ਸੀ ਈ ਓ) ਤੇ ਅਮੁੱਲਿਆ ਪੋਨਾਲਾ (ਸੰਸਥਾਪਕ ਅਤੇ ਸੀ ਟੀ ਓ) ਦੁਆਰਾ ਵਿਕਸਤ ਕੀਤਾ ਗਿਆ, ਫੇਮੋਰਾਏ ਆਈ ਇੱਕ ਏ ਆਈ-ਸੰਚਾਲਿਤ ਮਹਿਲਾ ਤੰਦਰੁਸਤੀ ਪਲੇਟਫਾਰਮ ਹੈ। ਇਹ ਵਿਸ਼ੇਸ਼ ਤੌਰ 'ਤੇ ਭਾਰਤੀ ਉਪਭੋਗਤਾਵਾਂ ਲਈ ਕਲੀਨਿਕਲ ਸ਼ੁੱਧਤਾ ਨਾਲ ਮਾਹਵਾਰੀ ਚੱਕਰ ਨੂੰ ਸਮਝਣ ਅਤੇ ਭਵਿੱਖਬਾਣੀ ਕਰਨ ਲਈ ਤਿਆਰ ਕੀਤਾ ਗਿਆ ਹੈ।




# ਬੀ ਐੱਨ ਡੀ ਸਕੂਲ ਵਿਖੇ ਮੇਲਾ ਕਰਵਾਇਆ



**ਅੱਡਾ ਸਰਾਂ (ਜਸਵੀਰ ਕਾਜਲ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਗਿਆਰਵੀਂ ਜਮਾਤ ਦੇ ਆਰਟਸ, ਸਾਇੰਸ ਅਤੇ ਕਾਮਰਸ ਦੇ ਵਿਦਿਆਰਥੀਆਂ ਨੇ ਬਿਜਨਸ ਬਲਾਸਟਰਸ ਪ੍ਰੋਗਰਾਮ ਅਧੀਨ ਮੇਲੇ ਦਾ ਆਯੋਜਨ ਆਪਣੇ ਆਪਣੇ ਗਰੁੱਪ ਲੀਡਰ ਅਧੀਨ ਅਤੇ ਇੰਚਾਰਜ ਸਾਹਿਬਾਨ ਦੀ ਸਹਾਇਤਾ ਨਾਲ ਆਯੋਜਿਤ ਕੀਤਾ। ਇਸ ਵਿੱਚ ਗਰੁੱਪਾਂ ਨੇ ਹਿੱਸਾ ਲਿਆ ਜਿਸ ਵਿੱਚ ਉਹਨਾਂ ਨੇ ਸੈਂਡਵਿਚ, ਗੁੜ, ਚੀਜ਼ ਕੇਕ, ਪੈਨ ਹੋਲਡਰ, ਪੀਜ਼ਾ, ਵਾਲ ਹੈਂਗਿੰਗ, ਪਾਸਤਾ ,ਵੂਲਨ ਕ੍ਰਾਫਟ ,ਕਲੇਅ ਆਰਟ ਰਾਹੀਂ ਆਪਣੀ ਆਪਣੀ ਵਪਾਰਿਕ ਸੋਚ ਦਾ ਪ੍ਰਗਟਾਵਾ ਕੀਤਾ। ਗਰੁੱਪ ਲੀਡਰ ਪ੍ਰਭ ਸਿਮਰਪ੍ਰੀਤ ਕੌਰ, ਪ੍ਰੀਤ ਇੰਦਰ ਕੌਰ, ਤਰਨਪ੍ਰੀਤ ਕੌਰ, ਹਰਸਿਮਰ ਕੌਰ, ਰਣਵੀਰ ਕੌਰ, ਦਵਨਪ੍ਰੀਤ ਕੌਰ, ਪਲਕ ਵਿਸ਼ਿਸ਼ਟ, ਅਰਸ਼ਦੀਪ ਕੌਰ ਰਾਧਿਕਾ, ਲਵਪ੍ਰੀਤ ਕੌਰ, ਖੁਸ਼ਪ੍ਰੀਤ ਕੌਰ, ਸ਼ੈਲਜਾ, ਅੰਕਿਤਾ ,ਕਨਿਕਾ, ਗੁਰਿੰਦਰ ਸਿੰਘ, ਜਸਵਿੰਦਰ ਸਿੰਘ ਬਾਜਵਾ, ਤਰਨਜੋਤ ਕੌਰ, ਰੋਹਿਨ ਕੁਮਾਰ ਨੇ ਕ੍ਰਮਵਾਰ ਆਪਣੇ-ਆਪਣੇ ਗਰੁੱਪ ਵਿੱਚ ਵੱਖ ਵੱਖ ਆਈਟਮ ਬਣਾ ਕੇ ਬਿਜਨਸ ਬਲਾਸਟਰਸ ਦੇ ਪ੍ਰੋਗਰਾਮ ਦਾ ਸਫਲ ਆਯੋਜਨ ਕੀਤਾ। ਪ੍ਰਿੰਸੀਪਲ ਜੈ ਕ੍ਰਿਸ਼ਨ ਮਹਿਤਾ ਨੇ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਵਿਦਿਆਰਥੀਆਂ ਦੇ ਉਜਵਲ ਭਵਿੱਖ ਲਈ ਵਪਾਰਿਕ ਗੁਣਾਂ ਰਾਹੀਂ ਜਾਣੂ ਕਰਵਾਉਣ ਦੇ ਇਸ ਪ੍ਰੋਗਰਾਮ ਨੂੰ ਮੀਲ ਦਾ ਪੱਥਰ ਦੱਸਿਆ। ਇਸ ਮੌਕੇ ਅਮਿਤ ਕੁਮਾਰ, ਗੁਰਪ੍ਰੀਤ ਸਿੰਘ ਜੌੜਾ, ਰਾਜਵਿੰਦਰ ਕੌਰ, ਮਨਿੰਦਰ ਕੌਰ, ਸਵਾਤੀ, ਗੁਰਬਖਸ਼ ਕੌਰ, ਕੋਮਲ, ਜਸਵੀਰ ਕੌਰ, ਮਨਦੀਪ ਕੌਰ, ਪਰਮਜੀਤ ਕੌਰ, ਰੁਕਸਾਨਾ, ਵੰਦਨਾ, ਅਮਨਜੀਤ, ਜਾਨਵੀਰ ਕੌਰ, ਅੰਜਨੀ ਸ਼ਰਮਾ ਤੇ ਸਮੂਹ ਸਟਾਫ ਹਾਜ਼ਰ ਸੀ।

# ਡਾ. ਸੁਰਿੰਦਰ ਜੀਤ ਕੌਰ ਐਡਮਿਨਸਟ੍ਰੇਟਰ ਤੇ ਡਾ. ਵੰਦਨਾ ਬਾਂਸਲ ਆਫੀਸ਼ੀਏਟਿੰਗ ਪ੍ਰਿੰਸੀਪਲ ਨਿਯੁਕਤ

**ਫਗਵਾੜਾ (ਡਾ. ਰਮਨ)**- ਅਕਾਦਮਿਕ ਲੀਡਰਸ਼ਿਪ ਨੂੰ ਮਜ਼ਬੂਤ ਕਰਨ ਤੇ ਰਾਸ਼ਟਰੀ ਸਿੱਖਿਆ ਨੀਤੀ ਦੇ ਦ੍ਰਿਸ਼ਟੀਕੋਣ ਨਾਲ ਮੇਲ ਖਾਂਦੇ ਹੋਏ, ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਨੇ ਰਾਮਗੜ੍ਹੀਆ ਕਾਲਜ ਆਫ਼ ਐਜੂਕੇਸ਼ਨ ਫਗਵਾੜਾ ਦੀ ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ ਨੂੰ ਰਾਮਗੜ੍ਹੀਆ ਕਾਲਜਾਂ ਦੇ ਐਡਮਿਨਸਟ੍ਰੇਟਰ ਨਿਯੁਕਤ ਕੀਤਾ ਹੈ ਤੇ ਡਾ. ਵੰਦਨਾ ਬੰਸਲ ਨੂੰ ਰਾਮਗੜ੍ਹੀਆ ਕਾਲਜ ਫਗਵਾੜਾ ਦੀ ਆਫੀਸ਼ੀਏਟਿੰਗ ਪ੍ਰਿੰਸੀਪਲ ਨਿਯੁਕਤ ਕੀਤਾ ਗਿਆ ਹੈ।ਡਾ. ਸੁਰਿੰਦਰ ਜੀਤ ਕੌਰ ਅਧਿਆਪਨ ਤੇ ਖੋਜ ਵਿੱਚ ਵਿਸ਼ਾਲ ਤਜ਼ਰਬੇ, ਲੀਡਰਸ਼ਿਪ ਅਤੇ ਸਮਰਪਣ ਲਈ ਜਾਣੇ ਜਾਂਦੇ ਹਨ। ਉਹਨਾਂ ਨੇ ਵਿਦਿਆਕ ਮਿਆਰਾਂ ਨੂੰ ਮਜਬੂਤ ਕਰਨ ਵਿੱਚ ਹਮੇਸ਼ਾ ਯੋਗਦਾਨ ਪਾਇਆ ਹੈ। ਡਾ. ਵੰਦਨਾ ਬੰਸਲ, ਆਪਣੇ ਅਧਿਆਪਨ ਅਨੁਭਵ ਤੇ ਮਜ਼ਬੂਤ ਅਕਾਦਮਿਕ ਪਿਛੋਕੜ ਦੇ ਨਾਲ, ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ, ਪ੍ਰਗਤੀਸ਼ੀਲ ਅਤੇ ਵਿਦਿਆਰਥੀ-ਕੇਂਦ੍ਰਿਤ ਸਿੱਖਣ ਵਾਤਾਵਰਣ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ।ਇੱਥੇ ਇਹ ਜ਼ਿਕਰਯੋਗ ਹੈ ਕਿ 1946 ਵਿੱਚ ਸਥਾਪਿਤ, ਰਾਮਗੜ੍ਹੀਆ ਕਾਲਜ ਉੱਚ ਸਿੱਖਿਆ ਵਿੱਚ ਇੱਕ ਅਮੀਰ ਵਿਰਾਸਤ ਰੱਖਦਾ ਹੈ ਤੇ ਡਾ. ਵੰਦਨਾ ਬੰਸਲ ਇਸ ਸੰਸਥਾ ਦੇ ਪਹਿਲੇ ਮਹਿਲਾ ਆਫੀਸ਼ੀਏਟਿੰਗ ਪ੍ਰਿੰਸੀਪਲ ਨਿਯੁਕਤ ਹੋਏ ਹਨ।ਇਸ ਮੌਕੇ ਡਾ. ਵਿਓਮਾ ਭੋਗਲ ਢੱਟ, ਡਾਇਰੈਕਟਰ, ਰਾਮਗੜ੍ਹੀਆ ਐਜੂਕੇਸ਼ਨਲ ਇੰਸਟੀਟਿਊਸ਼ਨਜ਼, ਸ਼੍ਰੀਮਤੀ ਰਵਨੀਤ ਭੋਗਲ ਕਾਲੜਾ, ਐਡੀਸ਼ਨਲ ਡਾਇਰੈਕਟਰ, ਰਾਮਗੜ੍ਹੀਆ ਐਜੂਕੇਸ਼ਨਲ ਇੰਸਟੀਟਿਊਸ਼ਨਜ਼ ਅਤੇ ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਦਫਤਰੀ ਦੇ ਮੈਂਬਰ ਵੀ ਮੌਜੂਦ ਸਨ। ਰਾਸ਼ਟਰੀ ਸਿੱਖਿਆ ਨੀਤੀ 2020 ਅਨੁਸਾਰ ਸਟੈਂਡਅਲੋਨ ਸੰਸਥਾਵਾਂ ਨੂੰ ਹੌਲੀ-ਹੌਲੀ ਖਤਮ ਕੀਤਾ ਜਾਵੇਗਾ ਜਿਸ ਕਰਕੇ ਬਹੁਵਿਸ਼ਾਈ ਕਾਲਜਾਂ ਅਤੇ ਯੂਨੀਵਰਸਿਟੀਆਂ ਦੀ ਸਥਾਪਨਾ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਇਸ ਲਈ ਰਾਮਗੜ੍ਹੀਆ ਕਾਲਜ ਨੂੰ ਬਹੁਅਨੁਸ਼ਾਸਨੀ ਕਾਲਜ ਵਿੱਚ ਤਬਦੀਲ ਕਰਨ ਦੀ ਕਾਰਗੁਜ਼ਾਰੀ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ।ਇਸ ਨਾਲ ਸੰਪੂਰਨ ਵਿਕਾਸ ਅਤੇ ਅਕਾਦਮਿਕ ਉਤਮਤਾ ਦੇ ਮਿਆਰ ਵਿੱਚ ਵਾਧਾ ਹੋਵੇਗਾ।



# ਭਾਜਪਾ ਦਫ਼ਤਰ 'ਤੇ ਗ੍ਰਨੇਡ ਹਮਲੇ ਦੀ ਨਿੰਦਾ

**ਬਲਾਚੌਰ (ਜਸਵਿੰਦਰ ਬੈਂਸ)**- ਪੰਕਜ ਕੁਮਾਰ ਨੇ ਸੈਕਟਰ 37, ਚੰਡੀਗੜ੍ਹ ਵਿਖੇ ਭਾਜਪਾ ਮੁੱਖ ਦਫ਼ਤਰ 'ਤੇ ਹੋਏ ਗ੍ਰਨੇਡ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਕਾਇਰਾਨਾ ਹਰਕਤਾਂ ਨਾਲ ਦੇਸ਼ ਦੀ ਸ਼ਾਂਤੀ ਅਤੇ ਕਾਨੂੰਨ-ਵਿਵਸਥਾ ਨੂੰ ਖ਼ਤਰਾ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜੋ ਬਿਲਕੁਲ ਬਰਦਾਸ਼ਤਯੋਗ ਨਹੀਂ ਹੈ।ਉਨ੍ਹਾਂ ਨੇ ਕਿਹਾ ਕਿ ਇਸ ਹਮਲੇ ਦੇ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਕਾਨੂੰਨ ਦੇ ਕਟਘਰੇ ਵਿੱਚ ਲਿਆਉਣਾ ਚਾਹੀਦਾ ਹੈ ਅਤੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ, ਤਾਂ ਜੋ ਅਜਿਹੀਆਂ ਘਟਨਾਵਾਂ ਦੁਬਾਰਾ ਨਾ ਹੋਣ।ਪੰਕਜ ਕੁਮਾਰ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸੁਰੱਖਿਆ ਪ੍ਰਬੰਧ ਹੋਰ ਮਜ਼ਬੂਤ ਕੀਤੇ ਜਾਣ ।

## ਜਨਮ ਦਿਨ ਮੁਬਾਰਕ



ਐਜ਼ਰਾ ਸਾਰਾ, ਹੁਸ਼ਿਆਰਪੁਰ



ਅਨੁਸ਼ਕਾ ਮੱਕੜ, ਬੰਗਾ

## ਮੁਬਾਰਕਾਂ



ਗੁਰਜੰਟ ਸਿੰਘ ਵਾਸੀ ਗੁਰਦਾਸਪੁਰ ਦਾ ਸ਼ੁਭ ਵਿਆਹ ਬਲਜੀਤ ਕੌਰ ਵਾਸੀ ਚੋਹਲਾ ਸਾਹਿਬ ਨਾਲ ਹੋਇਆ

# ਸ਼ੇਰਪੁਰ ਵਿਖੇ ਛਿੰਝ ਮੇਲਾ ਕਰਵਾਇਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਨੂਰਮਹਿਲ ਦੇ ਨਜਦੀਕੀ ਪਿੰਡ ਸ਼ੇਰਪੁਰ ਵਿਖੇ ਛਿੰਝ ਕਮੇਟੀ ਐੱਨ ਆਰ ਆਈਜ਼ ਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਛਿੰਝ ਮੇਲਾ ਕਰਵਾਇਆ ਗਿਆ ਜਿਸ ਵਿਚ ਪੰਜਾਬ ਦੇ ਵੱਖ ਵੱਖ ਅਖਾੜਿਆਂ ਚੋ ਚੋਟੀ ਦੇ ਨਾਮਵਰ ਪਹਿਲਵਾਨਾਂ ਨੇ ਹਿੱਸਾ ਲਿਆ ਤੇ ਭਾਰੀ ਗਿਣਤੀ ਵਿੱਚ ਦਰਸ਼ਕਾਂ ਨੇ ਹਾਜਰੀਆਂ ਭਰੀਆਂ ਤੇ ਕੁਸ਼ਤੀਆਂ ਦਾ ਆਨੰਦ ਲਿਆ।ਪਟਕੇ ਦੀ ਕੁਸ਼ਤੀ ਸ਼ਾਨਵੀਰ ਕੁਹਾਲੀ ਤੇ ਹਮਿਦ ਈਰਾਨੀ ਵਿਚਕਾਰ ਕਾਂਟੇ ਦੀ ਕੁਸ਼ਤੀ ਵਿਚਕਾਰ ਈਰਾਨੀ ਪਹਿਲਵਾਨ ਨੇ ਜਿੱਤ ਪ੍ਰਾਪਤ ਕੀਤੀ। 2 ਨੰਬਰ ਝੰਡੀ ਵਿੱਚ ਪ੍ਰਮਿੰਦਰ ਪੱਟੀ ਨੇ ਗੁਰਨਾਮ ਮਾਛੀਵਾੜਾ ਨੂੰ ਹਰਾਇਆ। 3 ਨੰਬਰ ਦੀ ਝੰਡੀ ਸ਼ਹਿਬਾਜ਼ ਨੇ ਸ਼ੇਰਾ ਲਾਲੀਆਂ ਨੂੰ ਢਾਅ ਕੇ ਆਪਣੇ ਨਾਂਅ ਕੀਤੀ,4 ਨੰਬਰ ਦੀ ਕੁਸ਼ਤੀ ਤੀਰਥ ਮਾਹਲਾਂ ਨੇ ਹੈਪੀ ਉੱਚਾ ਪਿੰਡ ਤੋਂ ਜਿੱਤ ਪ੍ਰਾਪਤ ਕੀਤੀ। 5 ਨੰਬਰ ਦੀ ਕੁਸ਼ਤੀ ਵਿਚ ਬਾਜ਼ ਰੌਣੀ ਨੇ ਵੱਡਾ ਜੱਸਾ ਬਾਹੜੋਵਾਲ ਨੂੰ ਹਰਾਇਆ,6 ਨੰਬਰ ਦੀ ਕੁਸ਼ਤੀ ਬੋਨੀ ਦੁਮੇਲੀ ਨੇ ਅਕਾਸ਼ ਸ਼ਾਹਕੋਟ ਨੂੰ ਹਰਾਇਆ ਤੇ 7 ਨੰਬਰ ਦੀ ਕੁਸ਼ਤੀ ਵਿਚ ਫਰਿਆਦ ਨਵਾਂ ਪਿੰਡ ਅਕਾਲੀਆਂ ਨੇ ਜੱਸਾ ਪੱਟੀ ਨੂੰ ਹਰਾ ਕੇ ਆਪਣੇ ਨਾਮ ਕੀਤੀ।ਛਿੰਝ ਕਮੇਟੀ ਵਲੋਂ ਦਾਨੀ ਸੱਜਣਾਂ ਅਤੇ ਬਾਹਰੋਂ ਆਏ ਪਤਵੰਤੇ ਸਾਥੀਆਂ ਨੂੰ ਸਿਰੋਪਾਓ ਤੇ ਮੋਮੈਂਟੋ ਦੇ ਕੇ ਵਿਸ਼ੇਸ਼ ਸਨਮਾਨ ਨਾਲ ਨਿਵਾਜਿਆ ਗਿਆ।ਮਾਇਕ ਤੇ ਸਟੇਜ ਕਾਰਵਾਈ ਮੱਖਣ ਸ਼ੇਰਪੁਰੀ,ਜਗਦੀਸ਼ ਸ਼ੇਰਪੁਰੀ ਤੇ ਉੱਘੇ ਕਮੈਂਟਰੇਟਰ ਕਰਮੂ ਦੀਨ ਨੇ ਨਿਭਾਈ। ਇਸ ਸਮੇਂ ਪ੍ਰਧਾਨ ਜਗੀਰ ਸਿੰਘ, ਕੈਸ਼ੀਅਰ ਗੁਰਦਾਵਰ ਸਿੰਘ, ਜੀਤ ਰਾਮ,ਰਮੇਸ਼ ਪਾਲ ਨੰਬਰਦਾਰ, ਸੁਖਵਿੰਦਰ ਸਿੰਘ ਪੰਚ, ਲਖਵਿੰਦਰ ਸਿੰਘ ਮਨੀਲਾ, ਗਿਆਨ ਸਿੰਘ ਸਾਬਕਾ ਸਰਪੰਚ, ਜਗਨ ਨਾਥ ਪੰਚ, ਮੁਖਤਿਆਰ ਸਿੰਘ ਨੰਬਰਦਾਰ, ਬਲਬੀਰ ਸਿੰਘ ਸਾਬਕਾ ਸਰਪੰਚ, ਪਰਸ਼ੋਤਮ ਲਾਲ, ਅਮਰਜੀਤ ਪੱਪੂ, ਡਾ.ਪਰਮਜੀਤ, ਨਛੱਤਰ ਰਾਮ, ਸੋਮ ਲਾਲ ਥਾਣਾ, ਗੁਰਮੇਲ ਰਾਮ, ਕਰਨੈਲ ਰਾਮ ਬਾਲੂ ਚੇਅਰਮੈਨ ਮਾਰਕੀਟ ਕਮੇਟੀ ਨਕੋਦਰ, ਦੇਵ ਰਾਜ ਸੁਮਨ, ਹੰਸਰਾਜ ਸਿੱਧੂ, ਪਰਮਜੀਤ ਠੇਕੇਦਾਰ, ਰਾਣਾ ਤਲਵਣ, ਕੁੱਦੂ ਰਾਮੇਵਾਲ, ਲਹਿੰਬਰ ਸ਼ਾਹਕੋਟ, ਰਕੇਸ਼ ਕੁਮਾਰ, ਸਤਪਾਲ ਸਮਰਾਏ, ਚਮਨ ਲਾਲ, ਪ੍ਰਿਥਵੀ ਰਾਜ ਪੰਚ, ਹਰਬੰਸ ਲਾਲ ਬਿੱਲਾ, ਲਛਮਣ ਦਾਸ ਨਵਾਂ ਪਿੰਡ ਜੱਟਾਂ, ਸ਼ਿੰਦੀ ਬਾਈ ਸੁਖਵਿੰਦਰ ਟੀਵੀ ਵੱਲੋਂ ਲਾਈਵ ਕਾਸਟ ਦੀ ਸੇਵਾ ਨਿਭਾਈ, ਮਨਜੀਤ ਸਿੰਘ ਸਾਬਕਾ ਪੰਚ, ਗੁਰਦਾਵਰ ਸਿੰਘ ਗਾਬੀ, ਅਵਤਾਰ ਸਿੰਘ, ਅੱਛਰ ਸਿੰਘ, ਕੁਲਵਿੰਦਰ ਸਿੰਘ ਕਿੰਦਾ, ਸੋਢੀ ਸਿੰਘ ਸ਼ਾਦੀਪੁਰ, ਗ੍ਰੰਥੀ ਹਿੰਮਤ ਸਿੰਘ, ਬਲਕਾਰ ਸਿੰਘ, ਡਾ.ਤਿਲਕ ਰਾਜ, ਸੁਭਾਸ਼ ਚੰਦਰ, ਹਰੀਸ਼ ਚੰਦਰ, ਖੁਸ਼ਪਾਲ ਚੀਮਾ, ਗੁਰਪ੍ਰੀਤ ਗੋਪੀ ਚੀਮਾ ਤੇ ਵੱਡੀ ਗਿਣਤੀ ਵਿਚ ਦਰਸ਼ਕ ਮੌਜੂਦ ਸਨ।

# ਹੁਸ਼ਿਆਰਪੁਰ ਦੀ ਦਾਣਾ ਮੰਡੀ 'ਚ ਗੰਦਗੀ ਦੇ ਢੇਰ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਹੁਸ਼ਿਆਰਪੁਰ ਦੇ ਇੰਚਾਰਜ ਸੰਜੀਵ ਤਲਵਾੜ ਅਤੇ ਬਾਕੀ ਵਰਕਰਾਂ ਵੱਲੋਂ ਹੁਸ਼ਿਆਰਪੁਰ ਦੀ ਮੁੱਖ ਦਾਣਾ ਮੰਡੀ ਦਾ ਵਿਸ਼ੇਸ਼ ਦੌਰਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਮੰਡੀ ਦੀਆਂ ਸੜਕਾਂ ਬੁਰੀ ਤਰ੍ਹਾਂ ਟੁੱਟ ਚੁੱਕੀਆਂ ਹਨ। ਖਰੀਦ ਤਾਂ ਦੂਰ ਦੀ ਗੱਲ, ਕਿਸਾਨਾਂ ਲਈ ਆਪਣੀ ਫ਼ਸਲ ਦੀਆਂ ਟਰਾਲੀਆਂ ਮੰਡੀ ਦੇ ਅੰਦਰ ਲਿਆਉਣਾ ਹੀ ਅਸੰਭਵ ਹੋ ਰਿਹਾ ਹੈ। ਮੰਡੀ ਵਿੱਚ ਚਾਰੇ ਪਾਸੇ ਗੰਦਗੀ ਦਾ ਬੋਲਬਾਲਾ ਹੈ ਅਤੇ ਸਫ਼ਾਈ ਦਾ ਕੋਈ ਨਾਮੋ-ਨਿਸ਼ਾਨ ਨਹੀਂ, ਜਿਸ ਕਾਰਨ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ।ਸੰਜੀਵ ਤਲਵਾੜ ਨੇ ਪ੍ਰਸ਼ਾਸਨ ਅਤੇ ਸਰਕਾਰ ਤੋਂ ਮੰਗ ਕੀਤੀ ਕਿ ਤੁਰੰਤ ਪ੍ਰਭਾਵ ਨਾਲ ਮੰਡੀ ਦੀਆਂ ਸੜਕਾਂ ਦੀ ਮੁਰੰਮਤ ਅਤੇ ਸਫ਼ਾਈ ਕਰਵਾਈ ਜਾਵੇ। ਕਿਸਾਨਾਂ ਲਈ ਮੰਡੀ ਵਿੱਚ ਪੀਣ ਵਾਲੇ ਪਾਣੀ, ਬਿਜਲੀ ਅਤੇ ਬੈਠਣ ਦੇ ਪੁਖ਼ਤਾ ਪ੍ਰਬੰਧ ਕੀਤੇ ਜਾਣ ਤਾਂ ਜੋ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਇਸ ਮੌਕੇ ਭੁਪਿੰਦਰ ਸਿੰਘ ਮਹਿੰਦੀਪੁਰ ਸਰਕਲ ਪ੍ਰਧਾਨ ਜਗਤਾਰ ਸਿੰਘ, ਸਰਕਲ ਪ੍ਰਧਾਨ ਸੰਤੋਖ ਸਿੰਘ ਔਜਲਾ, ਨੰਬਰਦਾਰ ਤੀਰਥ ਸਿੰਘ ਸਤੌਰ, ਹਰਜੀਤ ਸਿੰਘ ਵਿਜੈ ਸਿੰਘ, ਮਨਜੀਤ ਸਿੰਘ, ਤਰਲੋਚਨ ਸਿੰਘ, ਮਨੋਰ ਸਿੰਘ ਮਹਿੰਦੀਪੁਰ ਵੀ ਹਾਜ਼ਰ ਸਨ।

# ਪਾਰਟੀ ਵਰਕਰਾਂ ਵੱਲੋਂ ਕੈਬਨਿਟ ਮੰਤਰੀ ਡਾ. ਰਵਜੋਤ ਦਾ ਸਨਮਾਨ

**ਅੱਡਾ ਸਰਾਂ (ਜਸਵੀਰ ਕਾਜਲ)**- ਸ਼ਾਮ 84 ਹਲਕਾ ਵਿਧਾਇਕ, ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੂੰ ਹੁਸ਼ਿਆਰਪੁਰ ਵਿਖੇ ਜੇਲ ਵਿਭਾਗ ਦੀ ਕਾਰਜਕਾਰ ਦੀ ਵੱਡੀ ਜਿੰਮੇਵਾਰੀ ਪੰਜਾਬ ਸਰਕਾਰ ਨੇ ਸੌਂਪੀ ਹੈ , ਜਿਸ ਦਾ ਅਹੁਦਾ ਸੰਭਾਲਦੇ ਹੋਏ ਡਾ. ਰਵਜੋਤ ਨੂੰ ਪਿੰਡ ਲਾਲਪੁਰ ਦੀ ਸਮੂਹ ਗ੍ਰਾਮ ਪੰਚਾਇਤ ਤੇ ਪਿੰਡ ਵਾਸੀਆਂ ਵੱਲੋਂ ਵਧਾਈ ਦਿੱਤੀ ਗਈ ਅਤੇ ਪਿੰਡ ਪਹੁੰਚਣ ਤੇ ਸਵਾਗਤ ਕੀਤਾ ਗਿਆ। ਏ ਐੱਸ ਆਈ ਅਸ਼ੋਕ ਕੁਮਾਰ ਦੇ ਪੰਜਾਬ ਪੁਲਿਸ ਦੀ ਨੌਕਰੀ ਤੋਂ ਸੇਵਾ ਮੁਕਤ ਹੋਣ ਤੇ ਸ਼ੁਕਰਾਨਾ ਸਮਾਗਮ ਵਿੱਚ ਪਹੁੰਚ ਕੇ ਡਾ. ਰਵਜੋਤ ਸਿੰਘ ਨੇ ਜਿੱਥੇ ਪਰਵਾਰ ਨੂੰ ਵਧਾਈ ਦਿੱਤੀ, ਉੱਥੇ ਹੀ ਸ਼ਹਿਰ ਦੇ ਵਿਕਾਸ ਵਿੱਚ ਉਹਨਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਅਸ਼ੋਕ ਕੁਮਾਰ ਦਾ ਪਰਵਾਰ ਪਿੰਡ ਦੇ ਵਿਕਾਸ ਵਿੱਚ ਹਮੇਸ਼ਾ ਅੱਗੇ ਹੋ ਕੇ ਕੰਮ ਕਰਦਾ ਰਿਹਾ ਹੈ ਤੇ ਅੱਗੇ ਵੀ ਇਹੀ ਆਸ ਕਰਦੇ ਹਾਂ। ਪਿੰਡ ਦੀ ਸਮੂਹ ਗ੍ਰਾਮ ਪੰਚਾਇਤ ਵੱਲੋਂ ਡਾ. ਰਵਜੋਤ ਸਿੰਘ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਪਿੰਡ ਲਾਲਪੁਰ ਦੀ ਸਮੂਹ ਗ੍ਰਾਮ ਪੰਚਾਇਤ ਸਰਪੰਚ ਮਹਿੰਦਰ ਸਿੰਘ, ਏ ਐੱਸ ਆਈ ਅਸ਼ੋਕ ਕੁਮਾਰ , ਡਾ. ਸੁਦੇਸ਼ ਰਾਜਨ ਐੱਸ ਐੱਮ ਓ ਭੂੰਗਾ, ਨਰਾਇਣ ਸਿੰਘ ਕੇਹਰ ਸਿੰਘ, ਡਾ. ਰਾਜੇਸ਼ ਕੁਮਾਰ ਰਮਨ ਕੁਮਾਰ ਐਗਰੀਕਲਚਰ ਇੰਸਪੈਕਟਰ, ਸੁਰਜੀਤ ਸਿੰਘ ਹਨੀ, ਕਸ਼ਮੀਰ ਸਿੰਘ ਰਿਟਾਇਰਡ ਏ ਐੱਸ ਆਈ ਜੜੋਰ, ਐਡਵੋਕੇਟ ਹਰਪ੍ਰੀਤ ਸਿੰਘ ਸ਼ਾਵਰ, ਚਰਨਜੀਤ ਪੜਵੱਗਾ, ਹੰਸ ਰਾਜ ਧੂਤ ਕਲਾਂ ਆਦਿ ਹਾਜ਼ਰ ਸਨ।

